ਸੋਮਵਾਰ, 10 ਅਗਸਤ, 2026
26 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 70

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 10 AUGUST, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਭਾਗਵਤ ਦੇ ਕੈਨੇਡਾ ਦੌਰੇ ਦਾ ਵਿਰੋਧ ਤੇਜ਼

### ਆਰ ਐੱਸ ਐੱਸ 'ਤੇ ਪਾਬੰਦੀ ਲਾਉਣ ਦੀ ਵੀ ਮੰਗ



**ਓਟਾਵਾ (ਨ ਜ਼ ਸ)**
ਦੋ ਕੈਨੇਡੀਅਨ ਸੰਸਦ ਮੈਂਬਰਾਂ ਨੇ ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਦੀ ਫੇਰੀ ਦੇ ਖਿਲਾਫ ਕੈਨੇਡਾ 'ਚ ਹੋ ਰਹੇ ਵਿਰੋਧ ਵਿੱਚ ਸ਼ਾਮਲ ਹੁੰਦਿਆਂ ਮਾਰਕ ਕਾਰਨੀ ਸਰਕਾਰ ਨੂੰ ਉਸ ਨੂੰ ਅਯੋਗ ਐਲਾਨਣ ਅਤੇ ਉਸ ਦੀ ਅਗਵਾਈ ਵਾਲੇ ਸੰਗਠਨ 'ਤੇ ਪਾਬੰਦੀ ਲਗਾਉਣ ਦੀ ਅਪੀਲ ਕੀਤੀ ਹੈ। ਜਨਤਕ ਸੁਰੱਖਿਆ, ਵਿਦੇਸ਼ ਮਾਮਲਿਆਂ ਅਤੇ ਇਮੀਗ੍ਰੇਸ਼ਨ, ਸ਼ਰਨਾਰਥੀ ਤੇ ਨਾਗਰਿਕਤਾ ਮੰਤਰੀਆਂ ਨੂੰ ਇੱਕ ਖੁੱਲ੍ਹੇ ਪੱਤਰ ਵਿੱਚ, ਸੰਸਦ ਮੈਂਬਰ ਹੀਥਰ ਮੈਕਫਰਸਨ ਅਤੇ ਜੈਨੀ ਕਵਾਨ ਨੇ ਕਿਹਾ, 'ਕੈਨੇਡਾ ਵਿੱਚ ਭਾਗਵਤ ਦੀ ਮੌਜੂਦਗੀ ਕੈਨੇਡੀਅਨਾਂ ਲਈ ਖਤਰਾ ਹੋਵੇਗੀ। ਉਸ ਦਾ ਇੱਥੇ ਸਵਾਗਤ ਨਹੀਂ। ਹੁਣ ਸਮਾਂ ਆ ਗਿਆ ਹੈ ਕਿ ਆਰ ਐੱਸ ਐੱਸ ਅਤੇ ਇਸ ਦੇ ਮੈਂਬਰਾਂ 'ਚ ਕੈਨੇਡਾ 'ਚ ਪਾਬੰਦੀ ਲਗਾਈ ਜਾਵੇ।'

ਭਾਗਵਤ ਨੇ ਇਸ ਮਹੀਨੇ ਦੇ ਅੰਤ ਵਿੱਚ ਆਰ ਐੱਸ ਐੱਸ ਦੇ ਸ਼ਤਾਬਦੀ ਸਾਲ ਵਿੱਚ ਆਊਟਰੀਚ ਪ੍ਰੋਗਰਾਮ ਦੇ ਹਿੱਸੇ ਵਜੋਂ ਅਮਰੀਕਾ, ਕੈਨੇਡਾ ਅਤੇ ਯੂ ਕੇ ਦੀ ਯਾਤਰਾ ਕਰਨੀ ਹੈ। ਦੋਵੇਂ ਕੈਨੇਡੀਅਨ ਸੰਸਦ ਮੈਂਬਰ ਨਿਊ ਡੈਮੋਕ੍ਰੇਟਿਕ ਪਾਰਟੀ ਦੇ ਮੈਂਬਰ ਹਨ, ਜਿਸ ਦੀ ਅਗਵਾਈ ਹਾਲ ਹੀ ਤੱਕ ਜਗਮੀਤ ਸਿੰਘ ਕਰ ਰਹੇ ਸਨ, ਜਿਸ ਨੂੰ 1984 ਦੇ ਸਿੱਖ ਵਿਰੋਧੀ ਦੰਗਿਆਂ 'ਤੇ ਉਸ ਦੇ ਸਟੈਂਡ ਅਤੇ ਖਾਲਿਸਤਾਨੀ ਸਰਗਰਮੀ ਨਾਲ ਜੁੜੇ ਹੋਣ ਕਾਰਨ 2013 ਵਿੱਚ ਭਾਰਤ ਨੇ ਵੀਜ਼ਾ ਦੇਣ ਤੋਂ ਇਨਕਾਰ ਕਰ ਦਿੱਤਾ ਸੀ।

ਇਸ ਹਫਤੇ ਦੇ ਸ਼ੁਰੂ ਵਿੱਚ ਮਨੁੱਖੀ ਅਧਿਕਾਰਾਂ ਦੀ ਵਕਾਲਤ ਕਰਨ ਵਾਲੀ ਸੰਸਥਾ 'ਜਸਟਿਸ ਫਾਰ ਆਲ ਕੈਨੇਡਾ' ਨੇ 267 ਕੈਨੇਡੀਅਨ ਸਿਵਲ ਸੁਸਾਇਟੀ ਸੰਗਠਨਾਂ, ਮਨੁੱਖੀ ਅਧਿਕਾਰਾਂ ਦੇ ਵਕੀਲਾਂ, ਭਾਈਚਾਰੇ ਅਤੇ ਧਾਰਮਕ ਆਗੂਆਂ ਦੀ ਤਰਫੋਂ ਪ੍ਰਧਾਨ ਮੰਤਰੀ ਕਾਰਨੀ ਅਤੇ ਉਨ੍ਹਾ ਦੇ ਕਈ ਮੰਤਰੀਆਂ ਨੂੰ ਪੱਤਰ ਲਿਖ ਕੇ ਸਰਕਾਰ ਨੂੰ ਭਾਗਵਤ ਦੀ ਪ੍ਰਵਾਨਗੀ ਦੀ ਤੁਰੰਤ ਸਮੀਖਿਆ ਕਰਨ ਅਤੇ ਅੰਤ ਵਿੱਚ ਉਸ ਨੂੰ ਕੈਨੇਡਾ ਵਿੱਚ ਦਾਖਲ ਹੋਣ ਤੋਂ ਇਨਕਾਰ ਕਰਨ ਦੀ ਅਪੀਲ ਕੀਤੀ ਸੀ। ਇਹ ਸਪੱਸ਼ਟ ਕਰਦੇ ਹੋਏ ਕਿ ਉਨ੍ਹਾਂ ਦੀ ਮੁਹਿੰਮ ਆਰ ਐੱਸ ਐੱਸ ਅਤੇ ਹਿੰਦੂਤਵ ਰਾਜਨੀਤੀ 'ਤੇ ਸੇਧਤ ਹੈ, ਹਿੰਦੂ ਧਰਮ ਜਾਂ ਹਿੰਦੂ ਕੈਨੇਡੀਅਨਾਂ 'ਤੇ ਨਹੀਂ, ਪੱਤਰ ਵਿੱਚ ਕਿਹਾ ਗਿਆ ਹੈ, ਜਦੋਂ ਕਿ ਆਰ ਐੱਸ ਐੱਸ ਆਪਣੇ ਆਪ ਨੂੰ ਇੱਕ ਸੱਭਿਆਚਾਰਕ ਅਤੇ ਸਮਾਜਕ ਸੰਗਠਨ ਵਜੋਂ ਪੇਸ਼ ਕਰਦਾ ਹੈ, ਇਸ ਦੀ ਵਿਚਾਰਧਾਰਕ ਬੁਨਿਆਦ ਅਤੇ ਮੌਜੂਦਾ ਅਭਿਆਸਾਂ ਨੇ ਮਨੁੱਖੀ ਅਧਿਕਾਰ ਸੰਗਠਨਾਂ ਵਿੱਚ ਘੱਟ ਗਿਣਤੀਆਂ • ਬਾਕੀ ਸਫਾ 2 'ਤੇ

## ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਦਾ ਨੀਂਹ ਪੱਥਰ



**ਕਿਸ਼ਨਗੜ੍ਹ/ਜਲੰਧਰ (ਸੁਖਜੀਤ ਕੁਮਾਰ/ ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)**
ਐਤਵਾਰ ਕਰੀਬ 25 ਕਰੋੜ ਰੁਪਏ ਦੀ ਲਾਗਤ ਨਾਲ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਨਾਂਅ ਉੱਪਰ ਬਣ ਰਹੇ ਅਧਿਐਨ ਕੇਂਦਰ ਦਾ ਨੀਂਹ ਪੱਥਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਡੇਰਾ ਸੱਚਖੰਡ ਬੱਲਾਂ ਦੇ ਗੱਦੀ ਨਸ਼ੀਨ ਪਦਮਸ੍ਰੀ ਨਿਰੰਜਨ ਦਾਸ ਮਹਾਰਾਜ ਅਤੇ ਸਮੁੱਚੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਡੇਰਿਆਂ ਨਾਲ ਸੰਬੰਧਤ ਸੰਤਾਂ-ਮਹਾਂਪੁਰਸ਼ਾਂ ਵੱਲੋਂ ਰੱਖਿਆ ਗਿਆ। ਮੁੱਖ ਮੰਤਰੀ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਣ ਅਤੇ ਸੰਤ ਨਿਰੰਜਨ ਦਾਸ ਮਹਾਰਾਜ ਤੋਂ ਅਸ਼ੀਰਵਾਦ ਲੈਣ ਉਪਰੰਤ ਉਨ੍ਹਾ ਦੇ ਨਾਲ ਅਧਿਐਨ ਕੇਂਦਰ ਸਥਾਨ 'ਤੇ ਪਹੁੰਚੇ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਸੰਤ-ਮਹਾਂਪੁਰਸ਼ਾਂ ਨਾਲ ਨੀਂਹ ਪੱਥਰ ਰੱਖਿਆ! ਇਸ ਮੌਕੇ ਸੰਤ ਨਿਰੰਜਨ ਦਾਸ ਮਹਾਰਾਜ ਵੱਲੋਂ ਮੁੱਖ ਮੰਤਰੀ ਮਾਨ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਤਸਵੀਰ ਅਤੇ ਲੋਈ ਭੇਟ ਕੀਤੀ ਗਈ। ਹਲਕਾ ਕਰਤਾਰਪੁਰ ਦੇ ਵਿਧਾਇਕ ਬਲਕਾਰ ਸਿੰਘ ਵੱਲੋਂ ਮੁੱਖ ਮੰਤਰੀ ਮਾਨ, ਸੰਤ ਨਿਰੰਜਨ ਦਾਸ ਸਮੇਤ ਸਮੁੱਚੇ ਸਾਧੂ ਸਮਾਜ ਅਤੇ ਸਮੂਹ ਲੀਡਰਸ਼ਿਪ ਦਾ ਧੰਨਵਾਦ ਕੀਤਾ ਅਤੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਵੀ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650 ਸਾਲਾ ਗੁਰਪੁਰਬ ਮਨਾਉਣ ਸਬੰਧੀ ਪੰਜਾਬ ਸਰਕਾਰ ਵੱਲੋਂ ਉਲੀਕੇ ਹੋਏ ਕਾਰਜਾਂ ਬਾਰੇ ਚਾਨਣਾ ਪਾਇਆ ਗਿਆ!

ਇਹ ਕੇਂਦਰ 10.4 ਏਕੜ ਰਕਬੇ ਵਿੱਚ ਬਣਾਇਆ ਜਾਵੇਗਾ। ਇਸ ਦੀ ਕੁੱਲ ਲਾਗਤ 37 ਕਰੋੜ ਰੁਪਏ ਆਵੇਗੀ, ਜਿਸ ਵਿੱਚੋਂ 11 ਕਰੋੜ ਰੁਪਏ ਜ਼ਮੀਨ 'ਤੇ ਅਤੇ 60 ਲੱਖ ਰੁਪਏ ਜ਼ਰੂਰੀ ਪ੍ਰਵਾਨਗੀਆਂ 'ਤੇ ਖਰਚ ਕੀਤੇ ਗਏ ਹਨ, ਜਦੋਂ ਕਿ ਇਸ ਦੀ ਉਸਾਰੀ ਲਈ ਲੋੜੀਂਦਾ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਉਠਾਇਆ ਜਾਵੇਗਾ।ਇਸ ਕੇਂਦਰ ਵਿੱਚ ਇੱਕ ਤਿੰਨ-ਮੰਜ਼ਲਾ ਪ੍ਰਸ਼ਾਸਨਿਕ ਅਤੇ ਅਧਿਆਪਨ (ਐਡਮਿਨ ਤੇ ਟੀਚਿੰਗ) ਬਲਾਕ, ਲੜਕੇ ਅਤੇ ਲੜਕੀਆਂ ਲਈ ਤਿੰਨ-ਮੰਜ਼ਲਾ ਹੋਸਟਲ (ਹਰੇਕ ਹੋਸਟਲ ਵਿੱਚ 54 ਵਿਦਿਆਰਥੀਆਂ ਦੇ ਰਹਿਣ ਦੀ ਸਹੂਲਤ) ਅਤੇ ਅਧਿਆਪਕਾਂ ਅਤੇ ਸਟਾਫ਼ ਲਈ ਦੋ-ਮੰਜ਼ਲਾ ਇਮਾਰਤ ਹੋਵੇਗੀ। ਇਹ ਕੇਂਦਰ ਬੱਚਿਆਂ, ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਬਾਣੀ, ਫਲਸਫੇ ਅਤੇ ਸਿੱਖਿਆਵਾਂ ਦਾ ਅਧਿਐਨ ਕਰਨ ਲਈ ਵਿਸ਼ੇਸ਼ ਸਥਾਨ ਪ੍ਰਦਾਨ ਕਰੇਗਾ ਅਤੇ ਅਜਿਹੀ ਖੋਜ ਨੂੰ ਉਤਸ਼ਾਹਤ ਕਰੇਗਾ, ਜੋ ਉਨ੍ਹਾਂ ਦੇ ਗਿਆਨ ਅਤੇ ਸੰਦੇਸ਼ ਦੇ ਪ੍ਰਕਾਸ਼ ਨੂੰ ਦੁਨੀਆ ਭਰ ਵਿੱਚ ਫੈਲਾਏ।ਇਸ ਮੌਕੇ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650 ਵੇਂ ਗੁਰਪੁਰਬ ਨੂੰ ਵੱਡੇ ਪੱਧਰ ਉਪਰ ਮਨਾਉਣ ਲਈ 100 ਕਰੋੜ ਰੁਪਏ ਦਾ ਵਿਸ਼ੇਸ਼ ਬਜਟ ਰੱਖਿਆ ਗਿਆ ਹੈ। ਸਰਕਾਰ ਵੱਲੋਂ 23 ਜ਼ਿਲ੍ਹਿਆਂ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਫਲਸਫੇ ਤੇ ਡਾਕੂਮੈਂਟਰੀ ਫਿਲਮਾਂ ਪਿੰਡ-ਪਿੰਡ ਵੈਨਾਂ ਭੇਜ ਕੇ ਦਿਖਾਈਆਂ ਜਾ ਰਹੀਆਂ ਹਨ। ਮਾਨ ਨੇ ਕਿਹਾ, 'ਮੈਂ ਬਹੁਤ ਭਾਗਾਂ ਵਾਲਾ ਹਾਂ ਕਿ ਮੈਨੂੰ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਏਨੇ ਵੱਡੇ ਪੱਧਰ 'ਤੇ ਮਨਾਉਣ ਦਾ ਸੁਭਾਗ • ਬਾਕੀ ਸਫਾ 2 'ਤੇ

## ਅਸ਼ਵਨੀ ਕੁਮਾਰ ਮਿਸ਼ਰਾ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਚੀਫ ਜਸਟਿਸ ਬਣਾਉਣ ਦੀ ਸਿਫਾਰਸ਼



**ਨਵੀਂ ਦਿੱਲੀ** : ਸੁਪਰੀਮ ਕੋਰਟ ਦੇ ਕਾਲੇਜੀਅਮ ਨੇ ਚਾਰ ਜੱਜਾਂ ਨੂੰ ਵੱਖ-ਵੱਖ ਹਾਈ ਕੋਰਟਾਂ ਦੇ ਮੁੱਖ ਜੱਜ ਵਜੋਂ ਤਰੱਕੀ ਦੇਣ ਦੀ ਸਿਫਾਰਸ਼ ਕੀਤੀ ਹੈ। ਚੀਫ ਜਸਟਿਸ ਸੂਰੀਆ ਕਾਂਤ ਦੀ ਅਗਵਾਈ ਵਾਲੇ ਕਾਲੇਜੀਅਮ ਨੇ 6 ਅਗਸਤ ਨੂੰ ਇਹ ਫੈਸਲਾ ਲਿਆ। ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੂੰ ਇਸੇ ਹਾਈ ਕੋਰਟ ਵਿੱਚ ਚੀਫ ਜਸਟਿਸ ਨਿਯੁਕਤ ਕਰਨ ਦੀ ਸਿਫਾਰਸ਼ ਕੀਤੀ ਗਈ ਹੈ। ਜਸਟਿਸ ਵੀ ਕਾਮੇਸ਼ਵਰ ਰਾਓ, ਜੋ ਇਸ ਸਮੇਂ ਦਿੱਲੀ ਹਾਈ ਕੋਰਟ ਵਿੱਚ ਤਾਇਨਾਤ ਹਨ, ਨੂੰ ਪਟਨਾ ਹਾਈ ਕੋਰਟ, ਜਸਟਿਸ ਰਵਿੰਦਰ ਵੀ ਘੁਗੇ, ਜੋ ਕਿ ਬੰਬੇ ਹਾਈ ਕੋਰਟ ਵਿੱਚ ਜੱਜ ਹਨ, ਨੂੰ ਕਲਕੱਤਾ ਹਾਈ ਕੋਰਟ ਤੇ ਇਲਾਹਾਬਾਦ ਹਾਈ ਕੋਰਟ ਦੇ ਜੱਜ ਮਹੇਸ਼ ਚੰਦਰ ਤ੍ਰਿਪਾਠੀ ਨੂੰ ਬੰਬੇ ਹਾਈ ਕੋਰਟ ਦਾ ਚੀਫ ਜਸਟਿਸ ਬਣਾਉਣ ਦੀ ਸਿਫਾਰਸ਼ ਕੀਤੀ ਗਈ ਹੈ। ਇੱਕ ਹੋਰ ਫੈਸਲੇ ਵਿੱਚ ਜਸਟਿਸ ਮਾਨਸ਼ ਰੰਜਨ ਪਾਠਕ ਦਾ ਉੜੀਸਾ ਹਾਈ ਕੋਰਟ ਤੋਂ ਗੁਜਰਾਤ ਅਤੇ ਉੜੀਸਾ ਹਾਈ ਕੋਰਟ ਦੇ ਹੀ ਜਸਟਿਸ ਕ੍ਰਿਸ਼ਨਾ ਰਾਮ ਮੋਹਾਪਾਤਰਾ ਦਾ ਤਬਾਦਲਾ ਛੱਤੀਸਗੜ੍ਹ ਹਾਈ ਕੋਰਟ ਕੀਤਾ ਗਿਆ ਹੈ।

## ਸਭ ਤੋਂ ਵੱਧ ਅਨਿਆਂ ਆਦਿਵਾਸੀ ਸਮਾਜ ਨਾਲ ਹੋਇਆ : ਕੇਜਰੀਵਾਲ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਵਿਸ਼ਵ ਆਦਿਵਾਸੀ ਦਿਵਸ 'ਤੇ ਦੇਸ਼ ਭਰ ਦੇ ਆਦਿਵਾਸੀ ਸਮਾਜ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਜ਼ਾਦ ਭਾਰਤ ਵਿੱਚ ਸਭ ਤੋਂ ਵੱਧ ਅਨਿਆਂ ਆਦਿਵਾਸੀ ਸਮਾਜ ਨਾਲ ਹੋਇਆ ਹੈ। ਦੂਜੀਆਂ ਸਾਰੀਆਂ ਪਾਰਟੀਆਂ ਨੇ ਆਦਿਵਾਸੀ ਸਮਾਜ ਦੇ ਜਲ, ਜੰਗਲ ਅਤੇ ਜ਼ਮੀਨ 'ਤੇ ਡਾਕਾ ਮਾਰਿਆ ਅਤੇ ਉਨ੍ਹਾਂ ਤੋਂ ਖੋਹ ਕੇ ਵੱਡੀਆਂ-ਵੱਡੀਆਂ ਕੰਪਨੀਆਂ ਨੂੰ ਦੇ ਦਿੱਤਾ। ਸਿਰਫ਼ ਆਮ ਆਦਮੀ ਪਾਰਟੀ ਹੀ ਆਦਿਵਾਸੀ ਸਮਾਜ ਦੇ ਹੱਕਾਂ ਲਈ ਲੜ ਰਹੀ ਹੈ। ਅੱਜ ਆਦਿਵਾਸੀ ਨੇਤਾ ਚੈਤਰ ਵਸਾਵਾ ਇੱਕ ਝੂਠੇ ਕੇਸ ਵਿੱਚ ਜੇਲ੍ਹ ਵਿੱਚ ਹਨ, ਕਿਉਂਕਿ ਉਹ ਆਦਿਵਾਸੀ ਸਮਾਜ ਦੀ ਆਵਾਜ਼ ਉਠਾ ਰਹੇ ਸਨ। ਕੇਜਰੀਵਾਲ ਨੇ ਇੱਕ ਵੀਡੀਓ ਸੰਦੇਸ਼ ਜਾਰੀ ਕਰਕੇ ਆਦਿਵਾਸੀ ਸਮਾਜ ਦੇ ਲੋਕਾਂ ਨੂੰ ਕਿਹਾ ਕਿ 75 ਸਾਲਾਂ ਵਿੱਚ ਦੇਸ਼ ਨੇ ਤਰੱਕੀ ਕੀਤੀ, ਬਾਕੀ ਸਾਰੇ ਸਮਾਜਾਂ ਦੇ ਲੋਕਾਂ ਨੇ ਤਰੱਕੀ ਕੀਤੀ, ਪਰ ਆਦਿਵਾਸੀ ਸਮਾਜ ਪਿੱਛੇ ਰਹਿ ਗਿਆ। ਅਜਿਹਾ ਇਸ ਲਈ ਹੋਇਆ, ਕਿਉਂਕਿ ਆਦਿਵਾਸੀ ਸਮਾਜ ਨੂੰ ਜਾਣਬੁੱਝ ਕੇ ਪਿੱਛੇ ਰੱਖਿਆ ਗਿਆ।

## ਹੱਦਬੰਦੀ ਬਿੱਲ ਉੱਤਰੀ ਤੇ ਦੱਖਣੀ ਭਾਰਤ ਦੇ ਵਿਰੁੱਧ : ਮਨੀਸ਼ ਤਿਵਾੜੀ

**ਚੰਡੀਗੜ੍ਹ** : ਕਾਂਗਰਸ ਦੇ ਸੀਨੀਅਰ ਆਗੂ ਮਨੀਸ਼ ਤਿਵਾੜੀ ਨੇ ਹੱਦਬੰਦੀ ਬਿੱਲ ਨੂੰ ਉੱਤਰੀ ਅਤੇ ਦੱਖਣੀ ਭਾਰਤ ਦੇ ਵਿਰੁੱਧ ਦੱਸਿਆ ਹੈ। ਉਨ੍ਹਾ ਕਿਹਾ ਕਿ ਇਹ ਬਿੱਲ ਉੱਤਰ ਅਤੇ ਦੱਖਣ ਭਾਰਤ ਦੇ ਹੱਕ ਵਿੱਚ ਨਹੀਂ ਹੈ ਅਤੇ ਇਸ ਦਾ ਲਾਭ ਮੱਧ ਭਾਰਤ ਨੂੰ ਹੋਵੇਗਾ। ਇਸ ਲਈ ਕੇਂਦਰ ਸਰਕਾਰ ਨੂੰ ਕੋਈ ਵੀ ਫ਼ੈਸਲਾ ਲੈਣ ਤੋਂ ਪਹਿਲਾਂ ਇਨ੍ਹਾਂ ਸਾਰੇ ਮੁੱਦਿਆਂ ਉੱਤੇ ਵਿਚਾਰ-ਚਰਚਾ ਕਰਨੀ ਚਾਹੀਦੀ ਹੈ। ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮਹਿਲਾ ਰਾਖਵਾਂਕਰਨ ਬਿੱਲ ਨੂੰ ਲੈ ਕੇ ਕਈ ਤਰ੍ਹਾਂ ਦੀਆਂ ਅਫ਼ਵਾਹਾਂ ਫੈਲਾਈਆਂ ਜਾ ਰਹੀਆਂ ਹਨ, ਪਰ ਜੇਕਰ ਕੇਂਦਰ ਸਰਕਾਰ ਸੱਚਮੁੱਚ ਮਹਿਲਾ ਰਾਖਵਾਂਕਰਨ ਬਿੱਲ ਲਾਗੂ ਕਰਨਾ ਚਾਹੁੰਦੀ ਹੈ ਤਾਂ ਮੌਜੂਦਾ 543 ਸੰਸਦ ਮੈਂਬਰਾਂ ਦੀਆਂ ਸੀਟਾਂ ਉੱਤੇ ਹੀ ਇਸ ਨੂੰ ਲਾਗੂ ਕਰ ਦੇਵੇ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ ਨੇ ਪੈਂਤੜਾ ਬਦਲਦਿਆਂ ਸ਼ਨੀਵਾਰ ਨੂੰ ਮਹਿਲਾ ਰਾਖਵਾਂਕਰਨ ਬਿੱਲ ਅਤੇ ਹੱਦਬੰਦੀ ਬਿੱਲ ਦੀ ਹਮਾਇਤ ਕਰਨ ਦਾ ਐਲਾਨ ਕਰ ਦਿੱਤਾ ਹੈ।

## ਨੌਜਵਾਨਾਂ ਨੂੰ 'ਬਾਹਰੀ ਤਾਕਤਾਂ' ਤੋਂ ਬਚਣ ਦਾ ਉਪਦੇਸ਼

ਭੁਬਨੇਸ਼ਵਰ (ਨ ਜ਼ ਸ) ਓਡੀਸ਼ਾ ਦੇ ਮੁੱਖ ਮੰਤਰੀ ਮੋਹਨ ਚਰਨ ਮਾਝੀ ਨੇ ਐਤਵਾਰ ਜਨਰਲ ਜ਼ੈੱਡ ਨੂੰ ਚੇਤਾਵਨੀ ਦਿੱਤੀ ਕਿ ਉਹ ਬਾਹਰੀ ਤਾਕਤਾਂ ਦਾ ਸ਼ਿਕਾਰ ਨਾ ਹੋਣ, ਜੋ ਉਨ੍ਹਾਂ ਨੂੰ ਗੁੰਮਰਾਹ ਕਰਨ ਅਤੇ ਭਾਰਤ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰਦੀਆਂ ਹਨ।

ਰਾਜ ਪੱਧਰੀ 'ਹਰ ਘਰ ਤਿਰੰਗਾ' ਮੁਹਿੰਮ ਦੀ ਸ਼ੁਰੂਆਤ ਕਰਦਿਆਂ ਉਸ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇਸ਼ ਦੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਉਨ੍ਹਾਂ ਨੂੰ ਬਾਹਰੀ ਤਾਕਤਾਂ ਵੱਲੋਂ ਗੁੰਮਰਾਹ ਕੀਤਾ ਜਾ ਰਿਹਾ ਹੈ। ਹਾਲਾਂਕਿ, ਉਸ ਨੇ ਇਹ ਵੀ ਕਿਹਾ ਕਿ ਭਾਰਤ ਦੇ ਨੌਜਵਾਨ ਦੇਸ਼ ਭਗਤ ਹਨ ਅਤੇ ਦੇਸ਼ ਨੂੰ ਅੱਗੇ ਲਿਜਾਣ ਲਈ ਯਤਨਸ਼ੀਲ ਹਨ। ਮਾਝੀ ਨੇ ਕਿਹਾ, 'ਮੈਂ ਜਨਰਲ ਜ਼ੈੱਡ ਨੂੰ ਸੱਦਾ ਦਿੰਦਾ ਹਾਂ ਕਿ ਉਹ ਬਾਹਰੀ ਤਾਕਤਾਂ ਅਤੇ ਅਦਿੱਖ ਦੁਸ਼ਮਣਾਂ ਤੋਂ ਸੁਚੇਤ ਰਹਿਣ, ਜੋ ਵਿਦੇਸ਼ੀ ਧਰਤੀ ਤੋਂ ਕੰਮ ਕਰਦੇ ਹਨ ਅਤੇ ਸੋਸ਼ਲ ਮੀਡੀਆ ਰਾਹੀਂ ਸਾਡੇ ਨੌਜਵਾਨਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰਦੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇਸ਼ ਦੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਡਿਜੀਟਲ ਯੁੱਗ ਵਿੱਚ ਨੌਜਵਾਨਾਂ ਨੂੰ ਬਾਹਰੀ ਤਾਕਤਾਂ ਵੱਲੋਂ ਗੁੰਮਰਾਹ ਕੀਤਾ ਜਾ ਰਿਹਾ ਹੈ, ਪਰ ਇਹ ਅਦਿੱਖ ਤਾਕਤਾਂ ਕਦੇ ਵੀ ਆਪਣੇ ਟੀਚਿਆਂ ਵਿੱਚ ਸਫਲ ਨਹੀਂ ਹੋਣਗੀਆਂ। ਮੇਰਾ ਸੁਝਾਅ ਹੈ ਕਿ ਨੌਜਵਾਨ ਦੇਸ਼ ਭਗਤੀ ਨੂੰ ਤਰਜੀਹ ਦੇਣ। ਨੌਜਵਾਨਾਂ ਦੀ ਇੱਕੋ-ਇੱਕ ਆਵਾਜ਼ ਹੈ—ਸਾਡਾ ਦੇਸ਼ ਸੁਰੱਖਿਅਤ ਰਹੇਗਾ!' ਉਸ ਨੇ ਦਾਅਵਾ ਕੀਤਾ ਕਿ ਕੁਝ ਬਾਹਰੀ ਤਾਕਤਾਂ ਡਿਜੀਟਲ ਮੀਡੀਆ ਮੁਹਿੰਮਾਂ ਰਾਹੀਂ ਜਨਰਲ ਜ਼ੈੱਡ ਨੂੰ ਗੁੰਮਰਾਹ ਕਰਨ ਅਤੇ ਭਾਰਤ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੀਆਂ ਸਨ। ਅੱਜ ਦੇ ਨੌਜਵਾਨਾਂ ਨੂੰ ਅਜਿਹੀਆਂ ਤਾਕਤਾਂ ਤੋਂ ਦੂਰ ਰਹਿਣਾ ਚਾਹੀਦਾ ਹੈ ਅਤੇ ਦੇਸ਼ ਦੀ ਏਕਤਾ ਲਈ ਕੰਮ ਕਰਨਾ ਚਾਹੀਦਾ ਹੈ। ਮੁੱਖ ਮੰਤਰੀ ਨੇ ਕਿਹਾ, 'ਕੋਈ ਵੀ ਬਾਹਰੀ ਤਾਕਤ ਭਾਰਤ ਦੇ ਨੌਜਵਾਨਾਂ ਨੂੰ ਕਮਜ਼ੋਰ ਨਹੀਂ ਕਰ ਸਕਦੀ। ਅੱਜ ਦੀ ਤਿਰੰਗਾ ਯਾਤਰਾ ਦਾ ਉਦੇਸ਼ ਇੱਕਜੁੱਟ ਰਹਿਣਾ ਅਤੇ ਬਾਹਰੀ ਤਾਕਤਾਂ ਨੂੰ ਢੁਕਵਾਂ ਜਵਾਬ ਦੇਣਾ ਹੈ।' ਉਸ ਨੇ ਨੌਜਵਾਨਾਂ ਨੂੰ ਭਾਰਤ ਦਾ ਭਵਿੱਖ ਦੱਸਿਆ, ਜੋ ਦੇਸ਼ ਨੂੰ ਵਿਸ਼ਵਗੁਰੂ ਵਜੋਂ ਵਿਕਸਤ ਕਰਨਗੇ।

## ਸ਼ਰਤਾਂ ਮੰਨਣ 'ਤੇ ਹੀ ਖੁੱਲ੍ਹੇਗਾ ਹਾਰਮੁਜ਼ : ਈਰਾਨ

**ਤਹਿਰਾਨ** : ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ (ਆਈ ਆਰ ਜੀ ਸੀ) ਨੇ ਕਿਹਾ ਹੈ ਕਿ ਹਾਰਮੁਜ਼ ਲਾਂਘਾ ਉਦੋਂ ਹੀ ਖੁੱਲ੍ਹੇਗਾ, ਜਦੋਂ ਅਮਰੀਕਾ ਈਰਾਨ ਦੀਆਂ ਸ਼ਰਤਾਂ ਨੂੰ ਪੂਰੀ ਤਰ੍ਹਾਂ ਸਵੀਕਾਰ ਕਰ ਲਵੇਗਾ, ਭਾਵੇਂ ਕਿ ਤਹਿਰਾਨ ਅਤੇ ਓਮਾਨ ਨੇ ਕਿਹਾ ਕਿ ਉਹ ਮੁੱਖ ਜਲਮਾਰਗ ਲਈ ਇੱਕ ਨਵੇਂ ਸ਼ਿਪਿੰਗ ਪ੍ਰੋਟੋਕੋਲ ਦੇ ਬਹੁਤ ਨੇੜੇ ਹਨ। ਅਲ ਜਜ਼ੀਰਾ ਦੀ ਰਿਪੋਰਟ ਅਨੁਸਾਰ ਆਈ ਆਰ ਜੀ ਸੀ ਦੇ ਬੁਲਾਰੇ ਸਰਦਾਰ ਮੋਹੇਬੀ ਨੇ ਕਿਹਾ ਕਿ ਹਾਰਮੁਜ਼ ਜਲਡਮਰੂ ਨੂੰ ਦੁਬਾਰਾ ਖੋਲ੍ਹਣਾ ਓਮਾਨ ਨਾਲ ਚੱਲ ਰਹੀ ਗੱਲਬਾਤ ਤੋਂ ਵੱਖ ਖਾਸ ਵਿਧੀਆਂ ਅਤੇ ਸ਼ਰਤਾਂ 'ਤੇ ਨਿਰਭਰ ਕਰੇਗਾ। ਉਨ੍ਹਾ ਕਿਹਾ ਕਿ ਜਲ ਮਾਰਗ ਦੁਬਾਰਾ ਖੋਲ੍ਹਣਾ ਅਮਰੀਕਾ ਦੁਆਰਾ ਈਰਾਨ ਦੀਆਂ ਸ਼ਰਤਾਂ ਨੂੰ ਪੂਰੀ ਤਰ੍ਹਾਂ ਸਵੀਕਾਰ ਕਰਨ ਅਤੇ ਖੇਤਰੀ ਗੱਲਬਾਤ ਵਿੱਚ ਦਖਲਅੰਦਾਜ਼ੀ ਨੂੰ ਖਤਮ ਕਰਨ ਦੀਆਂ ਸ਼ਰਤਾਂ 'ਤੇ ਹੋਵੇਗਾ। ਈਰਾਨੀ ਅਧਿਕਾਰੀਆਂ ਦੁਆਰਾ ਇਹ • ਬਾਕੀ ਸਫਾ 2 'ਤੇ

### ਮੋਜਤਬਾ ਖਮੇਨੇਈ ਦਾ ਵੀਡੀਓ ਜਾਰੀ



**ਤਹਿਰਾਨ** : ਇਜ਼ਰਾਈਲ ਮੀਡੀਆ ਵੱਲੋਂ ਇਹ ਦਾਅਵਾ ਕਰਨ ਤੋਂ ਬਾਅਦ ਕਿ ਈਰਾਨ ਦੇ ਸੁਪਰੀਮ ਆਗੂ ਮੋਜਤਬਾ ਖਮੇਨੇਈ ਦੀ ਹਾਲਤ ਗੰਭੀਰ ਹੈ ਅਤੇ ਉਸ ਨੂੰ ਹਸਪਤਾਲ ਲਿਜਾਇਆ ਗਿਆ ਹੈ, ਈਰਾਨ ਦੀ ਅਰਧ-ਸਰਕਾਰੀ ਮੇਹਰ ਨਿਊਜ਼ ਏਜੰਸੀ ਨੇ ਇੱਕ ਬਿਨਾਂ ਮਿਤੀ ਦੇ ਵੀਡੀਓ ਜਾਰੀ ਕੀਤਾ ਹੈ, ਜਿਸ ਵਿੱਚ ਮੋਜਤਬਾ ਖਮੇਨੇਈ ਚੰਗੀ ਸਿਹਤ ਵਿੱਚ ਦਿਖਾਈ ਦੇ ਰਹੇ ਸਨ। ਮੋਜਤਬਾ ਖਮੇਨੇਈ ਦਾ ਵੀਡੀਓ ਪਹਿਲੀ ਵਾਰ ਈਰਾਨ ਸਰਕਾਰ ਦੁਆਰਾ ਸਪਾਂਸਰ ਅਤੇ ਈਰਾਨੀ ਸਰਕਾਰ ਦੇ ਇਸਲਾਮਿਕ ਵਿਕਾਸ ਸੰਗਠਨ ਦੁਆਰਾ ਚਲਾਈ ਜਾ ਰਹੀ ਅਰਧ-ਸਰਕਾਰੀ ਖ਼ਬਰ ਏਜੰਸੀ ਮੇਹਰ ਦੁਆਰਾ ਜਾਰੀ ਕੀਤਾ ਗਿਆ ਹੈ। ਸ਼ੁੱਕਰਵਾਰ ਨੂੰ ਇਜ਼ਰਾਈਲੀ ਮੀਡੀਆ ਰਿਪੋਰਟਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਖਮੇਨੇਈ ਬਹੁਤ ਹੀ ਨਾਜ਼ੁਕ ਹਾਲਤ ਵਿੱਚ ਹਨ।

## ਪਾਸ਼-ਹੰਸ ਰਾਜ ਯਾਦਗਾਰ 'ਤੇ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਨਾਕਾਮ ਕਰਨ ਦਾ ਸੱਦਾ

### ਮੁੱਖ ਮੰਤਰੀ ਤੋਂ ਵਫ਼ਦ ਨੇ ਮੰਗਿਆ ਸਮਾਂ, ਪਾਸ਼ ਦੇ ਪਿੰਡ ਕੰਪਲੈਕਸ 'ਚ ਜਨਮ ਦਿਹਾੜਾ ਸਮਾਗਮ ਕਰਨ ਦਾ ਐਲਾਨ



**ਜਲੰਧਰ (ਗਿਆਨ ਸੈਦਪੁਰੀ, ਕੇਸਰ)**
ਪੰਜਾਬ ਦੀਆਂ ਲੋਕ ਜਥੇਬੰਦੀਆਂ, ਲੋਕ ਪੱਖੀ ਸਾਹਿਤਕਾਰਾਂ, ਕਲਾਕਾਰਾਂ ਤੇ ਸਾਹਿਤਕ ਸੰਸਥਾਵਾਂ ਨੇ ਪਾਸ਼ ਯਾਦਗਾਰੀ ਕੰਪਲੈਕਸ 'ਤੇ ਸਰਕਾਰੀ ਸ਼ਹਿ ਨਾਲ ਨਜਾਇਜ਼ ਕਬਜ਼ੇ ਦੀਆਂ ਕੋਸ਼ਿਸ਼ਾਂ ਦੀ ਜ਼ੋਰਦਾਰ ਨਿੰਦਾ ਕਰਦਿਆਂ ਇਹਨਾਂ ਹੋਛੇ ਯਤਨਾਂ ਨੂੰ ਨਾਕਾਮ ਕਰਨ ਦਾ ਸੱਦਾ ਦਿੱਤਾ ਹੈ।

ਪਾਸ਼ ਦਾ ਜਨਮ ਦਿਹਾੜਾ ਉਸ ਦੇ ਜੱਦੀ ਪਿੰਡ ਤਲਵੰਡੀ ਸਲੇਮ ਵਿਖੇ 9 ਸਤੰਬਰ ਦਿਨੇ 11 ਵਜੇ ਮਨਾਉਣ ਦਾ ਫੈਸਲਾ ਕੀਤਾ ਹੈ। ਉਹਨਾਂ ਕਿਹਾ ਕਿ ਇਸ ਅਰਸੇ ਦੌਰਾਨ ਚਲਾਈ ਜਾਣ ਵਾਲੀ ਮੁਹਿੰਮ ਰਾਹੀਂ ਪਾਸ਼ ਦੀ ਯਾਦ ਮੇਸਣ ਦੀਆਂ ਕੋਸ਼ਿਸ਼ਾਂ ਖਿਲਾਫ ਲੋਕਾਂ ਨੂੰ ਲਾਮਬੰਦ ਕੀਤਾ ਜਾਵੇਗਾ ਅਤੇ ਦਹਾਕਿਆਂ ਤੋਂ ਬਣੇ ਹੋਏ ਇਸ ਯਾਦਗਾਰੀ ਕੰਪਲੈਕਸ ਨੂੰ ਯਾਦਗਾਰ ਵਜੋਂ ਮਾਨਤਾ ਦੇਣ ਦੀ ਮੰਗ ਲਈ ਆਵਾਜ਼ ਪੰਜਾਬ ਸਰਕਾਰ ਤੱਕ ਪਹੁੰਚਾਈ ਜਾਵੇਗੀ।

ਅੱਜ ਇੱਥੇ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਅਤੇ ਸ਼ਹੀਦੀ ਯਾਦਗਾਰ ਕਮੇਟੀ ਇਲਾਕਾ ਨਕੋਦਰ ਵੱਲੋਂ ਬੁਲਾਈ ਮੀਟਿੰਗ 'ਚ ਪ੍ਰਗਤੀਸ਼ੀਲ ਲੇਖਕ ਸੰਘ, ਪਲਸ ਮੰਚ, ਤਰਕਸ਼ੀਲ ਸੁਸਾਇਟੀ ਪੰਜਾਬ, ਜਮਹੂਰੀ ਅਧਿਕਾਰ ਸਭਾ ਪੰਜਾਬ, ਅਵਤਾਰ ਸਿੰਘ ਪਾਸ਼ ਮੈਮੋਰੀਅਲ ਟਰੱਸਟ, ਦੇਸ਼ ਭਗਤ ਯਾਦਗਾਰ ਕਮੇਟੀ, ਪੰਜਾਬ ਦੇ ਮੰਨੇ-ਪ੍ਰਮੰਨੇ ਬੁੱਧੀਜੀਵੀਆਂ ਅਤੇ ਜਮਹੂਰੀ ਸ਼ਖ਼ਸੀਅਤਾਂ ਸਮੇਤ ਕਿਰਤੀ ਕਿਸਾਨ ਸਮੂਹ ਮਿਹਨਤਕਸ਼ ਤਬਕਿਆਂ ਦੀਆਂ ਜੱਥੇਬੰਦੀਆਂ ਦੇ ਪ੍ਰਤੀਨਿਧੀਆਂ ਤੋਂ ਇਲਾਵਾ ਪਿੰਡ ਤਲਵੰਡੀ ਸਲੇਮ 'ਚੋਂ ਆਏ ਵੱਡੀ ਗਿਣਤੀ ਲੋਕਾਂ ਦੀ ਸਾਂਝੀ ਮੀਟਿੰਗ, ਪ੍ਰਸਿੱਧ ਬੁੱਧੀਜੀਵੀ ਡਾਕਟਰ ਸਵਰਾਜਬੀਰ, ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਦੇ ਮੈਂਬਰ ਡਾਕਟਰ ਪਰਮਿੰਦਰ ਸਿੰਘ, ਪਾਸ਼-ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ ਦੇ ਕਨਵੀਨਰ ਮੋਹਨ ਸਿੰਘ ਬੱਲ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਯਾਦ ਰਹੇ ਚੋਟੀ ਦੇ ਇਨਕਲਾਬੀ ਕਵੀ ਅਵਤਾਰ ਪਾਸ਼ ਅਤੇ ਉਸ ਦੇ ਦੋਸਤ ਹੰਸਰਾਜ ਦੀ 23 ਮਾਰਚ 1988 ਨੂੰ ਦਹਿਸ਼ਤਗਰਦਾਂ ਵੱਲੋਂ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ, ਉਸ ਵੇਲੇ ਤੋਂ ਹੀ ਪਿੰਡ ਅੰਦਰ ਇਨਕਲਾਬੀ ਜਥੇਬੰਦੀਆਂ ਵੱਲੋਂ ਹਰ ਸਾਲ ਸ਼ਹੀਦੀ ਕਾਨਫਰੰਸ ਕੀਤੀ ਜਾਂਦੀ ਹੈ ਅਤੇ ਪਿੰਡ ਅੰਦਰ ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਵੱਲੋਂ ਯਾਦਗਾਰੀ ਕੰਪਲੈਕਸ ਉਸਾਰਿਆ ਗਿਆ ਹੈ, ਜਿੱਥੇ ਪਿਛਲੇ ਢਾਈ ਦਹਾਕਿਆਂ ਤੋਂ ਸ਼ਹੀਦੀ ਸਮਾਗਮ ਕਰਵਾਇਆ ਜਾਂਦਾ ਹੈ।

ਵਿਸ਼ੇਸ਼ ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਪਿੰਡ ਦੇ ਸਰਪੰਚ ਨੇ ਯਾਦਗਾਰ ਦੇ ਤਾਲੇ ਤੋੜ ਕੇ ਅੰਦਰ ਝੂਲੇ ਅਤੇ ਪੀਂਘਾਂ ਝੂਟਣ ਲਈ ਪਾਈਪਾਂ ਗੱਡ ਕੇ, ਯਾਦਗਾਰ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਹੈ।

ਸਥਾਨਕ ਜਥੇਬੰਦੀਆਂ ਵੱਲੋਂ ਸਰਪੰਚ ਦੇ ਇਸ ਕਦਮ ਦੀ ਲਿਖਤੀ ਸੂਚਨਾ ਐੱਸ ਡੀ ਐੱਮ ਨਕੋਦਰ ਨੂੰ ਵਫ਼ਦ ਨੇ ਮਿਲ ਕੇ ਦਿੱਤੀ, ਪਰ • ਬਾਕੀ ਸਫਾ 2 'ਤੇ

## ਹਾਦਸੇ 'ਚ 3 ਕਾਂਵੜੀਆਂ ਦੀ ਮੌਤ



**ਫਤਿਹਗੜ੍ਹ ਸਾਹਿਬ** : ਸਰਹਿੰਦ ਜੀ.ਟੀ. ਰੋਡ 'ਤੇ ਦਾਦਾ ਮੋਟਰਜ਼ ਨੇੜੇ ਐਤਵਾਰ ਤੜਕੇ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਤੇਜ਼ ਰਫ਼ਤਾਰ ਅਣਪਛਾਤੇ ਵਾਹਨ ਦੀ ਲਪੇਟ ਵਿੱਚ ਆਉਣ ਨਾਲ ਤਿੰਨ ਕਾਂਵੜੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਇੱਕ ਹੋਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਇਹ ਖ਼ੌਫ਼ਨਾਕ ਹਾਦਸਾ ਰਾਤ ਕਰੀਬ 2.15 ਵਜੇ ਉਸ ਸਮੇਂ ਵਾਪਰਿਆ, ਜਦੋਂ ਕੋਟਕਪੂਰਾ (ਫ਼ਰੀਦਕੋਟ) ਦੇ ਛੇ ਕਾਂਵੜੀਆਂ ਦਾ ਸਮੂਹ ਉੱਤਰਾਖੰਡ ਦੇ ਗੰਗੋਤਰੀ ਤੋਂ ਪਵਿੱਤਰ ਜਲ ਲੈ ਕੇ ਪੈਦਲ ਆਪਣੇ ਘਰਾਂ ਨੂੰ ਪਰਤ ਰਿਹਾ ਸੀ। ਚਸ਼ਮਦੀਦ ਜਗਸੀਰ ਸਿੰਘ ਨੇ ਦੱਸਿਆ ਕਿ ਪਿੱਛੋਂ ਆ ਰਹੀ ਇੱਕ ਤੇਜ਼ ਰਫ਼ਤਾਰ ਗੱਡੀ ਨੇ ਅੱਗੇ ਚੱਲ ਰਹੇ ਚਾਰ ਕਾਂਵੜੀਆਂ ਨੂੰ ਬੁਰੇ ਤਰੀਕੇ ਨਾਲ ਦਰੜ ਦਿੱਤਾ। ਤਿੰਨ ਕਾਂਵੜੀਆਂ ਨੇ ਮੌਕੇ 'ਤੇ ਹੀ ਦਮ ਤੋੜ ਦਿੱਤਾ, ਜਦ ਕਿ ਮੁਕੇਸ਼ ਕੁਮਾਰ ਨਾਮੀ ਨੌਜਵਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਮ੍ਰਿਤਕਾਂ ਦੀ ਪਛਾਣ ਮਹਿੰਦਰ ਪਾਲ, ਦੀਪਕ ਅਤੇ ਜਗਦੀਸ਼ ਮਿੱਤਲ ਵਜੋਂ ਹੋਈ ਹੈ, ਜੋ ਸਾਰੇ ਫ਼ਰੀਦਕੋਟ ਜ਼ਿਲ੍ਹੇ ਦੇ ਰਹਿਣ ਵਾਲੇ ਸਨ।

## ਗੁਰਬਾਣੀ ਪ੍ਰਸਾਰਨ ਦਾ ਅਧਿਕਾਰ ਸਭ ਨੂੰ ਦਿੱਤਾ ਜਾਵੇ : ਭਗਵੰਤ ਮਾਨ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਨੇ ਸੱਚਖੰਡ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਦੇ ਪ੍ਰਸਾਰਣ ਨੂੰ ਲੈ ਕੇ ਕਿਹਾ ਹੈ ਕਿ ਗੁਰਬਾਣੀ ਪੂਰੀ ਮਾਨਵਤਾ ਲਈ ਸਰਬ-ਸਾਂਝੀ ਹੈ ਅਤੇ ਇਸ ਦੇ ਪ੍ਰਸਾਰਣ ਉੱਤੇ ਕਿਸੇ ਵੀ ਤਰ੍ਹਾਂ ਦਾ ਵਪਾਰਕ ਜਾਂ ਕਾਰੋਬਾਰੀ ਹਿੱਤ ਨਹੀਂ ਹੋਣਾ ਚਾਹੀਦਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅਸਲ ਮਕਸਦ ਪੂਰੀ ਦੁਨੀਆ ਵਿੱਚ ਗੁਰਬਾਣੀ ਦਾ ਪਵਿੱਤਰ ਸੁਨੇਹਾ ਘਰ-ਘਰ ਤੱਕ ਪਹੁੰਚਾਉਣਾ ਹੈ ਤੇ ਗੁਰਬਾਣੀ ਦੇ ਪ੍ਰਸਾਰਣ ਦਾ ਅਧਿਕਾਰ ਕਿਸੇ ਖ਼ਾਸ ਚੈਨਲ ਜਾਂ ਵਪਾਰਕ ਦਾਇਰੇ ਤੱਕ ਸੀਮਤ ਨਹੀਂ ਰੱਖਣਾ ਚਾਹੀਦਾ। ਉਨ੍ਹਾ ਮੰਗ ਕੀਤੀ ਕਿ ਬਿਨਾਂ ਕਿਸੇ ਵਪਾਰਕ ਸੌਦੇਬਾਜ਼ੀ ਦੇ ਗੁਰਬਾਣੀ ਦਾ ਪ੍ਰਸਾਰਣ ਮੁਫ਼ਤ ਸਾਰੇ ਮੀਡੀਆ ਪਲੇਟਫ਼ਾਰਮਾਂ ਲਈ ਉਪਲੱਬਧ ਹੋਣਾ ਚਾਹੀਦਾ ਹੈ।

## ਹਿਮਾਂਸ਼ੀ ਖੁਰਾਨਾ ਕਤਲ ਮਾਮਲੇ 'ਚ ਭਗੌੜਾ ਅਬਦੁਲ ਗ਼ਫ਼ੂਰੀ ਕਾਬੂ

**ਟੋਰਾਂਟੋ** : ਇੱਥੇ ਭਾਰਤੀ ਮੂਲ ਦੀ 30 ਸਾਲਾ ਹਿਮਾਂਸ਼ੀ ਖੁਰਾਨਾ ਦੇ ਚਰਚਿੱਤ ਕਤਲ ਮਾਮਲੇ ਵਿੱਚ ਪੁਲਸ ਨੇ ਉਸ ਦੇ ਭਾਈਵਾਲ ਅਬਦੁਲ ਗਫ਼ੂਰੀ ਨੂੰ ਕਰੀਬ 7 ਮਹੀਨਿਆਂ ਬਾਅਦ ਗ੍ਰਿਫ਼ਤਾਰ ਕਰ ਲਿਆ ਹੈ। 32 ਸਾਲਾ ਗਫ਼ੂਰੀ ਨੂੰ ਟੋਰਾਂਟੋ ਦੇ ਇੱਕ ਹਵਾਈ ਅੱਡੇ ਤੋਂ ਕਾਬੂ ਕੀਤਾ ਗਿਆ। ਪੁਲਸ ਨੇ ਉਸ ਦੇ ਖ਼ਿਲਾਫ਼ ਪਹਿਲੇ ਦਰਜੇ ਦੇ ਕਤਲ ਦਾ ਗੰਭੀਰ ਦੋਸ਼ ਆਇਦ ਕੀਤਾ ਹੈ। ਟੋਰਾਂਟੋ ਪੁਲਸ ਅਨੁਸਾਰ ਭਗੌੜੇ ਦੋਸ਼ੀ ਨੂੰ ਕਾਬੂ ਕਰਨ ਲਈ ਕੌਮਾਂਤਰੀ ਪੁਲਸ ਏਜੰਸੀਆਂ ਨਾਲ ਮਿਲ ਕੇ ਸਾਂਝਾ ਅਪਰੇਸ਼ਨ ਚਲਾਇਆ ਗਿਆ ਸੀ। 19 ਦਸੰਬਰ 2025 ਦੀ ਰਾਤ ਨੂੰ ਟੋਰਾਂਟੋ ਦੇ ਸਟਰਾਚਨ ਐਵੇਨਿਊ ਅਤੇ ਵੈਲਿੰਗਟਨ ਸਟਰੀਟ ਵੈਸਟ ਇਲਾਕੇ ਵਿੱਚੋਂ ਹਿਮਾਂਸ਼ੀ ਖੁਰਾਨਾ ਦੇ ਲਾਪਤਾ ਹੋਣ ਦੀ ਸ਼ਿਕਾਇਤ ਪੁਲਸ ਨੂੰ ਮਿਲੀ ਸੀ। ਰਾਤ ਕਰੀਬ 10:41 ਵਜੇ ਮਿਲੀ ਇਸ ਇਤਲਾਹ ਤੋਂ ਬਾਅਦ ਪੁਲਸ ਨੇ ਭਾਲ ਸ਼ੁਰੂ ਕੀਤੀ ਅਤੇ ਅਗਲੇ ਦਿਨ ਸਵੇਰੇ ਕਰੀਬ 6:30 ਵਜੇ ਉਸੇ ਇਲਾਕੇ ਦੇ ਇੱਕ ਘਰ ਵਿੱਚੋਂ ਹਿਮਾਂਸ਼ੀ ਦੀ ਲਾਸ਼ ਬਰਾਮਦ ਹੋਈ।

## ਗਰੀਬ ਦੋ ਵਕਤ ਦੀ ਰੋਟੀ ਤੋਂ ਆਤੁਰ : ਮਾੜੀਮੇਘਾ, ਅਲਗੋਂ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਵੀਰ ਸਿੰਘ ਗੋਲਣ)**
ਸੀ ਪੀ ਆਈ ਵੱਲੋਂ ਦੇਸ਼ ਭਰ ਵਿੱਚ ਆਰੰਭੀ ਜਨ-ਜਾਗਰਨ ਮੁਹਿੰਮ ਤਹਿਤ ਭਾਈ ਲੱਧੂ, ਕਲਸੀਆਂ ਕਲਾਂ, ਭਗਵਾਨਪੁਰਾ ਖੁਰਦ ਅਤੇ ਭਗਵਾਨਪੁਰਾ ਕਲਾਂ ਵਿਖੇ ਪਾਰਟੀ ਵਰਕਰਾਂ ਅਤੇ ਹਮਦਰਦਾਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ। ਇਸ ਮੌਕੇ ਬੋਲਦਿਆਂ ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਤੇ ਬਲਾਕ ਸਕੱਤਰ ਨਰਿੰਦਰ ਸਿੰਘ ਅਲਗੋਂ ਕੋਠੀ ਨੇ ਕਿਹਾ ਕਿ ਮਹਿੰਗਾਈ ਨੇ ਲੋਕਾਂ ਦਾ ਜਿਊਣਾ ਔਖਾ ਕੀਤਾ ਹੋਇਆ ਹੈ। ਖਾਣ-ਪੀਣ ਵਾਲੀਆਂ ਵਸਤੂਆਂ ਦੀਆਂ ਕੀਮਤਾਂ ਵਿੱਚ ਅਥਾਹ ਵਾਧਾ ਹੋ ਗਿਆ। ਉਪਰੋਂ ਗਰਮੀਆਂ ਦਾ ਤੇਰ੍ਹਵਾਂ ਮਹੀਨਾ ਚੱਲ ਰਿਹਾ ਹੈ। ਇਸ ਵੇਲੇ ਖੇਤਾਂ ਵਿੱਚ ਵੀ ਕੋਈ ਕੰਮ-ਕਾਰ ਨਹੀਂ। ਪਿੰਡਾਂ ਦੇ ਮਜ਼ਦੂਰ ਵਿਹਲੇ ਹਨ, ਜੋ ਉਨ੍ਹਾਂ ਕੋਲ ਥੋੜ੍ਹੀ-ਬਹੁਤੀ ਰਾਸ ਹੁੰਦੀ ਹੈ, ਉਸ ਨਾਲ ਲੰਗੇ-ਡੰਗ ਰੋਟੀ ਖਾ ਕੇ ਗੁਜ਼ਾਰਾ ਕਰ ਰਹੇ ਹਨ। • ਬਾਕੀ ਸਫਾ 2 'ਤੇ

## ਅੱਜ-ਨਾਮਾ

ਰਿਸ਼ਤੇ-ਨਾਤਿਆਂ ਦਾ ਪੱਧਰ ਪੱਧਰਾ ਨਹੀਂ,
ਟਰੰਪ ਕੁਝ ਹੋਰ ਆਖੇ, ਮੋਦੀ ਹੋਰ ਮੀਆਂ।
ਦਾਬੇ-ਦਬਕੇ ਵੀ ਚੱਲ ਰਹੇ ਇੱਕ-ਪਾਸੜ,
ਡਾਢੇ ਅੱਗੇ ਨਹੀਂ ਜਾਵੇ ਕੋਈ ਜ਼ੋਰ ਮੀਆਂ।
ਵਿਚਾਲਿਉਂ ਸਾਂਝ ਦੀ ਬਾਤ ਹੈ ਚੱਲ ਪੈਂਦੀ,
ਕੱਸੀ ਜਾਂਦੀ ਹੈ ਬਾਅਦ ਵਿੱਚ ਡੋਰ ਮੀਆਂ।
ਰੁਕ-ਰੁਕ ਚੱਲਦੇ ਕਦਮ ਕੁਝ ਇੱਕ ਪਾਸੇ,
ਦੂਸਰੇ ਬੰਨੇ ਆ ਟਿਚਕਰ ਦੀ ਤੋਰ ਮੀਆਂ।
ਪੱਧਰਾ ਆਖਦੇ ਪੱਧਰ ਆ ਰਿਸ਼ਤਿਆਂ ਦਾ,
ਦੁਵੱਲਾ ਕਹਿੰਦੇ ਈ ਪੂਰਾ ਸਮਤੋਲ ਮੀਆਂ।
ਦਾਅਵਾ ਨਾਲ ਹਕੀਕਤ ਨਹੀਂ ਮੇਲ ਖਾਂਦਾ,
ਲਫਜ਼ਾਂ ਵਾਂਗ ਨਹੀਂ ਟੁਣਕਦੇ ਬੋਲ ਮੀਆਂ।

-ਤੀਸ ਮਾਰ ਖਾਂ

## ਲੇਖਕਾਂ ਤੇ ਕਲਾਕਾਰਾਂ ਨੂੰ ਜੰਗਾਂ ਵਿਰੁੱਧ ਲੋਕ ਚੇਤਨਾ ਜਗਾਉਣ ਦਾ ਸੱਦਾ




**ਲੁਧਿਆਣਾ (ਨ ਜ਼ ਸ)**
ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਅਤੇ ਇੰਡੀਅਨ ਡਾਕਟਰਜ਼ ਫ਼ਾਰ ਪੀਸ ਐਂਡ ਡਿਵੈੱਲਪਮੈਂਟ ਵੱਲੋਂ ਕਰਵਾਈ ਗਈ ਵਿਸ਼ਵ ਅਮਨ ਕਾਨਫ਼ਰੰਸ ਦੇ ਮੁੱਖ ਮਹਿਮਾਨ ਡਾ. ਅਰਵਿੰਦ ਸਾਬਕਾ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਪ੍ਰਬੰਧਕਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਵਿਗਿਆਨੀ ਸਿਰਫ਼ ਗਿਆਨ ਦਿੰਦੇ ਹਨ, ਪਰ ਇਸ ਦੀ ਦੁਰਵਰਤੋਂ ਹਕੂਮਤਾਂ ਕਰਦੀਆਂ ਆਈਆਂ ਹਨ। ਨਿਊਕਲੀਅਰ ਬੰਬ ਦਾ ਨੁਕਸਾਨ ਸਦੀਆਂ ਤੀਕ ਰਹਿੰਦਾ ਹੈ। ਇਸ ਲਈ ਇਸ ਦੇ ਨੁਕਸਾਨ ਬਾਰੇ ਜਾਗਰੂਕ ਕਰਨ ਲਈ ਸਾਹਿਤਕਾਰਾਂ ਤੇ ਸੰਸਥਾਵਾਂ ਨੂੰ ਸਾਹਿਤ ਲਿਖਣਾ, ਨਾਟਕ ਦਿਖਾਉਣੇ, ਸੈਮੀਨਾਰ ਅਤੇ ਕਾਨਫ਼ਰੰਸਾਂ ਆਦਿ ਲਗਾਤਾਰ ਕਰਵਾਉਂਦੇ ਰਹਿਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਕਈ ਵਾਰੀ ਮਨੁੱਖ ਅੰਦਰੋਂ ਹਿੰਸਕ ਹੁੰਦਾ ਹੈ।ਕਾਨਫ਼ਰੰਸ ਦੇ ਮੁੱਖ ਬੁਲਾਰੇ ਸਤਨਾਮ ਚਾਨਾ ਨੇ ਕਿਹਾ ਕਿ ਕੁਝ ਦੇਸ਼ ਆਪਣੇ ਹਥਿਆਰ ਵੇਚਣ ਲਈ ਅਤੇ ਮੁਨਾਫ਼ਾ ਕਮਾਉਣ ਲਈ ਜਾਣਬੁਝ ਕੇ ਜੰਗਾਂ ਸ਼ੁਰੂ ਕਰਵਾਉਂਦੇ ਹਨ। ਉਨ੍ਹਾ ਕਿਹਾ ਕਿ ਦੋ ਵਿਸ਼ਵ ਯੁੱਧਾਂ ਤੋਂ ਬਾਅਦ ਅਮਰੀਕਾ ਨੇ ਜਪਾਨ, ਕੋਰੀਆ ਅਤੇ ਵੀਅਤਨਾਮ 'ਤੇ ਹਮਲੇ ਕੀਤੇ। ਇਸ ਤੋਂ ਬਾਅਦ ਹੁਣ ਤੱਕ ਵੱਖ-ਵੱਖ ਦੇਸ਼ਾਂ ਵਿਚ ਪੈਂਹਠ ਤੋਂ ਵੱਧ ਜੰਗਾਂ ਹੋ ਚੁੱਕੀਆਂ ਹਨ, ਜਿਸ ਦਾ ਸੰਸਾਰ 'ਤੇ ਬਹੁਤ ਭਿਆਨਕ ਅਸਰ ਹੋਇਆ ਹੈ। ਪੂੰਜੀ ਦੀ ਇਹ ਵੀ ਜ਼ਰੂਰਤ ਹੈ ਕਿ ਉਹ ਖ਼ੁਦ ਮਰਨ ਲਈ ਜੰਗ ਨਹੀਂ ਲਾਵੇਗੀ।

ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਸਭ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਅਜੋਕੇ ਹਾਲਾਤ ਨੂੰ ਧਿਆਨ ਵਿਚ ਰੱਖਦੇ ਹੋਏ ਆਲਮੀ ਅਮਨ ਕਾਨਫ਼ਰੰਸ ਹਰ ਸਾਲ ਹੀ ਹੋਣੀ ਚਾਹੀਦੀ ਹੈ। ਉਨ੍ਹਾ ਕਿਹਾ ਕਿ ਜਿਹੜਾ ਵੀ ਸਰਕਾਰ ਦੀਆਂ ਗਲਤ ਨੀਤੀਆਂ ਦਾ ਵਿਰੋਧ ਕਰਦਾ ਹੈ, ਉਸ ਨੂੰ ਦੇਸ਼ ਵਿਰੋਧੀ ਅਤੇ ਅੱਤਵਾਦੀ ਗਰਦਾਨਿਆ ਜਾ ਰਿਹਾ ਹੈ।

ਇੰਡੀਅਨ ਡਾਕਟਰਜ਼ ਫ਼ਾਰ ਪੀਸ ਐਂਡ ਡਿਵੈੱਲਪਮੈਂਟ ਦੇ ਪ੍ਰਧਾਨ ਡਾ. ਅਰੁਣ ਮਿੱਤਰਾ ਨੇ ਕਾਨਫ਼ਰੰਸ ਦੀ ਸ਼ੁਰੂਆਤ ਵਿਚ ਕਿਹਾ ਕਿ ਦੁਨੀਆ ਗੰਭੀਰ ਸਥਿਤੀ ਵਿਚੋਂ ਗੁਜ਼ਰ ਰਹੀ ਹੈ। ਗਾਜ਼ਾ ਵਿਚ ਫ਼ਲਸਤੀਨੀਆਂ ਦੀ ਨਸਲਕੁਸ਼ੀ ਕੀਤੀ ਜਾ ਰਹੀ ਹੈ। ਯੂ ਐੱਨ ਓ ਏਨੀ ਕਮਜ਼ੋਰ ਹੋ ਚੁੱਕੀ ਹੈ ਕਿ ਉਸ ਦੀ ਕੋਈ ਵੀ ਗੱਲ ਨਹੀਂ ਮੰਨ ਰਿਹਾ। ਉਨ੍ਹਾ ਕਿਹਾ ਜੇਕਰ ਤੀਸਰਾ ਵਿਸ਼ਵ ਯੁੱਧ ਸ਼ੁਰੂ ਹੋ ਗਿਆ ਤਾਂ ਅਰਬਾਂ ਲੋਕ ਮੌਤ ਦੇ ਮੂੰਹ ਵਿਚ ਚਲੇ ਜਾਣਗੇ। ਕਾਨਫ਼ਰੰਸ ਵਿਚ ਨਾਮਧਾਰੀ ਦਰਬਾਰ ਵੱਲੋਂ ਸੂਬਾ ਹਰਭਜਨ ਸਿੰਘ, ਅਮਰਜੀਤ ਸਿੰਘ ਟਿੱਕਾ, ਬਾਵਾ ਗੁਰਵਿੰਦਰ ਸਿੰਘ ਸਰਨਾ, ਡਾ. ਬਲਬੀਰ ਸ਼ਾਹ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਕਾਨਫ਼ਰੰਸ ਦਾ ਪ੍ਰਧਾਨਗੀ ਭਾਸ਼ਣ ਦਿੰਦਿਆਂ ਡਾ. ਸੁਖਦੇਵ ਸਿੰਘ ਸਿਰਸਾ ਨੇ ਕਿਹਾ ਕਿ ਅਜੇ ਤੱਕ ਵੀ ਮਨੁੱਖ ਦੀ ਹਿੰਸਕ ਪ੍ਰਵਿਰਤੀ ਖਤਮ ਨਹੀਂ ਹੋਈ। ਦੋ ਵਿਸ਼ਵ ਯੁੱਧਾਂ ਤੋਂ ਬਾਅਦ ਹੁਣ ਤੀਸਰੇ ਵਿਸ਼ਵ ਯੁੱਧ ਦੇ ਬੱਦਲ ਛਾਏ ਹੋਏ ਹਨ। ਇਸ ਲਈ ਲੇਖਕਾਂ ਅਤੇ ਕਲਾਕਾਰਾਂ ਨੂੰ ਜੰਗਾਂ • ਬਾਕੀ ਸਫਾ 2 'ਤੇ

## ਦਿੱਲੀ ਰੈਲੀ ਸਿਰਜੇਗੀ ਇਤਿਹਾਸ : ਚੌਹਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਇੱਕ ਸਤੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਮੈਦਾਨ ਵਿਖੇ ਹੋ ਰਹੀ 'ਬਦਲਾਅ ਜ਼ਰੂਰੀ ਹੈ' ਵਿਸ਼ਾਲ ਰੈਲੀ ਨਵਾਂ ਇਤਿਹਾਸ ਸਿਰਜੇਗੀ, ਕਿਉਂਕਿ ਰੈਲੀ ਦੌਰਾਨ ਦੇਸ਼ ਭਰ ਤੋਂ ਕਿਸਾਨ, ਮਜ਼ਦੂਰ, ਨੌਜਵਾਨ, ਔਰਤਾਂ ਅਤੇ ਵਿਦਿਆਰਥੀਆਂ ਦੀ ਵੱਡੀ ਸ਼ਮੂਲੀਅਤ ਹੋਵੇਗੀ।ਪੂਰੇ ਦੇਸ਼ 'ਚ ਪੈਦਲ ਯਾਤਰਾ ਕਰਕੇ ਲੋਕਾਂ ਨੂੰ ਇਸ ਵਿਸ਼ਾਲ ਰੈਲੀ ਦੀ ਮਹੱਤਤਾ ਅਤੇ ਜ਼ਰੂਰਤ ਤੋਂ ਵੀ ਜਾਣੂ ਕਰਵਾਇਆ ਜਾ ਰਿਹਾ ਹੈ। ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਪੀੜਤ ਲੋਕ ਆਪਣੇ ਆਪ ਰੈਲੀ 'ਚ ਸ਼ਾਮਿਲ ਹੋਣ ਲਈ ਉਤਾਵਲੇ ਹਨ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਸਿੰਘ ਚੌਹਾਨ ਨੇ ਸ਼ਹਿਰ ਦੇ ਵਾਰਡ ਨੰਬਰ 20 'ਚ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾ ਹਾਜ਼ਰ ਪਾਰਟੀ ਵਰਕਰਾਂ ਅਤੇ ਆਮ ਲੋਕਾਂ ਨੂੰ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਰਾਜ ਦੌਰਾਨ ਦੇਸ਼ ਤਬਾਹੀ ਵੱਲ ਵਧ ਰਿਹਾ ਹੈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਤੇ ਮਹਿੰਗਾਈ • ਬਾਕੀ ਸਫਾ 2 'ਤੇ

## ਵਿਦਿਆਰਥੀਆਂ ਲਈ ਫਨ ਪਿਕਨਿਕ ਮੇਲਾ ਤੇ ਵਾਟਰ ਪਾਰਕ ਦਾ ਆਯੋਜਨ



**ਭੀਖੀ (ਧਰਮਵੀਰ ਸ਼ਰਮਾ)**-ਦਿ ਹੈਰੀਟੇਜ ਇੰਟਰਨੈਸ਼ਨਲ ਸਕੂਲ ਭੀਖੀ ਵਿੱਚ ਇੱਕ ਫਨ ਪਿਕਨਿਕ ਮੇਲੇ ਤੇ ਵਾਟਰ ਪਾਰਕ ਦਾ ਆਯੋਜਨ ਕੀਤਾ ਗਿਆ। ਇਸ ਮੇਲੇ ਦਾ ਪ੍ਰਬੰਧਨ ਸਕੂਲ ਚੇਅਰਮੈਨ ਸੁਰੇਸ਼ ਸਿੰਗਲਾ ਤੇ ਮੈਨੇਜਿੰਗ ਡਾਇਰੈਕਟਰ ਰਾਜੇਸ਼ ਕਾਂਸਲ ਨੇ ਕੀਤਾ। ਸਕੂਲ ਪ੍ਰਿੰਸੀਪਲ ਦਿਲਪ੍ਰੀਤ ਖੁਰਾਣਾ ਤੇ ਸਮੂਹ ਸਟਾਫ਼ ਵੱਲੋਂ ਰਿਬਨ ਕੱਟ ਕੇ ਇਸ ਮੇਲੇ ਦਾ ਉਦਘਾਟਨ ਕੀਤਾ ਗਿਆ। ਇਸ ਮੇਲੇ ਵਿੱਚ ਸਕੂਲ ਦੇ 450 ਵਿਦਿਆਰਥੀਆਂ ਦੀ ਸ਼ਮੂਲੀਅਤ ਸੀ। ਬੱਚਿਆਂ ਨੇ ਇਸ ਫਨ ਪਿਕਨਿਕ ਮੇਲੇ ਵਿੱਚ ਖੇਡਾਂ ਦਾ ਖੂਬ ਆਨੰਦ ਮਾਣਿਆ। ਇਸ ਮੇਲੇ ਨੂੰ ਕਰਵਾਉਣ ਦਾ ਮੁੱਖ ਮੰਤਵ ਬੱਚਿਆਂ ਦਾ ਮਨੋਰੰਜਨ ਕਰਨਾ ਤੇ ਉਨ੍ਹਾਂ ਨੂੰ ਸਰੀਰਕ ਤੇ ਦਿਮਾਗੀ ਤੌਰ 'ਤੇ ਤਰੋ ਤਾਜ਼ਾ ਕਰਨਾ ਸੀ, ਜਿਸ ਨਾਲ ਪੜ੍ਹਾਈ ਵਿੱਚ ਉਨ੍ਹਾਂ ਦਾ ਹੋਰ ਰੁਝਾਨ ਵਧ ਸਕੇ। ਸਾਰੇ ਵਿਦਿਆਰਥੀਆਂ ਲਈ ਖਾਣੇ ਦਾ ਪ੍ਰਬੰਧ ਸਕੂਲ ਵੱਲੋਂ ਕੀਤਾ ਗਿਆ। ਉਨ੍ਹਾਂ ਵੱਲੋਂ ਸਕੂਲ ਮੈਨਜਮੈਂਟ ਕਮੇਟੀ, ਪ੍ਰਿੰਸੀਪਲ ਤੇ ਸਮੂਹ ਸਟਾਫ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਅਜਿਹੇ ਪ੍ਰੋਗਰਾਮ ਆਉਣ ਵਾਲੇ ਸਮੇਂ ਵਿੱਚ ਵੀ ਉਲੀਕਨ ਲਈ ਕਿਹਾ ਗਿਆ।

## ਕੈਂਬ੍ਰਿਜ ਸਕੂਲ ਵਿਖੇ ਸਟੂਡੈਂਟ ਕਾਊਂਸਲਿੰਗ ਸੈਮੀਨਾਰ



**ਕੋਟ ਈਸੇ ਖਾਂ (ਅਰੋੜਾ)**-ਕੈਂਬ੍ਰਿਜ ਕਾਨਵੈਂਟ ਸਕੂਲ ਵਿਖੇ ਚਿਤਕਾਰਾ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ 'ਸਟੂਡੈਂਟ ਕਾਊਂਸਲਿੰਗ' (ਕਰਿਅਰ ਗਾਈਡੈਂਸ) ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਇਸ ਸੈਮੀਨਾਰ ਵਿੱਚ ਚਿਤਕਾਰਾ ਯੂਨੀਵਰਸਿਟੀ ਦੇ ਡਾਇਰੈਕਟਰ ਮਨਦੀਪ ਸਿੰਘ, ਅਸ਼ਵਨੀ ਮਨਕੋਟੀਆ ਤੇ ਡਾਕਟਰ ਪੰਕਜ ਧਮੀਜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਵਿਦਿਆਰਥੀਆਂ ਨੂੰ ਭਵਿੱਖ ਦੀ ਪੜ੍ਹਾਈ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ।ਸੈਮੀਨਾਰ ਦੌਰਾਨ ਯੂਨੀਵਰਸਿਟੀ ਦੀ ਟੀਮ ਵੱਲੋਂ 12ਵੀਂ ਦੀ ਪੜ੍ਹਾਈ ਕਰ ਰਹੇ ਬੱਚਿਆਂ ਨੂੰ ਅੱਗੇ ਵੱਖ-ਵੱਖ ਖੇਤਰਾਂ ਵਿੱਚ ਉਪਲਬਧ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਗਰੂਕ ਕੀਤਾ ਗਿਆ।ਡਾਇਰੈਕਟਰ ਮਨਦੀਪ ਸਿੰਘ, ਅਸ਼ਵਨੀ ਮਨਕੋਟੀਆ ਤੇ ਡਾ. ਪੰਕਜ ਧਮੀਜਾ ਨੇ ਵਿਦਿਆਰਥੀਆਂ ਨੂੰ ਐਡਵਾਂਸ ਲੈਵਲ ਦੀ ਪੜ੍ਹਾਈ ਤੇ ਉੱਚ ਸਿੱਖਿਆ ਦੇ ਨਵੇਂ ਸੰਕਲਪਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਯੂਨੀਵਰਸਿਟੀ ਪੱਧਰ 'ਤੇ ਪੜ੍ਹਾਈ ਕਰਕੇ ਬੱਚੇ ਕਿਸ ਤਰ੍ਹਾਂ ਆਪਣੇ ਕਰੀਅਰ ਨੂੰ ਸਹੀ ਦਿਸ਼ਾ ਦੇ ਸਕਦੇ ਹਨ ਤੇ ਇੱਕ ਉੱਜਵਲ ਭਵਿੱਖ ਬਣਾ ਸਕਦੇ ਹਨ।ਇਸ ਮੌਕੇ ਯੂਨੀਵਰਸਿਟੀ ਦੀ ਟੀਮ ਵੱਲੋਂ ਵਿਦਿਆਰਥੀਆਂ ਦੇ ਮਨਾਂ ਵਿੱਚ ਉੱਠ ਰਹੇ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ।ਸਕੂਲ ਦੇ ਪ੍ਰਿੰਸੀਪਲ ਤੇ ਅਧਿਆਪਕਾਂ ਵੱਲੋਂ ਚਿਤਕਾਰਾ ਯੂਨੀਵਰਸਿਟੀ ਦੀ ਟੀਮ ਦਾ ਇਸ ਲਾਹੇਵੰਦ ਸੈਮੀਨਾਰ ਲਈ ਧੰਨਵਾਦ ਕੀਤਾ ਗਿਆ।

## ਯੁਵਕ ਸੇਵਾਵਾਂ ਵਿਭਾਗ ਵੱਲੋਂ ਜ਼ਿਲ੍ਹਾ ਪੱਧਰੀ ਐਡਵੋਕੇਸੀ ਮੀਟਿੰਗ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪੰਜਾਬ ਚੰਡੀਗੜ੍ਹ ਦੇ ਆਦੇਸ਼ਾਂ ਅਨੁਸਾਰ ਪੰਜਾਬ ਰਾਜ ਏਡਜ਼ ਕੰਟਰੋਲ ਸੁਸਾਇਟੀ ਚੰਡੀਗੜ੍ਹ ਦੇ ਸਹਿਯੋਗ ਨਾਲ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਸ੍ਰੀ ਮੁਕਤਸਰ ਸਾਹਿਬ ਦਵਿੰਦਰ ਸਿੰਘ ਲੋਟੇ ਦੀ ਅਗਵਾਈ ਹੇਠ ਜ਼ਿਲ੍ਹੇ ਦੀਆਂ ਰੈੱਡ ਰਿਬਨ ਕਲੱਬਾਂ ਦੇ ਪ੍ਰੋਗਰਾਮ ਕੋਆਰਡੀਨੇਟਰਾਂ ਦੀ ਜ਼ਿਲ੍ਹਾ ਪੱਧਰੀ ਐਡਵੋਕੇਸੀ ਮੀਟਿੰਗ ਬੀਤੇ ਦਿਨੀਂ ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਵਿਖੇ ਕੀਤੀ ਗਈ।ਇਸ ਮੀਟਿੰਗ ਦੌਰਾਨ ਜ਼ਿਲ੍ਹੇ ਦੀਆਂ 30 ਰੈੱਡ ਰਿਬਨ ਕਲੱਬਾਂ ਨੂੰ ਸਾਲ 2026-27 ਦੀ ਸਾਲਾਨਾ ਗ੍ਰਾਂਟ ਜਾਰੀ ਕੀਤੀ ਗਈ।ਇਸ ਮੌਕੇ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ, ਦਵਿੰਦਰ ਸਿੰਘ ਲੋਟੇ ਨੇ ਸਾਰੇ ਕਾਲਜਾਂ ਦੇ ਨੋਡਲ ਅਫਸਰਾਂ ਦਾ ਸਵਾਗਤ ਕੀਤਾ ਤੇ ਰੈੱਡ ਰੀਬਨ ਦੀਆਂ ਗਤੀਵਿਧੀਆਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਜਾਣਕਾਰੀ ਦਿੱਤੀ।ਮੀਟਿੰਗ ਵਿੱਚ ਸਾਲ 2026-27 ਦੌਰਾਨ ਰੈੱਡ ਰੀਬਨ ਕਲੱਬਾਂ ਵੱਲੋਂ ਕੀਤੇ ਜਾਣ ਵਾਲੇ ਕਾਰਜਾਂ ਬਾਰੇ ਵੀ ਸਮੀਖਿਆ ਕੀਤੀ ਗਈ।ਇਸ ਮੌਕੇ ਡਾ. ਸ਼ਵੇਤਾ ਦਰਗਨ, ਲਖਵੀਰ ਸਿੰਘ ਸਟੈਨੋ ਤੋਂ ਇਲਾਵਾ ਵੱਖ-ਵੱਖ ਕਾਲਜਾਂ ਦੇ ਨੋਡਲ ਇੰਚਾਰਜ/ਨੋਡਲ ਅਫ਼ਸਰ ਆਦਿ ਹਾਜ਼ਰ ਸਨ।

## ਕੇ ਐੱਸ ਬੀ ਦੇ ਵਿਦਿਆਰਥੀਆਂ ਟੇਬਲ ਟੈਨਿਸ 'ਚ ਕਈ ਮੈਡਲ ਜਿੱਤੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਕੇਐੱਸਬੀ ਵਰਲਡ ਸਕੂਲ ਪਾਤੜਾਂ ਦੇ ਵਿਦਿਆਰਥੀਆਂ ਨੇ ਜ਼ੋਨਲ ਪੱਧਰੀ ਟੇਬਲ ਟੈਨਿਸ ਪ੍ਰਤੀਯੋਗਤਾ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਪ੍ਰਤੀਯੋਗਿਤਾ ਦੌਰਾਨ ਅੰਡਰ-14 ਸਾਲਾ, ਅੰਡਰ-17 ਸਾਲਾਂ ਕੁੜੀਆਂ ਵਰਗ ਵਿੱਚ ਸਕੂਲ ਵਿਦਿਆਰਥਣਾਂ ਨੇ ਪਹਿਲਾ ਤੇ ਅੰਡਰ-19 ਸਾਲਾ ਵਰਗ ਕੁੜੀਆਂ ਵਿੱਚ ਤੀਜਾ ਸਥਾਨ ਹਾਸਲ ਕਰਕੇ ਬੇਮਿਸਾਲ ਖੇਡ ਦਾ ਪ੍ਰਦਰਸ਼ਨ ਕੀਤਾ।ਇਸੇ ਤਰ੍ਹਾਂ ਅੰਡਰ-14 ਸਾਲਾ, ਅੰਡਰ-17 ਸਾਲ ਤੇ ਅੰਡਰ-19 ਮੁੰਡਿਆਂ ਦੇ ਤਿੰਨਾਂ ਵਰਗਾਂ ਵਿੱਚ ਕੇਐੱਸਬੀ ਵਰਲਡ ਸਕੂਲ ਪਾਤੜਾਂ ਦੇ ਵਿਦਿਆਰਥੀਆਂ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਪ੍ਰੈਜ਼ੀਡੈਂਟ ਗੁਰਲਾਡ ਸਿੰਘ ਕਾਹਲੋਂ , ਚੇਅਰਪਰਸਨ ਮੈਡਮ ਰੀਨਾ ਚੀਮਾ ਤੇ ਚੇਅਰਮੈਨ ਨਰੇਸ਼ ਕੁਮਾਰ ਨੇ ਸਮੂਹ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਤੇ ਕੋਚਿੰਗ ਸਟਾਫ਼ ਨੂੰ ਦਿਲੋਂ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਹ ਉਪਲਬਧੀ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਤੇ ਲਗਨ ਦਾ ਨਤੀਜਾ ਹੈ, ਜੋ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇਗੀ।ਸਕੂਲ ਪ੍ਰਿੰਸੀਪਲ ਮੈਡਮ ਅਨੀਤਾ ਸਹੂਜਾ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫ਼ਲਤਾ 'ਤੇ ਖੁਸ਼ੀ ਪ੍ਰਗਟ ਕਰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।


## ਸਮਾਣਾ ਬਲਾਕ ਦੇ ਪਿੰਡਾਂ 'ਚ ਦਿਖਾਈ ਗੁਰੂ ਰਵਿਦਾਸ ਜੀ ਬਾਰੇ ਦਸਤਾਵੇਜ਼ੀ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਐੱਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ।ਸਮਾਣਾ ਬਲਾਕ ਦੇ ਪਿੰਡ ਹਰਿਆਉ ਕਲਾਂ, ਹਰਿਆਉ ਖੁਰਦ ਤੇ ਚੁਨਾਗਰਾ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਤਿਆਰ ਕੀਤੀ ਗਈ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ।ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੋ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ।ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ।ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਨਾ ਹੀ ਪ੍ਰਸੰਗਿਕ ਹੈ ਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਦੇਸ਼ ਭਗਤ ਗਲੋਬਲ ਸਕੂਲ ਵੱਲੋਂ ਇੱਕ ਰੋਜ਼ਾ ਟ੍ਰਿਪ

### ਵਿੱਦਿਅਕ ਸੈਰ ਵਿਦਿਆਰਥੀਆਂ ਨੂੰ ਨਵੀਂ ਊਰਜਾ, ਆਤਮ-ਵਿਸ਼ਵਾਸ ਤੇ ਆਪਸੀ ਸਾਂਝ ਦਾ ਅਨੁਭਵ ਕਰਵਾਉਂਦੀ ਹੈ : ਪ੍ਰਿੰ. ਜਿੰਦਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾਕਟਰ ਜ਼ੋਰਾ ਸਿੰਘ ਅਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵਿੱਚ ਇੱਕ ਰੋਜ਼ਾ ਟਰਿਪ ਦਾ ਆਯੋਜਨ ਕੀਤਾ ਗਿਆ।ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਕਿਹਾ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਸਿੱਖਿਆ ਦੇ ਨਾਲ-ਨਾਲ ਮਨੋਰੰਜਨ ਤੇ ਅਨੁਭਵ ਅਧਾਰਤ ਗਤੀਵਿਧੀਆਂ ਵੀ ਬਹੁਤ ਜ਼ਰੂਰੀ ਹਨ।ਫਨਆਈਲੈਂਡ, ਤਲਵੰਡੀ ਭਾਈ ਦੀ ਇਹ ਵਿੱਦਿਅਕ ਸੈਰ ਵਿਦਿਆਰਥੀਆਂ ਨੂੰ ਨਵੀਂ ਊਰਜਾ, ਆਤਮ-ਵਿਸ਼ਵਾਸ ਤੇ ਆਪਸੀ ਸਾਂਝ ਦਾ ਅਨੁਭਵ ਕਰਵਾਉਂਦੀ ਹੈ।ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਯਾਤਰਾਵਾਂ ਵਿਦਿਆਰਥੀਆਂ ਵਿੱਚ ਟੀਮ ਵਰਕ, ਅਨੁਸ਼ਾਸਨ, ਜ਼ਿੰਮੇਵਾਰੀ ਤੇ ਸਮਾਜਿਕ ਕਦਰਾਂ-ਕੀਮਤਾਂ ਨੂੰ ਵਿਕਸਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਤੇ ਖੁਸ਼ੀ ਸਕੂਲ ਦੀ ਪਹਿਲੀ ਤਰਜੀਹ ਹੈ।ਚਾਂਸਲਰ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਸਿੱਖਿਆ ਦਾ ਮਕਸਦ ਕੇਵਲ ਕਿਤਾਬੀ ਗਿਆਨ ਤੱਕ ਸੀਮਿਤ ਨਹੀਂ, ਸਗੋਂ ਵਿਦਿਆਰਥੀਆਂ ਦੀ ਸ਼ਖ਼ਸੀਅਤ ਦਾ ਸੰਪੂਰਨ ਵਿਕਾਸ ਕਰਨਾ ਵੀ ਹੈ।ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਲੀਡਰਸ਼ਿਪ ਤੇ ਜੀਵਨ ਕੌਸ਼ਲਾਂ ਨੂੰ ਹੋਰ ਮਜ਼ਬੂਤ ਕਰਦੀਆਂ ਹਨ। ਪ੍ਰੋ-ਚਾਂਸਲਰ ਡਾ. ਤੇਜਿੰਦਰ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਖੁਸ਼ਹਾਲ, ਸੁਰੱਖਿਅਤ ਤੇ ਸਿੱਖਣ ਲਈ ਪ੍ਰੇਰਨਾਦਾਇਕ ਮਾਹੌਲ ਪ੍ਰਦਾਨ ਕਰਨਾ ਸੰਸਥਾ ਦੀ ਪ੍ਰਤੀਬੱਧਤਾ ਹੈ।

# ਮਾਲੇਰਕੋਟਲਾ 'ਚ ਕਾਂਗਰਸ ਦੀ 'ਹਰ ਬੂਥ, ਕਾਂਗਰਸ ਮਜ਼ਬੂਤ' ਰੈਲੀ 'ਚ ਉੱਭਰੀ ਧੜੇਬੰਦੀ

### ਸਟੇਜ 'ਤੇ ਚੜ੍ਹਨ ਨੂੰ ਲੈ ਕੇ ਹੰਗਾਮਾ, ਰਾਜਾ ਵੜਿੰਗ ਜ਼ਮੀਨ 'ਤੇ ਬੈਠੇ



**ਮਾਲੇਰਕੋਟਲਾ (ਅਸਗਰ ਪਰਿਹਾਰ)**
ਜ਼ਿਲ੍ਹਾ ਕਾਂਗਰਸ ਕਮੇਟੀ ਮਾਲੇਰਕੋਟਲਾ ਦੀ ਪ੍ਰਧਾਨ ਬੀਬਾ ਨਿਸ਼ਾਤ ਅਖ਼ਤਰ ਦੀ ਅਗਵਾਈ ਹੇਠ 'ਹਰ ਬੂਥ, ਕਾਂਗਰਸ ਮਜ਼ਬੂਤ' ਪ੍ਰੋਗਰਾਮ ਤਹਿਤ ਇੱਕ ਵਿਸ਼ਾਲ ਰੈਲੀ ਕੀਤੀ ਗਈ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ 'ਚ ਇਲਾਕੇ ਦੇ ਕਾਂਗਰਸੀਆਂ ਨੇ ਸ਼ਿਰਕਤ ਕੀਤੀ। ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਰੱਖੇ ਇਸ ਪ੍ਰੋਗਰਾਮ 'ਚ ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ, ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਸਾਬਕਾ ਕੈਬਨਿਟ ਮੰਤਰੀ ਮੈਡਮ ਰਜ਼ੀਆ ਸੁਲਤਾਨਾ ਸਮੇਤ ਕਈ ਸੀਨੀਅਰ ਲੀਡਰਾਂ ਨੇ ਸ਼ਿਰਕਤ ਕੀਤੀ। ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਦੇ ਮਕਸਦ ਨਾਲ ਰੱਖਿਆ ਇਹ ਪ੍ਰੋਗਰਾਮ ਸ਼ੁਰੂਆਤ ਵਿੱਚ ਹੀ ਆਪਸੀ ਖਿੱਚੋਤਾਣ ਦੀ ਭੇਟ ਚੜ੍ਹ ਗਿਆ। ਪ੍ਰੋਗਰਾਮ ਦੌਰਾਨ ਸਥਿਤੀ ਉਸ ਸਮੇਂ ਤਣਾਅਪੂਰਨ ਹੋ ਗਈ, ਜਦੋਂ ਸਾਬਕਾ ਵਿਧਾਇਕ ਜਸਵੀਰ ਸਿੰਘ ਜੱਸੀ ਖੰਗੂੜਾ ਸਟੇਜ 'ਤੇ ਜਾਣ ਲੱਗੇ, ਪਰ ਸਾਬਕਾ ਮੰਤਰੀ ਰਜ਼ੀਆ ਸੁਲਤਾਨਾ ਦੇ ਧੜੇ ਨਾਲ ਜੁੜੇ ਆਗੂਆਂ ਤੇ ਵਰਕਰਾਂ ਨੇ ਉਨ੍ਹਾਂ ਨੂੰ ਰੋਕ ਦਿੱਤਾ। ਇਸ ਤੋਂ ਬਾਅਦ ਦੋਵਾਂ ਧਿਰਾਂ ਦੇ ਸਮਰਥਕਾਂ ਵਿਚਾਲੇ ਤਿੱਖੀ ਨੋਕ-ਝੋਕ ਤੇ ਨਾਅਰੇਬਾਜ਼ੀ ਸ਼ੁਰੂ ਹੋ ਗਈ। ਮਾਹੌਲ ਵਿਗੜਦਾ ਦੇਖ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਖ਼ੁਦ ਦਖ਼ਲ ਦਿੱਤਾ ਤੇ ਸਟੇਜ ਛੱਡ ਕੇ ਪੰਡਾਲ 'ਚ ਵਰਕਰਾਂ ਦੇ ਨਾਲ ਜ਼ਮੀਨ 'ਤੇ ਹੀ ਬੈਠ ਗਏ। ਉਹ ਰੈਲੀ ਦੇ ਆਖ਼ਰੀ ਸਮੇਂ ਤੱਕ ਥੱਲੇ ਹੀ ਬੈਠੇ ਰਹੇ। ਮੌਕੇ 'ਤੇ ਤਾਇਨਾਤ ਪੁਲਸ ਪ੍ਰਸ਼ਾਸਨ ਨੇ ਹੁੱਲੜਬਾਜ਼ੀ ਕਰ ਰਹੇ ਕੁਝ ਵਰਕਰਾਂ ਨੂੰ ਬਾਹਰ ਕੱਢ ਕੇ ਮਾਮਲਾ ਸ਼ਾਂਤ ਕਰਵਾਇਆ, ਜਿਸ ਤੋਂ ਬਾਅਦ ਸਟੇਜ ਦੀ ਕਾਰਵਾਈ ਆਰੰਭ ਹੋਈ। ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਕਾਂਗਰਸ ਦੇ ਇੰਚਾਰਜ ਤੇ ਏ.ਆਈ.ਸੀ.ਸੀ. ਦੇ ਜਨਰਲ ਸਕੱਤਰ ਭੂਪੇਸ਼ ਬਘੇਲ ਨੇ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਤੰਗ ਆ ਚੁੱਕੇ ਹਨ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ (ਜੋ ਨਵੰਬਰ ਜਾਂ ਫਰਵਰੀ 2027 'ਚ ਹੋ ਸਕਦੀਆਂ ਹਨ) ਵਿੱਚ ਕਾਂਗਰਸ ਨੂੰ ਪੂਰਾ ਬਹੁਮਤ ਦੇਣ ਲਈ ਤਿਆਰ ਹਨ। ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਐਲਾਨ ਕੀਤਾ ਕਿ ਕਾਂਗਰਸ ਸਰਕਾਰ ਆਉਣ 'ਤੇ ਰੇਤ ਮਾਈਨਿੰਗ ਨੂੰ ਮਾਫੀਆ ਤੋਂ ਮੁਕਤ ਕਰਵਾਇਆ ਜਾਵੇਗਾ। ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਤੇ ਅਰਵਿੰਦ ਕੇਜਰੀਵਾਲ ਤੋਂ ਸਵਾਲ ਕੀਤਾ ਕਿ ਰੇਤ ਤੋਂ 30,000 ਕਰੋੜ ਰੁਪਏ ਦੀ ਆਮਦਨ ਦੇ ਦਾਅਵੇ ਦੇ ਮੁਕਾਬਲੇ ਸਿਰਫ਼ 300 ਕਰੋੜ ਰੁਪਏ ਹੀ ਕਿਉਂ ਆਏ ? ਉਨ੍ਹਾਂ ਕਿਹਾ ਕਿ ਜੇਕਰ ਬਾਕੀ ਪੈਸਾ ਮਾਫੀਆ ਦੀਆਂ ਜੇਬਾਂ 'ਚ ਜਾਣਾ ਹੈ ਤਾਂ ਰੇਤ ਲੋਕਾਂ ਲਈ ਖੁੱਲ੍ਹੀ ਛੱਡ ਦੇਣੀ ਚਾਹੀਦੀ ਹੈ। ਉਨ੍ਹਾਂ ਸੂਬੇ ਵਿੱਚ ਪੁਲਸ ਦੀ ਦੁਰਵਰਤੋਂ ਤੇ ਝੂਠੇ ਕੇਸ ਰੋਕਣ ਲਈ ਪੁਲਸ ਜਵਾਬਦੇਹੀ ਤੈਅ ਕਰਨ ਵਾਲੇ ਸੁਧਾਰ ਲਿਆਉਣ ਦਾ ਵੀ ਵਾਅਦਾ ਕੀਤਾ। ਸਾਬਕਾ ਕੈਬਨਿਟ ਮੰਤਰੀ ਮੈਡਮ ਰਜ਼ੀਆ ਸੁਲਤਾਨਾ ਤੇ ਜ਼ਿਲ੍ਹਾ ਪ੍ਰਧਾਨ ਬੀਬਾ ਨਿਸ਼ਾਤ ਅਖ਼ਤਰ ਨੇ ਸਟੇਜ ਤੋਂ ਸਪੱਸ਼ਟ ਕੀਤਾ ਕਿ ਪਾਰਟੀ ਅੰਦਰ ਅਨੁਸ਼ਾਸਨ ਕਾਇਮ ਰੱਖਣਾ ਬੇਹੱਦ ਜ਼ਰੂਰੀ ਹੈ। ਇਸ ਰੈਲੀ ਵਿੱਚ ਸੰਸਦ ਮੈਂਬਰ ਡਾ. ਅਮਰ ਸਿੰਘ, ਡਾ. ਰਾਜ ਕੁਮਾਰ ਵੇਰਕਾ, ਸਿਮਰਜੀਤ ਸਿੰਘ ਬੈਂਸ, ਕੁਲਬੀਰ ਸਿੰਘ ਜ਼ੀਰਾ, ਜੱਸੀ ਖੰਗੂੜਾ, ਰਵਿੰਦਰ ਦਲਵੀ, ਕਮਲ ਧਾਲੀਵਾਲ ਸਮੇਤ ਵੱਡੀ ਗਿਣਤੀ 'ਚ ਕਾਂਗਰਸੀ ਆਗੂ, ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

## ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਭਵਾਨੀਗੜ੍ਹ ਬਲਾਕ ਦਾ ਅਜਲਾਸ

### ਸੁਖਵਿੰਦਰ ਸਿੰਘ ਸਰਬਸੰਮਤੀ ਨਾਲ ਬਲਾਕ ਪ੍ਰਧਾਨ ਚੁਣੇ



**ਭਵਾਨੀਗੜ੍ਹ (ਰਾਜ ਖੁਰਮੀ)**-ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਭਵਾਨੀਗੜ੍ਹ ਬਲਾਕ ਦਾ ਅਜਲਾਸ ਨਵੇਂ ਬੱਸ ਸਟੈਂਡ ਵਿਖੇ ਕਰਵਾਇਆ ਗਿਆ।ਅਜਲਾਸ ਵਿੱਚ ਬਲਾਕ ਦੇ 14 ਪਿੰਡਾਂ ਤੋਂ ਲਗਭਗ 75 ਡੈਲੀਗੇਟਾਂ ਨੇ ਸ਼ਮੂਲੀਅਤ ਕੀਤੀ।ਸਮਾਗਮ ਦੀ ਸ਼ੁਰੂਆਤ ਜ਼ਮੀਨੀ ਘੋਲ ਦੌਰਾਨ ਵਿਛੋੜੇ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕਰਨ ਨਾਲ ਹੋਈ।ਇਸ ਮੌਕੇ ਰਾਮਕਰਨ ਸਿੰਘ ਬੱਟੜਿਆਣਾ ਨੇ ਪਿਛਲੇ ਸਮੇਂ ਦੌਰਾਨ ਕਮੇਟੀ ਵੱਲੋਂ ਕੀਤੇ ਗਏ ਕੰਮਾਂ ਸਬੰਧੀ ਰਿਪੋਰਟ ਪੇਸ਼ ਕੀਤੀ। ਡੈਲੀਗੇਟਾਂ ਵੱਲੋਂ ਰਿਪੋਰਟ 'ਤੇ ਉਸਾਰੂ ਚਰਚਾ ਕੀਤੀ ਗਈ ਤੇ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ ਲਈ ਅਗਲੇ ਟੀਚੇ ਤੈਅ ਕੀਤੇ ਗਏ।ਅਜਲਾਸ ਨੂੰ ਸੰਬੋਧਨ ਕਰਦਿਆਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ੋਨਲ ਵਿੱਤ ਸਕੱਤਰ ਬਿੱਕਰ ਸਿੰਘ ਹਥੋਆ ਨੇ ਸਰਕਾਰਾਂ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਦੀ ਆਲੋਚਨਾ ਕੀਤੀ।ਉਨ੍ਹਾਂ ਕਿਹਾ ਕਿ ਮਜ਼ਦੂਰ ਵਰਗ ਨੂੰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਵਿਸ਼ਾਲ ਤੇ ਜਥੇਬੰਦਕ ਲਹਿਰ ਖੜ੍ਹੀ ਕਰਨ ਦੀ ਲੋੜ ਹੈ।ਇਸ ਉਪਰੰਤ 15 ਮੈਂਬਰੀ ਨਵੀਂ ਬਲਾਕ ਕਮੇਟੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ।ਇਸ ਵਿੱਚ ਸੁਖਵਿੰਦਰ ਸਿੰਘ ਬੱਟੜਿਆਣਾ ਨੂੰ ਬਲਾਕ ਪ੍ਰਧਾਨ, ਚਮਕੌਰ ਸਿੰਘ ਫਤਿਹਗੜ੍ਹ ਭਾਦਸੋਂ ਨੂੰ ਸਕੱਤਰ, ਜਸਪਾਲ ਸਿੰਘ ਭਨੇੜੀ ਨੂੰ ਮੀਤ ਪ੍ਰਧਾਨ ਤੇ ਲਾਲ ਸਿੰਘ ਭੱਟੀਵਾਲ ਨੂੰ ਖ਼ਜ਼ਾਨਚੀ ਚੁਣਿਆ ਗਿਆ।ਇਸ ਤੋਂ ਇਲਾਵਾ ਰਾਮਕਰਨ ਸਿੰਘ, ਚਮਕੌਰ ਸਿੰਘ ਭਨੇੜੀ, ਜਾਗਰ ਸਿੰਘ ਜੌਲੀਆਂ, ਚਰਨ ਸਿੰਘ ਬਾਲਦ ਕਲਾਂ, ਸੁਰਜਣ ਸਿੰਘ ਬਾਲਦ, ਗੁਰਚਰਨ ਸਿੰਘ ਘਰਾਚੋਂ, ਵਿੱਕੀ ਕਪਿਆਲ, ਬਲਵਿੰਦਰ ਸਿੰਘ ਫਤਿਹਗੜ੍ਹ, ਰਣਧੀਰ ਸਿੰਘ, ਹਰਬੰਸ ਸਿੰਘ ਸੰਗਤਪੁਰਾ ਅਤੇ ਮੁਕੇਸ਼ ਸਿੰਘ ਮਲੌਦ ਨੂੰ ਕਮੇਟੀ ਮੈਂਬਰ ਚੁਣਿਆ ਗਿਆ।ਇਸ ਮੌਕੇ ਸਫ਼ਾਈ ਕਰਮਚਾਰੀ ਯੂਨੀਅਨ ਭਵਾਨੀਗੜ੍ਹ ਦੇ ਪ੍ਰਧਾਨ ਜਗਮੇਲ ਸਿੰਘ ਬਿੱਟੂ ਤੇ ਪੈਪਸੀਕੋ ਵਰਕਰ ਯੂਨੀਅਨ ਦੇ ਆਗੂ ਕ੍ਰਿਸ਼ਨ ਭੜੋ ਵੱਲੋਂ ਭਰਾਤਰੀ ਸੰਦੇਸ਼ ਦਿੱਤਾ ਗਿਆ।ਅੰਤ ਵਿੱਚ ਪਰਮਜੀਤ ਕੌਰ ਬਾਲਦ ਕਲਾਂ ਨੇ ਅਜਲਾਸ ਵਿੱਚ ਸ਼ਾਮਲ ਸਮੂਹ ਡੈਲੀਗੇਟਾਂ ਤੇ ਸਾਥੀਆਂ ਦਾ ਧੰਨਵਾਦ ਕੀਤਾ।

## ਐੱਮ ਸੀ ਵੀਨੂੰ ਸ਼ਾਹ ਵੱਲੋਂ ਵਾਰਡ 'ਚ ਸਫਾਈ ਕਾਰਜ ਜ਼ੋਰਾਂ 'ਤੇ



**ਮੱਖੂ (ਰਛਪਾਲ ਸਿੰਘ ਸੰਧੂ)**-ਸਫਾਈ ਕਰਮਚਾਰੀਆਂ ਦੀ ਹੜਤਾਲ ਖਤਮ ਹੋਣ ਤੋਂ ਬਾਅਦ ਸਫ਼ਾਈ ਕਰਮਚਾਰੀਆਂ ਵੱਲੋਂ ਸ਼ਹਿਰ ਵਿੱਚ ਜੰਗੀ ਪੱਧਰ 'ਤੇ ਸਫ਼ਾਈ ਦਾ ਕੰਮ ਸ਼ੁਰੂ ਕੀਤਾ ਗਿਆ। ਨਗਰ ਪੰਚਾਇਤ ਮਖੂ ਦੇ ਐੱਮ ਸੀ ਵੀਨੂੰ ਸ਼ਾਹ ਵੱਲੋਂ ਵਾਰਡ ਨੰਬਰ 1 ਦੀਆਂ ਗਲੀਆਂ ਮੁਹੱਲਿਆਂ ਵਿੱਚ ਜ਼ੋਰਾਂ ਨਾਲ ਕਰਵਾਈ ਜਾ ਰਹੀ ਸਫ਼ਾਈ ਦੀ ਵਾਰਡ ਵਾਸੀਆਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ।ਇਸ ਮੌਕੇ ਵੀਨੂੰ ਸ਼ਾਹ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਸਾਫ਼ ਸੁਥਰਾ ਪ੍ਰਸ਼ਾਸਨ ਦੇਣ ਨਾਲ ਲੋਕਾਂ ਦੀ ਸਿਹਤ ਸਹੂਲਤ ਦਾ ਵੀ ਖਾਸ ਧਿਆਨ ਰੱਖਿਆ ਜਾ ਰਿਹਾ ਹੈ।ਵਿਧਾਨ ਸਭਾ ਹਲਕਾ ਜ਼ੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਤੇ ਉਨ੍ਹਾਂ ਦੇ ਸਪੁੱਤਰ ਸ਼ੰਕਰ ਕਟਾਰੀਆ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਗਲੀਆਂ, ਮੁਹੱਲਿਆਂ, ਬਜ਼ਾਰਾਂ ਵਿੱਚ ਸਫ਼ਾਈ ਦਾ ਕੰਮ ਜ਼ੋਰਾਂ ਨਾਲ ਕਰਵਾਇਆ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਬੀਮਾਰੀ ਦਾ ਸਾਹਮਣਾ ਨਾ ਕਰਨਾ ਪਵੇ।ਵੀਨੂੰ ਸ਼ਾਹ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਸ-ਪਾਸ ਨੂੰ ਹਰਾ-ਭਰਾ ਤੇ ਸਾਫ਼ ਸੁਥਰਾ ਰੱਖਣ ਲਈ ਨਗਰ ਪੰਚਾਇਤ ਮਖੂ ਨੂੰ ਸਹਿਯੋਗ ਦੇਣ।

## ਸਫਾ 1 ਦੇ ਬਾਕੀ...

### ਸ੍ਰੀ ਗੁਰੂ ਰਵਿਦਾਸ...

ਮਿਲਿਆ ਹੈ। ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਬੇਮਿਸਾਲ ਢੰਗ ਨਾਲ ਮਨਾਉਣ ਲਈ ਕੋਈ ਕਸਰ ਨਹੀਂ ਛੱਡੇਗੀ। ਗੁਰੂ ਜੀ ਦੇ ਸੰਦੇਸ਼ ਨੂੰ ਦੁਨੀਆ ਭਰ ਵਿੱਚ ਫੈਲਾਉਣਾ ਸਾਡਾ ਸਾਰਿਆਂ ਦਾ ਸਾਂਝਾ ਫਰਜ਼ ਹੈ। ਸ੍ਰੀ ਗੁਰੂ ਰਵਿਦਾਸ ਮਹਾਰਾਜ ਨੇ ਹਰ ਤਰ੍ਹਾਂ ਦੇ ਵਿਤਕਰੇ ਤੋਂ ਮੁਕਤ ਸਮਾਨਤਾਵਾਦੀ ਸਮਾਜ ਦੀ ਕਲਪਨਾ ਕੀਤੀ ਸੀ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸਾਲ ਭਰ ਚੱਲਣ ਵਾਲੇ ਸਮਾਗਮ ਉਲੀਕੇ ਗਏ ਹਨ।'

ਸੰਤ ਸਮਾਜ ਨਾਲ ਹੋਈ ਗੱਲਬਾਤ ਬਾਰੇ ਬੋਲਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ, 'ਮੈਂ ਖ਼ੁਦ ਨੂੰ ਵਡਭਾਗਾ ਸਮਝਦਾ ਹਾਂ ਕਿ ਮੈਨੂੰ ਪਦਮਸ੍ਰੀ ਸੰਤ ਨਿਰੰਜਨ ਦਾਸ ਜੀ ਦਾ ਆਸ਼ੀਰਵਾਦ ਪ੍ਰਾਪਤ ਹੋਇਆ ਹੈ, ਜਿਨ੍ਹਾ ਨੂੰ ਹਾਲ ਹੀ ਵਿੱਚ ਪਦਮਸ੍ਰੀ ਐਵਾਰਡ ਨਾਲ ਨਿਵਾਜਿਆ ਗਿਆ ਹੈ।'

ਇਸ ਮੌਕੇ ਨਿਰੰਜਨ ਦਾਸ ਮਹਾਰਾਜ, ਸੰਤ ਪ੍ਰਦੀਪ ਦਾਸ ਕਠਾਰ ਵਾਲੇ, ਸੰਤ ਪ੍ਰੀਤਮ ਦਾਸ ਸੰਗਤਪੁਰ, ਸੰਤ ਸਰਵਣ ਦਾਸ ਬੋਹਣ ਪੱਟੀ, ਸੰਤ ਨਿਰਮਲ ਦਾਸ ਬਾਬਾ ਜੌੜੇ, ਸੰਤ ਪ੍ਰਗਟ ਨਾਥ, ਸੰਤ ਮਹਿੰਦਰ ਪਾਲ ਪੰਡਵਾਂ ਫਗਵਾੜਾ, ਸੰਤ ਸੁਰਿੰਦਰ ਦਾਸ ਖੁਰਾਲਗੜ੍ਹ, ਸੰਤ ਬਲਵੰਤ ਸਿੰਘ ਡੀਗਰੀਆਂ, ਸੰਤ ਤੇਜਾ ਸਿੰਘ ਟਾਂਡਾ, ਸੰਤ ਕੇਵਲ ਸਿੰਘ ਖੁਰਾਲਗੜ੍ਹ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਲੇਖ ਰਾਜ ਨੂਰਪੁਰ ਵਾਲੇ, ਸੰਤ ਬਲਰਾਮ ਬੂਟਾ ਮੰਡੀ, ਮੰਤਰੀ ਅਮਨ ਅਰੋੜਾ, ਹਰਭਜਨ ਸਿੰਘ ਈ ਟੀ ਓ, ਡਾ. ਰਵਜੋਤ ਸਿੰਘ ਮੈਂਬਰ ਪਾਰਲੀਮੈਂਟ, ਰਾਜ ਕੁਮਾਰ ਚੱਬੇਵਾਲ, ਮਹਿੰਦਰ ਭਗਤ, ਵਿਧਾਇਕ ਡਾ. ਈਸ਼ਾਂਕ ਕੁਮਾਰ, ਲਾਲ ਚੰਦ ਕਟਾਰੂ ਚੱਕ, ਹਲਕਾ ਆਦਮਪੁਰ ਇੰਚਾਰਜ ਪਵਨ ਕੁਮਾਰ ਟੀਨੂੰ, ਵਿਧਾਇਕ ਰਾਜਵਿੰਦਰ ਕੌਰ ਥਿਆੜਾ, ਵਿਧਾਇਕ ਇੰਦਰਜੀਤ ਕੌਰ ਮਾਨ ਨਕੋਦਰ, ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਤੇ ਮੇਅਰ ਜਲੰਧਰ ਵਨੀਤ ਧੀਰ ਵੀ ਮੌਜੂਦ ਸਨ।

### ਦਿੱਲੀ ਰੈਲੀ ਸਿਰਜੇਗੀ ...

ਆਪਣੀ ਚਰਮ ਸੀਮਾ 'ਤੇ ਪਹੁੰਚ ਗਈਆਂ ਹਨ। ਕਿਸੇ ਵੀ ਨੌਜਵਾਨ ਨੂੰ ਰੁਜ਼ਗਾਰ ਨਹੀਂ ਮਿਲਿਆ, ਸਗੋਂ ਰੁਜ਼ਗਾਰ ਦੇਣ ਵਾਲੇ ਅਦਾਰੇ ਕੌਡੀਆਂ ਬਦਲੇ ਕਾਰਪੋਰੇਟ ਘਰਾਣਿਆਂ ਨੂੰ ਵੇਚੇ ਜਾ ਰਹੇ ਹਨ। ਸਿੱਖਿਆ ਅਤੇ ਸਿਹਤ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਗਈ ਹੈ।ਉਨ੍ਹਾ ਕਿਹਾ ਕਿ ਸਿੱਖਿਆ ਸਿਹਤ ਤੇ ਰੁਜ਼ਗਾਰ ਗਰੰਟੀ ਹੀ ਆਮ ਵਰਗ ਦੇ ਭਵਿੱਖ ਨੂੰ ਬਚਾ ਸਕਦਾ ਹੈ।ਜਿਸ ਲਈ ਬਦਲਾਅ ਜ਼ਰੂਰੀ ਹੈ। ਉਨ੍ਹਾ ਇਸ ਮੌਕੇ ਰੈਲੀ ਦਾ ਹਿੱਸਾ ਬਣਨ ਦੀ ਅਪੀਲ ਵੀ ਕੀਤੀ। ਸ਼ਹਿਰੀ ਸਕੱਤਰ ਰਤਨ ਭੋਲਾ, ਰਾਜ ਕੁਮਾਰ ਸ਼ਰਮਾ, ਬਲਵੰਤ ਸਿੰਘ ਫੱਕਰ, ਬੂਟਾ ਸਿੰਘ ਬਰਨਾਲਾ ਨੇ ਦਿੱਲੀ ਚੱਲੋ ਰੈਲੀ ਦੀ ਸਫਲਤਾ ਲਈ ਹਰ ਵਰਗ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਦਿਨ-ਰਾਤ ਇੱਕ ਕਰਕੇ ਪੁੱਜਣ ਦਾ ਸੱਦਾ ਦਿੱਤਾ।ਇਸ ਦੌਰਾਨ ਹੋਰਨਾਂ ਤੋਂ ਇਲਾਵਾ ਲਾਭ ਸਿੰਘ ਮੰਢਾਲੀ, ਬੀਰੂ ਸਿੰਘ, ਸੁਖਦੇਵ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਆਗੂ ਤੇ ਵਰਕਰ ਵੀ ਹਾਜ਼ਰ ਸਨ।

### ਲੇਖਕਾਂ ਤੇ ਕਲਾਕਾਰਾਂ...

ਵਿਰੁੱਧ ਲੋਕ ਚੇਤਨਾ ਜਗਾਉਣ ਲਈ ਉਪਰਾਲੇ ਕਰਨੇ ਚਾਹੀਦੇ ਹਨ। ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਕਾਨਫ਼ਰੰਸ ਦਾ ਬਾਖ਼ੂਬੀ ਮੰਚ ਸੰਚਾਲਨ ਕੀਤਾ। ਇਸ ਮੌਕੇ ਚੱਲ ਰਹੇ ਯੁੱਧ ਦੇ ਖੇਤਰਾਂ ਵਿਚ ਜੰਗ, ਪਰਮਾਣੂ ਹਥਿਆਰਾਂ ਦੇ ਸੰਪੂਰਨ ਖ਼ਾਤਮੇ, ਭਾਰਤ ਅਤੇ ਪਾਕਿਸਤਾਨ ਵਿਚਾਲੇ ਸੁਖਾਵੇਂ ਸੰਬੰਧ ਅਤੇ ਡਾ. ਹੁਸਾਮ ਅੱਬੂ ਸਾਫ਼ੀਆ ਦੀ ਰਿਹਾਈ ਬਾਰੇ ਕ੍ਰਮਵਾਰ ਪ੍ਰਭਜੋਤ ਸਿੰਘ ਸੋਹੀ, ਡਾ. ਹਰੀ ਸਿੰਘ ਜਾਚਕ, ਤ੍ਰੈਲੋਚਨ ਲੋਚੀ ਅਤੇ ਪ੍ਰੋ. ਸਿਮਰਜੀਤ ਕੌਰ ਗਿੱਲ ਨੇ ਮਤੇ ਪੇਸ਼ ਕੀਤੇ। ਹਾਜ਼ਰੀਨ ਵੱਲੋਂ ਸਰਬਸੰਮਤੀ ਨਾਲ ਮਤੇ ਪ੍ਰਵਾਨ ਕੀਤੇ ਗਏ। ਪ੍ਰਮਾਣੂ ਯੁੱਧ ਤੋਂ ਹੋਣ ਵਾਲੇ ਨੁਕਸਾਨਾਂ ਬਾਰੇ ਡਾਕੂਮੈਂਟਰੀ ਫ਼ਿਲਮ ਵੀ ਦਿਖਾਈ ਗਈ। ਸੁਆਲ-ਜਵਾਬ ਸੈਸ਼ਨ ਵਿਚ ਬ੍ਰਿਜ ਭੂਸ਼ਨ ਗੋਇਲ, ਜਸਵੀਰ ਝੱਜ, ਭਗਤ ਸਿੰਘ ਸਰੋਆ ਦੇ ਸਵਾਲਾਂ ਦੇ ਤਸੱਲੀਬਖ਼ਸ਼ ਜਵਾਬ ਦਿੱਤੇ ਗਏ। ਮਨਿੰਦਰ ਸਿੰਘ ਭਾਟੀਆ, ਅਰਸ਼ੀ ਝੱਜ ਬੁਆਣੀ, ਗੁਰਲਾਲ ਸਿੰਘ ਨਾਮਧਾਰੀ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਨਾਗਾਸਾਕੀ ਦੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਯਾਦ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੋ. ਰਵਿੰਦਰ ਸਿੰਘ ਭੱਠਲ, ਸੁਰਿੰਦਰ ਕੈਲੇ, ਡਾ. ਗੁਰਇਕਬਾਲ ਸਿੰਘ, ਕੇ ਸਾਧੂ ਸਿੰਘ, ਦੀਪ ਜਗਦੀਪ ਸਿੰਘ, ਡਾ. ਜੋਗਿੰਦਰ ਸਿੰਘ ਨਿਰਾਲਾ, ਡਾ. ਇੰਦਰਬੀਰ ਸਿੰਘ ਗਿੱਲ, ਡਾ. ਰੁਪਿੰਦਰ ਕੌਰ, ਭਗਵਾਨ ਢਿੱਲੋਂ, ਮਲਕੀਅਤ ਸਿੰਘ ਔਲਖ, ਡਾ. ਬਲਵਿੰਦਰ ਸਿੰਘ ਔਲਖ ਗਲੈਕਸੀ, ਤਰਲੋਚਨ ਝਾਂਡੇ, ਇੰਦਰਜੀਤਪਾਲ ਕੌਰ, ਸੁਰਿੰਦਰ ਦੀਪ, ਰਾਜਦੀਪ ਤੂਰ, ਜ਼ੋਰਾਵਰ ਸਿੰਘ ਪੰਛੀ, ਡਾ. ਰੂਬਲਦੀਪ ਕੌਰ, ਡਾ. ਆਰ ਕੇ ਬਜਾਜ, ਡਾ. ਅਭਿਸ਼ੇਕ ਬਜਾਜ, ਇੰਦਰਜੀਤ ਲੋਟੇ, ਅਮਨ ਮਾਂਗਟ, ਸੰਧੇ ਸੁਖਵੀਰ, ਮੀਤ ਅਨਮੋਲ, ਮੇਜਰ ਸਿੰਘ, ਚਮਕੌਰ ਸਿੰਘ ਬਰਮੀ, ਰਮੇਸ਼ ਰਤਨ, ਨਰੇਸ਼ ਗੌੜ ਸਮੇਤ ਕਾਫ਼ੀ ਗਿਣਤੀ ਵਿਚ ਸਰੋਤੇ ਹਾਜ਼ਰ ਸਨ।

### ਪਾਸ਼-ਹੰਸ ਰਾਜ...

ਪ੍ਰਸ਼ਾਸਨ ਵੱਲੋਂ ਇਸ 'ਤੇ ਕੋਈ ਕਾਰਵਾਈ ਨਹੀਂ ਕੀਤੀ। ਅੱਜ ਦੀ ਮੀਟਿੰਗ ਨੇ ਇਸ ਦਾ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਅਸਲ ਵਿਚ ਸਰਪੰਚ ਨੂੰ ਆਮ ਆਦਮੀ ਪਾਰਟੀ ਦਾ ਥਾਪੜਾ ਹੈ।ਨਕੋਦਰ ਇਲਾਕੇ ਅਤੇ ਪੰਜਾਬ ਭਰ 'ਚ ਲੇਖਕਾਂ, ਬੁੱਧੀਜੀਵੀਆਂ ਵੱਲੋਂ ਆਪਣੇ ਮੰਚਾਂ ਤੋਂ ਪ੍ਰਚਾਰ ਮੁਹਿੰਮ ਚਲਾਈ ਜਾਵੇਗੀ। ਅੱਜ ਦੀ ਮੀਟਿੰਗ ਨੇ ਸਰਵਸੰਮਤੀ ਨਾਲ ਜੋ ਫੈਸਲਾ ਕੀਤਾ, ਉਸ ਦਾ ਪ੍ਰਧਾਨਗੀ ਮੰਡਲ ਦੀ ਤਰਫੋਂ ਐਲਾਨ ਕਰਦਿਆਂ ਡਾ. ਸਵਰਾਜਬੀਰ ਨੇ ਕਿਹਾ ਕਿ 9 ਸਤੰਬਰ ਨੂੰ ਤਲਵੰਡੀ ਸਲੇਮ ਵਿਖੇ ਅਵਤਾਰ ਪਾਸ਼ ਦਾ ਜਨਮ ਦਿਨ ਵੱਡਾ ਇਕੱਠ ਕਰਕੇ ਮਨਾਇਆ ਜਾਵੇਗਾ। ਉਨ੍ਹਾ ਕਿਹਾ ਕਿ ਇਸ ਅਰਸੇ ਦੌਰਾਨ ਲੇਖਕਾਂ, ਬੁੱਧੀਜੀਵੀਆਂ, ਸਾਹਿਤਕ ਸੰਸਥਾਵਾਂ ਅਤੇ ਅਵਾਮੀ ਜਥੇਬੰਦੀਆਂ ਵੱਲੋਂ ਮੁੱਖ ਮੰਤਰੀ ਪੰਜਾਬ ਕੋਲੋਂ ਸਮਾਂ ਲੈ ਕੇ ਵਫਦ ਮਿਲਿਆ ਜਾਵੇਗਾ।

ਅੱਜ ਦੀ ਮੀਟਿੰਗ 'ਚ ਪੰਜਾਬ ਲੋਕ ਸੱਭਿਆਚਾਰਕ ਮੰਚ ਦੇ ਸੂਬਾ ਪ੍ਰਧਾਨ ਅਮੋਲਕ ਸਿੰਘ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਆਗੂ ਕਸ਼ਮੀਰ ਸਿੰਘ ਘੁੱਗਸ਼ੋਰ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ, ਰੂਪ ਛੰਨਾ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਮਨਜੀਤ ਧਨੇਰ) ਦੇ ਜਸਵਿੰਦਰ ਸਿੰਘ, ਹਰਜਿੰਦਰ ਸਿੰਘ, ਰੇਲ ਕੋਚ ਫੈਕਟਰੀ ਕਪੂਰਥਲਾ 'ਚ ਬਣੇ ਸ਼ਹੀਦ ਭਗਤ ਸਿੰਘ ਵਿਚਾਰ ਮੰਚ ਦੇ ਆਗੂ ਅਮਰੀਕ ਸਿੰਘ, ਰੰਗਕਰਮੀ ਰਿੰਪਲ ਪ੍ਰੀਤ ਕੌਰ, ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਦੇ ਮੈਂਬਰ ਜਾਗੀਰ ਜੋਸਨ, ਅਵਤਾਰ ਸਿੰਘ ਪਾਸ਼ ਮੈਮੋਰੀਅਲ ਟਰੱਸਟ ਦੇ ਪਾਵੇਲ ਕੁੱਸਾ, ਜਮਹੂਰੀ ਲਹਿਰ ਦੇ ਆਗੂ ਬੂਟਾ ਸਿੰਘ ਮਹਿਮੂਦਪੁਰ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਆਗੂ ਸੁਖਵਿੰਦਰ ਬਾਗਪੁਰ, ਜੋਗਿੰਦਰ ਕੁੱਲੇਵਾਲ, ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਸਕੱਤਰ ਡਾਕਟਰ ਮੰਗਤ ਰਾਏ, ਜਸਵਿੰਦਰ ਭੋਗਲ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਟਰੱਸਟੀ ਸੁਰਿੰਦਰ ਕੁਮਾਰੀ ਕੋਛੜ, ਰਣਜੀਤ ਸਿੰਘ ਔਲਖ, ਐਡਵੋਕੇਟ ਸੁਰਿੰਦਰ ਖੀਵਾ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਗਿਆਨ ਸੈਦਪੁਰੀ, ਪ੍ਰਗਤੀਸ਼ੀਲ ਲੇਖਕ ਸੰਘ ਦੇ ਸੁਰਜੀਤ ਜੱਜ, ਕਵੀ ਫਤਿਹਜੀਤ ਦੀ ਧੀ ਕਵਿੱਤਰੀ ਬਲਜੀਤ ਕੌਰ ਬੱਲ, ਤਲਵੰਡੀ ਸਲੇਮ ਦੇ ਸਾਬਕਾ ਸਰਪੰਚ ਮਨਜਿੰਦਰ ਸਿੰਘ, ਪਾਸ਼ ਦੇ ਚਚੇਰੇ ਭਰਾ ਸੁਖਵਿੰਦਰ ਸਿੰਘ ਸੁੱਚਾ, ਪਾਸ਼ ਦੇ ਸਾਥੀ ਰਹੇ ਕਵੀ ਸੰਤ ਸੰਧੂ, ਪ ਸ ਸ ਫ ਦੇ ਸੂਬਾ ਸਕੱਤਰ ਤੀਰਥ ਬਾਸੀ ਆਦਿ ਹਾਜ਼ਰ ਸਨ। ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਦੇ ਕਨਵੀਨਰ ਸੁਰਿੰਦਰ ਧੰਜਲ (ਕੈਨੇਡਾ) ਨੇ ਮੀਟਿੰਗ ਵਿੱਚ ਹੋਏ ਫੈਸਲਿਆਂ ਦੀ ਪ੍ਰੋੜ੍ਹਤਾ ਕੀਤੀ।

### ਭਾਗਵਤ ਦੇ ਕੈਨੇਡਾ...

ਪ੍ਰਤੀ ਇਸ ਦੀ ਦੁਸ਼ਮਣੀ ਬਾਰੇ ਗੰਭੀਰ ਚਿੰਤਾਵਾਂ ਪੈਦਾ ਕੀਤੀਆਂ ਹਨ। ਪੱਤਰ ਵਿੱਚ ਕਿਹਾ ਗਿਆ ਹੈ ਕਿ ਟੂਰ ਦੇ ਪ੍ਰਬੰਧਕਾਂ ਨੇ ਜਨਤਕ ਤੌਰ 'ਤੇ ਇਸ ਦੇ ਉਦੇਸ਼ ਨੂੰ ਆਰ ਐੱਸ ਐੱਸ ਪ੍ਰਤੀ ਕੌਮਾਂਤਰੀ ਧਾਰਨਾਵਾਂ ਨੂੰ ਸੰਬੋਧਤ ਕਰਨ ਵਜੋਂ ਦਰਸਾਇਆ ਹੈ, ਜੋ ਸੰਗਠਨ ਦੀ ਵਾਜਬੀਅਤ ਅਤੇ ਪ੍ਰਭਾਵ ਨੂੰ ਮਜ਼ਬੂਤ ਕਰਨ ਲਈ ਇੱਕ ਤਾਲਮੇਲ ਵਾਲੇ ਯਤਨ ਨੂੰ ਦਰਸਾਉਂਦਾ ਹੈ।

### ਸ਼ਰਤਾਂ ਮੰਨਣ...

ਬਿਆਨ ਹਾਰਮੁਜ਼ ਜਲਡਮਰੂ ਰਾਹੀਂ ਸ਼ਿਪਿੰਗ ਲਈ ਇੱਕ ਨਵੇਂ ਪ੍ਰੋਟੋਕੋਲ ਅਤੇ ਮੁੱਖ ਜਲਮਾਰਗ ਨੂੰ ਦੁਬਾਰਾ ਖੋਲ੍ਹਣ ਦੀਆਂ ਸ਼ਰਤਾਂ 'ਤੇ ਓਮਾਨ ਨਾਲ ਗੱਲਬਾਤ 'ਤੇ ਚਰਚਾ ਕਰਨ ਤੋਂ ਬਾਅਦ ਆਇਆ। ਈਰਾਨੀ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਨੇ ਕਿਹਾ ਕਿ ਈਰਾਨ ਅਤੇ ਓਮਾਨ ਹਾਰਮੁਜ਼ ਜਲਡਮਰੂ ਰਾਹੀਂ ਸ਼ਿਪਿੰਗ ਲਈ ਇੱਕ ਨਵੇਂ ਪ੍ਰਬੰਧ 'ਤੇ ਸਮਝੌਤੇ 'ਤੇ ਪਹੁੰਚਣ ਦੇ ਬਹੁਤ ਨੇੜੇ ਹਨ। ਹਾਲਾਂਕਿ ਉਨ੍ਹਾ ਕਿਹਾ ਕਿ ਜਲਡਮਰੂ ਨੂੰ ਦੁਬਾਰਾ ਖੋਲ੍ਹਣ ਤੋਂ ਪਹਿਲਾਂ ਅਮਰੀਕਾ ਨੂੰ ਮੁਆਵਜ਼ਾ ਸਮੇਤ ਈਰਾਨ ਦੀਆਂ ਹੋਰ ਸ਼ਰਤਾਂ ਨੂੰ ਪੂਰਾ ਕਰਨਾ ਹੋਵੇਗਾ। ਇਸ ਦੌਰਾਨ ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਨੇ ਕਿਹਾ ਹੈ ਕਿ ਮੌਜੂਦਾ ਸਥਿਤੀ ਸਮਝੌਤੇ 'ਤੇ ਪਹੁੰਚਣ ਲਈ ਸਭ ਤੋਂ ਵਧੀਆ ਸਮਾਂ ਹੈ ਪਰੰਤੂ ਤਹਿਰਾਨ ਈਰਾਨੀ ਲੋਕਾਂ ਦੇ ਅਧਿਕਾਰਾਂ ਨਾਲ ਸਮਝੌਤਾ ਨਹੀਂ ਕਰੇਗਾ। ਉਨ੍ਹਾ ਕਿਹਾ ਕਿ ਅਸੀਂ ਈਰਾਨੀ ਰਾਸ਼ਟਰ ਦੇ ਅਧਿਕਾਰਾਂ ਨਾਲ ਸਮਝੌਤਾ ਨਹੀਂ ਕਰਾਂਗੇ। ਸਰਕਾਰ ਦੀ ਮੁੱਖ ਨਿਰਭਰਤਾ ਘਰੇਲੂ ਸਮਰੱਥਾਵਾਂ ਅਤੇ ਲੋਕਾਂ 'ਤੇ ਹੈ। ਇਸ ਤੋਂ ਪਹਿਲਾਂ ਪੇਜ਼ੇਸ਼ਕੀਅਨ ਨੇ ਇਜ਼ਰਾਈਲ ਅਤੇ ਅਮਰੀਕਾ 'ਤੇ ਦੋਸ਼ ਲਾਇਆ ਕਿ ਉਹ ਫਾਰਸ ਦੀ ਖਾੜੀ ਦੇ ਰਾਜਾਂ ਨੂੰ ਤਹਿਰਾਨ ਦੇ ਵਿਰੁੱਧ ਵਰਤਣ ਦੀ ਕੋਸ਼ਿਸ਼ ਕਰ ਰਹੇ ਹਨ।

### ਗਰੀਬ ਦੋ ਵਕਤ...



ਪਹਿਲਾਂ ਮਜ਼ਦੂਰਾਂ ਨੂੰ ਇਨ੍ਹਾਂ ਦਿਨਾਂ ਵਿੱਚ ਨਰੇਗਾ ਦਾ ਕੰਮ ਮਿਲ ਜਾਂਦਾ ਸੀ, ਹੁਣ ਉਹ ਵੀ ਕੇਂਦਰ ਤੇ ਸੂਬਾਈ ਸਰਕਾਰ ਕਿਸੇ ਨੂੰ ਕੰਮ ਨਹੀਂ ਦੇ ਰਹੀ। ਕੇਂਦਰ ਨੇ ਨਰੇਗਾ ਕਾਨੂੰਨ ਬਦਲ ਕੇ ਉਸ ਵਿੱਚ ਕੰਮ ਲੈਣ ਲਈ ਸ਼ਰਤਾਂ ਹੀ ਏਨੀਆਂ ਸਖ਼ਤ ਕਰ ਦਿੱਤੀਆਂ ਹਨ ਕਿ ਉਹ ਨਰੇਗਾ ਕਾਮਾ ਪੂਰੀਆਂ ਹੀ ਨਹੀਂ ਕਰ ਸਕਦਾ। ਪਹਿਲਾ ਨਰੇਗਾ ਕਾਨੂੰਨ ਬਹਾਲ ਕਰਕੇ ਨਰੇਗਾ ਕਾਮਿਆਂ ਨੂੰ ਕੰਮ ਫੌਰੀ ਤੌਰ 'ਤੇ ਦਿੱਤਾ ਜਾਣਾ ਚਾਹੀਦਾ ਹੈ। ਪੰਜਾਬ ਇਸਤਰੀ ਸਭਾ ਦੀ ਸੂਬਾਈ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਕੌਰ ਮਾੜੀਮੇਘਾ, ਕਿਸਾਨ ਆਗੂ ਰਛਪਾਲ ਸਿੰਘ ਬਾਠ ਅਤੇ ਮਜ਼ਦੂਰਾਂ ਦੇ ਆਗੂ ਟਹਿਲ ਸਿੰਘ ਲੱਧੂ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਹਿੰਦੁਸਤਾਨ ਵਿੱਚ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਥਾਂ ਉਨ੍ਹਾਂ 'ਤੇ ਡਾਂਗਾਂ ਤੇ ਅੱਥਰੂ ਗੈਸ ਦੇ ਗੋਲੇ ਵਰਾਉਂਦੀ ਹੈ। ਠੀਕ ਹੈ ਗਰੀਬ ਬੱਚੇ ਡਾਕਟਰ ਬਣਨ ਦੀ ਪੜ੍ਹਾਈ ਨਹੀਂ ਲੈ ਸਕਦੇ, ਪਰ ਮੱਧ ਵਰਗ ਦੇ ਬੱਚੇ ਮੈਡੀਕਲ ਦੀ ਵਿਦਿਆ ਲੈ ਕੇ ਡਾਕਟਰ ਬਣ ਸਕਦੇ ਹਨ।ਉਨ੍ਹਾਂ ਕਿਹਾ ਕਿ ਸਿਹਤ ਸਸਤੀ ਹੋਣੀ ਚਾਹੀਦੀ ਹੈ, ਤਾਂ ਜੋ ਗਰੀਬਾਂ ਦੇ ਬੱਚੇ ਡਾਕਟਰ ਦੀ ਵਿਦਿਆ ਲੈ ਸਕਣ।ਆਗੂਆਂ ਕਿਹਾ ਕਿ ਕੇਂਦਰ ਸਰਕਾਰ ਨੇ ਵਿਦਿਆ ਦੇ ਸਿਲੇਬਸ ਵਿੱਚੋਂ ਵੀ ਆਜ਼ਾਦੀ ਘੁਲਾਟੀਆਂ ਅਤੇ ਦੇਸ਼ ਭਗਤਾਂ ਦੇ ਚੈਪਟਰ ਕੱਢ ਕੇ ਉੱਥੇ ਫਿਰਕੂ ਜ਼ਹਿਰ ਪੈਦਾ ਕਰਨ ਵਾਲੇ ਚੈਪਟਰ ਫਿੱਟ ਕਰ ਦਿੱਤੇ ਹਨ। ਆਪਣੀ ਜਨਮ ਭੂਮੀ 'ਤੇ ਆਪਣੇ ਅਧਿਕਾਰਾਂ ਪ੍ਰਤੀ ਲੇਖਕ ਜਾਂ ਬੁੱਧੀਜੀਵੀ ਲਿਖ ਤੇ ਬੋਲ ਨਹੀਂ ਸਕਦਾ।ਦੇਸ਼ ਤੇ ਪੰਜਾਬ ਦੀਆਂ ਇਹੋ ਜਿਹੀਆਂ ਹਾਲਤਾਂ ਵਿੱਚ ਸੀ ਪੀ ਆਈ ਦਾ ਜਥਾ ਪਿੰਡਾਂ ਦੇ ਲੋਕਾਂ ਨੂੰ ਸੁਚੇਤ ਕਰਦਾ ਹੋਇਆ ਸੱਦਾ ਦਿੰਦਾ ਹੈ ਕਿ ਪਹਿਲੀ ਸਤੰਬਰ ਨੂੰ ਦਿੱਲੀ ਵਿਖੇ ਹੋ ਰਹੀ ਕੁੱਲ ਹਿੰਦ ਪੱਧਰ ਦੀ ਰੈਲੀ ਵਿੱਚ ਵਹੀਰਾਂ ਘੱਤ ਕੇ ਪਹੁੰਚੋ।ਮੀਟਿੰਗਾਂ ਵਿੱਚ ਬੀਬੀ ਬੀਰੋ, ਡਾਕਟਰ ਚਾਨਣ ਸਿੰਘ, ਜਸਬੀਰ ਕੌਰ ਭਈ ਲੱਧੂ, ਗੁਰਚੰਦ ਸਿੰਘ ਭਗਵਾਨਪੁਰਾ ਖੁਰਦ, ਗੁਰਨਾਮ ਸਿੰਘ ਤੇ ਮਨਦੀਪ ਕੌਰ ਕਲਸੀਆਂ ਕਲਾਂ, ਗੁਰਮੀਤ ਕੌਰ ਭਗਵਾਨਪੁਰਾ ਕਲਾਂ ਨੇ ਵੀ ਸੰਬੋਧਨ ਕੀਤਾ।

# ਰਾਜਿੰਦਰ ਸਿੰਘ ਨੇ ਭੂਪੇਸ਼ ਬਘੇਲ ਤੇ ਰਾਜਾ ਵੜਿੰਗ ਨਾਲ ਕੀਤੀ ਮੁਲਾਕਾਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਾਂਗਰਸ ਦੇ ਸੀਨੀਅਰ ਆਗੂ ਤੇ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਪੰਜਾਬ ਕਾਂਗਰਸ ਦੇ ਮੁੱਖੀ ਭੂਪੇਸ਼ ਬਘੇਲ ਤੇ ਸੂਬਾ ਪ੍ਰਧਾਨ ਰਾਜਾ ਵੜਿੰਗ ਨਾਲ ਮੁਲਾਕਾਤ ਕਰਕੇ 2027 ਦੀਆਂ ਆ ਰਹੀਆਂ ਚੋਣਾਂ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਰਾਜਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਅੰਦਰ 2027 ਵਿੱਚ ਕਾਂਗਰਸ ਦੀ ਸਰਕਾਰ ਬਣਨ 'ਤੇ ਮਾਈਨਿੰਗ ਮਾਫ਼ੀਆ ਨੂੰ ਖ਼ਤਮ ਕਰਕੇ ਪੰਜਾਬ ਦਾ ਰੇਤਾ ਲੋਕਾਂ ਨੂੰ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ।ਘਰ ਬਣਾਉਣ, ਘਰ ਦੀ ਮੁਰੰਮਤ, ਸਕੂਲਾਂ, ਸੜਕਾਂ ਤੇ ਹੋਰ ਜਨਤਕ ਵਿਕਾਸ ਕਾਰਜਾਂ ਲਈ ਕਾਨੂੰਨੀ ਤਰੀਕੇ ਨਾਲ ਕੱਢੀ ਗਈ ਰੇਤ ਆਮ ਲੋਕਾਂ ਨੂੰ ਮੁਫ਼ਤ ਮੁਹੱਈਆ ਕਰਵਾਈ ਜਾਵੇਗੀ।ਰਾਜਿੰਦਰ ਸਿੰਘ ਨੇ ਹਲਕਾ ਸਮਾਣਾ ਦੇ ਪਿੰਡਾਂ 'ਚ ਕਾਂਗਰਸ ਦੀ 2027 ਮਿਸ਼ਨ ਮੁਹਿੰਮ ਤਹਿਤ ਲੋਕਾਂ ਨੂੰ ਕਾਂਗਰਸ ਨਾਲ ਜੋੜਨ ਲਈ ਕੀਤੇ ਜਾ ਰਹੇ ਦੌਰਿਆਂ ਸਮੇਂ ਕਿਹਾ ਕਿ ਰੇਤ ਕੋਈ ਲਗਜ਼ਰੀ ਨਹੀਂ, ਹਰ ਪਰਿਵਾਰ ਦੀ ਲੋੜ ਹੈ।ਜਦੋਂ ਪੰਜਾਬ ਦੇ ਕੁਦਰਤੀ ਸਰੋਤ ਪੰਜਾਬ ਵਿੱਚ ਹੀ ਹਨ ਤਾਂ ਪੰਜਾਬ ਦੇ ਲੋਕਾਂ ਨੂੰ ਇਸ ਲਈ ਮਹਿੰਗੀ ਕੀਮਤ ਕਿਉਂ ਦੇਣੀ ਪਵੇ ? ਉਨ੍ਹਾਂ ਕਿਹਾ ਕਿ ਝਾੜੂ ਸਰਕਾਰ ਨੇ ਪੰਜਾਬ ਦੀ ਰੇਤ ਵਿੱਚ ਸਰਕਾਰੀ ਕਮਾਈ ਦੇਖੀ, ਪਰ ਅਸੀਂ ਪੰਜਾਬ ਦੀ ਰੇਤ ਵਿੱਚ ਲੋਕਾਂ ਦੇ ਘਰ ਤੇ ਵਿਕਾਸ ਨੂੰ ਦੇਖਦੇ ਹਾਂ।

## ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਦੀ ਮੀਟਿੰਗ




**ਸੰਗਰੂਰ (ਪ੍ਰਵੀਨ ਸਿੰਘ)**-ਡੀ ਸੀ ਦਫ਼ਤਰ ਕੰਪਲੈਕਸ ਸੰਗਰੂਰ ਵਿਖੇ ਪ੍ਰਧਾਨ ਸ੍ਰੀ ਸੁਰਿੰਦਰ ਬਾਲੀਆ ਦੀ ਪ੍ਰਧਾਨਗੀ ਹੇਠ ਕੀਤੀ ਗਈ ਮੀਟਿੰਗ ਵਿੱਚ ਸਭ ਤੋਂ ਪਹਿਲਾਂ ਵਿੱਛੜੇ ਪੈਨਸ਼ਨਰ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਵੈਲਫੇਅਰ ਸਾਂਝਾ ਫਰੰਟ ਦੀ ਸਰਕਾਰ ਦੀਆਂ ਨੀਤੀਆਂ ਤੇ ਵਾਅਦਾ ਖਿਲਾਫੀ ਵਿਰੁੱਧ ਕੀਤੀ ਰੈਲੀ ਦੀ ਸਮਖਿਆ ਕੀਤੀ ਗਈ।ਸਰਕਾਰ ਵੱਲੋਂ ਰੈਲੀ ਰੋਕਣ ਲਈ ਕੀਤੀਆਂ ਪਾਣੀ ਦੀਆਂ ਬੁਛਾੜਾਂ ਦੀ ਘੋਰ ਨਿੰਦਿਆ ਕੀਤੀ ਗਈ।60 ਸਾਲ ਤੋਂ 95 ਸਾਲ ਦੇ ਬਜ਼ੁਰਗਾਂ ਨੂੰ ਵੀ ਨਹੀਂ ਬਖਸ਼ਿਆ ਗਿਆ।ਇਸ ਲੋਕ ਵਿਰੋਧੀ ਸਰਕਾਰ ਦੀਆਂ ਆਪ ਹੁਦਰੀਆਂ ਖਿਲਾਫ ਹੋਰ ਵੀ ਵਧੇਰੇ ਸ਼ਕਤੀਸ਼ਾਲੀ ਪ੍ਰਦਰਸ਼ਨ ਕਰਨ ਦਾ ਅਲਟੀਮੇਟਮ ਸਰਕਾਰ ਨੂੰ ਦਿੱਤਾ ਗਿਆ ਪ੍ਰਧਾਨ ਵੱਲੋਂ ਰੈਲੀ ਵਿੱਚ ਸ਼ਾਮਲ ਹੋਏ ਮੈਂਬਰਾਨ ਦਾ ਧੰਨਵਾਦ ਕੀਤਾ ਗਿਆ।ਅਗਲੇ ਪ੍ਰੋਗਰਾਮ ਬਾਰੇ ਕਨਵੀਨਰ ਤੇ ਸਰਪ੍ਰਸਤ ਜਗਦੀਸ਼ ਸ਼ਰਮਾ ਨੇ ਚਾਨਣਾ ਪਾਇਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਬਕਾ ਡੀ ਐਸ ਪੀ ਬਹਾਦਰ ਸਿੰਘ ਰਾਉ, ਜੈ ਸਿੰਘ ਸਾਬਕਾ ਇੰਸਪੈਕਟਰ, ਮੋਹਨ ਸਿੰਘ ਬਾਵਾ ਖਜ਼ਾਨਚੀ, ਮੰਗਲ ਰਾਣਾ ਨੇ ਸਰਕਾਰ ਪ੍ਰਤੀ ਡੂੰਘੇ ਰੋਹ ਦਾ ਪ੍ਰਗਟਾਵਾ ਕੀਤਾ।ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੇ ਮਹਾਂਸੰਘ ਦੇ ਅਗਲੇ ਪ੍ਰੋਗਰਾਮਾਂ ਨੂੰ ਵਧੇਰੇ ਅਸਰਦਾਰ ਤੇ ਦ੍ਰਿੜ੍ਹਤਾ ਨਾਲ ਲਾਗੂ ਕਰਨ ਦਾ ਅਹਿਦ ਲਿਆ।

## ਹੋਲੀ ਹਾਰਟ 'ਚ ਮਾਪਿਆਂ ਲਈ ਤੀਆਂ ਦਾ ਸਮਾਗਮ ਕਰਵਾਇਆ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਪੰਜਾਬੀ ਸੱਭਿਆਚਾਰ ਤੇ ਅਮੀਰ ਵਿਰਸੇ ਨੂੰ ਸਮਰਪਤ ਤੀਆਂ ਦਾ ਤਿਉਹਾਰ ਬੜੇ ਹੀ ਉਤਸ਼ਾਹ, ਖੁਸ਼ੀ ਤੇ ਧੂਮਧਾਮ ਨਾਲ ਮਨਾਇਆ ਗਿਆ।ਸਕੂਲ ਵੱਲੋਂ ਇਹ ਸਮਾਗਮ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ ਦੇ ਮਾਪਿਆਂ ਲਈ ਕਰਵਾਇਆ ਗਿਆ, ਜਿਸ ਵਿੱਚ ਮਾਪਿਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸਮਾਗਮ ਦੀ ਰੌਣਕ ਨੂੰ ਹੋਰ ਵਧਾ ਦਿੱਤਾ।ਤੀਆਂ ਦੇ ਇਸ ਵਿਸ਼ੇਸ਼ ਸਮਾਗਮ ਦੌਰਾਨ ਸਕੂਲ ਦਾ ਮਾਹੌਲ ਪੂਰੀ ਤਰ੍ਹਾਂ ਪੰਜਾਬੀ ਸੱਭਿਆਚਾਰ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਮਾਪਿਆਂ ਨੇ ਪੰਜਾਬੀ ਪਹਿਰਾਵੇ ਵਿੱਚ ਸ਼ਿਰਕਤ ਕਰਕੇ ਆਪਣੇ ਵਿਰਸੇ ਪ੍ਰਤੀ ਪਿਆਰ ਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ।ਸਮਾਗਮ ਦੌਰਾਨ ਪੰਜਾਬੀ ਲੋਕ-ਗੀਤਾਂ, ਗਿੱਧੇ ਤੇ ਹੋਰ ਮਨੋਰੰਜਕ ਸੱਭਿਆਚਾਰਕ ਗਤੀਵਿਧੀਆਂ ਨੇ ਮਾਹੌਲ ਨੂੰ ਹੋਰ ਵੀ ਖੁਸ਼ਗਵਾਰ ਬਣਾ ਦਿੱਤਾ।ਸਮਾਗਮ ਦੀ ਇੱਕ ਵਿਸ਼ੇਸ਼ ਖਿੱਚ 'ਮਿਸ ਤੀਜ' ਦੀ ਚੋਣ ਰਹੀ।ਮਾਪਿਆਂ ਵਿੱਚੋਂ ਵੱਖ-ਵੱਖ ਗਤੀਵਿਧੀਆਂ ਤੇ ਪੰਜਾਬੀ ਸੱਭਿਆਚਾਰ ਨਾਲ ਜੁੜੀ ਪੇਸ਼ਕਾਰੀ ਦੇ ਆਧਾਰ 'ਤੇ ਮਿਸ ਤੀਜ ਦੀ ਚੋਣ ਕੀਤੀ ਗਈ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ, ਸ਼ਿਵਾਨੀ ਅਰੋੜਾ, ਰਮਨ ਅਰੋੜਾ ਤੇ ਪ੍ਰਿੰਸੀਪਲ ਸ਼ਕਸ਼ੀ ਗੁਲੇਰੀਆ ਨੇ ਤੀਆਂ ਦੇ ਤਿਉਹਾਰ ਦੀ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਵਿੱਚ ਅਜਿਹੇ ਸੱਭਿਆਚਾਰਕ ਪ੍ਰੋਗਰਾਮ ਕਰਵਾਉਣ ਦਾ ਮਕਸਦ ਬੱਚਿਆਂ ਤੇ ਮਾਪਿਆਂ ਨੂੰ ਆਪਣੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੋੜਨਾ ਹੈ।ਉਨ੍ਹਾਂ ਮਾਪਿਆਂ ਵੱਲੋਂ ਮਿਲੇ ਭਰਪੂਰ ਸਹਿਯੋਗ ਅਤੇ ਉਤਸ਼ਾਹ ਦੀ ਸ਼ਲਾਘਾ ਕੀਤੀ।

## ਤੀਜ ਮਹਾਂਉਤਸਵ ਭਾਰਤੀ ਸੰਸਕ੍ਰਿਤੀ ਅਨੁਸਾਰ ਮਨਾਇਆ



**ਨਾਭਾ (ਅਮਨ ਗਰਗ)**-ਹਿੰਦੂ ਸੁਰੱਖਿਆ ਸੇਵਾ ਸੰਘ, ਹਨੂਮਾਨਗੜ੍ਹੀ ਅਯੋਧਿਆ ਧਾਮ ਦੇ ਤੱਤਵਾਧਾਨ ਹੇਠ ਮਹਿਲਾਵਾਂ ਵੱਲੋਂ ਹਰਿਆਲੀ ਤੀਜ ਮਹਾਂਉਤਸਵ ਬਹੁਤ ਹੀ ਸ਼ਰਧਾ, ਉਤਸ਼ਾਹ ਤੇ ਭਾਰਤੀ ਸਨਾਤਨ ਸੰਸਕ੍ਰਿਤੀ ਦੀਆਂ ਗੌਰਵਮਈ ਪ੍ਰੰਪਰਾਵਾਂ ਦੇ ਨਾਲ ਮਨਾਇਆ ਗਿਆ।ਮਹਿਲਾਵਾਂ ਨੇ ਰਵਾਇਤੀ ਪਹਿਰਾਵਾ ਧਾਰਨ ਕਰਕੇ ਤੀਜ ਦੇ ਲੋਕ ਗੀਤ ਗਾਏ, ਇੱਕ-ਦੂਜੇ ਨੂੰ ਤੀਜ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਭਾਰਤੀ ਸੰਸਕ੍ਰਿਤੀ ਅਤੇ ਸਨਾਤਨ ਪ੍ਰੰਪਰਾਵਾਂ ਦੀ ਸੰਭਾਲ ਦਾ ਸੰਕਲਪ ਲਿਆ। ਪ੍ਰੋਗਰਾਮ ਵਿੱਚ ਨੀਰੂ ਵੋਹਰਾ, ਰਾਜਿੰਦਰ ਕੌਰ, ਦੀਪਿਕਾ ਬੱਬਰ, ਅੰਜੂ ਸਚਦੇਵਾ, ਮੰਜੂ, ਸ਼ਾਲੂ, ਅਰਵਿੰਦ, ਕਾਮਿਨੀ, ਕਮਲ ਭੁੱਲਰ, ਨੀਤੂ ਸ਼ਰਮਾ, ਰਾਧਿਕਾ, ਭਾਵਨਾ, ਵਨੀਤਾ, ਰਿੰਪੀ, ਰੀਨਾ, ਲਤਾ, ਸੋਨਾਲੀ, ਨੇਸ਼ੂ, ਮੀਨੂ, ਅਰਵਿੰਦਰ, ਸਤਿੰਦਰ, ਗੁਰਮੀਤ, ਸੀਤਾ (ਮਾਰਗਰੇਟ), ਜਾਨਵੀ, ਰਾਧਿਕਾ ਤੇ ਅਨੀਤਾ ਆਦਿ ਮੌਜੂਦ ਸਨ।

## ਪੰਜਾਬ ਅੰਦਰ ਕਾਂਗਰਸ ਦੀ ਸਰਕਾਰ ਬਣਨ 'ਤੇ ਲੋਕਾਂ ਨੂੰ ਮੁਫ਼ਤ ਰੇਤਾ ਦਿੱਤਾ ਜਾਵੇਗਾ : ਗੌਰਵ ਸੰਧੂ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਅੰਦਰ 2027 ਵਿੱਚ ਕਾਂਗਰਸ ਦੀ ਸਰਕਾਰ ਬਣਨ 'ਤੇ ਮਾਈਨਿੰਗ ਮਾਫ਼ੀਆ ਨੂੰ ਖ਼ਤਮ ਕਰਕੇ ਪੰਜਾਬ ਦਾ ਰੇਤਾ ਲੋਕਾਂ ਨੂੰ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ।ਘਰ ਬਣਾਉਣ, ਘਰ ਦੀ ਮੁਰੰਮਤ, ਸਕੂਲਾਂ, ਸੜਕਾਂ ਤੇ ਹੋਰ ਜਨਤਕ ਵਿਕਾਸ ਕਾਰਜਾਂ ਲਈ ਕਾਨੂੰਨੀ ਤਰੀਕੇ ਨਾਲ ਕੱਢੀ ਗਈ ਰੇਤ ਆਮ ਲੋਕਾਂ ਨੂੰ ਮੁਫ਼ਤ ਮੁਹੱਈਆ ਕਰਵਾਈ ਜਾਵੇਗੀ।ਰਾਜੀਵ ਗਾਂਧੀ ਪੰਚਾਇਤੀ ਰਾਜ ਦੇ ਸੀਨੀਅਰ ਸੂਬਾ ਵਾਈਸ ਪ੍ਰਧਾਨ ਤੇ ਯੂਥ ਕਾਂਗਰਸ ਦੇ ਆਗੂ ਗੌਰਵ ਸੰਧੂ ਨੇ ਹਲਕਾ ਸਨੌਰ ਦੇ ਪਿੰਡਾਂ 'ਚ ਕਾਂਗਰਸ ਦੀ 2027 ਮਿਸ਼ਨ ਮੁਹਿੰਮ ਤਹਿਤ ਲੋਕਾਂ ਨੂੰ ਕਾਂਗਰਸ ਨਾਲ ਜੋੜਨ ਲਈ ਕੀਤੇ ਜਾ ਰਹੇ ਦੌਰਿਆ ਸਮੇਂ ਇਸ ਗੱਲ ਦਾ ਪ੍ਰਗਟਾਵਾ ਕੀਤਾ ਗਿਆ। ਗੌਰਵ ਸੰਧੂ ਨੇ ਕਿਹਾ ਕਿ ਰੇਤ ਕੋਈ ਲਗਜ਼ਰੀ ਨਹੀਂ, ਹਰ ਪਰਿਵਾਰ ਦੀ ਲੋੜ ਹੈ।ਜਦੋਂ ਪੰਜਾਬ ਦੇ ਕੁਦਰਤੀ ਸਰੋਤ ਪੰਜਾਬ ਵਿੱਚ ਹੀ ਹਨ ਤਾਂ ਪੰਜਾਬ ਦੇ ਲੋਕਾਂ ਨੂੰ ਇਸ ਲਈ ਮਹਿੰਗੀ ਕੀਮਤ ਕਿਉਂ ਦੇਣੀ ਪਵੇ? ਉਨ੍ਹਾਂ ਕਿਹਾ ਕਿ ਝਾੜੂ ਸਰਕਾਰ ਨੇ ਪੰਜਾਬ ਦੀ ਰੇਤ ਵਿੱਚ ਸਰਕਾਰੀ ਕਮਾਈ ਦੇਖੀ, ਪਰ ਅਸੀਂ ਪੰਜਾਬ ਦੀ ਰੇਤ ਵਿੱਚ ਲੋਕਾਂ ਦੇ ਘਰ ਤੇ ਵਿਕਾਸ ਨੂੰ ਦੇਖਦੇ ਹਾਂ।ਸਾਡਾ ਮਕਸਦ ਆਮ ਪਰਿਵਾਰਾਂ ਦਾ ਨਿਰਮਾਣ ਖਰਚ ਘਟਾਉਣਾ, ਵਿਕਾਸ ਕਾਰਜਾਂ ਦੀ ਲਾਗਤ ਘਟਾਉਣਾ ਅਤੇ ਮਜ਼ਦੂਰਾਂ ਤੇ ਛੋਟੇ ਠੇਕੇਦਾਰਾਂ ਲਈ ਰੁਜ਼ਗਾਰ ਦੇ ਮੌਕੇ ਵਧਾਉਣਾ ਹੈ।ਗੌਰਵ ਸੰਧੂ ਨੇ ਕਿਹਾ ਕਿ ਪੰਜਾਬ ਅੰਦਰ ਕਾਂਗਰਸ ਦੀ ਸਰਕਾਰ ਬਣਨ 'ਤੇ ਪੰਜਾਬ ਅੰਦਰ ਗੈਰ-ਕਾਨੂੰਨੀ ਮਾਈਨਿੰਗ 'ਤੇ ਨੱਥ ਪਾ ਕੇ ਪਾਰਦਰਸ਼ੀ ਤੇ ਤਕਨੀਕ ਅਧਾਰਤ ਮਾਈਨਿੰਗ ਪ੍ਰਬੰਧ ਯਕੀਨੀ ਬਣਾਇਆ ਜਾਵੇਗਾ।

## 12 ਨੂੰ ਸਿੱਖਿਆ ਬੋਰਡ ਮੋਹਾਲੀ ਅੱਗੇ ਲੱਗੇਗਾ ਪੱਕਾ ਧਰਨਾ : ਨਾਡੂ, ਸੁਭਾਸ਼, ਪੰਨੂ



**ਦਿੜ੍ਹਬਾ (ਜਸਵੀਰ ਲਾਡੀ)**-ਆਈ ਈ ਏ ਟੀ ਜਥੇਬੰਦੀ ਦੇ ਸੂਬਾ ਪ੍ਰੈੱਸ ਸਕੱਤਰ ਕੁਲਵਿੰਦਰ ਸਿੰਘ ਨਾਡੂ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸੂਬਾ ਪ੍ਰਧਾਨ ਪਰਮਜੀਤ ਕੌਰ ਪੱਖੋਵਾਲ ਦੀ ਅਗਵਾਈ ਵਿੱਚ ਸੰਘਰਸ਼ ਕੀਤਾ ਜਾ ਰਿਹਾ ਹੈ। ਅਸੀਂ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੂੰ ਪਿਛਲੇ 18 ਸਾਲਾਂ ਤੋਂ ਤਨਦੇਹੀ ਨਾਲ ਪੜ੍ਹਾ ਰਹੇ ਹਾਂ, ਸਾਨੂੰ ਸਾਡੀ ਮਿਹਨਤ ਦਾ ਪੂਰਾ ਮੁੱਲ ਨਹੀਂ ਦਿੱਤਾ। ਮੌਜੂਦਾ ਸਰਕਾਰ ਨੇ ਸਿਰਫ਼ ਨਿਗੁਣਾ ਤਨਖਾਹ ਵਾਧਾ ਕਰਕੇ ਝੂਠੀਆਂ ਫਲੈਕਸਾਂ ਦੇ ਨਾਲ ਬੋਰਡ ਭਰੇ ਗਏ ਕਿ ਅਸੀਂ ਅਧਿਆਪਕ ਪੱਕੇ ਕਰ ਦਿੱਤੇ, ਜਦਕਿ ਸਚਾਈ ਇਹ ਹੈ ਕਿ ਕੋਈ ਸੀ ਐੱਸ ਆਰ ਰੂਲ ਲਾਗੂ ਨਹੀਂ ਕੀਤਾ ਅਤੇ ਨਾ ਹੀ ਕੋਈ ਭੱਤਾ, ਸਗੋਂ ਡਿਗਰੀਆਂ ਹੋਣ ਦੇ ਬਾਵਜੂਦ ਡਿਗਰੀਆਂ ਦਾ ਲਾਭ ਨਹੀਂ ਦਿੱਤਾ, ਗਰੁੱਪ ਡੀ ਵਿੱਚ ਰੱਖ ਕੇ ਸਾਡਾ ਸ਼ੋਸ਼ਣ ਕੀਤਾ ਜਾ ਰਿਹਾ ਹੈ। ਸਰਕਾਰ ਨਾਲ ਵਾਰ ਵਾਰ ਮੀਟਿੰਗਾਂ ਕਰਨ 'ਤੇ ਵੀ ਕੋਈ ਹੱਲ ਨਹੀਂ ਕੀਤਾ, ਹੁਣ ਅੱਕ ਕੇ 12 ਅਗਸਤ ਨੂੰ ਮੋਹਾਲੀ ਸਿੱਖਿਆ ਬੋਰਡ ਦਫ਼ਤਰ ਅੱਗੇ ਪੱਕਾ ਧਰਨਾ ਲਗਾਇਆ ਜਾਵੇਗਾ, ਜਿਸ ਵਿੱਚ ਪੂਰੇ ਪੰਜਾਬ ਦੇ ਆਈਈਟੀ ਦੇ ਅਧਿਆਪਕ ਸ਼ਾਮਲ ਹੋਣਗੇ। ਜੇਕਰ ਸਰਕਾਰ ਸਾਡੀਆਂ ਮੰਗਾਂ ਨਹੀਂ ਮੰਨਦੀ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੇ ਨਤੀਜੇ ਆਉਣ ਵਾਲੇ ਸਮੇਂ ਦੇ ਵਿੱਚ ਸਰਕਾਰ ਭੁਗਤੇਗੀ। ਇਸ ਮੌਕੇ ਬਲਵੀਰ ਸਿੰਘ, ਅਵਤਾਰ ਸਿੰਘ, ਪਵਨ ਕੁਮਾਰ, ਹਰਦੀਪ ਸਿੰਘ ਸਰਾਓ, ਸੁਖਵਿੰਦਰ ਸਿੰਘ, ਗੀਤਾ ਰਾਣੀ, ਕਿਰਨਪਾਲ ਕੌਰ, ਨਿਸ਼ਾ ਰਾਣੀ, ਸੁਖਦੀਪ ਕੌਰ, ਅਮਨਦੀਪ ਕੌਰ, ਬਬੀਤਾ ਰਾਣੀ, ਅਨੀਤਾ ਰਾਣੀ, ਜਸਵੀਰ ਸਿੰਘ, ਬੋਰੋਆਂ ਸਿੰਘ, ਬਲਵੀਰ ਸਿੰਘ, ਪ੍ਰਗਟ ਸਿੰਘ ਭੂਮਸੀ, ਨਿਸ਼ਾਨ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ਼ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਾਪਿਆ ਤੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕਾਨਵਾਂ ਦੀ ਸਮੁੱਚੀ ਗ੍ਰਾਮ ਪੰਚਾਇਤ 'ਆਪ' 'ਚ ਸ਼ਾਮਲ

## ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕੀਤਾ ਨਿੱਘਾ ਸਵਾਗਤ

**ਪਠਾਨਕੋਟ (ਦਵਿੰਦਰ ਸਿੰਘ)**- ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਭੋਆ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਕਾਨਵਾਂ ਦੀ ਸਮੁੱਚੀ ਗ੍ਰਾਮ ਪੰਚਾਇਤ ਨੇ ਭਾਜਪਾ ਨੂੰ ਅਲਵਿਦਾ ਕਹਿੰਦਿਆਂ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪੰਚਾਇਤ ਮੈਂਬਰਾਂ ਦਾ ਸਵਾਗਤ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਪਾਰਟੀ ਹੈ ਅਤੇ ਸਰਕਾਰ ਵੱਲੋਂ ਸੂਬੇ ਦੇ ਹਰ ਵਰਗ ਦੀ ਭਲਾਈ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਵਿਅਕਤੀ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ ਅਤੇ ਪਿੰਡ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦਿੱਤੀ ਜਾਵੇਗੀ।ਇਸ ਮੌਕੇ ਪਿੰਡ ਕਾਨਵਾਂ ਦੇ ਸਰਪੰਚ ਸੰਦੀਪ ਕੁਮਾਰ ਸਮੇਤ ਪੰਚਾਇਤ ਮੈਂਬਰ ਕਾਂਤਾ ਰਾਣੀ, ਜੋਤੀ ਬਾਲਾ, ਰਾਜੇਸ਼ ਕੁਮਾਰ, ਪ੍ਰਭਾਤ ਚੰਦ, ਸੁਖਜਿੰਦਰ ਸਿੰਘ, ਪਰਮਜੀਤ ਕੌਰ, ਆਸ਼ਾ ਰਾਣੀ ਅਤੇ ਜੀਤੋ ਦੇਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਪਾਰਟੀ ਆਗੂਆਂ ਵੱਲੋਂ ਨਵੇਂ ਸ਼ਾਮਲ ਹੋਏ ਪੰਚਾਇਤ ਮੈਂਬਰਾਂ ਦਾ ਸਵਾਗਤ ਕਰਦਿਆਂ ਕਿਹਾ ਗਿਆ ਕਿ 'ਆਪ' ਪਰਿਵਾਰ ਵਿੱਚ ਉਨ੍ਹਾਂ ਦਾ ਦਿਲੋਂ ਸਵਾਗਤ ਹੈ।ਇਸ ਮੌਕੇ ਪਵਨ ਕਟਾਰੂਚੱਕ ਚੇਅਰਮੈਨ ਬਲਾਕ ਸੰਮਤੀ ਘਰੋਟਾ, ਬਲਾਕ ਪ੍ਰਧਾਨ ਰਵੀ ਜਗਤਪੁਰ, ਰਿੰਕੂ ਕਾਨਵਾਂ, ਸਰਪੰਚ ਅਸ਼ਵਨੀ ਚਸ਼ਮਾ, ਸ਼ਸ਼ੀ ਬਲਾਕ ਪ੍ਰਧਾਨ ਅਤੇ ਬਲਾਕ ਸੰਮਤੀ ਮੈਂਬਰ ਸਰਵਣ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ।



ਬੁਲਾਰਿਆਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾਣ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ।ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਆਪਸੀ ਸਹਿਯੋਗ ਨਾਲ ਪਿੰਡਾਂ ਦਾ ਵਿਕਾਸ ਕਰਦੇ ਹੋਏ ਮੁੱਖ ਮੰਤਰੀ ਦੀ 'ਰੰਗਲਾ ਪੰਜਾਬ' ਬਣਾਉਣ ਦੀ ਸੋਚ ਨੂੰ ਸਾਕਾਰ ਕੀਤਾ ਜਾਵੇ।

# ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਨੂੰ ਸੂਰਜੀ ਊਰਜਾ ਸਥਾਪਿਤ ਕਰਨ 'ਤੇ ਮਿਲਿਆ ਸਨਮਾਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਖਾਲਸਾ ਕਾਲਜ ਗਵਰਨਿੰਗ ਕੌਂਸਲ ਨੂੰ ਵਾਤਾਵਰਣ ਪੱਖੀ ਅਤੇ ਸਾਫ਼-ਸੁਥਰੇ ਊਰਜੀ ਸਰੋਤਾਂ ਨੂੰ ਅਪਨਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਮਾਨਤਾ ਵਜੋਂ ਦਿੱਲੀ ਸਥਿਤ ਵਿਸ਼ਵ ਪੱਧਰੀ ਵਾਤਾਵਰਣ ਸੰਭਾਲ ਸੰਸਥਾ 'ਅਰਥਡੇਅ ਡਾਟ ਓਆਰਜੀ' ਵੱਲੋਂ 'ਪਲੈਨੈੱਟ ਸਟਾਰਸ' ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਪੁਰਸਕਾਰ ਇਤਿਹਾਸਕ ਖਾਲਸਾ ਕਾਲਜ ਅਤੇ ਹੋਰਨਾਂ ਖਾਲਸਾ ਅਦਾਰਿਆਂ ਦੇ ਕੈਂਪਸਾਂ ਵਿਖੇ ਸਫਲਤਾਪੂਰਵਕ ਸੂਰਜੀ ਊਰਜਾ ਅਪਨਾਉਣ ਅਤੇ ਸਿੱਖਿਆ ਦੇ ਖੇਤਰ 'ਚ ਵਾਤਾਵਰਣ ਸਥਿਰਤਾ ਨੂੰ ਉਤਸ਼ਾਹਿਤ ਕਰਨ ਲਈ ਦਿੱਤਾ ਗਿਆ ਹੈ। ਖਾਲਸਾ ਸੰਸਥਾਵਾਂ ਨੇ ਲਗਭਗ 10 ਸਾਲ ਪਹਿਲਾਂ ਭਾਵ ਸਾਲ 2016 'ਚ ਸੂਰਜੀ ਊਰਜਾ ਲਈ ਦਿੱਲੀ ਸਥਿਤ 'ਐਮਪਲਸ ਐਨਰਜ਼ੀ ਸਲਿਊਸ਼ਨਸ' ਨਾਲ ਸਮਝੌਤਾ ਕੀਤਾ ਸੀ। ਇਸ ਤਹਿਤ ਛੇ ਕਾਲਜਾਂ ਅਤੇ ਸਕੂਲ ਕੈਂਪਸਾਂ ਵਿਖੇ ਸੂਰਜੀ ਪੈਨਲਾਂ ਰਾਹੀਂ ਲਗਭਗ 700 ਕਿਲੋਵਾਟ ਬਿਜਲੀ ਪੈਦਾ ਕੀਤੀ ਜਾ ਰਹੀ ਹੈ। ਇਸ ਉਪਰਾਲੇ ਨਾਲ ਨਾ ਸਿਰਫ਼ ਵਾਤਾਵਰਣ ਦੀ ਸੁਰੱਖਿਆ 'ਚ ਯੋਗਦਾਨ ਪਿਆ ਹੈ, ਸਗੋਂ ਗਵਰਨਿੰਗ ਕੌਂਸਲ ਨੂੰ ਆਰਥਿਕ ਤੌਰ 'ਤੇ ਵੀ ਵੱਡਾ ਫ਼ਾਇਦਾ ਹੋਇਆ ਹੈ ਅਤੇ ਸਸਤੀ ਊਰਜਾ ਦੀ ਵਰਤੋਂ ਕਰਕੇ ਕਰੋੜਾਂ ਰੁਪਏ ਦੀ ਬਚਤ ਹੋਈ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਜੁਆਇੰਟ ਸਕੱਤਰ (ਵਿੱਤ) ਸ: ਗੁਨਬੀਰ ਸਿੰਘ ਦੀ ਮੌਜੂਦਗੀ 'ਚ ਅਰਥਡੇਅਡਾਟਓਆਰਜੀ ਦੀ ਰਿਜਨਲ ਡਾਇਰੈਕਟਰ (ਏਸ਼ੀਆ) ਕਰੁਣਾ ਏ. ਸਿੰਘ ਵੱਲੋਂ ਉਕਤ ਪੁਰਸਕਾਰ ਸੌਂਪਣ ਸਮੇਂ ਕੀਤਾ ਗਿਆ। ਇਸ ਮੌਕੇ ਸ਼੍ਰੀਮਤੀ ਸਿੰਘ ਨੇ ਕਿਹਾ ਕਿ ਉਨ੍ਹਾਂ ਦੁਆਰਾ ਗਵਰਨਿੰਗ ਕੌਂਸਲ ਨੂੰ ਇਸ ਐਵਾਰਡ ਲਈ ਚੁਣ ਕੇ ਮਾਣ ਮਹਿਸੂਸ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਇਸ ਸਾਲ ਇਤਿਹਾਸਕ ਖਾਲਸਾ ਕਾਲਜ ਚੈਰੀਟੇਬਲ ਸੋਸਾਇਟੀ ਨੂੰ ਇਸ ਪੁਰਸਕਾਰ ਲਈ ਚੁਣ ਕੇ ਬਹੁਤ ਖੁਸ਼ੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਖਾਲਸਾ ਸੰਸਥਾਵਾਂ ਸੂਰਜੀ ਊਰਜਾ ਨਾਲ ਆਪਣੇ ਕੈਂਪਸ ਚਲਾਉਣ ਅਤੇ ਸਿੱਖਿਆ 'ਚ ਵਾਤਾਵਰਣਿਕ ਸਥਿਰਤਾ ਨੂੰ ਸ਼ਾਮਿਲ ਕਰਨ ਲਈ ਵਿਲੱਖਣ ਮਿਸਾਲ ਪੇਸ਼ ਕਰਦੀਆਂ ਹਨ। ਉਹ ਦੱਲੀ ਤੋਂ ਅੰਮ੍ਰਿਤਸਰ ਪਹੁੰਚ ਕੇ ਸ: ਛੀਨਾ ਅਤੇ ਸ: ਗੁਨਬੀਰ ਸਿੰਘ ਨੂੰ ਇਹ ਪੁਰਸਕਾਰ ਸੌਂਪਣ ਲਈ ਆਏ ਸਨ। ਇਸ ਐਵਾਰਡ 'ਚ ਪ੍ਰਸ਼ੰਸਾ ਪੱਤਰ ਤੋਂ ਇਲਾਵਾ ਸਨਮਾਨ ਚਿੰਨ੍ਹ ਅਤੇ ਪੌਣ-ਚੱਕੀ (ਵਿੰਡਮਿਲ) ਦਾ ਇਕ ਮਾਡਲ ਸ਼ਾਮਿਲ ਹੈ। ਉਨ੍ਹਾਂ ਕਿਹਾ ਕਿ ਅਜਿਹੇ ਵਾਤਾਵਰਣ ਪੱਖੀ ਉਪਰਾਲੇ ਸਾਡੀ ਧਰਤੀ 'ਤੇ ਸਕਾਰਾਤਮਕ ਪ੍ਰਭਾਵ ਪਾਉਣ ਦੇ ਨਾਲ-ਨਾਲ ਹੋਰਨਾਂ ਨੂੰ ਵੀ ਅਜਿਹੇ ਕਦਮ ਚੁੱਕਣ ਲਈ ਪ੍ਰੇਰਿਤ ਕਰਨਗੇ। ਉਨ੍ਹਾਂ ਨੇ ਕਾਰਬਨ-ਆਧਾਰਿਤ ਇੰਧਨਾਂ ਦੀ ਵਰਤੋਂ ਘਟਾਉਣ ਅਤੇ ਵਿਸ਼ਵ ਪੱਧਰ 'ਤੇ ਵੱਧ ਰਹੇ ਊਰਜਾ ਸੰਕਟ ਸਬੰਧੀ ਵਧੇਰੇ ਜਾਗਰੂਕਤਾ ਪੈਦਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ 'ਚ ਸੂਰਜੀ ਊਰਜਾ ਦੀ ਵਰਤੋਂ ਨੂੰ ਵਧਾਉਣਾ ਬੇਹੱਦ ਜ਼ਰੂਰੀ ਹੈ ਅਤੇ ਸਿੱਖਿਆ ਸੰਸਥਾਵਾਂ ਇਸ ਖੇਤਰ 'ਚ ਮੋਹਰੀ ਭੂਮਿਕਾ ਨਿਭਾਅ ਸਕਦੀਆਂ ਹਨ।



# ਆਰ. ਡੀ. ਖੋਸਲਾ ਸਕੂਲ ਦੇ ਖਿਡਾਰੀਆਂ 17 ਸੋਨ ਤਮਗੇ ਜਿੱਤੇ



**ਬਟਾਲਾ (ਤਰਲੋਕ ਬੱਗਾ)**- ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਲਈ ਇਹ ਬਹੁਤ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ ਖਿਡਾਰੀਆਂ ਨੇ ਪੰਜਾਬ ਪੱਧਰੀ ਜ਼ੋਨਲ ਕਰਾਟੇ ਮੁਕਾਬਲੇ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਫਲਤਾ ਦਾ ਇੱਕ ਨਵਾਂ ਇਤਿਹਾਸ ਰਚਿਆ। ਅੰਡਰ-14, ਅੰਡਰ-17 ਅਤੇ ਅੰਡਰ-19 ਉਮਰ ਵਰਗ ਵਿੱਚ ਲੜਕਿਆਂ ਦੀਆਂ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ, 12 ਸੋਨੇ, 5 ਚਾਂਦੀ ਅਤੇ 3 ਕਾਂਸੇ ਦੇ ਤਮਗੇ ਜਿੱਤੇ। ਕੁੜੀਆਂ ਦੀ ਟੀਮ ਨੇ ਵੀ ਸ਼ਾਨਦਾਰ ਪ੍ਰਤਿਭਾ ਅਤੇ ਆਤਮਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ ਅਤੇ 5 ਸੋਨੇ, 5 ਚਾਂਦੀ ਅਤੇ 3 ਕਾਂਸੇ ਦੇ ਤਮਗੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰ. ਡਾ. ਬਿੰਦੂ ਭੱਲਾ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਅਨੁਸ਼ਾਸਨ, ਸਖ਼ਤ ਮਿਹਨਤ ਅਤੇ ਖੇਡ ਭਾਵਨਾ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਨਾ ਸਿਰਫ਼ ਸਕੂਲ ਲਈ ਸਗੋਂ ਪੂਰੇ ਖੇਤਰ ਲਈ ਮਾਣ ਵਾਲੀ ਗੱਲ ਹੈ।ਇਹ ਸਫਲਤਾ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਕੰਮ ਕਰੇਗੀ।ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਉਹ ਆਉਣ ਵਾਲੇ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਨਗੇ। ਉਨ੍ਹਾਂ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਸਾਰੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ, ਕੋਚ ਮਨਜਿੰਦਰ ਸਿੰਘ ਨੂੰ ਸ਼ੁਭਕਾਮਨਾਵਾਂ ਅਤੇ ਵਧਾਈਆਂ ਦਿੱਤੀਆਂ।

# ਬਿਆਸ ਪੇਂਡੂ ਫੁੱਟਬਾਲ ਲੀਗ 2026 ਦਾ ਉਦਘਾਟਨੀ ਮੈਚ ਕਰਵਾਇਆ

**ਬਿਆਸ (ਪਰਮਜੀਤ ਸਿੰਘ ਰੱਖੜਾ)** ਬਿਆਸ ਫੁੱਟਬਾਲ ਗਰਾਊਂਡ ਵਿੱਚ ਪੇਂਡੂ ਫੁੱਟਬਾਲ ਲੀਗ 2026 ਦਾ ਉਦਘਾਟਨੀ ਮੈਚ ਕਰਵਾਇਆ ਗਿਆ। ਇਸ ਲੀਗ ਵਿੱਚ 32 ਟੀਮਾਂ ਹਿੱਸਾ ਲੈ ਰਹੀਆਂ ਹਨ। ਇਹ ਲੀਗ ਅੰਮ੍ਰਿਤਸਰ ਫੁੱਟਬਾਲ ਕਮੇਟੀ ਵੱਲੋਂ ਕਰਵਾਈ ਜਾਂਦੀ ਹੈ, ਜਿਸ ਦਾ ਉਦਘਾਟਨ ਸੰਜੀਵ ਭੰਡਾਰੀ ਪ੍ਰਧਾਨ ਨਗਰ ਪੰਚਾਇਤ ਰਈਆ ਅਤੇ ਡਾਕਟਰ ਰਜਿੰਦਰ ਰਿਖੀ, ਸੂਬੇਦਾਰ ਸਰਬਜੀਤ ਸਿੰਘ ਮੀਤ ਪ੍ਰਧਾਨ ਨਗਰ ਪੰਚਾਇਤ ਰਈਆ, ਸਰਬਜੀਤ ਸਿੰਘ ਮਾਨ, ਐਡਵੋਕੇਟ ਕਾਰਤਿਕ ਰਿਖੀ ਦੇ ਸਾਰੇ ਸਾਥੀਆਂ ਵੱਲੋਂ ਮੈਚ ਦਾ ਉਦਘਾਟਨ ਕੀਤਾ ਗਿਆ। ਟੂਰਨਾਮੈਂਟ ਵਿੱਚ ਬਿਆਸ ਦੇ ਸਾਰੇ ਸੀਨੀਅਰ ਖਿਡਾਰੀ ਮੌਜੂਦ ਸਨ। ਸੁਖਦੇਵ ਸਿੰਘ ਨੇ ਦੱਸਿਆ ਕਿ ਇਹ ਫੁੱਟਬਾਲ ਲੀਗ ਦੇ ਮੈਚ ਹਰ ਪਿੰਡ ਵਿੱਚ ਕਰਵਾਏ ਜਾਣਗੇ। ਇਹ ਲੀਗ ਘੱਟੋ-ਘੱਟ ਦੋ ਮਹੀਨੇ ਲਗਾਤਾਰ ਚੱਲਣੀ ਹੈ। ਬਿਆਸ ਗਰਾਊਂਡ ਵਿੱਚ ਬੱਚਿਆਂ ਦਾ ਸ਼ੋਅ ਮੈਚ ਅਤੇ ਲੀਗ ਦੇ ਦੋ ਮੈਚ ਕਰਵਾਏ ਗਏ, ਜਿਸ ਵਿੱਚ ਪਹਿਲਾ ਮੈਚ ਭੋਏਵਾਲ ਵਰਸਿਜ ਮਾਨ ਪਿੰਡ ਵਿਚਕਾਰ ਹੋਇਆ। ਦੂਜਾ ਮੈਚ ਬਿਆਸ ਵਰਸਿਜ ਟਾਂਗਰਾ ਵਿਚਾਲੇ ਹੋਇਆ। ਪਹਿਲਾ ਮੈਚ ਭੋਏਵਾਲ ਨੇ ਦੋ-ਇਕ ਨਾਲ ਜਿੱਤਿਆ ਤੇ ਦੂਜਾ ਮੈਚ ਬਿਆਸ ਟੀਮ ਨੇ ਤਿੰਨ-ਇੱਕ ਨਾਲ ਜਿੱਤਿਆ।




ਇਸ ਮੌਕੇ ਸੀਨੀਅਰ ਖਿਡਾਰੀ ਸੁਖਦੇਵ ਸਿੰਘ ਬਿਆਸ, ਨਵਤੇਜ ਸੋਨੀ, ਗੁਰਸ਼ਰਨ ਸਿੰਘ ਬੱਬੀ. ਗੁਰਪ੍ਰੀਤ ਬੱਬਲੂ, ਜਤਿੰਦਰ ਕਾਲੂ, ਸਾਬੀ ਢਿੱਲੋਂ, ਸੰਦੀਪ ਸਿੰਘ ਵਿਰਦੀ, ਮਾਨ ਸਿੰਘ. ਨਵਕਿਰਨ ਹੈਪੀ ਕੋਚ, ਜੋਤੀ ਢਿੱਲੋਂ, ਲਵ ਬਿਆਸ, ਸੌਖੀ ਲੱਕੀ, ਸ਼ਰਨ, ਨੂਰ, ਗਗਨ, ਜੋਤੀ ਕਮਲੀ ਬਿੱਲਾ, ਸੁਖਦੇਵ ਸਿੰਘ ਬਾਬਾ ਅਤੇ ਹੋਰ ਖਿਡਾਰੀ ਵੀ ਮੌਜੂਦ ਸਨ।

ਸਾਰੇ ਖਿਡਾਰੀਆਂ ਨੇ ਗਰਾਊਂਡ ਵਿੱਚ ਬਹੁਤ ਹੀ ਤਹਿ ਦਿਲੋਂ ਸੇਵਾ ਕੀਤੀ ਅਤੇ ਸੁਖਦੇਵ ਸਿੰਘ ਨੇ ਜਿੰਨੇ ਵੀ ਅੰਮ੍ਰਿਤਸਰ ਕਮੇਟੀ ਦੇ ਮੈਂਬਰ ਆਏ ਅਤੇ ਜੋ ਮੁੱਖ ਮਹਿਮਾਨ ਆਏ, ਉਹਨਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਦੂਜੇ ਮੈਚ ਵਿੱਚ ਬਾਸਕਿਟਬਾਲ ਦੇ ਉਲੰਪੀਅਨ ਪੀ ਐੱਸ ਤੇਜਾ ਨੇ ਵੀ ਬੱਚਿਆਂ ਦਾ ਹੌਸਲਾ ਵਧਾਇਆ।

# ਮੰਗਾਂ ਨੂੰ ਲੈ ਕੇ ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਪੰਜਾਬ ਦੇ ਮੰਡਲ ਯੂਨਿਟ ਧਾਰੀਵਾਲ ਦੀ ਮੀਟਿੰਗ

**ਧਾਰੀਵਾਲ, (ਮਨਦੀਪ ਵਿੱਕੀ)**- ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਪੰਜਾਬ ਦੇ ਮੰਡਲ ਯੂਨਿਟ ਧਾਰੀਵਾਲ ਦੀ ਮੀਟਿੰਗ ਸਾਥੀ ਹਰਕਿਰਪਾਲ ਸਿੰਘ ਸੋਹਲ ਅਤੇ ਸੂਬਾ ਆਗੂ ਹਜਾਰਾ ਸਿੰਘ ਗਿੱਲ ਦੀ ਅਗਵਾਈ ਵਿੱਚ ਹੋਈ।ਮੀਟਿੰਗ ਦੌਰਾਨ ਸਕੱਤਰ ਮਹਿੰਦਰ ਪਾਲ ਸਿੰਘ ਅਤੇ ਹਜਾਰਾ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਮੁਲਾਜ਼ਮ ਤੇ ਪੈਨਸ਼ਨਰਜ਼ ਮਾਰੂ ਨੀਤੀਆਂ ਸ਼ੁਰੂ ਕਰਕੇ ਅਤੇ ਮੁਲਾਜ਼ਮਾਂ ਪੈਨਸ਼ਨਰਾਂ ਦੇ ਡੀ ਏ ਉਪਰ ਰੋਕ ਲਗਾਉਣ ਸੰਬੰਧੀ ਹਾਈ ਕੋਰਟ ਦੇ ਡਬਲ ਬੈਂਚ ਵਿੱਚ ਅਪੀਲ ਪਾ ਕੇ ਮੁਲਾਜ਼ਮ/ਪੈਨਸ਼ਨਰ ਮਾਰੂ ਹੋਣ ਦਾ ਸਬੂਤ ਦਿੱਤਾ ਹੈ। ਇਸ ਤੋਂ ਇਲਾਵਾ ਸ਼ਾਂਤੀਪੂਰਵਕ ਰੋਸ ਪ੍ਰਦਰਸ਼ਨ ਕਰ ਰਹੇ ਅਪਰੈਂਟਿਸ ਲਾਈਨਮੈਨਾਂ ਤੇ ਸਫਾਈ ਸੇਵਕਾਂ ਤੇ ਅੰਨ੍ਹੇਵਾਹ ਪੁਲਸ ਲਾਠੀਚਾਰਜ ਕਰਵਾ ਕੇ ਵਾਸਤਵ ਵਿੱਚ ਤਾਨਾਸ਼ਾਹ ਸਰਕਾਰ ਹੋਣ ਦਾ ਜੋ ਸਬੂਤ ਪੇਸ਼ ਕੀਤਾ ਹੈ ਉਸਦਾ ਜਵਾਬ ਮੁਲਾਜ਼ਮ ਤੇ ਪੈਨਸ਼ਨਰ 2027 ਦੀਆਂ ਚੋਣਾਂ ਵਿੱਚ ਦੇਣਗੇ। ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਹਾਈ ਕੋਰਟ ਦੇ ਡੀ ਏ ਜਾਰੀ ਕਰਨ ਦੇ ਫੈਸਲੇ ਨੂੰ ਸਮਾਂਬੱਧ ਲਾਗੂ ਕਰੇ ਅਤੇ 17/07/20 ਤੋਂ ਬਾਅਦ ਭਰਤੀ ਮੁਲਾਜ਼ਮਾਂ ਨੂੰ ਪੰਜਾਬ ਦਾ ਛੇਵਾਂ ਪੇ ਰਵੀਜ਼ਨ ਸਕੇਲ ਲਾਗੂ ਕਰੇ, 15/01/2015 ਵਾਲਾ ਸਰਕੂਲਰ ਵਾਪਸ ਲੈ ਕੇ ਪਰਖ ਕਾਲ ਸਮੇਂ ਦੌਰਾਨ ਪੂਰੀ ਤਨਖਾਹ ਜਾਰੀ ਕਰੇ, ਕੱਚੇ ਮੁਲਾਜ਼ਮ ਪੱਕੇ ਕਰੇ, ਕੈਸ਼ਲੈੱਸ ਮੈਡੀਕਲ ਸਕੀਮ ਸੋਧ ਕੇ ਮੁੜ ਲਾਗੂ ਕਰੇ, ਬਿਜਲੀ ਯੂਨਿਟਾਂ ਦੀ ਰਿਆਇਤ ਬਿਜਲੀ ਮੁਲਾਜ਼ਮਾਂ 'ਤੇ ਜੋ 2011 ਤੋਂ ਬਾਅਦ ਭਰਤੀ ਹੋਏ ਹਨ ਅਤੇ ਪੈਨਸ਼ਨਰਾਂ ਨੂੰ ਵੀ ਲਾਗੂ ਕਰੇ, 200 ਰੁਪਏ ਡਿਵੈੱਲਪਮੈਂਟ ਟੈਕਸ ਪੈਨਸ਼ਨਰਾਂ ਦਾ ਬੰਦ ਕੀਤਾ ਜਾਵੇ ਅਤੇ ਟਕਰਾਅ ਦੀ ਨੀਤੀ ਤਿਆਗ ਕੇ ਟੇਬਲ ਟਾਕ ਰਾਹੀਂ ਮੁਲਾਜ਼ਮਾਂ/ਪੈਨਸ਼ਨਰਾਂ ਦੇ ਹੱਕੀ ਮਸਲੇ ਤੁਰੰਤ ਹੱਲ ਕਰੇ।



ਮੀਟਿੰਗ ਵਿੱਚ ਵਰਿੰਦਰ ਸਿੰਘ, ਵਜੀਰ ਸਿੰਘ, ਸੱਤਪਾਲ ਸਿੰਘ, ਜੋਗਿੰਦਰ ਸਿੰਘ ਐੱਸਡੀਓ, ਰਣਧੀਰ ਸਿੰਘ, ਅਰਜਨਜੀਤ ਸਿੰਘ, ਸੁਖਵਿੰਦਰ ਸਿੰਘ, ਮਹਿੰਦਰ ਸਿੰਘ, ਵਾਰਿਸ ਮਸੀਹ, ਸੰਗਤ ਸਿੰਘ, ਸਤਨਾਮ ਸਿੰਘ, ਹਰਪਾਲ ਸਿੰਘ, ਗੁਰਮੀਤ ਸਿੰਘ, ਅਸ਼ੋਕ ਕੁਮਾਰ, ਦਵਿੰਦਰ ਸਿੰਘ, ਬਲਜੀਤ ਸਿੰਘ, ਮੱਖਣ ਸਿੰਘ, ਹਰਭਜਨ ਸਿੰਘ, ਵਰਿੰਦਰ ਕੁਮਾਰ, ਪਰਮਜੀਤ ਸਿੰਘ, ਸਵਰਨ ਮਸੀਹ, ਸਾਥੀ ਕੁਲਵੰਤ ਸਿੰਘ ਸੱਗੂ, ਸਰੂਪ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਪੈਨਸ਼ਨਰ ਸਾਥੀ ਸ਼ਾਮਲ ਸਨ।

# ਪਿੰਡਾਂ 'ਚ ਠੋਸ ਕੂੜੇ ਦੇ ਸੁਚੱਜੇ ਪ੍ਰਬੰਧਨ ਲਈ ਗਤੀਵਿਧੀਆਂ 'ਚ ਤੇਜ਼ੀ ਲਿਆਉਣ ਦੇ ਨਿਰਦੇਸ਼

**ਅੰਮ੍ਰਿਤਸਰ, ਬਿਆਸ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਪਰਮਜੀਤ ਸਿੰਘ ਰੱਖੜਾ)** ਪਿੰਡਾਂ ਵਿੱਚ ਠੋਸ ਕੂੜੇ ਦੇ ਸੁਚੱਜੇ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਅੰਮ੍ਰਿਤਸਰ ਸੁਰਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਵੱਖ-ਵੱਖ ਪਿੰਡਾਂ ਦੇ ਸਰਪੰਚਾਂ, ਪੰਚਾਂ, ਪੰਚਾਇਤ ਸਕੱਤਰਾਂ ਅਤੇ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਦੇ ਫੀਲਡ ਸਟਾਫ਼ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਠੋਸ ਕੂੜੇ ਨੂੰ ਘਰ-ਘਰ ਤੋਂ ਇਕੱਠਾ ਕਰਨ, ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਰੱਖਣ ਅਤੇ ਇਸ ਦੇ ਸੁਚੱਜੇ ਪ੍ਰਬੰਧਨ ਸਬੰਧੀ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ। ਉਨ੍ਹਾ ਕਿਹਾ ਕਿ ਘਰਾਂ ਤੋਂ ਕੂੜਾ ਇਕੱਠਾ ਕਰਕੇ ਇਸ ਦਾ ਵਿਗਿਆਨਕ ਢੰਗ ਨਾਲ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਮੀਟਿੰਗ ਵਿੱਚ ਪਿੰਡ ਬੁਤਾਲਾ ਦੇ ਸਰਪੰਚ ਸੁਖਵਿੰਦਰ ਸਿੰਘ ਵੱਲੋਂ ਦੱਸਿਆ ਗਿਆ ਕਿ ਉਨ੍ਹਾ ਦੇ ਪਿੰਡ ਵਿੱਚ ਸਾਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਰਾਹੀਂ ਠੋਸ ਕੂੜੇ ਦਾ ਪ੍ਰਬੰਧਨ ਕੀਤਾ ਜਾ ਰਿਹਾ ਹੈ। ਘਰ-ਘਰ ਤੋਂ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਇਕੱਠਾ ਕੀਤਾ ਜਾਂਦਾ ਹੈ ਅਤੇ ਕੂੜਾ ਇਕੱਠਾ ਕਰਨ ਵਾਲੀਆਂ ਰੇਹੜੀਆਂ ਰਾਹੀਂ ਇਸ ਨੂੰ ਸਾਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਤੱਕ ਪਹੁੰਚਾਇਆ ਜਾਂਦਾ ਹੈ। ਇੱਥੇ ਗਿੱਲੇ ਕੂੜੇ ਤੋਂ ਜੈਵਿਕ ਖਾਦ ਤਿਆਰ ਕੀਤੀ ਜਾ ਰਹੀ ਹੈ। ਉਨ੍ਹਾ ਦੱਸਿਆ ਕਿ ਘਰ-ਘਰ ਤੋਂ ਕੂੜਾ ਇਕੱਠਾ ਕਰਨ ਲਈ ਪ੍ਰਤੀ ਘਰ 100 ਰੁਪਏ ਲਏ ਜਾ ਰਹੇ ਹਨ। ਪਿੰਡ ਧਰਦਿਓ ਦੇ ਸਰਪੰਚ ਕਵਲਜੀਤ ਕੌਰ ਅਤੇ ਪਿੰਡ ਹੇਰ ਦੇ ਸਰਪੰਚ ਮਨਿੰਦਰ ਸਿੰਘ ਵੱਲੋਂ ਵੀ ਦੱਸਿਆ ਗਿਆ ਕਿ ਉਨ੍ਹਾਂ ਦੇ ਪਿੰਡਾਂ ਵਿੱਚ ਠੋਸ ਕੂੜੇ ਦੇ ਪ੍ਰਬੰਧਨ ਲਈ ਕੰਮ ਕੀਤਾ ਜਾ ਰਿਹਾ ਹੈ ਅਤੇ ਜਲਦ ਹੀ ਪਿੰਡਾਂ ਵਿੱਚ ਠੋਸ ਕੂੜੇ ਦਾ ਢੁਕਵਾਂ ਪ੍ਰਬੰਧ ਯਕੀਨੀ ਬਣਾਇਆ ਜਾਵੇਗਾ। ਮੀਟਿੰਗ ਵਿੱਚ ਪ੍ਰੀਤ ਮਹਿੰਦਰ ਸਿੰਘ ਸਹੋਤਾ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ, ਅਮਨਦੀਪ ਸ਼ਰਮਾ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਅਟਾਰੀ, ਬਿਕਰਮਜੀਤ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਵੇਰਕਾ ਕਿਰਨਦੀਪ ਕੌਰ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਹਰਸ਼ਾ ਛੀਨਾ, ਅਮਨਦੀਪ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਮਜੀਠਾ, ਸੁਲੱਖਣ ਸਿੰਘ, ਉਪ ਮੰਡਲ ਇੰਜੀਨੀਅਰ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਦੇ ਫੀਲਡ ਸਟਾਫ਼ ਅਤੇ ਵੱਖ-ਵੱਖ ਪਿੰਡਾਂ ਦੇ ਸਰਪੰਚ ਹਾਜ਼ਰ ਸਨ।



# ਵੇਰਕਾ ਮਿਲਕ ਪਲਾਂਟ ਦੀਆਂ ਸਮੱਸਿਆਵਾਂ ਨੂੰ ਲੈ ਕੇ ਮਾਝਾ ਸਕੱਤਰ ਯੂਨੀਅਨ ਅੰਮ੍ਰਿਤਸਰ ਦੀ ਮੀਟਿੰਗ

## ਹਫ਼ਤੇ ਦਾ ਅਲਟੀਮੇਟਮ, ਮੰਗਾਂ ਨਾ ਮੰਨੀਆਂ ਤਾਂ ਵੱਡਾ ਸੰਘਰਸ਼ ਵਿੱਢਣ ਦੀ ਦਿੱਤੀ ਚੇਤਾਵਨੀ

**ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ):** ਮਾਝਾ ਸਕੱਤਰ ਯੂਨੀਅਨ ਅੰਮ੍ਰਿਤਸਰ ਵੱਲੋਂ ਤਰਨ ਤਾਰਨ ਸਥਿਤ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਯੂਨੀਅਨ ਦੇ ਪ੍ਰਧਾਨ ਭੁਪਿੰਦਰ ਸਿੰਘ ਸੰਧੂ ਅਤੇ ਵਾਈਸ ਪ੍ਰਧਾਨ ਗੁਰਸਾਹਿਬ ਸਿੰਘ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ।ਇਸ ਦੌਰਾਨ ਵੇਰਕਾ ਮਿਲਕ ਪਲਾਂਟ ਅੰਮ੍ਰਿਤਸਰ ਨਾਲ ਸਬੰਧਤ ਕਿਸਾਨਾਂ ਅਤੇ ਦੁੱਧ ਸਭਾਵਾਂ ਨੂੰ ਆ ਰਹੀਆਂ ਮੁਸ਼ਕਲਾਂ ਸਮੇਤ ਕਈ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਯੂਨੀਅਨ ਆਗੂਆਂ ਨੇ ਦੋਸ਼ ਲਗਾਇਆ ਕਿ ਵੇਰਕਾ ਮਿਲਕ ਪਲਾਂਟ ਵੱਲੋਂ ਦੁੱਧ ਦੀ ਫੈਟ ਅਤੇ ਗ੍ਰੈਵਿਟੀ ਦੀ ਜਾਂਚ ਵਰਤੇ ਜਾਂਦੇ ਸਾਜ਼ੋ-ਸਾਮਾਨ ਸਬੰਧੀ ਕਿਸਾਨਾਂ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਪਲਾਂਟ ਦੀ ਲੈਬ ਵਿੱਚ ਵਰਤੇ ਜਾਂਦੇ ਪਿਪੇਟ, ਇਲੈਕਟ੍ਰੋਮੀਟਰ ਅਤੇ ਬਰਮੀਟਰ ਆਦਿ ਸਾਜ਼-ਸਾਮਾਨ ਸਬੰਧੀ ਗੰਭੀਰ ਖਾਮੀਆਂ ਸਾਹਮਣੇ ਆਈਆਂ ਹਨ, ਜਿਸ ਕਾਰਨ ਕਿਸਾਨਾਂ ਦੇ ਦੁੱਧ ਦੀ ਫੈਟ ਅਤੇ ਗ੍ਰੈਵਿਟੀ ਦੀ ਜਾਂਚ ਪ੍ਰਭਾਵਿਤ ਹੋ ਰਹੀ ਹੈ।ਆਗੂਆਂ ਨੇ ਕਿਹਾ ਕਿ ਇਸ ਮਾਮਲੇ ਸਬੰਧੀ ਪਹਿਲਾਂ ਵੀ ਵੇਰਕਾ ਮਿਲਕ ਪਲਾਂਟ ਦੇ ਅਧਿਕਾਰੀਆਂ ਨਾਲ ਕਈ ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਹਨ ਪਰ ਸਮੱਸਿਆ ਦਾ ਕੋਈ ਠੋਸ ਹੱਲ ਨਹੀਂ ਕੀਤਾ ਗਿਆ।ਇਸੇ ਤਰ੍ਹਾਂ ਕਿਸਾਨਾਂ ਨੂੰ ਦਿੱਤੀ ਜਾਣ ਵਾਲੀ ਫੀਡ ਦੇ ਰੇਟਾਂ ਵਿੱਚ ਕੀਤੇ ਵਾਧੇ 'ਤੇ ਵੀ ਚਿੰਤਾ ਜ਼ਾਹਰ ਕਰਦਿਆਂ ਉਨ੍ਹਾਂ ਕਿਹਾ ਕਿ ਫੀਡ ਦੀ ਗੁਣਵੱਤਾ ਵਿੱਚ ਸੁਧਾਰ ਅਤੇ ਰੇਟ ਜਾਇਜ਼ ਕਰਨ ਦੀ ਮੰਗ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਹੈ, ਪਰ ਇਸ ਵੱਲ ਵੀ ਕੋਈ ਧਿਆਨ ਨਹੀਂ ਦਿੱਤਾ ਗਿਆ। ਯੂਨੀਅਨ ਨੇ ਦੋਸ਼ ਲਗਾਇਆ ਕਿ ਕਈ ਦੁੱਧ ਸਭਾਵਾਂ 'ਤੇ ਫੀਡ ਧੱਕੇ ਨਾਲ ਦਿੱਤੀ ਜਾ ਰਹੀ ਹੈ, ਜਦਕਿ ਬਹੁਤ ਸਾਰੇ ਛੋਟੇ ਕਿਸਾਨ ਇਸ ਨੂੰ ਖਰੀਦਣ ਦੀ ਸਮਰੱਥਾ ਨਹੀਂ ਰੱਖਦੇ।ਇਸ ਤੋਂ ਇਲਾਵਾ ਦੁੱਧ ਸਭਾਵਾਂ ਦੇ ਫੰਡਾਂ ਵਿੱਚ ਵਾਧਾ ਕੀਤੇ ਜਾਣ ਦੇ ਬਾਵਜੂਦ ਸਭਾਵਾਂ ਨੂੰ ਮਿਲਣ ਵਾਲੇ ਕਮਿਸ਼ਨ ਸਬੰਧੀ ਵੀ ਸਪੱਸ਼ਟਤਾ ਦੀ ਮੰਗ ਕੀਤੀ ਗਈ।ਆਗੂਆਂ ਮੁਤਾਬਕ ਸਭਾਵਾਂ ਨੂੰ ਮੌਜੂਦਾ ਸਮੇਂ ਵਿੱਚ ਢਾਈ ਫ਼ੀਸਦੀ ਕਮਿਸ਼ਨ ਮਿਲਦਾ ਹੈ, ਜਦਕਿ ਕੈਸ਼ ਬੁੱਕ ਵਿੱਚ ਛੇ ਫ਼ੀਸਦੀ ਦੇ ਹਿਸਾਬ ਨਾਲ ਐਂਟਰੀ ਕੀਤੇ ਜਾਣ ਦੀ ਗੱਲ ਸਾਹਮਣੇ ਆ ਰਹੀ ਹੈ।ਮੀਟਿੰਗ ਦੌਰਾਨ ਯੂਨੀਅਨ ਵੱਲੋਂ ਵੇਰਕਾ ਪਲਾਂਟ ਦੇ ਬੋਰਡ ਆਫ਼ ਡਾਇਰੈਕਟਰਜ਼, ਜੀ. ਐੱਮ. ਵੇਰਕਾ ਪਲਾਂਟ ਅੰਮ੍ਰਿਤਸਰ ਅਤੇ ਸਬੰਧਤ ਉੱਚ ਅਧਿਕਾਰੀਆਂ ਨੂੰ ਇੱਕ ਹਫ਼ਤੇ ਦਾ ਸਮਾਂ ਦਿੱਤਾ ਗਿਆ।ਯੂਨੀਅਨ ਨੇ ਮੰਗ ਕੀਤੀ ਕਿ ਦੁੱਧ ਦੇ ਸੈਂਪਲ ਕੱਢਣ ਅਤੇ ਜਾਂਚ ਕਰਨ ਲਈ ਸਹੀ ਤੇ ਪੂਰੀ ਤਰ੍ਹਾਂ ਐਕਿਊਰੇਟ ਸਾਜ਼ੋ-ਸਾਮਾਨ ਮੁਹੱਈਆ ਕਰਵਾਇਆ ਜਾਵੇ। ਯੂਨੀਅਨ ਆਗੂਆਂ ਨੇ ਇਹ ਵੀ ਮੰਗ ਕੀਤੀ ਕਿ ਸਾਰੀਆਂ ਦੁੱਧ ਸਭਾਵਾਂ, ਟੈਂਕਰਾਂ ਅਤੇ ਲੈਬ ਨਾਲ ਸਬੰਧਤ ਦੋਵੇਂ ਇੰਚਾਰਜਾਂ ਦੀ ਭੂਮਿਕਾ ਦੀ ਜਾਂਚ ਕਰਕੇ ਉਨ੍ਹਾਂ ਖ਼ਿਲਾਫ਼ ਤੁਰੰਤ ਕਾਰਵਾਈ ਕੀਤੀ ਜਾਵੇ।ਉਨ੍ਹਾਂ ਦਾਅਵਾ ਕੀਤਾ ਕਿ ਅਧਿਕਾਰੀਆਂ ਦੀ ਮਿਲੀਭੁਗਤ ਵਿੱਚ ਲੈਬ ਵਿੱਚ ਜਾ ਕੇ ਪਿਪੇਟ ਅਤੇ ਇਲੈਕਟ੍ਰੋਮੀਟਰ ਦੀ ਜਾਂਚ ਕੀਤੀ ਗਈ, ਜਿੱਥੇ ਮਾਪ ਵਿੱਚ ਕਮੀ ਪਾਈ ਗਈ ਅਤੇ ਇਸ ਸਬੰਧੀ ਲੈਬ ਇੰਚਾਰਜ ਵੱਲ ਵੀ ਗੱਲ ਕਬੂਲ ਕੀਤੇ ਜਾਣ ਦਾ ਯੂਨੀਅਨ ਨੇ ਦਾਅਵਾ ਕੀਤਾ।ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਇੱਕ ਹਫ਼ਤੇ ਦੇ ਅੰਦਰ-ਅੰਦਰ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਮਾਝਾ ਸਕੱਤਰ ਯੂਨੀਅਨ ਵੱਲੋਂ ਕਿਸਾਨ ਜਥੇਬੰਦੀਆਂ ਨੂੰ ਨਾਲ ਲੈ ਕੇ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।ਉਨ੍ਹਾਂ ਕਿਹਾ ਕਿ ਦੁੱਧ ਦੇ ਸੈਂਪਲ ਕੱਢਣ ਵਾਲੇ ਸਾਜ਼ੋ-ਸਾਮਾਨ ਸਬੰਧੀ ਹੈੱਡ ਆਫ਼ਿਸ ਦੇ ਨੁਮਾਇੰਦਿਆਂ ਵੱਲੋਂ ਵੀ ਅੜਿੱਕੇ ਪੈਦਾ ਕੀਤੇ ਜਾਣ ਦੇ ਦੋਸ਼ ਹਨ।ਜੇਕਰ ਲੋੜ ਪਈ ਤਾਂ ਹੈੱਡ ਆਫ਼ਿਸ ਖ਼ਿਲਾਫ਼ ਵੀ ਸੰਘਰਸ਼ ਵਿੱਢਿਆ ਜਾਵੇਗਾ।



# ਦਿਵਯ ਜਯੋਤੀ ਜਾਗਰਤੀ ਸੰਸਥਾਨ ਵੱਲੋਂ ਪੌਦੇ ਲਾਉਣ ਤੇ ਵੰਡਣ ਦਾ ਸੁਹਿਰਦ ਉਪਰਾਲਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਦੁਆਰਾ ਸੰਰਕਸ਼ਣ ਪ੍ਰੋਜੈਕਟ ਦੇ ਤਹਿਤ ਸਾਧਵੀ ਪਰਮਜੀਤ ਭਾਰਤੀ ਦੁਆਰਾ ਪੌਦੇ ਲਗਾਏ ਤੇ ਵੰਡੇ ਗਏ ਕਿਉਂਕਿ ਸਾਡਾ ਵਾਤਾਵਰਨ ਬਹੁਤ ਦੂਸ਼ਿਤ ਹੁੰਦਾ ਜਾ ਰਿਹਾ ਹੈ। ਅਸੀਂ ਜਿਸ ਹਵਾ ਅੰਦਰ ਸਾਹ ਲੈਂਦੇ ਹਾਂ ਉਹ ਹਵਾ ਸਾਹ ਲੈਣ ਦੇ ਯੋਗ ਨਹੀਂ ਹੈ। ਜਿਸ ਪਾਣੀ ਨੂੰ ਅਸੀਂ ਪੀਂਦੇ ਹਾਂ ਉਹ ਵੀ ਦੂਸ਼ਿਤ ਹੋ ਚੁੱਕਾ ਹੈ।ਇਸ ਦਾ ਸਭ ਤੋਂ ਵੱਡਾ ਕਾਰਨ ਅੱਜ ਇਹ ਹੈ ਕਿ ਲਗਾਤਾਰ ਦਰੱਖ਼ਤਾਂ ਦੀ ਕਟਾਈ ਹੋ ਰਹੀ ਹੈ।ਸਾਡਾ ਸਰੀਰ ਇੱਕ ਜਟਿਲ ਮਸ਼ੀਨ ਦੀ ਤਰ੍ਹਾਂ ਹੈ।ਸਾਡਾ ਸਰੀਰ ਨੂੰ 21 ਰਸਾਇਣਿਕ ਤੱਤ ਸੰਚਾਲਿਤ ਕਰਦੇ ਹਨ।ਇਸਦੇ ਵਿੱਚੋਂ ਚਾਰ ਪ੍ਰਮੁੱਖ ਤੱਤ- ਆਕਸੀਜਨ, ਕਾਰਬਨ, ਹਾਈਡਰੋਜਨ ਤੇ ਨਾਈਟਰੋਜਨ ਹੈ।ਕੁੱਲ ਮਿਲਾ ਕੇ ਇਹ ਸਾਰੇ ਤੱਤ ਸਾਨੂੰ ਪ੍ਰਕਿਰਤੀ ਤੋਂ ਪ੍ਰਾਪਤ ਹੁੰਦੇ ਹਨ।ਇਨ੍ਹਾਂ ਤੱਤਾਂ ਦੇ ਵਿੱਚੋਂ ਸਭ ਤੋਂ ਮਹੱਤਵਪੂਰਨ ਆਕਸੀਜਨ ਹੈ ਜੋ ਸਾਨੂੰ ਰੁੱਖਾਂ ਤੋਂ ਹੀ ਮਿਲ ਸਕਦੀ ਹੈ।ਇਸ ਲਈ ਜਦੋਂ ਅਸੀਂ ਇੱਕ ਰੁੱਖ ਨੂੰ ਬਚਾਉਂਦੇ ਹਾਂ ਜਾਂ ਲਗਾਉਂਦੇ ਹਾਂ ਤਾਂ ਅਸਲ ਵਿੱਚ ਅਸੀਂ ਸਿਰਫ ਪ੍ਰਕਿਰਤੀ ਨੂੰ ਨਹੀਂ, ਖੁਦ ਨੂੰ ਬਚਾਉਣ ਦੀ ਕੋਸ਼ਿਸ਼ ਕਰਦੇ ਹਾਂ।ਇਸ ਲਈ ਪ੍ਰਕਿਰਤੀ ਤੇ ਸਾਡਾ ਸਰੀਰ ਰਚਨਾ ਧਰਤੀ ਦੇ ਤੱਤਾਂ ਤੋਂ ਹੀ ਕੀਤੀ ਹੈ।ਪ੍ਰਕਿਰਤੀ ਹਰ ਪਲ ਸਾਡੇ ਲਈ ਕੁਝ ਨਾ ਕੁਝ ਕਰਦੀ ਰਹਿੰਦੀ ਹੈ।ਸਿਰਫ ਇੱਕ ਰੁੱਖ 10 ਲੋਕਾਂ ਦੇ ਲਈ ਆਕਸੀਜਨ ਦਿੰਦਾ ਹੈ।ਜਦੋਂ ਅਸੀਂ ਰੁੱਖਾਂ ਨੂੰ ਬਚਾਉਂਦੇ ਹਾਂ ਤਾਂ ਖੁਦ ਨੂੰ ਹੀ ਬਚਾਉਣ ਦੀ ਕੋਸ਼ਿਸ਼ ਕਰਦੇ ਹਾਂ।ਰੁੱਖਾਂ ਤੋਂ ਕਈ ਰੋਗਾਂ ਦੀ ਮੁਕਤੀ ਦੇ ਲਈ ਦਵਾਈਆਂ ਬਣਾਈਆਂ ਜਾਂਦੀਆਂ ਹਨ।ਜੰਗਲੀ ਜੀਵਾਂ ਨੂੰ ਰਹਿਣ ਲਈ ਆਸਰਾ ਪ੍ਰਦਾਨ ਕਰਦੇ ਹਨ।ਇੰਨੇ ਫਾਇਦੇ ਹੋਣ ਦੇ ਬਾਵਜੂਦ ਵੀ ਅਸੀਂ ਰੁੱਖਾਂ ਨੂੰ ਲਗਾਤਾਰ ਕੱਟਦੇ ਜਾ ਰਹੇ ਹਾਂ।ਹਰ ਸਾਲ ਰੁੱਖਾਂ ਦੀ ਕਟਾਈ ਦੇ ਕਾਰਨ 5 ਅਰਬ ਟਨ ਕਾਰਬਨ ਡਾਈਆਕਸਾਈਡ ਵਾਯੂਮੰਡਲ ਦੇ ਵਿੱਚ ਵੱਧ ਜਾਂਦੀ ਹੈ।ਵਿਸ਼ਵ ਬੈਂਕ ਦੇ ਅਨੁਮਾਨ ਦੇ ਅਨੁਸਾਰ ਵੀਹਵੀਂ ਸਦੀ ਦੇ ਸ਼ੁਰੂਆਤ ਵਿੱਚ ਹੁਣ ਤੱਕ ਕਰੋੜਾਂ ਹੀ ਰੁੱਖ ਕੱਟੇ ਜਾ ਚੁੱਕੇ ਹਨ।ਇਨਸਾਨ ਆਪਣੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦੇ ਲਈ ਰੋਜ਼ ਲਗਭਗ 4 ਕਰੋੜ ਰੁੱਖ ਕੱਟਦਾ ਹੈ ਤੇ ਇਸ ਦੀ ਸੰਖਿਆ ਵੱਧਦੀ ਜਾ ਰਹੀ ਹੈ। ਜੇਕਰ ਇਸ 'ਤੇ ਰੋਕ ਨਾ ਲਗਾਈ ਗਈ ਤਾਂ ਆਉਣ ਵਾਲੇ ਸਮੇਂ ਅੰਦਰ ਇਸ ਦੇ ਬਹੁਤ ਹੀ ਭਿਆਨਕ ਨਤੀਜੇ ਹੋਣਗੇ।ਇਸ ਲਈ ਵਾਤਾਵਰਨ ਦੀ ਸਾਂਭ ਸੰਭਾਲ ਲਈ ਅਸੀਂ ਇੱਕ ਪ੍ਰਣ ਕਰੀਏ ਕਿ ਅਸੀਂ ਰੁੱਖਾਂ ਨੂੰ ਨਹੀਂ ਕੱਟਾਂਗੇ।ਪਰ ਜੇ ਜ਼ਰੂਰਤ ਅਨੁਸਾਰ ਅਸੀਂ ਕੱਟਦੇ ਵੀ ਹਾਂ ਤਾਂ ਨਵੇਂ ਰੁੱਖ ਜ਼ਰੂਰ ਲਗਾਈਏ।ਆਪਣੀ ਧਰਤੀ ਮਾਂ ਨੂੰ ਬਚਾਈਏ।ਜੇਕਰ ਧਰਤੀ ਖੁਸ਼ਹਾਲ ਹੈ ਤਾਂ ਇਨਸਾਨ ਦਾ ਜੀਵਨ ਵੀ ਖੁਸ਼ਹਾਲ ਹੋਵੇਗਾ।



# ਜਨਤਕ ਜਥੇਬੰਦੀਆਂ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ 'ਤੇ ਲਾਠੀਚਾਰਜ ਦੀ ਨਿਖੇਧੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਜਨਤਕ ਜਥੇਬੰਦੀਆਂ ਦੇ ਸਾਂਝਾ ਮੋਰਚਾ (ਜੇ ਪੀ ਐੱਮ ਓ), ਦੇਸ਼ ਭਗਤ ਪੰਡਤ ਕਿਸ਼ੋਰੀ ਲਾਲ ਯਾਦਗਾਰ ਕਮੇਟੀ, ਮਨਰੇਗਾ ਵਰਕਰ ਯੂਨੀਅਨ, ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ, ਸਿਵਲ ਸੁਸਾਇਟੀ ਤਲਵਾੜਾ ਆਦਿ ਸਮਾਜਿਕ ਸੰਗਠਨਾਂ ਨੇ ਬੀਤੇ ਦਿਨ ਚੰਡੀਗੜ੍ਹ 'ਚ ਪੁਲਸ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ 'ਤੇ ਕੀਤੇ ਲਾਠੀਚਾਰਜ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਉੱਥੇ ਹੀ ਪੇਪਰ ਲੀਕ ਮਾਮਲੇ 'ਚ ਝਾਰਖੰਡ ਦੇ ਰਾਂਚੀ ਵਿੱਚ ਵਿਦਿਆਰਥੀਆਂ ਦੇ ਹੱਕ 'ਚ ਕੱਢੇ ਜਾ ਰਹੇ ਰੋਸ ਮਾਰਚ ਦੌਰਾਨ ਵਿਦਿਆਰਥੀ ਆਗੂ ਨੇਹਾ ਬੋਰਾ 'ਤੇ ਸਿਆਹੀ ਸੁੱਟਣ ਦੀ ਘਟਨਾ ਦੀ ਕੜੀ ਨਿੰਦਾ ਕੀਤੀ ਹੈ। ਗੁਰਰਾਜ ਸਿੰਘ, ਗਿਆਨ ਸਿੰਘ ਗੁਪਤਾ, ਦੀਪਕ ਠਾਕੁਰ, ਪਰਮਜੀਤ ਕੌਰ, ਅਨੀਤਾ ਰਾਣੀ, ਬਲਵਿੰਦਰ ਕੌਰ, ਧਰਮਿੰਦਰ ਸਿੰਘ ਤੇ ਨੀਰਜ ਸ਼ਰਮਾ ਨੇ ਸਾਂਝਾ ਬਿਆਨ ਜਾਰੀ ਕਰ ਕਿਹਾ ਕਿ ਸਰਕਾਰ 2022 ਦੀਆ ਚੋਣਾਂ 'ਚ ਹਰ ਤਰ੍ਹਾਂ ਦੇ ਕੱਚੇ ਕਾਮਿਆਂ ਨੂੰ ਪੱਕਾ, ਪੁਰਾਣੀ ਪੈਨਸ਼ਨ ਬਹਾਲ ਆਦਿ ਕਰਨ ਸਮੇਤ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮੁੱਦਿਆਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਦੇ ਆਪਣੇ ਕੀਤੇ ਵਾਅਦੇ 'ਤੇ ਖਰੀ ਨਹੀਂ ਉਤਰੀ।

# 'ਯੁੱਧ ਨਸ਼ੇ ਵਿਰੁੱਧ' ਸਮਾਗਮ 'ਚ ਸ਼ਾਮਲ ਹੋਈ ਅਨੂੰ ਸ਼ਰਮਾ

**ਫਗਵਾੜਾ (ਡਾ. ਰਮਨ)**- ਲਾਈਟ ਫਾਰ ਲਾਈਵਜ਼ ਦੀ ਪ੍ਰਧਾਨ, ਹਿਊਮਨ ਰਾਈਟਸ ਕੌਂਸਲ ਦੀ ਨੈਸ਼ਨਲ ਵਾਈਸ ਪ੍ਰੈਜ਼ੀਡੈਂਟ ਅਤੇ ਸਮਾਜ ਸੇਵਿਕਾ ਅਨੁ ਸ਼ਰਮਾ ਨੇ ਚੰਡੀਗੜ੍ਹ ਵਿਖੇ ਪੰਜਾਬ ਸਟੇਟ ਅਤੇ ਚੰਡੀਗੜ੍ਹ ਹਿਊਮਨ ਰਾਈਟਸ ਕਮਿਸ਼ਨ ਤੇ ਹਿਊਮਨ ਰਾਈਟਸ ਕੌਂਸਲ (ਇੰਡੀਆ) ਵੱਲੋਂ ਕਮਿਊਨਿਟੀ ਸੈਂਟਰ, ਸੈਕਟਰ 43, ਚੰਡੀਗੜ੍ਹ ਵਿਖੇ ਕਰਵਾਏ ਗਏ ਹਿਊਮਨ ਰਾਈਟਸ ਅਵੇਅਰਨੈੱਸ ਕੈਂਪ ਅਤੇ 'ਯੁੱਧ ਨਸ਼ੇ ਵਿਰੁੱਧ' ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਚੰਡੀਗੜ੍ਹ ਵਿਖੇ ਕਰਵਾਏ ਗਏ ਇਸ ਸਮਾਗਮ ਦਾ ਮੁੱਖ ਉਦੇਸ਼ ਲੋਕਾਂ ਨੂੰ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕ ਕਰਨਾ ਅਤੇ ਨਸ਼ਿਆਂ ਵਰਗੀ ਗੰਭੀਰ ਸਮਾਜਿਕ ਬੁਰਾਈ ਖ਼ਿਲਾਫ਼ ਜਨਜਾਗਰੂਕਤਾ ਪੈਦਾ ਕਰਨਾ ਸੀ। ਇਹ ਸਮਾਗਮ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ, ਮੈਂਬਰ ਸਟੇਟ ਹਿਊਮਨ ਰਾਈਟਸ ਕਮਿਸ਼ਨ, ਪੰਜਾਬ ਅਤੇ ਚੰਡੀਗੜ੍ਹ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ। ਇਸ ਮੌਕੇ ਮਨੁੱਖੀ ਅਧਿਕਾਰਾਂ ਦੀ ਰੱਖਿਆ, ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨ ਅਤੇ ਨਸ਼ਿਆਂ ਖ਼ਿਲਾਫ਼ ਸਾਂਝੇ ਤੌਰ 'ਤੇ ਯਤਨ ਕਰਨ ਦੀ ਲੋੜ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਸਮਾਗਮ ਦੌਰਾਨ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਮਨੁੱਖੀ ਅਧਿਕਾਰਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਉਣ ਦੇ ਨਾਲ-ਨਾਲ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਜਾਗਰੂਕਤਾ ਮੁਹਿੰਮਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ 'ਤੇ ਵੀ ਜ਼ੋਰ ਦਿੱਤਾ ਗਿਆ। ਇਸ ਮੌਕੇ ਅਨੁ ਸ਼ਰਮਾ ਨੇ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਦੋਵਾਂ ਨੇ ਮਨੁੱਖੀ ਅਧਿਕਾਰਾਂ ਸਬੰਧੀ ਜਾਗਰੂਕਤਾ, ਸਮਾਜ ਸੇਵਾ, ਲੋੜਵੰਦ ਲੋਕਾਂ ਦੀ ਸਹਾਇਤਾ ਅਤੇ ਨਸ਼ਿਆਂ ਖ਼ਿਲਾਫ਼ ਚਲਾਈਆਂ ਜਾ ਰਹੀਆਂ ਜਾਗਰੂਕਤਾ ਮੁਹਿੰਮਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਸਮਾਗਮ ਵਿੱਚ ਮੌਜੂਦ ਲੋਕਾਂ ਨੇ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕਤਾ ਅਤੇ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਨੂੰ ਸਮੇਂ ਦੀ ਅਹਿਮ ਲੋੜ ਦੱਸਦਿਆਂ ਅਜਿਹੇ ਜਾਗਰੂਕਤਾ ਪ੍ਰੋਗਰਾਮ ਲਗਾਤਾਰ ਕਰਵਾਉਣ 'ਤੇ ਜ਼ੋਰ ਦਿੱਤਾ।



# ਰਾਜਬੀਰ ਕੌਰ ਕਲਸੀ ਨੇ ਬਟਾਲੇ ਦੀਆਂ ਭੈਣਾਂ, ਧੀਆਂ ਤੇ ਮਾਵਾਂ ਨਾਲ ਮਿਲ ਕੇ ਮਨਾਇਆ ਤੀਆਂ ਦਾ ਤਿਉਹਾਰ


**ਬਟਾਲਾ, (ਡਾ. ਮਲਵਿੰਦਰ ਸਿੰਘ, ਤਰਲੋਕ ਬੱਗਾ)**- ਰਾਜਬੀਰ ਕੌਰ ਕਲਸੀ ਧਰਮਪਤਨੀ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੇ ਉਦਮ ਸਦਕਾ ਸਾਉਣ ਦੇ ਮਹੀਨੇ ਵਿੱਚ ਲਗਾਤਾਰ ਚੌਥੇ ਸਾਲ ਸਥਾਨਕ ਸ਼ਿਵ ਕੁਮਾਰ ਬਟਾਲਵੀ ਆਡੋਟੋਰੀਅਮ ਵਿਖੇ 'ਤੀਆਂ' ਲੱਗੀਆਂ ਹਨ, ਜਿਸ ਵਿੱਚ ਵੱਡੀ ਗਿਣਤੀ 'ਚ ਮਹਿਲਾਵਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਉੱਘੀ ਗਾਇਕਾ ਬਾਣੀ ਸੰਧੂ, ਚੰਨ ਕੌਰ, ਕੰਚਨ ਸ਼ਰਮਾ ਅਤੇ ਇਲਾਹੀ ਸੋਹਲ ਨੇ ਆਪਣੀ ਗਾਇਕੀ ਰਾਹੀਂ ਪੰਜਾਬੀ ਸੱਭਿਆਚਾਰ ਨੂੰ ਰੁਸ਼ਨਾਇਆ ਕੀਤਾ ਅਤੇ ਗਿੱਧਿਆਂ ਦੀ ਰਾਣੀ ਕਵਲੀਨ ਕੌਰ, ਗੁਰਨੂਰ ਕੌਰ ਅਤੇ ਬਰੁਨ ਕੌਰ ਮਾਨ, ਐਂਕਰ ਨੇ ਅਪਣੀ ਸ਼ਾਨਦਾਰ ਪੇਸ਼ਕਾਰੀ ਨਾਲ ਸਮਾਂ ਬੰਨ੍ਹ ਕੇ ਰੱਖ ਦਿੱਤਾ।'ਤੀਆਂ' ਦੀ ਮੁਬਾਰਕਬਾਦ ਅਤੇ ਸਾਰਿਆਂ ਦਾ ਪਹੁੰਚਣ 'ਤੇ ਧੰਨਵਾਦ ਕਰਦਿਆਂ ਰਾਜਬੀਰ ਕੌਰ ਕਲਸੀ ਨੇ ਕਿਹਾ ਕਿ ਪਿਛਲੇ ਸਾਰ ਸਾਲਾਂ ਤੋਂ ਤੀਆਂ ਦਾ ਤਿਉਹਾਰ ਮਨਾਇਆ ਜਾ ਰਿਹਾ ਹੈ ਅਤੇ ਅਜਿਹੇ ਸਮਾਗਮ ਆਪਣੇ ਅਮੀਰ ਵਿਰਸੇ ਨੂੰ ਸੰਭਾਲਣ ਲਈ ਬਹੁਤ ਸਹਾਈ ਹੁੰਦੇ ਹਨ।ਇਸ ਮੌਕੇ ਰਾਜਬੀਰ ਕੌਰ ਨੇ ਦੱਸਿਆ ਕਿ ਤੀਆਂ ਪੰਜਾਬ ਦਾ ਇੱਕ ਪ੍ਰਸਿੱਧ ਅਤੇ ਰੰਗ-ਬਰੰਗਾ ਲੋਕ ਤਿਉਹਾਰ ਹੈ, ਜੋ ਖਾਸ ਤੌਰ 'ਤੇ ਔਰਤਾਂ ਅਤੇ ਕੁੜੀਆਂ ਵੱਲੋਂ ਸਾਵਣ ਮਹੀਨੇ ਦੌਰਾਨ ਮਨਾਇਆ ਜਾਂਦਾ ਹੈ।ਇਹ ਤਿਉਹਾਰ ਪੰਜਾਬੀ ਸੱਭਿਆਚਾਰ, ਲੋਕ ਗੀਤਾਂ ਅਤੇ ਪਰੰਪਰਾਵਾਂ ਦੀ ਜੀਵੰਤ ਤਸਵੀਰ ਪੇਸ਼ ਕਰਦਾ ਹੈ।ਉਨ੍ਹਾਂ ਕਿਹਾ ਕਿ ਅੱਜ ਹਰ ਖੇਤਰ ਵਿੱਚ ਕੁੜੀਆਂ ਨੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ ਤੇ ਦੇਸ਼-ਵਿਦੇਸ਼ ਵਿੱਚ ਆਪਣੀ ਵੱਖਰੀ ਪਹਿਚਾਣ ਸਥਾਪਤ ਕੀਤੀ ਹੈ। ਸਾਨੂੰ ਕਦੇ ਵੀ ਆਪਣਾ ਪਿਛੋਕੜ ਭੁਲਾਉਣਾ ਨਹੀਂ ਚਾਹੀਦਾ ਹੈ।ਵੱਡਿਆਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਅੱਜ 'ਤੀਆਂ ਦਾ ਤਿਉਹਾਰ' ਮਨਾ ਕੇ ਅਮੀਰ ਸੱਭਿਆਚਾਰ ਨੂੰ ਜ਼ਿੰਦਾ ਰੱਖਣ ਲਈ ਉਦਮ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਇਸ ਅਮੀਰ ਵਿਰਸੇ ਨੂੰ ਸੰਭਾਲ ਕੇ ਰੱਖਣ ਲਈ ਹਰੇਕ ਪੰਜਾਬਣ ਨੂੰ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਆਉਣ ਵਾਲੀ ਪੀੜ੍ਹੀ ਨੂੰ ਇਸ ਤਿਉਹਾਰ ਸਬੰਧੀ ਚੰਗੀ ਤਰ੍ਹਾਂ ਜਾਣੂ ਕਰਵਾਇਆ ਜਾ ਸਕੇ।'ਤੀਆਂ' ਦੇ ਤਿਉਹਾਰ ਮੌਕੇ ਰੰਗ-ਬਿਰੰਗੇ ਪੰਜਾਬੀ ਪਹਿਰਾਵੇ ਵਿੱਚ ਸਜੀਆਂ ਮਹਿਲਾਵਾਂ ਨੇ ਗਿੱਧੇ ਅਤੇ ਲੋਕ ਗੀਤਾਂ ਜ਼ਰੀਏ ਆਪਣੇ ਮਨੋ-ਭਾਵਾਂ ਅਤੇ ਖੁਸ਼ੀ ਦਾ ਖੁੱਲ੍ਹ ਕੇ ਇਜ਼ਹਾਰ ਕੀਤਾ।ਇਸ ਮੌਕੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੀ ਪ੍ਰਦਰਸ਼ਨੀ ਵੀ ਲਗਾਈ ਗਈ, ਜਿਸ ਵਿੱਚ ਔਰਤਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਔਰਤਾਂ ਸਮੇਤ ਛੋਟੇ ਬੱਚਿਆਂ ਦੀ ਗਿੱਧੇ ਦੀ ਪੇਸ਼ਕਾਰੀ ਬਾ-ਕਮਾਲ ਸੀ।'ਤੀਆਂ' ਦੀਆਂ ਖੁਸ਼ੀਆਂ ਮੌਕੇ ਸ਼ਿਵ ਕੁਮਾਰ ਬਟਾਲਵੀ ਆਡੋਟੋਰੀਅਮ ਦਾ ਵਿਹੜਾ ਸ਼ਗਨਾਂ ਦੇ ਗੀਤਾਂ ਨਾਲ ਗੂੰਜ ਉੱਠਿਆ।ਇਸ ਮੌਕੇ ਮਹਿਲਾਵਾਂ ਨੇ ਸਮਾਜ ਨੂੰ ਵਧੀਆ ਸੁਨੇਹਾ ਦੇਣ ਵਾਲੇ ਵੱਖ-ਵੱਖ ਪ੍ਰੋਗਰਾਮ ਪੇਸ਼ ਕੀਤੇ।ਸਮਾਗਮ ਦੇ ਆਖਰ ਵਿੱਚ ਰਾਜਬੀਰ ਕੌਰ ਕਲਸੀ ਵੱਲੋਂ ਸਮਾਗਮ ਵਿੱਚ ਹਿੱਸਾ ਲੈਣ ਵਾਲਿਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮਾਲ ਪੂੜੇ, ਖੀਰ ਤੇ ਪਕੌੜਿਆਂ ਦਾ ਸਾਰਿਆਂ ਨੇ ਖੂਬ ਅਨੰਦ ਮਾਣਿਆ।



# ਡਾ. ਅਰਪਿਤਾ ਕਾਂਸਲ ਦੇ ਸਿਰ ਸਜਿਆ ਰੋਟਰੀ ਕਲੱਬ ਪ੍ਰੀਮੀਅਰ ਦੀ ਪ੍ਰਧਾਨਗੀ ਦਾ ਤਾਜ

**ਅੰਮ੍ਰਿਤਸਰ (ਅਰੋੜਾ):** ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਿਤ ਨਿਯਮਾਂ ਦੇ ਅਨੁਸਾਰ ਹਰੇਕ ਰੋਟਰੀ ਕਲੱਬ ਦੇ ਪ੍ਰਧਾਨ ਦਾ ਕਾਰਜਕਾਲ ਸੰਪੰਨ ਹੋਣ ਦੇ ਬਾਅਦ ਨਵੇਂ ਪ੍ਰਧਾਨ ਦੀ ਤਾਜਪੋਸ਼ੀ ਕੀਤੇ ਜਾਣ ਦੀ ਪ੍ਰਥਾ ਚੱਲਦੀ ਆ ਰਹੀ ਹੈ।

ਇਸੇ ਪ੍ਰਥਾ ਦੇ ਚੱਲਦੇ ਰੋਟਰੀ ਕਲੱਬ ਅੰਮ੍ਰਿਤਸਰ ਪ੍ਰੀਮੀਅਰ ਦੀ ਮਹਿਲਾ ਪ੍ਰਧਾਨ ਗਾਇਤਰੀ ਸ਼ੂਰ ਦਾ ਸਾਲ 2025-26 ਦਾ ਕਾਰਜਕਾਲ ਸੰਪੰਨ ਹੋਣ ਦੇ ਬਾਅਦ ਰੋਟਰੀ ਪ੍ਰੀਮੀਅਰ ਦੀ ਜ਼ਿੰਮੇਦਾਰੀ ਡਾ. ਅਰਪਿਤਾ ਕਾਂਸਲ ਨੂੰ ਸੌਂਪੀ ਗਈ।ਇਸ ਮੌਕੇ ਰੋਟਰੀ ਪ੍ਰਥਾ ਦੇ ਅਨੁਸਾਰ ਕਲੱਬ ਦੇ ਸੀਨੀਅਰ ਮੈਂਬਰ ਮੁੱਖ ਸੰਚਾਲਕ ਡਾ. ਰਮਨ ਗੁਪਤਾ, ਰਾਜੇਸ਼ ਅਰੋੜਾ ਦੀ ਪ੍ਰਧਾਨਗੀ ਵਿੱਚ ਤਾਜਪੋਸ਼ੀ ਸਹੁੰ-ਚੁੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਰੋਟਰੀ 3070 ਦੇ ਆਉਣ ਵਾਲੇ ਗਵਰਨਰ ਵਿਜੇ ਸਹਿਦੇਵ ਅਤੇ ਆਉਣ ਵਾਲੇ ਗਵਰਨਰ ਐੱਚ. ਐੱਸ. ਜੋਗੀ ਮੁੱਖ ਮਹਿਮਾਨ ਅਤੇ ਇਸੰਟਾਲੇਸ਼ਨ ਅਧਿਕਾਰੀ ਦੇ ਰੂਪ ਵਿੱਚ ਸ਼ਾਮਿਲ ਹੋਏ। ਉਨ੍ਹਾਂ ਨੇ ਰੋਟਰੀ ਪ੍ਰੀਮੀਅਰ ਦੀ ਨਵੀਂ ਟੀਮ ਨੂੰ ਦੇਸ਼ ਅਤੇ ਸਮਾਜ ਭਲਾਈ ਕੰਮਾਂ ਵਿੱਚ ਅੱਗੇ ਰਹਿਣ ਦੀ ਸਹੁੰ ਦਿਵਾਈ ਅਤੇ ਨਵੀਂ ਪ੍ਰਧਾਨ ਅਰਪਿਤਾ ਕਾਂਸਲ ਨੂੰ ਪ੍ਰਧਾਨਗੀ ਦਾ ਤਾਜ ਪਹਿਨਾਇਆ।ਸਮਾਗਮ ਦਾ ਸ਼ੁੱਭ ਆਰੰਭ ਰੋਟਰੀ ਪ੍ਰਥਾ ਦੇ ਅਨੁਸਾਰ ਰਾਸ਼ਟਰੀ ਗੀਤ ਅਤੇ ਫਾਰ ਵੇ ਟੈਸਟ ਦੇ ਨਾਲ ਕੀਤਾ ਗਿਆ। ਉਸ ਤੋਂ ਬਾਅਦ ਨਵੇਂ ਬਣੇ ਪ੍ਰਧਾਨ ਅਰਪਿਤਾ ਕਾਂਸਲ ਨੇ ਆਪਣੇ ਸਮੇਂ ਵਿੱਚ ਕੀਤੇ ਜਾਣ ਵਾਲੇ ਪ੍ਰਾਜੈਕਟਾਂ ਅਤੇ ਸਮਾਜ ਭਲਾਈ ਕੰਮਾਂ ਦੀ ਛੋਟੇ ਪਰਦੇ ਰਾਹੀਂ ਜਾਣਕਾਰੀ ਦਿੱਤੀ।



ਰੋਟਰੀ ਵਿੱਚ ਰਹਿ ਕੇ ਦੇਸ਼ ਅਤੇ ਸਮਾਜ ਭਲਾਈ ਕੰਮਾਂ ਵਿੱਚ ਅੱਗੇ ਰਹਿਣ ਵਾਲੇ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਮੁੱਖ ਮਹਿਮਾਨ ਗਰਵਨਰ ਵਿਜੇ ਸਹਿਦੇਵ, ਐੱਚ. ਐੱਸ. ਜੋਗੀ ਨੇ ਰੋਟਰੀ ਦੇ ਨਿਯਮਾਂ ਅਤੇ ਰੋਟਰੀ ਦੇ ਕੰਮਾਂ ਦੇ ਬਾਰੇ ਵਿਸਥਾਰ ਪੂਰਵਕ ਦੱਸਿਆ।ਇਸ ਮੌਕੇ ਡਾ. ਅਨੁਪਮਾ ਗੁਪਤਾ, ਮੁਸਕਾਨ ਅਰੋੜਾ, ਡਾ. ਸੋਮਿਲ ਕਾਂਸਲ, ਸਹਾਇਕ ਗਵਰਨਰ ਰਵੀ ਹਾਂਡਾ, ਡਾ. ਹਰਿਲਆਪ੍ਰੀਤ, ਕੇ. ਐੱਸ. ਚੱਠਾ, ਡਾ. ਜਸਪ੍ਰੀਤ ਸੋਬਤੀ, ਡਾ. ਪਾਰੁਲ ਗੋਇਲ, ਡਾ. ਪੂਨਮ ਓਹਰੀ, ਡਾ. ਤਜਿੰਦਰ ਸਿੰਘ, ਵਿਕਰਮਜੀਤ ਸਿੰਘ, ਡਾ. ਜਸਦੀਪ, ਡਾ. ਅਸ਼ਵਨੀ, ਰੋਟਰੀ ਨਾਰਥ ਦੇ ਪ੍ਰਧਾਨ ਪਰਮੀਤ ਸਿੰਘ ਖੇੜਾ, ਰੋਟਰੀ ਆਸਥਾ ਦੇ ਪਰਮਜੀਤ ਸਿੰਘ, ਸਹਾਇਕ ਗਵਰਨਰ ਅਸ਼ਵਨੀ ਅਵਸਥੀ, ਅਮਨਦੀਪ ਕੌਰ, ਡਾ. ਇੰਦਰਪਾਲ ਪਸਰੀਚਾ, ਰੋਟਰੀ ਸੈਂਟਰ ਦੇ ਅਮਨਦੀਪ ਸਿੰਘ, ਰਵਿੰਦਰ ਪਠਾਨੀਆ, ਰਾਜੇਸ਼ ਭਦਵਾਰ, ਪਵਨ ਕਪੂਰ ਸਹਿਤ ਹੋਰ ਰੋਟਰੀ ਕਲੱਬ ਦੇ ਅਹੁੱਦੇਦਾਰ ਅਤੇ ਮੈਂਬਰ ਮੌਜੂਦ ਸਨ।ਸਮਾਗਮ ਦੇ ਅੰਤ ਵਿੱਚ ਰੋਟਰੀ ਕਲੱਬ ਪ੍ਰੀਮੀਅਰ ਦੇ ਡਾ. ਰਮਨ ਗੁਪਤਾ ਅਤੇ ਰਜੇਸ਼ ਅਰੋੜਾ ਨੇ ਮੁੱਖ ਮਹਿਮਾਨਾਂ ਨੂੰ ਖਾਸ ਤੌਰ 'ਤੇ ਸਨਮਾਨਿਤ ਵੀ ਕੀਤਾ।

# ਪ੍ਰਤਾਪ ਵਰਲਡ ਸਕੂਲ 'ਚ 3 ਦਿਨ ਚੱਲੀ ਕਲੱਸਟਰ ਐਥਲੈਟਿਕਸ ਮੀਟ ਚੜ੍ਹਦੀ ਕਲਾ ਨਾਲ ਸਮਾਪਤ

**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਵਿੱਚ ਆਯੋਜਿਤ ਤਿੰਨ ਦਿਨਾ ਕਲੱਸਟਰ ਐਥਲੈਟਿਕਸ ਮੀਟ ਦੀ ਸਫਲਤਾਪੂਰਵਕ ਸਮਾਪਤੀ ਹੋਈ। ਮੁਕਾਬਲੇ ਦੇ ਆਖਰੀ ਦਿਨ ਵੱਖ-ਵੱਖ ਐਥਲੈਟਿਕਸ ਵਿੱਚ ਰੋਮਾਂਚਕ ਮੁਕਾਬਲੇ ਦੇਖਣ ਨੂੰ ਮਿਲੇ। ਖਿਡਾਰੀਆਂ ਨੇ ਆਪਣਾ ਸਰਵੋਤਮ ਪ੍ਰਦਰਸ਼ਨ ਕਰਨ ਲਈ ਪੂਰੀ ਤਾਕਤ ਲਗਾ ਦਿੱਤੀ ਅਤੇ ਟੀਮ ਸਾਥੀਆਂ, ਕੋਚਾਂ ਅਤੇ ਦਰਸ਼ਕਾਂ ਦੀਆਂ ਜ਼ੋਰਦਾਰ ਤਾਲੀਆਂ ਅਤੇ ਹੌਸਲਾ ਅਫ਼ਜ਼ਾਈ ਦੇ ਵਿਚਕਾਰ ਸ਼ਾਨਦਾਰ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ।ਸਮਾਪਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਐਡਵੋਕੇਟ ਰਵਿੰਦਰ ਠਾਕੁਰ ਹਾਜ਼ਰ ਰਹੇ, ਜਦਕਿ ਅਰੁਣ ਕੁਮਾਰ ਅਤੇ ਜ਼ਿਲ੍ਹਾ ਖੇਡ ਕੋਆਰਡੀਨੇਟਰ, ਨੇ ਵਿਸ਼ੇਸ਼ ਮਹਿਮਾਨ ਵਜੋਂ ਸਮਾਰੋਹ ਦੀ ਸ਼ੋਭਾ ਵਧਾਈ।ਉਨ੍ਹਾਂ ਦੇ ਨਾਲ ਮਨਦੀਪ ਠਾਕੁਰ, ਆਭਾ ਠਾਕੁਰ, ਗੌਰਵ ਠਾਕੁਰ ਅਤੇ ਭਾਰਤੀ ਠਾਕੁਰ ਸਮੇਤ ਹੋਰ ਪਤਵੰਤੇ ਵੀ ਮੌਜੂਦ ਰਹੇ।ਸਾਰੇ ਮਹਿਮਾਨਾਂ ਨੇ ਸਕੂਲ ਵੱਲੋਂ ਕੀਤੇ ਗਏ ਸ਼ਾਨਦਾਰ ਪ੍ਰਬੰਧਾਂ ਦੀ ਪ੍ਰਸ਼ੰਸਾ ਕੀਤੀ ਅਤੇ ਇੰਨੇ ਪ੍ਰਤਿਸ਼ਠਿਤ ਅੰਤਰ-ਸਕੂਲੀ ਖੇਡ ਮੁਕਾਬਲੇ ਨੂੰ ਸਫਲਤਾਪੂਰਵਕ ਆਯੋਜਿਤ ਕਰਨ ਲਈ ਸਕੂਲ ਪ੍ਰਬੰਧਨ ਨੂੰ ਵਧਾਈ ਦਿੱਤੀ।ਪ੍ਰਤਾਪ ਵਰਲਡ ਸਕੂਲ ਨੇ ਹਾਸਲ ਕੀਤੀ ਦੂਜੇ ਰਨਰ-ਅੱਪ ਦੀ ਟਰਾਫੀ ਹਾਸਲ ਕੀਤੀ ਇਹ ਉਪਲਬਧੀ ਤਿੰਨ ਦਿਨਾਂ ਤੱਕ ਚੱਲੀ ਪ੍ਰਤੀਯੋਗਿਤਾ ਦੌਰਾਨ ਦੇ ਖਿਡਾਰੀਆਂ ਦੇ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ, ਸਖ਼ਤ ਮਿਹਨਤ, ਸਮਰਪਣ ਅਤੇ ਖੇਡ ਉਤਮਤਾ ਦਾ ਨਤੀਜਾ ਰਹੀ।ਮੁਕਾਬਲੇ ਦੇ ਆਖਰੀ ਦਿਨ ਵੱਖ-ਵੱਖ ਵਿੱਚ ਖਿਡਾਰੀਆਂ ਨੇ ਸਿਖਰਲੇ ਸਥਾਨ ਹਾਸਲ ਕਰਨ ਲਈ ਸ਼ਾਨਦਾਰ ਮੁਕਾਬਲਾ ਕੀਤਾ।ਪ੍ਰਤੀਯੋਗਿਤਾ ਦਾ ਸਮਾਪਨ ਜੇਤੂਆਂ ਨੂੰ ਤਮਗੇ ਅਤੇ ਟਰਾਫੀਆਂ ਪ੍ਰਦਾਨ ਕਰਨ ਨਾਲ ਹੋਇਆ।ਇਸ ਤੋਂ ਬਾਅਦ ਆਯੋਜਿਤ ਸ਼ਾਨਦਾਰ ਸਮਾਪਨ ਸਮਾਰੋਹ ਵਿੱਚ ਪੂਰੇ ਆਯੋਜਨ ਦੌਰਾਨ ਪ੍ਰਦਰਸ਼ਿਤ ਉਪਲਬਧੀਆਂ, ਖੇਡ ਭਾਵਨਾ ਅਤੇ ਟੀਮ ਭਾਵਨਾ ਦਾ ਜਸ਼ਨ ਮਨਾਇਆ ਗਿਆ। ਮਾਹੌਲ ਉਤਸ਼ਾਹ, ਮਾਣ ਅਤੇ ਖੁਸ਼ੀ ਨਾਲ ਭਰਿਆ ਹੋਇਆ ਸੀ, ਜਿੱਥੇ ਖਿਡਾਰੀਆਂ, ਕੋਚਾਂ ਅਤੇ ਵੱਖ-ਵੱਖ ਸਕੂਲਾਂ ਦੇ ਪ੍ਰਤੀਨਿਧੀਆਂ ਨੇ ਯਾਦਗਾਰ ਤਜਰਬਿਆਂ ਅਤੇ ਨਵੀਆਂ ਦੋਸਤੀਆਂ ਨਾਲ ਵਿਦਾਈ ਲਈ।ਇਸ ਮੌਕੇ ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਸਾਰੇ ਭਾਗ ਲੈਣ ਵਾਲੇ ਸਕੂਲਾਂ, ਖਿਡਾਰੀਆਂ, ਅਧਿਕਾਰੀਆਂ, ਵਲੰਟੀਅਰਾਂ, ਮਾਪਿਆਂ ਅਤੇ ਆਯੋਜਨ ਟੀਮ ਦਾ ਦਿਲੋਂ ਧੰਨਵਾਦ ਕੀਤਾ ਅਤੇ ਮੁਕਾਬਲੇ ਨੂੰ ਸਫਲ ਬਣਾਉਣ ਵਿੱਚ ਉਨ੍ਹਾਂ ਦੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ।ਡਾਇਰੈਕਟਰ ਸੰਨੀ ਮਹਾਜਨ ਨੇ ਸਾਰੇ ਭਾਗੀਦਾਰਾਂ ਅਤੇ ਤਮਗਾ ਜੇਤੂਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਮਹਿਮਾਨਾਂ, ਪਤਵੰਤੇ ਵਿਅਕਤੀਆਂ, ਅਧਿਆਪਕਾਂ, ਸਹਾਇਕ ਸਟਾਫ਼, ਅਧਿਕਾਰੀਆਂ ਅਤੇ ਆਯੋਜਨ ਨਾਲ ਜੁੜੇ ਹਰੇਕ ਵਿਅਕਤੀ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪ੍ਰਤਾਪ ਵਰਲਡ ਸਕੂਲ ਲਈ ਇਹ ਬਹੁਤ ਮਾਣ ਦੀ ਗੱਲ ਹੈ ਕਿ ਸਕੂਲ ਨੇ ਖੇਤਰ ਦੀਆਂ ਸਭ ਤੋਂ ਵੱਡੀਆਂ ਐਥਲੈਟਿਕਸ ਪ੍ਰਤੀਯੋਗਤਾਵਾਂ ਵਿੱਚੋਂ ਇੱਕ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ ਪੰਜਾਬ ਅਤੇ ਜੰਮੂ-ਕਸ਼ਮੀਰ ਤੋਂ 1,500 ਤੋਂ ਵੱਧ ਨੌਜਵਾਨ ਖਿਡਾਰੀਆਂ ਨੇ ਭਾਗ ਲਿਆ।




# ਸਕਾਊਟਸ ਐਂਡ ਗਾਈਡਜ਼ ਦੀ ਤਿੰਨ ਦਿਨਾ ਟ੍ਰੇਨਿੰਗ ਸੰਪੰਨ

**ਧਾਰੀਵਾਲ, (ਮਨਦੀਪ ਵਿੱਕੀ)**- ਸਕਾਊਟਸ ਐਂਡ ਗਾਈਡਸ ਵੱਲੋਂ ਕਰਵਾਈ ਜਾ ਰਹੀ ਟ੍ਰੇਨਿੰਗ ਕੈਂਪ ਦੇ ਤੀਜੇ ਦਿਨ ਦਾ ਪ੍ਰੋਗਰਾਮ ਉਤਸ਼ਾਹ, ਅਨੁਸ਼ਾਸਨ, ਸੇਵਾ-ਭਾਵਨਾ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਰਿਹਾ।ਇਸ ਮੌਕੇ ਸਕਾਊਟਸ ਐਂਡ ਗਾਈਡਸ ਦੇ ਪ੍ਰਧਾਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਦਿਆਂ ਟ੍ਰੇਨਿੰਗ ਵਿੱਚ ਭਾਗ ਲੈ ਰਹੇ ਸਕਾਊਟਸ ਅਤੇ ਗਾਈਡਸ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਡਿਪਟੀ ਡੀ.ਈ.ਓ ਅਨਿਲ ਸ਼ਰਮਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਉਨ੍ਹਾਂ ਨੇ ਟ੍ਰੇਨਿੰਗ ਕੈਂਪ ਦਾ ਜਾਇਜ਼ਾ ਲੈਂਦਿਆਂ ਵਿਦਿਆਰਥੀਆਂ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਸਕਾਊਟਿੰਗ ਦੇ ਮੂਲ ਸਿਧਾਂਤਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਐਡਵੋਕੇਟ ਜਗਰੂਪ ਸਿੰਘ ਸੇਖਵਾ ਨੇ ਕਿਹਾ ਕਿ ਸਕਾਊਟਿੰਗ ਸਿਰਫ਼ ਇੱਕ ਟ੍ਰੇਨਿੰਗ ਨਹੀਂ, ਸਗੋਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਸੇਵਾ-ਭਾਵਨਾ, ਆਤਮ-ਨਿਰਭਰਤਾ, ਨੇਤ੍ਰਿਤਵ ਦੇ ਗੁਣ ਅਤੇ ਦੇਸ਼ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਵਾਲੀ ਇੱਕ ਮਹੱਤਵਪੂਰਨ ਸੰਸਥਾਗਤ ਪ੍ਰਕਿਰਿਆ ਹੈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਟ੍ਰੇਨਿੰਗ ਦੌਰਾਨ ਹਾਸਲ ਕੀਤੇ ਗਿਆਨ ਅਤੇ ਹੁਨਰਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸਮਾਜ ਦੀ ਭਲਾਈ ਲਈ ਵਰਤਣ। ਡਿਪਟੀ ਡੀਈਓ ਅਨਿਲ ਸ਼ਰਮਾ ਨੇ ਕਿਹਾ ਕਿ ਸਕਾਊਟਸ ਐਂਡ ਗਾਈਡਸ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਲਾਹੇਵੰਦ ਹਨ। ਟ੍ਰੇਨਿੰਗ ਦੇ ਤੀਜੇ ਦਿਨ ਸਕਾਊਟਸ ਅਤੇ ਗਾਈਡਸ ਨੂੰ ਵੱਖ-ਵੱਖ ਗਤੀਵਿਧੀਆਂ ਰਾਹੀਂ ਟੀਮ ਵਰਕ, ਅਨੁਸ਼ਾਸਨ, ਜ਼ਿੰਮੇਵਾਰੀ, ਮੁਸ਼ਕਲ ਸਥਿਤੀਆਂ ਨਾਲ ਨਜਿੱਠਣ ਅਤੇ ਸਮਾਜ ਸੇਵਾ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ।ਇਸ ਮੌਕੇ ਹਰਦੀਪ ਸਿੰਘ ਨੇ ਕਿਹਾ ਕਿ ਸਕਾਊਟਸ ਐਂਡ ਗਾਈਡੈਂਸ ਦੀ ਟ੍ਰੇਨਿੰਗ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।ਉਨ੍ਹਾਂ ਕਿਹਾ ਕਿ ਅਜਿਹੀਆਂ ਟ੍ਰੇਨਿੰਗਾਂ ਰਾਹੀਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ ਅਤੇ ਆਤਮ-ਵਿਸ਼ਵਾਸ ਦੇ ਨਾਲ-ਨਾਲ ਦੂਜਿਆਂ ਦੀ ਮਦਦ ਕਰਨ ਅਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦੀ ਭਾਵਨਾ ਮਜ਼ਬੂਤ ਹੁੰਦੀ ਹੈ।ਪ੍ਰੋਗਰਾਮ ਦੇ ਆਖਰ ਵਿੱਚ ਆਯੋਜਕਾਂ ਵੱਲੋਂ ਮੁੱਖ ਮਹਿਮਾਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਅਤੇ ਵਿਸ਼ੇਸ਼ ਮਹਿਮਾਨ ਡਿਪਟੀ ਡੀਈਓ ਅਨਿਲ ਸ਼ਰਮਾ ਦਾ ਧੰਨਵਾਦ ਕੀਤਾ ਗਿਆ।



# ਓਪਨ ਪੰਜਾਬ ਕਰਾਟੇ ਚੈਂਪੀਅਨਸ਼ਿਪ 'ਚ ਫਗਵਾੜਾ ਦੇ ਖਿਡਾਰੀਆਂ ਦੀ ਰਹੀ ਝੰਡੀ

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)**- ਹੁਸ਼ਿਆਰਪੁਰ ਵਿਖੇ ਆਯੋਜਿਤ ਓਪਨ ਪੰਜਾਬ ਕਰਾਟੇ ਚੈਂਪੀਅਨਸ਼ਿਪ ਵਿੱਚ ਫਗਵਾੜਾ ਦੇ ਆਰਿਅਨ ਫਾਈਟਰਜ਼ ਅਰੀਨਾ ਕਲੱਬ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 1 ਗੋਲਡ ਅਤੇ 1 ਸਿਲਵਰ ਸਮੇਤ 7 ਮੈਡਲ ਜਿੱਤ ਕੇ ਸ਼ਹਿਰ ਦਾ ਮਾਣ ਵਧਾਇਆ ਹੈ। ਵਧੇਰੇ ਜਾਣਕਾਰੀ ਦਿੰਦਿਆਂ ਕੋਚ ਅਤੁਲ ਆਰਿਅਨ ਨੇ ਦੱਸਿਆ ਕਿ ਇਹ ਚੈਂਪੀਅਨਸ਼ਿਪ ਅੱਜ ਐਤਵਾਰ ਨੂੰ ਹੀ ਸੂਦ ਭਵਨ, ਹੁਸ਼ਿਆਰਪੁਰ ਵਿਖੇ ਕਰਵਾਈ ਗਈ, ਜਿਸ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਖਿਡਾਰੀਆਂ ਨੇ ਭਾਗ ਲਿਆ। ਉਨ੍ਹਾਂ ਦੱਸਿਆ ਕਿ ਚੈਂਪੀਅਨਸ਼ਿਪ ਦੌਰਾਨ 12 ਸਾਲ ਉਮਰ ਵਰਗ ਦੇ ਵਿੱਚ ਆਦਿਲ ਨੇ ਗੋਲਡ ਮੈਡਲ ਜਦਕਿ ਆਰਿਅਨ ਨੇ ਬ੍ਰਾਂਜ਼, 10 ਸਾਲਾ ਰਵਨੀਤ ਕੌਰ ਨੇ ਸਿਲਵਰ ਮੈਡਲ ਪ੍ਰਾਪਤ ਕੀਤਾ ਜਦਕਿ 10 ਸਾਲ ਉਮਰ ਵਰਗ ਵਿੱਚ ਸੀਰਤ ਕੌਰ, ਬਵਨੀਤ ਸਿੰਘ ਨੇ ਬ੍ਰਾਂਜ਼ ਮੈਡਲ, 8 ਸਾਲ ਉਮਰ ਵਰਗ ਦੇ ਏਕਮਜੋਤ ਸਿੰਘ ਨੇ ਬ੍ਰਾਂਜ਼ ਮੈਡਲ ਅਤੇ 6 ਸਾਲ ਉਮਰ ਵਰਗ ਵਿੱਚ ਹਿਮਾਕਸ਼ ਨੇ ਬ੍ਰਾਂਜ਼ ਮੈਡਲ ਹਾਸਲ ਕਰਕੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕੋਚ ਅਤੁਲ ਆਰਿਅਨ ਨੇ ਸਾਰੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਖ਼ਤ ਮਿਹਨਤ ਅਤੇ ਲਗਨ ਨਾਲ ਇਨ੍ਹਾਂ ਨੰਨ੍ਹੇ ਖਿਡਾਰੀਆਂ ਨੇ ਕਰਾਟੇ ਦੇ ਮੈਦਾਨ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਲੱਬ ਅਤੇ ਫਗਵਾੜਾ ਦਾ ਨਾਂਅ ਰੌਸ਼ਨ ਕੀਤਾ ਹੈ।



ਨਵਾਂ ਜ਼ਮਾਨਾ
ਸੋਮਵਾਰ, 10 ਅਗਸਤ 2026

# ਚੌਧਰ ਖਤਰੇ 'ਚ

ਭਾਰਤ ਵਿੱਚ 14 ਤੋਂ 29 ਸਾਲ ਦੀ ਉਮਰ ਦੇ ਲੱਗਭੱਗ 38 ਕਰੋੜ ਨੌਜਵਾਨ ਹਨ। ਇਨ੍ਹਾਂ ਨੂੰ ਹੀ ਜਨਰਲ ਜ਼ੈੱਡ ਕਿਹਾ ਜਾ ਰਿਹਾ ਹੈ। ਇਹ ਨੌਜਵਾਨ ਭਾਰਤ ਦੀ ਸਭ ਤੋਂ ਵੱਡੀ ਆਬਾਦੀ ਹਨ, ਪਰ ਉਨ੍ਹਾਂ ਦੀਆਂ ਮੁਸ਼ਕਲਾਂ ਵੀ ਸਭ ਤੋਂ ਵੱਧ ਹਨ। ਜਦੋਂ ਤੋਂ ਮੋਦੀ ਸੱਤਾ ਵਿੱਚ ਆਏ ਹਨ, ਸਿੱਖਿਆ ਮਹਿੰਗੀ ਹੋ ਗਈ ਹੈ, ਕਰਜ਼ਾ ਲੈਣ ਅਤੇ ਮਹਿੰਗੀਆਂ ਡਿਗਰੀਆਂ ਪ੍ਰਾਪਤ ਕਰਨ ਦੇ ਬਾਵਜੂਦ, ਨੌਜਵਾਨਾਂ ਨੂੰ ਨੌਕਰੀਆਂ ਨਹੀਂ ਮਿਲ ਰਹੀਆਂ। ਸਟੇਟ ਆਫ ਵਰਕਿੰਗ ਇੰਡੀਆ ਰਿਪੋਰਟ 2026 ਮੁਤਾਬਕ ਭਾਰਤ ਵਿੱਚ ਦੋ-ਤਿਹਾਈ ਬੇਰੁਜ਼ਗਾਰ ਨੌਜਵਾਨ ਗ੍ਰੈਜੂਏਟ ਹਨ। ਸਰਕਾਰ ਦੀਆਂ ਨਾਕਾਮੀਆਂ ਚੇਤੇ ਕਰਾਉਣ ਅਤੇ ਆਪਣੀਆਂ ਮੰਗਾਂ ਮੰਨਵਾਉਣ ਲਈ ਦਬਾਅ ਪਾਉਣ ਵਾਸਤੇ ਜਦੋਂ ਨੌਜਵਾਨ ਤੇ ਵਿਦਿਆਰਥੀ ਜੰਤਰ-ਮੰਤਰ 'ਤੇ ਇਕੱਠੇ ਹੋਏ ਤਾਂ ਉਨ੍ਹਾਂ ਨੂੰ ਜਬਰ ਦਾ ਸਾਹਮਣਾ ਕਰਨ ਲਈ ਮਜਬੂਰ ਕੀਤਾ ਗਿਆ। ਲੰਬੇ ਸਮੇਂ ਤੋਂ ਭਾਜਪਾ-ਆਰ ਐੱਸ ਐੱਸ ਦੇ ਪ੍ਰਾਪੇਗੰਡੇ ਦਾ ਸ਼ਿਕਾਰ ਰਹੇ ਨੌਜਵਾਨਾਂ ਨੇ ਸਰਕਾਰ ਦੇ ਝਾਂਸੇ ਵਿੱਚ ਆਉਣ ਤੋਂ ਇਨਕਾਰ ਕੀਤਾ, ਸਿੱਖਿਆ ਮੰਤਰੀ ਦਾ ਅਸਤੀਫਾ ਮੰਗਿਆ ਤਾਂ ਤਾਨਾਸ਼ਾਹ ਸਰਕਾਰ ਨੇ ਪੈਲੇਟ ਗੰਨਾਂ ਚਲਵਾ ਦਿੱਤੀਆਂ। ਪੁਲਸ ਵਾਲੇ ਉਦੋਂ ਤੱਕ ਕੁੱਟਦੇ ਰਹੇ, ਜਦੋਂ ਤੱਕ ਨੌਜਵਾਨ ਬੇਹੋਸ਼ ਨਹੀਂ ਹੋ ਗਏ ਜਾਂ ਖੁਦ ਪੁਲਸ ਵਾਲੇ ਥੱਕ ਨਹੀਂ ਗਏ। ਪੇਪਰ ਲੀਕ ਤੇ ਵਿਦਿਆਰਥੀ ਖੁਦਕੁਸ਼ੀਆਂ ਦੀ ਜਵਾਬਦੇਹੀ ਲੈਣ ਦੀ ਥਾਂ ਸਰਕਾਰੀ ਬੇਸ਼ਰਮੀ ਸਿਖਰ 'ਤੇ ਰਹੀ।

ਸੰਵਿਧਾਨ ਦੇ ਨਿਰਮਾਤਾਵਾਂ ਨੇ ਧਾਰਾ 74 ਵਿੱਚ ਭਾਰਤ ਦੇ ਪ੍ਰਧਾਨ ਮੰਤਰੀ ਦਾ ਅਹੁਦਾ ਰੱਖਿਆ, ਪਰ ਧਾਰਾ 75 (3) ਵਿੱਚ ਮੰਤਰੀ ਪ੍ਰੀਸ਼ਦ ਦੀ ਸਮੂਹਕ ਜ਼ਿੰਮੇਵਾਰੀ ਦੇ ਸਿਧਾਂਤ ਨੂੰ ਵੀ ਸ਼ਾਮਲ ਕੀਤਾ। ਜਵਾਬਦੇਹੀ ਭਾਰਤੀ ਸੰਵਿਧਾਨ ਅਤੇ ਸੰਸਦੀ ਪ੍ਰਣਾਲੀ ਦਾ ਮੂਲ ਹੈ।

ਪਰ ਆਰ ਐੱਸ ਐੱਸ ਅਤੇ ਭਾਜਪਾ ਇਸ ਸਿਧਾਂਤ ਨੂੰ ਨਹੀਂ ਮੰਨਦੇ। ਉਹ ਸਿਰਫ ਫਰਜ਼ ਦਾ ਪਾਠ ਪੜ੍ਹਾਉਂਦੇ ਹਨ, ਉਹ ਵੀ ਆਰ ਐੱਸ ਐੱਸ ਅਤੇ ਭਾਜਪਾ ਦੇ ਮੈਂਬਰਾਂ ਨੂੰ ਨਹੀਂ, ਸਗੋਂ ਆਮ ਜਨਮਾਨਸ ਨੂੰ। ਆਰ ਐੱਸ ਐੱਸ ਖੁਦ ਇੱਕ ਅਜਿਹਾ ਸੰਗਠਨ ਹੈ, ਜੋ ਫਰਜ਼ ਅਤੇ ਜ਼ਿੰਮੇਵਾਰੀ ਤੋਂ ਬੇਮੁਖ ਹੈ। ਸਿਰਫ ਉਪਦੇਸ਼ ਹੀ ਦਿੰਦਾ ਹੈ। ਇਸ ਦੀ ਤਾਜ਼ਾ ਮਿਸਾਲ ਉਦੋਂ ਮਿਲੀ, ਜਦੋਂ ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਨੇ ਜਨਰਲ-ਜ਼ੀ ਨੌਜਵਾਨਾਂ ਨਾਲ ਪਿਛਲੇ ਦਿਨੀਂ ਮੁੰਬਈ ਵਿੱਚ ਸੰਵਾਦ ਪ੍ਰੋਗਰਾਮ ਰਚਾਇਆ। ਭਾਗਵਤ ਨੇ ਪ੍ਰੋਗਰਾਮ ਦੌਰਾਨ ਕਿਹਾ ਕਿ ਕਿਸੇ ਮੁੱਦੇ 'ਤੇ ਵਿਰੋਧ ਕਰਨ ਨਾਲ ਜਨਰਲ-ਜ਼ੀ ਦੇਸ਼ ਵਿਰੋਧੀ ਨਹੀਂ ਬਣ ਜਾਂਦਾ। ਪ੍ਰਦਰਸ਼ਨਕਾਰੀਆਂ ਦੀਆਂ ਮੰਗਾਂ ਜਾਇਜ਼ ਹਨ। ਉਹ ਸਾਡੀ ਅਗਲੀ ਪੀੜ੍ਹੀ ਹਨ ਅਤੇ ਉਹ ਉਨ੍ਹਾਂ 'ਤੇ ਅੰਨ੍ਹਾ ਭਰੋਸਾ ਕਰਦੇ ਹਨ।

ਜਦੋਂ ਪੇਪਰ ਲਗਾਤਾਰ ਲੀਕ ਹੁੰਦੇ ਰਹੇ, ਜਦੋਂ ਵਿਦਿਆਰਥੀ ਸ਼ਾਂਤੀਪੂਰਵਕ ਆਪਣਾ ਕੇਸ ਪੇਸ਼ ਕਰ ਰਹੇ ਸਨ ਅਤੇ ਬੇਨਤੀਆਂ ਕਰ ਰਹੇ ਸਨ, ਭਾਗਵਤ ਅਤੇ ਪੂਰੇ ਆਰ ਐੱਸ ਐੱਸ ਨੇ ਉਨ੍ਹਾਂ ਨੂੰ ਨਜ਼ਰਅੰਦਾਜ਼ ਕੀਤੀ ਰੱਖਿਆ। ਜਦੋਂ ਵਿਦਿਆਰਥੀਆਂ ਨੇ ਜੰਤਰ-ਮੰਤਰ 'ਤੇ ਭੁੱਖ ਹੜਤਾਲ ਸ਼ੁਰੂ ਕੀਤੀ, ਤਾਂ ਭਾਗਵਤ ਨੇ ਕੋਈ ਗੱਲਬਾਤ ਨਹੀਂ ਕੀਤੀ। ਨੌਜਵਾਨਾਂ ਨੇ 20 ਦਿਨਾਂ ਤੱਕ ਮਰਨ ਵਰਤ ਰੱਖਿਆ, ਜਦੋਂ ਕਿ ਭਾਗਵਤ ਨੇ ਇਹ ਸਭ ਦੇਖਿਆ। ਸੰਸਦ ਮਾਰਚ ਦਾ ਐਲਾਨ ਕੀਤਾ ਗਿਆ ਅਤੇ ਮਾਰਚ ਸ਼ੁਰੂ ਹੋਇਆ, ਐੱਨ ਜੀ ਓ ਦਾ ਮੁਖੀ ਚੁੱਪ ਰਿਹਾ। ਦਿੱਲੀ ਪੁਲਸ ਦੀ ਬੇਰਹਿਮੀ ਤੋਂ ਬਾਅਦ ਵੀ, ਮੋਹਨ ਭਾਗਵਤ ਦਾ ਅਖੌਤੀ ਸੱਭਿਆਚਾਰਕ ਸੰਗਠਨ ਨਿਰਪੱਖ ਰਿਹਾ, ਆਪਣੀ ਸਰਕਾਰ ਦੇ ਨਾਲ ਖੜ੍ਹਾ ਰਿਹਾ, ਜਦੋਂ ਕਿ ਕਈ ਆਰ ਐੱਸ ਐੱਸ ਤੇ ਭਾਜਪਾ ਨੇਤਾ ਨੌਜਵਾਨ ਵਿਦਿਆਰਥੀਆਂ ਨੂੰ 'ਸੰਸਕਾਰ' ਤੇ 'ਸੰਸਕ੍ਰਿਤੀ' ਦਾ ਪਾਠ ਪੜ੍ਹਾਉਂਦੇ ਰਹੇ। ਪਰ ਜਦੋਂ ਭਾਗਵਤ ਨੇ ਦੇਖਿਆ ਕਿ ਦੇਸ਼ ਦੇ 38 ਕਰੋੜ ਲੋਕਾਂ ਦੀ ਨੁਮਾਇੰਦਗੀ ਕਰਦੇ ਸਮੂਹ ਨੇ ਆਰ ਐੱਸ ਐੱਸ ਤੇ ਇਸ ਦੀ ਵਿਚਾਰਧਾਰਾ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਮਹਾਨਤਾ ਦੀ ਮਿੱਥ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਹੈ, ਧਰਮ ਦੇ ਆਧਾਰ 'ਤੇ ਪੈਦਾ ਕੀਤੀ ਖਾਈ ਪੂਰ ਹੋ ਰਹੀ ਹੈ ਅਤੇ 'ਸਰਕਾਰੀ ਚੋਣ ਕਮਿਸ਼ਨ' ਵੀ ਮੋਦੀ ਨੂੰ ਨੌਜਵਾਨਾਂ ਦੇ ਇਸ ਲੋਕਤੰਤਰੀ ਰੋਹ ਤੋਂ ਨਹੀਂ ਬਚਾ ਸਕਦਾ, ਉਸ ਨੇ ਇਸ ਜਨਰਲ-ਜ਼ੀ ਘਟਨਾ ਨੂੰ ਆਪਣੇ ਵਜੂਦ ਨਾਲ ਜੁੜਿਆ ਪਾਇਆ, ਕਿਉਂਕਿ ਭਾਜਪਾ ਨੇ ਹੀ ਉਨ੍ਹਾਂ ਨੂੰ ਮਾਲਾਮਾਲ ਕੀਤਾ ਹੈ, ਉਹ ਅੱਜ ਜਿਹੜੀ ਐਸ਼ੋ-ਆਰਾਮ ਦੀ ਜ਼ਿੰਦਗੀ ਦਾ ਆਨੰਦ ਮਾਣ ਰਹੇ ਹਨ, ਉਹ ਸਭ ਭਾਜਪਾ ਸਰਕਾਰ ਦੀ ਦੇਣ ਹੈ। ਜੇ ਭਾਜਪਾ ਸੱਤਾ ਤੋਂ ਬੇਦਖਲ ਹੋਈ, ਤਾਂ ਭਾਰਤ ਲਈ ਉਸ ਦਾ 'ਏਜੰਡਾ' ਕਦੇ ਵੀ ਪੂਰਾ ਨਹੀਂ ਹੋਵੇਗਾ। ਇਸ ਲਈ, ਭਾਗਵਤ ਨੂੰ ਇਨ੍ਹਾਂ ਜਨਰਲ-ਜ਼ੀ ਵਿਦਿਆਰਥੀਆਂ ਨਾਲ ਗੱਲਬਾਤ ਸ਼ੁਰੂ ਕਰਨ ਲਈ ਮਜਬੂਰ ਹੋਣਾ ਪਿਆ। ਦਰਅਸਲ ਭਾਗਵਤ ਨੂੰ ਹੁਣ ਅਹਿਸਾਸ ਹੋ ਗਿਆ ਹੈ ਕਿ ਜੰਤਰ-ਮੰਤਰ ਦੇ ਵਿਰੋਧ ਪ੍ਰਦਰਸ਼ਨਾਂ ਤੋਂ ਬਾਅਦ ਨੌਜਵਾਨ ਖੁਦਕੁਸ਼ੀ ਨਹੀਂ ਕਰਨਗੇ। ਉਹ ਹੁਣ ਸਰਕਾਰ ਬਦਲਣ ਦੀ ਮੰਗ ਕਰ ਰਹੇ ਹਨ ਅਤੇ ਜੇ ਸਰਕਾਰ ਆਪਣਾ ਰੁਖ਼ ਜਲਦੀ ਨਹੀਂ ਬਦਲਦੀ, ਤਾਂ ਨਰਿੰਦਰ ਮੋਦੀ ਸਰਕਾਰ, ਭਾਜਪਾ ਅਤੇ ਆਰ ਐੱਸ ਐੱਸ ਸਾਰੇ ਬੀਤੇ ਸਮੇਂ ਦੀ ਗੱਲ ਬਣ ਜਾਣਗੇ। ਭਾਗਵਤ ਦਾ ਸੰਵਾਦ 'ਯੁਵਾ ਸ਼ਕਤੀ', 'ਯੁਵਾ ਉੱਨਤੀ' ਜਾਂ ਕਿਸੇ ਹੋਰ ਚੀਜ਼ ਬਾਰੇ ਨਹੀਂ, ਸਗੋਂ ਆਰ ਐੱਸ ਐੱਸ ਦੀ ਸੱਭਿਆਚਾਰਕ ਅਤੇ ਸਿਆਸੀ ਸਰਦਾਰੀ ਨੂੰ ਰੋਕਣ ਦਾ ਅੰਤਮ ਤੇ ਨਾਕਾਮ ਯਤਨ ਸੀ।

## ਕੁੱਤਿਆਂ ਵਾਲੇ !

ਜਾਂ ਤਾਂ ਸਾਨੂੰ ਚਿੱਟਾ ਦਿਸਦਾ, ਜਾਂ ਫਿਰ ਦਿਸਦਾ ਕਾਲਾ।
ਦੋ ਰੰਗਾਂ ਬਿਨ ਹੋਰ ਰੰਗ ਨੂੰ, ਅਸੀਂ ਸਮਝੀਏ ਸਾਲਾ।
ਹਰ ਵਕਤ ਹੀ ਖਾਈ ਜਾਂਦਾ, ਸਾਨੂੰ ਆਪਣਾ ਪਾਲਾ,
ਸਾਨੂੰ ਲਗਦਾ ਠੀਕ ਉਹ ਮੰਜ਼ਰ, ਜਿੱਥੇ ਹੋਵੇ ਲਾਲਾ-ਲਾਲਾ।
ਹੋਰਾਂ ਦੇ ਵੱਲ ਦੇਖਣ ਦੀ ਥਾਂ, ਆਪਣਾ ਮਨ ਸਮਝਾਲਾ,
ਮਰਨ ਦੇ ਨਾਲੋਂ ਜੀਵਨ ਚੰਗਾ, ਇਹ ਗੱਲ ਪੱਲੇ ਪਾ ਲਾ।
ਤੀਜੇ ਰੰਗ ਦੀ ਐਨਕ ਲਾ ਕੇ, ਮਨ ਦੀ ਧਰਤੀ ਵਾਹ ਲਾ।
ਇੱਕ ਦਿਨ ਤਾਂ ਮਰ ਹੀ ਜਾਣਾ, ਕਾਹਨੂੰ ਹੋਇਐਂ ਕਾਹਲਾ।
ਬਣ ਨਾ ਜਾਈਂ ਗਲੀ ਦਾ ਬਿੱਲਾ, ਬਹੁਤ ਕਸਾਈ ਫਿਰਦੇ ਨੇ,
ਵੱਡੇ-ਵੱਡੇ ਕੁੱਤਿਆਂ ਵਾਲੇ, ਜਾਲ ਵਿਛਾਈ ਫਿਰਦੇ ਨੇ।

- ਗੁਲਪੁਰ

# ਜੰਮੂ ਅਤੇ ਕਸ਼ਮੀਰ ਰਾਜ ਦਾ ਦਰਜਾ ਮੁੜ ਪ੍ਰਾਪਤ ਕਰਨ ਦੀ ਔਖੀ ਅਤੇ ਲੰਮੀ ਤਲਾਸ਼

ਮੂਲ : ਰਾਧਾ ਕੁਮਾਰ
ਅਨੁਵਾਦ : ਬੂਟਾ ਸਿੰਘ ਮਹਿਮੂਦਪੁਰ

***(ਰਾਧਾ ਕੁਮਾਰ ਜੰਮੂ ਅਤੇ ਕਸ਼ਮੀਰ ਲਈ ਬਣਾਏ ਗਏ ਵਾਰਤਾਕਾਰਾਂ ਦੇ ਸਮੂਹ ਦੀ ਸਾਬਕਾ ਮੈਂਬਰ ਅਤੇ ਪੁਸਤਕ 'The Republic Relearnt: Renewing Indian Democracy, 1947-2024' ਦੀ ਲੇਖਕਾ ਹੈ)***

5 ਅਗਸਤ ਨੂੰ ਜੰਮੂ ਅਤੇ ਕਸ਼ਮੀਰ (ਜੇ ਐਂਡ ਕੇ) ਦਾ ਵਿਸ਼ੇਸ਼ ਦਰਜਾ (ਧਾਰਾ 370) ਖਤਮ ਕੀਤੇ ਜਾਣ ਦੇ ਸੱਤ ਸਾਲ ਪੂਰੇ ਹੋ ਰਹੇ ਹਨ। ਕੁਝ ਦਿਨ ਬਾਅਦ 9 ਅਗਸਤ ਨੂੰ ਜੰਮੂ ਅਤੇ ਕਸ਼ਮੀਰ ਤੋਂ ਰਾਜ ਦਾ ਦਰਜਾ ਖੋਹੇ ਜਾਣ ਦੇ ਵੀ ਸੱਤ ਸਾਲ ਪੂਰੇ ਹੋ ਜਾਣਗੇ। ਇਹ ਦੋਵੇਂ ਕਦਮ ਭਾਰਤ ਦੇ ਇਤਿਹਾਸ ਦੇ ਸਭ ਤੋਂ ਵਿਵਾਦਿਤ ਲਾਕਡਾਊਨਾਂ ਵਿੱਚੋਂ ਇੱਕ ਦੇ ਨਾਲ ਲਾਗੂ ਕੀਤੇ ਗਏ ਸਨ। ਹਜ਼ਾਰਾਂ ਵਾਧੂ ਸੈਨਿਕਾਂ ਨੂੰ ਹਵਾਈ ਰਸਤੇ ਭੇਜਿਆ ਗਿਆ, 5,000 ਤੋਂ ਵੱਧ ਰਾਜਨੀਤਕ ਆਗੂਆਂ ਅਤੇ ਕਾਰਕੁਨਾਂ ਨੂੰ ਹਿਰਾਸਤ ਵਿੱਚ ਲਿਆ ਗਿਆ, ਕਰਫ਼ਿਊ ਲਗਾ ਦਿੱਤਾ ਗਿਆ ਅਤੇ ਸੰਚਾਰ ਸੇਵਾਵਾਂ 'ਤੇ ਮੁਕੰਮਲ ਪਾਬੰਦੀ ਲਾ ਦਿੱਤੀ ਗਈ। ਇਹ ਸਾਰੇ ਕਦਮ ਐਮਰਜੈਂਸੀ ਉਪਾਵਾਂ ਵਜੋਂ ਚੁੱਕੇ ਗਏ, ਪਰ ਨਾ ਤਾਂ ਕੋਈ ਸਪੱਸ਼ਟ ਐਮਰਜੈਂਸੀ ਦਿਖਾਈ ਦੇ ਰਹੀ ਸੀ ਅਤੇ ਨਾ ਹੀ ਕੋਈ ਐਮਰਜੈਂਸੀ ਅਧਿਕਾਰਤ ਤੌਰ 'ਤੇ ਐਲਾਨ ਕੀਤੀ ਗਈ ਸੀ। ਮੋਦੀ ਸਰਕਾਰ ਦੀ ਦਲੀਲ ਸੀ ਕਿ ਇਹ ਉਪਾਅ ਆਰਜ਼ੀ ਹਨ ਅਤੇ ਇਨ੍ਹਾਂ ਦੇ ਨਤੀਜੇ ਵਜੋਂ ਹਿੰਸਾ-ਮੁਕਤ ਖੇਤਰ ਬਣੇਗਾ, ਜਿੱਥੇ ਆਰਥਿਕ ਵਿਕਾਸ ਨੂੰ ਨਵੀਂ ਰਫ਼ਤਾਰ ਮਿਲੇਗੀ, ਪਰ ਇਸ ਦੇ ਉਲਟ ਅਤੇ ਜਿਵੇਂ ਪਹਿਲਾਂ ਤੋਂ ਅੰਦਾਜ਼ਾ ਸੀ, ਹਿੰਸਾ ਜਾਰੀ ਰਹੀ। ਇਸ ਦਾ ਸਬੂਤ ਪਿਛਲੇ ਸਾਲ ਕਸ਼ਮੀਰ ਦੇ ਪਹਿਲਗਾਮ (ਅਪ੍ਰੈਲ) ਅਤੇ ਦਿੱਲੀ ਦੇ ਲਾਲ ਕਿਲ੍ਹੇ (ਨਵੰਬਰ) ਵਿੱਚ ਹੋਏ ਅੱਤਵਾਦੀ ਹਮਲੇ ਹਨ। ਏਨਾ ਹੀ ਨਹੀਂ, ਹਿੰਸਾ ਉਹਨਾਂ ਇਲਾਕਿਆਂ ਤੱਕ ਵੀ ਫੈਲ ਗਈ, ਜੋ ਪਹਿਲਾਂ ਮੁਕਾਬਲਤਨ ਸ਼ਾਂਤ ਸਨ, ਜਿਵੇਂ ਪੁੰਛ-ਰਾਜੌਰੀ ਅਤੇ ਉੱਥੋਂ ਅੱਗੇ ਜੰਮੂ ਅਤੇ ਕਸ਼ਮੀਰ ਦੇ ਨੇੜਲੇ ਜ਼ਿਲ੍ਹਿਆਂ ਤੱਕ ਪਹੁੰਚ ਗਈ। ਆਰਥਿਕ ਪੱਖੋਂ ਵੀ ਇਹ ਖੇਤਰ ਲਗਾਤਾਰ ਪਿੱਛੇ ਰਹਿ ਰਿਹਾ ਹੈ। ਜੰਮੂ ਅਤੇ ਕਸ਼ਮੀਰ ਆਰਥਿਕ ਸਰਵੇਖਣ 2025-26 ਦੇ ਅਨੁਸਾਰ ਖੇਤਰ ਦੀ ਪ੍ਰਤੀ ਵਿਅਕਤੀ ਆਮਦਨ ਰਾਸ਼ਟਰੀ ਔਸਤ ਦਾ ਕੇਵਲ 76.6 ਫ਼ੀਸਦੀ ਹੈ, ਜਦਕਿ 2013-14 ਵਿੱਚ ਇਹ 79.9 ਫ਼ੀਸਦੀ ਸੀ। ਅਰਥਾਤ ਇਸ ਵਿੱਚ 3.3 ਪ੍ਰਤੀਸ਼ਤ ਅੰਕਾਂ ਦੀ ਗਿਰਾਵਟ ਆਈ ਹੈ। ਬੇਰੁਜ਼ਗਾਰੀ ਦੀ ਦਰ ਰਾਸ਼ਟਰੀ ਔਸਤ ਨਾਲੋਂ ਲਗਭਗ ਦੋਗੁਣੀ ਬਣੀ ਹੋਈ ਹੈ, ਜਦਕਿ ਗ੍ਰੈਜੂਏਟ ਨੌਜਵਾਨਾਂ ਵਿੱਚ ਬੇਰੁਜ਼ਗਾਰੀ 23.9 ਫ਼ੀਸਦੀ ਤੱਕ ਪਹੁੰਚ ਗਈ ਹੈ। ਲਾਕਡਾਊਨ ਅਤੇ ਪੁੱਛਗਿੱਛ ਲਈ ਸੰਮਨ ਪਹਿਲਗਾਮ ਹਮਲੇ ਤੋਂ ਬਾਅਦ ਕਸ਼ਮੀਰੀ ਲੋਕਾਂ ਦਾ ਪ੍ਰਤੀਕ੍ਰਮ ਹਿੰਸਾ ਦੇ ਵਿਰੁੱਧ ਇੱਕ ਸਪੱਸ਼ਟ ਅਤੇ ਵਿਸ਼ਾਲ ਇਨਕਾਰ ਵਜੋਂ ਸਾਹਮਣੇ ਆਈ। ਲੋਕਾਂ ਨੇ ਸ਼ਾਂਤੀ ਮਾਰਚ ਕੱਢੇ ਅਤੇ ਮੋਮਬੱਤੀਆਂ ਜਗਾ ਕੇ ਪ੍ਰਦਰਸ਼ਨ ਕੀਤੇ। ਇਸ ਨਾਲ ਮੋਦੀ ਸਰਕਾਰ ਨੂੰ ਜ਼ਮੀਨੀ ਪੱਧਰ 'ਤੇ ਸ਼ਾਂਤੀ ਕਾਇਮ ਕਰਨ ਦਾ ਮੌਕਾ ਮਿਲਿਆ ਸੀ, ਜਿਸ ਦੀ ਸ਼ੁਰੂਆਤ ਰਾਜ ਦਾ ਦਰਜਾ ਬਹਾਲ ਕਰਨ ਨਾਲ ਕੀਤੀ ਜਾ ਸਕਦੀ ਸੀ, ਪਰ ਇਸ ਦੀ ਬਜਾਏ ਕੇਂਦਰੀ ਗ੍ਰਹਿ ਮੰਤਰਾਲੇ ਨੇ ਹੋਰ ਵੀ ਸਖ਼ਤ ਸੁਰੱਖਿਆ ਨੀਤੀ ਅਪਣਾਈ। ਇਸ ਸਾਲ ਦੀ ਅਮਰਨਾਥ ਯਾਤਰਾ ਜੰਮੂ ਅਤੇ ਕਸ਼ਮੀਰ ਦੇ ਇਤਿਹਾਸ ਦੀ ਸਭ ਤੋਂ ਵੱਧ ਫ਼ੌਜੀਕਰਨ ਕੀਤੀ ਗਈ ਯਾਤਰਾ ਰਹੀ ਹੈ। ਨਾਗਰਿਕਾਂ ਉੱਤੇ ਬਹੁਤ ਹੀ ਕਮਜ਼ੋਰ ਆਧਾਰਾਂ 'ਤੇ ਵੀ ਜੰਮੂ ਅਤੇ ਕਸ਼ਮੀਰ ਪਬਲਿਕ ਸੇਫ਼ਟੀ ਐਕਟ (ਪੀ ਐੱਸ ਏ) ਅਤੇ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ (ਯੂ ਏ ਪੀ ਏ) ਵਰਗੇ ਸਖ਼ਤ ਕਾਨੂੰਨ ਲਗਾਏ ਜਾ ਰਹੇ ਹਨ। ਇਸ ਸਾਲ 22 ਜੁਲਾਈ ਨੂੰ ਕਾਂਸਟੇਬਲ ਆਸ਼ਿਕ ਹੁਸੈਨ ਕੁਰੈਸ਼ੀ ਦੀ ਹੱਤਿਆ ਤੋਂ ਬਾਅਦ 2,000 ਤੋਂ ਵੱਧ ਲੋਕਾਂ ਨੂੰ ਪੁੱਛਗਿੱਛ ਲਈ ਸੱਦਿਆ ਗਿਆ। ਕਰਫ਼ਿਊ ਹੁਣ ਆਮ ਗੱਲ ਬਣ ਗਿਆ ਹੈ ਅਤੇ 2019 ਤੋਂ ਬਾਅਦ ਪੂਰੇ ਦੇਸ਼ ਵਿੱਚ ਇੰਟਰਨੈੱਟ ਅਤੇ ਸੰਚਾਰ ਸੇਵਾਵਾਂ 'ਤੇ ਸਭ ਤੋਂ ਵੱਧ ਪਾਬੰਦੀਆਂ ਇਸ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਹੀ ਲਗਾਈਆਂ ਗਈਆਂ ਹਨ। ਉਸ ਸਮੇਂ ਬਹੁਤ ਘੱਟ ਲੋਕਾਂ ਨੇ ਇਹ ਸਮਝਿਆ ਕਿ ਮੋਦੀ ਸਰਕਾਰ ਦੇ ਇਹ ਕਦਮ ਕਿੰਨੇ ਦੂਰਗਾਮੀ ਸਨ—ਸਿਰਫ਼ ਇਸ ਲਈ ਨਹੀਂ ਕਿ ਕੀ ਕੀਤਾ ਗਿਆ, ਸਗੋਂ ਇਸ ਲਈ ਵੀ ਕਿ ਇਹ ਕਿਵੇਂ ਕੀਤਾ ਗਿਆ। ਧਾਰਾ 370 ਨੂੰ ਕਾਰਜ ਪਾਲਿਕਾ ਦੇ ਹੁਕਮ ਰਾਹੀਂ ਲਗਭਗ ਬੇਅਸਰ ਬਣਾ ਗਿਆ। ਉਸ ਵੇਲੇ ਦੇ ਰਾਜਪਾਲ, ਜਿਸ ਨੇ ਬਾਅਦ ਵਿੱਚ ਕਿਹਾ ਕਿ ਉਸ ਨੂੰ ਕੇਂਦਰੀ ਗ੍ਰਹਿ ਮੰਤਰੀ ਦੇ ਹੁਕਮ 'ਤੇ ਦਸਤਖ਼ਤ ਕਰਨ ਲਈ ਕਿਹਾ ਗਿਆ ਸੀ, ਦੇ ਜ਼ਰੀਏ ਇਹ ਕਾਰਵਾਈ ਪੂਰੀ ਕੀਤੀ ਗਈ। ਰਾਜ ਦਾ ਦਰਜਾ ਸੰਸਦ ਦੇ ਕਾਨੂੰਨੀ ਫ਼ੈਸਲੇ ਰਾਹੀਂ ਖਤਮ ਕਰ ਦਿੱਤਾ ਗਿਆ, ਜਦਕਿ ਸੰਸਦ ਨੇ ਜੰਮੂ ਅਤੇ ਕਸ਼ਮੀਰ ਦੇ ਲੋਕਾਂ ਜਾਂ ਉਨ੍ਹਾਂ ਦੇ ਰਾਜਨੀਤਕ ਆਗੂਆਂ ਨਾਲ ਸਲਾਹ-ਮਸ਼ਵਰਾ ਕਰਨਾ ਵੀ ਜ਼ਰੂਰੀ ਨਹੀਂ ਸਮਝਿਆ। 1956 ਵਿੱਚ ਦਿੱਲੀ ਤੋਂ ਰਾਜ ਦਾ ਦਰਜਾ ਵਾਪਸ ਲਏ ਜਾਣ ਤੋਂ ਬਾਅਦ ਇਹ ਪਹਿਲੀ ਵਾਰ ਸੀ ਕਿ ਕਿਸੇ ਭਾਰਤੀ ਰਾਜ ਤੋਂ ਉਸ ਦਾ ਰਾਜ ਦਾ ਦਰਜਾ ਖੋਹਿਆ ਗਿਆ। ਇਹ ਦੋਵੇਂ ਕਦਮ ਮਿਲ ਕੇ ਭਾਰਤ ਦੇ ਸੰਵਿਧਾਨਕ ਸਿਧਾਂਤਾਂ ਅਤੇ ਸੰਘੀ ਢਾਂਚੇ ਦੀ ਮੂਲ ਸੰਰਚਨਾ ਦੀ ਬੇਮਿਸਾਲ ਉਲੰਘਣਾ ਸਨ। ਇਨ੍ਹਾਂ ਨੂੰ ਭਾਰਤੀ ਲੋਕਤੰਤਰ ਉੱਪਰ ਦੂਜਾ ਵੱਡਾ ਹਮਲਾ ਮੰਨਿਆ ਜਾਣਾ ਚਾਹੀਦਾ ਸੀ—ਪਹਿਲਾ ਹਮਲਾ ਰਾਜ ਦੀ ਸਰਪ੍ਰਸਤੀ ਨਾਲ ਮੁਸਲਮਾਨਾਂ ਅਤੇ ਈਸਾਈਆਂ ਉੱਤੇ ਹੋਏ ਹਮਲਿਆਂ ਰਾਹੀਂ ਭਾਰਤੀ ਰਾਜਨੀਤੀ ਦੇ ਮੁੜ ਫਿਰਕੂਕਰਨ ਦਾ ਸੀ। ਵਿਹਾਰਕ ਪੱਖੋਂ ਵੀ, ਜਿਵੇਂ ਕਿ ਭਾਰਤ ਆਪਣੇ ਹਾਲੀਆ ਇਤਿਹਾਸ ਤੋਂ ਜਾਣਦਾ ਹੈ, ਜਬਰ ਸਿਰਫ਼ ਅਸੰਤੋਸ਼ ਨੂੰ ਜਨਮ ਦਿੰਦਾ ਹੈ ਅਤੇ ਜਦੋਂ ਸ਼ਾਂਤੀਪੂਰਨ ਤਰੀਕੇ ਨਾਲ ਵਿਚਾਰ ਪ੍ਰਗਟ ਕਰਨ ਦੇ ਰਾਹ ਬੰਦ ਕਰ ਦਿੱਤੇ ਜਾਂਦੇ ਹਨ ਤਾਂ ਉਹੀ ਅਸੰਤੋਸ਼ ਆਖ਼ਿਰਕਾਰ ਹਿੰਸਾ ਦੇ ਰੂਪ ਵਿੱਚ ਸਾਹਮਣੇ ਆਉਂਦਾ ਹੈ। ਫਿਰ ਵੀ, ਇਸੇ ਦਲੀਲ ਦੇ ਆਧਾਰ 'ਤੇ ਮੋਦੀ ਸਰਕਾਰ ਸੱਤ ਸਾਲ ਤੱਕ ਸਿੱਧਾ ਸ਼ਾਸਨ ਚਲਾਉਣ ਵਿੱਚ ਕਾਮਯਾਬ ਰਹੀ। ਭਾਰਤ ਦੇ ਸੁਪਰੀਮ ਕੋਰਟ ਨੇ ਵੀ ਚਾਰ ਸਾਲਾਂ ਤੱਕ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੂੰ ਇਸੇ ਦਲੀਲ ਦਾ ਰਟਣ-ਮੰਤਰ ਕਰਨ ਦੀ ਇਜਾਜ਼ਤ ਦਿੱਤੀ ਅਤੇ ਅੰਤ ਵਿੱਚ ਸਿਰਫ਼ ਇਹ ਕਿਹਾ ਕਿ ਰਾਜ ਦਾ ਦਰਜਾ 'ਜਿੰਨਾ ਜਲਦੀ ਹੋ ਸਕੇ' ਬਹਾਲ ਕੀਤਾ ਜਾਣਾ ਚਾਹੀਦਾ ਹੈ। ਉਸ ਤੋਂ ਬਾਅਦ ਵੀ ਤਿੰਨ ਸਾਲ ਬੀਤ ਚੁੱਕੇ ਹਨ, ਪਰ ਰਾਜ ਦਾ ਦਰਜਾ ਬਹਾਲ ਕਰਨ ਲਈ ਸਮਾਂ-ਸੀਮਾ ਤੈਅ ਕਰਨ ਦੀ ਮੰਗ ਵਾਲੀਆਂ ਪਟੀਸ਼ਨਾਂ ਉੱਤੇ ਅਜੇ ਤੱਕ ਸੁਣਵਾਈ ਨਹੀਂ ਹੋਈ। ਕਿਸੇ ਵੀ ਮੌਕੇ 'ਤੇ ਅਦਾਲਤ ਨੇ ਕੇਂਦਰ ਸਰਕਾਰ ਤੋਂ ਇਹ ਨਹੀਂ ਪੁੱਛਿਆ ਕਿ ਉਸ ਦੇ ਇਹ ਕਦਮ ਸੰਵਿਧਾਨਕ ਨੈਤਿਕਤਾ ਜਾਂ ਘੱਟੋ-ਘੱਟ ਵਿਹਾਰਕ ਪੱਖੋਂ ਕਿੰਨੇ ਲਾਭਕਾਰੀ ਸਾਬਤ ਹੋਏ ਹਨ। ਉਪ-ਰਾਜਪਾਲ ਦੇ ਹੱਥਾਂ ਵਿੱਚ ਸੱਤਾ ਸੰਵਿਧਾਨ ਨੇ ਐਮਰਜੈਂਸੀ ਹਾਲਾਤ ਦੀ ਮਿਆਦ ਵੱਧ ਤੋਂ ਵੱਧ ਛੇ ਮਹੀਨੇ ਤੱਕ ਸੀਮਤ ਕੀਤੀ ਸੀ, ਪਰ ਜੰਮੂ ਅਤੇ ਕਸ਼ਮੀਰ ਵਿੱਚ ਇਹੋ ਜਿਹੇ ਹਾਲਾਤ ਸੱਤ ਸਾਲਾਂ ਤੋਂ ਲਗਾਤਾਰ ਬਣੇ ਹੋਏ ਹਨ। ਭਾਵੇਂ ਜੰਮੂ ਅਤੇ ਕਸ਼ਮੀਰ ਹਾਈ ਕੋਰਟ ਨੇ ਵਾਰ-ਵਾਰ ਅਤੇ ਵਧਦੀ ਚਿੰਤਾ ਨਾਲ ਪੁਲਸ ਵੱਲੋਂ ਸਖ਼ਤ ਕਾਨੂੰਨਾਂ ਦੇ ਦੁਰਵਰਤੋਂ ਦੀ ਆਲੋਚਨਾ ਕੀਤੀ ਹੈ, ਪਰ ਉਸ ਦੀਆਂ ਟਿੱਪਣੀਆਂ ਨਾਲ ਕੋਈ ਠੋਸ ਸੁਧਾਰ ਨਜ਼ਰ ਨਹੀਂ ਆਉਂਦਾ। ਦੋ ਸਾਲ ਪਹਿਲਾਂ ਜੰਮੂ ਅਤੇ ਕਸ਼ਮੀਰ ਵਿੱਚ ਚੋਣਾਂ ਹੋਈਆਂ, ਪਰ ਚੁਣੀ ਹੋਈ ਸਰਕਾਰ ਕੋਲ ਬਹੁਤ ਘੱਟ ਅਧਿਕਾਰ ਹਨ। 2024 ਦੇ ਟ੍ਰਾਂਜ਼ੈਕਸ਼ਨ ਆਫ਼ ਬਿਜ਼ਨਸ ਰੂਲਜ਼ ਦੇ ਤਹਿਤ ਪ੍ਰਸ਼ਾਸਨ, ਪੁਲਿਸ ਅਤੇ ਸਰਕਾਰੀ ਵਕੀਲਾਂ ਉੱਤੇ ਕੰਟਰੋਲ ਉਪ-ਰਾਜਪਾਲ ਕੋਲ ਹੈ। ਹੁਣ ਉਸ ਨੂੰ ਦੂਰਸੰਚਾਰ ਉੱਤੇ ਵੀ ਐਮਰਜੈਂਸੀ ਅਧਿਕਾਰ ਦੇ ਦਿੱਤੇ ਗਏ ਹਨ, ਕਿਉਂਕਿ ਉਪ-ਰਾਜਪਾਲ ਲੋਕਾਂ ਵੱਲੋਂ ਚੁਣਿਆ ਹੋਇਆ ਨਹੀਂ, ਸਗੋਂ ਨਿਯੁਕਤ ਅਧਿਕਾਰੀ ਹੈ, ਇਸ ਲਈ ਉਹ ਲੋਕਾਂ ਦੇ ਪ੍ਰਤੀ ਜਵਾਬਦੇਹ ਵੀ ਨਹੀਂ ਹੈ।

ਲੋਕਤੰਤਰ ਰਾਹੀਂ ਜਵਾਬਦੇਹੀ ਭਾਰਤ ਦੇ ਨੌਜਵਾਨਾਂ ਨੇ ਜਿਸ ਖੁਸ਼ੀ ਅਤੇ ਵਿਸ਼ਵਾਸ ਨਾਲ ਆਪਣੇ ਲਈ ਵਰਤੇ ਗਏ ਅਪਮਾਨਜਨਕ ਸ਼ਬਦ 'ਕਾਕਰੋਚ' ਨੂੰ ਹੀ ਆਪਣੀ ਤਾਕਤ ਅਤੇ ਵਿਰੋਧ ਦਾ ਪ੍ਰਤੀਕ ਬਣਾ ਲਿਆ, ਉਸ ਨਾਲ ਜਵਾਬਦੇਹੀ ਦਾ ਸਵਾਲ ਮੁੜ ਰਾਸ਼ਟਰੀ ਚਰਚਾ ਦੇ ਕੇਂਦਰ ਵਿੱਚ ਆ ਗਿਆ ਹੈ। ਪਿਛਲੇ ਇੱਕ ਦਹਾਕੇ ਦੌਰਾਨ ਇਹ ਭਾਵਨਾ ਲਗਭਗ ਖ਼ਤਮ ਹੋ ਗਈ ਸੀ। ਸੰਯੋਗ ਨਾਲ, ਜੰਮੂ ਅਤੇ ਕਸ਼ਮੀਰ ਦੀ ਸੱਤਾਧਾਰੀ ਨੈਸ਼ਨਲ ਕਾਨਫਰੰਸ ਪਾਰਟੀ ਪਹਿਲਾਂ ਹੀ ਰਾਜ ਦਾ ਦਰਜਾ ਬਹਾਲ ਕਰਨ ਲਈ ਆਪਣੀ ਮੁਹਿੰਮ ਨੂੰ ਦੁਬਾਰਾ ਸ਼ੁਰੂ ਕਰਨ ਦਾ ਫ਼ੈਸਲਾ ਕਰ ਚੁੱਕੀ ਸੀ। ਇਹ ਮੁਹਿੰਮ ਕਾਂਗਰਸ ਪਾਰਟੀ ਨੇ ਦੋ ਸਾਲ ਪਹਿਲਾਂ ਸ਼ੁਰੂ ਕੀਤੀ ਸੀ, ਪਰ ਬਾਅਦ ਵਿੱਚ ਇਸ ਨੂੰ ਲਗਾਤਾਰ ਜਾਰੀ ਨਹੀਂ ਰੱਖ ਸਕੀ।

ਹੁਣ ਰਾਜ ਦਾ ਦਰਜਾ ਬਹਾਲ ਕਰਨ ਦੀ ਮੁਹਿੰਮ ਨੂੰ ਜਵਾਬਦੇਹੀ ਦੇ ਨਾਂਅ 'ਤੇ ਅੱਗੇ ਵਧਾਇਆ ਜਾਣਾ ਚਾਹੀਦਾ ਹੈ। ਸੰਵਿਧਾਨ ਨੇ ਸਪੱਸ਼ਟ ਤੌਰ @ਤੇ ਮੰਨਿਆ ਸੀ ਕਿ ਲੋਕਾਂ ਪ੍ਰਤੀ ਜਵਾਬਦੇਹੀ ਯਕੀਨੀ ਬਣਾਉਣ ਦਾ ਇੱਕੋ-ਇੱਕ ਪ੍ਰਭਾਵਸ਼ਾਲੀ ਤਰੀਕਾ ਚੁਣੀ ਹੋਈ ਸਰਕਾਰ ਹੈ। ਭਾਵੇਂ ਜਵਾਬਦੇਹੀ ਲਈ ਸੁਤੰਤਰ ਵਿਧਾਨ ਸਭਾ, ਨਿਗਰਾਨੀ ਸੰਸਥਾਵਾਂ, ਖੁਦਮੁਖਤਿਆਰ ਸੰਸਥਾਵਾਂ ਅਤੇ ਆਜ਼ਾਦ ਮੀਡੀਆ ਵੀ ਲਾਜ਼ਮੀ ਹਨ, ਪਰ ਇਨ੍ਹਾਂ ਦਾ ਵਿਕਾਸ ਵੀ ਚੁਣੀ ਹੋਈ ਸਰਕਾਰ ਰਾਹੀਂ ਹੀ ਸੰਭਵ ਹੈ। 2019 ਵਿੱਚ ਇਹ ਪਹਿਲਾ ਰਾਜ ਬਣਿਆ ਜਿਸ ਦਾ ਵਿਸ਼ੇਸ਼ ਦਰਜਾ ਅਤੇ ਰਾਜ ਦਾ ਦਰਜਾ ਦੋਵੇਂ ਖ਼ਤਮ ਕਰ ਦਿੱਤੇ ਗਏ। 2022 'ਚ ਇਹ ਅਜਿਹਾ ਪਹਿਲਾ ਰਾਜ ਵੀ ਬਣਿਆ, ਜਿੱਥੇ ਹਲਕਾਬੰਦੀ ਦੀ ਅਜਿਹੀ ਪ੍ਰਕਿਰਿਆ ਅਪਣਾਈ ਗਈ, ਜਿਸ ਵਿੱਚ ਜੰਮੂ ਦੀ ਵਸੋਂ ਬਣਤਰ ਨੂੰ ਬਦਲਣ ਲਈ ਵਾਧੂ ਹਿੰਦੂ-ਬਹੁਗਿਣਤੀ ਵਿਧਾਨ ਸਭਾ ਹਲਕੇ ਬਣਾਏ ਗਏ, ਜਿਨ੍ਹਾਂ ਵਿੱਚੋਂ ਕੁਝ ਦੀ ਆਬਾਦੀ 50,000 ਤੋਂ ਵੀ ਘੱਟ ਸੀ। ਕੀ ਹੁਣ ਸਮਾਂ ਨਹੀਂ ਆ ਗਿਆ ਕਿ ਜੰਮੂ ਅਤੇ ਕਸ਼ਮੀਰ ਸਿਰਫ਼ ਅਜਿਹੀਆਂ ਨਕਾਰਾਤਮਕ 'ਪਹਿਲੀਆਂ' ਦਾ ਹੀ ਸਾਹਮਣਾ ਨਾ ਕਰੇ, ਸਗੋਂ ਕੁਝ ਸਕਾਰਾਤਮਕ 'ਪਹਿਲੀਆਂ' ਦਾ ਵੀ ਗਵਾਹ ਬਣੇ? ਆਖ਼ਰਕਾਰ, 2024 ਦੀਆਂ ਚੋਣਾਂ ਵਿੱਚ ਫਿਰਕੂ ਹਲਕਾਬੰਦੀ ਨੂੰ ਪਿੱਛੇ ਛੱਡਦਿਆਂ ਬਹੁਲਤਾਵਾਦੀ ਨੈਸ਼ਨਲ ਕਾਨਫਰੰਸ-ਕਾਂਗਰਸ ਗਠਜੋੜ ਨੂੰ ਬਹੁਮਤ ਦਿਵਾਉਣ ਵਾਲਾ ਵੀ ਇਹ ਪਹਿਲਾ ਰਾਜ ਬਣਿਆ। ਇਸ ਲਈ ਇਹ ਬਿਲਕੁਲ ਉਚਿਤ ਹੋਵੇਗਾ ਕਿ ਇਹੋ ਰਾਜ ਸਭ ਤੋਂ ਪਹਿਲਾਂ ਉਹ ਰਾਜ ਦਾ ਦਰਜਾ ਵੀ ਮੁੜ ਹਾਸਲ ਕਰੇ, ਜਿਸ ਤੋਂ ਇਸ ਨੂੰ ਏਨੇ ਲੰਮੇ ਸਮੇਂ ਤੋਂ ਵਾਂਝਾ ਰੱਖਿਆ ਗਿਆ ਹੈ।

**(ਦਿ ਹਿੰਦੂ, 5 ਅਗਸਤ 2026 ਦੇ ਧੰਨਵਾਦ ਸਹਿਤ)**

**# ਸੰਪਰਕ : 94634-74342**

# ਕਾਹਲੀ-ਕਾਹਲੀ ਪੈਰ ਪੁੱਟ ਲੈ...

ਨਿਰਮਲਾ ਗਰਗ

*ਕਾਹਲੀ-ਕਾਹਲੀ ਪੈਰ ਪੁੱਟ ਲੈ,*
*ਤੀਆਂ ਲੱਗੀਆਂ ਪਿੱਪਲ ਦੀ ਛਾਵੇਂ।*

ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੀ ਬਾਣੀ ਵਿੱਚ ਲਿਖਿਆ ਹੈ ਕਿ 'ਸਭੇ ਰੁੱਤਾਂ ਚੰਗੀਆਂ' ਭਾਵ ਹਰ ਰੁੱਤ ਚੰਗੀ ਅਤੇ ਸੁਖਦਾਈ ਹੈ, ਪਰ ਸਾਉਣ ਦੀ ਰੁੱਤ ਦੀ ਆਪਣੀ ਇੱਕ ਮਹੱਤਤਾ ਹੈ, ਕਿਉਂਕਿ ਇਸ ਨਾਲ ਜੀਵਨ ਦੀ ਆਸ,ਉਤਪਾਦਨ ਅਤੇ ਪਾਣੀ ਦੇ ਸੋਮਿਆਂ ਦਾ ਜਿਉਂਦੇ ਰਹਿਣਾ ਜੁੜਿਆ ਹੋਇਆ ਹੈ। ਦੇਸ਼ ਚ ਖਾਧ ਖੁਰਾਕ ਦਾ ਉਤਪਾਦਨ ਸਾਉਣ ਮਹੀਨੇ 'ਚ ਪੈਣ ਵਾਲੀ ਵਰਖਾ 'ਤੇ ਹੀ ਨਿਰਭਰ ਕਰਦਾ ਹੈ।ਸਾਉਂਣ ਮਹੀਨੇ ਨਾਲ ਜੰਗਲੀ ਜੀਵਨ ਵੀ ਜੁੜਿਆ ਹੋਇਆ ਹੈ। ਜੇਕਰ ਜੰਗਲ ਬਚਣਗੇ ਤਾਂ ਹੀ ਉਸ ਵਿੱਚ ਰਹਿਣ ਵਾਲੇ ਲੱਖਾਂ ਜੀਵ-ਜੰਤੂ ਜਿਉਂਦੇ ਰਹਿਣਗੇ।ਇਸ ਲਈ ਬਾਣੀ 'ਚ ਵੀ ਕਿਹਾ ਗਿਆ ਹੈ:-

*ਸਾਵਣ ਆਇਆ ਸਾਵਣ ਆਇਆ,*
*ਜੀਵ ਜੰਤ ਸਭ ਸੁਖੀ ਵਸਾਇਆ॥*

ਸਾਉਣ ਦੇ ਮਹੀਨੇ 'ਚ ਖਾਸ ਕਰਕੇ ਪੰਜਾਬ ਵਿੱਚ ਤੀਆਂ ਦਾ ਤਿਉਹਾਰ ਬਹੁਤ ਹੀ ਪਿਆਰ ਤੇ ਚਾਵਾਂ ਨਾਲ ਮਨਾਇਆ ਜਾਂਦਾ ਹੈ। ਚੰਚਲ ਸੋਖ ਮੁਟਿਆਰਾਂ ਸਜ-ਧਜ ਕੇ ਤੀਆਂ ਵਿੱਚ ਜਾਂਦੀਆਂ ਹਨ ਅਤੇ ਪੀਘਾਂ ਝੂਟਦੀਆਂ ਹਨ। ਇੱਥੇ ਪੁਰਾਤਨ ਸਮਿਆਂ ਤੋਂ ਹੀ ਇਹ ਰਿਵਾਜ ਚਲਿਆ ਆ ਰਿਹਾ ਹੈ ਕਿ ਤੀਆਂ ਦੇ ਤਿਉਹਾਰ 'ਤੇ ਭਰਾ ਆਪਣੀਆਂ ਭੈਣਾਂ ਨੂੰ ਸਹੁਰਿਆਂ ਤੋਂ ਲੈ ਕੇ ਆਉਂਦੇ ਹਨ ਅਤੇ ਸੰਧਾਰਾ ਵੀ ਦਿੰਦੇ ਹਨ।ਸੰਧਾਰੇ ਵਿੱਚ ਬਹੁਤ ਸਾਰਾ ਸਮਾਨ ਜਿਵੇਂ ਕਿ,ਸੂਟ, ਮਹਿੰਦੀ, ਚੂੜੀਆਂ, ਬਿੰਦੀਆਂ, ਡੋਰੀ, ਟੂੰਮਾਂ, ਮਠਿਆਈਆਂ ਅਤੇ ਹੋਰ ਹਾਰ-ਸ਼ਿੰਗਾਰ ਦਾ ਸਮਾਨ ਦਿੱਤਾ ਜਾਂਦਾ ਹੈ।ਕਈ ਵਾਰੀ ਜੇ ਕਿਸੇ ਮੁਟਿਆਰ ਦਾ ਭਰਾ ਮਜਬੂਰੀਵੱਸ ਭੈਣ ਨੂੰ ਲੈਣ ਵਾਸਤੇ ਨਾ ਜਾਂਦਾ ਤਾਂ ਕੁੜੀ ਦੀ ਸੱਸ ਮਿਹਣਾ ਮਾਰਦੀ ਸੀ:-

ਸੱਸ ਮਾਰਦੀ ਗਲੀ ਦੇ ਵਿੱਚ ਮਿਹਣੇ,ਤੀਆਂ ਨੂੰ ਨਾ ਆਇਆ ਵੀਰਨਾ ਤੀਆਂ ਦਾ ਤਿਉਹਾਰ ਸਾਉਣ ਦੇ ਮਹੀਨੇ 'ਚ ਮੱਸਿਆ ਤੋ ਬਾਅਦ ਤੀਜ ਤੋਂ ਸ਼ੁਰੂ ਹੋਕੇ ਪੂਰਨਮਾਸ਼ੀ ਤੱਕ ਚੱਲਦਾ ਹੈ।ਕੁੜੀਆਂ ਚਿੜੀਆਂ ਇਕੱਠੀਆਂ ਹੋ ਕੇ ਆਪਣੇ ਦਿਲ ਦਾ ਹਾਲ ਸਾਂਝਾ ਕਰਦੀਆਂ ਹਨ ਅਤੇ ਦੁੱਖ-ਸੁੱਖ ਫਰੋਲਦੀਆਂ ਹਨ। ਨਣਦਾਂ ਤੇ ਭਰਜਾਈਆਂ ਪੀਂਘਾਂ ਝੂਟਦੀਆਂ ਹਨ ਅਤੇ ਕਈ ਵਾਰ ਪਿੱਪਲ ਦਾ ਉਪਰਲਾ ਪੱਤਾ ਤੋੜਨ ਦੀ ਕੋਸਿਸ਼ ਕਰਦੀਆਂ ਹਨ ਅਤੇ ਬੋਲੀਆਂ ਪਾਈਆਂ ਜਾਂਦੀਆਂ ਹਨ।



*ਸਾਉਣ ਮਹੀਨਾ ਦਿਨ ਤੀਆਂ ਦੇ, ਪਿੱਪਲੀ ਪੀਘਾਂ ਪਾਈਆਂ*
*ਇਕੱਠੀਆਂ ਹੋ ਕੇ ਆਈਆਂ ਗਿੱਧੇ ਵਿੱਚ, ਨਣਦਾਂ ਤੇ ਭਰਜਾਈਆਂ*
*ਬੋਲੀਆਂ ਪਾ-ਪਾ ਧਰਤੀ ਪੱਟਣ*
*ਵੱਡਿਆਂ ਘਰਾਂ ਦੀਆਂ ਜਾਈਆਂ*
*ਤੀਆਂ ਤੀਜ ਦੀਆਂ*
*ਵਰ੍ਹੇ ਦਿਨਾਂ ਤੋ ਆਈਆਂ*

ਪਰਾਣੇ ਸਮਿਆਂ ਚ ਜਦੋ ਕੋਈ ਵੀਰ ਆਪਣੀ ਭੈਣ ਨੂੰ ਤੀਆਂ 'ਤੇ ਲੈਣ ਜਾਂਦੇ ਸੀ ਤਾਂ ਉਦੋਂ ਆਵਾਜਾਈ ਦਾ ਕੋਈ ਹੋਰ ਸਾਧਨ ਨਾ ਹੋਣ ਕਰਕੇ ਬੋਤੇ 'ਤੇ ਚੜ੍ਹ ਕੇ ਜਾਂਦੇ ਸੀ। ਭੈਣ ਵੀ ਖੁਸੀ 'ਚ ਖੀਵੀ ਹੋ ਕੇ ਕੋਠੇ ਚੜ੍ਹ ਕੇ ਆਪਣੇ ਵੀਰ ਨੂੰ ਆਉਂਦੇ ਦੇਖਦੀ ਸੀ। ਉਸ ਦੇ ਵੀਰ ਅਤੇ ਬੋਤੇ ਦੀ ਆਓ-ਭਗਤ ਨੂੰ ਇੱਕ ਬੋਲੀ ਰਾਹੀਂ ਦਰਸਾਇਆ ਗਿਆ ਹੈ:-

*ਤੇਰੇ ਬੋਤੇ ਨੂੰ ਗੁਆਰੇ ਦੀਆਂ ਫਲੀਆਂ,ਤੈਨੂੰ ਵੀਰਾ ਦੁੱਧ ਦਾ ਛੰਨਾ*

ਸਾਉਣ ਦੇ ਮਹੀਨੇ ਦਾ ਸੰਬੰਧ ਖੀਰ ਪੂੜਿਆਂ ਨਾਲ ਵੀ ਬਹੁਤ ਰਿਹਾ ਹੈ।ਇਹਨਾਂ ਦਿਨਾਂ ਵਿੱਚ ਲੋਕ ਆਪਣੇ ਘਰਾਂ ਵਿੱਚ ਖੀਰ ਪੂੜੇ ਅਤੇ ਹੋਰ ਮਿੱਠੇ ਪਕਵਾਨ ਬਣਾਉਂਦੇ ਹਨ।ਬਰਸਾਤ ਦਾ ਮੌਸਮ ਹੋਣ ਕਰ ਕੇ ਖੀਰ ਪੂੜਿਆਂ ਦਾ ਸੁਆਦ ਹੀ ਵੱਖਰਾ ਹੁੰਦਾ ਹੈ।ਛੋਟੇ ਛੋਟੇ ਬੱਚੇ ਤਾਂ ਮੀਂਹ ਵਿੱਚ ਨਹਾ ਕੇ ਆਪਣੇ ਬਚਪਨ ਦਾ ਆਨੰਦ ਮਾਣਦੇ ਹਨ।

ਅੱਜਕੱਲ੍ਹ ਸ਼ਹਿਰਾਂ ਵਿੱਚ ਤੀਆਂ ਦਾ ਤਿਉਹਾਰ ਸਕੂਲਾਂ ਜਾਂ ਪੈਲਸਾਂ ਵਿੱਚ ਮਨਾਇਆ ਜਾਂਦਾ ਹੈ। ਅਜਿਹੀਆਂ ਸ਼ਹਿਰੀ ਤੀਆਂ ਤਾਂ ਆਤਮਾ ਰਹਿਤ ਹੀ ਲੱਗਦੀਆਂ ਹਨ। ਅਸਲੀ ਤੀਆਂ ਤਾਂ ਪਿੰਡਾਂ ਵਿੱਚ ਮਨਾਈਆਂ ਜਾਂਦੀਆਂ ਹਨ। ਪਿੰਡਾਂ ਵਿੱਚ ਹਰੇ-ਭਰੇ ਦਰੱਖਤਾਂ ਨਾਲ ਲੱਦੀ ਹੋਈ ਨਿਵੇਕਲੀ ਸੁੰਦਰ ਥਾਂ ਨੂੰ ਤੀਆਂ ਲਈ ਚੁਣਿਆ ਜਾਂਦਾ ਹੈ।ਨਿੰਮਾਂ ਅਤੇ ਪਿੱਪਲਾਂ ਤੇ ਪਾਈਆਂ ਹੋਈਆਂ ਲੰਮੀਆਂ ਪੀਘਾਂ ਤੀਆਂ ਦੇ ਤਿਉਹਾਰ ਨੂੰ ਆਨੰਦਮਈ ਬਣਾ ਦਿੰਦੀਆਂ ਹਨ। ਕੁੜੀਆਂ ਇੱਕ ਗੋਲ ਚੱਕਰ ਬਣਾ ਕੇ ਖਲੋ ਜਾਂਦੀਆਂ ਹਨ ਅਤੇ ਖੂਬ ਨੱਚਦੀਆਂ ਹਨ। ਤੀਆਂ ਵਿੱਚ ਗਿੱਧਾ ਹੀ ਖਿੱਚ ਦਾ ਕੇਂਦਰ ਹੁੰਦਾ ਹੈ। ਆਪਣੇ ਭਰਾਵਾਂ ਦੇ ਪਿਆਰ ਵਿੱਚ ਮੋਹ ਭਿੱਜੀਆਂ ਬੋਲੀਆਂ ਪਾਉਂਦੀਆਂ ਹਨ ਜਿਵੇਂ :-

*ਮੇਰੇ ਵੀਰ ਦਾ ਮੁਲ੍ਹਾਜੇਦਾਰ ਮੁਨਸ਼ੀ ਨੀ ਚੱਕੋ ਮੰਜਾ ਡਾਹੋ ਕੁਰਸੀ*
*ਥਾਣੇਦਾਰ ਦੇ ਬਰਾਬਰ ਡਹਿੰਦੀ ਕੁਰਸੀ ਮੇਰੇ ਵੀਰ ਦੀ*

ਤੀਆਂ ਦਾ ਤਿਉਹਾਰ ਪੂਰੇ ਤੇਰਾਂ ਦਿਨ ਚੱਲਦਾ ਹੈ। ਅਖੀਰਲੇ ਦਿਨ ਕੁੜੀਆਂ ਬੱਲੋ ਪਾਉਂਦੀਆਂ ਹਨ ਅਤੇ ਪੂਰੇ ਜ਼ੋਰ ਸ਼ੋਰ ਨਾਲ ਨੱਚਦੀਆਂ ਹਨ, ਕਿਉਂਕਿ ਉਹ ਤੀਆਂ ਦਾ ਅਖੀਰਲਾ ਦਿਨ ਹੁੰਦਾ ਹੈ।ਸਹੁਰੇ ਜਾਣ ਲੱਗੀਆਂ ਭਰਾਵਾਂ ਨੂੰ ਰੱਖੜੀ ਵੀ ਦੇ ਜਾਂਦੀਆਂ ਹਨ।ਵਿਛੜਨ ਲੱਗੀਆਂ ਭਾਦੋਂ ਦੇ ਮਹੀਨੇ ਨੂੰ ਉਲ੍ਹਾਂਭਾ ਦਿੰਦੀਆਂ ਹੋਈਆਂ ਕਹਿੰਦੀਆਂ ਹਨ:-

*ਸਾਉਣ ਵੀਰ ਕੱਠੀਆਂ ਕਰੇ*
*ਭਾਦੋਂ ਚੰਦਰੀ ਵਿਛੋੜੇ ਪਾਵੇ*

ਸਾਉਣ ਦੇ ਮਹੀਨੇ ਵਿੱਚ ਮੋਰ ਦੀ ਖਾਸ ਮਹੱਤਤਾ ਹੈ। ਜਦੋਂ ਬੱਦਲਾਂ ਦੀ ਗਰਜ ਸੁਣ ਕੇ ਮੋਰ ਪੈਲ ਪਾਉਂਦਾ ਹੈ ਤਾਂ ਬਹੁਤ ਸੁੰਦਰ ਨਜ਼ਾਰਾ ਪੇਸ਼ ਕਰਦਾ ਹੈ।ਮੋਰ ਨਾਲ ਸਬੰਧਤ ਇੱਕ ਪੁਰਾਣੀ ਕਥਾ ਪ੍ਰਚਲਤ ਹੈ ਕਿ ਜਦੋ ਮੋਰ ਪੈਲ ਪਾਉਂਦਾ ਹੈ ਤਾਂ ਆਪਣੇ ਪੈਰਾਂ ਵੱਲ ਦੇਖ ਕੇ ਬਹੁਤ ਦੁਖੀ ਹੁੰਦਾ ਹੈ। ਕਹਿੰਦੇ ਹਨ ਕਿ ਇੱਕ ਵਾਰੀ ਚਿੜੀ ਆਪਣੇ ਪੇਕੇ ਜਾਣ ਸਮੇ ਮੋਰ ਦੇ ਪੈਰ ਉਧਾਰੇ ਲੈ ਗਈ ਸੀ, ਕਿਉਕਿ ਚਿੜੀ ਦੇ ਪੈਰ ਸੁੰਦਰ ਨਹੀ ਸਨ। ਪੇਕਿਆਂ ਤੋਂ ਵਾਪਸ ਆ ਕੇ ਚਿੜੀ ਨੇ ਮੋਰ ਦੇ ਪੈਰ ਵਾਪਸ ਨਹੀ ਕੀਤੇ, ਕਿਉਂਕਿ ਮੋਰ ਦੇ ਪੈਰ ਬਹੁਤ ਸੁੰਦਰ ਸਨ। ਇਸ ਕਰਕੇ ਮੋਰ ਕਈ ਵਾਰ ਆਪਣੇ ਪੈਰਾਂ ਨੂੰ ਦੇਖ ਕੇ ਰੋਣ ਲੱਗ ਜਾਂਦਾ ਹੈ। ਸ੍ਰੀ ਗੁਰੂ ਗਰੰਥ ਸਾਹਿਬ ਵਿੱਚ ਵੀ ਸਾਉਣ ਦੇ ਮਹੀਨੇ ਨੂੰ ਬਹੁਤ ਮਹੱਤਤਾ ਦਿੱਤੀ ਗਈ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਗੁਰਬਾਣੀ 'ਚ ਸਾਉਣ ਦੇ ਮਹੀਨੇ ਦੀ ਮਹੱਤਤਾ ਨੂੰ ਇਸ ਤਰਾਂ ਪ੍ਰਗਟ ਕੀਤਾ ਹੈ:-

ਮੋਰੀਂ ਰੁਣ ਝੁਣ ਲਾਇਆ ,ਭੈਣੇ ਸਾਵਣ ਆਇਆ

ਭਾਈ ਗੁਰਦਾਸ ਜੀ ਨੇ ਵੀ ਆਪਣੀ ਲੇਖਣੀ ਵਿੱਚ ਸਾਉਣ ਦੇ ਮਹੀਨੇ ਵਾਰੇ ਲਿਖਿਆ ਹੈ:-

*ਸਾਵਣ ਵਣ ਹਰਿਆਵਲੇ*
*ਵੁੱਠੇ ਸੁੱਕੇ ਅਕੁ ਜਵਾਹਾ*

**ਸੰਪਰਕ : 98031-08966**

# ਕਿੱਧਰ ਨੂੰ ਜਾ ਰਿਹਾ ਸਾਡਾ ਲੋਕਤੰਤਰ ?

ਪ੍ਰੋ. ਜਗਰੂਪ ਕੌਰ

ਇੱਕ-ਦੋ ਦਿਨ ਪਹਿਲਾਂ ਵਾਪਰੀਆਂ ਦੋ ਘਟਨਾਵਾਂ ਨੇ ਸਾਡੇ ਦੇਸ਼ ਦੇ ਰਾਜ-ਪ੍ਰਬੰਧ ਅਤੇ ਨਿਆਂ ਪ੍ਰਣਾਲੀ ਉੱਤੇ ਬਹੁਤ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਇਹ ਅਜਿਹੇ ਸਵਾਲ ਹਨ, ਜਿਨ੍ਹਾਂ ਤੋਂ ਮੁੱਖ ਮੋੜਨਾ ਆਸਾਨ ਹੈ, ਪਰ ਇਨ੍ਹਾਂ ਦਾ ਸਾਹਮਣਾ ਕੀਤੇ ਬਿਨਾਂ ਸਾਡੇ ਦੇਸ਼ ਦਾ ਭਵਿੱਖ ਸੁਰੱਖਿਅਤ ਨਹੀਂ ਹੋ ਸਕਦਾ। ਇੱਕ ਪਾਸੇ ਦੇਸ਼ ਦੀ ਰਾਜਧਾਨੀ ਦਿੱਲੀ ਦੇ ਜੰਤਰ-ਮੰਤਰ ਤੇ ©55" ਪ੍ਰੀਖਿਆ ਦੀਆਂ ਗੜਬੜੀਆਂ ਅਤੇ ਪੇਪਰ ਲੀਕ ਹੋਣ ਦੇ ਵਿਰੋਧ ਵਿੱਚ ਸੰਸਦ ਵੱਲ ਮਾਰਚ ਕਰ ਰਹੇ ਨੌਜਵਾਨਾਂ ਅਤੇ ਵਿਦਿਆਰਥੀਆਂ 'ਤੇ ਪੁਲਸ ਨੇ ਬੇਰਹਿਮੀ ਨਾਲ ਲਾਠੀਚਾਰਜ ਕੀਤਾ, ਜਿਸ ਵਿੱਚ ਕੇਂਦਰੀ ਸਿੱਖਿਆ ਮੰਤਰੀ ਤੋਂ ਜਵਾਬਦੇਹੀ ਮੰਗ ਰਹੇ ਕਈ ਬੱਚੇ ਜ਼ਖ਼ਮੀ ਹੋ ਗਏ। ਦੂਜੇ ਪਾਸੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਕੈਂਪਸ ਅੰਦਰ ਰਾਜਨੀਤਕ ਪ੍ਰੋਗਰਾਮਾਂ ਦਾ ਵਿਰੋਧ ਕਰ ਰਹੇ ਵਿਦਿਆਰਥੀਆਂ ਨੂੰ ਪੁਲਸ ਜ਼ਬਰਦਸਤੀ ਧੂਹ ਕੇ ਗੱਡੀਆਂ ਵਿੱਚ ਤਾੜ ਕੇ ਲੈ ਗਈ। ਇਹ ਦੋਵੇਂ ਘਟਨਾਵਾਂ ਸਿਰਫ਼ ਦੋ ਅਲੱਗ-ਅਲੱਗ ਥਾਵਾਂ ਦੀਆਂ ਮਾਮੂਲੀ ਖ਼ਬਰਾਂ ਨਹੀਂ ਹਨ, ਸਗੋਂ ਇਹ ਉਸ ਖ਼ਤਰਨਾਕ ਰੁਝਾਨ ਵੱਲ ਇਸ਼ਾਰਾ ਕਰਦੀਆਂ ਹਨ ਜਿੱਥੇ ਸਾਡਾ ਪ੍ਰਸ਼ਾਸਨ ਆਪਣੇ ਹੀ ਦੇਸ਼ ਦੇ ਪੜ੍ਹੇ-ਲਿਖੇ ਨੌਜਵਾਨਾਂ ਦੀ ਆਵਾਜ਼ ਸੁਣਨ ਤੋਂ ਡਰਨ ਲੱਗ ਪਿਆ ਹੈ।

ਇਨ੍ਹਾਂ ਘਟਨਾਵਾਂ ਤੋਂ ਬਾਅਦ ਇਹ ਪੁੱਛਣਾ ਜ਼ਰੂਰੀ ਹੋ ਜਾਂਦਾ ਹੈ ਕਿ ਕੀ ਇੱਕ ਵਿਦਿਆਰਥੀ ਦਾ ਕਸੂਰ ਸਿਰਫ਼ ਇਹ ਹੈ ਕਿ ਉਹ ਸਾਫ਼-ਸੁਥਰੀਆਂ ਪ੍ਰੀਖਿਆਵਾਂ, ਆਪਣੇ ਭਵਿੱਖ ਅਤੇ ਆਪਣੀ ਯੂਨੀਵਰਸਿਟੀ ਦੇ ਅਕਾਦਮਿਕ ਮਾਹੌਲ ਬਾਰੇ ਸਵਾਲ ਪੁੱਛ ਰਿਹਾ ਹੈ? ਕੀ ਲੋਕਤੰਤਰ ਦਾ ਮਤਲਬ ਸਿਰਫ਼ ਪੰਜ ਸਾਲ ਬਾਅਦ ਵੋਟ ਪਾਉਣਾ ਹੀ ਹੈ ਜਾਂ ਫਿਰ ਚੁਣੀ ਹੋਈ ਸਰਕਾਰ ਤੋਂ ਨਿਰੰਤਰ ਜਵਾਬ ਮੰਗਣਾ ਵੀ ਨਾਗਰਿਕਾਂ ਦਾ ਅਧਿਕਾਰ ਹੈ?

ਯੂਨੀਵਰਸਿਟੀਆਂ ਅਤੇ ਵਿੱਦਿਅਕ ਅਦਾਰੇ ਕਿਸੇ ਵੀ ਸਮਾਜ ਦੀ ਸੋਚ, ਵਿਗਿਆਨਕ ਦ੍ਰਿਸ਼ਟੀਕੋਣ ਅਤੇ ਨਵੀਂ ਸਮਝ ਦਾ ਕੇਂਦਰ ਹੁੰਦੇ ਹਨ। ਇਹ ਸਿਰਫ਼ ਕਾਗਜ਼ੀ ਡਿਗਰੀਆਂ ਵੰਡਣ ਦੇ ਕਾਰਖਾਨੇ ਨਹੀਂ ਹਨ, ਸਗੋਂ ਇੱਥੇ ਉਹ ਵਿਚਾਰ ਜਨਮ ਲੈਂਦੇ ਹਨ, ਜੋ ਭਵਿੱਖ ਦੇ ਦੇਸ਼ ਨੂੰ ਦਿਸ਼ਾ ਦਿੰਦੇ ਹਨ। ਉੱਚ-ਸਿੱਖਿਆ ਸੰਸਥਾਵਾਂ ਦਾ ਮੁੱਖ ਮਕਸਦ ਹਰ ਇੱਕ ਵਿਦਿਆਰਥੀ ਲਈ ਇੱਕ ਨਿਰਪੱਖ, ਸੁਤੰਤਰ ਅਤੇ ਬਰਾਬਰੀ ਵਾਲਾ ਮਾਹੌਲ ਤਿਆਰ ਕਰਨਾ ਹੁੰਦਾ ਹੈ। ਜਦੋਂ ਇਨ੍ਹਾਂ ਪਵਿੱਤਰ ਅਦਾਰਿਆਂ ਅੰਦਰ ਵਿਦਿਆਰਥੀਆਂ 'ਤੇ ਰਾਜਨੀਤਕ ਏਜੰਡੇ ਠੋਸੇ ਜਾਂਦੇ ਹਨ, ਤਾਂ ਉੱਥੇ ਪੜ੍ਹਨ ਵਾਲੇ ਨੌਜਵਾਨਾਂ ਵਿੱਚ ਬੇਚੈਨੀ ਅਤੇ ਅਸੁਰੱਖਿਆ ਦਾ ਮਾਹੌਲ ਬਣਨਾ ਸੁਭਾਵਿਕ ਹੈ। ਜਦੋਂ ਵਿਦਿਆਰਥੀ ਇਸ ਧੱਕੇਸ਼ਾਹੀ ਖ਼ਿਲਾਫ਼ ਆਵਾਜ਼ ਉਠਾਉਂਦੇ ਹਨ, ਤਾਂ ਉਨ੍ਹਾਂ ਨੂੰ ਅਨੁਸ਼ਾਸਨਹੀਣ ਕਹਿ ਕੇ ਪੁਲਸ ਤੋਂ ਕੁਟਵਾਇਆ ਜਾਂਦਾ ਹੈ।

ਸਾਡਾ ਸੰਵਿਧਾਨ ਹਰ ਨਾਗਰਿਕ ਨੂੰ ਆਪਣੀ ਗੱਲ ਰੱਖਣ, ਵਿਰੋਧ ਦਰਜ ਕਰਵਾਉਣ ਅਤੇ ਸ਼ਾਂਤੀਪੂਰਵਕ ਇਕੱਠੇ ਹੋਣ ਦਾ ਪੂਰਾ ਅਧਿਕਾਰ ਦਿੰਦਾ ਹੈ। ਇਹ ਬੁਨਿਆਦੀ ਹੱਕ ਸਾਨੂੰ ਕਿਸੇ ਸਰਕਾਰ ਨੇ ਤੋਹਫ਼ੇ ਵਿੱਚ ਨਹੀਂ ਦਿੱਤੇ, ਸਗੋਂ ਇਹ ਸਾਡੇ ਦੇਸ਼ ਦੇ ਸ਼ਹੀਦਾਂ ਅਤੇ ਅੰਦੋਲਨਕਾਰੀਆਂ ਦੀਆਂ ਵੱਡੀਆਂ ਕੁਰਬਾਨੀਆਂ ਦੀ ਦੇਣ ਹਨ।

ਅੱਜ ਦੇ ਦੌਰ ਵਿੱਚ ਅਸਹਿਮਤੀ ਦੀ ਹਰ ਆਵਾਜ਼ ਨੂੰ ਕਾਨੂੰਨ ਅਤੇ ਵਿਵਸਥਾ ਦੀ ਸਮੱਸਿਆ ਬਣਾ ਕੇ ਦੇਖਿਆ ਜਾ ਰਿਹਾ ਹੈ। ਵਿਦਿਆਰਥੀਆਂ ਅਤੇ ਸਮਾਜ ਲਈ ਆਵਾਜ਼ ਚੁੱਕਣ ਵਾਲੇ ਲੋਕਾਂ ਉੱਤੇ ਗੰਭੀਰ ਧਾਰਾਵਾਂ ਲਗਾ ਕੇ ਉਨ੍ਹਾਂ ਨੂੰ ਲੰਬੇ ਸਮੇਂ ਲਈ ਜੇਲ੍ਹਾਂ ਵਿੱਚ ਬੰਦ ਕਰ ਦਿੱਤਾ ਜਾਂਦਾ ਹੈ। ਉਮਰ ਖਾਲਿਦ ਵਰਗੇ ਕਈ ਮਾਮਲੇ ਇਸ ਗੱਲ ਦਾ ਪ੍ਰਤੱਖ ਸਬੂਤ ਹਨ ਕਿ ਸਾਡੀਆਂ ਅਦਾਲਤਾਂ ਵਿੱਚ ਮੁਕੱਦਮੇ ਸਾਲਾਂਬੱਧੀ ਲਟਕਦੇ ਰਹਿੰਦੇ ਹਨ ਅਤੇ ਨੌਜਵਾਨਾਂ ਦਾ ਕੀਮਤੀ ਸਮਾਂ ਬਿਨਾਂ ਦੋਸ਼ ਸਾਬਤ ਹੋਏ ਜੇਲ੍ਹਾਂ ਵਿੱਚ ਬਰਬਾਦ ਹੋ ਜਾਂਦਾ ਹੈ। ਕਾਨੂੰਨ ਦਾ ਸੁਨਹਿਰੀ ਨਿਯਮ ਕਹਿੰਦਾ ਹੈ ਕਿ ਦੇਰੀ ਨਾਲ ਮਿਲਿਆ ਨਿਆਂ ਅਸਲ ਵਿੱਚ ਅਨਿਆਂ ਦੇ ਬਰਾਬਰ ਹੁੰਦਾ ਹੈ।

ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਇਹ ਨਹੀਂ ਹੁੰਦੀ ਕਿ ਦੇਸ਼ ਵਿੱਚ ਸਭ ਕੁਝ ਸ਼ਾਂਤ ਹੈ ਅਤੇ ਕੋਈ ਸਰਕਾਰ ਦੀਆਂ ਨੀਤੀਆਂ ਤੇ ਸਵਾਲ ਨਹੀਂ ਚੁੱਕ ਰਿਹਾ। ਸੱਚਾ ਅਤੇ ਜਿਉਂਦਾ-ਜਾਗਦਾ ਲੋਕਤੰਤਰ ਤਾਂ ਉਹ ਹੈ, ਜਿੱਥੇ ਵਿਰੋਧੀ ਆਵਾਜ਼ਾਂ ਨੂੰ ਸੁਣਨ ਅਤੇ ਬਰਦਾਸ਼ਤ ਕਰਨ ਦਾ ਹੌਸਲਾ ਹੋਵੇ। ਸਰਕਾਰ ਦੀ ਆਲੋਚਨਾ ਉਸ ਦੀ ਦੁਸ਼ਮਣ ਨਹੀਂ ਹੁੰਦੀ, ਸਗੋਂ ਇੱਕ ਸ਼ੀਸ਼ਾ ਹੁੰਦੀ ਹੈ, ਜੋ ਪ੍ਰਸ਼ਾਸਨ ਨੂੰ ਉਸ ਦੀਆਂ ਕਮੀਆਂ ਅਤੇ ਗ਼ਲਤੀਆਂ ਸੁਧਾਰਨ ਦਾ ਮੌਕਾ ਦਿੰਦੀ ਹੈ। ਜੋ ਸਰਕਾਰ ਆਪਣੇ ਨਾਗਰਿਕਾਂ ਦੀ ਆਵਾਜ਼ ਨੂੰ ਦਬਾਉਣ ਲਈ ਤਾਕਤ ਦਾ ਸਹਾਰਾ ਲੈਂਦੀ ਹੈ, ਉਹ ਹੌਲੀ-ਹੌਲੀ ਆਪਣੇ ਹੀ ਲੋਕਾਂ ਦੇ ਮਨਾਂ ਵਿੱਚੋਂ ਆਪਣਾ ਵਿਸ਼ਵਾਸ ਗੁਆ ਲੈਂਦੀ ਹੈ।

ਇਸ ਪੂਰੇ ਘਟਨਾਕ੍ਰਮ ਵਿੱਚ ਸਾਡੇ ਸਮਾਜ ਦੀ ਚੁੱਪ ਵੀ ਓਨੀ ਹੀ ਜ਼ਿੰਮੇਵਾਰ ਹੈ। ਅੱਜ ਲੋੜ ਇਹ ਨਹੀਂ ਕਿ ਅਸੀਂ ਕਿਸੇ ਵਿਸ਼ੇਸ਼ ਰਾਜਨੀਤਕ ਧਿਰ ਦਾ ਪੱਖ ਲਈਏ, ਸਗੋਂ ਸਭ ਤੋਂ ਵੱਡੀ ਲੋੜ ਇਹ ਹੈ ਕਿ ਅਸੀਂ ਸੰਵਿਧਾਨਕ ਮੁੱਲਾਂ ਅਤੇ ਆਪਣੇ ਬੱਚਿਆਂ ਦੇ ਭਵਿੱਖ ਨਾਲ ਖੜ੍ਹੇ ਹੋਈਏ। ਸਰਕਾਰਾਂ ਆਉਂਦੀਆਂ-ਜਾਂਦੀਆਂ ਰਹਿਣਗੀਆਂ, ਅੱਜ ਇੱਕ ਪਾਰਟੀ ਸੱਤਾ ਵਿੱਚ ਹੈ ਤਾਂ ਕੱਲ੍ਹ ਦੂਜੀ ਹੋਵੇਗੀ, ਪਰ ਜੇਕਰ ਅਸੀਂ ਇੱਕ ਸੁਚੇਤ ਨਾਗਰਿਕ ਵਜੋਂ ਆਪਣੇ ਬੁਨਿਆਦੀ ਅਧਿਕਾਰਾਂ ਦੀ ਰਾਖੀ ਕਰਨ ਵਿੱਚ ਨਾਕਾਮ ਰਹੇ, ਤਾਂ ਇਸ ਦਾ ਨੁਕਸਾਨ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਭੁਗਤਣਾ ਪਵੇਗਾ।

ਸਾਡੇ ਰਾਜ-ਪ੍ਰਬੰਧ ਨੂੰ ਇਹ ਗੱਲ ਹਮੇਸ਼ਾ ਯਾਦ ਰੱਖਣੀ ਚਾਹੀਦੀ ਹੈ ਕਿ ਜੇਲ੍ਹਾਂ ਦੀਆਂ ਕੰਧਾਂ, ਪੁਲਸ ਦੇ ਡੰਡੇ ਜਾਂ ਕਾਨੂੰਨ ਦੀਆਂ ਸਖ਼ਤ ਧਾਰਾਵਾਂ ਸਿਰਫ਼ ਇੱਕ ਇਨਸਾਨ ਦੇ ਸਰੀਰ ਨੂੰ ਕੈਦ ਕਰ ਸਕਦੀਆਂ ਹਨ, ਕਿਸੇ ਦੀ ਸੋਚ, ਜਜ਼ਬੇ ਅਤੇ ਵਿਚਾਰਾਂ ਨੂੰ ਕਦੇ ਜੇਲ੍ਹ ਵਿੱਚ ਬੰਦ ਨਹੀਂ ਕੀਤਾ ਜਾ ਸਕਦਾ। ਵਿਚਾਰਾਂ ਦੀ ਆਜ਼ਾਦੀ, ਵੱਖ-ਵੱਖ ਦ੍ਰਿਸ਼ਟੀਕੋਣਾਂ ਦਾ ਸਤਿਕਾਰ ਅਤੇ ਨਵੀਂ ਸੋਚ ਦਾ ਪ੍ਰਗਟਾਵਾ ਹੀ ਕਿਸੇ ਸਮਾਜ ਦੇ ਅਸਲ ਅਰਥਾਂ ਵਿੱਚ ਵਿਕਸਤ ਹੋਣ ਦੀ ਸਭ ਤੋਂ ਵੱਡੀ ਨਿਸ਼ਾਨੀ ਹੈ।

ਦਿੱਲੀ ਅਤੇ ਚੰਡੀਗੜ੍ਹ ਦੀਆਂ ਇਹ ਘਟਨਾਵਾਂ ਸਾਡੇ ਸਮਾਜ ਦੇ ਸਾਹਮਣੇ ਇੱਕ ਬਹੁਤ ਵੱਡਾ ਸਵਾਲ ਛੱਡ ਜਾਂਦੀਆਂ ਹਨ। ਸਾਨੂੰ ਇਹ ਤੈਅ ਕਰਨਾ ਪਵੇਗਾ ਕਿ ਅਸੀਂ ਇੱਕ ਅਜਿਹਾ ਦੇਸ਼ ਬਣਾਉਣਾ ਚਾਹੁੰਦੇ ਹਾਂ, ਜਿੱਥੇ ਸਵਾਲ ਪੁੱਛਣ ਵਾਲੀਆਂ ਆਵਾਜ਼ਾਂ ਨੂੰ ਡੰਡੇ ਨਾਲ ਦਬਾਇਆ ਜਾਵੇ ਜਾਂ ਇੱਕ ਅਜਿਹਾ ਭਾਰਤ ਜਿੱਥੇ ਤਰਕ, ਸੰਵਾਦ ਅਤੇ ਸੰਵਿਧਾਨਕ ਅਧਿਕਾਰਾਂ ਨੂੰ ਸਭ ਤੋਂ ਉੱਚਾ ਦਰਜਾ ਦਿੱਤਾ ਜਾਵੇ। ਜੇਕਰ ਅਸੀਂ ਅੱਜ ਚੁੱਪ ਰਹੇ, ਤਾਂ ਕੱਲ੍ਹ ਨੂੰ ਸਵਾਲ ਪੁੱਛਣ ਦੀ ਆਜ਼ਾਦੀ ਪੂਰੀ ਤਰ੍ਹਾਂ ਖ਼ਤਮ ਹੋ ਜਾਵੇਗੀ।

ਲੋਕਤੰਤਰ ਦੀ ਅਸਲ ਤਾਕਤ ਵੱਡੀਆਂ ਆਲੀਸ਼ਾਨ ਸਰਕਾਰੀ ਇਮਾਰਤਾਂ, ਸੰਸਦ ਭਵਨ ਜਾਂ ਪ੍ਰਸ਼ਾਸਨਿਕ ਕੁਰਸੀਆਂ ਵਿੱਚ ਨਹੀਂ ਹੁੰਦੀ, ਇਸ ਦੀ ਅਸਲ ਤਾਕਤ ਆਮ ਨਾਗਰਿਕ ਦੇ ਹੌਸਲੇ, ਅਧਿਆਪਕ ਦੀ ਚੇਤਨਾ, ਪੱਤਰਕਾਰ ਦੀ ਨਿਰਪੱਖਤਾ ਅਤੇ ਵਿਦਿਆਰਥੀਆਂ ਦੀ ਸੁਤੰਤਰ ਸੋਚ ਵਿੱਚ ਜਿਉਂਦੀ ਰਹਿੰਦੀ ਹੈ। ਲੋਕਤੰਤਰ ਨੂੰ ਡੰਡੇ ਦੀ ਤਾਕਤ ਨਾਲ ਨਹੀਂ, ਸਗੋਂ ਆਪਸੀ ਗੱਲਬਾਤ, ਇਨਸਾਫ਼ ਅਤੇ ਸੰਵਿਧਾਨ ਦੇ ਮਾਰਗ 'ਤੇ ਚੱਲ ਕੇ ਚਲਾਇਆ ਜਾਂਦਾ ਹੈ। ਜਦੋਂ ਤੱਕ ਦੇਸ਼ ਦਾ ਆਮ ਨਾਗਰਿਕ ਆਪਣੇ ਹੱਕਾਂ ਅਤੇ ਫ਼ਰਜ਼ਾਂ ਪ੍ਰਤੀ ਜਾਗਰੂਕ ਹੈ, ਤਦੋਂ ਤੱਕ ਕੋਈ ਵੀ ਤਾਕਤ ਸਾਡੇ ਲੋਕਤੰਤਰ ਦੀ ਬੁਨਿਆਦ ਨੂੰ ਨੁਕਸਾਨ ਨਹੀਂ ਪਹੁੰਚਾ ਸਕਦੀ।

**# ਸੰਪਰਕ : 70095-29882**

# ਮਹਿਲਾ ਖੁਦਕੁਸ਼ੀ ਮਾਮਲਾ : ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਪਹਿਲਾਂ ਘੇਰਿਆ ਥਾਣਾ, ਫਿਰ ਮੁੱਖ ਸੜਕ ਕੀਤੀ ਜਾਮ

**ਅੱਠਵੇਂ ਦਿਨ ਵੀ ਸਸਕਾਰ ਤੋਂ ਕੀਤਾ ਇਨਕਾਰ, ਮੁਲਜ਼ਮਾਂ ਦੀ ਗ੍ਰਿਫ਼ਤਾਰੀ ਤੱਕ ਘਿਰਾਓ ਜਾਰੀ ਰੱਖਣ ਦਾ ਐਲਾਨ**



**ਮਾਨਸਾ (ਆਤਮਾ ਸਿੰਘ ਪਮਾਰ)**

ਪਿੰਡ ਬੁਰਜ ਢੱਬਰ ਦੀ ਇਕ ਮਹਿਲਾ ਵੱਲੋਂ ਸਕੂਲ ਹਿੱਸੇਦਾਰੀ ਦੀ ਦੇਣਦਾਰੀ ਨਾ ਦੇਣ ਬਦਲੇ ਜ਼ਹਿਰੀਲੀ ਚੀਜ਼ ਖਾ ਕੇ ਖੁਦਕੁਸ਼ੀ ਕਰਨ ਦੇ ਮਾਮਲੇ 'ਚ ਪੀੜਤ ਧਿਰ ਦੇ ਥਾਣਾ ਜੋਗਾ ਮੂਹਰੇ ਪੱਕਾ ਧਰਨਾ ਲਗਾ ਦਿੱਤਾ ਹੈ।ਬਾਅਦ 'ਚ ਉਨ੍ਹਾਂ ਮਾਨਸਾ-ਬਰਨਾਲਾ ਮਾਰਗ 'ਤੇ ਧਰਨਾ ਲਗਾ ਕੇ ਸੜਕ ਜਾਮ ਕਰ ਦਿੱਤੀ।ਐਕਸ਼ਨਾਂ 'ਚ ਧਰਨਾਕਾਰੀਆਂ ਨੇ ਪੁਲਸ 'ਤੇ ਮੁਲਜ਼ਮਾਂ ਨਾਲ ਮਿਲੇ ਹੋਣ ਦੇ ਕਥਿਤ ਦੋਸ਼ ਲਗਾਉਂਦਿਆਂ ਕਿਹਾ ਕਿ 8 ਦਿਨ ਬੀਤਣ ਬਾਅਦ ਵੀ ਪੁਲਸ ਵੱਲੋਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਉਦੋਂ ਤੱਕ ਮ੍ਰਿਤਕਾ ਦਾ ਸਸਕਾਰ ਨਹੀਂ ਹੋਵੇਗਾ, ਜਦੋਂ ਤੱਕ ਮੁਲਜ਼ਮ ਕਾਬੂ ਨਹੀਂ ਕੀਤੇ ਜਾਣਗੇ।9 ਮੈਂਬਰੀ ਸੰਘਰਸ਼ ਕਮੇਟੀ ਨੇ ਥਾਣਾ ਜੋਗਾ ਮੂਹਰੇ ਟੈਂਟ ਲਗਾ ਕੇ ਪੱਕਾ ਮੋਰਚਾ ਲਗਾ ਦਿੱਤਾ ਹੈ।ਉਨ੍ਹਾਂ ਨਾਲ ਕਿਸਾਨ ਜਥੇਬੰਦੀਆਂ, ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਅਤੇ ਪਿੰਡ ਵਾਸੀ ਸ਼ਾਮਲ ਹੋ ਗਏ ਹਨ।ਉਨ੍ਹਾਂ ਮੁੱਖ ਸੜਕ 'ਤੇ ਜਾਮ ਲਗਾ ਕੇ ਨਾਅਰੇਬਾਜ਼ੀ ਵੀ ਕੀਤੀ।

ਧਰਨੇ ਨੂੰ ਸੰਬੋਧਨ ਕਰਦਿਆਂ ਸੰਘਰਸ਼ ਕਮੇਟੀ ਦੇ ਆਗੂ ਬੇਅੰਤ ਸਿੰਘ ਨੇ ਕਿਹਾ ਕਿ ਸਕੂਲ ਹਿੱਸੇਦਾਰੀ 'ਚ ਲੱਖਾ ਸਿੰਘ ਨੇ ਆਪਣੀ ਜ਼ਮੀਨ ਵੇਚ ਕੇ ਪੈਸੇ ਦਿੱਤੇ।ਜਗਤਾਰ ਸਿੰਘ ਤੇ ਉਸ ਦੀ ਪਤਨੀ ਨੇ ਹਿਸਾਬ 'ਚ ਹੇਰਾਫੇਰੀ ਕੀਤੀ।ਜ਼ਮੀਨ ਹੱਥੋਂ ਜਾਣ ਤੇ ਕਰੋੜਾਂ ਰੁਪਏ ਦੀ ਧੋਖਾਧੜੀ ਤੋਂ ਪ੍ਰੇਸ਼ਾਨ ਹੋ ਕੇ ਉਸ ਦੀ ਪਤਨੀ ਕਿਰਨਜੀਤ ਕੌਰ ਨੇ ਜ਼ਹਿਰੀਲੀ ਚੀਜ਼ ਖਾ ਕੇ ਆਪਣੀ ਜਾਨ ਦੇ ਦਿੱਤੀ।ਅੱਠ ਦਿਨ ਬੀਤਣ ਦੇ ਬਾਵਜੂਦ ਮੁਲਜ਼ਮ ਪਤੀ-ਪਤਨੀ ਨੂੰ ਜਾਣ-ਬੁੱਝ ਕੇ ਗ੍ਰਿਫ਼ਤਾਰ ਨਹੀਂ ਕੀਤਾ ਜਾ ਰਿਹਾ।ਉਨ੍ਹਾਂ ਕਿਹਾ ਕਿ ਇਹ ਮੋਰਚਾ ਇਨਸਾਫ਼ ਨਾ ਮਿਲਣ ਤੱਕ ਇਸੇ ਤਰ੍ਹਾਂ ਜਾਰੀ ਰਹੇਗਾ।ਉਨ੍ਹਾਂ ਕਿਹਾ ਕਿ ਕਰੋੜਾਂ ਰੁਪਏ ਦੀ ਠੱਗੀ 'ਤੇ ਪਰਦਾ ਪਾਉਣ ਲਈ ਕਈ ਤਰ੍ਹਾਂ ਦੀ ਕਹਾਣੀਆਂ ਘੜੀਆਂ ਜਾ ਰਹੀਆਂ ਹਨ, ਜਦਕਿ ਇਸ ਮਾਮਲੇ ਦੀ ਸੰਜੀਦਗੀ ਤੇ ਗੰਭੀਰਤਾ ਨਾਲ ਜਾਂਚ ਕਰਕੇ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ, ਪਰ ਹੈਰਾਨੀ ਦੀ ਗੱਲ ਹੈ ਕਿ ਪਰਿਵਾਰ ਨਾਲ ਠੱਗੀ ਵੱਜਣ ਤੇ ਤਿੰਨ ਬੱਚਿਆਂ ਦੀ ਮਾਂ ਦੀ ਮੌਤ ਹੋ ਜਾਣ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਹੋ ਰਹੀ।ਉਨ੍ਹਾਂ ਦੋਵਾਂ ਧਿਰਾਂ ਦੇ ਮੋਬਾਈਲ ਫੋਨ ਖੰਗਾਲਣ ਦੀ ਗੱਲ ਕਰਦਿਆਂ ਕਿਹਾ ਕਿ ਇਸ ਨਾਲ ਦੁੱਧ ਦਾ ਦੁੱਧ, ਪਾਣੀ ਦਾ ਪਾਣੀ ਹੋ ਜਾਵੇਗਾ, ਪਰ ਪੁਲਸ ਇਹ ਨਹੀਂ ਕਰ ਰਹੀ। ਉਨ੍ਹਾਂ ਪੁਲਸ ਪ੍ਰਸ਼ਾਸਨ ਖਿਲਾਫ ਡੱਟ ਕੇ ਨਾਅਰੇਬਾਜ਼ੀ ਕੀਤੀ।ਉਧਰ ਦੂਜੇ ਪਾਸੇ ਡੀਐੱਸਪੀ ਹਰਜਿੰਦਰ ਸਿੰਘ ਗਿੱਲ ਨੇ ਕਿਹਾ ਕਿ ਪੁਲਸ ਦੀ ਕਾਰਵਾਈ 'ਚ ਕੋਈ ਢਿੱਲ ਨਹੀਂ, ਮੁਲਜ਼ਮ ਹਾਲੇ ਫਰਾਰ ਹਨ, ਉਨ੍ਹਾਂ ਦੀ ਭਾਲ ਲਗਾਤਾਰ ਜਾਰੀ ਹੈ, ਛੇਤੀਂ ਹੀ ਉਹ ਪੁਲਸ ਦੀ ਗ੍ਰਿਫ਼ਤ 'ਚ ਹੋਣਗੇ।

# ਵਿਆਹੁਤਾ ਨੇ ਗਲ ਫਾਹਾ ਲੈ ਕੇ ਕੀਤੀ ਆਤਮ-ਹੱਤਿਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਦੇ ਬਾਬਾ ਬਾਲਕ ਨਾਥ ਮੰਦਰ ਨੇੜੇ ਬੇਹੱਦ ਦਰਦਨਾਕ ਘਟਨਾ ਵਾਪਰੀ, ਜਦੋਂ ਵਿਆਹੁਤਾ ਲਕਸ਼ਮੀ ਦੇਵੀ (21) ਨੇ ਆਪਣੇ ਸਹੁਰੇ ਘਰ ਗਲ ਫਾਹਾ ਲੈ ਕੇ ਆਤਮ-ਹੱਤਿਆ ਕਰ ਲਈ। ਮ੍ਰਿਤਕ ਲਕਸ਼ਮੀ ਦੇਵੀ ਦੇ ਸਹੁਰੇ ਮਿਲਨ ਕੁਮਾਰ ਨੇ ਦੱਸਿਆ ਕਿ ਉਸ ਦਾ ਲੜਕਾ ਰਾਹੁਲ ਵਿਦੇਸ਼ ਰੋਜ਼ਗਾਰ ਲਈ ਗਿਆ ਹੋਇਆ ਹੈ ਅਤੇ ਉਸ ਦੀ ਨੂੰਹ ਤੇ ਇੱਕ ਸਾਲਾ ਬੱਚੀ ਉਸ ਕੋਲ ਘਰ ਵਿੱਚ ਰਹਿੰਦੇ ਹਨ। ਰਾਤ ਉਸ ਦੀ ਨੂੰਹ ਨੇ ਕਿਹਾ ਕਿ ਉਹ ਆਪਣੇ ਪੇਕੇ ਘਰ ਭਰਾ ਨੂੰ ਰੱਖੜੀ ਬੰਨ੍ਹਣ ਜਾਣਾ ਚਾਹੁੰਦੀ ਹੈ, ਜਿਸ 'ਤੇ ਉਸ ਨੇ ਲੜਕੀ ਦੀ ਮਾਤਾ ਨੂੰ ਫੋਨ ਕਰਕੇ ਇਸ ਬਾਰੇ ਸੂਚਿਤ ਕੀਤਾ। ਸਹੁਰੇ ਨੇ ਆਪਣੀ ਕੁੜਮਣੀ ਨੂੰ ਇਹ ਵੀ ਕਿਹਾ ਕਿ ਉਹ ਆਪ ਆ ਕੇ ਲਕਸ਼ਮੀ ਦੇਵੀ ਨੂੰ ਲੈ ਕੇ ਜਾਵੇ। ਸਹੁਰੇ ਮਿਲਨ ਕੁਮਾਰ ਅਨੁਸਾਰ ਰਾਤ ਨੂੰ ਖਾਣਾ ਖਾਣ ਤੋਂ ਬਾਅਦ ਉਸ ਦੀ ਨੂੰਹ ਲਕਸ਼ਮੀ ਦੇਵੀ ਉਪਰ ਚੁਬਾਰੇ ਵਿੱਚ ਬੱਚੇ ਨਾਲ ਸੌਣ ਚਲੀ ਗਈ ਅਤੇ ਜਦੋਂ ਉਹ ਸਵੇਰੇ ਨਾ ਆਈ ਤਾਂ ਉਸ ਨੇ ਕਮਰੇ ਦਾ ਦਰਵਾਜ਼ਾ ਖੜਕਾਇਆ, ਪਰ ਕਿ ਅੰਦਰੋਂ ਬੰਦ ਸੀ। ਜਦੋਂ ਉਸ ਨੇ ਖਿੜਕੀ ਰਾਹੀਂ ਦੇਖਿਆ ਤਾਂ ਉਸ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ ਕਿ ਨੂੰਹ ਲਕਸ਼ਮੀ ਦੇਵੀ ਨੇ ਗਲ ਫਾਹਾ ਲੈ ਕੇ ਆਤਮ-ਹੱਤਿਆ ਕੀਤੀ ਹੋਈ ਸੀ। ਉਸ ਵੱਲੋਂ ਜਦੋਂ ਉੱਚੀ-ਉੱਚੀ ਰੌਲਾ ਸ਼ੁਰੂ ਕੀਤਾ ਤਾਂ ਗੁਆਂਢ 'ਚ ਰਹਿੰਦੇ ਲੋਕ ਇਕੱਠੇ ਹੋ ਗਏ, ਜਿਨ੍ਹਾਂ ਦੀ ਮਦਦ ਨਾਲ ਦਰਵਾਜ਼ਾ ਤੋੜ ਕੇ ਲਕਸ਼ਮੀ ਦੇਵੀ ਨੂੰ ਬਾਹਰ ਕੱਢਿਆ ਗਿਆ। ਲਕਸ਼ਮੀ ਦੇਵੀ ਦੀ ਮੌਤ ਹੋ ਚੁੱਕੀ ਸੀ।

ਸੂਚਨਾ ਮਿਲਦੇ ਹੀ ਸਹਾਇਕ ਥਾਣੇਦਾਰ ਸੁਖਵਿੰਦਰ ਸਿੰਘ ਮੌਕੇ 'ਤੇ ਪਹੁੰਚ ਗਏ ਤੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟ ਮਾਰਟਮ ਲਈ ਭੇਜ ਦਿੱਤਾ ਗਿਆ। ਥਾਣਾ ਮੁਖੀ ਚਰਨਜੀਤ ਸਿੰਘ ਨੇ ਦੱਸਿਆ ਕਿ ਪਰਿਵਾਰਕ ਮੈਂਬਰਾਂ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਪਤੀ ਵਿਦੇਸ਼ ਵਿੱਚ ਰਹਿੰਦੇ ਹੋਣ ਕਾਰਨ ਲਕਸ਼ਮੀ ਦੇਵੀ ਇਕੱਲਾਪਣ ਮਹਿਸੂਸ ਕਰਦੀ ਹੋਈ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿੰਦਿਆਂ ਇਹ ਖ਼ੌਫ਼ਨਾਕ ਕਦਮ ਉਠਾਇਆ। ਮ੍ਰਿਤਕਾ ਦੇ ਕੋਲ ਕੋਈ ਸੁਸਾਇਡ ਨੋਟ ਵੀ ਨਹੀਂ ਮਿਲਿਆ।

# ਹਰਿਆਣਾ ਦੇ ਮੁੱਖ ਮੰਤਰੀ ਨੇ ਸਮਾਣਾ ਪਹੁੰਚ ਕੇ ਪੰਜਾਬ 'ਚ ਭਾਜਪਾ ਸਰਕਾਰ ਬਣਾਉਣ ਦੀ ਕੀਤੀ ਅਪੀਲ

**ਵਿਧਾਨ ਸਭਾ ਚੋਣਾਂ ਮੌਕੇ ਸਮਾਣਾ ਹਲਕੇ ਤੋਂ ਹੀ ਭਾਜਪਾ ਉਮੀਦਵਾਰ ਦੇਣ ਦੀ ਕੀਤੀ ਮੰਗ**



**ਸਮਾਣਾ (ਇਕਬਾਲ ਸਿੰਘ ਬੱਲ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅੱਜ ਸਮਾਣਾ ਵਿਖੇ ਕਾਰੋਬਾਰੀ ਤੇ ਭਾਜਪਾ ਆਗੂ ਨੀਰਜ ਜਿੰਦਲ ਦੇ ਗ੍ਰਹਿ ਵਿਖੇ ਪਹੁੰਚੇ।ਇਸ ਮੌਕੇ ਨੀਰਜ ਜਿੰਦਲ ਦੇ ਪਰਿਵਾਰ ਵੱਲੋਂ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਮੁੱਖ ਮੰਤਰੀ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨਾਲ ਭਾਜਪਾ ਦੇ ਸਥਾਨਕ ਆਗੂਆਂ ਤੇ ਵਰਕਰਾਂ ਨੇ ਮੁਲਾਕਾਤ ਕੀਤੀ।ਨੀਰਜ ਜਿੰਦਲ ਦੇ ਨਿਵਾਸ ਸਥਾਨ 'ਤੇ ਹੋਈ ਛੋਟੀ ਮੀਟਿੰਗ ਦੌਰਾਨ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਦੀ ਰਾਜਨੀਤਿਕ ਸਥਿਤੀ, ਭਾਜਪਾ ਦੀਆਂ ਨੀਤੀਆਂ ਤੇ ਹਰਿਆਣਾ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਸਬੰਧੀ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਟੇਜ ਤੋਂ ਸਮਾਣਾ ਦੇ ਭਾਜਪਾ ਆਗੂਆਂ ਤੇ ਵਰਕਰਾਂ ਵੱਲੋਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਪਾਸੋਂ ਮੰਗ ਕੀਤੀ ਗਈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਸਮਾਣਾ ਹਲਕੇ ਲਈ ਸਮਾਣਾ ਤੋਂ ਹੀ ਭਾਜਪਾ ਦਾ ਉਮੀਦਵਾਰ ਐਲਾਨਿਆ ਜਾਵੇ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਨਾਇਬ ਸਿੰਘ ਸੈਣੀ ਨੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਅੰਦਰ ਭਾਜਪਾ ਦੀ ਸਰਕਾਰ ਬਣਾਉਣ ਦਾ ਮੌਕਾ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਦੀ ਹੈ ਤਾਂ ਹਰਿਆਣਾ ਦੀ ਤਰਜ਼ 'ਤੇ ਲੋਕਾਂ ਨੂੰ ਵੱਖ-ਵੱਖ ਸਹੂਲਤਾਂ ਤੇ ਸਰਕਾਰੀ ਯੋਜਨਾਵਾਂ ਦਾ ਲਾਭ ਦੇਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।ਉਨ੍ਹਾਂ ਹਰਿਆਣਾ ਵਿੱਚ ਭਾਜਪਾ ਸਰਕਾਰ ਵੱਲੋਂ ਕਿਸਾਨਾਂ, ਔਰਤਾਂ, ਵਪਾਰੀਆਂ ਤੇ ਕਾਰੋਬਾਰੀ ਵਰਗ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਤੇ ਸਹੂਲਤਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ।ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦਾ ਉਦੇਸ਼ ਹਰ ਵਰਗ ਨੂੰ ਸਹੂਲਤਾਂ ਮੁਹੱਈਆ ਕਰਵਾਉਣਾ ਤੇ ਸੂਬੇ ਦੇ ਵਿਕਾਸ ਨੂੰ ਗਤੀ ਦੇਣਾ ਹੈ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਭਾਜਪਾ ਆਗੂ ਨੀਰਜ ਜਿੰਦਲ ਦੇ ਗ੍ਰਹਿ ਵਿਖੇ ਪਹੁੰਚਣਾ ਸਮਾਣਾ ਦੀ ਸਿਆਸਤ ਵਿੱਚ ਵੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।ਸਿਆਸੀ ਹਲਕਿਆਂ ਵਿੱਚ ਇਸ ਦੌਰੇ ਨੂੰ ਲੈ ਕੇ ਕਿਆਸਅਰਾਈਆਂ ਲਗਾਈਆਂ ਜਾ ਰਹੀਆਂ ਹਨ ਕਿ ਨੀਰਜ ਜਿੰਦਲ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਮਾਣਾ ਹਲਕੇ ਤੋਂ ਭਾਜਪਾ ਦੇ ਸੰਭਾਵੀ ਉਮੀਦਵਾਰ ਹੋ ਸਕਦੇ ਹਨ। ਹਾਲਾਂਕਿ ਇਸ ਸਬੰਧੀ ਭਾਜਪਾ ਵੱਲੋਂ ਅਜੇ ਤੱਕ ਕੋਈ ਅਧਿਕਾਰਤ ਐਲਾਨ ਨਹੀਂ ਕੀਤਾ ਗਿਆ ਹੈ।

# ਪੀਰ ਬੰਨਾ-ਬਨੋਈ ਰੋਡ 'ਤੇ ਨੌਜਵਾਨ ਦਾ ਕਤਲ, ਇਲਾਕੇ 'ਚ ਮਚਿਆ ਹੜਕੰਪ

**ਪੁਲਸ ਵੱਲੋਂ ਸੀਸੀਟੀਵੀ ਫੁਟੇਜ ਤੇ ਹੋਰ ਸਬੂਤਾਂ ਦੇ ਆਧਾਰ 'ਤੇ ਜਾਂਚ ਜਾਰੀ**

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਸ਼ਹਿਰ ਵਿੱਚ ਐਤਵਾਰ ਸਵੇਰੇ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਪੀਰ ਬੰਨਾ-ਬਨੋਈ ਰੋਡ 'ਤੇ ਇੱਕ ਨੌਜਵਾਨ ਦੀ ਲਾਸ਼ ਖੂਨ ਨਾਲ ਲੱਥਪੱਥ ਹਾਲਤ ਵਿੱਚ ਪਈ ਮਿਲੀ।ਮ੍ਰਿਤਕ ਦੀ ਪਛਾਣ ਰਾਹੁਲ ਕੁਮਾਰ ਵਜੋਂ ਹੋਈ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਸ ਪ੍ਰਸ਼ਾਸਨ ਮੌਕੇ 'ਤੇ ਪਹੁੰਚਿਆ ਤੇ ਮ੍ਰਿਤਕ ਦੀ ਲਾਸ਼ ਨੂੰ ਸਿਵਲ ਹਸਪਤਾਲ ਸੁਨਾਮ ਵਿਖੇ ਪਹੁੰਚਾਇਆ ਗਿਆ।ਇਸ ਘਟਨਾ ਕਾਰਨ ਇਲਾਕੇ ਦੇ ਲੋਕਾਂ ਵਿੱਚ ਦਹਿਸ਼ਤ ਤੇ ਚਿੰਤਾ ਦਾ ਮਾਹੌਲ ਬਣ ਗਿਆ।

ਇਸ ਸਬੰਧੀ ਥਾਣਾ ਮੁਖੀ ਪ੍ਰਤੀਕ ਜਿੰਦਲ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਦੱਸਿਆ ਕਿ ਪੁਲਸ ਨੂੰ ਰਾਹੁਲ ਕੁਮਾਰ ਦੇ ਪਿਤਾ ਵਜ਼ੀਰ ਚੰਦ ਵਾਸੀ ਸੁਨਾਮ ਨੇ ਸੂਚਨਾ ਦਿੱਤੀ ਸੀ ਕਿ ਉਨ੍ਹਾਂ ਦਾ ਪੁੱਤਰ ਪੀਰ ਬੰਨਾ-ਬਨੋਈ ਰੋਡ 'ਤੇ ਖੂਨ ਨਾਲ ਲੱਥਪੱਥ ਹਾਲਤ ਵਿੱਚ ਪਿਆ ਹੈ।ਸੂਚਨਾ ਮਿਲਦੇ ਹੀ ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਰਾਹੁਲ ਕੁਮਾਰ ਨੂੰ ਸਿਵਲ ਹਸਪਤਾਲ ਪਹੁੰਚਾਇਆ ਗਿਆ।ਥਾਣਾ ਮੁਖੀ ਨੇ ਦੱਸਿਆ ਕਿ ਪੁਲਸ ਵੱਲੋਂ ਮਾਮਲੇ ਦੀ ਜਾਂਚ ਦੌਰਾਨ ਮੌਕੇ ਦੇ ਆਲੇ-ਦੁਆਲੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤੇ ਹੋਰ ਸਬੂਤ ਵੀ ਇਕੱਠੇ ਕੀਤੇ ਜਾ ਰਹੇ ਹਨ।ਮੁੱਢਲੀ ਜਾਂਚ ਵਿੱਚ ਇਹ ਮਾਮਲਾ ਕਤਲ ਦਾ ਜਾਪਦਾ ਹੈ।ਪੁਲਸ ਵੱਲੋਂ ਹਰ ਪੱਖ ਤੋਂ ਜਾਂਚ ਕੀਤੀ ਜਾ ਰਹੀ ਹੈ।

ਪ੍ਰਤੀਕ ਜਿੰਦਲ ਨੇ ਕਿਹਾ ਕਿ ਪੁਲਸ ਟੀਮਾਂ ਵੱਲੋਂ ਦੋਸ਼ੀ ਦੀ ਪਛਾਣ ਤੇ ਭਾਲ ਲਈ ਕਾਰਵਾਈ ਕੀਤੀ ਜਾ ਰਹੀ ਹੈ ਤੇ ਜਲਦ ਹੀ ਕਾਤਲ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ।ਪੁਲਸ ਵੱਲੋਂ ਘਟਨਾ ਦੇ ਕਾਰਨਾਂ ਤੇ ਕਤਲ ਦੇ ਪਿੱਛੇ ਦੀ ਸਾਰੀ ਕਹਾਣੀ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਹੈ।

## ਕਾਤਰਾਂ

### ਕੈਪਟਨ ਬਿੰਨਰ ਨਮਿੱਤ ਅੰਤਿਮ ਅਰਦਾਸ ਭਲਕੇ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਸਥਾਨਕ ਅਕਾਲੀ ਆਗੂ ਮਨਵਿੰਦਰ ਸਿੰਘ ਬਿੰਨਰ ਦੇ ਸਤਿਕਾਰਯੋਗ ਪਿਤਾ ਆਨਰੇਰੀ ਕੈਪਟਨ ਹਰਦੇਵ ਸਿੰਘ ਬਿੰਨਰ, ਜੋ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਗੁਰਮਤਿ ਸਮਾਗਮ ਤੇ ਅੰਤਿਮ ਅਰਦਾਸ 11 ਅਗਸਤ ਨੂੰ ਦੁਪਹਿਰ 11:30 ਵਜੇ ਤੋਂ 01:00 ਵਜੇ ਤੱਕ ਗੁਰਦੁਆਰਾ ਨਾਨਕਸਰ ਸਾਹਿਬ, ਮਾਲੇਰਕੋਟਲਾ ਰੋਡ, ਧੂਰੀ ਵਿਖੇ ਹੋਵੇਗੀ।

### ਸੁਪੀਰੀਅਰ ਦੀ ਜਸਲੀਨ ਨੇ 200 ਮੀਟਰ ਦੌੜ 'ਚ ਜਿੱਤਿਆ ਪਹਿਲਾ ਨੰਬਰ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੀ.ਬੀ.ਐੱਸ.ਈ. ਕਲੱਸਟਰ ਪਠਾਨਕੋਟ ਦੀ ਐਥਲੈਟਿਕਸ ਪ੍ਰਤੀਯੋਗਿਤਾ 'ਚ ਦਾ ਸੁਪੀਰੀਅਰ ਵਰਲਡ ਸਕੂਲ ਮਾਛੀਵਾੜਾ ਸਾਹਿਬ ਦੀ ਅੱਠਵੀਂ ਦੀ ਵਿਦਿਆਰਥਣ ਜਸਲੀਨ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ। ਜਸਲੀਨ ਕੌਰ ਨੇ 200 ਮੀਟਰ ਦੌੜ 'ਚ ਪਹਿਲਾ ਤੇ 400 ਮੀਟਰ ਦੌੜ 'ਚ ਦੂਜਾ ਸਥਾਨ ਹਾਸਲ ਕਰਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਸ ਦੀ ਇਸ ਉਪਲੱਬਧੀ ਨਾਲ ਸਕੂਲ 'ਚ ਖੁਸ਼ੀ ਦੀ ਲਹਿਰ ਦੌੜ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਜਸਲੀਨ ਕੌਰ ਨੂੰ ਇਸ ਸ਼ਾਨਦਾਰ ਸਫਲਤਾ ਲਈ ਵਧਾਈ ਦਿੰਦਿਆਂ ਕਿਹਾ ਕਿ ਉਸ ਦੀ ਮਿਹਨਤ ਤੇ ਲਗਨ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਹੋਰ ਵਿਦਿਆਰਥੀਆਂ ਨੂੰ ਵੀ ਪੜ੍ਹਾਈ ਦੇ ਨਾਲ-ਨਾਲ ਖੇਡਾਂ 'ਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।

### ਸੜਕ ਹਾਦਸੇ 'ਚ ਇੱਕ ਦੀ ਮੌਤ

**ਜਲਾਲਾਬਾਦ (ਜੀਤ ਕੁਮਾਰ)**-ਫਿਰੋਜ਼ਪੁਰ ਰੋਡ 'ਤੇ ਸਥਿਤ ਮਾਹਮੂ ਜੋਈਆ ਟੋਲ ਪਲਾਜਾ ਦੇ ਕੋਲ ਵਾਪਰੇ ਹਾਦਸੇ ਵਿੱਚ ਇਕ ਵਿਅਕਤੀ ਦੀ ਮੌਤ ਹੋ ਜਾਣ ਦੇ ਸਬੰਧ ਵਿੱਚ ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਅਣਪਛਾਤੇ ਵਿਅਕਤੀ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਵਿਸ਼ਲੇਸ਼ ਕੁਮਾਰ ਨੇ ਦੱਸਿਆ ਕਿ ਸ਼ਿਕਾਇਤਕਰਤਾ ਸਿਮਰਜੀਤ ਕੌਰ ਪਤਨੀ ਗਗਨਦੀਪ ਸਿੰਘ ਵਾਸੀ ਸੁਤੰਤਰ ਨਗਰ ਵੱਲੋਂ ਪੁਲਸ ਕੋਲ ਆਪਣੇ ਬਿਆਨ ਲਿਖਵਾਏ ਗਏ ਹਨ ਕਿ ਹਰ ਰੋਜ਼ ਦੀ ਤਰ੍ਹਾਂ ਬੀਤੇ ਦਿਨ ਵੀ ਉਸ ਦਾ ਪਤੀ ਗਗਨਦੀਪ ਸਵੇਰੇ ਕਰੀਬ 5.30 ਵਜੇ ਸੈਰ ਕਰਨ ਲਈ ਨਿਕਲਿਆ ਸੀ, ਜੋਕਿ ਨਜ਼ਦੀਕ ਟੋਲ ਪਲਾਜਾ ਮਾਹਮੂ ਜੋਈਆ ਦੇ ਕੋਲ ਕਿਸੇ ਅਣਪਛਾਤੇ ਵਹੀਕਲ ਡਰਾਇਵਰ ਵੱਲੋਂ ਫੇਟ ਮਾਰਨ ਕਾਰਨ ਹਾਦਸਾ ਵਾਪਰਿਆ ਤੇ ਵਹੀਕਲ ਚਾਲਕ ਮੌਕੇ ਤੋਂ ਫਰਾਰ ਹੋ ਗਿਆ ਹੈ। ਇਸ ਹਾਦਸੇ ਵਿੱਚ ਗਗਨਦੀਪ ਸਿੰਘ ਪੁੱਤਰ ਵਕੀਲ ਚੰਦ ਨੂੰ ਸਿਰ 'ਤੇ ਸੱਟ ਲੱਗਣ ਕਰਕੇ ਮੌਕੇ 'ਤੇ ਮੌਤ ਹੋ ਗਈ। ਪੁਲਸ ਵੱਲੋਂ ਮ੍ਰਿਤਕ ਗਗਨਦੀਪ ਸਿੰਘ ਦੀ ਪਤਨੀ ਸਿਮਰਜੀਤ ਕੌਰ ਦੇ ਬਿਆਨਾਂ ਦੇ ਅਧਾਰ 'ਤੇ ਅਣਪਛਾਤੇ ਵਹੀਕਲ ਚਾਲਕ ਖਿਲਾਫ ਥਾਣਾ ਅਮੀਰ ਖਾਸ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਸੀਵਰੇਜ ਕੁਨੈਕਸ਼ਨ ਲੱਭਦੇ ਦੋ ਮਜ਼ਦੂਰ ਮਿੱਟੀ ਦੀ ਢਿੱਗ ਹੇਠ ਦੱਬੇ

*ਬੜੀ ਮਸ਼ੱਕਤ ਨਾਲ ਦੋਹਾਂ ਮਜ਼ਦੂਰਾਂ ਨੂੰ ਬਾਹਰ ਕੱਢ ਕੇ ਹਸਪਤਾਲ ਪਹੁੰਚਾਇਆ*




**ਮੋਗਾ (ਇਕਬਾਲ ਸਿੰਘ ਖਹਿਰਾ)**-ਕੋਟਕਪੂਰਾ ਬਾਈਪਾਸ ਇਲਾਕੇ ਵਿੱਚ ਉਸ ਵੇਲੇ ਇੱਕ ਵੱਡਾ ਹਾਦਸਾ ਵਾਪਰ ਗਿਆ, ਜਦੋਂ ਦੁਕਾਨ ਦਾ ਸੀਵਰੇਜ ਕੁਨੈਕਸ਼ਨ ਲੱਭਣ ਲਈ ਖੁਦਾਈ ਕਰ ਰਹੇ ਦੋ ਮਜ਼ਦੂਰ ਅਚਾਨਕ ਮਿੱਟੀ ਦੀ ਵੱਡੀ ਢਿੱਗ ਹੇਠ ਦੱਬ ਗਏ।ਮਜ਼ਦੂਰਾਂ ਦੀਆਂ ਚੀਕਾਂ ਸੁਣ ਕੇ ਨੇੜਲੇ ਲੋਕ ਤੁਰੰਤ ਮੌਕੇ 'ਤੇ ਪਹੁੰਚੇ ਤੇ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਮਿੱਟੀ ਹਟਾ ਕੇ ਦੋਵਾਂ ਨੂੰ ਬਾਹਰ ਕੱਢ ਲਿਆ।ਜ਼ਖ਼ਮੀ ਮਜ਼ਦੂਰਾਂ ਨੂੰ ਇਲਾਜ ਲਈ ਨਿੱਜੀ ਹਸਪਤਾਲ ਲਿਜਾਇਆ ਗਿਆ।ਜਾਣਕਾਰੀ ਅਨੁਸਾਰ ਬਿੱਟੂ ਸਿੰਘ ਤੇ ਨਿੱਕਾ ਸਿੰਘ, ਦੋਵੇਂ ਵਾਸੀ ਪਿੰਡ ਚੰਦ ਪੁਰਾਣਾ, ਦੁਕਾਨ ਦੇ ਸੀਵਰੇਜ ਕੁਨੈਕਸ਼ਨ ਦੀ ਭਾਲ ਲਈ ਖੁਦਾਈ ਕਰ ਰਹੇ ਸਨ।ਇਸ ਦੌਰਾਨ ਅਚਾਨਕ ਮਿੱਟੀ ਦੀ ਵੱਡੀ ਢਿੱਗ ਉਨ੍ਹਾਂ ਉੱਪਰ ਆ ਡਿੱਗੀ ਤੇ ਦੋਵੇਂ ਮਜ਼ਦੂਰ ਮਿੱਟੀ ਹੇਠ ਦੱਬ ਗਏ।ਹਾਦਸੇ ਤੋਂ ਬਾਅਦ ਮੌਕੇ 'ਤੇ ਹਫੜਾ-ਦਫੜੀ ਮਚ ਗਈ।ਮਜ਼ਦੂਰਾਂ ਦੀਆਂ ਆਵਾਜ਼ਾਂ ਸੁਣ ਕੇ ਨੇੜਲੇ ਦੁਕਾਨਦਾਰਾਂ ਤੇ ਵਸਨੀਕਾਂ ਨੇ ਤੁਰੰਤ ਬਚਾਅ ਕਾਰਜ ਸ਼ੁਰੂ ਕਰ ਦਿੱਤਾ। ਮੌਕੇ 'ਤੇ ਇੱਕ ਜੇਸੀਬੀ ਮਸ਼ੀਨ ਵੀ ਮੰਗਵਾਈ ਗਈ, ਜਿਸ ਵੱਲੋਂ ਆਸੇ-ਪਾਸੇ ਦੀ ਮਿੱਟੀ ਨੂੰ ਹਟਾਇਆ ਗਿਆ ਤੇ ਕਾਫ਼ੀ ਮਸ਼ੱਕਤ ਤੋਂ ਬਾਅਦ ਮਿੱਟੀ ਹਟਾ ਕੇ ਦੋਵਾਂ ਮਜ਼ਦੂਰਾਂ ਨੂੰ ਬਾਹਰ ਕੱਢਿਆ ਗਿਆ ਅਤੇ ਇਲਾਜ ਲਈ ਹਸਪਤਾਲ ਪਹੁੰਚਾਇਆ ਗਿਆ।ਹਾਦਸੇ ਵਿੱਚ ਦੋਵੇਂ ਮਜ਼ਦੂਰ ਜ਼ਖ਼ਮੀ ਦੱਸੇ ਜਾ ਰਹੇ ਹਨ।ਘਟਨਾ ਤੋਂ ਬਾਅਦ ਵੱਡੀ ਗਿਣਤੀ ਵਿੱਚ ਲੋਕ ਮੌਕੇ 'ਤੇ ਇਕੱਠੇ ਹੋ ਗਏ।ਸਥਾਨਕ ਲੋਕਾਂ ਨੇ ਕਿਹਾ ਕਿ ਖੁਦਾਈ ਵਾਲੇ ਕੰਮ ਦੌਰਾਨ ਸੁਰੱਖਿਆ ਦੇ ਲੋੜੀਂਦੇ ਪ੍ਰਬੰਧ ਨਾ ਹੋਣ ਕਾਰਨ ਅਜਿਹੇ ਹਾਦਸਿਆਂ ਦਾ ਖਤਰਾ ਬਣਿਆ ਰਹਿੰਦਾ ਹੈ।

# ਪੁਰਾਣੀ ਰੰਜਿਸ਼ ਦੇ ਚੱਲਦਿਆਂ ਨੌਜਵਾਨ ਦਾ ਕਤਲ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨੌਜਵਾਨਾਂ ਦੇ ਦੋ ਧੜਿਆਂ ਵਿਚਕਾਰ ਕਥਿਤ ਤੌਰ 'ਤੇ ਇੱਕ ਲੜਕੀ ਨੂੰ ਲੈ ਕੇ ਚੱਲ ਰਹੀ ਪੁਰਾਣੀ ਰੰਜਿਸ਼ ਦੇ ਚਲਦਿਆਂ ਬੀਤੀ ਰਾਤ ਸਰਹਿੰਦ ਦੇ ਇੱਕ 18 ਸਾਲਾ ਵਿਦਿਆਰਥੀ ਦੀ ਬੇਰਹਿਮੀ ਨਾਲ ਹੱਤਿਆ ਕਰ ਦਿੱਤੇ ਜਾਣ ਦਾ ਸਮਾਚਾਰ ਹੈ। ਮ੍ਰਿਤਕ ਦੀ ਪਹਿਚਾਣ ਅੰਕੁਸ਼ (18) ਵਾਸੀ ਲਾਲੂ ਮੰਦਰ ਗਲੀ ਸਰਹਿੰਦ ਸ਼ਹਿਰ ਵਜੋਂ ਦੱਸੀ ਜਾ ਰਹੀ ਹੈ।ਇਸ ਹਮਲੇ ਦੌਰਾਨ ਮੋਟਰਸਾਈਕਲ 'ਤੇ ਅੰਕੁਸ਼ ਦੇ ਨਾਲ ਜਾ ਰਹੇ ਉਸ ਦੇ ਇੱਕ ਸਾਥੀ ਦੇ ਵੀ ਗੰਭੀਰ ਜ਼ਖ਼ਮੀ ਹੋਣ ਦੀ ਸੂਚਨਾ ਹੈ, ਜਿਸ ਨੂੰ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਡਾਕਟਰਾਂ ਵੱਲੋਂ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਰੈਫ਼ਰ ਕੀਤਾ ਗਿਆ ਹੈ।ਮ੍ਰਿਤਕ ਦੀ ਮਾਤਾ ਰਾਧਾ ਰਾਣੀ ਅਨੁਸਾਰ ਲੜਕੀ ਨੂੰ ਲੈ ਕੇ ਅੰਕੁਸ਼ ਦਾ ਪਿੰਡ ਤਲਾਣੀਆਂ ਦੇ ਵਸਨੀਕ ਨੌਜਵਾਨਾਂ ਵਿਸ਼ਾਲ ਤੇ ਸਾਹਿਲ ਨਾਲ ਕੁਝ ਸਮਾਂ ਪਹਿਲਾਂ ਝਗੜਾ ਹੋਇਆ ਸੀ, ਪਰ ਪਰਵਾਰਾਂ ਦੀ ਦਖ਼ਲਅੰਦਾਜ਼ੀ ਤੋਂ ਬਾਅਦ ਮਾਮਲਾ ਸੁਲਝ ਗਿਆ ਸੀ।ਪੁਲਸ ਨੂੰ ਦਿੱਤੇ ਬਿਆਨਾਂ ਅਨੁਸਾਰ ਸ਼ੁੱਕਰਵਾਰ ਸ਼ਾਮ ਕਰੀਬ 4 ਵਜੇ ਅੰਕੁਸ਼ ਆਪਣੇ ਦੋਸਤਾਂ ਨਾਲ ਸਰਹਿੰਦ ਦੇ ਚੋਏ ਵਾਲੇ ਪਾਰਕ ਵਿੱਚ ਖੜ੍ਹਾ ਸੀ, ਜਿੱਥੇ ਵਿਸ਼ਾਲ ਤੇ ਸਾਹਿਲ ਨਾਲ ਉਨ੍ਹਾਂ ਦੀ ਮੁੜ ਤਕਰਾਰ ਹੋਈ।ਰਾਤ ਕਰੀਬ ਸਾਢੇ 8 ਵਜੇ ਅੰਕੁਸ਼ ਆਪਣੇ ਸਾਥੀਆਂ ਸਮੇਤ ਦੋ ਮੋਟਰਸਾਈਕਲਾਂ 'ਤੇ ਜਾ ਰਿਹਾ ਸੀ।ਸਿਵਲ ਹਸਪਤਾਲ ਨੇੜੇ ਵਿਸ਼ਾਲ, ਅਮਨ ਤੇ ਸਾਹਿਲ ਆਪਣੇ 9-10 ਸਾਥੀਆਂ ਸਮੇਤ ਆ ਗਏ।ਕਥਿਤ ਤੌਰ 'ਤੇ ਸਾਰੇ ਨੌਜਵਾਨਾਂ ਦੇ ਮੂੰਹ ਢੱਕੇ ਹੋਏ ਸਨ ਤੇ ਹੱਥਾਂ ਵਿੱਚ ਡੰਡੇ ਆਦਿ ਫੜੇ ਹੋਏ ਸਨ, ਜਿਨ੍ਹਾਂ ਨੂੰ ਸਾਹਮਣੇ ਖੜ੍ਹੇ ਦੇਖ ਕੇ ਅੰਕੁਸ਼ ਤੇ ਉਸ ਦੇ ਸਾਥੀਆਂ ਨੇ ਮੋਟਰਸਾਈਕਲ ਡੇਰਾ ਮੀਰ ਮੀਰਾਂ ਰੋਡ ਵੱਲ ਨੂੰ ਭਜਾ ਲਿਆ।ਬਿਆਨਾਂ ਮੁਤਾਬਕ ਉਨ੍ਹਾਂ ਦਾ ਪਿੱਛਾ ਕਰ ਰਹੇ ਉਕਤ ਨੌਜਵਾਨਾਂ ਨੇ ਹਰਲਾਲਪੁਰ ਨੇੜੇ ਪੁੱਜ ਕੇ ਚਲਦੇ ਮੋਟਰਸਾਈਕਲ 'ਤੇ ਹੀ ਅੰਕੁਸ਼ ਦੇ ਚਿਹਰੇ 'ਤੇ ਡੰਡੇ ਨਾਲ ਵਾਰ ਕੀਤਾ, ਜਿਸ ਕਾਰਨ ਅੰਕੁਸ਼ ਦਾ ਮੋਟਰਸਾਈਕਲ ਇੱਕ ਦਰੱਖਤ ਨਾਲ ਟਕਰਾ ਗਿਆ ਤੇ ਉਹ ਹੇਠਾਂ ਡਿੱਗ ਪਏ, ਜਿਸ ਤੋਂ ਬਾਅਦ ਹਮਲਾਵਰਾਂ ਨੇ ਅੰਕੁਸ਼ 'ਤੇ ਹਮਲਾ ਕਰਕੇ ਉਸ ਨੂੰ ਗੰਭੀਰ ਜ਼ਖ਼ਮੀ ਕਰ ਦਿੱਤਾ, ਜਿਸ ਨੂੰ ਜਦੋਂ ਚੁੱਕ ਕੇ ਹਸਪਤਾਲ ਲਿਜਾਇਆ ਗਿਆ ਤਾਂ ਡਾਕਟਰਾਂ ਨੇ ਚੈੱਕ ਕਰਕੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।ਫੋਰੈਂਸਿਕ ਮਾਹਰਾਂ ਸਮੇਤ ਮੌਕੇ 'ਤੇ ਤਫਤੀਸ਼ ਕਰ ਰਹੇ ਥਾਣਾ ਫ਼ਤਹਿਗੜ੍ਹ ਸਾਹਿਬ ਦੇ ਮੁਖੀ ਇੰਸਪੈਕਟਰ ਅਸ਼ੋਕ ਕੁਮਾਰ ਨੇ ਦੱਸਿਆ ਕਿ 9-10 ਨੌਜਵਾਨਾਂ ਖ਼ਿਲਾਫ਼ ਕਤਲ ਦਾ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਤੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ।

# ਮਿੱਠਾ ਸਿੰਘ ਬੰਡਾਲਵੀ ਦਾ ਧਾਰਮਿਕ ਸਿੰਗਲ ਟਰੈਕ 'ਜਿੰਦੜੀਏ' ਰਿਲੀਜ਼



**ਜ਼ੀਰਾ (ਨਰਿੰਦਰ ਅਨੇਜਾ)**-ਪੰਜਾਬੀ ਸੰਗੀਤ ਜਗਤ ਦੇ ਨਾਮਵਰ ਤੇ ਉਸਤਾਦ ਗਾਇਕ ਮਿੱਠਾ ਸਿੰਘ ਬੰਡਾਲਵੀ ਦਾ ਨਵਾਂ ਧਾਰਮਿਕ ਸਿੰਗਲ ਟਰੈਕ 'ਜਿੰਦੜੀਏ' ਅੱਜ ਰੋਗ ਨਿਵਾਰਨ ਜੀਵਨ ਧਾਰਾ ਜ਼ੀਰਾ ਵਿਖੇ ਇੱਕ ਸਮਾਗਮ ਦੌਰਾਨ ਲੋਕ ਅਰਪਣ ਕੀਤਾ ਗਿਆ।ਇਸ ਮੌਕੇ ਇਲਾਕੇ ਦੀਆਂ ਪ੍ਰਮੁੱਖ ਸਾਹਿਤਕ, ਸਮਾਜਿਕ ਤੇ ਕਲਾ ਪ੍ਰੇਮੀ ਸ਼ਖ਼ਸੀਅਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਸਮਾਗਮ ਦੌਰਾਨ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਸਿੱਧ ਪੰਜਾਬੀ ਲੇਖਕ ਗੁਰਚਰਨ ਸਿੰਘ ਨੂਰਪੁਰ ਨੇ ਮਿੱਠਾ ਸਿੰਘ ਬੰਡਾਲਵੀ ਦੀ ਗਾਇਕੀ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਬੰਡਾਲਵੀ ਸੰਗੀਤ ਜਗਤ ਦੇ ਉਹ ਚੋਣਵੇਂ ਫ਼ਨਕਾਰ ਹਨ ਜੋ ਭਾਵੇਂ ਘੱਟ ਗਾਉਂਦੇ ਹਨ, ਪਰ ਉਨ੍ਹਾਂ ਦਾ ਹਰ ਗੀਤ ਸਮਾਜ ਨੂੰ ਸੇਧ ਦੇਣ ਵਾਲਾ ਅਤੇ ਅਰਥ-ਭਰਪੂਰ ਹੁੰਦਾ ਹੈ।ਇਸ ਧਾਰਮਿਕ ਗੀਤ ਨੂੰ ਪ੍ਰਸਿੱਧ ਗਾਇਕ ਤੇ ਲੇਖਕ ਰਾਜਾ ਮਰਖਾਈ ਨੇ ਬਹੁਤ ਹੀ ਖ਼ੂਬਸੂਰਤ ਸ਼ਬਦਾਂ ਵਿੱਚ ਪਰੋਇਆ ਹੈ, ਜਦਕਿ ਇਸ ਦੀਆਂ ਸੁਰੀਲੀਆਂ ਧੁਨਾਂ ਤੇ ਸੰਗੀਤ ਖ਼ੁਦ ਮਿੱਠਾ ਸਿੰਘ ਬੰਡਾਲਵੀ ਵੱਲੋਂ ਤਿਆਰ ਕੀਤਾ ਗਿਆ ਹੈ।ਰੋਗ ਨਿਵਾਰਨ ਜੀਵਨ ਧਾਰਾ ਦੇ ਵਿਹੜੇ ਵਿੱਚ ਸਜੇ ਇਸ ਸਮਾਗਮ ਦੌਰਾਨ ਗੀਤ ਦੇ ਵੀਡੀਓ ਨੂੰ ਇੱਕ ਵੱਡੀ ਪ੍ਰੋਜੈਕਟਰ ਸਕ੍ਰੀਨ 'ਤੇ ਚਲਾ ਕੇ ਹਾਜ਼ਰ ਦਰਸ਼ਕਾਂ, ਸਾਹਿਤਕਾਰਾਂ ਤੇ ਲੇਖਕਾਂ ਨੂੰ ਦਿਖਾਇਆ ਗਿਆ।ਹਾਜ਼ਰ ਸਾਰੀਆਂ ਸ਼ਖ਼ਸੀਅਤਾਂ ਨੇ ਗੀਤ ਦੇ ਬੋਲਾਂ ਤੇ ਸੰਗੀਤ ਦੀ ਭਰਪੂਰ ਸ਼ਲਾਘਾ ਕੀਤੀ।

ਇਸ ਮੌਕੇ ਗੀਤ ਨੂੰ ਰਿਲੀਜ਼ ਕਰਨ ਦੀ ਰਸਮ ਨਿਭਾਉਣ ਤੇ ਗਾਇਕ ਨੂੰ ਸ਼ੁੱਭ-ਕਾਮਨਾਵਾਂ ਦੇਣ ਲਈ ਪੰਜਾਬੀ ਸਾਹਿਤ ਤੇ ਕਲਾ ਜਗਤ ਦੀਆਂ ਕਈ ਨਾਮਵਰ ਹਸਤੀਆਂ ਪਹੁੰਚੀਆਂ, ਜਿਨ੍ਹਾਂ ਵਿੱਚ ਪ੍ਰਸਿੱਧ ਲੇਖਕ ਨਰਿੰਦਰ ਸਿੰਘ ਜ਼ੀਰਾ, ਸਾਹਿਤ ਸਭਾ ਜ਼ੀਰਾ ਦੇ ਪ੍ਰਧਾਨ ਦਲਜੀਤ ਰਾਏ ਕਾਲੀਆ, ਹਰਚਰਨ ਚੋਹਲਾ, ਲਿਖਾਰੀ ਸਭਾ ਪੀਰ ਮੁਹੰਮਦ ਦੇ ਪ੍ਰਧਾਨ ਹਰਪਿੰਦਰ ਸਿੰਘ ਸੰਧੂ, ਪ੍ਰਸਿੱਧ ਗਜ਼ਲਕਾਰ ਪ੍ਰੀਤ ਜੱਗੀ, ਮਨਜਿੰਦਰ ਸਿੰਘ ਸਨੇਰ, ਬਲਰਾਮ ਸਿੰਘ ਬਰਾੜ ਫੇਰੋਕੇ, ਦਰਸ਼ਨ ਸਿੰਘ ਜ਼ੀਰਾ, ਮੇਜਰ ਸੰਧੂ, ਬਲਦੇਵ ਸਿੰਘ ਬਰਾੜ ਫੇਰੋਕੇ, ਵਿਸ਼ਵਕਰਮਾ ਮੰਚ ਦੇ ਪ੍ਰਧਾਨ ਤੇ ਲੇਖਕ ਰੱਬੀ ਸ਼ਾਇਰ, ਕਾਲਾ ਜੀਰੇ ਵਾਲਾ, ਗੀਤਕਾਰ ਸੁੱਖਾ ਤਲਵੰਡੀ ਵਾਲਾ, ਗਿਆਨ ਸਿੰਘ ਖਡੂਰ ਤੋਂ ਇਲਾਵਾ ਕਈ ਹੋਰ ਸਾਹਿਤਕਾਰ ਤੇ ਸੰਗੀਤ ਪ੍ਰੇਮੀ ਵੀ ਹਾਜ਼ਰ ਸਨ।ਸਮਾਗਮ ਦੇ ਅੰਤ ਵਿੱਚ ਪ੍ਰਬੰਧਕਾਂ ਤੇ ਹਾਜ਼ਰ ਪਤਵੰਤਿਆਂ ਵੱਲੋਂ ਮਿੱਠਾ ਸਿੰਘ ਬੰਡਾਲਵੀ ਨੂੰ ਇਸ ਸਫ਼ਲ ਪੇਸ਼ਕਾਰੀ ਲਈ ਸਨਮਾਨਤ ਵੀ ਕੀਤਾ ਗਿਆ।

# ਅਕਾਲੀ ਦਲ ਵਾਰਿਸ ਪੰਜਾਬ 'ਚ ਸ਼ਾਮਲ ਹੋਣ ਵਾਲਿਆਂ ਦਾ ਅਕਾਲੀ ਦਲ ਨਾਲ ਪਹਿਲਾਂ ਕੋਈ ਸਬੰਧ ਨਹੀਂ : ਤਲਵੰਡੀ ਭੰਗੇਰੀਆਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਜ਼ਿਲ੍ਹੇ ਦੇ ਬਾਘਾ ਪੁਰਾਣਾ ਵਿਖੇ ਬੀਤੇ ਕੱਲ੍ਹ ਅਕਾਲੀ ਦਲ ਵਾਰਿਸ ਪੰਜਾਬ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਦੇ ਮਾਮਲੇ 'ਤੇ ਸਪੱਸ਼ਟੀਕਰਨ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਨੇ ਸਪੱਸ਼ਟ ਕੀਤਾ ਕਿ ਇਹ ਆਗੂ ਪਹਿਲਾਂ ਹੀ ਸ਼੍ਰੋਮਣੀ ਅਕਾਲੀ ਦਲ ਦਾ ਹਿੱਸਾ ਨਹੀਂ ਸਨ।ਉਨ੍ਹਾਂ ਕਿਹਾ ਕਿ ਇਹ ਆਗੂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਅਲਵਿਦਾ ਆਖ ਕੇ ਵਾਰਿਸ ਪੰਜਾਬ ਵਿੱਚ ਸ਼ਾਮਲ ਹੋਏ ਹਨ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਜ਼ਿਲ੍ਹਾ ਮੋਗਾ ਦੇ ਚਾਰੇ ਹਲਕਿਆਂ ਵਿੱਚ ਦਿਨੋਂ ਦਿਨ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਸਮੇਂ ਸਮੇਂ 'ਤੇ ਪੰਜਾਬ ਵਿੱਚ ਪੰਥ ਤੇ ਪੰਜਾਬੀਅਤ ਦੇ ਨੁਕਸਾਨ ਲਈ ਕਈ ਅਕਾਲੀ ਦਲ ਬਣੇ, ਪ੍ਰੰਤੂ ਪੰਜਾਬੀਆਂ ਨੇ ਪੰਥ ਤੇ ਪੰਜਾਬ ਦੀ ਜਾਮਨ ਜਮਾਤ ਸ਼੍ਰੋਮਣੀ ਅਕਾਲੀ ਦਲ ਦਾ ਹਮੇਸ਼ਾ ਸਾਥ ਦਿੱਤਾ ਹੈ ਤੇ ਭਵਿੱਖ ਵਿੱਚ ਵੀ ਦਿੰਦੇ ਰਹਿਣਗੇ।ਉਨ੍ਹਾਂ ਕਿਹਾ ਕਿ ਹਲਕਾ ਬਾਘਾ ਪੁਰਾਣਾ ਦੇ ਸਮੁੱਚੇ ਆਗੂ ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਦੇ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਅਕਾਲੀ ਦਲ ਦੇ ਨਾਲ ਚੱਟਾਨ ਦੀ ਵਾਂਗ ਖੜ੍ਹੇ ਹਨ।

# ਕਿਰਤੀ ਕਿਸਾਨ ਯੂਨੀਅਨ ਦਾ ਅਜਲਾਸ ਸਫ਼ਲਤਾ ਪੂਰਵਕ ਸੰਪੰਨ

**ਚੰਡੀਗੜ੍ਹ ਮੋਰਚੇ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਸ਼ੁਰੂ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਪਰਮਜੀਤ ਸਿੰਘ)**-ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਅਜਲਾਸ ਸ਼ਹੀਦ ਭਾਈ ਮਹਾਂ ਸਿੰਘ ਦੀਵਾਨ ਹਾਲ ਵਿੱਚ ਬਲਾਕਾਂ ਦੇ ਚੁਣੇ ਹੋਏ ਡੈਲੀਗੇਟਾਂ ਦੀ ਭਰਵੀਂ ਹਾਜ਼ਰੀ ਵਿੱਚ ਸੰਪੰਨ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਵਿੱਚ ਕਿਸਾਨੀ ਲਹਿਰ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਕੇ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਨਿਭਾਉਂਦਿਆਂ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਵੱਲੋਂ ਆਏ ਹੋਏ ਡੈਲੀਗੇਟਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਨੇ ਕਿਸਾਨੀ ਮੰਗਾਂ ਬਾਰੇ ਬੋਲਦਿਆਂ ਕਿਹਾ ਕਿ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਭਾਰਤ ਅਮਰੀਕਾ ਦਰਮਿਆਨ ਤੈਅ ਹੋ ਰਿਹਾ ਟੈਕਸ ਮੁਕਤ ਵਪਾਰ ਸਮਝੌਤਾ, ਬਿਜਲੀ ਸੋਧ ਬਿਲ ਰਾਹੀਂ ਬਿਜਲੀ ਸੈਕਟਰ ਨੂੰ ਕਾਰਪੋਰੇਟਾਂ ਹਵਾਲੇ ਕਰਨ ਦੀਆਂ ਕੋਝੀਆਂ ਚਾਲਾਂ ਤੇ ਕਿਸਾਨਾਂ ਸਿਰ ਚੜ੍ਹੇ ਕਰਜ਼ਿਆਂ ਨੂੰ ਤੁਰੰਤ ਰੱਦ ਕਰਵਾਉਣ ਅਤੇ ਹੋਰ ਕਿਸਾਨਾਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਆਉਣ ਵਾਲੀ 1 ਸਤੰਬਰ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਚੰਡੀਗੜ੍ਹ ਵਿਖੇ ਲਗਾਏ ਜਾਣ ਵਾਲੇ ਮੋਰਚੇ ਲਈ ਕਿਸਾਨਾਂ ਨੂੰ ਵੱਧ ਚੜ੍ਹ ਕੇ ਤਿਆਰੀਆਂ ਕਰਨ ਤੇ ਮੈਦਾਨ ਵਿੱਚ ਡਟਣ ਦਾ ਜ਼ੋਰਦਾਰ ਸੱਦਾ ਦਿੱਤਾ ਗਿਆ।ਇਸ ਮੌਕੇ ਚੁਣੇ ਹੋਏ ਡੈਲੀਗੇਟਾਂ ਨੇ ਜਥੇਬੰਦੀ ਦੀਆਂ ਹੁਣ ਤੱਕ ਦੀਆਂ ਪ੍ਰਾਪਤੀਆਂ ਤੇ ਕਮਜ਼ੋਰੀਆਂ 'ਤੇ ਖੁੱਲ੍ਹ ਕੇ ਚਰਚਾ ਕੀਤੀ ਤੇ ਆਉਣ ਵਾਲੇ ਸਮੇਂ ਵਿੱਚ ਜਥੇਬੰਧਕ ਤਾਕਤ ਨੂੰ ਹੋਰ ਵਧਾਉਣ ਦੇ ਕਾਰਜ ਮਿੱਥੇ ਗਏ।

ਅਜਲਾਸ ਦੌਰਾਨ ਨਵੀਂ ਕਮੇਟੀ ਦੀ ਚੋਣ ਦੀ ਪ੍ਰਕਿਰਿਆ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਤੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਦੀ ਦੇਖ-ਰੇਖ ਹੇਠ ਨੇਪਰੇ ਚਾੜ੍ਹੀ ਗਈ।ਇਸ ਮੌਕੇ ਬਲਵਿੰਦਰ ਸਿੰਘ ਥਾਂਦੇਵਾਲਾ ਨੇ ਜ਼ਿਲ੍ਹਾ ਕਮੇਟੀ ਦਾ ਨਵਾਂ ਪੈਨਲ ਸਦਨ ਅੱਗੇ ਰੱਖਿਆ ਗਿਆ, ਜਿਸ ਨੂੰ ਹਾਜ਼ਰੀਨ ਨੇ ਸਰਬਸੰਮਤੀ ਨਾਲ ਪ੍ਰਵਾਨ ਕਰ ਲਿਆ।ਚੁਣੀ ਗਈ ਨਵੀਂ ਟੀਮ ਵਿੱਚ ਬਲਜੀਤ ਸਿੰਘ ਲੰਡੇ ਰੋਡੇ ਨੂੰ ਜ਼ਿਲ੍ਹਾ ਪ੍ਰਧਾਨ, ਜੱਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੂੰ ਜ਼ਿਲ੍ਹਾ ਸਕੱਤਰ, ਬਲਵਿੰਦਰ ਸਿੰਘ ਥਾਂਦੇਵਾਲਾ ਨੂੰ ਮੀਤ ਪ੍ਰਧਾਨ, ਗੁਰਸੇਵਕ ਸਿੰਘ ਸੰਗਰਾਣਾ ਨੂੰ ਵਿੱਤ ਸਕੱਤਰ, ਗੁਰਚਰਨ ਸਿੰਘ ਬੁੱਟਰ ਸ਼ਰੀਹ ਨੂੰ ਮੀਤ ਪ੍ਰਧਾਨ, ਦਵਿੰਦਰ ਸਿੰਘ ਲੁਬਾਣਿਆਂਵਾਲੀ ਨੂੰ ਪ੍ਰੈੱਸ ਸਕੱਤਰ, ਜਸਵੰਤ ਸਿੰਘ ਡੋਡਾਂਵਾਲੀ ਨੂੰ ਸਹਾਇਕ ਪ੍ਰੈੱਸ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਮੌਕੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਵੱਲੋਂ ਚੁਣੀ ਗਈ ਨਵੀਂ ਜ਼ਿਲ੍ਹਾ ਟੀਮ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ।ਭਰਾਤਰੀ ਜਥੇਬੰਦੀਆਂ ਵੱਲੋਂ ਨੌਜਵਾਨ ਭਾਰਤ ਸਭਾ ਦੇ ਸੂਬਾ ਪ੍ਰਧਾਨ ਸਰਪੰਚ ਮੰਗਾ ਸਿੰਘ ਚੱਕ ਗਾਂਧਾ ਸਿੰਘ ਵਾਲਾ, ਇਫਟੂ ਦੇ ਜ਼ਿਲ੍ਹਾ ਆਗੂ ਦਵਿੰਦਰ ਸਿੰਘ, ਪੰਜਾਬ ਸਟੂਡੈਂਟ ਯੂਨੀਅਨ ਦੀ ਸੂਬਾ ਆਗੂ ਸੁਖਪ੍ਰੀਤ ਕੌਰ ਢਿੱਲਵਾਂ ਨੇ ਭਰਾਤਰੀ ਸੰਦੇਸ਼ ਦਿੱਤਾ।

# ਚੰਡੀਗੜ੍ਹ ਰੈਲੀ ਨੇ ਸਰਕਾਰ ਦੀ ਨੀਂਦ ਹਰਾਮ ਕੀਤੀ : ਧਨੋਆ, ਅਰੋੜਾ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸ਼ਨ ਦੇ ਸੂਬਾਈ ਪ੍ਰਧਾਨ ਕਰਮ ਸਿੰਘ ਧਨੋਆ, ਸੀਨੀਅਰ ਮੀਤ ਪ੍ਰਧਾਨ ਤੇ ਸੂਬਾਈ ਬੁਲਾਰੇ ਰਾਜ ਕੁਮਾਰ ਅਰੋੜਾ ਨੇ ਦੱਸਿਆ ਕਿ ਪਹਿਲਾਂ 29 ਜੁਲਾਈ ਨੂੰ ਸੰਗਰੂਰ ਵਿਖੇ ਗੌਰਮਿੰਟ ਪੈਨਸ਼ਨਰ ਜਾਇੰਟ ਫਰੰਟ ਵੱਲੋਂ ਪੈਨਸ਼ਨਰਾਂ ਦੀ ਵਿਸ਼ਾਲ ਰੈਲੀ ਵਿੱਚ ਹੋਏ ਇੱਕਠ ਨੇ ਸਾਬਿਤ ਕਰ ਦਿੱਤਾ ਕਿ ਹੁਣ ਪੈਨਸ਼ਨਰ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਆਰ-ਪਾਰ ਦੀ ਲੜਾਈ ਲੜਨਗੇ।ਇਸ ਰੋਸ ਤੇ ਜੋਸ਼ ਨੂੰ ਵੇਖਦੇ ਹੋਏ ਸਰਕਾਰ ਨੇ 12 ਅਗਸਤ ਨੂੰ ਮੰਗਾਂ ਲਈ ਗੱਲਬਾਤ ਦਾ ਸੱਦਾ ਦਿੱਤਾ ਗਿਆ ਹੈ।ਧਨੋਆ ਤੇ ਅਰੋੜਾ ਨੇ ਕਿਹਾ ਕਿ ਜੇਕਰ ਇਸ ਮੀਟਿੰਗ ਲਈ ਕੋਈ ਟਾਲਮਟੋਲ ਦੀ ਨੀਤੀ ਅਪਣਾਈ ਗਈ ਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ, ਬਕਾਏ ਨਾ ਦਿੱਤੇ ਗਏ ਅਤੇ ਹੋਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਕਨਫੈਡਰੇਸ਼ਨ ਦੇ ਆਗੂਆਂ ਨੇ ਦੱਸਿਆ ਕਿ 7 ਅਗਸਤ ਨੂੰ ਮੁਲਾਜ਼ਮ ਸਾਂਝਾ ਮੰਚ ਤੇ ਮੁਲਾਜ਼ਮ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ 'ਤੇ ਜੋ ਚੰਡੀਗੜ੍ਹ ਵਿਸ਼ਾਲ ਠਾਠਾਂ ਮਾਰਦਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਇਕੱਠ ਨੇ ਸਰਕਾਰ ਦੀ ਨੀਂਦ ਹਰਾਮ ਕਰ ਦਿੱਤੀ ਹੈ ਅਤੇ ਹੁਣ ਸਰਕਾਰ ਨੂੰ ਸੋਚਣਾ ਪਵੇਗਾ ਕਿ ਆਉਣ ਵਾਲੀਆਂ ਵਿਧਾਨ ਸਭਾ 2027 ਦੀਆਂ ਚੋਣਾਂ ਤੋਂ ਪਹਿਲਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕਿਸ ਤਰ੍ਹਾਂ ਦਾ ਵਤੀਰਾ ਅਪਣਾਉਣਾ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਹੁਣ ਵੀ ਮੰਗਾਂ ਨਾ ਮੰਨੀਆਂ ਤਾਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਨੂੰ ਖਮਿਆਜ਼ਾ ਭੁਗਤਣਾ ਪਵੇਗਾ।ਸੰਗਰੂਰ ਤੇ ਚੰਡੀਗੜ੍ਹ ਵਿਖੇ ਕਨਫੈਡਰੇਸ਼ਨ ਨਾਲ ਸਬੰਧਤ ਪੰਜਾਬ ਦੇ ਕੋਨੇ-ਕੋਨੇ ਵਿੱਚੋਂ ਪਹੁੰਚੇ ਹਜ਼ਾਰਾਂ ਪੈਨਸ਼ਨਰਾਂ ਦਾ ਧੰਨਵਾਦ ਕਰਦਿਆਂ ਸ੍ਰੀ ਧਨੋਆ ਤੇ ਅਰੋੜਾ ਨੇ ਆਉਣ ਵਾਲੇ ਸੰਘਰਸ਼ਾਂ ਵਿੱਚ ਤਿਆਰ ਰਹਿਣ ਦਾ ਸੱਦਾ ਦਿੱਤਾ।

# ਵਿਦਿਆਰਥਣ ਆਗੂ ਨੇਹਾ ਬੋਰਾ 'ਤੇ ਸਿਆਹੀ ਸੁੱਟਣ ਦੇ ਵਿਰੋਧ 'ਚ ਰੋਸ ਪ੍ਰਦਰਸ਼ਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਇਸਤਰੀ ਜਾਗ੍ਰਤੀ ਮੰਚ ਦੇ ਸੂਬਾਈ ਸੱਦੇ ਤਹਿਤ ਦਿੱਲੀ ਅੰਦੋਲਨ ਤੋਂ ਬਾਅਦ ਅੰਦੋਲਨ ਕਰਨ ਵਾਲੀਆਂ ਲੜਕੀਆਂ ਨੂੰ ਖਾਸ ਨਿਸ਼ਾਨਾ ਬਣਾਉਣ ਦੇ ਖਿਲਾਫ ਪਟਿਆਲਾ ਵਿਖੇ ਬਾਰਾਂਦਰੀ ਪਾਰਕ ਵਿੱਚ ਇਕੱਠੇ ਹੋ ਕੇ ਫੁਹਾਰਾ ਚੌਕ ਤੱਕ ਮਾਰਚ ਦੇ ਰੂਪ ਵਿੱਚ ਪਹੁੰਚ ਕੇ ਮਨੁੱਖੀ ਚੇਨ ਬਣਾ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।

ਇਸਤਰੀ ਜਾਗ੍ਰਤੀ ਮੰਚ ਦੇ ਆਗੂ ਅਮਨਦੀਪ ਕੌਰ ਤੇ ਸਪਨਾ ਨੇ ਕਿਹਾ ਕਿ ਦਿੱਲੀ ਦੇ ਜੰਤਰ ਮੰਤਰ ਵਿੱਚ ਚੱਲੇ ਇਤਿਹਾਸਕ ਤੇ ਸ਼ਾਨਦਾਰ ਘੋਲ ਵਿੱਚ ਲੜਕੀਆਂ ਨੇ ਕੀਤੀ ਬਰਾਬਰ ਦੀ ਸ਼ਮੂਲੀਅਤ ਨੇ ਇਸ ਘੋਲ ਵਿੱਚ ਇਕ ਫੈਸਲਾਕੁੰਨ ਰੋਲ ਅਦਾ ਕੀਤਾ ਅਤੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਅਸਤੀਫਾ ਦੇਣ ਲਈ ਮਜਬੂਰ ਕੀਤਾ।ਇਸ ਘੋਲ ਦੇ ਖਤਮ ਹੋਣ ਤੋਂ ਬਾਅਦ ਭਾਜਪਾ ਸਰਕਾਰ ਦਾ ਜੋ ਡੰਡਾ ਇਸ ਨੌਜਵਾਨ ਪੀੜ੍ਹੀ 'ਤੇ ਵਰ੍ਹਿਆ, ਉਹ ਕਹਿਣ ਸੁਣਨ ਤੋਂ ਪਰੇ ਹੈ।ਇਸ ਘੋਲ ਦੀ ਅਗਵਾਈ ਕਰ ਰਹੇ ਨੌਜਵਾਨ ਮੁੰਡੇ ਕੁੜੀਆਂ ਨੂੰ ਘਰਾਂ ਵਿੱਚੋਂ ਪੁਲਸ ਵੱਲੋਂ ਚੁੱਕ ਕੇ ਉਨ੍ਹਾਂ 'ਤੇ ਪਰਚੇ ਦਰਜ ਕੀਤੇ ਜਾ ਰਹੇ ਹਨ, ਪਰ ਭਾਜਪਾ ਆਪਣੇ ਮਨੂਵਾਦੀ ਏਜੰਡੇ ਤਹਿਤ ਔਰਤਾਂ ਨੂੰ ਜੋ ਕਿ ਇਸ ਘੋਲ ਦੀ ਅਗਵਾਈ ਕਰ ਰਹੀਆਂ ਸਨ ਜਾਂ ਫਿਰ ਇਸ ਘੋਲ ਵਿੱਚ ਸ਼ਾਮਲ ਸਨ, ਨੂੰ ਲਗਾਤਾਰ ਸੋਸ਼ਲ ਮੀਡੀਆ 'ਤੇ ਟਰੋਲਿੰਗ ਤਹਿਤ ਸਮਾਜ ਵਿੱਚ ਉਨ੍ਹਾਂ ਦੇ ਮਾਣ ਸਨਮਾਨ ਨੂੰ ਖਤਮ ਕਰਨ ਦੀਆਂ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

ਵਿਦਿਆਰਥਣ ਆਗੂ ਗਗਨਜੀਤ ਕੌਰ ਤੇ ਮੁਲਾਜ਼ਮ ਆਗੂ ਜੈਕੀ ਨੇ ਕਿਹਾ ਕਿ ਵੱਖ ਵੱਖ ਅੰਦੋਲਨਾਂ ਵਿਚ ਚਾਹੇ ਸ਼ਾਹੀਨ ਬਾਗ ਦਾ ਘੋਲ, ਇਤਿਹਾਸਿਕ ਕਿਸਾਨੀ ਅੰਦੋਲਨ ਤੇ ਗੁਰਮੇਹਰ ਕੌਰ ਦੇ ਕੇਸ ਵਿੱਚ ਦੇਖਿਆ ਕਿ ਔਰਤਾਂ ਨੂੰ ਵਿਸ਼ੇਸ਼ ਤੌਰ 'ਤੇ ਉਸ ਦੀ ਪ੍ਰਤਿਸ਼ਟਾ ਨੂੰ ਸੱਟ ਮਾਰਨ ਲਈ ਟ੍ਰੋਲਿੰਗ ਨੂੰ ਅਹਿਮ ਸੰਦ ਬਣਾਇਆ ਗਿਆ।ਭਾਜਪਾ ਦੀ ਔਰਤਾਂ ਪ੍ਰਤੀ ਸਮਝਦਾਰੀ ਉਸ ਨੂੰ ਪਸ਼ੂ ਦੇ ਸਾਮਾਨ ਸਮਝਣ ਦੀ ਹੈ। ਜੇਕਰ ਕੋਈ ਔਰਤ ਕਿਸੇ ਵੀ ਮੁੱਦੇ 'ਤੇ ਆਪਣੀ ਆਵਾਜ਼ ਉਠਾਉਂਦੀ ਹੈ ਤਾਂ ਸਭ ਤੋਂ ਪਹਿਲਾਂ ਉਸ ਨੂੰ ਭਾਜਪਾ ਦੇ ਟਰੋਲਿੰਗ ਬ੍ਰਿਗੇਡ ਦਾ ਸਾਹਮਣਾ ਕਰਨਾ ਪੈਂਦਾ ਤੇ ਉਸ ਨੂੰ ਸੋਸ਼ਲ ਮੀਡੀਆ 'ਤੇ ਟਰੋਲਿੰਗ ਦੇ ਦੌਰਾਨ ਬਲਾਤਕਾਰ ਐਸਿਡ ਅਟੈਕ, ਜਾਨ ਤੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ। ਇਸਤਰੀ ਜਾਗ੍ਰਤੀ ਮੰਚ ਇਹ ਮੰਗ ਕਰਦੀ ਹੈ ਕਿ ਇਸ ਤਰ੍ਹਾਂ ਦੀਆਂ ਟਰੋਲਿੰਗ ਵਿੱਚ ਸ਼ਾਮਲ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ 'ਤੇ ਬਣਦੀ ਕਾਰਵਾਈ ਕੀਤੀ ਜਾਵੇ ਤਾਂ ਕਿ ਔਰਤਾਂ ਇਸ ਮਾਹੌਲ ਵਿੱਚ ਖੁੱਲ੍ਹ ਕੇ ਵਿਚਰ ਸਕਣ।ਲੜਕੀਆਂ ਨੂੰ ਇਸ ਰੁਝਾਨ ਦੇ ਖਿਲਾਫ ਡਟਣਾ ਚਾਹੀਦਾ ਹੈ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਐਗਜ਼ੈਕਟਿਵ ਮੀਟਿੰਗ 'ਚ ਲਏ ਅਹਿਮ ਫ਼ੈਸਲੇ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਫਰੀਦਕੋਟ ਦੀ ਐਗਜ਼ੈਕਟਿਵ ਕਮੇਟੀ ਦੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਡਾ. ਅੰਮ੍ਰਿਤਪਾਲ ਸਿੰਘ ਟਹਿਣਾ ਦੀ ਪ੍ਰਧਾਨਗੀ ਹੇਠ ਕਰਵਾਈ ਗਈ।ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਡਾ. ਰਛਪਾਲ ਸਿੰਘ ਸੰਧੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੌਰਾਨ ਐਸੋਸੀਏਸ਼ਨ ਨੂੰ ਹੋਰ ਮਜ਼ਬੂਤ, ਅਨੁਸ਼ਾਸਿਤ ਤੇ ਸਰਗਰਮ ਬਣਾਉਣ ਲਈ ਵੱਖ-ਵੱਖ ਮੁੱਦਿਆਂ 'ਤੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ।ਮੀਟਿੰਗ ਵਿੱਚ ਪੁਰਾਣੇ ਮੈਂਬਰਾਂ ਨੂੰ ਮੁੜ ਐਸੋਸੀਏਸ਼ਨ ਨਾਲ ਜੋੜਨ ਲਈ ਵਿਸ਼ੇਸ਼ ਮੁਹਿੰਮ ਚਲਾਉਣ ਦਾ ਫ਼ੈਸਲਾ ਕੀਤਾ ਗਿਆ ਤਾਂ ਜੋ ਸੰਗਠਨ ਨੂੰ ਹੋਰ ਮਜ਼ਬੂਤੀ ਮਿਲ ਸਕੇ। ਐਗਜ਼ੈਕਟਿਵ ਨੇ ਇਹ ਵੀ ਫ਼ੈਸਲਾ ਕੀਤਾ ਕਿ ਬਲਾਕ ਇਕਾਈ ਵੱਲੋਂ ਜ਼ਿਲ੍ਹਾ ਪ੍ਰਧਾਨ ਨੂੰ ਸਮੇਂ-ਸਮੇਂ 'ਤੇ ਹਿਸਾਬ-ਕਿਤਾਬ ਤੇ ਸੰਗਠਨਾਤਮਕ ਗਤੀਵਿਧੀਆਂ ਦੀ ਪੂਰੀ ਜਾਣਕਾਰੀ ਦਿੱਤੀ ਜਾਵੇਗੀ।ਮੀਟਿੰਗ ਵਿੱਚ ਇਹ ਸਹਿਮਤੀ ਵੀ ਬਣੀ ਕਿ ਐਗਜ਼ੈਕਟਿਵ ਕਮੇਟੀ ਦੀ ਮੀਟਿੰਗ ਹਰ ਤਿੰਨ ਮਹੀਨੇ ਬਾਅਦ ਨਿਯਮਿਤ ਤੌਰ 'ਤੇ ਕਰਵਾਈ ਜਾਵੇ ਤਾਂ ਜੋ ਲਏ ਗਏ ਫ਼ੈਸਲਿਆਂ ਦੀ ਸਮੀਖਿਆ ਕੀਤੀ ਜਾ ਸਕੇ ਅਤੇ ਭਵਿੱਖ ਦੀ ਰੂਪ-ਰੇਖਾ ਤਿਆਰ ਕੀਤੀ ਜਾ ਸਕੇ।ਮੀਟਿੰਗ ਵਿੱਚ ਨਵੀਂ ਮੈਂਬਰਸ਼ਿਪ ਨੂੰ ਲੈ ਕੇ ਵੀ ਅਹਿਮ ਫ਼ੈਸਲੇ ਲਏ ਗਏ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਡਾ. ਰਛਪਾਲ ਸਿੰਘ ਸੰਧੂ ਨੇ ਕਿਹਾ ਕਿ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਆਪਣੇ ਮੈਂਬਰਾਂ ਦੇ ਹਿੱਤਾਂ ਦੀ ਰਾਖੀ ਤੇ ਸਮਾਜ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਹਮੇਸ਼ਾ ਵਚਨਬੱਧ ਹੈ।ਉਨ੍ਹਾਂ ਸਾਰੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਆਪਸੀ ਏਕਤਾ, ਅਨੁਸ਼ਾਸਨ ਤੇ ਸਮਰਪਣ ਨਾਲ ਕੰਮ ਕਰਨ ਦਾ ਸੱਦਾ ਦਿੱਤਾ।ਇਸ ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਪ੍ਰੈੱਸ ਸਕੱਤਰ ਡਾਕਟਰ ਯਸ਼ਪਾਲ ਗੁਲਾਟੀ ਨੇ ਦੱਸਿਆ ਕਿ ਇਸ ਮੌਕੇ ਡਾ. ਕੁਲਵੰਤ ਸਿੰਘ ਜਰਨਲ ਸਕੱਤਰ, ਡਾ, ਸੇਵਕ ਸਿੰਘ ਬਰਾੜ ਸੀਨੀਅਰ ਮੀਤ ਪ੍ਰਧਾਨ, ਡਾਕਟਰ ਗੁਰਵਿੰਦਰ ਸਿੰਘ ਸਹਾਇਕ ਸਕੱਤਰ, ਡਾਕਟਰ ਵਿਜੇ ਕੁਮਾਰ ਜ਼ਿਲ੍ਹਾ ਡੈਲੀਗੇਟ, ਡਾਕਟਰ ਜਗਦੀਸ਼ ਦੂਆ ਸਹਾਇਕ ਸਕੱਤਰ, ਡਾ. ਬੂਟਾ ਸਿੰਘ ਮੀਤ ਪ੍ਰਧਾਨ, ਡਾ. ਪ੍ਰੇਮ ਢੁੱਡੀ ਜ਼ਿਲ੍ਹਾ ਕੈਸ਼ੀਅਰ, ਡਾਕਟਰ ਸੰਦੀਪ ਸੁੱਖਣਵਾਲਾ, ਡਾ. ਹਰਭਜਨ ਸਿੰਘ ਮੰਡਵਾਲਾ ਬਲਾਕ ਸਲਾਹਕਾਰ, ਜ਼ਿਲ੍ਹਾ ਡੈਲੀਗੇਟ, ਡਾ. ਨਰੇਸ਼ ਭਾਣਾ ਜ਼ਿਲ੍ਹਾ ਡੈਲੀਗੇਟ, ਡਾ. ਗੁਰਤੇਜ ਸਿੰਘ ਦਾਨਾ ਰੋਮਾਣਾ ਜ਼ਿਲ੍ਹਾ ਡੈਲੀਗੇਟ, ਡਾ. ਗੁਰਮੀਤ ਸਿੰਘ ਢੁੱਡੀ ਬਲਾਕ ਕੈਸ਼ੀਅਰ, ਡਾ. ਰਜਿੰਦਰ ਅਰੋੜਾ ਸਹਾਇਕ ਜਰਨਲ ਸਕੱਤਰ, ਡਾ: ਜਗਮੇਲ ਸਿੰਘ ਚੰਦਬਾਜਾ ਆਦਿ ਹਾਜ਼ਰ ਸਨ।

# ਆਈ ਜੇ ਯੂ ਵੱਲੋਂ 'ਪੱਤਰਕਾਰੀ ਤੇ ਪੱਤਰਕਾਰਾਂ ਨੂੰ ਸੁਰੱਖਿਆ ਦੀ ਲੋੜ' ਵਿਸ਼ੇ 'ਤੇ ਸੈਮੀਨਾਰ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**




ਇੰਡੀਅਨ ਜਰਨਲਿਸਟਸ ਯੂਨੀਅਨ (ਆਈ ਜੇ ਯੂ) ਨੇ ਕਰਨਾਟਕ ਸਟੇਟ ਜਰਨਲਿਸਟਸ ਯੂਨੀਅਨ ਦੇ ਸਹਿਯੋਗ ਨਾਲ 'ਪੱਤਰਕਾਰੀ ਤੇ ਪੱਤਰਕਾਰਾਂ ਨੂੰ ਸੁਰੱਖਿਆ ਦੀ ਲੋੜ' ਵਿਸ਼ੇ 'ਤੇ ਸੈਮੀਨਾਰ ਬੈਂਗਲੁਰੂ ਵਿੱਚ 8 ਤੇ 9 ਅਗਸਤ ਨੂੰ ਹੋਈ ਆਈ ਜੇ ਯੂ ਦੀ ਰਾਸ਼ਟਰੀ ਕਾਰਜਕਾਰੀ ਕੌਂਸਲ ਦੀ ਮੀਟਿੰਗ ਦੇ ਹਿੱਸੇ ਵਜੋਂ ਕੀਤਾ ਗਿਆ। ਇਸ ਮੌਕੇ ਸੁਪਰੀਮ ਕੋਰਟ ਦੇ ਸਾਬਕਾ ਜੱਜ ਜਸਟਿਸ ਬੀ. ਸੁਦਰਸ਼ਨ ਰੈੱਡੀ ਮੁੱਖ ਮਹਿਮਾਨ ਵਜੋਂ, ਜਦਕਿ 'ਦਿ ਵਾਇਰ' ਦੇ ਸੰਸਥਾਪਕ ਸੰਪਾਦਕ ਸਿਧਾਰਥ ਵਰਦਾਰਾਜਨ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸੰਬੋਧਨ ਦੌਰਾਨ ਜਸਟਿਸ ਸੁਦਰਸ਼ਨ ਰੈੱਡੀ ਨੇ 13 ਕਾਨੂੰਨਾਂ ਦਾ ਜ਼ਿਕਰ ਕੀਤਾ, ਜਿਨ੍ਹਾਂ ਵਿੱਚ ਪੱਤਰਕਾਰਾਂ ਨਾਲ ਸਬੰਧਤ ਦੋ ਕਾਨੂੰਨ ਵੀ ਸ਼ਾਮਲ ਸਨ, ਜਿਨ੍ਹਾਂ ਨੂੰ 2020 ਵਿੱਚ ਰੱਦ ਕਰ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸੰਸਦ ਵਿੱਚ ਇਨ੍ਹਾਂ ਕਾਨੂੰਨਾਂ ਨੂੰ ਰੱਦ ਕਰਨ ਲਈ ਕੋਈ ਵੱਖਰਾ ਜਾਂ ਖਾਸ ਕਾਰਨ ਨਹੀਂ ਦੱਸਿਆ ਗਿਆ। ਉਨ੍ਹਾਂ ਸਵਾਲ ਉਠਾਇਆ ਕਿ ਕੀ ਕਾਨੂੰਨ ਵਿੱਚ ਅਜਿਹੀ ਰੱਦੋਂ-ਬਦਲ ਨੂੰ ਅਦਾਲਤ ਵਿੱਚ ਚੁਣੌਤੀ ਦੇਣ ਦੀ ਕੋਈ ਵਿਵਸਥਾ ਹੈ। ਉਨ੍ਹਾਂ ਮੀਡੀਆ ਨੂੰ ਅਪੀਲ ਕੀਤੀ ਕਿ ਉਹ ਪ੍ਰਦਰਸ਼ਨਕਾਰੀਆਂ ਦੀ ਬਜਾਏ ਇੱਕ 'ਰੈਫਰੀ' (ਨਿਰਪੱਖ ਨਿਗਰਾਨ) ਦੀ ਭੂਮਿਕਾ ਨਿਭਾਏ। ਪੱਤਰਕਾਰੀ ਦੀ ਸਥਿਤੀ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਨਵੇਂ ਦੌਰ ਤੇ ਡਿਜੀਟਲ ਮੀਡੀਆ ਦੇ ਕਰਮਚਾਰੀਆਂ ਨੂੰ ਉਨ੍ਹਾਂ ਵਿਸ਼ਿਆਂ ਤੇ ਮੁੱਦਿਆਂ ਬਾਰੇ ਡੂੰਘਾ ਅਧਿਐਨ ਕਰਨਾ ਚਾਹੀਦਾ ਹੈ, ਜਿਨ੍ਹਾਂ ਬਾਰੇ ਉਹ ਰਿਪੋਰਟਿੰਗ ਕਰਦੇ ਹਨ ਤੇ ਉਨ੍ਹਾਂ ਬਾਰੇ ਤੱਥ-ਅਧਾਰਤ ਜਾਣਕਾਰੀ ਹਾਸਲ ਕਰਨੀ ਚਾਹੀਦੀ ਹੈ। ਇਸ ਨਾਲ ਮੀਡੀਆ ਦੀ ਭਰੋਸੇਯੋਗਤਾ ਕਾਫ਼ੀ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਪੱਤਰਕਾਰੀ ਤੇ ਪੱਤਰਕਾਰਾਂ ਨੂੰ ਸੁਰੱਖਿਆ ਦੀ ਲੋੜ ਹੈ। ਸ੍ਰੀ ਰੈੱਡੀ ਨੇ ਕੇਂਦਰ ਸਰਕਾਰ ਵੱਲੋਂ ਰੱਦ ਕੀਤੇ ਗਏ ਕਾਨੂੰਨਾਂ ਬਾਰੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਇਨ੍ਹਾਂ ਕਾਨੂੰਨਾਂ ਬਾਰੇ ਕੋਈ ਸਲਾਹ ਕਿਉਂ ਨਹੀਂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰਾਂ ਦੀ ਤੁਲਨਾ ਹੋਰ ਪੇਸ਼ਿਆਂ ਵਿੱਚ ਕੰਮ ਕਰਨ ਵਾਲੇ ਲੋਕਾਂ ਨਾਲ ਨਹੀਂ ਕੀਤੀ ਜਾ ਸਕਦੀ।

'ਦਿ ਵਾਇਰ' ਦੇ ਸੰਸਥਾਪਕ ਸੰਪਾਦਕ ਸਿਧਾਰਥ ਵਰਦਾਰਾਜਨ ਨੇ ਕਿਹਾ ਕਿ ਭਾਰਤ ਵਿੱਚ ਪੱਤਰਕਾਰੀ ਤੇ ਪੱਤਰਕਾਰਾਂ ਨੂੰ ਸੁਰੱਖਿਆ ਦੀ ਲੋੜ ਹੈ। ਪਹਿਲਾਂ, ਟਕਰਾਅ ਵਾਲੀਆਂ ਸਥਿਤੀਆਂ ਵਿੱਚ ਪੱਤਰਕਾਰਾਂ ਲਈ ਮਾਣਹਾਨੀ ਦਾ ਮੁਕੱਦਮਾ ਇੱਕ ਵੱਡਾ ਖਤਰਾ ਹੁੰਦਾ ਸੀ, ਪਰ ਹੁਣ ਸਮਾਂ ਬਦਲ ਗਿਆ ਹੈ ਅਤੇ ਪੱਤਰਕਾਰਾਂ ਨੂੰ ਦੇਸ਼-ਧ੍ਰੋਹ ਤੇ ਹੋਰ ਗੰਭੀਰ ਦੋਸ਼ਾਂ ਦੇ ਰੂਪ ਵਿੱਚ ਮਾਣਹਾਨੀ ਦੇ ਵਧੇਰੇ ਸਖ਼ਤ ਪਹਿਲੂਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ 'ਪਬਲਿਕ ਸੇਫਟੀ ਐਕਟ' ਦੀ ਵਰਤੋਂ ਕਰਕੇ ਪੱਤਰਕਾਰਾਂ ਨੂੰ ਦਬਾਇਆ ਗਿਆ ਹੈ ਤੇ ਉਨ੍ਹਾਂ ਵਿਰੁੱਧ ਗੰਭੀਰ ਦੋਸ਼ ਲਗਾਏ ਗਏ ਹਨ। ਸਰਕਾਰਾਂ ਮੀਡੀਆ 'ਤੇ ਆਪਣਾ ਪ੍ਰਭਾਵ ਪਾਉਣ ਲਈ ਇਸ਼ਤਿਹਾਰਬਾਜ਼ੀ ਤੇ ਜਨਤਕ ਸੰਪਰਕ ਦੀ ਵਰਤੋਂ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਨਿਰਪੱਖ ਪੱਤਰਕਾਰੀ ਲਈ ਸਭ ਤੋਂ ਵੱਡੀ ਚੁਣੌਤੀ ਹੈ। ਸਰਕਾਰ 2024 ਦੀਆਂ ਚੋਣਾਂ ਦੌਰਾਨ ਡਿਜੀਟਲ ਮੀਡੀਆ ਨੂੰ ਕੰਟਰੋਲ ਨਹੀਂ ਕਰ ਸਕੀ ਸੀ, ਪਰ ਚੋਣਾਂ ਤੋਂ ਬਾਅਦ 'ਆਈ ਟੀ ਐਕਟ' ਨੂੰ ਲਾਗੂ ਕਰਕੇ ਡਿਜੀਟਲ ਪਲੇਟਫਾਰਮਾਂ ਤੇ ਮੀਡੀਆ ਨੂੰ ਕੰਟਰੋਲ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਹੁਣ 'ਡਿਜੀਟਲ ਸਰਵਿਸਿਜ਼ ਬ੍ਰਾਡਕਾਸਟਿੰਗ ਕਾਨੂੰਨ' ਦਾ ਖਰੜਾ ਤਿਆਰ ਕਰ ਰਹੀ ਹੈ, ਜੋ ਕਿ ਸਾਰਿਆਂ ਲਈ ਘਾਤਕ ਸਾਬਿਤ ਹੋਵੇਗਾ। ਕਰਨਾਟਕ ਮੀਡੀਆ ਅਕੈਡਮੀ ਦੀ ਚੇਅਰਪਰਸਨ ਆਇਸ਼ਾ ਖਾਨਮ ਨੇ ਕਿਹਾ ਕਿ ਪੱਤਰਕਾਰਾਂ ਨੂੰ ਇੱਕ ਮੰਚ 'ਤੇ ਇਕਜੁੱਟ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਅਸੀਂ ਵੰਡੇ ਹੋਏ ਹੁੰਦੇ ਹਾਂ ਤਾਂ ਭਰੋਸੇਯੋਗਤਾ ਘੱਟ ਜਾਂਦੀ ਹੈ। ਅੱਜ ਪੱਤਰਕਾਰਾਂ ਦਾ ਇੱਕ ਵੱਡਾ ਹਿੱਸਾ 'ਪੱਤਰਕਾਰ ਸੁਰੱਖਿਆ ਬਿੱਲ' ਦੇ ਖਰੜੇ ਦੀ ਤਿਆਰੀ ਬਾਰੇ ਜਾਣੂ ਨਹੀਂ ਹੈ। ਇਸ ਲਈ ਅਜਿਹੇ ਮੰਚਾਂ ਰਾਹੀਂ ਜਾਣਕਾਰੀ ਸਾਂਝੀ ਕਰਨਾ ਤੇ ਫੈਲਾਉਣਾ ਜ਼ਰੂਰੀ ਹੈ। ਤੇਲੰਗਾਨਾ ਮੀਡੀਆ ਅਕੈਡਮੀ ਦੇ ਚੇਅਰਮੈਨ ਕੇ. ਸ੍ਰੀਨਿਵਾਸ ਰੈੱਡੀ ਨੇ ਵੀ ਇਸ ਵਿਸ਼ੇ 'ਤੇ ਆਪਣੇ ਵਿਚਾਰ ਰੱਖੇ। ਆਈ ਜੇ ਯੂ ਦੇ ਪ੍ਰਧਾਨ ਬਲਵਿੰਦਰ ਸਿੰਘ ਜੰਮੂ ਨੇ ਸੈਮੀਨਾਰ ਦੀ ਪ੍ਰਧਾਨਗੀ ਕੀਤੀ। ਆਈ ਜੇ ਯੂ ਦੇ ਜਨਰਲ ਸਕੱਤਰ ਡੀ. ਸੋਮਾ ਸੁੰਦਰ ਨੇ ਪਤਵੰਤਿਆਂ ਦਾ ਸਵਾਗਤ ਕੀਤਾ। ਸਾਬਕਾ ਪ੍ਰਧਾਨ ਐੱਸ. ਐੱਨ. ਸਿਨਹਾ ਤੇ ਅਮਰ ਦੇਵੂਲਾਪ ਕਰਨਾਟਕ ਰਾਜ ਪੱਤਰਕਾਰ ਯੂਨੀਅਨ ਦੇ ਪ੍ਰਧਾਨ ਜਾਨਕੀ ਮੋਹਨ ਨੇ ਧੰਨਵਾਦੀ ਮਤਾ ਪੇਸ਼ ਕੀਤਾ।

# ਰਮਨਦੀਪ ਕੌਰ ਦੀ ਕੈਨੇਡਾ 'ਚ ਦਰਦਨਾਕ ਮੌਤ ਕਾਰਨ ਪਿੰਡ ਗੁੜ੍ਹੇ 'ਚ ਸੋਗ ਦੀ ਲਹਿਰ

*ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਪਰਿਵਾਰ ਨਾਲ ਜਤਾਈ ਹਮਦਰਦੀ*

**ਚੌਂਕੀਮਾਨ (ਇੰਜੀ: ਬਲਬੀਰ ਸਿੰਘ ਮਾਨ)**-ਲਾਗਲੇ ਪਿੰਡ ਗੁੜ੍ਹੇ ਜ਼ਿਲ੍ਹਾ ਲੁਧਿਆਣਾ ਦੇ ਸਾਬਕਾ ਮੈਂਬਰ ਪੰਚਾਇਤ ਹਰਮੀਤ ਸਿੰਘ ਮਾਨ ਦੇ ਪਰਿਵਾਰ 'ਤੇ ਉਸ ਸਮੇਂ ਦੁੱਖਾਂ ਦਾ ਪਹਾੜ ਟੁੱਟ ਪਿਆ, ਜਦੋਂ ਉਨ੍ਹਾਂ ਦੀ ਹੋਣਹਾਰ ਸਪੁੱਤਰੀ ਦੀ ਕੈਨੇਡਾ ਵਿੱਚ ਇੱਕ ਸੜਕ ਹਾਦਸੇ ਦੌਰਾਨ ਦਰਦਨਾਕ ਮੌਤ ਹੋ ਗਈ।ਮੌਤ ਕਾਰਨ ਪਰਿਵਾਰ, ਰਿਸ਼ਤੇਦਾਰ ਤੇ ਹੋਰ ਨਜ਼ਦੀਕੀਆਂ ਵਿੱਚ ਸੋਗ ਦੀ ਲਹਿਰ ਦੌੜ ਗਈ।ਰਮਨਦੀਪ ਇੱਕ ਹੋਣਹਾਰ ਮਿਹਨਤੀ ਧੀ ਸੀ, ਜਿਸ ਨੇ ਸਖਤ ਮਿਹਨਤ ਕਰਕੇ ਕੈਨੇਡਾ ਵਿੱਚ ਬਿਨੀਪੱਗ ਤੋਂ ਆਪਣੀ ਪੜ੍ਹਾਈ ਪੂਰੀ ਕਰਕੇ ਬਰੰਮਟਨ ਸ਼ਹਿਰ ਵਿੱਚ ਪੁਲਸ ਵਿੱਚ ਭਰਤੀ ਹੋ ਕੇ ਆਪਣੀਆਂ ਸੇਵਾਵਾਂ ਸ਼ੁਰੂ ਕੀਤੀਆਂ ਸਨ।

ਅਜੇ ਡਿਊਟੀ ਨੂੰ ਛੇ ਮਹੀਨੇ ਹੀ ਹੋਏ ਸਨ ਕਿ ਇੱਕ ਕੈਦੀ ਨੂੰ ਦੂਸਰੀ ਜੇਲ੍ਹ ਵਿੱਚ ਬਦਲਣ ਸਮੇਂ ਜਾ ਰਹੀ ਗੱਡੀ ਵਿੱਚ ਤਾਇਨਾਤ ਰਮਨਦੀਪ ਕੌਰ ਤੇ ਹੋਰ ਸਾਥੀ ਇੱਕ ਦਰਦਨਾਕ ਹਾਦਸੇ ਦਾ ਸ਼ਿਕਾਰ ਹੋ ਗਏ, ਜਿਸ ਵਿੱਚ ਹੋਰਨਾਂ ਸਮੇਤ ਰਮਨਦੀਪ ਕੌਰ ਦੀ ਦਰਦਨਾਕ ਮੌਤ ਹੋ ਗਈ।ਇਸ ਮੰਦਭਾਗੀ ਤੇ ਮਨਹੂਸ ਘਟਨਾ ਨੇ ਜਿੱਥੇ ਪਰਿਵਾਰ, ਰਿਸ਼ਤੇਦਾਰ ਤੇ ਸਾਕ, ਸੰਬੰਧੀਆਂ ਦੇ ਸੁਪਨਿਆਂ ਨੂੰ ਚਕਨਾਚੂਰ ਕਰ ਦਿੱਤਾ ਹੈ, ਉਥੇ ਪਿੰਡ ਵਾਸੀ ਵੀ ਭਾਰੀ ਸਦਮੇ ਵਿੱਚ ਵਿਖਾਈ ਦਿੱਤੇ। ਇਨ੍ਹਾਂ ਸਮੂਹ ਪਿੰਡ ਵਾਸੀਆਂ ਨੇ ਵੀ ਮੋਮਬੱਤੀਆਂ ਜਗਾ ਕੇ ਇਸ ਪਿੰਡ ਦੀ ਹੋਣਹਾਰ ਨੌਜਵਾਨ ਧੀ ਲਈ ਸ਼ਰਧਾਂਜਲੀਆਂ ਭੇਟ ਕਰਕੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ।ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕਰਦਿਆਂ ਇਲਾਕੇ ਦੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਵੀ ਹਲਕਾ ਦਾਖਾ ਤੋਂ ਵਿਧਾਇਕ ਮਨਪ੍ਰੀਤ ਇਆਲੀ ਸਮੇਤ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਰਮਨਦੀਪ ਦੀ ਮੌਤ ਦੇ ਘਾਟੇ ਨੂੰ ਨਾ ਪੂਰਿਆ ਜਾਣ ਵਾਲਾ ਦੱਸਿਆ।

## ਐੱਮ ਐੱਲ ਡੀ ਸਕੂਲ ਨੇ 'ਤੀਆਂ ਤੀਜ ਦੀਆਂ' ਮਨਾ ਕੇ ਵਿਦਿਆਰਥਣਾਂ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਿਆ



**ਜਗਰਾਉਂ (ਅਮਿਤ ਖੰਨਾ)**-ਐੱਮ. ਐੱਲ. ਡੀ. ਜੀਨੀ: ਸਕੂਲ ਤਲਵੰਡੀ ਕਲਾਂ ਨੇ ਤੀਆਂ ਤੀਜ ਦੀਆਂ ਮਨਾ ਕੇ ਵਿਦਿਆਰਥਣਾਂ ਨੂੰ ਪੰਜਾਬੀ ਸੱਭਿਆਚਾਰ ਦੀ ਅਮੀਰ ਵਿਰਾਸਤ ਨਾਲ ਜੋੜਿਆ। ਸਾਰੀਆਂ ਵਿਦਿਆਰਥਣਾਂ ਤਿਉਹਾਰ ਮਨਾਉਣ ਲਈ ਪੰਜਾਬੀ ਪਹਿਰਾਵੇ ਵਿੱਚ ਸੱਜ-ਧੱਜ ਕੇ ਆਈਆਂ। ਜ਼ਿਆਦਾਤਰ ਵਿਦਿਆਰਥਣਾਂ ਪੁਰਾਤਨ ਪੰਜਾਬੀ ਪਹਿਰਾਵਾ ਜਿਵੇਂ ਘੱਗਰਾ, ਕੁੜਤਾ, ਫੁਲਕਾਰੀ, ਪਰਾਂਦਾ, ਸੱਗੀ-ਫੁੱਲ, ਟਿੱਕਾ, ਕਾਂਟੇ ਆਦਿ ਬੜੇ ਚਾਅ ਨਾਲ ਪਾ ਕੇ 'ਤੀਆਂ ਤੀਜ ਦੀਆਂ' ਮਨਾਉਣ ਲਈ ਪਹੁੰਚੀਆਂ।ਮੈਡਮ ਦਲਵੀਰ ਕੌਰ ਨੇ ਆਈਆਂ ਵਿਦਿਆਰਥਣਾਂ ਨੂੰ ਪੰਜਾਬੀਆਂ ਦੀ ਅਮੀਰ ਵਿਰਾਸਤ ਤੋਂ ਜਾਣੂੰ ਕਰਵਾਇਆ।ਇਸ ਮੌਕੇ ਵਿਦਿਆਰਥਣਾਂ ਤੋਂ ਪੰਜਾਬੀ ਵਿਰਾਸਤੀ ਪ੍ਰਸ਼ਨ ਜਿਵੇਂ ਅਟੇਰਨਾ, ਗਲੋਟਾ, ਛਿੱਕੂ, ਦੰਦਾਸਾ, ਚੰਗੇਰ, ਦੰਤ-ਕਥਾ, ਛੂਹਕ ਆਦਿ ਦੇ ਅਰਥ ਪੁੱਛੇ ਗਏ ਤੇ ਵਿਸਥਾਰਿਤ ਜਾਣਕਾਰੀ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਤੀਆਂ ਦਾ ਤਿਉਹਾਰ ਲੜਕੀਆਂ ਤੇ ਔਰਤਾਂ ਦੇ ਮਨ ਦੇ ਵਲਵਲਿਆਂ ਦਾ ਗੀਤਾਂ ਰਾਹੀਂ ਪ੍ਰਗਟਾਅ ਤੇ ਚਾਅ ਹੈ ਅਤੇ ਰੂਹ ਦੀ ਖੁਰਾਕ ਹੈ।ਇਸ ਮੌਕੇ ਸਾਰੀਆਂ ਵਿਦਿਆਰਥਣਾਂ ਨੇ ਬੋਲੀਆਂ ਪਾ ਕੇ ਗਿੱਧੇ ਦਾ ਖੂਬ ਆਨੰਦ ਲਿਆ ਤੇ ਪੀਂਘਾਂ ਝੂਟੀਆਂ।ਮੈਡਮ ਜਸਮਿੰਦਰ ਕੌਰ ਤੇ ਪ੍ਰਿੰਸੀਪਲ ਬਲਦੇਵ ਬਾਵਾ ਨੇ ਕਿਹਾ ਕਿ ਸਾਡੀ ਅਨਮੁੱਲੀ ਵਿਰਾਸਤ ਸਾਡੀਆਂ ਜੜ੍ਹਾਂ ਹਨ।ਪੰਜਾਬੀ ਸੰਸਾਰ ਵਿੱਚ ਜਿੱਥੇ ਵੀ ਜਾਂਦੇ ਹਨ, ਆਪਣੀਆਂ ਜੜ੍ਹਾਂ ਨੂੰ ਨਾਲ ਲੈ ਕੇ ਜਾਂਦੇ ਹਨ ਅਤੇ ਆਪਣੀ ਅਮੀਰ ਵਿਰਾਸਤ ਦੀਆਂ ਪ੍ਰੰਪਰਾਵਾਂ ਨਾਲ ਸੰਸਾਰ ਵਿੱਚ ਖੁਸ਼ੀਆਂ ਵੰਡਦੇ ਹਨ।ਉਨ੍ਹਾਂ ਵਿਦਿਆਰਥਣਾਂ ਤੇ ਸਟਾਫ ਨੂੰ ਵਧਾਈ ਦਿੱਤੀ।ਇਸ ਮੌਕੇ ਮੈਡਮ ਜਸਮਿੰਦਰ ਕੌਰ, ਮੈਡਮ ਦਲਵੀਰ ਕੌਰ, ਮੈਡਮ ਸੁਖਦੀਪ ਕੌਰ, ਮੈਡਮ ਅੰਮ੍ਰਿਤਪਾਲ ਕੌਰ ਤੇ ਸਮੂਹ ਸਟਾਫ ਹਾਜ਼ਰ ਸੀ।

## ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਵੱਲੋਂ ਪੁਸਤਕ 'ਤੇ ਵਿਚਾਰ ਗੋਸ਼ਟੀ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ਼ਹੀਦ ਊਧਮ ਸਿੰਘ ਦੀ ਵਿਚਾਰਧਾਰਾ ਤੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਪੰਜਾਬ ਵੱਲੋਂ ਸੁਨਾਮ ਵਿਖੇ ਰਾਕੇਸ਼ ਕੁਮਾਰ ਇਤਿਹਾਸਕਾਰ ਦੀ ਕਿਤਾਬ 'ਊਧਮ ਸਿੰਘ-ਭਾਰਤ ਦੀ ਆਜ਼ਾਦੀ ਲਈ ਫਾਂਸੀ ਚੜ੍ਹਿਆ' 'ਤੇ ਵਿਚਾਰ ਗੋਸ਼ਟੀ ਸਥਾਨਕ ਆਕਸਫੋਰਡ ਇੰਟਰਨੈਸ਼ਨਲ ਸਕੂਲ ਵਿਖੇ ਹੋਈ।ਗੋਸ਼ਟੀ ਵਿੱਚ ਰਾਜਵਿੰਦਰ ਮੀਰ ਤੇ ਡਾਕਟਰ ਦਰਸ਼ਨ ਖੇੜੀ ਵੱਲੋਂ ਪੁਸਤਕ ਸਬੰਧੀ ਪਰਚੇ ਪੜ੍ਹੇ ਗਏ, ਜਿਨ੍ਹਾਂ ਇਸ ਤੱਥ ਅਧਾਰਤ ਇਤਿਹਾਸਕ ਕਿਤਾਬ ਨੂੰ ਬਹੁਕੀਮਤੀ ਦੱਸਦਿਆਂ ਕਿਹਾ ਕਿ ਅਸਲ ਵਿੱਚ ਊਧਮ ਸਿੰਘ ਕੋਈ ਭਾਵੁਕ ਨੌਜਵਾਨ ਨਹੀਂ ਸੀ।ਉਸ ਦਾ ਅਸਲ ਮਕਸਦ ਦੇਸ਼ ਨੂੰ ਆਜ਼ਾਦ ਕਰਵਾਉਣ ਅਤੇ ਇੱਥੋਂ ਬ੍ਰਿਟਿਸ਼ ਸਾਮਰਾਜਵਾਦ ਵੱਲੋਂ ਕੀਤੀ ਜਾਂਦੀ ਲੁੱਟ ਤੇ ਉਸ ਵੱਲੋਂ ਕੀਤੇ ਗਏ ਜ਼ੁਲਮਾਂ ਦੇ ਵਿਰੁੱਧ ਸੀ।ਊਧਮ ਸਿੰਘ ਦਾ ਵੱਡਾ ਮਕਸਦ ਉਸ ਦੀਆਂ ਲਿਖਤਾਂ, ਬਿਆਨਾਂ ਤੇ ਮਜ਼ਦੂਰਾਂ-ਕਿਸਾਨਾਂ ਦੀਆਂ ਜਥੇਬੰਦੀਆ ਨਾਲ ਸਬੰਧਾਂ ਤੋਂ ਜ਼ਾਹਰ ਹੁੰਦਾ ਹੈ।ਮੰਚ ਦੇ ਪ੍ਰਧਾਨ ਬਲਬੀਰ ਲੌਂਗੋਵਾਲ ਨੇ ਕਿਤਾਬ ਤੇ ਮੰਚ ਦੇ ਟੀਚੇ 'ਤੇ ਚਾਨਣਾ ਪਾਇਆ।ਮੰਚ ਸੰਚਾਲਨ ਜੁਝਾਰ ਲੌਂਗੋਵਾਲ ਵੱਲੋਂ ਕੀਤਾ ਗਿਆ।ਅਜਮੇਰ ਅਕਲੀਆ ਤੇ ਕੇਸਰ ਸਿੰਘ ਸ਼ੇਰਪੁਰ ਵੱਲੋਂ ਇਨਕਲਾਬੀ ਗੀਤ ਪੇਸ਼ ਕੀਤੇ ਗਏ।ਪੁਸਤਕ 'ਤੇ ਵਿਚਾਰ ਚਰਚਾ ਵਿੱਚ ਦਰਬਾਰਾ ਸਿੰਘ ਛਾਜਲਾ, ਪ੍ਰੇਮ ਸਰੂਪ ਛਾਜਲੀ, ਸੀਨੀਅਰ ਸਿਟੀਜ਼ਨ ਸੁਰਿੰਦਰ ਭਾਰਦਵਾਜ ਆਦਿ ਨੇ ਹਿੱਸਾ ਲਿਆ।ਸੁਆਲ ਜਵਾਬ ਦੇ ਪੜਾਅ ਵਿੱਚ ਕਿਤਾਬ ਦੇ ਲੇਖਕ ਰਾਕੇਸ਼ ਕੁਮਾਰ ਨੇ ਭਰਪੂਰ ਜਾਣਕਾਰੀ ਦਿੰਦਿਆਂ ਦਰਸ਼ਕਾਂ ਦੇ ਸੁਆਲਾਂ ਦੇ ਜਵਾਬ ਦਿੱਤੇ।ਅੰਤ 'ਤੇ ਮੰਚ ਦੇ ਆਗੂ ਲਾਭ ਸਿੰਘ ਛਾਜਲਾ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ।ਇਸ ਮੌਕੇ ਸੀਨੀਅਰ ਆਗੂ ਪਵਨ ਸ਼ਰਮਾ, ਹਰਬਿੰਦਰ ਸੰਗਰੂਰ, ਸੁਰਿੰਦਰ ਉੱਪਲੀ, ਗੁਰਦੀਪ ਸਿੰਘ ਸੰਗਰੂਰ, ਗੁਰਚਰਨ ਖੱਖਰ, ਮਜ਼ਦੂਰ ਆਗੂ ਗੋਬਿੰਦ ਛਾਜਲੀ, ਨਰਦੇਵ ਜਟਾਨਾ, ਲਖਵੀਰ ਲੌਂਗੋਵਾਲ ਸਮੇਤ ਵੱਡੀ ਗਿਣਤੀ ਵਿੱਚ ਦਰਸ਼ਕ ਹਾਜ਼ਰ ਸਨ।ਇਸ ਮੌਕੇ ਕਿਤਾਬਾਂ ਦੀ ਸਟਾਲ ਵੀ ਲਗਾਈ ਗਈ।

## ਹਰਸਿਮਰਤ ਬਾਦਲ ਵੱਲੋਂ ਵਿਕਾਸ ਫੰਡਾਂ ਲਈ ਮਨਜ਼ੂਰ ਕੀਤੇ ਪੱਤਰ ਹਲਕੇ ਦੇ ਪਿੰਡਾਂ ਨੂੰ ਸੌਂਪੇ

**ਬੋਹਾ (ਨਿਰੰਜਣ ਬੋਹਾ)**-ਲੋਕ ਸਭਾ ਹਲਕਾ ਬਠਿੰਡਾ ਦੀ ਮੈਂਬਰ ਪਾਰਲੀਮੈਂਟ ਤੇ ਸਾਬਕਾ ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਆਪਣੇ ਸੰਸਦ ਮੈਂਬਰ ਅਖ਼ਤਿਆਰੀ ਕੋਟੇ ਵਿੱਚੋਂ ਵਿਧਾਨ ਸਭਾ ਹਲਕਾ ਬੁਢਲਾਡਾ ਦੇ ਵੱਖ-ਵੱਖ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਮਨਜ਼ੂਰ ਕੀਤੇ ਗਏ ਫੰਡਾਂ ਦੇ ਮਨਜ਼ੂਰੀ ਪੱਤਰ ਹਲਕਾ ਇੰਚਾਰਜ ਡਾ. ਨਿਸ਼ਾਨ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਲਬੀਰ ਸਿੰਘ ਬੀਰੋਕੇ, ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਤੇ ਵਿਧਾਨ ਸਭਾ ਹਲਕਾ ਬੁਢਲਾਡਾ ਦੇ ਅਬਜ਼ਰਵਰ ਜਤਿੰਦਰ ਸਿੰਘ ਸੋਢੀ ਵੱਲੋਂ ਸਬੰਧਤ ਪਿੰਡਾਂ ਦੀਆਂ ਸਭਾਵਾਂ ਨੂੰ ਸੌਂਪੇ ਗਏ।ਇਸ ਮੌਕੇ ਡਾ. ਨਿਸ਼ਾਨ ਸਿੰਘ ਨੇ ਕਿਹਾ ਕਿ ਬੀਬਾ ਹਰਸਿਮਰਤ ਕੌਰ ਬਾਦਲ ਸੀਮਤ ਅਖ਼ਤਿਆਰੀ ਫੰਡ ਹੋਣ ਦੇ ਬਾਵਜੂਦ ਵੀ ਪੂਰੇ ਲੋਕ ਸਭਾ ਹਲਕੇ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜਾਂ ਲਈ ਫੰਡ ਮੁਹੱਈਆ ਕਰਵਾ ਰਹੇ ਹਨ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨਾ ਤੇ ਹਰ ਪਿੰਡ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨਾ ਉਨ੍ਹਾਂ ਦੀ ਕਾਰਜਸ਼ੈਲੀ ਦੀ ਵਿਸ਼ੇਸ਼ਤਾ ਹੈ।ਉਨ੍ਹਾਂ ਦੱਸਿਆ ਕਿ ਪਿੰਡ ਗੋਬਿੰਦਪੁਰਾ ਰੀਚਾਰਜ ਬੋਰ ਦੇ ਲਈ 1.50 ਲੱਖ ਰੁਪਏ, ਮਲਕਵੱਡਾ ਰੀਚਾਰਜ ਬੋਰਾਂ ਲਈ 4.50 ਲੱਖ, ਖੁਡਾਲ ਕਲਾਂ ਰੀਚਾਰਜ ਬੋਰਾਂ ਲਈ 6 ਲੱਖ, ਬਰੇਟਾ ਰੀਚਾਰਜ ਬੋਰਾਂ ਲਈ 8 ਲੱਖ ਤੇ ਵਾਲਮੀਕ ਭਾਈਚਾਰੇ ਦੀ ਧਰਮਸ਼ਾਲਾ ਦੀ ਉਸਾਰੀ ਲਈ 5 ਲੱਖ ਰੁਪਏ ਦੀ ਮਨਜ਼ੂਰੀ ਦੇ ਪੱਤਰ ਦਿੱਤੇ ਗਏ ਹਨ।ਡਾ. ਨਿਸ਼ਾਨ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਰਾਜਨੀਤੀ ਦਾ ਕੇਂਦਰ ਬਿੰਦੂ ਹਮੇਸ਼ਾ ਵਿਕਾਸ, ਲੋਕ ਭਲਾਈ ਤੇ ਭਾਈਚਾਰਕ ਸਾਂਝ ਰਿਹਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਪੰਜਾਬ ਸਰਕਾਰ ਹਰ ਮੋਰਚੇ 'ਤੇ ਨਾਕਾਮ ਸਾਬਿਤ ਹੋਈ ਹੈ ਤੇ ਲੋਕ ਬਦਲਾਅ ਦੀ ਉਡੀਕ ਕਰ ਰਹੇ ਹਨ।ਇਸ ਮੌਕੇ ਪਾਰਟੀ ਅਮਰਜੀਤ ਸਿੰਘ ਕੁਲਾਣਾ, ਜਸਪਾਲ ਸਿੰਘ ਗੁੜੱਦੀ, ਜਗਜੀਤ ਸਿੰਘ ਗੋਬਿੰਦਪੁਰਾ, ਰਣਜੀਤ ਸਿੰਘ, ਸਿਕੰਦਰ ਸਿੰਘ ਮਲਕਵੱਡਾ, ਸੁਮੇਸ਼ ਬਾਲੀ, ਅਜੈਬ ਸਿੰਘ ਖੁਡਾਲ, ਸੁਖਦੇਵ ਸਿੰਘ, ਬੂਟਾ ਸਿੰਘ ਜਲਵੇੜਾ, ਲਿਵੀਅਨ ਪਾਲ ਸਿੰਘ ਭੰਗੂ, ਪਰਮਜੀਤ ਸਿੰਘ ਕੁਲਾਣਾ ਹਾਜ਼ਰ ਸਨ।

## ਐਥਲੈਟਿਕਸ 'ਚ ਪੀ ਪੀ ਐੱਸ ਚੀਮਾ ਦੇ ਖਿਡਾਰੀਆਂ ਜਿੱਤੇ ਗੋਲਡ ਮੈਡਲ



**ਭੀਖੀ (ਹਰਮਨਦੀਪ ਸ਼ਰਮਾ)**-70ਵੀਆਂ ਪੰਜਾਬ ਸਕੂਲ ਖੇਡਾਂ ਦੇ ਜ਼ੋਨ ਪੱਧਰੀ ਐਥਲੈਟਿਕਸ ਖੇਡ ਮੁਕਾਬਲੇ ਖੇਡ ਸਟੇਡੀਅਮ ਚੀਮਾ ਸਾਹਿਬ ਵਿੱਚ ਕਰਵਾਏ ਗਏ, ਜਿਸ ਵਿੱਚ ਪੈਰਾਮਾਊਂਟ ਪਬਲਿਕ ਸਕੂਲ ਚੀਮਾ ਦੀਆਂ ਖਿਡਾਰਨਾਂ ਨੇ ਅੰਡਰ-14, 17 ਤੇ 19 ਉਮਰ ਵਰਗ ਵਿੱਚ ਮਨਜੋਤ ਕੌਰ (100 ਤੇ 200 ਮੀਟਰ), ਖੁਸ਼ਪ੍ਰੀਤ ਕੌਰ (100 ਮੀਟਰ), ਨਵਜੋਤ ਕੌਰ (800,400 ਮੀਟਰ), ਗਗਨਦੀਪ ਕੌਰ (3000 ਮੀਟਰ ਵਾਕ) ਤੇ ਬੰਧਨਜੀਤ ਕੌਰ (3000 ਮੀਟਰ ਵਾਕ) ਈਵੈਂਟ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਅਤੇ ਅਵਨੀਤ ਕੌਰ (200 ਮੀਟਰ) ਤੇ ਹਰਿੰਦਰ ਕੌਰ (100, 200 ਮੀਟਰ) ਨੇ ਦੂਸਰਾ ਸਥਾਨ ਪ੍ਰਾਪਤ ਕਰਕੇ ਸਿਲਵਰ ਮੈਡਲ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕਰਕੇ ਆਪਣੀ ਚੋਣ ਜ਼ਿਲ੍ਹਾ ਪੱਧਰੀ ਖੇਡਾਂ ਲਈ ਕਰਵਾਈ। ਇਸ ਮੌਕੇ ਖਿਡਾਰੀਆਂ ਦਾ ਸਕੂਲ ਪਹੁੰਚਣ 'ਤੇ ਸੰਸਥਾ ਦੇ ਐੱਮ.ਡੀ. ਸ. ਜਸਵੀਰ ਸਿੰਘ ਚੀਮਾ ਤੇ ਮੈਡਮ ਕਿਰਨਪਾਲ ਕੌਰ ਵੱਲੋਂ ਵਿਸ਼ੇਸ਼ ਤੌਰ 'ਤੇ ਬੱਚਿਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਸੰਜੇ ਕੁਮਾਰ, ਵਾਇਸ ਪ੍ਰਿੰਸੀਪਲ ਖੁਸ਼ਪਿੰਦਰ ਕੌਰ, ਡੀ.ਪੀ.ਈ. ਅਮਨਦੀਪ ਕੌਰ ਤੇ ਮਨਪ੍ਰੀਤ ਸਿੰਘ ਹਾਜ਼ਰ ਸਨ।

## ਪੰਜਾਬ 'ਚ ਫੈਲੀ ਨਸ਼ਾਖੋਰੀ ਅਤੀ ਚਿੰਤਾਜਨਕ : ਪ੍ਰੀਤੀ ਸਪਰੂ



**ਬਠਿੰਡਾ (ਪਰਵਿੰਦਰਜੀਤ ਸਿੰਘ)**-ਮੇਰਾ ਮਿਸ਼ਨ ਪੰਜਾਬ ਵਿੱਚ ਨਸ਼ਾ ਮੁਕਤੀ, ਮਹਿਲਾ ਸਸ਼ਕਤੀਕਰਨ, ਸਿੱਖਿਆ ਤੇ ਸਮਾਜ ਸੇਵਾ ਹੈ, ਇਸ ਕਾਰਜ ਲਈ ਸੇਵਾ, ਸਹਿਯੋਗ ਤੇ ਵਿਕਾਸ ਰਾਹੀਂ ਪੰਜਾਬ ਨੂੰ ਸਮਰੱਥ ਬਣਾਉਣ ਵਾਸਤੇ ਮਾਵਾਂ ਕੋਲ ਪਹੁੰਚ ਕਰ ਰਹੀ ਹਾਂ।ਇਹ ਸ਼ਬਦ ਪ੍ਰਸਿੱਧ ਕਲਾਕਾਰ ਲੇਖਕਾ ਸਮਾਜ ਸੇਵਿਕਾ ਤੇ ਸਿਨੇਮਾ ਵਿੱਚ ਧੂਮਾਂ ਪਾਉਣ ਵਾਲੀ ਹੀਰੋਇਨ ਮੈਡਮ ਪ੍ਰੀਤੀ ਸਪਰੂ ਨੇ ਸੂਬੇ ਦੀਆਂ ਮਾਵਾਂ ਨੂੰ 'ਹੇ ਮਾਂ ਫਾਊਂਡੇਸ਼ਨ' ਨੂੰ ਸਹਿਯੋਗ ਦੇਣ ਦਾ ਸੱਦਾ ਦਿੰਦਿਆਂ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ।ਪ੍ਰੀਤੀ ਸਪਰੂ ਨੇ ਕਿਹਾ ਕਿ ਪੰਜਾਬ ਵਿੱਚ ਫੈਲੀ ਨਸ਼ਾਖੋਰੀ ਅਤੀ ਚਿੰਤਾਜਨਕ ਹੈ।ਮਾਂ ਆਪਣੇ ਬੱਚੇ ਨੂੰ ਬੜੀ ਮੁਸ਼ਕਲ ਨਾਲ ਪਾਲਦੀ ਹੈ ਤੇ ਜਦੋਂ ਉਹ ਇਸ ਰਸਤੇ ਪੈ ਜਾਂਦਾ ਹੈ ਤਾਂ ਮਾਂ ਦੇ ਦਿਲ 'ਤੇ ਕੀ ਬੀਤਦੀ ਹੈ, ਇਹ ਮਾਂ ਹੀ ਜਾਣਦੀ ਹੈ।ਉਨ੍ਹਾਂ ਕਿਹਾ ਕਿ ਜੇਕਰ ਇਸ ਮਾੜੇ ਰੁਝਾਨ ਨੂੰ ਨਾ ਰੋਕਿਆ ਗਿਆ ਤਾਂ ਪੰਜਾਬ ਖਤਮ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਮੈਨੂੰ ਪੰਜਾਬ ਨੇ ਬਹੁਤ ਮਾਣ ਸਨਮਾਨ ਦਿੱਤਾ ਹੈ ਤੇ ਮੈਂ ਜ਼ਿੰਦਗੀ ਦੇ ਰਹਿੰਦੇ ਸਮੇਂ ਪੰਜਾਬ ਨੂੰ ਕੁੱਝ ਵਾਪਸ ਕਰਨ ਲਈ ਯਤਨ ਕਰ ਰਹੀ ਹਾਂ।ਉਨ੍ਹਾਂ ਕਿਹਾ ਕਿ ਕੁੱਝ ਲੋਕ ਪੈਸੇ ਲਈ ਸਮਗਲਿੰਗ ਕਰਕੇ ਪੰਜਾਬ ਨੂੰ ਖਤਮ ਕਰਨ 'ਤੇ ਲੱਗੇ ਹੋਏ ਹਨ, ਉਨ੍ਹਾਂ ਨੂੰ ਵੀ ਕਦੇ ਹਿਸਾਬ ਜ਼ਰੂਰ ਦੇਣਾ ਪਵੇਗਾ।ਪ੍ਰੀਤੀ ਸਪਰੂ ਨੇ ਕਿਹਾ ਕਿ ਬੱਚਿਆਂ ਨੂੰ ਕਾਊਂਸਲਿੰਗ ਦੀ ਜ਼ਰੂਰਤ ਹੈ। ਅਜਿਹਾ ਮਾਂ ਬਾਪ, ਪ੍ਰਿੰਸੀਪਲ, ਅਧਿਆਪਕਾਂ ਵੱਲੋਂ ਕੀਤਾ ਜਾਣਾ ਚਾਹੀਦਾ ਹੈ।ਗਾਇਕਾਂ, ਕਲਾਕਾਰਾਂ ਨੂੰ ਵੀ ਨਸ਼ੇ ਰੋਕਣ ਵਲੋਂ ਬੱਚਿਆਂ ਨੂੰ ਸੁਚੇਤ ਕਰਨ ਵੱਲ ਧਿਆਨ ਦੇਣਾ ਚਾਹੀਦਾ ਹੈ।ਇੱਕ ਸਵਾਲ ਦੇ ਜੁਆਬ ਵਿੱਚ ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਰੋਕਣ ਲਈ ਜੇਕਰ ਕੇਂਦਰ ਜਾਂ ਪੰਜਾਬ ਸਰਕਾਰ ਕੋਲ ਵੀ ਪਹੁੰਚ ਕਰਨੀ ਪਈ ਤਾਂ ਉਹ ਸੰਕੋਚ ਨਹੀਂ ਕਰਾਂਗੀ।

## ਸ਼੍ਰੋਅਦ (ਪੁਨਰ ਸੁਰਜੀਤ) ਦੀ ਸ਼ਹਿਰੀ ਇਕਾਈ ਦਾ ਵਿਸਥਾਰ, ਸੱਤ ਆਗੂ ਮੀਤ ਪ੍ਰਧਾਨ ਨਿਯੁਕਤ



**ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸ਼ਹਿਰੀ ਪ੍ਰਧਾਨ ਨਰਿੰਦਰ ਕੁਮਾਰ ਵਿੱਕੀ ਵੱਲੋਂ ਪਾਰਟੀ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਨਵੀਂ ਸ਼ਹਿਰੀ ਟੀਮ ਦਾ ਗਠਨ ਕਰਕੇ ਸੱਤ ਆਗੂਆਂ ਨੂੰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਜ਼ਿਲ੍ਹਾ ਪ੍ਰਧਾਨ ਸ਼ਹਿਰੀ ਰਿਪਦੁਮਨ ਸਿੰਘ ਢਿੱਲੋਂ, ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਤੇ ਸੀਨੀਅਰ ਮੀਤ ਪ੍ਰਧਾਨ ਪਰਮਿੰਦਰ ਸਿੰਘ ਢੀਂਡਸਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਹ ਨਵੇਂ ਅਹੁਦੇਦਾਰਾਂ ਦੀ ਸੂਚੀ ਜਾਰੀ ਕੀਤੀ ਹੈ।ਜਾਰੀ ਕੀਤੀ ਗਈ ਸੂਚੀ ਅਨੁਸਾਰ ਤਰਨਜੀਤ ਸਿੰਘ ਤਰਨੀ, ਵਿਕਾਸ ਮਲਿਕ ਵਿੱਕਾ, ਅਮਨਪ੍ਰੀਤ ਸਿੰਘ ਸ਼ਮੀ, ਅਮਨਦੀਪ ਸਿੰਘ, ਕਰਨ ਕੁਮਾਰ, ਮਲਕੀਅਤ ਸਿੰਘ ਗਿੱਲ ਤੇ ਸੰਦੀਪ ਸਿੰਘ ਸ਼ਮੀ ਨੂੰ ਸ਼ਹਿਰੀ ਇਕਾਈ ਦਾ ਮੀਤ ਪ੍ਰਧਾਨ ਬਣਾਇਆ ਗਿਆ ਹੈ।ਨਿਯੁਕਤੀ ਤੋਂ ਬਾਅਦ ਨਵੇਂ ਅਹੁਦੇਦਾਰਾਂ ਨੇ ਪਾਰਟੀ ਹਾਈਕਮਾਨ ਤੇ ਸ਼ਹਿਰੀ ਪ੍ਰਧਾਨ ਨਰਿੰਦਰ ਕੁਮਾਰ ਵਿੱਕੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਤੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਨਰਿੰਦਰ ਕੁਮਾਰ ਵਿੱਕੀ ਨੇ ਕਿਹਾ ਕਿ ਪਾਰਟੀ ਲਗਾਤਾਰ ਆਪਣੇ ਸੰਗਠਨ ਦਾ ਵਿਸਥਾਰ ਕਰ ਰਹੀ ਹੈ।ਨਵੀਂ ਟੀਮ ਦੇ ਗਠਨ ਨਾਲ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ੀ ਮਿਲੇਗੀ ਤੇ ਆਉਣ ਵਾਲੇ ਸਮੇਂ ਵਿੱਚ ਸੰਗਠਨ ਨੂੰ ਬੂਥ ਪੱਧਰ ਤੱਕ ਮਜ਼ਬੂਤ ਕੀਤਾ ਜਾਵੇਗਾ।ਉਨ੍ਹਾਂ ਆਸ ਪ੍ਰਗਟਾਈ ਕਿ ਨਵੇਂ ਮੀਤ ਪ੍ਰਧਾਨ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

## ਭਵਿੱਖ ਨਿਰਮਾਣ 'ਚ ਲਾਇਬ੍ਰੇਰੀ ਦੀ ਵਿਸ਼ੇਸ਼ ਮਹੱਤਤਾ : ਡਾ. ਰਜਿੰਦਰ ਕੌਰ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੇ ਦਿਸ਼ਾ ਨਿਰਦੇਸ਼ ਤੇ ਆਈ ਕਿਉ ਏ ਸੀ ਅਤੇ ਕਾਲਜ ਲਾਇਬ੍ਰੇਰੀ ਦੇ ਇੰਚਾਰਜ ਲਾਇਬ੍ਰੇਰੀਅਨ ਕੁਲਵਿੰਦਰ ਕੌਰ ਦੀ ਅਗਵਾਈ ਹੇਠ ਨਵੇਂ ਸੈਸ਼ਨ ਦੀਆਂ ਵਿਦਿਆਰਥਣਾਂ ਨੂੰ ਲਾਇਬ੍ਰੇਰੀ ਦਾ ਵਿੱਦਿਅਕ ਦੌਰਾ ਕਰਵਾਇਆ ਗਿਆ।ਇਸ ਮੌਕੇ ਵਿਦਿਆਰਥਣਾਂ ਨੂੰ ਲਾਇਬ੍ਰੇਰੀ ਵਿੱਚ ਐਂਟਰੀ ਪਾਉਣ ਤੋਂ ਲੈ ਕੇ ਬਾਹਰ ਜਾਣ ਤੱਕ ਲਾਇਬ੍ਰੇਰੀ ਦੇ ਸਾਰੇ ਨਿਯਮਾਂ ਬਾਰੇ ਦੱਸਿਆ ਗਿਆ।ਲਾਇਬ੍ਰੇਰੀ ਦੇ ਸਾਰੇ ਸੈਕਸ਼ਨ ਜਿਵੇਂ ਕਿ ਰੈਫਰੈਂਸ, ਕੈਟਾਲੌਗਿੰਗ, ਐਕੀਉਜੀਸ਼ਨ, ਮੈਗਜ਼ੀਨ ਸੈਕਸ਼ਨਾਂ ਬਾਰੇ ਜਾਣਕਾਰੀ ਦਿੱਤੀ ਗਈ।ਲਾਇਬ੍ਰੇਰੀ ਵਿਭਾਗ ਦੇ ਮੈਂਬਰ ਬੀਬੀ ਹਰਜੋਤ ਕੌਰ ਨੇ ਬੱਚਿਆਂ ਨੂੰ ਅਲਮਾਰੀਆਂ ਵਿੱਚੋਂ ਕਿਤਾਬਾਂ ਕੱਢਣ ਤੇ ਰੱਖਣ ਦੇ ਸਹੀ ਢੰਗਾਂ ਬਾਰੇ ਦੱਸਿਆ।ਲਾਇਬ੍ਰੇਰੀਅਨ ਕੁਲਵਿੰਦਰ ਕੌਰ ਨੇ ਲਾਇਬ੍ਰੇਰੀ ਦੀ ਮਹੱਤਤਾ, ਪੁਸਤਕਾਂ ਦੀ ਸਾਂਭ-ਸੰਭਾਲ ਤੇ ਪੜ੍ਹਨ ਦੀ ਆਦਤ ਦੇ ਲਾਭਾਂ ਅਤੇ ਕਾਲਜ ਵਿੱਚ ਚੱਲ ਰਹੀਆਂ ਹੋਰ ਗਤੀਵਿਧੀਆਂ ਬਾਰੇ ਚਾਨਣਾ ਪਾਇਆ।ਇਸ ਦੌਰਾਨ ਵਿਦਿਆਰਥਣਾਂ ਨੇ ਲਾਇਬ੍ਰੇਰੀ ਵਿੱਚ ਮੌਜੂਦ ਧਾਰਮਿਕ, ਇਤਿਹਾਸਿਕ, ਸਾਹਿਤਕ ਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਨਾਲ ਸੰਬੰਧਤ ਪੁਸਤਕਾਂ ਦਾ ਅਧਿਐਨ ਕੀਤਾ ਤੇ ਲਾਇਬ੍ਰੇਰੀ ਵਿੱਚ ਉਪਲੱਬਧ ਮੈਗਜ਼ੀਨਾਂ ਨੂੰ ਵੀ ਦੇਖਿਆ।ਕਾਲਜ ਪ੍ਰਿੰਸੀਪਲ ਨੇ ਆਸ ਪ੍ਰਗਟਾਈ ਕਿ ਅਜਿਹੇ ਵਿਦਿਅਕ ਦੌਰੇ ਵਿਦਿਆਰਥੀਆਂ ਵਿੱਚ ਪੜ੍ਹਨ ਦੀ ਰੁਚੀ ਤੇ ਖੋਜੀ ਸੋਚ ਨੂੰ ਹੋਰ ਮਜ਼ਬੂਤ ਕਰਨਗੇ।ਲਾਇਬ੍ਰੇਰੀ ਦੀ ਵਰਤੋਂ ਮਨੁੱਖ ਦਾ ਬੌਧਿਕ ਵਿਕਾਸ ਕਰਦੀ ਹੈ ਤੇ ਵਿਦਿਆਰਥਣਾਂ ਲਈ ਗਿਆਨ ਦਾ ਮੁੱਖ ਸੋਮਾ ਹੈ।

## ਹੀਲਿੰਗ ਗਾਰਡਨ ਵਿਖੇ ਬੂਟੇ ਲਗਾਏ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਵਾਤਾਵਰਨ ਦੀ ਸੰਭਾਲ ਤੇ ਸ਼ਹਿਰ ਨੂੰ ਹਰਿਆ-ਭਰਿਆ ਬਣਾਉਣ ਦੇ ਉਦੇਸ਼ ਨਾਲ ਹੀਲਿੰਗ ਗਾਰਡਨ ਵਿਖੇ ਹੀਲਿੰਗ ਗਾਰਡਨ ਪਰਿਵਾਰ ਤੇ ਗਰੀਨ ਸਿਟੀ ਕਲੀਨ ਸਿਟੀ ਵੈੱਲਫੇਅਰ ਕਲੱਬ ਵੱਲੋਂ ਸਾਂਝੇ ਤੌਰ 'ਤੇ ਸ੍ਰੀ ਹਰੀ ਪ੍ਰਸਾਦ ਡਿਵੈਲਪਮੈਂਟ ਆਫਿਸਰ ਐੱਲਆਈਸੀ ਦੇ ਜਨਮ ਦਿਨ 'ਤੇ ਬੂਟੇ ਲਗਾਏ ਗਏ।ਇਸ ਮੌਕੇ ਹਰੀ ਪ੍ਰਸਾਦ ਨੇ ਕਿਹਾ ਕਿ ਵਾਤਾਵਰਨ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ ਵੱਡੀ ਗਿਣਤੀ ਵਿੱਚ ਬੂਟੇ ਲਗਾਏ ਗਏ।ਇਸ ਦੌਰਾਨ ਬੂਟਿਆਂ ਦੀ ਸੰਭਾਲ ਕਰਨ ਤੇ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ ਗਿਆ।ਸੰਸਥਾ ਦੇ ਮੈਂਬਰਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਵਿਅਕਤੀ ਵੱਧ ਤੋਂ ਵੱਧ ਬੂਟੇ ਲਗਾਏ ਤੇ ਬੂਟਿਆਂ ਦੀ ਨਿਯਮਤ ਤੌਰ 'ਤੇ ਸੰਭਾਲ ਵੀ ਕਰੇ।ਇਸ ਮੌਕੇ ਹੀਲਿੰਗ ਗਾਰਡਨ ਪਰਿਵਾਰ ਤੇ ਗਰੀਨ ਸਿਟੀ ਕਲੀਨ ਸਿਟੀ ਵੈੱਲਫੇਅਰ ਕਲੱਬ ਦੇ ਮੈਂਬਰਾਂ ਵੱਲੋਂ ਵਾਤਾਵਰਨ ਸੰਭਾਲ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ ਗਈ।

## ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਵਿਖੇ ਤੀਜ ਤਿਉਹਾਰ ਮਨਾਇਆ



**ਭੀਖੀ (ਗੁਰਿੰਦਰ ਸਿੰਘ ਔਲਖ)**-ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਭੀਖੀ ਵਿਖੇ ਕਲਾਸ ਤੀਜੀ ਤੋਂ ਬਾਰਵੀਂ ਤੱਕ ਦੀਆਂ ਵਿਦਿਆਰਥਣਾਂ ਲਈ ਤੀਜ ਤਿਉਹਾਰ ਬੜੇ ਉਤਸ਼ਾਹ, ਖੁਸ਼ੀ ਤੇ ਪੰਜਾਬੀ ਸੱਭਿਆਚਾਰਕ ਰੰਗਾਂ ਨਾਲ ਮਨਾਇਆ ਗਿਆ।ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਪੰਜਾਬੀ ਸੱਭਿਆਚਾਰ, ਲੋਕ-ਪ੍ਰੰਪਰਾਵਾਂ ਤੇ ਵਿਰਸੇ ਨਾਲ ਜੋੜਨਾ ਸੀ।ਸਮਾਗਮ ਦੌਰਾਨ ਵਿਦਿਆਰਥਣਾਂ ਨੇ ਰਵਾਇਤੀ ਪੰਜਾਬੀ ਪਹਿਰਾਵੇ ਵਿੱਚ ਸਜ ਕੇ ਗਿੱਧਾ, ਬੋਲੀਆਂ, ਲੋਕ ਗੀਤ ਤੇ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਪੰਜਾਬੀ ਵਿਰਸੇ ਦੀ ਮਨਮੋਹਕ ਝਲਕ ਪੇਸ਼ ਕੀਤੀ।ਮਹਿੰਦੀ, ਝੂਟਿਆਂ ਤੇ ਹੋਰ ਰਵਾਇਤੀ ਗਤੀਵਿਧੀਆਂ ਨੇ ਸਮਾਗਮ ਦੀ ਰੌਣਕ ਨੂੰ ਹੋਰ ਵਧਾ ਦਿੱਤਾ।ਇਸ ਮੌਕੇ ਕਲਾਸ ਤੀਜੀ ਦੀ ਵਿਦਿਆਰਥਣ ਗੁਰਕਿਰਤ ਕੌਰ ਤੇ ਕਲਾਸ ਪੰਜਵੀਂ ਦੀ ਵਿਦਿਆਰਥਣ ਕਰਮਨਜੋਤ ਕੌਰ ਨੂੰ ਉਨ੍ਹਾਂ ਦੀ ਸੁੰਦਰ ਰਵਾਇਤੀ ਪੇਸ਼ਕਾਰੀ ਤੇ ਉਤਸ਼ਾਹ ਲਈ 'ਮਿਸ ਤੀਜ' ਦੇ ਖਿਤਾਬ ਨਾਲ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਦੀਦੀ ਸਰੋਜ ਰਾਣੀ, ਨੀਲਮ ਮਨਚੰਦਾ ਤੇ ਗੀਨਾ ਨੇ ਸ਼ਿਰਕਤ ਕੀਤੀ।ਤੀਜ ਸਮਾਗਮ ਦਾ ਸਫਲ ਸੰਚਾਲਨ ਕੋਆਰਡੀਨੇਟਰ ਪੂਨਮ ਸ਼ਰਮਾ, ਫਿਜ਼ਿਕਸ ਲੈਕਚਰਾਰ ਗਗਨਦੀਪ ਕੌਰ ਤੇ ਮੈਥਸ ਅਧਿਆਪਕਾ ਮਾਨਸੀ ਗਰਗ ਵੱਲੋਂ ਕੀਤਾ ਗਿਆ।ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ, ਪ੍ਰਿੰਸੀਪਲ ਤੇ ਸਟਾਫ਼ ਨੇ ਵਿਦਿਆਰਥਣਾਂ ਨੂੰ ਤੀਜ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਸਮੁੱਚਾ ਸਕੂਲ ਕੈਂਪਸ ਗਿੱਧੇ ਦੀਆਂ ਤਾਲਾਂ, ਪੰਜਾਬੀ ਬੋਲੀਆਂ, ਰੰਗ-ਬਿਰੰਗੇ ਪਹਿਰਾਵਿਆਂ ਤੇ ਖੁਸ਼ੀਆਂ ਨਾਲ ਝੂਮਦਾ ਨਜ਼ਰ ਆਇਆ।

## ਡੀ ਏ ਵੀ ਕੇ ਆਰ ਬੀ ਪਬਲਿਕ ਸਕੂਲ 'ਚ ਮਨਾਇਆ ਤੀਜ ਦਾ ਤਿਉਹਾਰ




**ਕੋਟ ਈਸੇ ਖਾਂ (ਅਰੋੜਾ)**-ਡੀਏਵੀ ਕੇ ਆਰ ਬੀ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਗੀਤੂ ਜੇ. ਅਹੂਜਾ ਦੀ ਰਹਿਨੁਮਾਈ ਹੇਠ ਸਾਵਣ ਮਹੀਨੇ ਦੀਆਂ ਖੁਸ਼ੀਆਂ ਤੇ ਪੰਜਾਬੀ ਸੱਭਿਆਚਾਰਕ ਵਿਰਸੇ ਨੂੰ ਦਰਸਾਉਂਦੇ ਹੋਏ ਤੀਜ ਦਾ ਤਿਉਹਾਰ ਬੜੇ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਵਿਦਿਆਰਥੀਆਂ ਵੱਲੋਂ ਪੰਜਾਬੀ ਲੋਕ ਗੀਤਾਂ, ਗਿੱਧੇ, ਬੋਲੀਆਂ ਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਸਾਵਣ ਮਹੀਨੇ ਦੀ ਖੂਬਸੂਰਤੀ ਤੇ ਤੀਜ ਦੇ ਤਿਉਹਾਰ ਦੀ ਮਹੱਤਤਾ ਨੂੰ ਦਰਸਾਇਆ ਗਿਆ।ਸਕੂਲ ਦਾ ਮਾਹੌਲ ਪੰਜਾਬੀ ਸੱਭਿਆਚਾਰ ਦੇ ਰੰਗਾਂ ਨਾਲ ਰੰਗਿਆ ਨਜ਼ਰ ਆਇਆ।ਪ੍ਰਿੰਸੀਪਲ ਮੈਡਮ ਗੀਤੂ ਜੇ. ਅਹੂਜਾ ਨੇ ਵਿਦਿਆਰਥੀਆਂ ਨੂੰ ਤੀਜ ਦੇ ਤਿਉਹਾਰ ਦੀ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਨੂੰ ਆਪਣੀ ਵਿਰਾਸਤ ਤੇ ਪ੍ਰੰਪਰਾਵਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਸਮਾਗਮ ਨੂੰ ਸਫਲ ਬਣਾਉਣ ਲਈ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

## ਜ਼ਿਲ੍ਹੇ 'ਚ ਕੈਂਸਰ ਦੇ ਮਰੀਜ਼ਾਂ ਦੀ ਗਿਣਤੀ 'ਚ ਵਾਧਾ ਚਿੰਤਾਜਨਕ

**ਬਰੇਟਾ (ਰੀਤਵਾਲ)**-ਮਾਨਸਾ ਜ਼ਿਲ੍ਹੇ ਵਿੱਚ ਪਿਛਲੇ ਕੁਝ ਸਾਲਾਂ ਦੌਰਾਨ ਕੈਂਸਰ ਦੇ ਮਰੀਜ਼ਾਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਦੇਖਣ ਨੂੰ ਮਿਲ ਰਿਹਾ ਹੈ, ਜਿਸ ਨੇ ਸਿਹਤ ਮਾਹਰਾਂ ਤੇ ਆਮ ਲੋਕਾਂ ਦੋਵਾਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ।ਸਥਾਨਕ ਹਸਪਤਾਲਾਂ ਤੇ ਸਿਹਤ ਵਿਭਾਗ ਦੇ ਅੰਕੜਿਆਂ ਅਨੁਸਾਰ, ਹਰ ਮਹੀਨੇ ਨਵੇਂ ਮਰੀਜ਼ਾਂ ਦੀ ਗਿਣਤੀ ਪਹਿਲਾਂ ਦੇ ਮੁਕਾਬਲੇ ਕਾਫ਼ੀ ਵਧੀ ਹੈ। ਮਾਹਰਾਂ ਦਾ ਕਹਿਣਾ ਹੈ ਕਿ ਇਸ ਵਾਧੇ ਪਿੱਛੇ ਕਈ ਕਾਰਨ ਜਿਵੇਂ ਵਧਦਾ ਹਵਾ ਪ੍ਰਦੂਸ਼ਣ, ਖਾਣ-ਪੀਣ ਦੀਆਂ ਗ਼ਲਤ ਆਦਤਾਂ, ਤੰਬਾਕੂ ਤੇ ਸ਼ਰਾਬ ਦੀ ਵਧਦੀ ਵਰਤੋਂ, ਮਿਲਾਵਟੀ ਭੋਜਨ ਪਦਾਰਥ ਤੇ ਤਣਾਅ ਭਰੀ ਜੀਵਨ ਸ਼ੈਲੀ ਜ਼ਿੰਮੇਵਾਰ ਹੋ ਸਕਦੇ ਹਨ। ਇਸ ਤੋਂ ਇਲਾਵਾ ਸਮੇਂ ਸਿਰ ਜਾਂਚ ਨਾ ਹੋਣ ਕਾਰਨ ਬਹੁਤ ਸਾਰੇ ਮਾਮਲੇ ਬਿਮਾਰੀ ਦੇ ਆਖਰੀ ਪੜਾਅ ਵਿੱਚ ਸਾਹਮਣੇ ਆ ਰਹੇ ਹਨ, ਜਿਸ ਨਾਲ ਇਲਾਜ ਹੋਰ ਵੀ ਮੁਸ਼ਕਲ ਹੋ ਜਾਂਦਾ ਹੈ।ਸਥਾਨਕ ਡਾਕਟਰਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਨਿਯਮਿਤ ਸਿਹਤ ਜਾਂਚ ਕਰਵਾਉਣ, ਖਾਸ ਕਰਕੇ 40 ਸਾਲ ਦੀ ਉਮਰ ਤੋਂ ਬਾਅਦ, ਤਾਂ ਜੋ ਬਿਮਾਰੀ ਦਾ ਪਤਾ ਸ਼ੁਰੂਆਤੀ ਪੜਾਅ 'ਤੇ ਹੀ ਲੱਗ ਸਕੇ।ਉਨ੍ਹਾਂ ਨੇ ਤੰਬਾਕੂ ਤੇ ਸ਼ਰਾਬ ਤੋਂ ਦੂਰ ਰਹਿਣ, ਸਾਫ਼-ਸੁਥਰੀ ਖੁਰਾਕ ਅਪਣਾਉਣ ਤੇ ਸਰੀਰਕ ਗਤੀਵਿਧੀ ਵਧਾਉਣ ਦੀ ਸਲਾਹ ਵੀ ਦਿੱਤੀ ਹੈ।ਮਾਹਰਾਂ ਦਾ ਮੰਨਣਾ ਹੈ ਕਿ ਜੇਕਰ ਸਮੇਂ ਸਿਰ ਢੁਕਵੇਂ ਕਦਮ ਨਾ ਚੁੱਕੇ ਗਏ ਤਾਂ ਆਉਣ ਵਾਲੇ ਸਮੇਂ ਵਿੱਚ ਇਹ ਸਮੱਸਿਆ ਹੋਰ ਵੀ ਗੰਭੀਰ ਰੂਪ ਧਾਰਨ ਕਰ ਸਕਦੀ ਹੈ।

## ਪਾਲੀ ਦੇਤਵਾਲੀਆ ਨੇ 'ਸਾਵਣ ਕਵੀ ਦਰਬਾਰ' 'ਚ ਲਾਈਆਂ ਰੌਣਕਾਂ





**ਚੌਕੀਮਾਨ (ਇੰਜੀ: ਬਲਬੀਰ ਸਿੰਘ ਮਾਨ)**-ਮੰਡੀ ਮੁੱਲਾਂਪੁਰ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਸਾਹਿਤਕ ਤੇ ਸੱਭਿਆਚਾਰਕ ਮੰਚ ਮੁੱਲਾਂਪੁਰ-ਦਾਖਾ ਜ਼ਿਲ੍ਹਾ ਲੁਧਿਆਣਾ ਵੱਲੋਂ ਸਾਵਣ ਦੇ ਮਹੀਨੇ ਨੂੰ ਸਮਰਪਤ 'ਸਾਵਣ ਕਵੀ ਦਰਬਾਰ' ਕਰਵਾਇਆ ਗਿਆ।ਇਸ ਸਮਾਗਮ ਦਾ ਆਗਾਜ਼ ਕਰਦਿਆਂ ਪ੍ਰਸਿੱਧ ਗੀਤਕਾਰ ਤੇ ਨੈਸ਼ਨਲ ਐਵਾਰਡੀ ਅਮਰੀਕ ਸਿੰਘ ਤਲਵੰਡੀ ਨੇ ਮੁੱਖ ਮਹਿਮਾਨ ਨਾਵਲਕਾਰ ਭਜਨ ਸਿੰਘ ਸਿੱਧੂ ਸਾਬਕਾ ਏ ਡੀ ਸੀ ਦਾ ਸਵਾਗਤ ਕਰਦਿਆਂ ਜੀ ਆਇਆਂ ਨੂੰ ਆਖਿਆ।ਉਨ੍ਹਾਂ ਸਾਉਣ ਮਹੀਨੇ ਦੀ ਮਹੱਤਤਾ ਦੱਸਦਿਆਂ ਕਿਹਾ ਕਿ ਇਹ ਮਹੀਨਾ ਤਿਉਹਾਰਾਂ ਦੀ ਸ਼ੁਰੂਆਤ ਦਾ ਮਹੀਨਾ ਤੇ ਮਾਵਾਂ ਧੀਆਂ, ਭੈਣ ਭਰਾਵਾਂ, ਸਖੀਆਂ ਸਹੇਲੀਆਂ ਤੇ ਨਵੀਆਂ ਵਿਆਹੀਆ ਤੇ ਉਨ੍ਹਾਂ ਦੇ ਮਾਹੀਆਂ ਨੂੰ ਸਮਰਪਤ ਮਹੀਨਾ ਗਿਣਿਆ ਗਿਆ ਹੈ।ਇਸ ਮਹੀਨੇ ਤੋਂ ਤਿਉਹਾਰਾਂ ਦੀ ਸ਼ੁਰੂਆਤ ਸ਼ੁਰੂ ਹੁੰਦੀ ਹੈ, ਅੱਜ ਦੇ ਇਸ ਸਾਵਣ ਕਵੀ ਦਰਬਾਰ ਵਿੱਚ ਪ੍ਰਸਿੱਧ ਗਾਇਕ ਸੁਰਜੀਤ ਸਿੰਘ ਆਲੀਵਾਲ ਨੇ ਆਪਣੇ ਗੀਤਾਂ ਰਾਹੀਂ ਸਾਵਣ ਮਹੀਨੇ ਤੇ ਸਮਾਜਿਕ ਕੁਰੀਤੀਆਂ ਸਬੰਧੀ ਗੀਤ ਗਾ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ।ਉਪਰੰਤ ਲੁਧਿਆਣਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਇੰਜੀਨੀਅਰ ਕੇਵਲ ਸਿੰਘ ਹੀਰਾ ਹਠੂਰ ਵਾਲਿਆਂ ਨੇ ਇਸ ਸਮਾਗਮ ਸਬੰਧੀ ਆਪਣੀਆਂ ਰਚਨਾਵਾਂ ਸੁਣਾ ਕੇ ਤਾਲੀਆਂ ਦੀ ਬਾਵਾ ਖੱਟੀ।ਇਸ ਸਮਾਗਮ ਵਿੱਚ ਪਹੁੰਚੇ ਉੱਘੇ ਨਾਟਕਕਾਰ ਹਰਕੇਸ਼ ਚੌਧਰੀ, ਵਕੀਲ ਜਸਵੀਰ ਸਿੰਘ, ਨਵਕਮਲ ਸਿੰਘ, ਗੁਰਦੀਪ ਸਿੰਘ ਲੋਟੇ, ਜਗਜੀਵਨ ਸਿੰਘ ਰਕਬਾ, ਦਰਸ਼ਨ ਸਿੰਘ ਬੋਪਾਰਾਏ, ਕਰਮਜੀਤ ਸਿੰਘ ਭੱਟੀ, ਮਾਸਟਰ ਅਜਮੇਲ ਸਿੰਘ ਮੋਹੀ, ਫਿਲਮੀ ਗੀਤਕਾਰ ਸਾਧੂ ਸਿੰਘ ਦਿਲਸ਼ਾਦ, ਹਰਵਿੰਦਰ ਥਰੀਕੇ ਆਦਿ ਨੇ ਆਪਣੀਆਂ ਰਚਨਾਵਾਂ ਸੁਣਾ ਕੇ ਸਾਵਣ ਮਹੀਨੇ ਦੇ ਇਸ ਕਵੀ ਦਰਬਾਰ ਨੂੰ ਵੱਖ ਵੱਖ ਵੰਨਗੀਆਂ ਦੇ ਗੀਤ ਸੁਣਾ ਕੇ ਖ਼ੂਬ ਰੌਣਕਾਂ ਲਾਈਆਂ।

ਅਖੀਰ ਵਿੱਚ ਸ਼੍ਰੋਮਣੀ ਗਾਇਕ ਪਾਲੀ ਦੇਤਵਾਲੀਆ ਨੇ ਆਪਣੇ ਸੱਭਿਅਕ ਤੇ ਸਾਉਣ ਮਹੀਨੇ ਨੂੰ ਸਮਰਪਤ ਭੈਣਾਂ ਭਰਾਵਾਂ ਵਾਲੇ ਗੀਤ ਸੁਣਾ ਕੇ ਸਾਉਣ ਦੇ ਛਰਾਟਿਆਂ ਤੇ ਬੱਦਲਵਾਈ ਦੌਰਾਨ ਮਾਵਾਂ-ਧੀਆਂ ਦੇ ਮੇਲ ਬਾਪ ਤੇ ਸੰਧਾਰਿਆਂ ਦੀ ਯਾਦ ਤਾਜ਼ਾ ਕਰਵਾਈ।ਇਸ ਮੌਕੇ ਮੰਚ ਦੇ ਜਨਰਲ ਸਕੱਤਰ ਬਲਵੀਰ ਸਿੰਘ ਮਾਨ ਨੇ ਆਏ ਕਵੀ, ਗੀਤਕਾਰਾਂ ਤੇ ਸਾਹਿਤਕਾਰਾਂ ਨੂੰ ਸਮਾਂ ਦੇ ਕੇ ਉਨ੍ਹਾਂ ਦੀਆਂ ਵੱਖ ਵੱਖ ਵੰਨਗੀਆਂ ਤੇ ਲਿਖੇ ਗੀਤ ਕਵਿਤਾਵਾਂ ਨੂੰ ਸਰੋਤਿਆਂ ਦੇ ਸਾਹਮਣੇ ਪੇਸ਼ ਕੀਤਾ।ਮੰਚ ਦੇ ਪ੍ਰਧਾਨ ਸੁੱਖਵਿੰਦਰ ਸਿੰਘ ਗਿੱਲ ਦੀ ਅਗਵਾਈ ਵਿੱਚ ਕੀਤੇ ਇਸ ਸਮਾਗਮ ਪ੍ਰਤੀ ਵਧਾਈ ਦਿੰਦਿਆਂ ਮੌਕੇ 'ਤੇ ਇਕੱਤਰ ਸਾਥੀਆਂ ਨੇ ਅਜਿਹੇ ਸਮਾਗਮ ਕਰਦੇ ਰਹਿਣ ਲਈ ਮੰਚ ਦੇ ਮੈਂਬਰਾਂ ਨੂੰ ਉਤਸ਼ਾਹਤ ਕੀਤਾ।

## ਮਨੁੱਖਤਾ ਦੇ ਭਲੇ ਲਈ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਖੂਨਦਾਨ ਕੈਂਪ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੇ 121ਵੇਂ ਜਨਮ ਦਿਹਾੜੇ ਨੂੰ ਸਮਰਪਤ ਪਿੰਡ ਆਲੋਵਾਲ ਵਿਖੇ ਹਿਊਮਨ ਵੈੱਲਫੇਅਰ ਫਾਊਂਡੇਸ਼ਨ ਵੱਲੋਂ ਭੌਰਾ ਸਾਹਿਬ ਦੇ ਨੇੜੇ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਕੈਂਪ ਕਮਾਂਡਰ ਠੇਕੇਦਾਰ ਗੁਰਬਚਨ ਸਿੰਘ ਦੀ ਅਗਵਾਈ ਹੇਠ ਖੂਨਦਾਨ ਕੈਂਪ ਲਗਾਇਆ ਗਿਆ।ਸੰਤ ਬਾਬਾ ਗੁਰਮੁੱਖ ਸਿੰਘ ਆਲੋਵਾਲ, ਸੰਤ ਬਾਬਾ ਰੌਸ਼ਨ ਸਿੰਘ ਧਬਲਾਨ, ਭਾਈ ਰਣਧੀਰ ਸਿੰਘ ਢੀਂਡਸਾ, ਧਰਮਜੀਤ ਸਿੰਘ ਸਰਪੰਚ, ਪ੍ਰਮੋਦ ਕੁਮਾਰ ਸਾਬਕਾ ਸਰਪੰਚ, ਰਾਜੂ ਬਾਬਾ ਲੋਟ ਤੇ ਮਨਜੀਤ ਸਿੰਘ ਲੋਟ ਨੇ ਵੱਧ ਚੜ੍ਹ ਕੇ ਸਹਿਯੋਗ ਦਿੱਤਾ। ਕੈਂਪ ਵਿੱਚ 27 ਵਲੰਟੀਅਰਾਂ ਨੇ ਖੂਨ ਦਾਨ ਕੀਤਾ।ਵਲੰਟੀਅਰਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਕੈਂਪ ਵਿੱਚ ਤੀਰਥਇੰਦਰ ਸਿੰਘ ਵਿਰਕ ਤੇ ਬੀਬੀ ਜਸਵੀਰ ਕੌਰ ਵਿਰਕ ਮਛਰਾਏ ਕਲਾਂ ਨੇ 14ਵੀਂ ਵਾਰ ਇਕੱਠਿਆਂ ਖੂਨ ਦਾਨ ਕੀਤਾ।ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ ਨੇ ਦੱਸਿਆ ਕਿ ਗਰੁੱਪ ਵੱਲੋਂ ਪਿਛਲੇ 14 ਸਾਲਾਂ ਤੋਂ ਹਰ ਮਹੀਨੇ ਦੀ 5 ਤੇ 20 ਤਰੀਕ ਨੂੰ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਵਿਖੇ ਸਵੇਰੇ 9 ਤੋਂ 1 ਵਜੇ ਤੱਕ ਰੈਗੂਲਰ ਖੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ ਤਾਂ ਜੋ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖੂਨ ਮਿਲ ਸਕੇ।ਇਸ ਮੌਕੇ ਚਾਚਾ ਜਗਰਾਜ ਸਿੰਘ ਚਹਿਲ, ਤੇਜਿੰਦਰ ਸਿੰਘ ਮੰਡੌੜ, ਸੋਹਣ ਲਾਲ, ਸੰਜੇ ਕੁਮਾਰ ਤੇ ਮਨਵਿੰਦਰ ਸਿੰਘ ਮਨੀ ਟੌਹੜਾ ਹਾਜ਼ਰ ਸਨ।

## ਮਾਨਸਾ ਜ਼ਿਲ੍ਹੇ ਦੇ ਕਿਰਤੀ ਕਿਸਾਨ ਅੱਜ ਦੇਣਗੇ ਗ੍ਰਿਫਤਾਰੀਆਂ : ਐਡਵੋਕੇਟ ਦਲਿਓ

### ਜੇਲ੍ਹ ਭਰੋ ਐਕਸ਼ਨ ਪ੍ਰਤੀ ਕਿਰਤੀਆਂ ਤੇ ਕਿਸਾਨਾਂ 'ਚ ਭਾਰੀ ਜੋਸ਼ ਤੇ ਉਤਸ਼ਾਹ



**ਮਾਨਸਾ (ਆਤਮਾ ਸਿੰਘ ਪਮਾਰ)**-ਆਲ ਇੰਡੀਆ ਕਿਸਾਨ ਸਭਾ ਦੇ ਸੂਬਾਈ ਉੱਪ-ਪ੍ਰਧਾਨ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਨੇ ਕਿਹਾ ਕਿ ਦੇਸ਼ ਵਿਆਪੀ ਜੇਲ੍ਹ ਭਰੋ ਅੰਦੋਲਨ ਦੇ ਸੱਦੇ 'ਤੇ ਕਿਰਤੀਆਂ, ਕਿਸਾਨਾਂ ਤੇ ਸਕੀਮ ਵਰਕਰਾਂ ਦੀਆਂ ਮੰਗਾਂ ਨੂੰ ਲੈ ਕੇ 10 ਅਗਸਤ ਨੂੰ ਡੀ ਸੀ ਮਾਨਸਾ ਦੇ ਦਫ਼ਤਰ ਮੂਹਰੇ ਪ੍ਰਦਰਸ਼ਨ ਕਰਨ ਉਪਰੰਤ ਪ੍ਰਦਰਸ਼ਨਕਾਰੀ ਸਮੂਹਕ ਗ੍ਰਿਫ਼ਤਾਰੀਆਂ ਦੇਣਗੇ, ਜਿਸ ਪ੍ਰਤੀ ਕਿਰਤੀਆਂ ਤੇ ਕਿਸਾਨਾਂ 'ਚ ਭਾਰੀ ਜੋਸ਼ ਤੇ ਉਤਸ਼ਾਹ ਹੈ।ਦਲਿਓ ਨੇ ਕਿਹਾ ਕਿ ਇਸ ਐਕਸ਼ਨ ਦੌਰਾਨ ਮੰਗ ਕੀਤੀ ਜਾਵੇਗੀ ਕਿ ਮਨਰੇਗਾ ਸਕੀਮ ਬਹਾਲ ਕਰਕੇ ਮਜ਼ਦੂਰਾਂ ਨੂੰ ਰੁਜ਼ਗਾਰ ਦਿੱਤਾ ਜਾਵੇ, ਬੀਜ ਸੋਧ ਬਿੱਲ ਤੇ ਬਿਜਲੀ ਬਿੱਲ-2025 ਰੱਦ ਕੀਤਾ ਜਾਵੇ, ਅਮਰੀਕਾ ਤੇ ਹੋਰ ਵਿਕਸਿਤ ਦੇਸ਼ਾਂ ਨਾਲ ਕੀਤੇ ਮੁਕਤ ਵਪਾਰ ਸਮਝੌਤੇ ਰੱਦ ਕੀਤੇ ਜਾਣ, ਸੀ-2+50 ਪ੍ਰਤੀਸ਼ਤ ਫਾਰਮੂਲੇ ਅਨੁਸਾਰ ਫਸਲਾਂ ਖਰੀਦਣ ਦੀ ਕਾਨੂੰਨੀ ਗਰੰਟੀ ਦਿੱਤੀ ਜਾਵੇ, ਘੱਟੋ ਘੱਟ ਤਨਖਾਹ 30 ਹਜ਼ਾਰ ਰੁਪਏ ਪ੍ਰਤੀ ਮਹੀਨਾ ਲਾਗੂ ਕੀਤੀ ਜਾਵੇ, ਸਕੀਮ ਵਰਕਰਾਂ ਤੇ ਕੱਚੇ ਸਾਰੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ, ਠੇਕੇਦਾਰੀ ਸਿਸਟਮ ਤੇ ਨਿੱਜੀਕਰਨ 'ਤੇ ਰੋਕ ਲਗਾਈ ਜਾਵੇ, ਲੋਕ ਭਲਾਈ ਯੋਜਨਾਵਾਂ ਨੂੰ ਭ੍ਰਿਸ਼ਟਾਚਾਰ ਮੁਕਤ ਕੀਤਾ ਜਾਵੇ, ਚਾਰ ਲੇਬਰ ਕੋਡ ਰੱਦ ਕਰਕੇ ਮਜ਼ਦੂਰ ਪੱਖੀ ਕਿਰਤ ਕਾਨੂੰਨ ਲਾਗੂ ਕੀਤੇ ਜਾਣ, 200 ਦਿਨ ਰੁਜ਼ਗਾਰ ਤੇ 800 ਰੁਪਏ ਦਿਹਾੜੀ ਦਿੱਤੀ ਜਾਵੇ, ਨਿਰਮਾਣ ਮਜ਼ਦੂਰਾਂ ਦਾ ਰਜਿਸਟ੍ਰੇਸ਼ਨ ਤੇ ਯੂਨੀਅਨਾਂ ਨੂੰ 90 ਦਿਨਾਂ ਦੀ ਤਸਦੀਕ ਦਾ ਅਧਿਕਾਰ ਦਿੱਤਾ ਜਾਵੇ, ਸਮਾਰਟ ਮੀਟਰ ਯੋਜਨਾ, ਐਗਰੀ ਡਿਸਕੌਮ ਤੇ ਪ੍ਰਾਈਵੇਟ ਲਾਇਸੰਸ ਵਾਪਸ ਲਏ ਜਾਣ ਤੇ ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣ, ਹਰ ਇੱਕ ਮਜ਼ਦੂਰ-ਕਿਸਾਨ ਨੂੰ 60 ਸਾਲ ਦੀ ਉਮਰ ਤੋਂ ਬਾਅਦ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇ।

## ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਨਵਾਂ ਕੋਰਸ ਸ਼ੁਰੂ

**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵੱਲੋਂ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ੍ਰ. ਹਰਪ੍ਰਤਾਪ ਸਿੰਘ ਬਰਾੜ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਦੀ ਯੋਗ ਅਗਵਾਈ ਹੇਠ ਵਿੱਦਿਅਕ ਵਰ੍ਹੇ (2026-27) ਤੋਂ ਬੀ.ਐੱਸ.ਸੀ. (ਏ.ਆਈ. ਤੇ ਮਸ਼ੀਨ ਲਰਨਿੰਗ) ਦਾ ਨਵਾਂ ਉੱਨਤ ਕੋਰਸ ਸ਼ੁਰੂ ਕੀਤਾ ਗਿਆ ਹੈ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਇਸ ਕੋਰਸ ਨੂੰ ਚਲਾਉਣ ਲਈ ਕਾਲਜ ਨੇ ਪੰਜਾਬ ਯੂਨੀਵਰਸਿਟੀ ਤੋਂ ਲੜੀਂਦੀ ਮਾਨਤਾ ਵੀ ਪ੍ਰਾਪਤ ਕਰ ਲਈ ਹੈ।ਜ਼ਿਕਰਯੋਗ ਹੈ ਕਿ ਇਹ ਕੋਰਸ ਦੋਰਾਹਾ ਇਲਾਕੇ ਦੇ ਸ਼ਹਿਰੀ ਤੇ ਪਿੰਡਾਂ ਦੇ ਵਿਦਿਆਰਥੀਆਂ ਨੂੰ ਨਵੇਂ ਤਕਨੀਕੀ ਯੁੱਗ ਦੇ ਹਾਣ ਦਾ ਬਣਾਉਣ ਤੇ ਰੋਜ਼ਗਾਰ ਦੇ ਨਵੇਂ ਮੌਕੇ ਉਪਲੱਬਧ ਕਰਵਾਉਣ 'ਚ ਬਹੁਤ ਮਦਦਗਾਰ ਸਾਬਿਤ ਹੋਵੇਗਾ।ਦਾਖ਼ਲਾ ਲੈਣ ਦੇ ਚਾਹਵਾਨ ਵਿਦਿਆਰਥੀ ਕਾਲਜ ਵਿਖੇ ਜਾਂ ਆਨਲਾਈਨ ਵੈੱਬਸਾਈਟ (www.gnncdoraha.edu.in) ਰਾਹੀਂ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।ਹੋਰ ਵਧੇਰੇ ਜਾਣਕਾਰੀ ਲੈਣ ਲਈ ਵਿਦਿਆਰਥੀ ਕੰਪਿਊਟਰ ਵਿਭਾਗ ਦੇ ਮੁਖੀ ਪ੍ਰੋ. ਗੁਰਦੀਪ ਸਿੰਘ ਤੇ ਪ੍ਰੋ. ਹਰਦੀਪ ਕੌਰ ਨਾਲ ਰਾਬਤਾ ਕਾਇਮ ਕਰ ਸਕਦੇ ਹਨ।ਇਸ ਨਵੇਂ ਕੋਰਸ ਨੂੰ ਸ਼ੁਰੂ ਕਰਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਨੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਤੇ ਸਮੂਹ ਕਾਲਜ ਸਟਾਫ਼ ਦੇ ਉੱਦਮ ਤੇ ਯਤਨਾਂ ਦੀ ਸ਼ਲਾਘਾ ਕੀਤੀ।

## ਅਕਾਲੀ ਆਗੂ ਲਾਲੀ ਸੰਗੂਧੌਣ ਸਾਥੀਆਂ ਸਮੇਤ ਆਪ 'ਚ ਸ਼ਾਮਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲ੍ਹਾ ਜਨਰਲ ਸਕੱਤਰ ਤੇ ਯੂਥ ਅਕਾਲੀ ਦਲ ਮਾਲਵਾ ਜ਼ੋਨ ਦੇ ਸਾਬਕਾ ਜਨਰਲ ਸਕੱਤਰ ਨੰਬਰਦਾਰ ਬੇਅੰਤ ਸਿੰਘ ਲਾਲੀ, ਜਿਨ੍ਹਾਂ ਪਿਛਲੇ ਦਿਨੀਂ ਅਸਤੀਫਾ ਦਿੱਤਾ ਸੀ, ਦੇਰ ਸ਼ਾਮ ਪਿੰਡ ਸੰਗੂਧੌਣ ਵਿਖੇ ਹੋਏ ਸਮਾਗਮ ਵਿੱਚ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੀ ਹਾਜ਼ਰੀ ਵਿੱਚ ਆਪਣੇ ਵੱਡੀ ਗਿਣਤੀ ਵਿੱਚ ਸਾਥੀਆਂ ਨੂੰ ਨਾਲ ਲੈ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਬੇਅੰਤ ਸਿੰਘ ਲਾਲੀ ਤੇ ਉਸ ਦੇ ਸਾਥੀਆਂ ਦਾ ਭਰਵਾਂ ਸਵਾਗਤ ਕੀਤਾ ਗਿਆ ਤੇ ਹਾਰ ਪਹਿਨਾ ਕੇ ਵਧਾਈ ਦਿੱਤੀ ਗਈ।ਇਸ ਮੌਕੇ ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਲਾਲੀ ਤੇ ਉਨ੍ਹਾਂ ਦੇ ਸਾਥੀਆਂ ਦੇ ਆਪ ਵਿੱਚ ਸ਼ਾਮਲ ਹੋਣ ਨਾਲ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ।ਉਨ੍ਹਾਂ ਜ਼ੋਰ ਦਿੱਤਾ ਕਿ ਆਪ ਹਮੇਸ਼ਾ ਆਮ ਲੋਕਾਂ ਦੀ ਪਾਰਟੀ ਰਹੀ ਹੈ ਤੇ ਸੂਬੇ ਦੇ ਵਿਕਾਸ ਲਈ ਕੰਮ ਕਰਨ ਵਾਲੇ ਸਾਰਿਆਂ ਦਾ ਸੁਆਗਤ ਹੈ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਕਈ ਆਗੂ ਤੇ ਵਰਕਰ ਆਪ ਵਿੱਚ ਸ਼ਾਮਲ ਹੋਣਗੇ।ਇਸ ਦੌਰਾਨ ਨੰਬਰਦਾਰ ਲਾਲੀ ਨੇ ਵਿਧਾਇਕ ਕਾਕਾ ਬਰਾੜ ਤੇ ਸਮੁੱਚੀ ਟੀਮ ਨੂੰ ਭਰੋਸਾ ਦੁਆਇਆ ਕਿ ਜਿਸ ਤਰ੍ਹਾਂ ਉਨ੍ਹਾਂ ਨੇ ਕਰੀਬ 35 ਸਾਲ ਅਕਾਲੀ ਦਲ ਵਿੱਚ ਰਹਿ ਕੇ ਕੰਮ ਕੀਤਾ ਉਸ ਤੋਂ ਕਿਤੋਂ ਵੱਧ ਆਮ ਆਦਮੀ ਪਾਰਟੀ ਦੀ ਸੇਵਾ ਕਰਨਗੇ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਲਈ ਦਿਨ ਰਾਤ ਕੰਮ ਕਰਨਗੇ।

## ਨਸ਼ੀਲੇ ਪਦਾਰਥਾਂ ਸਮੇਤ ਚਾਰ ਗ੍ਰਿਫ਼ਤਾਰ

**ਸਿਰਸਾ (ਸੁਰਿੰਦਰ ਪਾਲ ਸਿੰਘ)**

ਸਿਰਸਾ ਵਿੱਚ ਸੀਆਈਏ ਪੁਲਸ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਦੋਸ਼ ਵਿੱਚ ਚਾਰ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਪੁਲਸ ਅਨੁਸਾਰ ਚਾਰੇ ਨੌਜਵਾਨ ਇੱਕ ਸਕਾਰਪੀਓ ਕਾਰ ਵਿੱਚ ਸਫ਼ਰ ਕਰ ਰਹੇ ਸਨ। ਪੁਲਸ ਦੀ ਗੱਡੀ ਨੂੰ ਦੇਖ ਕੇ ਉਨ੍ਹਾਂ ਸਕਾਰਪੀਓ ਨੂੰ ਮੋੜ ਕੇ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਪੁਲਸ ਨੇ ਚਾਰਾਂ ਨੂੰ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਉਨ੍ਹਾਂ ਦੇ ਕਬਜ਼ੇ ਵਿੱਚੋਂ 68 ਗ੍ਰਾਮ ਤੇ 84 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਕੁਨਾਲ ਉਰਫ਼ ਤਨੂ ਵਾਸੀ ਪਿੰਡ ਢਾਬਾਂ, ਦੀਪਕ ਉਰਫ਼ ਟਿੰਕੂ ਵਾਸੀ ਮੇਲਾ ਗਰਾਊਂਡ, ਸ਼ਿਵਾ ਵਾਸੀ ਕੀਰਤੀ ਨਗਰ ਤੇ ਰੋਹਿਤ ਵਾਸੀ ਗਊਸ਼ਾਲਾ ਮੁਹੱਲਾ ਸਿਰਸਾ ਵਜੋਂ ਹੋਈ ਹੈ। ਚਾਰਾ ਮੁਲਜ਼ਮਾਂ ਖ਼ਿਲਾਫ਼ ਸਿਰਸਾ ਸਿਟੀ ਪੁਲਸ ਸਟੇਸ਼ਨ ਵਿੱਚ ਐੱਨਡੀਪੀਐੱਸ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਤੇ ਗੱਡੀ ਜ਼ਬਤ ਕੀਤੀ ਗਈ ਹੈ।

ਸੂਤਰਾਂ ਅਨੁਸਾਰ ਜਿਸ ਮੁਲਜ਼ਮ ਸ਼ਿਵ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਉਸ ਦਾ ਸਬੰਧ ਸਿਰਸਾ ਦੇ ਡੇਰੇ ਦੇ ਮਹੰਤ ਨਾਲ ਦੱਸਿਆ ਜਾ ਰਿਹਾ ਹੈ। ਹੁਣ ਪੁਲਸ ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਤੱਥਾਂ ਦੇ ਆਧਾਰ 'ਤੇ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ।

## ਚੇਅਰਮੈਨ ਵਿਜੇ ਦਾਨਵ ਲਾਲਾ ਲਾਜਪਤ ਰਾਏ ਦੇ ਜੱਦੀ ਘਰ ਪਹੁੰਚੇ




**ਜਗਰਾਓਂ (ਸੰਜੀਵ ਅਰੋੜਾ)**

ਦਲਿਤ ਵਿਕਾਸ ਬੋਰਡ ਪੰਜਾਬ ਦੇ ਚੇਅਰਮੈਨ ਵਿਜੇ ਦਾਨਵ ਬੀਤੇ ਦਿਨ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਜੀ ਦੇ ਜੱਦੀ ਘਰ ਵਿਖੇ ਪਹੁੰਚੇ ਤੇ ਲਾਲਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਉਨ੍ਹਾਂ ਲਾਲਾ ਜੀ ਦੇ ਜੱਦੀ ਘਰ ਵਿੱਚ ਮੌਜੂਦ ਉਨ੍ਹਾਂ ਨਾਲ ਸਬੰਧਤ ਇਤਿਹਾਸਕ ਨਿਸ਼ਾਨੀਆਂ ਨੂੰ ਬੜੇ ਧਿਆਨ ਨਾਲ ਦੇਖਿਆ ਤੇ ਲਾਲਾ ਜੀ ਦੇ ਜੀਵਨ ਅਤੇ ਦੇਸ਼ ਦੀ ਆਜ਼ਾਦੀ ਲਈ ਦਿੱਤੇ ਮਹਾਨ ਯੋਗਦਾਨ ਨੂੰ ਯਾਦ ਕੀਤਾ।ਚੇਅਰਮੈਨ ਵਿਜੇ ਦਾਨਵ ਨੇ ਕਿਹਾ ਕਿ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਜੀ ਨੇ ਭਾਰਤ ਨੂੰ ਆਜ਼ਾਦ ਕਰਵਾਉਣ ਲਈ ਆਪਣਾ ਪੂਰਾ ਜੀਵਨ ਸਮਰਪਤ ਕਰ ਦਿੱਤਾ ਅਤੇ ਦੇਸ਼ ਦੀ ਆਜ਼ਾਦੀ ਲਈ ਆਪਣਾ ਬਲਿਦਾਨ ਦਿੱਤਾ।ਉਨ੍ਹਾਂ ਕਿਹਾ ਕਿ ਅੱਜ ਅਸੀਂ ਜਿਸ ਆਜ਼ਾਦ ਭਾਰਤ ਵਿੱਚ ਰਹਿ ਰਹੇ ਹਾਂ, ਉਸ ਪਿੱਛੇ ਲਾਲਾ ਲਾਜਪਤ ਰਾਏ ਜੀ ਵਰਗੇ ਮਹਾਨ ਆਜ਼ਾਦੀ ਘੁਲਾਟੀਆਂ ਦੀ ਕੁਰਬਾਨੀ ਹੈ।

ਲਾਲਾ ਜੀ ਦੇ ਜੱਦੀ ਘਰ ਪਹੁੰਚਣ 'ਤੇ ਲਾਲਾ ਲਾਜਪਤ ਰਾਏ ਚੈਰੀਟੇਬਲ ਵੈੱਲਫੇਅਰ ਸੋਸਾਇਟੀ ਵੱਲੋਂ ਚੇਅਰਮੈਨ ਵਿਜੇ ਦਾਨਵ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸੋਸਾਇਟੀ ਦੇ ਮੈਂਬਰਾਂ ਵੱਲੋਂ ਉਨ੍ਹਾਂ ਨੂੰ ਸੰਸਥਾ ਦੀਆਂ ਮੰਗਾਂ ਤੇ ਲਾਲਾ ਜੀ ਦੇ ਜੱਦੀ ਘਰ ਨਾਲ ਸਬੰਧਤ ਮੁੱਦਿਆਂ ਤੋਂ ਵੀ ਜਾਣੂ ਕਰਵਾਇਆ ਗਿਆ।ਸੋਸਾਇਟੀ ਵੱਲੋਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਲਾਲਾ ਲਾਜਪਤ ਰਾਏ ਜੀ ਦੇ ਨਾਮ 'ਤੇ ਸਿਵਲ ਹਸਪਤਾਲ ਜਗਰਾਓਂ ਵਿਖੇ ਟਰੌਮਾ ਸੈਂਟਰ ਸਥਾਪਤ ਕੀਤਾ ਜਾਵੇ।

ਇਸ ਦੇ ਨਾਲ ਹੀ ਸੋਸਾਇਟੀ ਨੇ ਮੰਗ ਕੀਤੀ ਕਿ ਪੰਜਾਬ ਦੇ ਮੁੱਖ ਮੰਤਰੀ ਖੁਦ ਲਾਲਾ ਜੀ ਦੇ ਜੱਦੀ ਘਰ ਪਹੁੰਚ ਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਤੇ ਇਸ ਇਤਿਹਾਸਕ ਸਥਾਨ ਦੀ ਮਹੱਤਤਾ ਨੂੰ ਹੋਰ ਉਜਾਗਰ ਕਰਨ।ਚੇਅਰਮੈਨ ਵਿਜੇ ਦਾਨਵ ਨੇ ਸੋਸਾਇਟੀ ਨੂੰ ਭਰੋਸਾ ਦਿਵਾਇਆ ਕਿ ਉਹ ਲਾਲਾ ਜੀ ਦੇ ਜੱਦੀ ਘਰ ਨਾਲ ਸਬੰਧਤ ਮਾਮਲੇ ਨੂੰ ਲੈ ਕੇ ਜਲਦ ਹੀ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਤੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਨਾਲ ਰਾਬਤਾ ਕਾਇਮ ਕਰਨਗੇ ਅਤੇ ਸੋਸਾਇਟੀ ਦੀਆਂ ਮੰਗਾਂ ਤੇ ਸੁਝਾਵਾਂ ਤੋਂ ਉਨ੍ਹਾਂ ਨੂੰ ਜਾਣੂ ਕਰਵਾਉਣਗੇ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੋਪੀ ਸ਼ਰਮਾ, ਸੰਸਥਾ ਦੇ ਵਾਈਸ ਪ੍ਰਧਾਨ ਅੰਕੁਸ਼ ਮਿੱਤਲ, ਕਾਰਜਕਾਰੀ ਮੈਂਬਰ ਰਿਸ਼ੀ ਮਾਰੀਆ ਤੇ ਸੁਨੀਲ ਮੱਕੜ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਸਨੌਰ ਹਲਕੇ ਦੇ ਲੋਕਾਂ ਰਾਕੇਸ਼ ਬੱਗਾ ਨੂੰ ਦਿੱਤਾ ਸਮਰਥਨ ਦਾ ਭਰੋਸਾ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-2027 ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ।ਇਸੇ ਤਹਿਤ ਪਿੰਡ ਖਾਸਾ ਵਿਖੇ ਆਜ਼ਾਦ ਉਮੀਦਵਾਰ ਰਾਕੇਸ਼ ਬੱਗਾ ਵੱਲੋਂ ਪਿੰਡ ਵਾਸੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪਿੰਡ ਦੇ ਵਿਕਾਸ, ਲੋਕਾਂ ਦੀਆਂ ਸਮੱਸਿਆਵਾਂ ਤੇ ਇਲਾਕੇ ਦੇ ਭਵਿੱਖ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਪਿੰਡ ਵਾਸੀਆਂ ਵੱਲੋਂ ਰਾਕੇਸ਼ ਬੱਗਾ ਨੂੰ ਆਪਣਾ ਸਮਰਥਨ ਦੇਣ ਦਾ ਭਰੋਸਾ ਦਿੰਦਿਆਂ ਕਿਹਾ ਗਿਆ ਕਿ ਉਹ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਦੇ ਹੱਕ ਵਿੱਚ ਡਟ ਕੇ ਖੜ੍ਹਨਗੇ।ਪਿੰਡ ਵਾਸੀਆਂ ਨੇ ਕਿਹਾ ਕਿ ਇਲਾਕੇ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਤੇ ਲੋਕਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣ ਵਾਲੀ ਸੋਚ ਦੀ ਲੋੜ ਹੈ।ਇਸ ਮੌਕੇ ਰਾਕੇਸ਼ ਬੱਗਾ ਨੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਪਿਆਰ ਤੇ ਸਮਰਥਨ ਉਨ੍ਹਾਂ ਲਈ ਹੌਸਲੇ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਹਰ ਸੰਭਵ ਯਤਨ ਕਰਨਗੇ ਤੇ ਇਲਾਕੇ ਦੇ ਵਿਕਾਸ ਤੇ ਲੋਕ ਭਲਾਈ ਦੇ ਮੁੱਦਿਆਂ ਨੂੰ ਪਹਿਲ ਦੇਣਗੇ।ਮੀਟਿੰਗ ਦੌਰਾਨ ਵਿਕਾਸ ਸਿੰਘ ਸੰਦੀਪ ਸਿੰਘ,ਰਵੀ ਲਾਲ, ਗੁਰਜੰਟ ਸਿੰਘ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਗੁਰੂ ਗੋਬਿੰਦ ਸਿੰਘ ਰਿਫਾਇਨਰੀ ਸਦਕਾ ਆਤਮ-ਨਿਰਭਰਤਾ ਵੱਲ ਵਧ ਰਹੀਆਂ ਪੇਂਡੂ ਔਰਤਾਂ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਸਮਾਵੇਸ਼ੀ ਤੇ ਟਿਕਾਊ ਭਾਈਚਾਰਕ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਅੱਗੇ ਵਧਾਉਂਦਿਆਂ, ਐੱਚਐੱਮਈਐੱਲ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਪੇਂਡੂ ਔਰਤਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ ਤੇ ਉਨ੍ਹਾਂ ਨੂੰ ਆਤਮਨਿਰਭਰ ਬਣਾਉਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ।ਇਸ ਪਹਿਲਕਦਮੀ ਤਹਿਤ ਰਿਫਾਈਨਰੀ ਦੇ ਆਸ-ਪਾਸ ਦੇ ਪਿੰਡਾਂ ਵਿੱਚ ਮਹਿਲਾ ਸਵੈ-ਸਹਾਇਤਾ ਸਮੂਹਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਉਦਯਮ-ਅਧਾਰਤ ਰੋਜ਼ਗਾਰ ਦੇ ਮੌਕਿਆਂ ਤੇ ਬਾਜ਼ਾਰ ਨਾਲ ਜੋੜਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਇਸੇ ਯਤਨ ਤਹਿਤ ਪੱਕਾ ਕਲਾਂ, ਗਿਆਨਾ, ਸੇਖੂ, ਕਮਾਲੂ, ਚੱਠਾ ਤੇ ਜੱਜਲ ਸਮੇਤ ਆਸ-ਪਾਸ ਦੇ ਹੋਰ ਪਿੰਡਾਂ ਦੇ ਲਗਭਗ 11 ਮਹਿਲਾ-ਅਗਵਾਈ ਵਾਲੇ ਸਵੈ-ਸਹਾਇਤਾ ਸਮੂਹਾਂ ਨੂੰ ਸਕੂਲ ਬੈਗ ਤਿਆਰ ਕਰਨ ਦੇ ਕੰਮ ਨਾਲ ਜੋੜਿਆ ਗਿਆ ਹੈ।ਇਨ੍ਹਾਂ ਸਮੂਹਾਂ ਵੱਲੋਂ 20,000 ਤੋਂ ਵੱਧ ਸਕੂਲ ਬੈਗ ਤਿਆਰ ਕੀਤੇ ਜਾ ਰਹੇ ਹਨ।ਇਸ ਪਹਿਲਕਦਮੀ ਰਾਹੀਂ ਮਹਿਲਾ ਸਮੂਹਾਂ ਲਈ ਲੱਖਾਂ ਰੁਪਏ ਦੀ ਆਮਦਨ ਪੈਦਾ ਹੋਣ ਦਾ ਅਨੁਮਾਨ ਹੈ।ਇਹ ਪਹਿਲਕਦਮੀ ਪੇਂਡੂ ਔਰਤਾਂ ਲਈ ਸਿਰਫ਼ ਆਮਦਨ ਦਾ ਸਾਧਨ ਹੀ ਨਹੀਂ ਹੈ, ਸਗੋਂ ਉਨ੍ਹਾਂ ਨੂੰ ਆਪਣੇ ਹੁਨਰ ਦੀ ਵਰਤੋਂ ਕਰਦਿਆਂ ਇੱਕ ਸੰਗਠਿਤ ਆਰਥਿਕ ਗਤੀਵਿਧੀ ਨਾਲ ਜੁੜਨ ਤੇ ਆਪਣੇ ਪਰਿਵਾਰ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਦਾ ਮੌਕਾ ਵੀ ਪ੍ਰਦਾਨ ਕਰ ਰਹੀ ਹੈ।ਮਹਿਲਾਵਾਂ ਦੇ ਹੁਨਰ ਨੂੰ ਮਿਲਿਆ ਬਾਜ਼ਾਰ, 115 ਸਕੂਲਾਂ ਵਿੱਚ ਹੋਵੇਗੀ ਸਕੂਲ ਬੈਗ ਦੀ ਵੰਡ ਇਸ ਪਹਿਲਕਦਮੀ ਦੀ ਖਾਸ ਗੱਲ ਇਹ ਹੈ ਕਿ ਐੱਚਐੱਮਈਐੱਲ ਨੇ ਮਹਿਲਾਵਾਂ ਨੂੰ ਸਿਰਫ਼ ਸਿਖਲਾਈ ਤੇ ਉਤਪਾਦਨ ਤੱਕ ਸੀਮਿਤ ਨਹੀਂ ਰੱਖਿਆ, ਸਗੋਂ ਉਨ੍ਹਾਂ ਦੇ ਉਤਪਾਦਾਂ ਲਈ ਸਥਾਈ ਬਾਜ਼ਾਰ ਉਪਲਬਧ ਕਰਵਾਉਣ ਵੱਲ ਵੀ ਮਹੱਤਵਪੂਰਨ ਕਦਮ ਚੁੱਕਿਆ ਹੈ।

ਸਵੈ-ਸਹਾਇਤਾ ਸਮੂਹਾਂ ਵੱਲੋਂ ਤਿਆਰ ਕੀਤੇ ਜਾ ਰਹੇ ਸਕੂਲ ਬੈਗ ਐੱਚਐੱਮਈਐੱਲ ਵੱਲੋਂ 115 ਸਰਕਾਰੀ ਸਕੂਲਾਂ ਵਿੱਚ ਵੰਡੇ ਜਾਣਗੇ।ਇਸ ਨਾਲ ਇੱਕ ਪਾਸੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਹਜ਼ਾਰਾਂ ਵਿਦਿਆਰਥੀਆਂ ਨੂੰ ਲਾਭ ਮਿਲੇਗਾ, ਜਦਕਿ ਦੂਜੇ ਪਾਸੇ ਪੇਂਡੂ ਮਹਿਲਾ ਉਦਯਮੀਆਂ ਵੱਲੋਂ ਤਿਆਰ ਕੀਤੇ ਉਤਪਾਦਾਂ ਲਈ ਇੱਕ ਯਕੀਨੀ ਬਾਜ਼ਾਰ ਵੀ ਤਿਆਰ ਹੋਵੇਗਾ।ਇਸ ਤਰ੍ਹਾਂ ਇਹ ਪਹਿਲਕਦਮੀ 'ਰੋਜ਼ਗਾਰ ਸਿਰਜਣਾ' ਤੇ 'ਵਿਦਿਅਕ ਸਹਾਇਤਾ' ਨੂੰ ਇੱਕ-ਦੂਜੇ ਨਾਲ ਜੋੜਦੀ ਹੈ।ਮਹਿਲਾਵਾਂ ਵੱਲੋਂ ਤਿਆਰ ਕੀਤੇ ਉਤਪਾਦ ਸਿੱਧੇ ਬੱਚਿਆਂ ਤੱਕ ਪਹੁੰਚਣਗੇ, ਜਿਸ ਨਾਲ ਸਥਾਨਕ ਪੱਧਰ 'ਤੇ ਉਤਪਾਦਨ, ਸਥਾਨਕ ਆਮਦਨ ਤੇ ਸਮਾਜਿਕ ਵਿਕਾਸ ਦਾ ਇੱਕ ਮਜ਼ਬੂਤ ਮਾਡਲ ਵਿਕਸਿਤ ਹੋ ਰਿਹਾ ਹੈ।ਇਸ ਪਹਿਲਕਦਮੀ ਦਾ ਪ੍ਰਭਾਵ ਸਿਰਫ਼ 11 ਸਵੈ-ਸਹਾਇਤਾ ਸਮੂਹਾਂ ਤੱਕ ਸੀਮਿਤ ਨਹੀਂ ਹੈ।ਜਦੋਂ ਪੇਂਡੂ ਮਹਿਲਾਵਾਂ ਆਮਦਨ ਕਮਾਉਂਦੀਆਂ ਹਨ ਤੇ ਆਰਥਿਕ ਤੌਰ 'ਤੇ ਮਜ਼ਬੂਤ ਹੁੰਦੀਆਂ ਹਨ, ਤਾਂ ਇਸ ਦਾ ਸਕਾਰਾਤਮਕ ਪ੍ਰਭਾਵ ਉਨ੍ਹਾਂ ਦੇ ਪਰਿਵਾਰਾਂ ਤੇ ਪੂਰੇ ਭਾਈਚਾਰੇ 'ਤੇ ਵੀ ਪੈਂਦਾ ਹੈ।ਮਹਿਲਾਵਾਂ ਦੀ ਵੱਧ ਰਹੀ ਆਰਥਿਕ ਭਾਗੀਦਾਰੀ ਨਾਲ ਪਰਿਵਾਰ ਦੀ ਆਮਦਨ ਵਿੱਚ ਯੋਗਦਾਨ, ਬੱਚਿਆਂ ਦੀ ਸਿੱਖਿਆ, ਜੀਵਨ ਪੱਧਰ ਵਿੱਚ ਸੁਧਾਰ ਤੇ ਭਵਿੱਖ ਲਈ ਆਰਥਿਕ ਸੁਰੱਖਿਆ ਨੂੰ ਉਤਸ਼ਾਹ ਮਿਲਦਾ ਹੈ।ਐੱਚਐੱਮਈਐੱਲ ਦੀ ਇਹ ਪਹਿਲਕਦਮੀ ਪੇਂਡੂ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ, ਸਥਾਨਕ ਉਦਯਮਿਤਾ ਨੂੰ ਉਤਸ਼ਾਹਤ ਕਰਨ ਅਤੇ ਸਿੱਖਿਆ ਤੇ ਰੋਜ਼ਗਾਰ ਨੂੰ ਇੱਕ ਸਾਂਝੇ ਵਿਕਾਸ ਮਾਡਲ ਨਾਲ ਜੋੜਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਤੇ ਸਾਰਥਕ ਕਦਮ ਹੈ।

## ਡਿਸਕਵਰੀ 'ਚ ਤੀਆਂ ਮੌਕੇ ਸੱਭਿਆਚਾਰਕ ਸਮਾਗਮ ਕਰਵਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਰਾਫ਼ ਐਜੂਬੀਕਨ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿਖੇ ਤੀਆਂ ਦੇ ਪਾਵਨ ਮੌਕੇ 'ਤੇ 'ਸਾਡਾ ਪੰਜਾਬ, ਸਾਡੀ ਸ਼ਾਨ' ਦੀ ਭਾਵਨਾ ਨੂੰ ਸਮਰਪਤ ਇੱਕ ਸ਼ਾਨਦਾਰ ਸੱਭਿਆਚਾਰਕ ਸਮਾਗਮ ਕਰਵਾਇਆ ਗਿਆ।ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਨੂੰ ਪੰਜਾਬ ਦੀ ਅਮੀਰ ਲੋਕ-ਸੱਭਿਆਚਾਰ, ਪ੍ਰੰਪਰਾਵਾਂ, ਲੋਕ-ਕਲਾਵਾਂ ਤੇ ਵਿਰਾਸਤ ਨਾਲ ਜੋੜਦਿਆਂ ਉਨ੍ਹਾਂ ਵਿੱਚ ਆਪਣੀਆਂ ਜੜ੍ਹਾਂ ਪ੍ਰਤੀ ਮਾਣ ਤੇ ਸਤਿਕਾਰ ਦੀ ਭਾਵਨਾ ਪੈਦਾ ਕਰਨਾ ਸੀ।ਵਿਦਿਆਰਥੀਆਂ ਨੇ ਰਵਾਇਤੀ ਪੰਜਾਬੀ ਪਹਿਰਾਵਿਆਂ ਵਿੱਚ ਗਿੱਧਾ, ਲੋਕ ਨਾਚ, ਫੁਲਕਾਰੀ, ਹਸਤਕਲਾ, ਲੋਕ-ਗੀਤ ਤੇ ਰਚਨਾਤਮਕ ਪੇਸ਼ਕਾਰੀਆਂ ਰਾਹੀਂ ਪੰਜਾਬ ਦੀ ਜੀਵੰਤ ਸੱਭਿਆਚਾਰਕ ਵਿਰਾਸਤ ਨੂੰ ਬੇਹੱਦ ਖ਼ੂਬਸੂਰਤੀ ਨਾਲ ਪੇਸ਼ ਕੀਤਾ।ਰੰਗ-ਬਿਰੰਗੇ ਪਹਿਰਾਵਿਆਂ, ਰਵਾਇਤੀ ਗਹਿਣਿਆਂ ਤੇ ਲੋਕ-ਸੰਗੀਤ ਨੇ ਸਕੂਲ ਦੇ ਵਿਹੜੇ ਨੂੰ ਪੰਜਾਬੀ ਸੱਭਿਆਚਾਰ ਦੇ ਰੰਗਾਂ ਨਾਲ ਰੰਗ ਦਿੱਤਾ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਕਾਵਿਆ ਅਸੀਜਾ ਨੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਦੇ ਨਾਲ-ਨਾਲ ਆਪਣੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੋੜਨ ਦਾ ਇੱਕ ਪ੍ਰਭਾਵਸ਼ਾਲੀ ਮਾਧਿਅਮ ਹਨ।ਉਨ੍ਹਾਂ ਕਿਹਾ ਕਿ ਸਾਡੀ ਵਿਰਾਸਤ ਸਿਰਫ਼ ਸਾਡੀ ਪਹਿਚਾਣ ਹੀ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਡੀ ਜ਼ਿੰਮੇਵਾਰੀ ਵੀ ਹੈ। 'ਸਾਡਾ ਪੰਜਾਬ, ਸਾਡੀ ਸ਼ਾਨ' ਦੀ ਭਾਵਨਾ ਨਾਲ ਕਰਵਾਇਆ ਗਿਆ ਇਹ ਸਮਾਗਮ ਵਿਦਿਆਰਥੀਆਂ, ਅਧਿਆਪਕਾਂ ਤੇ ਸਕੂਲ ਭਾਈਚਾਰੇ ਦੇ ਸਾਂਝੇ ਯਤਨਾਂ ਦਾ ਇੱਕ ਸੁੰਦਰ ਉਦਾਹਰਨ ਬਣਿਆ, ਜਿੱਥੇ ਸੱਭਿਆਚਾਰ ਨਾਲ ਜੁੜਾਅ, ਪ੍ਰੰਪਰਾਵਾਂ ਦਾ ਸਤਿਕਾਰ ਤੇ ਸਿੱਖਿਆ ਦੇ ਨਾਲ ਸੰਸਕਾਰਾਂ ਦਾ ਸੁਮੇਲ ਬਾਖ਼ੂਬੀ ਨਜ਼ਰ ਆਇਆ।

# ਗੁਰਬਾਜ ਛੱਤੇਆਣਾ ਮਿਸਲ ਸਤਲੁਜ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਪਰਮਜੀਤ ਸਿੰਘ)-ਮਿਸਲ ਸਤਲੁਜ ਪਾਰਟੀ ਦੇ ਪ੍ਰਧਾਨ ਸ. ਅਜੇਪਾਲ ਸਿੰਘ ਬਰਾੜ ਨੇ ਕਿਹਾ ਹੈ ਕਿ ਮਿਸਲ ਸਤਲੁਜ ਪਾਰਟੀ ਨੂੰ ਪਿੰਡ, ਕਸਬਾ, ਸ਼ਹਿਰ ਤੇ ਜ਼ਿਲ੍ਹਾ ਪੱਧਰ 'ਤੇ ਮਜ਼ਬੂਤ ਕਰਨ ਲਈ ਲਗਾਤਾਰ ਜਥੇਬੰਦਕ ਵਿਸਥਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਹਰ ਵਰਗ ਦੇ ਖੇਤਰ ਵਿੱਚ ਨਵੇਂ ਤੇ ਸਮਰਪਤ ਸਾਥੀਆਂ ਨੂੰ ਜ਼ਿੰਮੇਵਾਰੀਆਂ ਸੌਂਪ ਕੇ ਮਿਸਲ ਸਤਲੁਜ ਪਾਰਟੀ ਨੂੰ ਲੋਕਾਂ ਦੀ ਆਵਾਜ਼ ਬਣਾਉਣ ਲਈ ਸੰਗਠਨ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ।ਇਸੇ ਲੜੀ ਤਹਿਤ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਈ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਸ. ਗੁਰਬਾਜ ਸਿੰਘ ਛੱਤੇਆਣਾ ਨੂੰ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦਾ ਮਿਸਲ ਸਤਲੁਜ ਪਾਰਟੀ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਸ. ਗੁਰਬਾਜ ਸਿੰਘ ਛੱਤੇਆਣਾ ਦੀ ਪੂਰੀ ਟੀਮ ਨੇ ਵੀ ਮਿਸਲ ਸਤਲੁਜ ਪਾਰਟੀ ਵਿੱਚ ਸ਼ਮੂਲੀਅਤ ਕਰਦਿਆਂ ਪਾਰਟੀ ਦੀਆਂ ਨੀਤੀਆਂ ਤੇ ਲੋਕ-ਹਿੱਤ ਦੇ ਸੰਘਰਸ਼ਾਂ ਨੂੰ ਮਜ਼ਬੂਤ ਕਰਨ ਦਾ ਅਹਿਦ ਕੀਤਾ।ਅਜੇਪਾਲ ਸਿੰਘ ਬਰਾੜ ਨੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਗੁਰਬਾਜ ਸਿੰਘ ਛੱਤੇਆਣਾ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਨਾਲ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਵਿੱਚ ਮਿਸਲ ਸਤਲੁਜ ਪਾਰਟੀ ਨੂੰ ਨਵੀਂ ਤਾਕਤ ਤੇ ਦਿਸ਼ਾ ਮਿਲੇਗੀ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸ੍ਰੀ ਛੱਤੇਆਣਾ ਆਪਣੀ ਮਿਹਨਤ, ਸਮਰਪਣ ਤੇ ਲੋਕਾਂ ਨਾਲ ਨੇੜਲੇ ਸੰਪਰਕ ਸਦਕਾ ਮਿਸਲ ਸਤਲੁਜ ਪਾਰਟੀ ਨੂੰ ਜ਼ਿਲ੍ਹੇ ਵਿੱਚ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾਉਣਗੇ।ਇਸ ਮੌਕੇ ਹੋਈ ਵਿਸ਼ੇਸ਼ ਮੀਟਿੰਗ ਵਿੱਚ ਮਿਸਲ ਸਤਲੁਜ ਪਾਰਟੀ ਦੇ ਪ੍ਰਧਾਨ ਅਜੇਪਾਲ ਸਿੰਘ ਬਰਾੜ, ਜਨਰਲ ਸਕੱਤਰ ਦਵਿੰਦਰ ਸਿੰਘ ਸੇਖੋਂ, 'ਪੂਰਾ ਪੰਜਾਬ ਲਹਿਰ' ਦੇ ਕਨਵੀਨਰ ਅਮਰਿੰਦਰ ਸਿੰਘ ਤੂਰ, ਮਿੱਟੂ ਦੀਪ ਸਿੰਘ ਵਾਲਾ, ਸੁਖਪਾਲ ਸਿੰਘ ਮੁਮਾਰਾ, ਨਿਰਮਲ ਸਿੰਘ ਭੰਗੇਵਾਲਾ, ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਗੁਰਬਾਜ ਸਿੰਘ ਛੱਤੇਆਣਾ ਤੇ ਫ਼ਰੀਦਕੋਟ ਦੇ ਜ਼ਿਲ੍ਹਾ ਪ੍ਰਧਾਨ ਇਕਬਾਲ ਸਿੰਘ ਢਿੱਲਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

# ਗੁਰਮੁੱਖ ਅਖਾੜਾ ਦੇ ਸਟੇਟ ਚੈਂਪੀਅਨਾਂ ਨੂੰ ਰਾਕੇਸ਼ ਬੱਗਾ ਨੇ ਕੀਤਾ ਸਨਮਾਨਤ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਸੰਗਰੂਰ ਜ਼ਿਲ੍ਹੇ ਵਿੱਚ ਹੋਈ-14 ਰੈਸਲਿੰਗ ਚੈਂਪੀਅਨਸ਼ਿਪ ਵਿੱਚ ਗੁਰਮੁੱਖ ਅਖਾੜਾ ਪਟਿਆਲਾ ਦੇ ਤਿੰਨ ਹੋਣਹਾਰ ਖਿਡਾਰੀਆਂ ਨੇ ਆਪਣੇ ਜ਼ੌਹਰ ਦਿਖਾਉਂਦੇ ਹੋਏ ਵੱਖ-ਵੱਖ ਵਜ਼ਨ ਵਰਗਾਂ ਵਿੱਚ ਸਟੇਟ ਚੈਂਪੀਅਨ ਦਾ ਖ਼ਿਤਾਬ ਜਿੱਤ ਕੇ ਅਖਾੜੇ ਤੇ ਪੂਰੇ ਪਟਿਆਲਾ ਦਾ ਨਾਮ ਰੌਸ਼ਨ ਕੀਤਾ ਹੈ।ਸਟੇਟ ਚੈਂਪੀਅਨ ਬਣਨ ਵਾਲੇ ਭਲਵਾਨਾਂ ਵਿੱਚ ਮਾਨ ਪੰਜੇਟਾ, ਪ੍ਰਭਦੀਪ ਸਿੰਘ ਤੇ ਲਕਸ਼ਦੀਪ ਸਿੰਘ ਸ਼ਾਮਲ ਹਨ।ਤਿੰਨਾਂ ਨੇ ਹੀ ਆਪਣੇ-ਆਪਣੇ ਵਜ਼ਨ ਵਿੱਚ ਵਿਰੋਧੀ ਪਹਿਲਵਾਨਾਂ ਨੂੰ ਮਾਤ ਦੇ ਕੇ ਪਹਿਲਾ ਸਥਾਨ ਹਾਸਲ ਕੀਤਾ।ਇਸ ਸ਼ਾਨਦਾਰ ਪ੍ਰਾਪਤੀ ਤੋਂ ਬਾਅਦ ਅੱਜ ਉੱਘੇ ਸਮਾਜ ਸੇਵੀ ਰਾਕੇਸ਼ ਕੁਮਾਰ ਬੱਗਾ ਵਿਸ਼ੇਸ਼ ਤੌਰ 'ਤੇ ਗੁਰਮੁੱਖ ਅਖਾੜਾ ਪਹੁੰਚੇ।ਉਨ੍ਹਾਂ ਤਿੰਨਾਂ ਸਟੇਟ ਚੈਂਪੀਅਨ ਭਲਵਾਨਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਉਨ੍ਹਾਂ ਨੇ ਅਖਾੜੇ ਵਿੱਚ ਹਵਾ ਲਈ ਪੱਖੇ ਵੀ ਦਿੱਤੇ। ਅਖਾੜੇ ਵਿੱਚ ਮੌਜੂਦ ਹੋਰ ਭਲਵਾਨਾਂ ਮਨਪ੍ਰੀਤ ਸਿੰਘ, ਕੋਚ ਲਵਪ੍ਰੀਤ ਸਿੰਘ, ਭਲਵਾਨ ਨਿਤਿਨ ਕੁਮਾਰ, ਭਲਵਾਨ ਜਸਪ੍ਰੀਤ ਸਿੰਘ, ਅਮਨਿੰਦਰ ਸਿੰਘ ਆਦਿ ਹਾਜ਼ਰ ਸਨ।

# ਪਾਥਵੇਜ਼ ਸਕੂਲ ਨੇ ਧੂਮਧਾਮ ਨਾਲ ਮਨਾਇਆ ਤੀਆਂ ਦਾ ਤਿਉਹਾਰ

ਕੋਟ ਈਸੇ ਖਾਂ, (ਅਰੋੜਾ)-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਵਿਖੇ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ।ਸਕੂਲ ਵੱਲੋਂ ਇਸ ਤਿਉਹਾਰ ਨਾਲ ਸੰਬੰਧਤ ਰੰਗਾਰੰਗ ਪ੍ਰੋਗਰਾਮ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਨਰਸਰੀ ਕਲਾਸ ਤੋਂ ਲੈ ਕੇ ਬਾਰਵੀਂ ਕਲਾਸ ਤੱਕ ਦੀਆਂ ਕੁੜੀਆਂ ਨੇ ਹਿੱਸਾ ਲਿਆ।ਛੋਟੇ-ਛੋਟੇ ਬੱਚਿਆਂ ਨੇ ਬਹੁਤ ਹੀ ਦਿਲ ਖਿੱਚਵੇਂ ਦ੍ਰਿਸ਼ ਜਿਵੇਂ ਕਿ ਗਿੱਧਾ, ਭੰਗੜਾ, ਬੋਲੀਆਂ, ਮਾਡਲਿੰਗ, ਗੀਤ, ਖੂਬਸੂਰਤੀ ਆਦਿ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਕੂਲ ਦੇ ਸਾਰੇ ਹੀ ਬੱਚਿਆਂ ਨੇ ਬੱਚਿਆਂ ਨਾਲ ਗਿੱਧਾ, ਭੰਗੜਾ, ਬੋਲੀਆਂ, ਮਾਡਲਿੰਗ ਆਦਿ ਗਤੀਵਿਧੀਆਂ ਰਾਹੀਂ ਆਪਣੀ ਖੂਬਸੂਰਤ ਕਲਾ ਦਾ ਪ੍ਰਦਰਸ਼ਨ ਕੀਤਾ।ਗਿਆਰਵੀਂ ਦੀ ਵਿਦਿਆਰਥਣ ਸੁਖਲੀਨ ਕੌਰ ਨੇ ਆਪਣੇ ਪੰਜਾਬੀ ਪਹਿਰਾਵੇ ਤੇ ਸਭਿਆਚਾਰ ਨਾਲ ਸਭ ਦਾ ਮਨ ਮੋਹ ਲਿਆ ਅਤੇ ਉਸ ਨੂੰ 'ਮਿਸ ਤੀਜ' ਵਜੋਂ ਸਨਮਾਨਤ ਕੀਤਾ ਗਿਆ।ਬਾਰਵੀਂ ਦੀਆਂ ਵਿਦਿਆਰਥਣਾਂ ਰਮਨਦੀਪ ਕੌਰ ਤੇ ਸਿਮਰਨਦੀਪ ਕੌਰ ਨੂੰ 'ਮਿਸ ਪੰਜਾਬਣ' ਤੇ ਸਿਮਰਨਜੋਤ ਕੌਰ ਨੂੰ 'ਮਿਸ ਮਹਿੰਦੀ' ਵਜੋਂ ਸਨਮਾਨਤ ਕੀਤਾ ਗਿਆ। ਅਧਿਆਪਕਾਂ ਵਿੱਚੋਂ ਮਨਦੀਪ ਕੌਰ, ਰਮਨਦੀਪ ਕੌਰ, ਸ਼ਿਵਾਨੀ ਨੂੰ 'ਬੈਸਟ ਪੰਜਾਬੀ ਸੱਭਿਆਚਾਰਕ ਪਹਿਰਾਵਾ' ਵਜੋਂ ਸਨਮਾਨਤ ਕੀਤਾ ਗਿਆ।



ਇਸ ਮੌਕੇ ਸਕੂਲ ਪ੍ਰਿੰਸੀਪਲ ਆਸ਼ੀਸ਼ ਡੋਗਰੇਵਰ, ਵਾਇਸ ਪ੍ਰਿੰਸੀਪਲ ਸ੍ਰੀਮਤੀ ਮਾਲਵਿਕ ਡੋਗਰੇਵਰ, ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਸਿੱਧੂ, ਪ੍ਰਧਾਨ ਜਸਵਿੰਦਰ ਸਿੰਘ ਸਿੱਧੂ, ਪ੍ਰੈਜ਼ੀਡੈਂਟ ਡਾ. ਅਨਲਿਜ਼ੀਤ ਕੰਬੋਜ, ਡਾ. ਚਾਹਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੰਧੂ, ਜੋਗਿੰਦਰ ਸਿੰਘ ਸੰਧੂ, ਸਤਨਾਮ ਸਿੰਘ ਸੰਧੂ ਨੇ ਸਾਰਿਆਂ ਬੱਚਿਆਂ ਤੇ ਅਧਿਆਪਕਾਂ ਦੁਆਰਾ ਪੇਸ਼ ਕੀਤੇ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਅਤੇ ਸਾਰਿਆਂ ਨੂੰ ਤੀਆਂ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ।

# ਮਾਊਂਟ ਲਿਟਰਾ ਜ਼ੀ ਸਕੂਲ ਵਿਖੇ ਅੰਗਰੇਜ਼ੀ ਸਕਿੱਟ ਮੁਕਾਬਲਾ ਕਰਾਇਆ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਵਿਖੇ ਸ਼ਖ਼ਸੀਅਤ ਵਿਕਾਸ ਨੂੰ ਉਤਸ਼ਾਹਤ ਕਰਨ ਤੇ ਵਿਦਿਆਰਥੀਆਂ ਦੀ ਅੰਗਰੇਜ਼ੀ ਭਾਸ਼ਾ ਵਿੱਚ ਦਿਲਚਸਪੀ ਨੂੰ ਵਧਾਉਣ ਲਈ ਇੱਕ ਅੰਤਰ-ਹਾਊਸ ਅੰਗਰੇਜ਼ੀ ਸਕਿੱਟ ਮੁਕਾਬਲਾ ਕਰਵਾਇਆ।ਗਾਂਧੀ ਹਾਊਸ, ਆਈਨਸਟਾਈਨ ਹਾਊਸ, ਕੋਲੰਬਸ ਹਾਊਸ ਤੇ ਦਾ ਵਿੰਚੀ ਹਾਊਸ ਦੇ ਵਿਦਿਆਰਥੀਆਂ ਨੇ ਇਸ ਮੁਕਾਬਲੇ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।ਭਾਗੀਦਾਰਾਂ ਨੇ ਵੱਖ-ਵੱਖ ਸਮਾਜਿਕ, ਨੈਤਿਕ ਤੇ ਪ੍ਰੇਰਨਾਦਾਇਕ ਵਿਸ਼ਿਆਂ 'ਤੇ ਅੰਗਰੇਜ਼ੀ ਵਿੱਚ ਪ੍ਰਭਾਵਸ਼ਾਲੀ ਸਕਿੱਟ ਪੇਸ਼ ਕੀਤੇ।ਵਿਦਿਆਰਥੀਆਂ ਦੀ ਸ਼ਾਨਦਾਰ ਅਦਾਕਾਰੀ, ਸਪੱਸ਼ਟ ਉਚਾਰਨ, ਆਤਮਵਿਸ਼ਵਾਸ, ਸੰਵਾਦ ਤੇ ਸਟੇਜ ਪੇਸ਼ਕਾਰੀ ਨੇ ਸਾਰੇ ਦਰਸ਼ਕਾਂ ਤੇ ਹਾਜ਼ਰ ਜੱਜਾਂ ਨੂੰ ਪ੍ਰਭਾਵਿਤ ਕੀਤਾ।ਇਸ ਮੁਕਾਬਲੇ ਨੇ ਵਿਦਿਆਰਥੀਆਂ ਦੇ ਟੀਮ ਵਰਕ, ਰਚਨਾਤਮਕਤਾ, ਲੀਡਰਸ਼ਿਪ ਤੇ ਪ੍ਰਭਾਵਸ਼ਾਲੀ ਸੰਚਾਰ ਹੁਨਰ ਨੂੰ ਵਿਕਸਤ ਕੀਤਾ।ਇਸ ਮੁਕਾਬਲੇ ਵਿੱਚ ਕੋਲੰਬਸ ਹਾਊਸ ਨੇ ਪਹਿਲਾ, ਗਾਂਧੀ ਹਾਊਸ ਨੇ ਦੂਜਾ ਤੇ ਦਾ ਵਿੰਚੀ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਸਾਰੇ ਭਾਗੀਦਾਰਾਂ, ਅਧਿਆਪਕਾਂ ਤੇ ਪ੍ਰਬੰਧਕ ਕਮੇਟੀ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਬਿਜਲੀ ਦੇ ਨਿੱਜੀਕਰਨ ਤੇ ਅਮਰੀਕੀ ਵਪਾਰ ਸੌਦੇ ਕਾਰਨ ਕਿਸਾਨੀ ਹੋਵੇਗੀ ਤਬਾਹ-ਡਾ. ਬਿਕਰਜੀਤ

ਸਿਰਸਾ: (ਸੁਰਿੰਦਰ ਪਾਲ ਸਿੰਘ): ਲੋਕ ਚੇਤਨਾ ਕਲਾ ਤੇ ਸਾਹਿਤ ਮੰਚ ਸਿਰਸਾ ਵੱਲੋਂ ਕਸਬਾ ਔਢਾਂ ਵਿੱਚ ਕਰਵਾਏ ਸੈਮੀਨਾਰ 'ਚ ਬੋਲਦਿਆਂ ਡਾ. ਬਿਕਰਜੀਤ ਸਿੰਘ ਸਾਧੂਵਾਲਾ ਨੇ ਕਿਹਾ ਕਿ ਬਿਜਲੀ ਦੇ ਨਿੱਜੀਕਰਨ ਤੇ ਅਮਰੀਕੀ ਵਪਾਰ ਸੌਦੇ ਦੇ ਗੰਭੀਰ ਪ੍ਰਭਾਵ ਪੈਣਗੇ। ਡਾ. ਬਿਕਰਜੀਤ ਨੇ ਕਿਹਾ ਕਿ ਸਰਕਾਰ ਖੇਤੀ ਖੇਤਰ ਨੂੰ ਤਬਾਹ ਕਰਨ ਲਈ ਪੂੰਜੀਪਤੀਆਂ ਦੇ ਦਬਾਅ ਹੇਠ ਐਗਰੀ-ਡਿਸਕਾਮ ਤੇ ਸਮਾਰਟ ਮੀਟਰ ਨੀਤੀਆਂ ਲਾਗੂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਮਰੀਕੀ ਵਪਾਰ ਸੌਦੇ 'ਤੇ ਵੀ ਕਿਸਾਨਾਂ ਨੂੰ ਬਰਬਾਦ ਕਰਨ ਲਈ ਗੱਲਬਾਤ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਮਾਰਟ ਮੀਟਰ ਲਗਾ ਕੇ ਦੇਸ਼ ਦੀਆਂ ਨਿੱਜੀ ਕੰਪਨੀਆਂ ਲਈ ਸਪੱਸ਼ਟ ਰਸਤਾ ਬਣਾਉਣਾ ਹੈ ਤਾਂ ਜੋ ਉਨ੍ਹਾਂ ਨੂੰ ਕੋਈ ਮੁਸ਼ਕਲ ਨਾ ਆਵੇ। ਡਾ. ਬਿੱਕਰਜੀਤ ਸਿੰਘ ਨੇ ਦੱਸਿਆ ਕਿ ਹਰਿਆਣਾ ਬਿਜਲੀ ਵਿਭਾਗ ਨੇ ਹਰ ਪਿੰਡ ਵਿੱਚ ਬਿਜਲੀ ਪਹੁੰਚਾਉਣ ਲਈ ਸੱਤ ਹਜ਼ਾਰ ਕਰਮਚਾਰੀਆਂ ਦੀ ਕੁਰਬਾਨੀ ਦਿੱਤੀ ਹੈ। ਹੁਣ ਜਦੋਂ ਸਾਰੇ ਟਰਾਂਸਮਿਸ਼ਨਾਂ ਦਾ ਕੰਮ ਪੂਰਾ ਹੋ ਗਿਆ ਹੈ ਤਾਂ ਕੰਪਨੀਆਂ ਮੁਨਾਫ਼ਾ ਕਮਾਉਣ ਲਈ ਅੱਗੇ ਆਈਆਂ ਹਨ। ਐਗਰੀ-ਡਿਸਕਾਮ ਬਣਾ ਕੇ ਹਰਿਆਣਾ ਸਰਕਾਰ ਕਿਸਾਨਾਂ 'ਤੇ ਵਿੱਤੀ ਬੋਝ ਪਾ ਰਹੀ ਹੈ। ਸੈਮੀਨਾਰ ਵਿੱਚ ਬੋਲਦਿਆਂ ਕਾ: ਰਾਜ ਕੁਮਾਰ ਸ਼ੇਖੂਪੁਰੀਆ ਨੇ ਕਿਹਾ ਕਿ ਅਮਰੀਕਾ ਵਪਾਰ ਸੌਦਾ ਭਾਰਤੀ ਖੇਤੀ ਉਤਪਾਦਾਂ ਦੀਆਂ ਕੀਮਤਾਂ ਘਟਾਏਗਾ, ਕਿਉਂਕਿ ਅਮਰੀਕਾ ਆਪਣੇ ਕਿਸਾਨਾਂ ਨੂੰ ਵੱਡੀਆਂ ਸਬਸਿਡੀਆਂ ਪ੍ਰਦਾਨ ਕਰਦਾ ਹੈ, ਜਦੋਂ ਕਿ ਭਾਰਤੀ ਕਿਸਾਨਾਂ ਨੂੰ ਨਾਮਾਤਰ ਸਬਸਿਡੀਆਂ ਮਿਲਦੀਆਂ ਹਨ। ਸ਼ੇਖੂਪੁਰੀਆ ਨੇ ਕਿਹਾ ਕਿ ਮੋਦੀ ਸਰਕਾਰ ਪੂਰੀ ਤਰ੍ਹਾਂ ਕਾਰਪੋਰੇਟਾਂ ਦੇ ਇਸ਼ਾਰੇ 'ਤੇ ਕੰਮ ਕਰ ਰਹੀ ਹੈ ਅਤੇ ਉਸ ਨੂੰ ਭਾਰਤੀ ਕਿਸਾਨਾਂ ਜਾਂ ਆਮ ਆਦਮੀ ਦੀ ਕੋਈ ਚਿੰਤਾ ਨਹੀਂ ਹੈ। ਇਸ ਮੌਕੇ ਸੋਹਣ ਸਿੰਘ ਰੰਧਾਵਾ ਨੇ ਕਿਹਾ ਕਿ ਸਰਕਾਰ ਪਾਣੀ ਦਾ ਨਿੱਜੀਕਰਨ ਵੀ ਕਰ ਰਹੀ ਹੈ, ਜਿਸ ਨਾਲ ਖੇਤੀ ਲਈ ਪਾਣੀ ਦਾ ਸੰਕਟ ਵਧੇਗਾ। ਰੇਹਾਬਾ ਨੇ ਕਿਹਾ ਕਿ ਅੱਜ ਸਾਰਿਆਂ ਨੂੰ ਇਕੱਠੇ ਹੋ ਕੇ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਵਿਰੋਧ ਕਰਨ ਦੀ ਲੋੜ ਹੈ। ਇਸ ਸੈਮੀਨਾਰ ਦੀ ਪ੍ਰਧਾਨਗੀ ਮਾ: ਹਰਭਗਵਾਨ ਸਿੰਘ ਤੇ ਮਾ: ਦਰਸ਼ਨ ਸਿੰਘ ਨੇ ਕੀਤੀ ਅਤੇ ਮੰਚ ਸੰਚਾਲਨ ਸਮਸ਼ੇਰ ਚੋਗਾਵਾਂ ਨੇ ਕੀਤਾ। ਇਸ ਸੈਮੀਨਾਰ 'ਚ ਪ੍ਰਮੁੱਖ ਰਵੀ ਕੁਮਾਰ, ਨਿਰਮਲ ਸਿੰਘ ਫੌਜੀ, ਰਮੇਸ਼ ਸੈਣੀ, ਮਹਿੰਦਰ ਪਾਲ, ਫੂਲ ਸਿੰਘ ਲੁਹਾਨੀ, ਗੁਰਦਾਸ ਸਿੰਘ ਲੱਕੜਵਾਲੀ, ਮਨਜੀਤ ਸਿੰਘ ਔਢਾ, ਪ੍ਰਤੀਮ ਸਿੰਘ, ਸੁਭਾਸ਼ ਢੱਲ ਤੇ ਜਗਦੀਸ਼ ਬਿਰਾਟ ਤੋਂ ਬਿਨਾਂ ਔਢਾ ਖੇਤਰ ਦੇ ਕਿਸਾਨ ਤੇ ਨੌਜਵਾਨ ਵੱਡੀ ਮਾਤਰਾ 'ਚ ਹਾਜ਼ਰ ਰਹੇ।




# ਸੇਰੋਂ ਖੰਡ ਮਿੱਲ ਮੋਰਚੇ ਤੋਂ ਡੀ ਸੀ ਦਫ਼ਤਰ ਵੱਲ ਮਾਰਚ ਅੱਜ: ਐੱਸ ਕੇ ਐੱਮ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਸੰਯੁਕਤ ਕਿਸਾਨ ਮੋਰਚਾ ਅਤੇ ਟ੍ਰੇਡ ਯੂਨੀਅਨ ਸੈਂਟਰ ਵੱਲੋਂ ਦੇਸ਼ ਭਰ ਵਿੱਚ ਕਾਰਪੋਰੇਟ ਭਾਰਤ ਛੱਡੋ ਅੰਦੋਲਨ ਤਹਿਤ ਅੱਜ ਥਾਂ-ਥਾਂ ਰੋਸ ਪ੍ਰਦਰਸ਼ਨ ਕਰਨੇ ਹਨ।ਤਰਨਤਾਰਨ ਜ਼ਿਲ੍ਹੇ ਦਾ ਐਕਸ਼ਨ ਸੇਰੋਂ ਖੰਡ ਮਿੱਲ ਮੋਰਚੇ ਤੋਂ ਡੀ ਸੀ ਦਫ਼ਤਰ ਤਰਨਤਾਰਨ ਤੱਕ ਮਾਰਚ ਕਰਨ ਦਾ ਹੈ।ਸੇਰੋਂ ਖੰਡ ਮਿੱਲ ਮੋਰਚੇ ਦੇ 81ਵੇਂ ਦਿਨ ਅੱਜ ਇਕੱਠੇ ਕਿਸਾਨ ਮੋਰਚਾ ਦੇ ਆਗੂਆਂ ਨਛੱਤਰ ਸਿੰਘ ਪੰਨੂ, ਤਰਸੇਮ ਸਿੰਘ ਲੁਹਾਰ, ਬਲਦੇਵ ਸਿੰਘ ਧੂੰਦਾ, ਇੰਦਰਜੀਤ ਸਿੰਘ ਮਰਹਾਣਾ, ਜੰਗਾ ਸਿੰਘ ਕੰਡਿਆਲਾ, ਸੁਖਦੇਵ ਸਿੰਘ ਤੁੜ, ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਅੱਜ ਦੇਸ਼ ਦੀ ਮਿਹਨਤਕਸ਼ ਲੋਕਾਂ ਨੂੰ ਸਭ ਤੋਂ ਵੱਡਾ ਖਤਰਾ ਕਾਰਪੋਰੇਟ ਘਰਾਣਿਆਂ ਦੀ ਲੁੱਟ ਤੋਂ ਹੈ।ਇਸਦਾ ਮੁੱਖ ਕਾਰਨ ਕੇਂਦਰ ਦੀ ਮੋਦੀ ਦੀ ਅਗਵਾਈ ਹੇਠ ਭਾਜਪਾ ਸਰਕਾਰ ਹੈ, ਜੋ ਮਿਹਨਤਕਸ਼ ਲੋਕਾਂ ਨੂੰ ਧਰਮ ਦੇ ਨਾਂਅ 'ਤੇ ਗੁਮਰਾਹ ਕਰਕੇ ਉਨ੍ਹਾਂ ਨੂੰ ਆਪਣੇ ਹੱਕਾਂ ਤੋਂ ਵਾਂਝਿਆਂ ਕਰ ਰਹੀ ਹੈ ਅਤੇ ਕਾਰਪੋਰੇਟ ਪੱਖੀ ਨੀਤੀਆਂ ਦੇ ਕਾਨੂੰਨ ਬਣਾ ਰਹੀ ਹੈ।ਇਕੱਲੇ ਅਮਰੀਕਾ ਸਾਮਰਾਜ ਨਾਲ ਮੁਕਤ ਵਪਾਰ ਸਮਝੌਤੇ ਨੇਪਰੇ ਚਾੜ੍ਹਿਆ ਗਿਆ ਤਾਂ ਭਾਰਤ ਦੀ ਖੇਤੀ ਅਤੇ ਖੇਤੀ ਬਾੜੀ ਨਾਲ ਸੰਬੰਧਤ ਸਹਾਇਕ ਧੰਦੇ ਜਿਵੇਂ ਡੇਅਰੀ, ਮੱਛੀ, ਬਾਗਬਾਨੀ ਆਦਿ ਸਭ ਤਬਾਹ ਹੋਣਗੇ।ਇਸ ਮਜ਼ਦੂਰਾਂ ਤੇ ਹੋਰ ਛੋਟੇ ਕਾਰੋਬਾਰੀਆਂ ਦਾ ਵੀ ਵੱਡਾ ਨੁਕਸਾਨ ਹੋਵੇਗਾ।ਇਸ ਕਰਕੇ ਸਾਰੀਆਂ ਫਸਲਾਂ 'ਤੇ ਐੱਮ ਐੱਸ ਪੀ, ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ 'ਤੇ ਲੀਕ, ਚਾਰੇ ਲੇਬਰ ਕੋਡ ਵਾਪਸ ਲੈਣ, ਸਾਰੀਆਂ ਸਰਕਾਰੀ ਖਾਲੀ ਤੇ ਭਰਤੀ, ਸਾਰੇ ਦੇਸ਼ ਵਿੱਚ ਪੁਰਾਣੀ ਪੈਨਸ਼ਨ ਦੀ ਬਹਾਲੀ, ਕਿਸਾਨਾਂ ਮਜ਼ਦੂਰਾਂ ਲਈ ਘੱਟ-ਘੱਟ 10000 ਰੁਪਏ ਮਹੀਨਾ ਪੈਨਸ਼ਨ, ਨਰੇਗਾ ਕਾਨੂੰਨ ਦੀ ਮੁੜ ਬਹਾਲੀ ਤੇ 200 ਦਿਨ ਕੰਮ ਦੀ ਗਰੰਟੀ ਸਮੇਤ ਹੋਰ ਜਨਤਕ ਮੰਗਾਂ ਲਈ ਅੱਜ ਦੇ ਐਕਸ਼ਨ ਕੀਤੇ ਜਾ ਰਹੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਦਲਬੀਰ ਸਿੰਘ ਦਿਓਲ, ਜਸਬੀਰ ਸਿੰਘ ਨਿੰਜਰਪੁਰ, ਗੁਰਦਿਆਲ ਸਿੰਘ ਵਰਨਾਲਾ, ਸੁਖਬਾਜ ਸਿੰਘ ਸਿੱਧੂ, ਰਾਜ ਗੋਬਿੰਦ ਸਿੰਘ, ਨਿਰੰਜਣ ਸਿੰਘ ਤੇ ਬਲਕਾਰ ਸਿੰਘ ਕੋਟ ਮੁਹੰਮਦ, ਨਿਸ਼ਾਨ ਸਿੰਘ, ਸਰਦਾਰਾ ਸਿੰਘ ਸਭੀਰਾ, ਤਰਸੇਮ ਸਿੰਘ ਲਖਨਾ, ਸੁਖਚੈਨ ਸਿੰਘ ਢੱਡ, ਅਮਰੀਕ ਸਿੰਘ ਸ਼ੇਰੋਂ, ਕਸ਼ਮੀਰ ਸਿੰਘ ਸ਼ੇਰੋਂ, ਬਲਦੇਵ ਸਿੰਘ ਸ਼ੇਰੋਂ ਸਮੇਤ ਕਈ ਆਗੂ ਹਾਜ਼ਰ ਸਨ।

# ਡਾ. ਅਨਵਰ ਭਸੌੜ ਵੱਲੋਂ ਸਿਵਲ ਹਸਪਤਾਲ 'ਚ ਸਿਹਤ ਸਹੂਲਤਾਂ ਦਾ ਜਾਇਜ਼ਾ



ਧੂਰੀ (ਮਹਿਤ ਗਰਗ, ਮਨੋਹਰ ਸੰਗੂ, ਬਿੰਨੀ ਗਰਗ)-ਪੰਜਾਬ ਵਕਫ ਬੋਰਡ ਦੇ ਮੈਂਬਰ ਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਧੂਰੀ ਦੇ ਇੰਚਾਰਜ ਡਾ. ਅਨਵਰ ਭਸੌੜ ਵੱਲੋਂ ਸਥਾਨਕ ਸਿਵਲ ਹਸਪਤਾਲ ਧੂਰੀ ਦਾ ਅਚਨਚੇਤ ਦੌਰਾ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਹਸਪਤਾਲ ਦੇ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ ਅਤੇ ਉੱਥੇ ਦਾਖ਼ਲ ਮਰੀਜ਼ਾਂ ਤੇ ਉਨ੍ਹਾਂ ਦੇ ਵਾਰਸਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਤੇ ਆ ਰਹੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ।ਡਾ. ਭਸੌੜ ਨੇ ਹਸਪਤਾਲ ਦੀਆਂ ਮੌਜੂਦਾ ਸਹੂਲਤਾਂ 'ਤੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਉੱਚ ਦਰਜੇ ਦੀਆਂ ਮੁਫ਼ਤ ਸਿਹਤ ਸਹੂਲਤਾਂ ਦੇਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਕਰੀਬ 32 ਕਰੋੜ ਰੁਪਏ ਦੀ ਲਾਗਤ ਨਾਲ ਸਿਵਲ ਹਸਪਤਾਲ ਧੂਰੀ ਦੀ ਆਧੁਨਿਕ ਬਿਲਡਿੰਗ ਤਿਆਰ ਕੀਤੀ ਗਈ ਹੈ।ਹਸਪਤਾਲ ਵਿੱਚ ਮਾਹਰ ਡਾਕਟਰਾਂ ਦੀ ਤੈਨਾਤੀ ਕੀਤੀ ਗਈ ਹੈ, ਜੋ ਮਰੀਜ਼ਾਂ ਦਾ ਬਿਲਕੁਲ ਮੁਫ਼ਤ ਇਲਾਜ ਕਰ ਰਹੇ ਹਨ ਤੇ ਲੋੜੀਂਦੀਆਂ ਦਵਾਈਆਂ ਵੀ ਮੁਫ਼ਤ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਦੌਰੇ ਦੌਰਾਨ ਡਾ. ਅਨਵਰ ਭਸੌੜ ਨੇ ਵੱਖ-ਵੱਖ ਵਾਰਡਾਂ ਵਿੱਚ ਜਾ ਕੇ ਦਾਖ਼ਲ ਮਰੀਜ਼ਾਂ ਦਾ ਹਾਲ-ਚਾਲ ਪੁੱਛਿਆ।ਮਰੀਜ਼ਾਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਹਸਪਤਾਲ ਦੀਆਂ ਸੇਵਾਵਾਂ, ਡਾਕਟਰਾਂ ਦੇ ਵਤੀਰੇ ਤੇ ਦਵਾਈਆਂ ਦੀ ਉਪਲਬਧਤਾ 'ਤੇ ਸੰਤੁਸ਼ਟੀ ਜ਼ਾਹਰ ਕੀਤੀ।ਡਾ. ਭਸੌੜ ਨੇ ਹਸਪਤਾਲ ਦੇ ਸਮੁੱਚੇ ਸਟਾਫ਼ ਤੇ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਹਸਪਤਾਲ ਵਿੱਚ ਸਾਫ਼-ਸਫ਼ਾਈ ਦਾ ਉਚੇਚਾ ਧਿਆਨ ਰੱਖਿਆ ਜਾਵੇ ਤੇ ਦੂਰ-ਦੁਰਾਡੇ ਤੋਂ ਆਉਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ।

# ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਗੁਲਾਮੀ ਦਾ ਦਸਤਾਵੇਜ਼-ਖੰਨਾ



ਜਗਰਾਉਂ (ਨਛੱਤਰ ਸੰਧੂ)-ਅਮਰੀਕਾ ਨਾਲ ਭਾਰਤ ਸਰਕਾਰ ਵੱਲੋਂ ਕੀਤਾ ਜਾ ਰਿਹਾ ਮੁਕਤ ਵਪਾਰ ਸਮਝੌਤਾ ਅੰਗਰੇਜ਼ੀ ਗੁਲਾਮੀ ਤੋਂ ਬਾਅਦ ਦਰਜਨਾਂ ਸਾਮਰਾਜੀ ਦੇਸ਼ਾਂ ਦੀ ਗੁਲਾਮੀ ਦਾ ਕਾਲਾ ਦਸਤਾਵੇਜ਼ ਹੈ।ਦੇਸ਼ ਅੰਦਰ ਇਸ ਮੁਕਤ ਵਪਾਰ ਸਮਝੌਤੇ ਨਾਲ ਦੇਸ਼ ਦੀ ਖੇਤੀ, ਸਨਅਤ, ਸੇਵਾ ਸੈਕਟਰ ਦੀ ਭਿਅੰਕਰ ਤਬਾਹੀ ਹੋਵੇਗੀ।ਰੁਜ਼ਗਾਰ ਦਾ ਬੁਰੀ ਤਰ੍ਹਾਂ ਖਾਤਮਾ ਹੋਵੇਗਾ।ਕਿਸਾਨੀ ਨੂੰ ਖੇਤੀ ਤੋਂ ਬਾਹਰ ਕੱਢਿਆ ਜਾਵੇਗਾ, ਸਨਅਤੀ ਉਤਪਾਦਨ ਬੰਦ ਹੋਵੇਗਾ।ਸਿੱਟੇ ਵਜੋਂ ਛਾਂਟੀਆਂ, ਤਾਲਾਬੰਦੀਆਂ, ਉਜ਼ਰਤਾਂ ਦਾ ਖਾਤਮਾ, ਮਹਿੰਗਾਈ, ਖ਼ੁਦਕੁਸ਼ੀਆਂ ਇਕ ਆਮ ਵਰਤਾਰਾ ਬਣ ਜਾਵੇਗਾ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਇਨਕਲਾਬੀ ਕੇਂਦਰ ਪੰਜਾਬ ਦੇ ਜਰਨਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਦੇਸ਼ ਦੀ ਕਿਸਾਨੀ ਤੇ ਮਜ਼ਦੂਰ ਜਮਾਤ ਲਈ ਬਹੁਤ ਖਤਰਨਾਕ ਚੁਣੌਤੀਆਂ ਮੂੰਹ ਅੱਡੀ ਖੜ੍ਹੀਆਂ ਹਨ।ਇਸ ਵਿਚਾਰ ਪਿੰਡ ਲੀਲਾਂ ਮੇਘ ਸਿੰਘ ਦੇ ਗੁਰਦੁਆਰਾ ਸਾਹਿਬ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਸਿੱਧਵਾਂ ਬੇਟ ਦੀ ਬਲਾਕ ਪ੍ਰਧਾਨ ਜਗਜੀਤ ਸਿੰਘ ਕਲੇਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਪ੍ਰਗਟ ਕੀਤੇ।ਇਸ ਸਮੇਂ ਜ਼ਿਲ੍ਹਾ ਮੀਤ ਪ੍ਰਧਾਨ ਇੰਦਰਜੀਤ ਸਿੰਘ ਲੋਧੀਵਾਲ ਨੇ ਕਿਹਾ ਕਿ ਇਸ ਸਮਝਦਾਰੀ ਨੂੰ ਪਿੰਡ ਪਿੰਡ ਲਿਜਾਇਆ ਜਾਵੇ ਤਾਂ ਕਿ ਲੋਕ ਇਸ ਹਮਲੇ ਖਿਲਾਫ ਸੰਘਰਸ਼ ਲਈ ਤਿਆਰ ਹੋ ਸਕਣ।ਇਸ ਸਮੇਂ ਬੋਲਦਿਆਂ ਧਾਲੀਵਾਲ ਨੇ 1997 'ਚ ਮਹਿਲ ਕਲਾਂ ਦੀ ਬੇਟੀ ਕਿਰਨਜੀਤ ਕੌਰ ਨਾਲ ਵਾਪਰੀ ਬਲਾਤਕਾਰ ਦੀ ਹਿਰਦੇਵੇਦਕ ਘਟਨਾ ਦੀ ਚਰਚਾ ਕਰਦਿਆਂ ਉਨ੍ਹਾਂ ਸਮੂਹ ਪਿੰਡ ਇਕਾਈਆਂ ਤੇ ਇਲਾਕਾ ਵਾਸੀਆਂ ਨੂੰ 12 ਅਗਸਤ ਨੂੰ ਸਵੇਰੇ ਗਿਆਰਾਂ ਵਜੇ ਮਹਿਲ ਕਲਾਂ ਵਿਖੇ ਕਿਰਨਜੀਤ ਯਾਦਗਾਰੀ ਸਮਾਗਮ ਵਿੱਚ ਪੁੱਜਣ ਦਾ ਸੱਦਾ ਦਿੱਤਾ।

# ਕਬੱਡੀ ਤੇ ਬਾਸਕਟਬਾਲ 'ਚ ਸਰਵਹਿੱਤਕਾਰੀ ਵਿੱਦਿਆ ਮੰਦਰ ਦਾ ਸ਼ਾਨਦਾਰ ਪ੍ਰਦਰਸ਼ਨ



ਭੀਖੀ, (ਧਰਮਵੀਰ ਸ਼ਰਮਾ)-ਸਰਵਹਿੱਤਕਾਰੀ ਵਿੱਦਿਆ ਮੰਦਰ (ਸੀ.ਬੀ.ਐੱਸ.ਈ.) ਭੀਖੀ ਦੇ ਵਿਦਿਆਰਥੀਆਂ ਨੇ ਜ਼ੋਨ ਭੀਖੀ ਦੇ ਕਬੱਡੀ ਨੈਸ਼ਨਲ ਸਟਾਈਲ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਮੁਕਾਬਲਿਆਂ ਵਿੱਚ ਅੰਡਰ-17 ਲੜਕੀਆਂ ਦੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਸੋਨ ਤਮਗਾ ਆਪਣੇ ਨਾਮ ਕੀਤਾ, ਜਦਕਿ ਅੰਡਰ-14 ਲੜਕੀਆਂ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਕਾਂਸੀ ਤਮਗਾ ਜਿੱਤਿਆ। ਇਸ ਤੋਂ ਇਲਾਵਾ ਸਰਕਾਰੀ ਜ਼ੋਨ ਸ. ਸ. ਹੋਡਲਾ ਕਲਾਂ ਵਿਖੇ ਬਾਸਕਟਬਾਲ ਟੂਰਨਾਮੈਂਟ ਵਿੱਚ ਸਕੂਲ ਦੇ ਖਿਡਾਰੀਆਂ ਨੇ ਵੱਖ-ਵੱਖ ਉਮਰ ਵਰਗਾਂ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਡਰ-14 ਟੀਮ ਨੇ ਦੂਜਾ ਸਥਾਨ, ਅੰਡਰ-17 ਟੀਮ ਨੇ ਪਹਿਲਾ ਸਥਾਨ ਤੇ ਅੰਡਰ-19 ਟੀਮ ਨੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ। ਸਕੂਲ ਦੇ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਜੇਤੂ ਖਿਡਾਰੀਆਂ, ਕੋਚਾਂ ਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫ਼ਲਤਾ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਤੇ ਉਨ੍ਹਾਂ ਦੇ ਮਾਰਗਦਰਸ਼ਕਾਂ ਦੀ ਨਿਰੰਤਰ ਮਿਹਨਤ ਦਾ ਨਤੀਜਾ ਹੈ। ਸਕੂਲ ਪ੍ਰਬੰਧਕ ਕਮੇਟੀ ਤੇ ਸਮੂਹ ਸਟਾਫ਼ ਨੇ ਜੇਤੂ ਖਿਡਾਰੀਆਂ ਤੇ ਉਨ੍ਹਾਂ ਦੇ ਕੋਚਾਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਤੇ ਭਵਿੱਖ ਵਿੱਚ ਵੀ ਹੋਰ ਉੱਚਾਈਆਂ ਹਾਸਲ ਕਰਨ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਡਾਕਟਰ ਕੋਲੋਂ ਫਿਰੌਤੀ ਮੰਗਣ ਲੱਗਾ ਕਾਬੂ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ): ਥਾਣਾ ਮਜੀਠਾ ਰੋਡ ਦੀ ਪੁਲਸ ਨੇ ਡਾਕਟਰ ਨੂੰ ਪਿਸਤੌਲ ਦਿਖਾ ਕੇ ਫਰੌਤੀ ਮੰਗਣ ਵਾਲੇ ਨੂੰ 12 ਘੰਟਿਆਂ ਅੰਦਰ ਗ੍ਰਿਫ਼ਤਾਰ ਕਰ ਲਿਆ। ਗ੍ਰਿਫ਼ਤਾਰ ਮੁਲਜ਼ਮ ਦੀ ਪਛਾਣ ਸੁਖਬੀਰ ਸਿੰਘ (ਉਮਰ 51 ਸਾਲ) ਵਾਸੀ ਭਵਾਨੀ ਨਗਰ, ਮਜੀਠਾ ਰੋਡ, ਅੰਮ੍ਰਿਤਸਰ ਵਜੋਂ ਹੋਈ ਹੈ। ਪੁਲਸ ਤੋਂ ਮਿਲੀ ਜਾਣਕਾਰੀ ਅਨੁਸਾਰ ਸ਼ਨਿਚਰਵਾਰ ਸਵੇਰੇ ਕਰੀਬ 11:30 ਵਜੇ ਡਾਕਟਰ ਆਪਣੇ ਕਲੀਨਿਕ ਵਿੱਚ ਮੌਜੂਦ ਸੀ। ਇਸ ਦੌਰਾਨ ਇਕ ਵਿਅਕਤੀ ਕਾਲਾ ਹੈਲਮਟ ਪਹਿਨ ਕੇ ਕਲੀਨਿਕ ਵਿੱਚ ਦਾਖ਼ਲ ਹੋਇਆ ਅਤੇ ਪਿਸਤੌਲ ਤਾਣ ਕੇ ਸੋਮਵਾਰ ਤਕ 10 ਲੱਖ ਰੁਪਏ ਤਿਆਰ ਰੱਖਣ ਦੀ ਧਮਕੀ ਦਿੱਤੀ ਤੇ ਚਲਾ ਗਿਆ। ਪੁਲਸ ਨੇ ਡਾਕਟਰ ਦੀ ਸ਼ਿਕਾਇਤ 'ਤੇ ਮਾਮਲਾ ਦਰਜ ਕਰਕੇ ਕੇਸ ਦੀ ਜਾਂਚ ਦੌਰਾਨ ਲੋੜੀਂਦੇ ਮੁਲਜ਼ਮ ਸੁਖਬੀਰ ਸਿੰਘ ਵਾਸੀ ਭਵਾਨੀ ਨਗਰ, ਮਜੀਠਾ ਰੋਡ ਨੂੰ ਗ੍ਰਿਫ਼ਤਾਰ ਕਰ ਲਿਆ। ਮੁੱਢਲੀ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਹੈ ਕਿ ਮੁਲਜ਼ਮ ਸਿਰ 'ਤੇ ਚੜ੍ਹੇ ਕਰਜ਼ੇ ਕਾਰਨ ਆਰਥਿਕ ਤੰਗੀ ਵਿਚ ਸੀ, ਜਿਸ ਕਾਰਨ ਉਸ ਵੱਲੋਂ ਅਪਰਾਧ ਦਾ ਇਹ ਰਸਤਾ ਅਪਣਾਇਆ ਗਿਆ। ਉਹ ਮਜੀਠਾ ਰੋਡ 'ਤੇ ਕੁਲਚਿਆਂ ਦੀ ਦੁਕਾਨ ਚਲਾਉਂਦਾ ਸੀ। ਮੁਲਜ਼ਮ ਦੇ ਕਬਜ਼ੇ ਵਿੱਚੋਂ ਪਿਸਤੌਲ .32 ਬੋਰ ਤੇ ਦੋ ਜ਼ਿੰਦਾ ਰੌਂਦ .32 ਬੋਰ ਬਰਾਮਦ ਹੋਏ ਹਨ।

# 120 ਨਸ਼ੀਲੇ ਕੈਪਸੂਲਾਂ ਸਣੇ ਗ੍ਰਿਫ਼ਤਾਰ, ਪਰਚਾ ਦਰਜ

ਜਲਾਲਾਬਾਦ, (ਜੀਤ ਕੁਮਾਰ)-ਥਾਣਾ ਵੈਰੋਕੇ ਦੀ ਪੁਲਸ ਵੱਲੋਂ 120 ਨਸ਼ੀਲੇ ਕੈਪਸੂਲਾਂ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਵਰਨ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਥਾਣਾ ਏਰੀਏ ਵਿੱਚ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਕ੍ਰਿਸ਼ਨ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਚੱਕ ਬਲੋਚਾ ਉਰਫ ਮਹਾਲਮ ਨਾਜਾਇਜ਼ ਨਸ਼ੀਲੇ ਕੈਪਸੂਲ ਵੇਚਣ ਦਾ ਆਦੀ ਹੈ, ਜੇਕਰ ਹੁਣੇ ਹੀ ਢੁੱਕਵੀ ਜਗ੍ਹਾ 'ਤੇ ਨਾਕਾਬੰਦੀ ਕੀਤੀ ਜਾਵੇ ਤਾਂ ਰੰਗੇ ਹੱਥੀਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਨੇ ਦਾਣਾ ਮੰਡੀ ਵੈਰੋਕੇ ਦੇ ਅੱਗੇ ਸੂਏ (ਨਹਿਰ) ਦੇ ਪੁਲ ਕੋਲ ਨਾਕਾਬੰਦੀ ਕੀਤੀ ਗਈ ਤੇ ਇਸ ਦੌਰਾਨ ਕ੍ਰਿਸ਼ਨ ਸਿੰਘ ਨੂੰ 120 ਕੈਪਸੂਲਾਂ ਸਣੇ ਗ੍ਰਿਫਤਾਰ ਕੀਤਾ ਗਿਆ। ਪੁਲਸ ਵੱਲੋਂ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਸਾਬਕਾ ਫੌਜੀ ਦੀ ਭੇਦਭਰੀ ਹਾਲਤ 'ਚ ਮੌਤ, ਪਤਨੀ ਗ੍ਰਿਫ਼ਤਾਰ



ਮਾਨਸਾ, (ਆਤਮਾ ਸਿੰਘ ਪਮਾਰ) : ਜ਼ਿਲ੍ਹੇ ਦੇ ਪਿੰਡ ਖਿਆਲੀ ਚਹਿਲਾਂਵਾਲੀ 'ਚ ਦੇਰ ਰਾਤ ਇੱਕ ਸਾਬਕਾ ਫੌਜੀ ਦੀ ਭੇਦਭਰੀ ਹਾਲਤ 'ਚ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਮ੍ਰਿਤਕ ਦੇ ਸਰੀਰ 'ਤੇ ਗੰਭੀਰ ਸੱਟਾਂ ਦੇ ਨਿਸ਼ਾਨ ਪਾਏ ਗਏ ਹਨ।ਮ੍ਰਿਤਕ ਦੀ ਪਛਾਣ 40 ਸਾਲਾ ਬਲਜਿੰਦਰ ਸਿੰਘ ਵਜੋਂ ਹੋਈ ਹੈ।ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।ਜਾਣਕਾਰੀ ਅਨੁਸਾਰ ਬਲਜਿੰਦਰ ਸਿੰਘ ਦੀ ਲਾਸ਼ ਉਸ ਦੇ ਘਰ ਤੋਂ ਹੀ ਬਰਾਮਦ ਹੋਈ ਹੈ।ਉਹ ਇੱਕ ਨਿੱਜੀ ਫੈਕਟਰੀ 'ਚ ਕੰਮ ਕਰਦਾ ਸੀ।ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਥਾਣਾ ਝੁਨੀਰ ਦੀ ਪੁਲਸ ਮੌਕੇ 'ਤੇ ਪਹੁੰਚੀ ਤੇ ਜਾਂਚ ਸ਼ੁਰੂ ਕੀਤੀ।ਮਾਮਲੇ ਦੀ ਜਾਂਚ ਦੌਰਾਨ ਪੁਲਸ ਨੇ ਮ੍ਰਿਤਕ ਦੀ ਪਤਨੀ ਬੇਅੰਤ ਕੌਰ ਨੂੰ ਹਿਰਾਸਤ 'ਚ ਲੈ ਕੇ ਪੁੱਛਗਿੱਛ ਸ਼ੁਰੂ ਕੀਤੀ।ਪੁਲਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਸਰਦੂਲਗੜ੍ਹ ਭੇਜ ਦਿੱਤਾ ਹੈ।ਪਿੰਡ ਵਾਸੀਆਂ ਮੁਤਾਬਕ ਪਤੀ-ਪਤਨੀ ਵਿਚਕਾਰ ਪਿਛਲੇ ਕਾਫ਼ੀ ਸਮੇਂ ਤੋਂ ਵਿਵਾਦ ਚੱਲ ਰਿਹਾ ਸੀ।ਮ੍ਰਿਤਕ ਦੇ ਦੋ ਬੱਚੇ ਵੀ ਹਨ।ਥਾਣਾ ਝੁਨੀਰ ਦੇ ਐੱਸ.ਐੱਚ.ਓ. ਭੁਪਿੰਦਰਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਬਲਜਿੰਦਰ ਸਿੰਘ ਦੇ ਪਿਤਾ ਹਰਭਜਨ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਉਸ ਦੀ ਪਤਨੀ ਬੇਅੰਤ ਕੌਰ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਪੁਲਸ ਮੁਤਾਬਕ ਮ੍ਰਿਤਕ ਦੀ ਪਿੱਠ 'ਤੇ ਵੀ ਸੱਟਾਂ ਦੇ ਨਿਸ਼ਾਨ ਪਾਏ ਗਏ ਹਨ।ਪੁਲਸ ਵੱਲੋਂ ਗ੍ਰਿਫ਼ਤਾਰ ਕੀਤੀ ਗਈ ਬੇਅੰਤ ਕੌਰ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ।

# ਨੇਕੀ ਫਾਊਂਡੇਸ਼ਨ ਵੱਲੋਂ ਮੁਫ਼ਤ ਅੱਖਾਂ ਦੀ ਜਾਂਚ ਤੇ ਅਪ੍ਰੇਸ਼ਨ ਕੈਂਪ



ਬੁਢਲਾਡਾ (ਅਸ਼ੋਕ ਲਾਕੜਾ) : ਨੇਕੀ ਫਾਊਂਡੇਸ਼ਨ ਬੁਢਲਾਡਾ ਵੱਲੋਂ ਸ੍ਰੀ ਨਵ ਦੁਰਗਾ ਨੇਕੀ ਚੈਰੀਟੇਬਲ ਹਸਪਤਾਲ (ਸਾਈਟ) ਬੁਢਲਾਡਾ ਵਿਖੇ ਮੁਫ਼ਤ ਅੱਖਾਂ ਦੀ ਜਾਂਚ ਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ ਰਾਮਪੁਰਾ ਫੂਲ ਦੀ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ।ਕੈਂਪ ਦੌਰਾਨ 300 ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਗਈ, ਜਦਕਿ ਜਾਂਚ ਉਪਰੰਤ 50 ਮਰੀਜ਼ਾਂ ਨੂੰ ਚਿੱਟੇ ਮੋਤੀਏ ਦੇ ਮੁਫ਼ਤ ਆਪ੍ਰੇਸ਼ਨਾਂ ਲਈ ਚੁਣਿਆ ਗਿਆ।ਇਸ ਕੈਂਪ ਦੀ ਸਾਰੀ ਸੇਵਾ ਸ਼੍ਰੀ ਰਾਧੇ ਕ੍ਰਿਸ਼ਨ ਭਗਤ ਸੰਗਤ ਵੱਲੋਂ ਸਵਾਮੀ ਪ੍ਰੇਮਾਨੰਦ ਜੀ ਮਹਾਰਾਜ ਦੇ ਆਸ਼ੀਰਵਾਦ ਤੇ ਪ੍ਰੇਰਨਾ ਨਾਲ ਕੀਤੀ ਗਈ।ਮਨੁੱਖਤਾ ਦੀ ਸੇਵਾ ਤੇ ਲੋੜਵੰਦਾਂ ਦੀ ਮਦਦ ਲਈ ਨੇਕੀ ਫਾਊਂਡੇਸ਼ਨ ਵੱਲੋਂ ਜਿੱਥੇ ਸਮਾਜ ਸੇਵਾ ਦੇ ਕਈ ਉਪਰਾਲੇ ਲਗਾਤਾਰ ਕੀਤੇ ਜਾ ਰਹੇ ਹਨ, ਉੱਥੇ ਹੀ ਇਹ ਅੱਖਾਂ ਦਾ ਕੈਂਪ ਹਰ ਮਹੀਨੇ ਦੇ ਦੂਜੇ ਐਤਵਾਰ ਲਗਾਇਆ ਜਾਂਦਾ ਹੈ।ਕੈਂਪ ਵਿੱਚ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਅੱਖਾਂ ਦੀ ਜਾਂਚ, ਦਵਾਈਆਂ ਤੇ ਹੋਰ ਲੋੜੀਂਦੀਆਂ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ। ਆਪ੍ਰੇਸ਼ਨ ਲਈ ਚੁਣੇ ਗਏ ਮਰੀਜ਼ਾਂ ਨੂੰ ਮੁਫ਼ਤ ਇਲਾਜ ਤੇ ਆਪ੍ਰੇਸ਼ਨ ਦੀ ਸਹੂਲਤ ਦਿੱਤੀ ਜਾਵੇਗੀ।ਇਸ ਕੈਂਪ ਵਿੱਚ ਵੱਖ-ਵੱਖ ਕਾਲਜਾਂ ਦੇ ਇੰਟਰਨਸ਼ਿਪ ਕਰ ਰਹੇ ਵਿਦਿਆਰਥੀਆਂ ਨੇ ਵੀ ਸੇਵਾ ਨਿਭਾਈ। ਅਗਲਾ ਕੈਂਪ 13 ਸਤੰਬਰ ਨੂੰ ਇਸੇ ਥਾਂ ਉੱਤੇ ਲੱਗੇਗਾ।

# ਬਲਜਿੰਦਰ ਵਡਾਲੀ ਦੀਆਂ ਸੇਵਾਵਾਂ ਅਨਮੁੱਲੀਆਂ : ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਲੈਕਚਰਾਰ ਬਲਜਿੰਦਰ ਵਡਾਲੀ ਦਾ ਪ੍ਰਭਾਵਸ਼ਾਲੀ ਸੇਵਾ ਮੁਕਤੀ ਸਮਾਗਮ ਸਥਾਨਕ ਫੈਸਟਿਵ ਹੈਰੀਟੇਜ, ਛੇਹਰਟਾ ਵਿੱਚ ਹੋਇਆ। ਸਮਾਗਮ ਵਿੱਚ ਉਨ੍ਹਾਂ ਨੂੰ ਯੂਨੀਅਨ ਤੇ ਫੈਡਰੇਸ਼ਨ ਵੱਲੋਂ ਵੀ ਸਨਮਾਨ ਚਿੰਨ੍ਹ ਭੇਟ ਕੀਤੇ ਗਏ ਅਤੇ ਪਰਿਵਾਰਕ ਮੈਂਬਰਾਂ ਨੂੰ ਵੀ ਯਾਦਗਾਰੀ ਭੇਟਾ ਪ੍ਰਦਾਨ ਕੀਤੀਆਂ ਗਈਆਂ। ਸਮਾਗਮ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਲੈਕਚਰਾਰ ਬਲਜਿੰਦਰ ਵਡਾਲੀ ਨੇ ਬੜੀ ਦ੍ਰਿੜਤਾ ਨਾਲ ਹਰ ਸੰਘਰਸ਼ਾਂ ਵਿਚ ਯੂਨੀਅਨ ਦੀ ਅਗਵਾਈ ਕੀਤੀ ਅਤੇ ਆਪਣਾ ਕੀਮਤੀ ਸਮਾਂ ਤੇ ਸ਼ਕਤੀ ਯੂਨੀਅਨ ਦੇ ਲੇਖੇ ਲਾਈ। ਇਕ ਨਿਧੜਕ ਲੀਡਰ ਦੇ ਨਾਲ-ਨਾਲ ਉਹ ਬੜੇ ਸਮਰਪਿਤ ਅਧਿਆਪਕ ਤੇ ਸਕੂਲ ਪ੍ਰਸ਼ਾਸਨ ਨੂੰ ਵੀ ਚੰਗੀ ਤਰ੍ਹਾਂ ਚਲਾਉਣ ਵਾਲੇ ਅਧਿਕਾਰੀ ਰਹੇ। ਇਸ ਸਮੇਂ ਉਨ੍ਹਾਂ ਦੇ ਪਰਿਵਾਰਕ ਮੈਂਬਰ ਹਰਵਿੰਦਰ ਕੌਰ ਪਤਨੀ, ਵੀਰ ਸਿੰਘ ਪਿਤਾ, ਸ਼ੈਲੇਂਦਰ ਸਿੰਘ, ਕਵਲਜੀਤ ਸਿੰਘ ਸੋਨੀ ਕੁੜਮ, ਮਾਨਸੀ ਮਨਕੋਟੀਆ ਨੂੰਹ, ਲਖਵਿੰਦਰ ਸਿੰਘ ਤੇ ਦਵਿੰਦਰ ਸਿੰਘ ਭਰਾ, ਸਕੂਲ ਸਟਾਫ ਗੁਰਪ੍ਰੀਤ ਸਿੰਘ, ਸੰਜੀਵ ਕੁਮਾਰ, ਗੁਰਵਿੰਦਰ ਰੰਧਾਵਾ, ਯੂਨੀਅਨ ਆਗੂ ਬਲਕਾਰ ਵਲਟੋਹਾ, ਹਰਦੇਵ ਭਕਨਾ, ਨਰਿੰਦਰ ਨੂਰ, ਸਤਿਆਪਾਲ ਗੁਪਤਾ, ਕੁਲਦੀਪ ਸ਼ਰਮਾ, ਗੁਰਬੀਰ ਸਿੰਘ, ਸਕੱਤਰ ਰਕੇਸ਼ ਧਵਨ, ਫੈਡਰੇਸ਼ਨ ਆਗੂ ਅਜੇ ਸਨੋਤਰਾ, ਜਸਵੰਤ ਰਾਏ ਆਦਿ ਮੌਜੂਦ ਸਨ।

# ਇਲੈਕਟ੍ਰਿਕ ਡੀਲਰਜ਼ ਐਸੋਸੀਏਸ਼ਨ ਦੇ ਪਰੂਥੀ ਮੁੜ ਬਣੇ ਪ੍ਰਧਾਨ




ਮਾਲੇਰਕੋਟਲਾ, (ਅਸਗਰ ਪਰਿਹਾਰ)-ਦੀ ਇਲੈਕਟ੍ਰਿਕ ਡੀਲਰਜ਼ ਐਸੋਸੀਏਸ਼ਨ (ਰਜਿ.) ਮਾਲੇਰਕੋਟਲਾ ਦੀ ਇੱਕ ਵਿਸ਼ੇਸ਼ ਤੇ ਅਹਿਮ ਮੀਟਿੰਗ ਮਾਲੇਰਕੋਟਲਾ ਕਲੱਬ ਵਿਖੇ ਮੌਜੂਦਾ ਪ੍ਰਧਾਨ ਮਹਿੰਦਰ ਸਿੰਘ ਪਰੂਥੀ ਦੀ ਪ੍ਰਧਾਨਗੀ ਹੇਠ ਬਹੁਤ ਹੀ ਉਤਸ਼ਾਹਪੂਰਵਕ ਮਾਹੌਲ ਵਿੱਚ ਹੋਈ। ਇਸ ਮੀਟਿੰਗ ਦੌਰਾਨ ਐਸੋਸੀਏਸ਼ਨ ਦੀ ਨਵੀਂ ਕਾਰਜਕਾਰਨੀ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਸਮੂਹ ਮੈਂਬਰਾਂ ਨੇ ਇੱਕਜੁੱਟਤਾ ਦਾ ਪ੍ਰਗਟਾਵਾ ਕੀਤਾ। ਮੀਟਿੰਗ ਦੌਰਾਨ ਪਿਛਲੇ ਕਰੀਬ 18 ਸਾਲਾਂ ਤੋਂ ਲਗਾਤਾਰ ਬਿਨਾਂ ਕਿਸੇ ਭੇਦਭਾਵ ਦੇ ਬਹਿਤਰੀਨ ਸੇਵਾਵਾਂ ਨਿਭਾਉਂਦੇ ਆ ਰਹੇ ਮਹਿੰਦਰ ਸਿੰਘ ਪਰੂਥੀ 'ਤੇ ਇੱਕ ਵਾਰ ਫਿਰ ਵਿਸ਼ਵਾਸ ਪ੍ਰਗਟਾਉਂਦਿਆਂ ਉਨ੍ਹਾਂ ਨੂੰ ਸਰਵਸੰਮਤੀ ਨਾਲ ਮੁੜ ਐਸੋਸੀਏਸ਼ਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਦੇ ਨਾਲ ਹੀ ਹੋਰ ਅਹੁਦੇਦਾਰਾਂ ਦੀ ਵੀ ਚੋਣ ਕੀਤੀ ਗਈ, ਜਿਸ 'ਚ ਮੁਹੰਮਦ ਲਤੀਫ ਨੂੰ ਚੇਅਰਮੈਨ, ਦੀਪਕ ਅਗਰਵਾਲ ਨੂੰ ਸੀਨੀਅਰ ਵਾਈਸ ਪ੍ਰਧਾਨ, ਵਿਨੇ ਗੁਪਤਾ ਨੂੰ ਵਾਈਸ ਪ੍ਰਧਾਨ, ਉਜਾਗਰ ਸਿੰਘ ਨੂੰ ਸਕੱਤਰ ਤੇ ਅਲੀ ਅਸਗਰ ਨੂੰ ਖਜ਼ਾਨਚੀ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ।ਚੋਣ ਪ੍ਰਕਿਰਿਆ ਤੋਂ ਬਾਅਦ ਐਸੋਸੀਏਸ਼ਨ ਦੀ ਭਲਾਈ ਤੇ ਵਪਾਰੀਆਂ ਦੀਆਂ ਸੁਵਿਧਾਵਾਂ ਨੂੰ ਮੁੱਖ ਰੱਖਦਿਆਂ ਕੁੱਝ ਅਹਿਮ ਮਤੇ ਪਾਸ ਕੀਤੇ ਗਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਨਵ-ਨਿਯੁਕਤ ਚੇਅਰਮੈਨ ਮੁਹੰਮਦ ਲਤੀਫ ਤੇ ਸੀਨੀਅਰ ਵਾਈਸ ਪ੍ਰਧਾਨ ਦੀਪਕ ਅਗਰਵਾਲ ਨੇ ਕਿਹਾ ਕਿ ਸ੍ਰੀ ਪਰੂਥੀ ਦੀ ਸੁਚੱਜੀ ਲੀਡਰਸ਼ਿਪ ਸਦਕਾ ਹੀ ਐਸੋਸੀਏਸ਼ਨ ਅੱਜ ਬੁਲੰਦੀਆਂ 'ਤੇ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਕਿਸੇ ਮੈਂਬਰ ਨੂੰ ਕੋਈ ਪ੍ਰਸ਼ਾਸਨਕ, ਸਰਕਾਰੀ ਜਾਂ ਵਪਾਰਿਕ ਸਮੱਸਿਆ ਆਈ ਹੈ, ਤਾਂ ਪ੍ਰਧਾਨ ਪਰੂਥੀ ਨੇ ਹਮੇਸ਼ਾ ਅੱਗੇ ਹੋ ਕੇ ਉਸ ਦਾ ਨਿਪਟਾਰਾ ਕਰਵਾਇਆ ਹੈ। ਇਸ ਮੌਕੇ ਐਸੋਸੀਏਸ਼ਨ ਦੇ ਸਮੂਹ ਮੈਂਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ, ਜਿਨ੍ਹਾਂ ਨੇ ਨਵੀਂ ਚੁਣੀ ਗਈ ਟੀਮ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਵਧਾਈ ਦਿੱਤੀ ਤੇ ਪੂਰਨ ਸਹਿਯੋਗ ਦਾ ਵਿਸ਼ਵਾਸ ਦਿਵਾਇਆ।


## ਕਲਾਸੀਫਾਈਡ ਇਸ਼ਤਿਹਾਰ

### Change of Name

I hitherto known as Richa Sood D/o Vijay Kumar Verma, W/o Ajay Sood, resident of H.no: 70-A, Sat Kartar Nagar, Jalandhar-144003 (Punjab), have changed my name and shall hereafter be known as Richa Verma.

I, Vinayak S/o Tilak Raj R/o Village Mainwan, PO. Wadala Kalan, Kapurthala, Punjab have changed my name from Vinayak to Vinayak Gill. All concerned please note.

I Rajesh Kumar S/O Ram Lubhaia R/O Vpo. Garh Padhana, Teh . Nawanshahr, Distt. S.b.s Nagar Pin. 144518, Punjab Have Changed My Name From Rajesh Kumar To Kumar Rajesh. (Surname As Kumar). All Concerned Please Note.

### ਆਮ ਸੂਚਨਾ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਧਰਮਪੁਰਾ ਕਲੋਨੀ, ਬਟਾਲਾ (ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ) ਵਿਖੇ ਸਥਿਤ ਜਾਇਦਾਦ/ਪਲਾਟ ਨੰਬਰ 46/2 ਨਾਲ ਸਬੰਧਤ ਅਸਲ ਵਿਕਰੀ ਨਾਮਾ (ਰਜਿਸਟਰੀ) ਜਿਸ ਦਾ ਵਸੀਕਾ ਨੰਬਰ 1550 ਮਿਤੀ 14.07.2017 ਬੈਨਾਮਾ ਅਤੇ ਜੋ ਸ਼੍ਰੀ ਬੂਟਾ ਰਾਮ ਪੁੱਤਰ ਸ੍ਰੀ ਗਿਰਧਾਰੀ ਲਾਲ (ਵਾਸੀ ਬਟਾਲਾ) ਦੇ ਨਾਮ ਤੇ ਸਬ ਰਜਿਸਟਰਾਰ, ਬਟਾਲਾ ਦੇ ਦਫਤਰ ਵਿੱਖੇ ਦਰਜ ਸੀ, ਉਹ ਗੁੰਮ ਹੋ ਗਿਆ ਹੈ। ਇਸ ਮਾਮਲੇ ਵਿੱਚ ਸਾਡਾ ਲੋਨ ਖਾਤਾ (ਮੈਸਰਜ਼ ਨੈਸ਼ਨਲ ਸੈਲਸ) ਹੈ ਅਤੇ ਗਾਰੰਟਰ ਸ੍ਰੀ ਧੀਰਜ ਮਲਹੋਤਰਾ ਪੁੱਤਰ ਸ਼੍ਰੀ ਬੂਟਾ ਰਾਮ (ਵਾਸੀ ਮਕਾਨ ਨੰਬਰ 46/2, ਧਰਮਪੁਰਾ ਕਲੋਨੀ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ) ਹਨ। ਜੇਕਰ ਕਿਸੇ ਨੂੰ ਉਕਤ ਅਸਲ ਰਜਿਸਟਰੀ ਮਿਲਦੀ ਹੈ, ਤਾਂ ਉਸ ਨੂੰ ਬੇਨਤੀ ਹਾ ਕਿ ਉਹ ਇਸ ਨੂੰ ਮਾਲਕ ਨੂੰ ਵਾਪਸ ਕਰ ਦੇਵੇ ਅਤੇ ਇਸਦੀ ਦੁਰਵਰਤੋਂ ਨਾ ਕਰੇ। ਜੇਕਰ ਕਿਸੇ ਵਿਅਕਤੀ ਨੂੰ ਉਪਰੋਕਤ ਦਸਤਾਵੇਜ਼ ਬਾਰੇ ਕੋਈ ਇਤਰਾਜ਼ ਜਾਂ ਦਾਅਵਾ ਹੈ, ਤਾਂ ਉਹ ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅਦੰਰ ਬ੍ਰਾਂਚ ਮੈਨੇਜਰ, ਪੰਜਾਬ ਐਂਡ ਸਿੰਧ ਬੈਂਕ, ਜੀ.ਟੀ.ਰੋਡ ਬ੍ਰਾਂਚ ਬਟਾਲਾ ਕੋਲ ਆਪਣਾ ਇਤਰਾਜ਼ ਜਾਂ ਦਾਅਵਾ ਪੇਸ਼ ਕਰ ਸਕਦਾ ਹੈ। ਬ੍ਰਾਂਚ ਮੈਨੇਜਰ

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### ਬੇਦਖਲੀ ਨੋਟਿਸ

ਮੈਂ, ਮਨਜੀਤ ਕੌਰ ਪਤਨੀ ਗੁਰਦਿਆਲ ਚੰਦ ਵਾਸੀ ਪਿੰਡ ਤੱਖਣੀ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਅਨੀਸ਼ਾ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ ਅਸ਼ੋਕ ਕੁਮਾਰ ਪੁੱਤਰ ਸ਼੍ਰੀ ਸਰਵਨ ਦਾਸ ਪਿੰਡ ਫੇਸੀਆਂ ਕਾਹਨਾ ਤਹਿਸੀਲ ਫਲੌਰ ਜਿਲਾ ਜਲੰਧਰ ਦਾ ਵਸਨੀਕ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਨੀਲ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਮੇਰੇ ਨਾਲ ਅਕਸਰ ਲੜਾਈ ਝਗੜਾ ਕਰਦਾ ਹੈ ਤੇ ਮੈਨੂੰ ਪਰੇਸ਼ਾਨ ਕਰਦਾ ਹੈ। ਉਹ ਬੁਰੀ ਸੰਗਤ ਦਾ ਸ਼ਿਕਾਰ ਹੋ ਚੁੱਕਾ ਹੈ। ਮੈਂ ਉਸ ਨੂੰ ਆਪਣੀ ਚਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਇਹ ਜੇਕਰ ਕੋਈ ਇਹ ਗੈਰ ਸੰਵਿਧਾਨਕ ਕੰਮ ਕਰਦਾ ਹੈ ਮੈਂ ਉਸਦਾ ਜਿੰਮੇਵਾਰ ਨਹੀਂ ਹੋਵਾਂਗਾ।

ਮੈਂ ਨਛੱਤਰ ਸਿੰਘ ਪੁੱਤਰ ਅਜੀਤ ਸਿੰਘ ਅਤੇ ਬਲਜੀਤ ਸਿੰਘ ਪਤਨੀ ਨਛੱਤਰ ਸਿੰਘ ਵਾਸੀ ਠੱਟਾ ਨਵਾਂ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਸੇਵਕ ਸਿੰਘ ਬੁਰੀ ਸੰਗਤ ਵਿਚ ਪੈਣ ਕਾਰਨ ਨਸ਼ਿਆਂ ਦਾ ਆਦਿ ਹੋ ਗਿਆ ਹੈ ਅਤੇ ਸਾਡੇ ਕਹਿਣੇਕਾਰ ਤੋਂ ਬਾਹਰ ਹੈ। ਅਸੀਂ ਉਸ ਨੂੰ ਆਪਣੀ ਚੱਲ-ਅੱਚਲ ਤਮਾਮ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਗੁਰਸੇਵਕ ਸਿੰਘ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਤਲਵਿੰਦਰ ਪੁੱਤਰ ਸਗਲੀ ਰਾਮ ਅਤੇ ਨੀਤਾ ਪਤਨੀ ਤਲਵਿੰਦਰ ਵਾਸੀਆਨ ਮਕਾਨ ਨੰਬਰ 123, ਗਲੀ ਨੰਬਰ 9, ਸ਼ੰਜੈ ਗਾਂਧੀ ਨਗਰ, ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਮ ਸਾਡੇ ਕਹਿਣੇ ਤੋਂ ਬਾਹਰ ਹੈ । ਇਸ ਲਈ ਅਸੀਂ ਇਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸਬੰਧਿਤ ਨੋਟ ਕਰਨ।

### PUBLIC NOTICE

I Satvir Kaur w/o Karanveer Singh R/O Village Dugal Kalan Tehsil Patran (Patiala) declare as that Satvir Kaur alies Satveer Kaur is one and same person.

### ਨਾਂਅ ਦੀ ਬਦਲੀ

ਮੈਂ, ਰਾਹੁਲ ਪੁੱਤਰ ਤਰਸੇਮ ਲਾਲ ਵਾਸੀ ਨੰਬਰ 182, ਲਾਠੀਮਾਰ ਮੁਹੱਲਾ, ਸੋਡਲ, ਜਲੰਧਰ, ਪੰਜਾਬ ਨੇ ਆਪਣਾ ਨਾਮ ਬਦਲ ਕੇ ਰਾਹੁਲ ਸੇਦਰਾ ਰੱਖ ਲਿਆ ਹੈ (ਸੇਦਰਾ ਮੇਰਾ ਉਪਨਾਮ ਹੈ)। ਸਬੰਧਿਤ ਨੋਟ ਕਰਨ।

ਮੈਂ, ਰਵੀ ਇੰਦਰ ਸਿੰਘ ਪੰਧੇਰ ਪੁੱਤਰ ਗਿਆਨ ਸਿੰਘ, ਪਿੰਡ ਈਸੜਾ (ਸੰਗਰੂਰ), ਨੇ ਆਪਣਾ ਨਾਮ ਬਦਲ ਕੇ ਰਵੀ ਇੰਦਰ ਸਿੰਘ ਰੱਖ ਲਿਆ ਹੈ।

ਮੈਂ, ਰਮਨਦੀਪ ਕੌਰ ਪੁੱਤਰੀ ਲਸ਼ਮਣ ਦਾਸ ਪਤਨੀ ਸ੍ਰੀ ਰਵਿੰਦਰ ਕੁਮਾਰ ਵਾਸੀ ਮਕਾਨ ਨੰ: 46, ਪਿੰਡ ਚੋਹਕ ਕਲਾਂ, ਡਾਕਖਾਨਾ ਲੱਧੇਵਾਲੀ, ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੈਂ ਆਪਣਾ ਨਾਮ ਰਮਨਦੀਪ ਤੋਂ ਬਦਲ ਕੇ ਰਮਨਦੀਪ ਕੌਰ ਰੱਖ ਲਿਆ ਹੈ। ਸਬੰਧਿਤ ਨੋਟ ਕਰਨ।


# ਕਾਂਗਰਸ ਪਾਰਟੀ ਵੱਲੋਂ 3 ਬਲਾਕ ਪ੍ਰਧਾਨ ਨਿਯੁਕਤ



ਜਲਾਲਾਬਾਦ, (ਜੰਗੀਰ ਕੌਰ/ਜੀਤ ਕੁਮਾਰ)-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਜ਼ਿਲ੍ਹਾ ਕਾਂਗਰਸ ਪਾਰਟੀ ਫਾਜ਼ਿਲਕਾ ਦੇ ਪ੍ਰਧਾਨ ਹਰਪ੍ਰੀਤ ਸਿੰਘ ਸਿੱਧੂ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਵੱਲੋਂ ਜਲਾਲਾਬਾਦ ਬਲਾਕ ਤੋਂ 3 ਪ੍ਰਧਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ, ਜਿਸ ਵਿੱਚ ਜਲਾਲਾਬਾਦ ਸ਼ਹਿਰੀ ਦੇ ਬਲਾਕ ਪ੍ਰਧਾਨ ਦੇ ਸੁਮਿਤ ਛਾਬੜਾ, ਬਲਾਕ ਅਰਨੀਵਾਲਾ ਦੇ ਪ੍ਰਧਾਨ ਹਰਕਮਲ ਸਿੰਘ ਇਸਲਾਮ ਵਾਲਾ ਤੇ ਘੁਬਾਇਆ ਬਲਾਕ ਦੇ ਪ੍ਰਧਾਨ ਬਲਵੀਰ ਸਿੰਘ ਢੰਡੀ ਖੁਰਦ ਨੂੰ ਬਣਾਇਆ ਗਿਆ। ਜ਼ਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ ਸਿੱਧੂ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓਬੀਸੀ ਵਿਭਾਗ ਦੇ ਸਾਬਕਾ ਚੇਅਰਮੈਨ ਰਾਜ ਬਖਸ਼ ਕੰਬੋਜ ਨੇ ਇਨ੍ਹਾਂ ਬਲਾਕ ਪ੍ਰਧਾਨਾਂ ਨੂੰ ਨਿਯੁਕਤੀ ਪੱਤਰ ਦੇਣ ਸਮੇਂ ਕਾਂਗਰਸ ਪਾਰਟੀ ਦੀਬਿਹਤਰੀ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ 2027 ਦੀਆਂ ਚੋਣਾਂ ਵਿੱਚ ਜਿੱਤ ਪ੍ਰਾਪਤ ਕਰਕੇ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਵੇਗੀ। ਇਸ ਸਮੇਂ ਕਾਂਗਰਸ ਪਾਰਟੀ ਦੇ ਬਹੁਤ ਸਾਰੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।


### ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ, ਨਾਇਬ ਤਹਿਸੀਲਦਾਰ, ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ (ਪੰਜਾਬ)

(ਨੋਟਿਸ ਬਨਾਮ ਆਮ ਜਨਤਾ)

ਕੇਸ ਅਨੁਵਾਨ : ਅਜੈ ਕੁਮਾਰ ਪੁੱਤਰ ਰਾਜਿੰਦਰ ਕੁਮਾਰ ਪੁੱਤਰ ਪੂਰਨ ਰਾਮ ਵਾਸੀ ਖੈਰਾ ਖੁਰਦ, ਤਹਿਸੀਲ ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ। .......ਸਾਇਲ

ਬਨਾਮ

1. ਬੁੱਧ ਰਾਮ, 2. ਬਦਰੀ ਰਾਮ, 3. ਸ਼ੰਕਰ ਰਾਮ ਪੁੱਤਰਾਨ ਕਾਸੀ ਰਾਮ ਪੁੱਤਰ ਜੀਆ ਰਾਮ ਵਗੈਰਾ ਵਾਸੀਆਨ ਖੈਰਾ ਖੁਰਦ, ਤਹਿਸੀਲ ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ।

.....ਮਸੂਲਇਲਮ

ਦਰਖਾਸਤ ਤਕਸੀਮ ਅਰਾਜੀ ਤਦਾਦੀ 32 ਕਨਾਲ 7 ਮਰਲੇ ਵਾਕਿਆ ਰਕਬਾ ਪਿੰਡ ਖੈਰਾ ਖੁਰਦ, ਤਹਿਸੀਲ ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ।

ਮਸੂਲਇਲਮ ਨੰਬਰ. 10, ਰੋਹਤਾਸ ਪੁੱਤਰ ਸਰੋਜ ਦੇਵੀ ਪਤਨੀ ਸਤਪਾਲ ਵਾਸੀ ਖੈਰਾ ਕਲਾਂ, ਤਹਿਸੀਲ ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ।

ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਉਕਤ ਕੇਸ ਤਕਸੀਮ ਵਿੱਚ ਉਕਤ ਮਸੂਲਇਲਮ ਦੀ ਤਲਬੀ ਸਾਧਾਰਨ ਢੰਗ ਨਹੀਂ ਹੋ ਰਹੀ।ਇਸ ਲਈ ਮਸੂਲਇਲਮ ਦੀ ਤਲਬੀ/ਇਤਲਾਹ ਲਈ ਇਸ਼ਤਿਹਾਰ ਜਾਰੀ ਕੀਤਾ ਜਾਂਦਾ ਹੈ ਕਿ ਜੇਕਰ ਉਕਤ ਮਸੂਲਇਲਮ ਆਪਣਾ ਕੋਈ ਉਜ਼ਰ ਪੇਸ਼ ਕਰਨਾ ਚਾਹੁੰਦਾ ਹੈ ਤਾਂ ਉਹ ਆਪ ਖੁਦ ਜਾਂ ਇਨ੍ਹਾਂ ਦੇ ਵਾਰਸ ਜਾਂ ਆਪਣੇ ਕਿਸੇ ਵਕੀਲ ਰਾਹੀਂ ਨਿਰਧਾਰਿਤ ਮਿਤੀ 07/09/2026 ਨੂੰ ਸਵੇਰੇ 10:00 ਵਜੇ ਅਦਾਲਤ ਵਿੱਚ ਪੇਸ਼ ਹੋ ਕੇ ਕੇਸ ਦੀ ਪੈਰਵੀ ਕਰ ਸਕਦਾ ਹੈ। ਨਿਰਧਾਰਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਮਸੂਲਇਲਮ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਕੇਸ ਵਿੱਚ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਬਾਅਦ ਗੁਜ਼ਰਨੇ ਮਿਆਦ ਉਨ੍ਹਾਂ ਦਾ ਕੋਈ ਵੀ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ।

ਅੱਜ ਮਿਤੀ : 03/08/2026 ਨੂੰ ਮੇਰੇ ਦਸਤਖਤਾਂ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਕੀਤਾ ਗਿਆ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਾਇਬ ਤਹਿਸੀਲਦਾਰ, ਸਰਦੂਲਗੜ੍ਹ

ਪੱਤਰ ਨੰਬਰ : 262/ਰੀਡਰ-2 ਮਿਤੀ : 04.08.2026

### DERTS RECOVERY TRIBUNAL CHANDIGARH(DRT 3)

Ground Floor, SCO No.33-34-35, Sector-17-A, Chandigarh-160017

ਫਾਰਮ ਨੰ: 3

[ਵੇਖੋ ਰੈਗੂਲੇਸ਼ਨ- 13(1)(ਏ)]

ਮੁਕੱਦਮਾ ਨੰ. ਓ ਏ/907/2021

ਕਰਜ਼ਾ ਵਸੂਲੀ ਟ੍ਰਿਬਿਊਨਲ (ਅਮਲ) ਰੂਲਜ਼, 1993 ਦੇ ਨਿਯਮ 5 ਦੇ ਸਬ-ਨਿਯਮ (2-ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ

ਈ ਐੱਕਸ ਐੱਚ ਨੰ. 31634

ਪੰਜਾਬ ਐਂਡ ਸਿੰਧ ਬੈਂਕ

ਬਨਾਮ

ਮੈਸਰਜ਼ ਹਰਿਆਣਾ ਪਲਾਸਟਿਕ ਇੰਡਸਟਰੀਜ਼ ਤੇ ਹੋਰ

ਸੇਵਾ 'ਚ

(1) ਮੈਸਰਜ਼ ਹਰਿਆਣਾ ਪਲਾਸਟਿਕ ਇੰਡਸਟਰੀਜ਼ ਇਕ ਪ੍ਰੋਪਰਾਈਟਰਸ਼ਿਪ ਕਨਸਰਨ, ਵਿਖੇ 10266 ਗਲੀ ਨੰ: 4, ਭਗਵਾਨ ਚੌਕ, ਜਨਤਾ ਨਗਰ, ਲੁਧਿਆਣਾ, ਪੰਜਾਬ-141003 ਰਾਹੀਂ ਇਸ ਦੇ ਪ੍ਰੋਪਰਾਈਟਰ ਸ੍ਰੀ ਘੀਸਾ ਰਾਮ ਪੁੱਤਰ ਸ੍ਰੀ ਗੋਪੀ ਰਾਮ

(2) ਘੀਸਾ ਰਾਮ ਪੁੱਤਰ ਸ੍ਰੀ ਗੋਪੀ ਰਾਮ ਪ੍ਰੋਪਰਾਈਟਰ ਮੈਸਰਜ਼ ਹਰਿਆਣਾ ਪਲਾਸਟਿਕ ਇੰਡਸਟਰੀਜ਼ ਵਾਸੀ 10266, ਗਲੀ ਨੰ: 4, ਭਗਵਾਨ ਚੌਕ, ਜਨਤਾ ਨਗਰ, ਲੁਧਿਆਣਾ, ਪੰਜਾਬ-141003

ਸੰਮਨ

ਜਦੋਂ ਕਿ ਓ ਏ/907/2021 ਮਾਣਯੋਗ ਪ੍ਰੀਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 18.05.2026 ਨੂੰ ਸੂਚੀਬੱਧ ਕੀਤਾ ਗਿਆ ਸੀ।

ਜਦੋਂ ਕਿ ਤੁਹਾਡੇ ਵਿਰੁੱਧ ਰੁਪਏ 51,38,046.81/- ਦੀ ਕਰਜ਼ਾ ਵਸੂਲੀ ਲਈ ਉਕਤ ਅਰਜ਼ੀ 'ਤੇ ਐਕਟ ਦੇ ਸੈਕਸ਼ਨ 19 (4)(ਓ ਏ) ਤਹਿਤ ਇਹ ਮਾਣਯੋਗ ਟ੍ਰਿਬਿਊਨਲ ਸੰਮਨ/ਨੋਟਿਸ ਜਾਰੀ ਕਰਨ ਦੀ ਖੁਸ਼ੀ ਪ੍ਰਾਪਤ ਕਰ ਰਿਹਾ ਹੈ।

ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ, ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :

(i) ਸੰਮਨ ਪ੍ਰਾਪਤੀ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਦਿੱਤੀ ਗਈ ਰਾਹਤ ਮਨਜ਼ੂਰ ਕਿਉਂ ਨਾ ਕੀਤੀ ਜਾਵੇ।

(ii) ਅਸਲ ਅਰਜ਼ੀ ਦੇ ਲੜੀ ਨੰ. 3 ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਗਈਆਂ ਜਾਇਦਾਦਾਂ ਅਤੇ ਐਸੇਟਸ ਤੋਂ ਇਲਾਵਾ ਹੋਰ ਜਾਇਦਾਦਾਂ ਜਾਂ ਐਸੇਟਸ ਦੇ ਵੇਰਵਿਆਂ ਦਾ ਖੁਲਾਸਾ ਕਰਨਾ।

(iii) ਅਸਲ ਅਰਜ਼ੀ ਦੇ ਲੜੀ ਨੰ. 3 ਏ ਤਹਿਤ ਖੁਲਾਸਾ ਕੀਤੇ ਗਏ ਸਕਿਉਰਡ ਐਸੇਟਸ ਜਾਂ ਅਜਿਹੇ ਹੋਰ ਐਸੇਟਸ ਅਤੇ ਜਾਇਦਾਦਾਂ ਸੰਬੰਧੀ ਲੈਣ-ਦੇਣ ਜਾਂ ਨਿਪਟਾਰਾ ਕਰਨ 'ਤੇ, ਲੰਬਿਤ ਸੁਣਵਾਈ ਤੁਹਾਡੇ 'ਤੇ ਪਾਬੰਦੀ ਹੈ।

(iv) ਜਿਹੜੀ ਸਕਿਉਰਿਟੀ 'ਤੇ ਹਿੱਤ ਲਾਗੂ ਹਨ ਜਾਂ ਹੋਰ ਐਸੇਟਸ ਅਤੇ ਅਸਲ ਅਰਜ਼ੀ ਦੇ ਲੜੀ ਨੰ. 3 ਏ 'ਚ ਖੁਲਾਸਾ ਕੀਤੀਆਂ ਗਈਆਂ ਜਾਇਦਾਦਾਂ ਟ੍ਰਿਬਿਊਨਲ ਦੀ ਅਗਾਊਂ ਮਨਜ਼ੂਰੀ ਤੋਂ ਬਿਨਾਂ, ਬਿਜ਼ਨਸ ਦੇ ਸਧਾਰਨ ਕੋਰਸ ਤੋਂ ਇਲਾਵਾ ਤੁਸੀਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲ ਨਹੀਂ ਕਰ ਸਕਦੇ।

(v) ਸਕਿਉਰਡ ਐਸੇਟਸ ਦੀ ਵਿਕਰੀ ਜਾਂ ਬਿਜ਼ਨਸ ਦੇ ਸਧਾਰਨ ਕੋਰਸ 'ਚ ਹੋਰ ਐਸੇਟਸ ਅਤੇ ਜਾਇਦਾਦਾਂ ਅਤੇ ਅਜਿਹੇ ਐਸੇਟਸ 'ਤੇ ਸਕਿਉਰਿਟੀ ਰੱਖਦੇ ਬੈਂਕ ਜਾਂ ਵਿੱਤੀ ਸੰਗਠਨਾਂ ਦੇ ਖਾਤਿਆਂ 'ਚ ਵਿਕਰੀ ਰਾਹੀਂ ਜਮ੍ਹਾਂ ਅਜਿਹੀ ਵਿਕਰੀ ਆਮਦਨ ਦਾ ਹਿਸਾਬ ਦੇਣ ਲਈ ਤੁਸੀਂ ਜਵਾਬਦੇਹ ਹੋਵੋਗੇ।

ਤੁਹਾਨੂੰ ਲਿਖਤੀ ਬਿਆਨ ਸਮੇਤ ਬਿਨੈਕਾਰ ਨੂੰ ਉਸ ਦੀ ਨਕਲ ਦੇਣ, ਦਾਇਰ ਕਰਨ ਨਾਲ ਰਜਿਸਟਰਾਰ ਦੇ ਸਨਮੁੱਖ 11-08-2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਨਿਰਦੇਸ਼ ਦਿੱਤੇ ਜਾਂਦੇ ਹਨ। ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਕੀਤੀ ਜਾਵੇਗੀ ਅਤੇ ਤੁਹਾਡੀ ਗੈਰ-ਹਾਜ਼ਰੀ 'ਚ ਫੈਸਲਾ ਦੇ ਦਿੱਤਾ ਜਾਵੇਗਾ।

ਮੇਰੇ ਦਸਤਖਤਾਂ ਤੇ ਟ੍ਰਿਬਿਊਨਲ ਦੀ ਮੋਹਰ ਨਾਲ 19-05-2026 ਨੂੰ ਜਾਰੀ ਕੀਤਾ ਗਿਆ।

ਸੰਮਨ ਜਾਰੀ ਕਰਨ ਵਾਲੇ ਅਧਿਕਾਰਤ ਅਫਸਰ ਦੇ ਦਸਤਖਤ

ਨੋਟ : ਸਟਰਾਈਕ ਆਊਟ ਜੋ ਵੀ ਹੋਵੇ, ਲਾਗੂ ਹੋਣਯੋਗ ਨਹੀਂ ਹੈ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਮਜ਼ਬੂਤ ਕਰਨ ਲਈ 'ਪੰਜਾਬ ਯੂਥ ਰਨ 2026' ਕਰਵਾਈ

ਮੋਹਾਲੀ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)- ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਵੱਡੇ ਉਪਰਾਲੇ ਤਹਿਤ ਆਮ ਆਦਮੀ ਪਾਰਟੀ (ਆਪ)



ਪੰਜਾਬ ਯੂਥ ਵਿੰਗ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਮੋਹਾਲੀ ਵਿਖੇ 5.5 ਕਿਲੋਮੀਟਰ ਦੀ 'ਪੰਜਾਬ ਯੂਥ ਰਨ 2026' ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਜ਼ਾਰਾਂ ਨੌਜਵਾਨਾਂ ਅਤੇ ਖਿਡਾਰੀਆਂ ਨੇ ਭਾਗ ਲਿਆ ਅਤੇ ਖੇਡਾਂ, ਫਿਟਨੈਸ ਅਤੇ ਅਰੋਗ ਜੀਵਨ ਸ਼ੈਲੀ ਦੇ ਹੱਕ ਵਿੱਚ ਇੱਕ ਮਜ਼ਬੂਤ ਸੁਨੇਹਾ ਦਿੱਤਾ। ਇਸ ਪ੍ਰੋਗਰਾਮ ਨੂੰ ਸਿਹਤਮੰਦ ਅਤੇ ਨਸ਼ਾ ਮੁਕਤ ਪੰਜਾਬ ਨੂੰ ਉਤਸ਼ਾਹਿਤ ਕਰਨ ਲਈ ਇੱਕ ਵੱਡਾ ਉਪਰਾਲਾ ਕਰਾਰ ਦਿੰਦਿਆਂ ਆਪ ਪੰਜਾਬ ਯੂਥ ਵਿੰਗ ਦੇ ਪ੍ਰਧਾਨ ਅਤੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਕਿਹਾ, 'ਮੈਰਾਥਨ ਸਵੇਰੇ ਤੜਕੇ ਗੁਰਦੁਆਰਾ ਸ੍ਰੀ ਅੰਬ ਸਾਹਿਬ ਤੋਂ ਸ਼ੁਰੂ ਹੋਈ ਅਤੇ ਇਸ ਵਿੱਚ ਹਜ਼ਾਰਾਂ ਨੌਜਵਾਨਾਂ, ਖਿਡਾਰੀਆਂ, ਔਰਤਾਂ, ਬਜ਼ੁਰਗਾਂ ਅਤੇ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਲੋਕਾਂ ਨੇ ਉਤਸ਼ਾਹਪੂਰਵਕ ਸ਼ਮੂਲੀਅਤ ਕੀਤੀ। ਭਾਗੀਦਾਰਾਂ ਨੂੰ ਟੀ-ਸ਼ਰਟਾਂ ਅਤੇ ਭਾਗੀਦਾਰੀ ਮੈਡਲ ਦਿੱਤੇ ਗਏ, ਜਦੋਂ ਕਿ ਜੇਤੂਆਂ ਨੂੰ ?11,000 ਤੱਕ ਦੇ ਨਕਦ ਇਨਾਮ ਦਿੱਤੇ ਗਏ।' ਇੰਨੀ ਵੱਡੀ ਗਿਣਤੀ ਵਿੱਚ ਪਹੁੰਚਣ ਲਈ ਭਾਗੀਦਾਰਾਂ ਦਾ ਧੰਨਵਾਦ ਕਰਦਿਆਂ ਮਨਜਿੰਦਰ ਸਿੰਘ ਲਾਲਪੁਰਾ ਨੇ ਕਿਹਾ, 'ਇਸ ਹੁੰਗਾਰੇ ਨੇ ਦਿਖਾ ਦਿੱਤਾ ਹੈ ਕਿ ਪੰਜਾਬ ਦੇ ਲੋਕ ਇੱਕ ਸਿਹਤਮੰਦ, ਰੰਗਲਾ ਅਤੇ ਨਸ਼ਾ ਮੁਕਤ ਪੰਜਾਬ ਦੇਖਣਾ ਚਾਹੁੰਦੇ ਹਨ। ਇਹ ਸਮਾਗਮ ਮਹਿਜ਼ ਇੱਕ ਸਿਆਸੀ ਪ੍ਰੋਗਰਾਮ ਨਹੀਂ ਸੀ ਬਲਕਿ ਪੰਜਾਬ ਅਤੇ ਇਸ ਦੇ ਲੋਕਾਂ ਲਈ ਇੱਕ ਪਹਿਲਕਦਮੀ ਸੀ।' ਅਜਿਹੇ ਉਪਰਾਲਿਆਂ ਦੀ ਅਹਿਮੀਅਤ 'ਤੇ ਜ਼ੋਰ ਦਿੰਦਿਆਂ ਮਲਵਿੰਦਰ ਸਿੰਘ ਨੇ ਕਿਹਾ, 'ਨੌਜਵਾਨਾਂ ਨੂੰ ਖੇਡਾਂ ਅਤੇ ਸਿਹਤਮੰਦ ਜੀਵਨ ਵੱਲ ਲਿਆਉਣ ਵਾਲੇ ਉਪਰਾਲੇ ਇੱਕ ਮਜ਼ਬੂਤ ਅਤੇ ਨਸ਼ਾ ਮੁਕਤ ਪੰਜਾਬ ਦੇ ਨਿਰਮਾਣ ਵਿੱਚ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਹਨ। ਮੈਂ ਯੂਥ ਵਿੰਗ ਦੀ ਲੀਡਰਸ਼ਿਪ, ਪ੍ਰਬੰਧਕਾਂ ਅਤੇ ਭਾਗੀਦਾਰਾਂ ਦਾ ਉਨ੍ਹਾਂ ਦੀ ਉਤਸ਼ਾਹਪੂਰਵਕ ਸ਼ਮੂਲੀਅਤ ਲਈ ਧੰਨਵਾਦ ਕਰਦਾ ਹਾਂ।'

# ਸਤਿਗੁਰੂ ਰਵਿਦਾਸ ਨੇ ਸਮਾਜ ਨੂੰ ਭਾਈਚਾਰੇ, ਸਦਭਾਵਨਾ ਤੇ ਸਮਾਨਤਾ ਦਾ ਸੰਦੇਸ਼ ਦਿੱਤਾ : ਡਾ. ਸਾਹੀ

ਦਸੂਹਾ (ਕਰਨੈਲ ਮਾਂਗਟ)- ਸਤਿਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੇਸ਼ ਭਰ ਵਿੱਚ ਕੱਢੀ ਜਾ ਰਹੀ ਪਵਿੱਤਰ ਕਲਸ਼ ਯਾਤਰਾ ਜਦੋਂ ਹਲਕਾ ਦਸੂਹਾ ਅਧੀਨ ਪੈਂਦੇ ਪਿੰਡ ਫਤਿਹਗੜ੍ਹ ਅਤੇ ਪਿੰਡ ਉੱਚੀ ਬੱਸੀ ਵਿਖੇ ਪਹੁੰਚੀ ਤਾਂ ਇਲਾਕਾ ਨਿਵਾਸੀਆਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਇਸ ਦਾ ਭਰਵਾਂ ਸਵਾਗਤ ਕੀਤਾ ਗਿਆ। ਇਹ ਪਵਿੱਤਰ ਕਲਸ਼ ਯਾਤਰਾ ਕਾਸ਼ੀ ਸਥਿਤ ਸਤਿਗੁਰੂ ਰਵਿਦਾਸ ਮਹਾਰਾਜ ਦੇ ਜਨਮ ਅਸਥਾਨ ਤੋਂ ਲਿਆਂਦੀ ਗਈ ਪਵਿੱਤਰ ਮਿੱਟੀ ਨਾਲ ਸੁਸ਼ੋਭਿਤ ਕੀਤੀ ਗਈ ਸੀ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ। ਨਗਰ ਕੌਂਸਲ ਦਸੂਹਾ ਦੇ ਸਾਬਕਾ ਪ੍ਰਧਾਨ ਅਤੇ ਭਾਜਪਾ ਦੇ ਸੀਨੀਅਰ ਆਗੂ ਡਾ. ਹਰਸਿਮਰਤ ਸਾਹੀ (ਸੰਨੀ ਸਾਹੀ) ਨੇ ਵੀ ਕਲਸ਼ ਯਾਤਰਾ ਵਿੱਚ ਸ਼ਮੂਲੀਅਤ ਕਰਦਿਆਂ ਮੱਥਾ ਟੇਕਿਆ ਅਤੇ ਸਤਿਗੁਰੂ ਦਾ ਅਸ਼ੀਰਵਾਦ ਪ੍ਰਾਪਤ ਕੀਤਾ।



ਇਸ ਮੌਕੇ ਆਪਣੇ ਸੰਬੋਧਨ ਦੌਰਾਨ ਡਾ. ਸੰਨੀ ਸਾਹੀ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਜੀ ਮਹਾਰਾਜ ਨੇ ਸਮਾਜ ਨੂੰ ਭਾਈਚਾਰੇ, ਸਦਭਾਵਨਾ, ਸਮਾਨਤਾ ਅਤੇ ਮਾਨਵਤਾ ਦਾ ਅਮਰ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸਤਿਗੁਰੂ ਰਵਿਦਾਸ ਆਪਣੇ ਸਮੇਂ ਦੇ ਮਹਾਨ ਸਮਾਜ ਸੁਧਾਰਕ ਅਤੇ ਸਨ, ਜਿਨ੍ਹਾਂ ਨੇ ਸਮਾਜ ਵਿੱਚ ਸਮਾਨਤਾ, ਸੱਚਾਈ ਅਤੇ ਮਨੁੱਖਤਾ ਦੀ ਜੋਤ ਜਗਾਈ। ਉਨ ਾਂ ਕਿਹਾ ਕਿ ਸਤਿਗੁਰੂ ਰਵਿਦਾਸ ਜੀ ਮਹਾਰਾਜ ਨੇ ਕਿਰਤ ਕਰਨ, ਇਮਾਨਦਾਰੀ ਨਾਲ ਜੀਵਨ ਬਤੀਤ ਕਰਨ ਅਤੇ ਹਰ ਮਨੁੱਖ ਨੂੰ ਇੱਕ ਸਮਾਨ ਸਮਝਣ ਦੀ ਪ੍ਰੇਰਣਾ ਦਿੱਤੀ, ਜੋ ਅੱਜ ਵੀ ਸਮਾਜ ਲਈ ਮਾਰਗਦਰਸ਼ਕ ਹੈ। ਪਿੰਡ ਵਾਸੀਆਂ ਵੱਲੋਂ ਡਾ. ਹਰਸਿਮਰਤ ਸਾਹੀ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਧਾਰਮਿਕ, ਸਮਾਜਿਕ ਅਤੇ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਸਮੇਤ ਪਿੰਡ ਫਤਿਹਗੜ੍ਹ ਤੋਂ ਸਰਪੰਚ ਰਾਜ ਕੁਮਾਰ,ਬਲਦੇਵ ਰਾਜ, ਵਿਜੇਪਾਲ, ਸਤਨਾਮ ਸਿੰਘ ਮੈਂਬਰ ਪੰਚਾਇਤ, ਪਰਮਜੀਤ ਸਿੰਘ ਬਬਲੀ ਮੈਂਬਰ ਪੰਚਾਇਤ, ਠਾਕੁਰ ਕੁਲਦੀਪ ਸਿੰਘ, ਵਿਜੇ ਬਾਬਾ, ਸੂਬੇਦਾਰ ਰਸ਼ਪਾਲ ਸਿੰਘ, ਠਾਕੁਰ ਜੋਗਿੰਦਰ ਸਿੰਘ, ਭੁਲਾ ਰਾਮ ਅਤੇ ਪਿੰਡ ਉੱਚੀ ਬੱਸੀ ਤੋਂ ਨੰਬਰਦਾਰ ਰਾਮ ਸਿੰਘ ,ਰਾਹੁਲ, ਅਮਰਜੀਤ ਸਿੰਘ ਗੋਲਡੀ, ਰਵਿੰਦਰ ਅਰੋੜਾ, ਬਾਬਾ ਰਣਦੀਪ ਸਿੰਘ ,ਸੰਜੀਵ ਕੁਮਾਰ, ਹਰਬੰਸ ਲਾਲ, ਨਿਰੰਜਨ ਸਿੰਘ, ਧਰਮਪਾਲ, ਕਰਨੈਲ ਸਿੰਘ, ਗੁਰਪ੍ਰਕਾਸ਼ ਸਿੰਘ,ਸੁਖਦੇਵ ਸਿੰਘ ਸਤਪਾਲ ਤੋਂ ਇਲਾਵਾ ਸੰਗਤ ਹਾਜ਼ਰ ਸਨ।

# ਪੇਨਾਂਗ ਦੇ ਉਪ ਮੁੱਖ ਮੰਤਰੀ ਦੀ ਅਗਵਾਈ 'ਚ ਵਫ਼ਦ ਨੇ ਗੜਗੱਜ ਨਾਲ ਕੀਤੀ ਮੁਲਾਕਾਤ


ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਮਲੇਸ਼ੀਆ ਤੋਂ ਪੇਨਾਂਗ ਦੇ ਉਪ ਮੁੱਖ ਮੰਤਰੀ-99 ਵਾਈ ਬੀ ਜਗਦੀਪ ਸਿੰਘ ਦਿਓ ਦੀ ਅਗਵਾਈ ਹੇਠ ਇੱਕ ਉੱਚ ਪੱਧਰੀ ਮਲੇਸ਼ੀਆਈ ਵਫ਼ਦ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕੀਤੀ। ਵਫ਼ਦ ਵਿੱਚ ਮਲੇਸ਼ੀਆ ਦੇ ਕਾਰੋਬਾਰੀ ਅਤੇ ਭਾਈਚਾਰਕ ਆਗੂ ਪ੍ਰੋ. ਡਾ. ਬੀ.ਐੱਸ. ਬੈਂਸ, ਇਤਿਹਾਸਕਾਰ ਸਿਮਰ ਸਿੰਘ, ਮੀਰਪੁਰ ਰਿਆਸਤ ਦੇ ਪਰਵਾਰ ਤੋਂ ਅਕਸ਼ੈ ਸਿੰਘ ਦਿਓ, ਆਰੀਅਨ ਮੈਨਨ, ਡਾ. ਸੁਖਜੋਤ ਸਿੰਘ ਅਤੇ ਸਨੀ ਖਹਿਰਾ ਸ਼ਾਮਲ ਸਨ।ਮਲੇਸ਼ੀਆਈ ਵਫ਼ਦ ਨੇ ਵਿਸ਼ਵ ਸਿੱਖ ਭਾਈਚਾਰੇ, ਸਿੱਖ ਵਿਰਾਸਤ, ਧਾਰਮਿਕ ਸੰਸਥਾਵਾਂ ਅਤੇ ਮਲੇਸ਼ੀਆ ਵਿੱਚ ਵਸਦੇ ਸਿੱਖਾਂ ਤੇ ਪੰਜਾਬ ਦੀਆਂ ਇਤਿਹਾਸਕ ਸਿੱਖ ਸੰਸਥਾਵਾਂ ਵਿਚਕਾਰ ਸੱਭਿਆਚਾਰਕ ਅਤੇ ਅਧਿਆਤਮਿਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੀ ਮਹੱਤਤਾ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਵਾਈ ਬੀ ਜਗਦੀਪ ਸਿੰਘ ਦਿਓ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸੰਸਥਾ ਪ੍ਰਤੀ ਡੂੰਘਾ ਸਤਿਕਾਰ ਪ੍ਰਗਟ ਕਰਦਿਆਂ ਸਿੱਖ ਧਰਮ ਅਤੇ ਸਿੱਖ ਕਦਰਾਂ-ਕੀਮਤਾਂ ਦੇ ਵਿਸ਼ਵ ਪੱਧਰ 'ਤੇ ਪ੍ਰਚਾਰ ਤੇ ਸੰਭਾਲ ਲਈ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਖ਼ਾਸ ਤੌਰ 'ਤੇ ਨੌਜਵਾਨ ਪੀੜ੍ਹੀ ਅਤੇ ਭਾਰਤ ਤੋਂ ਬਾਹਰ ਵੱਸਦੇ ਸਿੱਖਾਂ ਨੂੰ ਉਨ੍ਹਾਂ ਦੇ ਧਰਮ, ਵਿਰਾਸਤ ਅਤੇ ਇਤਿਹਾਸ ਨਾਲ ਜੋੜਨ ਵਿੱਚ ਸਿੱਖ ਧਾਰਮਿਕ ਆਗੂਆਂ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਲਾਘਾ ਕੀਤੀ।ਜਗਦੀਪ ਸਿੰਘ ਦਿਓ ਨੇ ਸਿੰਘ ਸਾਹਿਬ ਨੂੰ ਜਾਣਕਾਰੀ ਦਿੱਤੀ ਕਿ ਮਲੇਸ਼ੀਆ ਵਿਖੇ ਸਿੱਖ ਸਭ ਤੋਂ ਪਹਿਲਾਂ ਪੇਨਾਂਗ ਸੂਬੇ ਵਿੱਚ ਹੀ ਗਏ ਹਨ ਅਤੇ ਉਨ੍ਹਾਂ ਦੀ ਮਨਸ਼ਾ ਹੈ ਕਿ ਜਿਸ ਲਾਂਘੇ ਰਾਹੀਂ ਸਿੱਖ ਉੱਥੇ ਜਾਂਦੇ ਸਨ ਉਹ ਵਿਰਾਸਤ ਬਣੇ। ਜਗਦੀਪ ਸਿੰਘ ਦਿਓ ਪੇਨਾਂਗ ਦੇ ਸੀਨੀਅਰ ਸਿਆਸੀ ਆਗੂ ਹਨ ਜੋ ਆਪਣੇ ਪਰਿਵਾਰ ਵਿੱਚੋਂ ਮਲੇਸ਼ੀਆ ਦੀ ਸਿਆਸਤ ਵਿੱਚ ਚੌਥੀ ਪੀੜ੍ਹੀ ਵਜੋਂ ਕਾਰਜਸ਼ੀਲ ਹਨ ਅਤੇ ਇਸ ਸਮੇਂ ਪੇਨਾਂਗ ਦੇ ਉਪ ਮੁੱਖ ਮੰਤਰੀ-99 ਵਜੋਂ ਕਾਰਜ ਕਰ ਰਹੇ ਹਨ। ਵਾਈ.ਬੀ. ਜਗਦੀਪ ਸਿੰਘ ਦਿਓ ਵਿਸ਼ੇਸ਼ ਤੌਰ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਪੇਨਾਂਗ ਵਿਖੇ ਇਤਿਹਾਸਕ ਵੱਡਾ ਗੁਰਦੁਆਰਾ ਸਾਹਿਬ ਦੀ ਮੁਰੰਮਤ ਅਤੇ ਸੰਭਾਲ ਦੇ ਸੇਵਾ ਕਾਰਜ ਮੁਕੰਮਲ ਹੋਣ ਉਪਰੰਤ ਮਲੇਸ਼ੀਆ ਵਿਖੇ ਉਦਘਾਟਨੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੱਦਾ ਦੇਣ ਪੁੱਜੇ। ਮਲੇਸ਼ੀਆ ਦੇ ਜਾਰਜ ਟਾਊਨ ਦੇ ਜਾਲਾਨ ਵਿਖੇ ਸਥਿਤ ਵੱਡਾ ਗੁਰਦੁਆਰਾ ਸਾਹਿਬ ਦੱਖਣ-ਪੂਰਬੀ ਏਸ਼ੀਆ ਦੇ ਸਭ ਤੋਂ ਪੁਰਾਣੇ ਸਿੱਖ ਧਾਰਮਿਕ ਅਸਥਾਨਾਂ ਵਿੱਚੋਂ ਇੱਕ ਹੈ।



ਜਗਦੀਪ ਸਿੰਘ ਦਿਓ ਨੇ ਕਿਹਾ ਕਿ ਸਿੰਘ ਸਾਹਿਬ ਨੂੰ ਦਿੱਤਾ ਗਿਆ ਇਹ ਸੱਦਾ ਮਲੇਸ਼ੀਆ ਦੇ ਸਿੱਖ ਭਾਈਚਾਰੇ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਪੰਜਾਬ ਦੀਆਂ ਸਿੱਖ ਸੰਸਥਾਵਾਂ ਪ੍ਰਤੀ ਸਤਿਕਾਰ ਦੇ ਇੱਕ ਮਹੱਤਵਪੂਰਨ ਪ੍ਰਗਟਾਵੇ ਵਜੋਂ ਹੈ। ਉਨ੍ਹਾਂ ਕਿਹਾ ਕਿ ਉਮੀਦ ਹੈ ਕਿ ਸਤੰਬਰ ਮਹੀਨੇ ਹੋਣ ਵਾਲਾ ਪ੍ਰਸਤਾਵਿਤ ਉਦਘਾਟਨ ਸਮਾਗਮ ਮਲੇਸ਼ੀਆ ਦੇ ਸਿੱਖ ਭਾਈਚਾਰੇ ਅਤੇ ਪੰਜਾਬ ਵਿਚਕਾਰ ਇਤਿਹਾਸਕ, ਧਾਰਮਿਕ ਅਤੇ ਸੱਭਿਆਚਾਰਕ ਸਬੰਧਾਂ ਨੂੰ ਹੋਰ ਮਜ਼ਬੂਤ ਕਰੇਗਾ।

# ਦਲੀਲ ਨਾਲ ਗੱਲ ਕਰਨ ਦੇ ਸਮਰੱਥ ਬਣਾਉਂਦੀਆਂ ਹਨ ਕਿਤਾਬਾਂ : ਇੰਜੀ. ਜਸਵੀਰ ਸਿੰਘ ਮੋਰੋਂ

ਬੰਗਾ (ਅਵਤਾਰ ਕਲੇਰ)- ਵਿਵੇਕ ਵਿਕਾਸ ਲਹਿਰ ਪੰਜਾਬ ਮੁੱਖ ਦਫ਼ਤਰ ਬੰਗਾ ਵੱਲੋਂ ਪਾਠਕਾਂ ਤੱਕ ਕਿਤਾਬਾਂ ਪਹੁੰਚਾਉਣ ਦੀ ਮੁਹਿੰਮ ਨਿਰੰਤਰ ਜਾਰੀ ਹੈ। ਸੰਸਥਾ ਪੁਸਤਕ ਸਭਿਆਚਾਰ ਪੈਦਾ ਕਰਨ ਲਈ ਯਤਨਸ਼ੀਲ ਹੈ। ਪੁਸਤਕਾਂ ਗਿਆਨ ਦਾ ਭੰਡਾਰ ਹੁੰਦੀਆਂ ਹਨ। ਸਿਆਣੇ ਕਹਿੰਦੇ ਹਨ ਕਿ ਗਿਆਨ ਵੰਡਿਆਂ ਵਧਦਾ ਹੈ। ਇਸ ਵਿਚਾਰ ਨੂੰ ਉਦੇਸ਼ ਬਣਾ ਕੇ ਗਿਆਨ ਵੰਡਣ ਦੀ ਮੁਹਿੰਮ ਮੁਫ਼ਤ ਪੁਸਤਕਾਂ ਰਾਹੀਂ ਸ਼ੁਰੂ ਕੀਤੀ ਹੋਈ ਹੈ।




ਜਿਸ ਤਹਿਤ ਪਿੰਡਾਂ ਵਿੱਚ ਸਮਾਗਮਾਂ ਦੌਰਾਨ ਅਤੇ ਸਕੂਲਾਂ ਵਿੱਚ ਜਾ ਕੇ ਗਿਆਨ, ਵਿਗਿਆਨ ਨਾਲ ਸੰਬੰਧਿਤ ਬਿਲਕੁਲ ਮੁਫਤ ਕਿਤਾਬਾਂ ਵੰਡੀਆਂ ਜਾ ਰਹੀਆਂ ਹਨ। ਇਸ ਲੜੀ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਕਰਮਚਾਰੀਆਂ ਨੂੰ ਪਿੰਡ ਜੀਦੋਂਵਾਲ ਦੇ ਜਲ ਘਰ ਵਿਖੇ ਮੀਟਿੰਗ ਮੌਕੇ ਕਿਤਾਬਾਂ ਵੰਡੀਆਂ ਗਈਆਂ। ਇਸ ਮੌਕੇ ਸੰਬੋਧਨ ਕਰਦਿਆਂ ਇੰਜੀ. ਜਸਵੀਰ ਸਿੰਘ ਮੋਰੋਂ ਨੇ ਕਿਹਾ ਕਿ ਕਿਤਾਬਾਂ ਵੱਖ- ਵੱਖ ਵਿਚਾਰਾਂ ਦੀਆਂ ਪਗਡੰਡੀਆਂ ਵਿੱਚ ਭਟਕ ਰਹੇ ਮਨੁੱਖ ਨੂੰ ਸਹੀ ਅਤੇ ਸਿੱਧੇ ਰਾਹ ਤੋਰ ਦਿੰਦੀਆਂ ਹਨ। ਕਿਤਾਬਾਂ ਵਿਅਕਤੀ ਨੂੰ ਦਲੀਲ ਨਾਲ ਗੱਲ ਕਰਨ ਦੇ ਸਮਰੱਥ ਬਣਾਉਂਦੀਆਂ ਹਨ।ਇਸ ਮੌਕੇ ਵਿਜੇ ਕੁਮਾਰ ਕਰਨਾਨਾ, ਰਮਨ ਦਾਸ, ਕੁਲਦੀਪ ਰਾਮ, ਦਿਲਬਾਗ ਥਾਂਦੀ, ਸ਼ੰਕਰ ਰਾਮ, ਜੋਗਿੰਦਰ ਰਾਮ, ਬੇਰੀ ਸਾਹਿਬ, ਕਰਨੈਲ ਸਿੰਘ, ਹਰਜਿੰਦਰ ਕੁਮਾਰ, ਰਾਮ, ਲੁਭਾਇਆ ਆਦਿ ਹਾਜ਼ਰ ਸਨ।

ਆਪਣੇ ਸੰਬੋਧਨ ਵਿੱਚ ਮੁਲਾਜ਼ਮ ਆਗੂ ਜਸਵਿੰਦਰ ਸਿੰਘ ਬਹਿਰਾਮ ਅਤੇ ਸੁੱਖ ਰਾਮ ਖਾਨਖਾਨਾ ਨੇ ਵਿਵੇਕ ਵਿਕਾਸ ਲਹਿਰ ਬੰਗਾ ਵੱਲੋਂ ਸ਼ੁਰੂ ਕੀਤੀ ਗਈ ਮੁਫਤ ਕਿਤਾਬਾਂ ਵੰਡਣ ਦੀ ਇਸ ਨਵੀਂ ਪਿਰਤ ਦੀ ਸ਼ਲਾਘਾ ਕੀਤੀ।

# ਚੱਬੇਵਾਲ ਨੇ ਗਡਕਰੀ ਨਾਲ ਕੀਤੀ ਮੁਲਾਕਾਤ

ਹੁਸ਼ਿਆਰਪੁਰ (ਓ ਪੀ ਰਾਣਾ)- ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਕੇਂਦਰੀ ਸੜਕੀ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕੀਤੀ ਅਤੇ ਐਨਐਚ-503-ਏ ਦੇ ਮੌਜੂਦਾ ਡਬਲ ਲੇਨ ਘੁਮਾਣ-ਸ੍ਰੀ ਹਰਗੋਬਿੰਦਪੁਰ-ਟਾਂਡਾ ਹਿੱਸੇ ਨੂੰ ਚਾਰ ਮਾਰਗੀ ਬਣਾਉਣ ਦੇ ਪ੍ਰੋਜੈਕਟ ਨੂੰ ਜਲਦ ਮੁੜ ਅਲਾਟ ਕਰਨ ਅਤੇ ਪ੍ਰਾਜੈਕਟ ਕੰਮ ਸ਼ੁਰੂ ਕਰਵਾਉਣ ਲਈ ਉਨ੍ਹਾਂ ਦੇ ਨਿੱਜੀ ਦਖਲ ਦੀ ਮੰਗ ਕੀਤੀ।



ਮੁਲਾਕਾਤ ਦੌਰਾਨ ਡਾ. ਚੱਬੇਵਾਲ ਨੇ ਕੇਂਦਰੀ ਮੰਤਰੀ ਨੂੰ ਜਾਣੂ ਕਰਵਾਇਆ ਕਿ ਪੈਕੇਜ-2 ਤਹਿਤ (43.400 ਕਿਲੋਮੀਟਰ ਤੋਂ 85.788 ਕਿਲੋਮੀਟਰ) ਨੂੰ ਕਵਰ ਕਰਨ ਵਾਲਾ ਇਹ ਅਹਿਮ ਪ੍ਰੋਜੈਕਟ ਦੀ ਪਹਿਲਾਂ ਅਲਾਟਮੈਂਟ ਹੋਈ ਸੀ ਜਦਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਐਕੁਆਇਰ ਕੀਤੀ ਜ਼ਮੀਨ ਦਾ ਕਬਜ਼ਾ ਨਾ ਮਿਲਣ ਕਾਰਨ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਇਹ ਠੇਕਾ ਰੱਦ ਕਰ ਦਿੱਤਾ ਗਿਆ ਸੀ। ਮੈਂਬਰ ਪਾਰਲੀਮੈਂਟ ਨੇ ਨਿਤਿਨ ਗਡਕਰੀ ਨੂੰ ਇਹ ਵੀ ਦੱਸਿਆ ਕਿ ਪ੍ਰੋਜੈਕਟ ਲਈ ਸੋਧੀ ਹੋਈ ਵਿਸਥਾਰਤ ਪ੍ਰੋਜੈਕਟ ਰਿਪੋਰਟ ਹੁਣ ਤਿਆਰ ਕਰਕੇ ਐਨ ਐਚ ਏ ਆਈ ਦੇ ਸਮਰੱਥ ਅਧਿਕਾਰੀ ਕੋਲ ਜਮ੍ਹਾਂ ਕਰਵਾ ਦਿੱਤੀ ਗਈ ਹੈ, ਜਿਸ ਨਾਲ ਇਸ ਨੂੰ ਮੁੜ ਅਲਾਟ ਕਰਨ ਦਾ ਰਾਹ ਪੱਧਰਾ ਹੋ ਗਿਆ ਹੈ। ਉਨ੍ਹਾਂ ਕੇਂਦਰੀ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਅਥਾਰਟੀ ਦੇ ਅਧਿਕਾਰੀਆਂ ਨੂੰ ਜਲਦ ਤੋਂ ਜਲਦ ਜ਼ਰੂਰੀ ਮਨਜ਼ੂਰੀਆਂ ਦੇਣ ਦੇ ਨਿਰਦੇਸ਼ ਦੇਣ ਤਾਂ ਜੋ ਪ੍ਰੋਜੈਕਟ ਲਈ ਨਵੇਂ ਟੈਂਡਰ ਮੰਗੇ ਜਾ ਸਕਣ ਅਤੇ ਲੰਬੇ ਸਮੇਂ ਤੋਂ ਲਟਕ ਰਹੇ ਫੋਰ-ਲੇਨਿੰਗ ਦਾ ਕੰਮ ਬਿਨਾਂ ਕਿਸੇ ਹੋਰ ਦੇਰੀ ਦੇ ਸ਼ੁਰੂ ਹੋ ਸਕੇ। ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਡਾ. ਚੱਬੇਵਾਲ ਨੂੰ ਭਰੋਸਾ ਦਿਵਾਇਆ ਕਿ ਉਹ ਜਲਦ ਇਸ ਮਾਮਲੇ ਨੂੰ ਦੇਖਣਗੇ ਅਤੇ ਇਸਦੇ ਹੱਲ ਲਈ ਜ਼ਰੂਰੀ ਕਦਮ ਚੁੱਕਣਗੇ। ਮੰਤਰੀ ਨੇ ਇਹ ਵੀ ਭਰੋਸਾ ਦਿੱਤਾ ਕਿ ਪ੍ਰੋਜੈਕਟ ਨੂੰ ਜਲਦੀ ਤੋਂ ਜਲਦੀ ਨੇਪਰੇ ਚਾੜ੍ਹਨ ਲਈ ਯਤਨ ਕੀਤੇ ਜਾਣਗੇ।

# ਜਗੀਰਦਾਰ ਬਖਸ਼ੀਸ਼ ਸਿੰਘ ਵੜੈਚ ਨੂੰ ਸਮਰਪਤ ਸਮਾਗਮ ਕਰਵਾਇਆ

ਜਲੰਧਰ (ਸ਼ੈਲੀ ਐਲਬਰਟ)- ਸਰਕਾਰੀ ਹਸਪਤਾਲ ਕਾਲਾ ਬੱਕਰਾ ਨੂੰ ਅੱਜ ਤੋਂ 100 ਸਾਲ ਪਹਿਲਾਂ ਆਪਣੀ ਜ਼ਮੀਨ ਦਾਨ ਕਰਨ ਵਾਲੀ ਹਸਤੀ ਜਗੀਰਦਾਰ ਬਖਸ਼ੀਸ਼ ਸਿੰਘ ਵੜੈਚ ਨੂੰ ਯਾਦ ਕਰਕੇ ਇਸ ਮਹਾਂਦਾਨ ਦੀ ਸ਼ਤਾਬਦੀ ਮਨਾਉਂਦਿਆਂ



ਹਸਪਤਾਲ ਦੇ ਐੱਸ ਐੱਮ ਓ ਡਾਕਟਰ ਬਲਜੀਤ ਸਿੰਘ ਅਤੇ ਹਸਪਤਾਲ ਦੇ ਸਮੂਹ ਸਟਾਫ ਨੇ ਵੜੈਚ ਪਰਵਾਰ ਦੇ ਸਹਿਯੋਗ ਨਾਲ ਇੱਕ ਭਾਵਪੂਰਤ ਸਮਾਗਮ ਦਾ ਆਯੋਜਨ ਹਸਪਤਾਲ ਦੇ ਮੀਟਿੰਗ ਹਾਲ ਵਿੱਚ ਕੀਤਾ।

ਇਸ ਮੌਕੇ ਤੇ ਜਗੀਰਦਾਰ ਬਖਸ਼ੀਸ਼ ਸਿੰਘ ਵੜੈਚ ਦੇ ਪੋਤਰੇ ਸਰਦਾਰ ਜਸਪਾਲ ਸਿੰਘ ਵੜੈਚ ਜੁਆਇੰਟ ਸੈਕਟਰੀ ਗਵਰਨਿੰਗ ਕੌਂਸਲ ਲਾਇਲਪੁਰ ਖਾਲਸਾ ਕਾਲਜ ਜਲੰਧਰ ਅਤੇ ਸੇਵਾਮੁਕਤ ਡਿਪਟੀ ਡਾਇਰੈਕਟਰ ਫੂਡ ਸਪਲਾਈ ਵਿਭਾਗ ਪੰਜਾਬ ਸਰਦਾਰ ਗੁਲਬਹਾਰ ਸਿੰਘ ਵੜੈਚ ਸਮੇਤ ਸਰਦਾਰਨੀ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਲਾਇਲਪੁਰ ਖਾਲਸਾ ਕਾਲਜ ਜਲੰਧਰ, ਡਾ. ਬਲਜੀਤ ਸਿੰਘ ਅਤੇ ਸਰਪੰਚ ਦਵਿੰਦਰ ਸਿੰਘ ਮਿੰਟਾ ਮੰਚ ਤੇ ਸੁਸ਼ੋਭਿਤ ਹੋਏ । ਸਮਾਗਮ ਦਾ ਮੰਚ ਸੰਚਾਲਨ ਕਰਦਿਆਂ ਪ੍ਰੋਫੈਸਰ ਗੋਪਾਲ ਸਿੰਘ ਬੁੱਟਰ ਨੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਨਜ਼ਦੀਕੀ ਸਾਥੀ ਕੈਪਟਨ ਗੁਲਾਬ ਸਿੰਘ ਵੜੈਚ ਤੋਂ ਲੈ ਕੇ ਅੱਜ ਤਕ ਦੀ ਜਗੀਰਦਾਰ ਬਖਸ਼ੀਸ਼ ਸਿੰਘ ਵੜੈਚ ਦੇ ਪਰਿਵਾਰ ਬਾਰੇ ਜਾਣਕਾਰੀ ਹਾਜ਼ਰ ਸਰੋਤਿਆਂ ਨਾਲ ਸਾਂਝੀ ਕਰਦਿਆਂ ਕਿਹਾ ਕਿ ਜਗੀਰਦਾਰ ਬਖਸ਼ੀਸ਼ ਸਿੰਘ ਵੜੈਚ ਦੇ ਸਪੁੱਤਰ ਸਰਦਾਰ ਸੋਹਨਜੀਤ ਸਿੰਘ ਵੜੈਚ ਅਤੇ ਸਰਦਾਰ ਕਰਮਜੀਤ ਸਿੰਘ ਵੜੈਚ ਅਤੇ ਉਨਾਂ ਦੇ ਬੱਚਿਆਂ ਨੇ ਆਪਣੇ ਪੁਰਖਿਆਂ ਦੀ ਲੋਕ ਭਲਾਈ ਵਾਲੀ ਰੀਤ ਨੂੰ ਬਖੂਬੀ ਅੱਗੇ ਤੋਰਿਆ ਹੈ।

## ਨਗਰ ਕੌਂਸਲ ਨੇ ਕਰਵਾਈ ਸਫਾਈ



ਫਿਲੌਰ (ਨਿਰਮਲ)- ਭਾਜਪਾ ਦੇ ਜਿਲ੍ਹਾ ਜਲੰਧਰ ਦੇ ਸਾਬਕਾ ਜਿਲ੍ਹਾ ਪ੍ਰਧਾਨ ਪ੍ਰਭਾਰੀ ਹਲਕਾ ਨਕੋਦਰ ਦੇ ਰਣਜੀਤ ਸਿੰਘ ਪਵਾਰ ਨੇ ਬੀਤੇ ਦਿਨੀ ਧਾਰਮਿਕ ਅਸਥਾਨ ਦੇ ਲਾਗੇ ਨਗਰ ਕੌਂਸਲ ਵੱਲੋ ਕੂੜੇ ਦੇ ਢੇਰ ਦਾ ਮੁੱਦਾ ਚੁਕਿਆ ਸੀ ਤੇ ਨਗਰ ਕੌਂਸਲ ਦੇ ਸੁਨੀਲ ਕੁਮਾਰ ਨੂੰ ਜਾਣੂ ਕਰਵਾਇਆ ਸੀ ਤੇ ਨਗਰ ਕੌਂਸਲ ਨੇ ਕੂੜਾ ਚੱਕਵਾ ਕੇ ਸਫਾਈ ਕਰਵਾਈ ਤੇ ਕਰਮਚਾਰੀਆਂ ਨੂੰ ਈ ਓ ਨੇ ਹਦਾਇਤਾਂ ਜਾਰੀ ਕੀਤੀਆਂ ਕਿ ਅੱਗੇ ਤੋਂ ਕੂੜੇ ਦੇ ਢੇਰ ਨਾ ਲਗਾਏ।

## ਰੇਨਬੋ ਪਬਲਿਕ ਸਕੂਲ ਤੇ ਰੇਨਬੋ ਸਟਾਰਸ 'ਚ ਮਨਾਇਆ ਤੀਆਂ ਦਾ ਤਿਉਹਾਰ




ਆਦਮਪੁਰ, (ਪਰਮਜੀਤ ਸਿੰਘ)- ਰੇਨਬੋ ਪਬਲਿਕ ਸਕੂਲ ਸਤੋਵਾਲੀ ਆਦਮਪੁਰ ਅਤੇ ਰੇਨਬੋ ਸਟਾਰਸ ਦੇ ਪ੍ਰਬੰਧਕ ਅਨਿਲ ਕੁਮਾਰ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰਿਆਲੀ ਤੀਜ ਦੇ ਸਬੰਧ ਵਿੱਚ ਤੀਆਂ ਦਾ ਤਿਉਹਾਰ ਬੜੀ ਧੂਮ ਧਾਮ ਅਤੇ ਖੁਸ਼ੀ ਦੇ ਨਾਲ ਮਨਾਇਆ ਗਿਆ। ਜਿਸ ਦੀ ਪ੍ਰਧਾਨਗੀ ਮੈਨੇਜਰ ਜੋਧ ਸਿੰਘ ਡੋਗਰਾ ਅਤੇ ਪ੍ਰਿੰਸੀਪਲ ਸੰਧਿਆ ਮਹਿਤਾ ਦੇ ਦੁਆਰਾ ਕੀਤੀ ਗਈ। ਇਸ ਜਸ਼ਨ ਵਿੱਚ ਵਿਦਿਆਰਥੀਆਂ ਦੁਆਰਾ ਰੰਗਾਰੰਗ ਪ੍ਰੋਗਰਾਮ ਦੇ ਅੰਤਰਗਤ ਭੰਗੜਾ ਅਤੇ ਬੋਲੀਆਂ ਉੱਤੇ ਗਿੱਧਾ ਪੇਸ਼ ਕੀਤਾ ਗਿਆ ਅਤੇ ਨੰਨੇ ਮੁੰਨੇ ਬੱਚਿਆਂ ਨੇ ਸੱਭਿਆਚਾਰਕ ਪਹਿਰਾਵੇ ਵਿੱਚ ਮਾਡਲਿੰਗ ਕਰਕੇ ਸਭ ਨੂੰ ਪ੍ਰਭਾਵਿਤ ਕੀਤਾ। ਇਸ ਤਿਉਹਾਰ ਨੂੰ ਖਾਸ ਬਣਾਉਣ ਲਈ ਸਕੂਲ ਦੇ ਵਿਹੜੇ ਅਤੇ ਝੂਲਿਆਂ ਨੂੰ ਫੁੱਲਾਂ ਨਾਲ ਸਜਾਇਆ ਗਿਆ। ਅੰਤ ਵਿਚ ਸਕੂਲ ਦੇ ਮੈਨੇਜਰ ਅਤੇ ਪ੍ਰਿੰਸੀਪਲ ਦੁਆਰਾ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਦੱਸਿਆ ਗਿਆ ਕਿ ਇਸ ਤਰ੍ਹਾਂ ਦੇ ਤਿਉਹਾਰਾਂ ਤੋਂ ਬੱਚਿਆਂ ਨੂੰ ਸਿੱਖਿਆ ਮਿਲਦੀ ਹੈ ਅਤੇ ਬੱਚੇ ਭਾਰਤੀ ਸੱਭਿਆਚਾਰ ਤੋਂ ਜਾਣੂ ਹੁੰਦੇ ਹਨ ਜੋ ਕਿ ਦੁਨੀਆਂ ਦੀ ਮਹਾਨ ਸੰਸਕ੍ਰਿਤੀ ਹੈ। ਵਿਦਿਆਰਥੀਆਂ ਤੇ ਅਧਿਆਪਕਾਂ ਦੁਆਰਾ ਵੀ ਤੀਆਂ ਦੇ ਤਿਉਹਾਰ ਦਾ ਖ਼ੂਬ ਆਨੰਦ ਲਿਆ ਗਿਆ।

# ਟੀ ਬੀ ਤੇ ਅੱਖਾਂ ਦਾ ਕੈਂਪ ਲਗਾਇਆ



ਆਦਮਪੁਰ (ਪਰਮਜੀਤ ਸਿੰਘ)- ਸਿਵਲ ਸਰਜਨ ਡਾਕਟਰ ਰਾਜੇਸ਼ ਗਰਗ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਰਲਡ ਟੀ ਬੀ ਡੇ ਤੋਂ ਸ਼ੁਰੂ ਹੋਈ 100 ਦਿਨਾਂ ਦੀ ਐਕਟਿਵ ਕੇਸ ਫਾਈਡਿੰਗ (ਏ.ਸੀ.ਐਫ.) ਮੁਹਿੰਮ ਦੇ ਤਹਿਤ ਪੂਰੇ ਜਲੰਧਰ ਜ਼ਿਲ੍ਹੇ ਵਿੱਚ ਕੈਂਪ ਲਗਾਏ ਜਾ ਰਹੇ ਹਨ। ਇਸੇ ਤਹਿਤ ਡਾਕਟਰ ਕੁਲਦੀਪ ਸਿੰਘ ਐੱਸ ਐੱਮ ਓ ਆਦਮਪੁਰ ਦੀ ਰਹਿਨਮਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਹਾਈ ਸਕੂਲ ਪਿੰਡ ਪਧਿਆਣਾ ਵਿਖੇ ਟੀ ਬੀ ਦਾ ਤੇ ਅੱਖਾਂ ਦਾ ਕੈਂਪ ਲਗਾਇਆ ਗਿਆ। ਮਰੀਜ਼ਾਂ ਦੇ ਚੈਸਟ ਐਕਸਰੇ ਪੋਰਟੇਬਲ ਮਸ਼ੀਨਾਂ ਰਾਹੀਂ ਕੀਤੇ ਗਏ। ਇਹ ਸਕਰੀਨਿੰਗ ਡਾਕਟਰ ਪਰਮਵੀਰ ਸਿੰਘ ਜ਼ਿਲ੍ਹਾ ਟੀ ਬੀ ਅਫਸਰ ਅਤੇ ਵਰਲਡ ਹੈਲਥ ਟੀਮ ਦੇ ਸਹਿਯੋਗ ਨਾਲ ਲਗਾਇਆ ਗਿਆ। ਜਿਸ ਵਿੱਚ ਡਾਕਟਰ ਪ੍ਰੋਜੈਕਟ ਸਾਥੀ ਹੇਠ ਏ ਸੀ ਐੱਫ ਟੀਮ ਜਿਸ ਵਿੱਚ ਡਾਕਟਰ ਜੋਤੀ (ਏ.ਸੀ.ਐਫ. ਕੋਆਰਡੀਨੇਟਰ), ਰੇਡੀਓਗ੍ਰਾਫਰ ਜਸਪ੍ਰੀਤ, ਅਤੇ ਉਹਨਾਂ ਦੀ ਟੀਮ ਵਲੋਂ ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ। ਡਾਕਟਰ ਗੁਰਵਿੰਦਰ ਖੋਸਾ ਅਤੇ ਉਹਨਾਂ ਦੀ ਟੀਮ ਵੱਲੋਂ ਅੱਖਾਂ ਦਾ ਫਰੀ ਚੈਕਅੱਪ ਕੀਤਾ ਗਿਆ ਅਤੇ ਮਰੀਜ਼ਾਂ ਨੂੰ ਮੁਫ਼ਤ ਐਨਕਾਂ ਅਤੇ ਦਵਾਈਆਂ ਦਿੱਤੀਆਂ ਗਈਆ।

ਇਸ ਕੈਂਪ ਦਾ ਪਿੰਡ ਪਧਿਆਣਾ ਦੇ ਕਰੀਬ 150 ਮਰੀਜ਼ਾਂ ਨੇ ਆਪਣਾ ਫਰੀ ਚੈੱਕਅੱਪ ਕਰਵਾਇਆ। ਇਸ ਮੌਕੇ ਸਕੂਲ ਪ੍ਰਿੰਸੀਪਲ ਸਰਬਜੀਤ ਸਿੰਘ, ਰੇਸ਼ਮ ਸਿੰਘ ਟੀਚਰ, ਸਰਪੰਚ ਸਿਮਰਨਜੀਤ ਕੌਰ ਪਧਿਆਣਾ, ਬਲਜੀਤ ਸਿੰਘ ਪੰਚ ਪਧਿਆਣਾ, ਸਰਬਜੀਤ ਸਿੰਘ ਸਾਬੀ ਜਿਲ੍ਹਾ ਪਰਿਸ਼ਦ ਮੈਂਬਰ ਜੰਡੂ ਸਿੰਘਾ, ਕਰਮਵੀਰ ਕੌਰ ਸੀ ਐੱਚ ਓ, ਸੁਖਬੀਰ ਕੌਰ ਏ.ਐਨ.ਐਮ., ਰੂਬੀ, ਪ੍ਰਵੀਨ ਕੁਮਾਰੀ ਆਸ਼ਾ ਵਰਕਰ ਮੌਜੂਦ ਸਨ।


# ਕਿਰਤੀ ਕਿਸਾਨ ਯੂਨੀਅਨ ਦਾ ਅਜਲਾਸ ਸੰਪੰਨ

ਕਪੂਰਥਲਾ (ਪ੍ਰੀਤ ਸੰਗੋਜਲਾ)- ਕਿਰਤੀ ਕਿਸਾਨ ਯੂਨੀਅਨ ਦਾ ਜ਼ਿਲੇ ਦਾ ਅਜਲਾਸ ਪਿੰਡ ਭੰਡਾਲ ਬੇਟ ਵਿਖੇ ਜਾਨੀ ਸ਼ਾਹ ਪੱਤੀ ਗੁਰਦੁਆਰਾ ਸਾਹਿਬ ਵਿਖੇ ਹੋਇਆ ਜਿਸ ਵਿਚ ਜ਼ਿਲੇ ਭਰ ਤੋਂ ਆਏ ਡੈਲੀਗੇਟ ਕਿਸਾਨਾਂ ਦੀ ਭਰਵੀਂ ਹਾਜ਼ਰੀ ਵਿੱਚ ਹਾਜ਼ਰੀ ਭਰੀ। ਇਸ ਮੌਕੇ ਤਰਸੇਮ ਸਿੰਘ ਬੰਨਾਮੱਲ ਵਲੋਂ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਨਿਭਾਉਂਦਿਆਂ ਹੋਇਆਂ ਆਏ ਹੋਏ ਡੈਲੀਗੇਟਾਂ ਦਾ ਸਵਾਗਤ ਕੀਤਾ ।



ਇਸ ਉਪਰੰਤ ਜ਼ਿਲੇ ਭਰ ਤੋਂ ਆਏ ਆਗੂਆਂ ਨੇ ਜਥੇਬੰਦੀ ਦੀਆਂ ਹੁਣ ਤੱਕ ਦੀਆਂ ਪ੍ਰਾਪਤੀਆਂ ਤੇ ਕਮਜ਼ੋਰੀਆਂ ਤੇ ਖੁਲ ਕੇ ਚਰਚਾ ਕੀਤੀ ਅਤੇ ਜਥੇਬੰਦਕ ਤਾਕਤ ਨੂੰ ਹੋਰ ਵਧਾਉਣ ਦਾ ਅਹਿਦ ਲਿਆ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਸੰਤੋਖ ਸਿੰਘ ਸੰਧੂ ਅਬਜ਼ਰਵਰ ਤੌਰ ਤੇ ਪਹੁੰਚੇ। ਇਸ ਮੌਕੇ ਸੰਤੋਖ ਸਿੰਘ ਸੰਧੂ ਨੇ ਕਿਸਾਨੀ ਮੰਗਾਂ ਬਾਰੇ ਬੋਲਦਿਆਂ ਕਿਹਾ ਕਿ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ, ਭਾਰਤ ਨਾਲ ਮੁਫ਼ਤ ਵਪਾਰ ਸਮਝੌਤਾ, ਬਿਜਲੀ ਸੋਧ ਰਾਹੀਂ ਬਿਜਲੀ ਸੈਕਟਰ ਨੂੰ ਕਾਰਪੋਰੇਟਾ ਹਵਾਲੇ ਕਰਨ ਦੀਆਂ ਚਾਲਾਂ ਅਤੇ ਕਿਸਾਨਾਂ ਸਿਰ ਚੜ੍ਹੇ ਕਰਜ਼ਿਆਂ ਨੂੰ ਤੁਰੰਤ ਰੱਦ ਕੀਤਾ ਜਾਣਾ ਚਾਹੀਦਾ ਹੈ।ਇਸ ਮੌਕੇ ਬਲਵਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਦਰਿਆਈ ਪਾਣੀਆਂ ਦੇ ਮਸਲੇ ਨੂੰ ਹੱਲ ਕਰਨ ਦੀ ਮੰਗ ਕਰਦਿਆਂ 1 ਸਤੰਬਰ ਨੂੰ ਸੰਯੁਕਤ ਮੋਰਚੇ ਦੇ ਸੱਦੇ ਤੇ ਚੰਡੀਗੜ੍ਹ ਲਗਾਏ ਜਾਣਵਾਲੇ ਮੋਰਚੇ ਲਈ ਕਿਸਾਨਾਂ ਨੂੰ ਵੱਧ ਚੜ ਕੇ ਤਿਆਰੀਆਂ ਕਰਨ ਲਈ ਕਿਹਾ। ਇਸ ਤੋਂ ਬਾਅਦ ਤਰਸੇਮ ਸਿੰਘ ਬੰਨਾਮੱਲ ਨੇ ਰੀਵਿਊ ਰਿਪੋਰਟ ਪੇਸ਼ ਕੀਤੀ ਤੇ ਐਲਾਨਨਾਮਾ ਪੜਿਆ ਗਿਆ ਜਿਸ ਨੂੰ ਅਜਲਾਸ ਵਲੋਂ ਪਾਸ ਕੀਤਾ ਗਿਆ, ਸੰਤੋਖ ਸਿੰਘ ਸੰਧੂ ਵਲੋਂ ਪੈਨਲ ਪੇਸ਼ ਕੀਤਾ ਗਿਆ ਜਿਸ ਵਿੱਚ ਬਲਵਿੰਦਰ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ, ਕੁਲਵਿੰਦਰ ਸਿੰਘ ਭੰਡਾਲ ਨੂੰ ਮੀਤ ਪ੍ਰਧਾਨ, ਜਸਵੰਤ ਸਿੰਘ ਵਿਰਲੀ ਨੂੰ ਸੀਨੀਅਰ ਮੀਤ ਪ੍ਰਧਾਨ, ਤਰਸੇਮ ਸਿੰਘ ਬੰਨਾਮੱਲ ਨੂੰ ਜ਼ਿਲ੍ਹਾ ਸਕੱਤਰ, ਬਿਕਰਮਜੀਤ ਸਿੰਘ ਭੀਲਾ ਨੂੰ ਜੁਆਇੰਟ ਸਕੱਤਰ, ਜਗਜੀਤ ਸਿੰਘ ਔਜਲਾ ਨੂੰ ਪ੍ਰੈਸ ਸਕੱਤਰ ਤੇ ਲੁਭਾਇਆ ਸਿੰਘ ਕਾਲਾ ਸੰਘਿਆਂ ਨੂੰ ਖ਼ਜ਼ਾਨਚੀ ਚੁਣਿਆ ਗਿਆ। ਇਸ ਮੌਕੇ ਕਰਮਜੀਤ ਸਿੰਘ ਨੂਰਪੁਰ ਜੱਟਾਂ, ਮਲਕੀਤ ਸਿੰਘ ਧਾਲੀਵਾਲ, ਫ਼ਕੀਰ ਸਿੰਘ ਲੱਖਣ ਕੇ ਪੱਡੇ, ਗੁਰਪ੍ਰੀਤ ਸਿੰਘ ਲੱਖਣ ਕੇ ਪੱਡੇ, ਗੁਰਬੀਰ ਸਿੰਘ ਕਾਦੂਪੁਰ, ਸੇਵਾ ਸਿੰਘ ਮੁਰਾਦ ਪੁਰ, ਹਰਮੇਲ ਸਿੰਘ ਕੋਠੇ ਕਾਲਾ ਸਿੰਘ ਵਾਲਾ, ਗੁਰਬੇਜ ਸਿੰਘ ਬੂਹ, ਮਨਦੀਪ ਸਿੰਘ ਖ਼ਾਨਪੁਰ, ਗੁਰਪ੍ਰੀਤ ਸਿੰਘ ਭੀਮ ਕਦੀਮ, ਸੀਤਲ ਸਿੰਘ ਸੰਗੋਜਲਾ, ਭਜਨ ਸਿੰਘ ਸੰਗੋਜਲਾ, ਸੱਜਣ ਸਿੰਘ ਭੰਡਾਲ, ਜਸਮੇਲ ਸਿੰਘ ਸੁਰਖਪੁਰ, ਬਲਵੀਰ ਸਿੰਘ ਫਜਲਾ ਬਾਦ, ਮਨਦੀਪ ਸਿੰਘ ਅਲਾਉਦੀਪੁਰ ਮੈਂਬਰ ਚੁਣੇ ਗਏ।


## ਸ਼੍ਰੋਮਣੀ ਅਕਾਲੀ ਦਲ ਦੀ ਮਜਬੂਤੀ ਲਈ ਦਿਨ-ਰਾਤ ਕੰਮ ਕਰਾਂਗੇ : ਮੋਮੀ, ਢਿੱਲੋਂ



ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼) ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਦਿਨ ਰਾਤ ਕੰਮ ਕਰਾਂਗੇ ਅਤੇ ਹਮੇਸ਼ਾ ਸ਼੍ਰੋਮਣੀ ਅਕਾਲੀ ਦਲ ਦੇ ਨਾਲ ਚਟਾਨ ਵਾਂਗ ਖੜੇ ਰਹਾਂਗੇ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਸਰਬਜੀਤ ਸਿੰਘ ਮੋਮੀ, ਜਿਲਾ ਸੀਨੀਅਰ ਮੀਤ ਪ੍ਰਧਾਨ ਹੁਸ਼ਿਆਰਪੁਰ ਸਤਨਾਮ ਸਿੰਘ ਢਿੱਲੋਂ, ਸੀਨੀਅਰ ਅਕਾਲੀ ਆਗੂ ਗੁਰਕੰਮਲ ਸਿੰਘ ਸੋਢੀ ਨਰਿਆਲ, ਡਾਕਟਰ ਅਮੋਲਕ ਸਿੰਘ ਮਰਵਾਹਾ, ਮਨਜੀਤ ਸਿੰਘ ਧਾਲੀਵਾਲ, ਪਰਮਜੀਤ ਸਿੰਘ ਧਾਮੀ , ਮਨਜੀਤ ਸਿੰਘ ਸੈਕਟਰੀ ਆਦਿ ਅਕਾਲੀ ਆਗੂਆਂ ਨੇ ਗੱਲਬਾਤ ਕਰਨ ਸਮੇਂ ਕੀਤਾ। ਉਕਤ ਅਕਾਲੀ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਚੜ੍ਹਦੀ ਕਲਾ ਵਿੱਚ ਹੈ। ਉਕਤ ਅਕਾਲੀ ਆਗੂਆਂ ਨੇ ਹੋਰ ਕਿਹਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਨ ਤੋਂ ਕੋਈ ਵੀ ਤਾਕਤ ਰੋਕ ਨਹੀਂ ਸਕਦੀ। ਇਸ ਮੌਕੇ ਉਕਤ ਅਕਾਲੀ ਆਗੂਆਂ ਨੇ ਹੋਰ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਮੌਜੂਦ ਕਰਨ ਲਈ ਜਲਦੀ ਪਿੰਡ ਪਿੰਡ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰਕੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਲਾਮਬੰਦ ਕੀਤਾ ਜਾਏਗਾ।

## ਭਾਜਪਾ ਯੁਵਾ ਮੋਰਚਾ ਨੇ ਕੱਢੀ ਤਿਰੰਗਾ ਯਾਤਰਾ


ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਆਜ਼ਾਦੀ ਦੇ 79 ਸਾਲ ਪੂਰੇ ਹੋਣ ਦੇ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਚਲਾਏ ਜਾ ਰਹੇ 'ਹਰ ਘਰ ਤਿਰੰਗਾ' ਅਭਿਆਨ ਤਹਿਤ ਐਤਵਾਰ ਨੂੰ ਭਾਜਪਾ ਯੁਵਾ ਮੋਰਚਾ ਵੱਲੋਂ ਟਾਂਡਾ ਵਿੱਚ ਤਿਰੰਗਾ ਯਾਤਰਾ ਕੱਢੀ ਗਈ। ਯਾਤਰਾ ਵਿੱਚ ਭਾਜਪਾ ਦੇ ਯੁਵਾ ਤੇ ਸੀਨੀਅਰ ਵਰਕਰਾਂ ਤੋਂ ਇਲਾਵਾ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਵਰਕਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਤਿਰੰਗਾ ਯਾਤਰਾ ਸ਼ਿਮਲਾ ਪਹਾੜੀ ਤੋਂ ਸ਼ੁਰੂ ਹੋ ਕੇ ਸ਼ਹੀਦ ਚੌਕ ਟਾਂਡਾ ਤੱਕ ਕੱਢੀ ਗਈ।



ਹੱਥਾਂ ਵਿੱਚ ਤਿਰੰਗੇ ਲੈ ਕੇ ਸ਼ਾਮਲ ਵਰਕਰਾਂ ਨੇ 'ਭਾਰਤ ਮਾਤਾ ਦੀ ਜੈ' ਅਤੇ 'ਵੰਦੇ ਮਾਤਰਮ' ਦੇ ਜੈਕਾਰਿਆਂ ਨਾਲ ਮਾਹੌਲ ਨੂੰ ਦੇਸ਼ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ। ਯੁਵਾ ਮੋਰਚਾ ਦੇ ਜ਼ਿਲ੍ਹਾ ਉਪ ਪ੍ਰਧਾਨ ਵਿਨੂ ਪੰਡਿਤ ਦੀ ਅਗਵਾਈ ਹੇਠ ਕੱਢੀ ਗਈ ਇਸ ਯਾਤਰਾ ਵਿੱਚ ਸੀਨੀਅਰ ਭਾਜਪਾ ਆਗੂ ਜਵਾਹਰ ਖੁਰਾਨਾ, ਰਾਜ ਕੁਮਾਰ, ਸੰਜੀਵ ਸਿਆਲ, ਰਛਪਾਲ ਸਿੰਘ, ਰਾਹੁਲ ਵਰਮਾ, ਭਿੰਦਾ ਪਹਿਲਵਾਨ, ਗੋਪਾਲ ਕਸ਼ਯਪ, ਲਖਵੀਰ ਗੋਸਵਾਮੀ, ਦੀਪਕ ਕੁਮਾਰ, ਡਿੰਪੀ ਸੈਣੀ, ਨਿਖਿਲ ਸਿੰਘ, ਗਗਨਜੀਤ ਸਿੰਘ, ਸਨੀ ਕੁਮਾਰ, ਜਤਿੰਦਰ ਸਿੰਘ, ਸੇਠੀ ਟਾਂਡਾ, ਬਿੱਟੂ ਪੰਡਿਤ, ਲੱਡੀ ਅਰੋੜਾ, ਅਮਨ ਅਰੋੜਾ, ਪ੍ਰਦੀਪ ਕੁਮਾਰ, ਦੀਪੂ ਚੌਹਾਨ ਅਤੇ ਕਰਨ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਸ਼ਾਮਲ ਹੋਏ।

## ਕੈਬਨਿਟ ਮੰਤਰੀ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ) ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਆਪਣੇ ਨੰਗਲ ਸਥਿਤ ਗ੍ਰਹਿ 2 ਆਰ ਵੀ ਆਰ ਵਿਖੇ ਇਲਾਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਤੋਂ ਪਹੁੰਚੇ ਲੋਕਾਂ ਨਾਲ ਮੁਲਾਕਾਤ ਕੀਤੀ।



ਇਸ ਦੌਰਾਨ ਉਨ੍ਹਾਂ ਨੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਉਨ੍ਹਾਂ ਦੀਆਂ ਨਿੱਜੀ ਅਤੇ ਸਾਂਝੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ। ਵੱਡੀ ਗਿਣਤੀ ਵਿੱਚ ਲੋਕਾਂ ਨੇ ਆਪਣੇ ਇਲਾਕਿਆਂ ਨਾਲ ਸਬੰਧਤ ਵੱਖ-ਵੱਖ ਮਸਲੇ ਕੈਬਨਿਟ ਮੰਤਰੀ ਦੇ ਧਿਆਨ ਵਿੱਚ ਲਿਆਂਦੇ। ਬੈਂਸ ਨੇ ਹਰੇਕ ਵਿਅਕਤੀ ਦੀ ਗੱਲ ਨੂੰ ਧਿਆਨ ਨਾਲ ਸੁਣਦਿਆਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਇਸ ਮੌਕੇ ਲੋਕਾਂ ਵੱਲੋਂ ਸੜਕਾਂ, ਬਿਜਲੀ, ਪਾਣੀ, ਸਫਾਈ, ਸਿਹਤ ਸਹੂਲਤਾਂ, ਸਰਕਾਰੀ ਵਿਭਾਗਾਂ ਨਾਲ ਸਬੰਧਤ ਕੰਮਾਂ ਸਮੇਤ ਹੋਰ ਕਈ ਮੁੱਦੇ ਕੈਬਨਿਟ ਮੰਤਰੀ ਦੇ ਸਾਹਮਣੇ ਰੱਖੇ ਗਏ। ਹਰਜੋਤ ਸਿੰਘ ਬੈਂਸ ਨੇ ਲੋਕਾਂ ਵੱਲੋਂ ਦੱਸੀਆਂ ਗਈਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਜਿੱਥੇ ਲੋੜ ਸੀ, ਉਥੇ ਮਾਮਲਿਆਂ ਦੇ ਜਲਦ ਨਿਪਟਾਰੇ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਸਰਕਾਰੀ ਵਿਭਾਗਾਂ ਦਾ ਮੁੱਖ ਉਦੇਸ਼ ਲੋਕਾਂ ਨੂੰ ਪਾਰਦਰਸ਼ੀ, ਸੁਚੱਜੀਆਂ ਅਤੇ ਸਮੇਂ ਸਿਰ ਸੇਵਾਵਾਂ ਮੁਹੱਈਆ ਕਰਵਾਉਣਾ ਹੈ ਅਤੇ ਇਸ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।



# ਆਜ਼ਾਦੀ ਦਿਵਸ ਨੂੰ ਸਮਰਪਤ ਡਰਾਇੰਗ ਮੁਕਾਬਲਾ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਭਾਰਤ ਵਿਕਾਸ ਪਰਿਸ਼ਦ ਦੀ ਵਿਵੇਕਾਨੰਦ ਸ਼ਾਖਾ ਡੇਰਾਬੱਸੀ ਵੱਲੋਂ ਦੇਸ਼ ਦੇ ਆਜ਼ਾਦੀ ਦਿਵਸ ਨੂੰ ਸਮਰਪਿਤ ਇੱਕ ਵਿਸ਼ੇਸ਼ ਡਰਾਇੰਗ ਮੁਕਾਬਲਾ 'ਯੰਗ ਮਾਈਂਡ' ਦੇ ਨਾਂਅ ਹੇਠ ਸਰਵਹਿਤਕਾਰੀ ਵਿਦਿਆ ਮੰਦਰ ਡੇਰਾਬੱਸੀ ਵਿਖੇ ਆਯੋਜਿਤ ਕੀਤਾ ਗਿਆ। ਇਹ ਮੁਕਾਬਲਾ 'ਯੂ ਆਰ ਲਾਈਫ ਸਕਿਲਜ਼ ਡੇਰਾਬੱਸੀ' ਅਤੇ 'ਸਮ੍ਰਿੱਧੀ ਐਂਡ ਵੈਦਿਕ ਮੈਥਸ ਅਕੈਡਮੀ' ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਇਆ ਗਿਆ, ਜਿਸ ਵਿੱਚ ਨਰਸਰੀ ਤੋਂ ਲੈ ਕੇ ਅੱਠਵੀਂ ਜਮਾਤ ਤੱਕ ਦੇ ਲਗਭਗ 65 ਬੱਚਿਆਂ ਨੇ ਉਤਸ਼ਾਹਪੂਰਵਕ ਭਾਗ ਲਿਆ। ਮੁਕਾਬਲੇ ਦੌਰਾਨ ਬੱਚਿਆਂ ਨੇ ਆਪਣੀ ਕਲਾ ਦੇ ਵੱਖ-ਵੱਖ ਰੰਗ ਪੇਸ਼ ਕੀਤੇ। ਇਸ ਮੌਕੇ ਪ੍ਰਿਯੰਕਾ ਸ਼ਰਮਾ ਅਤੇ ਪੂਜਾ ਅਗਰਵਾਲ ਨੇ ਜੱਜਾਂ ਦੀ ਭੂਮਿਕਾ ਨਿਭਾਉਂਦਿਆਂ ਬੱਚਿਆਂ ਦੀ ਕਲਾ ਦਾ ਮੁਲਾਂਕਣ ਕੀਤਾ। ਪਰਿਸ਼ਦ ਵੱਲੋਂ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਜੇਤੂ ਬੱਚਿਆਂ ਨੂੰ ਮੋਮੈਂਟੋ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ?ਇਸ ਪ੍ਰੋਗਰਾਮ ਦੌਰਾਨ ਪਰਿਸ਼ਦ ਦੇ ਅਹੁਦੇਦਾਰ ਨਿਤਿਨ ਜਿੰਦਲ, ਉਪੇਸ਼ ਬੰਸਲ, ਅਸ਼ਵਨੀ ਸ਼ਰਮਾ, ਡਾ. ਬਰਖਾ ਰਾਮ ਅਤੇ ਜੈ ਪ੍ਰਕਾਸ਼ ਸਮੇਤ ਹੋਰ ਸ਼ਖ਼ਸੀਅਤਾਂ ਵੀ ਹਾਜ਼ਰ ਸਨ।


# ਪੰਜ ਰੋਜ਼ਾ 'ਆਰੰਭ 2026' ਪ੍ਰੋਗਰਾਮ ਦਾ ਸਮਾਪਨ

ਜਲੰਧਰ (ਸ਼ੈਲੀ ਐਲਬਰਟ) ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਆਪਣੇ ਸ਼ਾਹਪੁਰ ਅਤੇ ਮਕਸੂਦਾਂ ਕੈਂਪਸਾਂ ਵਿੱਚ ਪੰਜ ਰੋਜ਼ਾ ਮੈਗਾ ਇੰਡਕਸ਼ਨ ਪ੍ਰੋਗਰਾਮ 'ਆਰੰਭ 2026' ਦਾ ਸਫਲਤਾਪੂਰਵਕ ਸਮਾਪਨ ਕੀਤਾ। ਇਸ ਵਿੱਚ 5,000 ਤੋਂ ਵੱਧ ਨਵੇਂ




ਵਿਦਿਆਰਥੀਆਂ ਦਾ ਸਵਾਗਤ ਕੀਤਾ ਗਿਆ।ਆਰੰਭ 2026 ਨੂੰ ਕਾਲਜ ਜੀਵਨ ਦੀ ਜੀਵੰਤ ਜਾਣ-ਪਛਾਣ ਵਜੋਂ ਤਿਆਰ ਕੀਤਾ ਗਿਆ ਸੀ। ਇਸ ਵਿੱਚ ਮਨੋਰੰਜਨ, ਉਦਯੋਗਿਕ ਐਕਸਪੋਜ਼ਰ, ਕੈਰੀਅਰ ਗਾਈਡੈਂਸ, ਇਨੋਵੇਸ਼ਨ, ਲੀਡਰਸ਼ਿਪ ਇੰਟਰੈਕਸ਼ਨ, ਸੱਭਿਆਚਾਰਕ ਗਤੀਵਿਧੀਆਂ ਅਤੇ ਵਿਦਿਆਰਥੀਆਂ ਦੀ ਭਾਗੀਦਾਰੀ ਸ਼ਾਮਲ ਸੀ, ਜਿਸ ਵਿੱਚ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ 'ਤੇ ਖਾਸ ਧਿਆਨ ਦਿੱਤਾ ਗਿਆ। ਪ੍ਰੋਗਰਾਮ ਵਿੱਚ ਮਸ਼ਹੂਰ ਗਾਇਕਾਂ ਤੇ ਲਾਈਵ ਬੈਂਡਾਂ ਦੀਆਂ ਪੇਸ਼ਕਾਰੀਆਂ, ਫਿਲਮੀ ਸਿਤਾਰਿਆਂ ਨਾਲ ਮੁਲਾਕਾਤਾਂ, ਸੱਭਿਆਚਾਰਕ ਪ੍ਰਦਰਸ਼ਨ, ਵਰਕਸ਼ਾਪਾਂ, ਪ੍ਰੇਰਨਾਦਾਇਕ ਸੈਸ਼ਨ ਅਤੇ ਹੱਥ-ਅਨੁਭਵ ਸ਼ਾਮਲ ਰਹੇ। ਵਿਦਿਆਰਥੀਆਂ ਨੂੰ ਸੰਸਥਾ ਦੇ ਅਕਾਦਮਿਕ ਢਾਂਚੇ, ਨਿਯਮਾਂ, ਪਲੇਸਮੈਂਟ ਸਹਾਇਤਾ, ਕੈਰੀਅਰ ਮੌਕਿਆਂ, ਕਲੱਬਾਂ-ਸੋਸਾਇਟੀਆਂ ਅਤੇ ਵਿਅਕਤੀਤਵ ਵਿਕਾਸ ਦੇ ਮੌਕਿਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਰੈਡ ਰੌਬ ਏਆਈ, ਐਡੋਬੀ ਅਤੇ ਨਾਸਕੋਮ ਵਰਗੀਆਂ ਸੰਸਥਾਵਾਂ ਦੇ ਮਾਹਿਰਾਂ ਵੱਲੋਂ ਵਰਕਸ਼ਾਪਾਂ ਲਗਾਈਆਂ ਗਈਆਂ। ਐੱਨ ਐੱਸ ਐੱਸ ਜਾਗਰੂਕਤਾ ਸੈਸ਼ਨ ਰਾਹੀਂ ਵਿਦਿਆਰਥੀਆਂ ਨੂੰ ਸਮਾਜਿਕ ਜ਼ਿੰਮੇਵਾਰੀ ਵੱਲ ਸੰਵੇਦਨਸ਼ੀਲ ਬਣਾਇਆ ਗਿਆ। ਰਾਕੇਟ ਮਾਡਲਿੰਗ ਵਰਕਸ਼ਾਪ ਅਤੇ ਲਾਈਵ ਰਾਕੇਟ ਲਾਂਚ ਪ੍ਰੋਗਰਾਮ ਦਾ ਮੁੱਖ ਆਕਰਸ਼ਣ ਰਿਹਾ।ਤੀਜੇ ਦਿਨ ਕੈਰੀਅਰ ਤਿਆਰੀ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ।ਚੌਥੇ ਦਿਨ ਪ੍ਰੋ. (ਡਾ.) ਮਨਬੀਰ ਸਿੰਘ (ਮੈਨੇਜਿੰਗ ਡਾਇਰੈਕਟਰ) ਅਤੇ ਚਰਨਜੀਤ ਸਿੰਘ ਚੰਨੀ (ਚੇਅਰਮੈਨ) ਨਾਲ ਵਿਦਿਆਰਥੀਆਂ ਦੀ ਸਿੱਧੀ ਗੱਲਬਾਤ ਹੋਈ। ਸੱਭਿਆਚਾਰਕ ਅਤੇ ਸੰਗੀਤਕ ਪੇਸ਼ਕਾਰੀਆਂ ਨੇ ਦਿਨ ਨੂੰ ਹੋਰ ਰੰਗੀਨ ਬਣਾਇਆ।ਆਖਰੀ ਦਿਨ ਫਰਾਂਸਿਸ ਆਨ ਦੀ ਲਾਈਵ ਮਿਊਜ਼ੀਕਲ ਪੇਸ਼ਕਾਰੀ ਅਤੇ ਓਪਨ ਡੀਜੇ ਸੈਸ਼ਨ ਨਾਲ ਆਰੰਭ 2026 ਦਾ ਸਮਾਪਨ ਹੋਇਆ। ਪ੍ਰੋਗਰਾਮ ਦੌਰਾਨ ਡਾ. ਜਯਸ਼ੀਸ਼ ਸੇਠੀ, ਡਾ. ਅਨੁਰਾਗ ਸ਼ਰਮਾ, ਡਾ. ਸੰਗਰਾਮ ਸਿੰਘ, ਡਾ. ਨਿੱਤਨ ਅਰੋੜਾ ਅਤੇ ਡਾ. ਅਰਜਨ ਸਿੰਘ ਨੇ ਵਿਦਿਆਰਥੀਆਂ ਦੀ ਅਗਵਾਈ ਕੀਤੀ। ਭੰਗੜਾ, ਗਿੱਧਾ, ਥੀਏਟਰ, ਲਿਟਰੇਰੀ ਅਤੇ ਮਿਊਜ਼ੀਕਲ ਸੋਸਾਇਟੀਜ਼ ਦੀਆਂ ਪੇਸ਼ਕਾਰੀਆਂ ਨੇ ਕੈਂਪਸ ਦੀ ਸੱਭਿਆਚਾਰਕ ਵਿਭਿੰਨਤਾ ਨੂੰ ਉਜਾਗਰ ਕੀਤਾ।


## ਅਧਿਆਪਕ ਅਮਨਦੀਪ ਸਿੰਘ ਖਹਿਰਾ ਪੀ ਐੱਚ ਡੀ ਕਰਕੇ ਬਣੇ ਡਾਕਟਰ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸਰੀਰਕ ਸਿੱਖਿਆ ਵਿਭਾਗ ਦੇ ਖੋਜਾਰਥੀ ਅਮਨਦੀਪ ਸਿੰਘ ਖਹਿਰਾ ਨੇ ਡਾਕਟਰ ਆਫ਼ ਫਿਲਾਸਫੀ (ਪੀ ਐੱਚ ਡੀ ) ਦੀ ਡਿਗਰੀ ਹਾਸਿਲ ਕੀਤੀ ਹੈ। ਡਾ. ਅਮਨਦੀਪ ਸਿੰਘ ਖਹਿਰਾ ਨੇ ਆਪਣਾ ਖੋਜ ਕਾਰਜ ਸਰੀਰਕ ਸਿੱਖਿਆ ਵਿਭਾਗ ਦੇ ਅਧੀਨ ਆਪਣੀ ਹੀ ਖੇਡ ਕੈਕਿੰਗ ਕਨੋਇੰਗ ਨੂੰ ਭਾਰਤ ਵਿੱਚ ਵਿਕਸਤ ਕਰਨ ਲਈ ਸਫ਼ਲਤਾਪੂਰਵਕ ਕੰਮ ਪੂਰਾ ਕੀਤਾ ਹੈ। ਇਹ ਖੋਜ ਕਾਰਜ ਡਾ.ਪ੍ਰੋਫੈਸਰ ਅਮਨਦੀਪ ਸਿੰਘ, ਡਾ.ਸੁਖਦੇਵ ਸਿੰਘ, ਡਾ.ਬਲਜਿੰਦਰ ਸਿੰਘ ਬੱਲ, ਡਾ ਗੁਰਪ੍ਰੀਤ ਸਿੰਘ ਦੀ ਯੋਗ ਅਤੇ ਕੁਸ਼ਲ ਅਗਵਾਈ ਹੇਠ ਸੰਪੂਰਨ ਹੋਇਆ।ਖੋਜ ਮੁਲਾਂਕਣ ਕਮੇਟੀ ਅਤੇ ਖੇਡ ਵਿਗਿਆਨ ਦੇ ਵਿਸ਼ੇਸ਼ਗਾਂ ਵੱਲੋਂ ਕੀਤੀ ਗਈ ਮਾਹਰਾਂ ਅਨੁਸਾਰ, ਇਹ ਖੋਜ ਸਰੀਰਕ ਸਿੱਖਿਆ ਅਤੇ ਖੇਡ ਖੇਤਰ ਵਿੱਚ ਇੱਕ ਅਹਿਮ ਅਤੇ ਵਡਮੁੱਲਾ ਯੋਗਦਾਨ ਸਾਬਤ ਹੋਵੇਗੀ। ਇਸ ਖੋਜ ਨਾਲ ਕੈਕਿੰਗ ਕਨੋਇੰਗ ਦੇ ਖਿਡਾਰੀਆਂ ਦੀ ਫਿਟਨੈੱਸ ਖੇਡ ਪ੍ਰਦਰਸ਼ਨ ਵਧੀਆ ਹਵੇਗਾ ਸਰੀਰਕ ਸਿੱਖਿਆ ਦੇ ਨਵੇਂ ਪਹਿਲੂਆਂ ਨੂੰ ਸਮਝਣ ਵਿੱਚ ਵੱਡੀ ਮਦਦ ਮਿਲੇਗੀ। ਇਸ ਖੋਜ ਲਈ ਏਸ਼ੀਅਨ ਕੈਨੋ ਫੈਡਰੇਸ਼ਨ ਦੇ ਪ੍ਰਧਾਨ ਸ੍ਰੀ ਪ੍ਰਸ਼ਾਂਤ ਖੁਸ਼ਵਾ ਨੇ ਸ਼ਲਾਘਾ ਕੀਤੀ ਅਤੇ ਇਸ ਖੋਜ ਨੂੰ ਰਾਸ਼ਟਰੀ ਪੱਧਰ ਤੇ ਲਾਗੂ ਕਰਨ ਲਈ ਹਾਮੀ ਭਰੀ।

## ਬੇਗਮਪੁਰੇ ਦਾ ਸੰਕਲਪ' ਯਾਤਰਾ ਦਾ 15 ਨੂੰ ਹੋਵੇਗਾ ਸੰਗਤਾਂ ਵੱਲੋਂ ਸਵਾਗਤ

ਹੁਸ਼ਿਆਰਪੁਰ (ਓ ਪੀ ਰਾਣਾ)- ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 'ਪਰਾਧੀਨਤਾ ਦਾ ਅੰਤ ਅਤੇ ਬੇਗਮਪੁਰੇ ਦਾ ਸੰਕਲਪ' ਗੁਰੂ ਰਵਿਦਾਸ ਸਨਮਾਨ ਯਾਤਰਾ 15 ਅਗਸਤ ਨੂੰ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਅਤੇ ਸ਼ਾਮ ਚੁਰਾਸੀ ਪਹੁੰਚੇਗੀ ਜਿਥੇ ਹੁਸ਼ਿਆਰਪੁਰ ਦੀਆਂ ਸੰਗਤਾਂ ਵਲੋਂ ਯਾਤਰਾ ਦਾ ਭਰਵਾਂ ਅਤੇ ਨਿੱਘਾ ਸਵਾਗਤ ਕੀਤਾ ਜਾਵੇਗਾ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਬਹੁਜਨ ਸਮਾਜ ਪਾਰਟੀ ਦੀ ਮੀਟਿੰਗ ਦੌਰਾਨ ਲੋਕ ਸਭਾ ਹੁਸ਼ਿਆਰਪੁਰ ਦੇ



ਇੰਚਾਰਜ ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ ਪੰਜਾਬ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਸਾਬਕਾ ਰਾਜ ਸਭਾ ਮੈਂਬਰ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਹੇਠ 10 ਅਗਸਤ ਨੂੰ ਇਤਿਹਾਸਕ ਸ੍ਰੀ ਗੁਰੂ ਰਵਿਦਾਸ ਮੰਦਿਰ ਤੁਗਲਕਾਬਾਦ ਦਿੱਲੀ ਤੋਂ ਸ਼ੁਰੂ ਹੋਣ ਵਾਲੀ 'ਪ੍ਰਾਧੀਨਤਾ ਦਾ ਅੰਤ ਬੇਗਮਪੁਰੇ ਦਾ ਸੰਕਲਪ' ਯਾਤਰਾ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਤੋਂ ਹੁੰਦੀ ਹੋਈ 15 ਅਗਸਤ ਨੂੰ ਹੁਸ਼ਿਆਰਪੁਰ ਪਹੁੰਚੇਗੀ। ਉਨ੍ਹਾਂ ਕਿਹਾ ਮੀਟਿੰਗ ਦੌਰਾਨ ਯਾਤਰਾ ਦੇ ਰੂਟ, ਸਵਾਗਤੀ ਪੁਆਇੰਟਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਪਾਰਟੀ ਆਗੂਆਂ ਤੇ ਵਰਕਰਾਂ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਇਸ ਮੌਕੇ ਜੋਨ ਇੰਚਾਰਜ ਪੰਜਾਬ ਗੁਰਨਾਮ ਚੌਧਰੀ, ਮਨਿੰਦਰ ਸਿੰਘ ਸ਼ੇਰਪੁਰੀ ਸਕੱਤਰ ਪੰਜਾਬ, ਸੁਖਦੇਵ ਬਿੱਟਾ ਸਕੱਤਰ ਪੰਜਾਬ, ਸੋਮ ਨਾਥ ਬੈਂਸ, ਮਦਨ ਸਿੰਘ ਬੈਂਸ, ਜਗਮੋਹਨ ਸੱਜਣਾਂ, ਨਿਸ਼ਾਨ ਚੌਧਰੀ ਅਤੇ ਜ਼ਿਲੇ ਦੀ ਜਿੰਮੇਵਾਰ ਲੀਡਰਸ਼ਿਪ ਹਾਜ਼ਰ ਸੀ ।

# ਗੁਰੂ ਕੇ ਵਜ਼ੀਰ ਚੜ੍ਹਦੀਕਲਾ ਸੇਵਾ ਸੁਸਾਇਟੀ ਲਗਾਤਾਰ ਆਪਣੀਆਂ ਸੇਵਾਵਾਂ ਨਿਭਾ ਰਹੀ : ਮਾਨ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)- ਨਵਾਂ ਜ਼ਮਾਨਾ ਦੇ ਭੋਗਪੁਰ ਤੋਂ ਪੱਤਰਕਾਰ ਗੁਰਪ੍ਰੀਤ ਸਿੰਘ ਭੋਗਲ ਨਾਲ ਗੱਲਬਾਤ ਕਰਦਿਆ ਗੁਰੂ ਕੇ ਵਜ਼ੀਰ ਚੜ੍ਹਦੀਕਲਾ ਸੇਵਾ ਸੋਸਾਇਟੀ ਦੇ ਮੁੱਖ ਸੇਵਾਦਾਰ ਅਮਨਪ੍ਰੀਤ ਸਿੰਘ ਮਾਨ ਨੇ ਦੱਸਿਆ ਕਿ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਦੇ ਨਾਲ, ਮਹਾਪੁਰਖਾਂ ਦੀ ਅਸੀਸ, ਤੇ ਸ਼ਹੀਦ ਸਿੰਘਾਂ ਦੀ ਮਿਹਰ ਦੇ ਨਾਲ ਤੇ ਸੰਗਤ ਦੇ ਅਥਾਹ ਸਹਿਯੋਗ ਦੇ ਨਾਲ ਸਾਡੀ ਸੇਵਾ ਸੋਸਾਇਟੀ 2022 ਤੋਂ ਲਗਾਤਾਰ ਹਰ ਮਹੀਨੇ ਭੋਗਪੁਰ ਦੇ ਉਨ੍ਹਾਂ ਗੁਰੂ ਘਰਾਂ ਦੇ ਗ੍ਰੰਥੀ ਸਿੰਘਾਂ ਨੂੰ ਲਗਾਤਾਰ ਸਹਿਯੋਗ ਕਰ ਰਹੇ ਹਾਂ ਜਿਨ੍ਹਾਂ ਗੁਰੂ ਘਰਾਂ ਵਿਚ ਪ੍ਰਬੰਧਕ ਕਮੇਟੀਆਂ ਗ੍ਰੰਥੀ ਸਿੰਘਾਂ ਨੂੰ ਘੱਟ ਤਨਖਾਹ ਦਿੰਦੇ ਹਨ। ਸੇਵਾ ਸੋਸਾਇਟੀ ਦਾ ਮੁੱਖ ਮੰਤਵ ਇਹੀ ਹੈ ਕੀ ਸਾਡੇ ਗ੍ਰੰਥੀ ਸਿੰਘ ਵੀ ਆਰਥਿਕ ਤੌਰ ਤੇ ਮਜਬੂਤ ਹੋਣ ਕਿਉਕਿ ਮਹਿਜ 6 ਹਜ਼ਾਰ ਤੋਂ 8 ਹਜ਼ਾਰ ਮਹੀਨੇ ਵਿੱਚ ਗ੍ਰੰਥੀ ਸਿੰਘਾਂ ਦੇ ਪਰਵਾਰਾਂ ਦਾ ਘਰ ਨਹੀਂ ਚਲਦਾ, ਜਦੋ 2022 ਵਿਚ ਮਾਨ ਸਿੰਘ ਨੇ ਕਮੇਟੀਆਂ ਨਾਲ ਗੱਲਬਾਤ ਕੀਤੀ ਸੀ ਕਿ ਗ੍ਰੰਥੀ ਸਿੰਘਾਂ ਦੀ ਤਨਖਾਹ ਵਿਚ ਵਾਧਾ ਕੀਤਾ ਜਾਵੇ ਤਾ ਕੁਜ ਮੈਂਬਰਾਂ ਨੇ ਤਨਖਾਹ ਵਧਾਉਣ ਤੋਂ ਸਾਫ ਇਨਕਾਰ ਕਰਤਾ ਸੀ ਕਿ ਸਾਡੇ ਕੋਲ ਆਮਦਨ ਦੀ ਕਮੀ ਹੈ। ਅਮਨਪ੍ਰੀਤ ਸਿੰਘ ਮਾਨ ਵੀ 2017 ਵਿੱਚ ਗ੍ਰੰਥੀ ਸਿੰਘ ਦੀ ਡਿਊਟੀ ਮਹਿਜ 4000ਰੁ ਮਹੀਨੇ ਤਨਖਾਹ ਤੇ



ਕਰਦੇ ਰਹੇ ਸਨ, ਇਸੇ ਕਰਕੇ ਇਸ ਸੇਵਾ ਸੋਸਾਇਟੀ ਦਾ ਗਠਨ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਹਰ ਮਹੀਨੇ ਗੁਰੂਦਵਾਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰੂ ਘਰ ਦੇ ਗ੍ਰੰਥੀ ਸਿੰਘ ਜੀ ਨੂੰ 2100 ਰੁ ਮਹੀਨਾ, ਗੁਰੁਦੁਆਰਾ ਸੁਖ ਸਾਗਰ ਸਾਹਿਬ ਰੂਪ ਨਗਰ ਭੋਗਪੁਰ ਦੇ ਗ੍ਰੰਥੀ ਸਿੰਘ ਜੀ ਨੂੰ 3100ਰੁ ਮਹੀਨਾ, ਗੁਰੂਦੁਆਰਾ ਯਾਦਗਾਰ ਗੁਰੂ ਤੇਗ ਬਹਾਦਰ ਜੀ ਆਦਰਸ਼ ਨਗਰ ਭੋਗਪੁਰ ਅਤੇ ਗੁਰੂਦੁਆਰਾ ਰਾਮਗੜ੍ਹੀਆ ਸਾਹਿਬ ਦੇ ਗ੍ਰੰਥੀ ਸਿੰਘਾਂ ਨੂੰ 4100, 4100 ਰੁ ਮਹੀਨਾ,ਅਤੇ ਗੁਰੂਦੁਆਰਾ ਸ੍ਰੀ ਅਕਾਲ ਗੜ੍ਹ ਸਾਹਿਬ ਦੇ ਗ੍ਰੰਥੀ ਸਿੰਘ ਨੂੰ 5100 ਰੁ ਮਹੀਨਾ, ਸੇਵਾ ਸੋਸਾਇਟੀ ਵਲੋਂ ਹਰ ਮਹੀਨੇ ਨਿਰਵਿਘਨਤਾ ਸਹਿਤ ਸੇਵਾ ਦਿੱਤੀ ਜਾਂਦੀ ਹੈ, ਅਤੇ ਆਉਣ ਵਾਲੇ ਮਹੀਨਿਆਂ ਵਿਚ ਹੋਰ ਵੀ ਗ੍ਰੰਥੀ ਸਿੰਘਾਂ ਨੂੰ ਇਸ ਸੇਵਾ ਸੋਸਾਇਟੀ ਨਾਲ ਜੋੜਣ ਦਾ ਉਪਰਾਲਾ ਕਰਦੇ ਰਹਾਂਗੇ।

## ਕਿਸਾਨ ਆਈ ਡੀ ਕਾਰਡ ਸੰਬੰਧੀ ਜਾਗਰੂਕਤਾ ਕੈਂਪ ਲਗਾਇਆ

ਦਸੂਹਾ (ਕਰਨੈਲ ਮਾਂਗਟ)- ਡਾ. ਦਪਿੰਦਰ ਸਿੰਘ ਸੰਧੂ ਮੁੱਖ ਖੇਤੀਬਾੜੀ ਅਫ਼ਸਰ ਹੁਸ਼ਿਆਰਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਡਾ. ਅਵਤਾਰ ਸਿੰਘ ਨਰ ਖੇਤੀਬਾੜੀ ਅਫ਼ਸਰ ਦਸੂਹਾ ਦੀ ਅਗਵਾਈ ਹੇਠ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਦਸੂਹਾ ਵੱਲੋਂ ਪਿੰਡ ਲਮੀਨ ਵਿਖੇ



ਐਗਰੀਸਟੈਕ (ਕਿਸਾਨ ਆਈ ਡੀ) ਸੰਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਕਿਸਾਨ ਆਈ ਡੀ ਬਣਾਉਣ ਲਈ ਪ੍ਰੇਰਿਤ ਕਰਨਾ ਅਤੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਬਾਰੇ ਜਾਣੂ ਕਰਵਾਉਣਾ ਸੀ। ਇਸ ਕੈਂਪ ਵਿੱਚ ਖੇਤੀਬਾੜੀ ਵਿਕਾਸ ਅਫ਼ਸਰ ਕਾਜਲ ਅਤੇ ਖੇਤੀਬਾੜੀ ਵਿਸਥਾਰ ਅਫ਼ਸਰ ਮੀਨੂ ਮੀਨਾਕਸ਼ੀ ਹਾਜ਼ਰ ਸਨ। ਦੋਵਾਂ ਅਫ਼ਸਰ ਸਾਹਿਬਾਨ ਵੱਲੋਂ ਕਿਸਾਨਾਂ ਨੂੰ ਐਗਰੀਸਟੈਕ (ਕਿਸਾਨ ਆਈ.ਡੀ.) ਬਣਾਉਣ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ, ਸੀ ਡੀ ਪੀ , ਆਤਮ ਨਿਰਭਰ ਭਾਰਤ ਇਨ ਪਲਸਿਜ਼, ਐੱਨ ਐੱਮ ਈ ਓ-ਓ.ਐਸ. ਅਤੇ ਐੱਨ ਐੱਮ ਐੱਨ ਐੱਫ ਸਕੀਮਾਂ ਦੇ ਉਦੇਸ਼, ਲਾਭ ਅਤੇ ਯੋਗਤਾ ਬਾਰੇ ਵੀ ਜਾਣੂ ਕਰਵਾਇਆ ਗਿਆ। ਅਧਿਕਾਰੀਆਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਕਿਸਾਨ ਆਈ ਡੀ ਜ਼ਰੂਰ ਬਣਵਾਉਣ ਤਾਂ ਜੋ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਦਾ ਲਾਭ ਸਮੇਂ ਸਿਰ ਪ੍ਰਾਪਤ ਕੀਤਾ ਜਾ ਸਕੇ। ਕੈਂਪ ਵਿੱਚ ਪਿੰਡ ਦੇ ਨੰਬਰਦਾਰ ਭੁੱਲਾ ਰਾਮ ਤੇਜੀ , ਪੰਚਾਇਤ ਨੁਮਾਇੰਦਿਆਂ ਅਤੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਮੌਕੇ 'ਤੇ ਹੀ ਕਿਸਾਨਾਂ ਦੀਆਂ ਕਿਸਾਨ ਆਈ ਡੀ ਬਣਾਈਆਂ ਗਈਆਂ ਅਤੇ ਕਿਸਾਨਾਂ ਨੂੰ ਐਗਰੀਸਟੈਕ ਨਾਲ ਜੁੜਨ ਦੇ ਲਾਭਾਂ ਬਾਰੇ ਜਾਗਰੂਕ ਕੀਤਾ ਗਿਆ। ਹਾਜ਼ਰ ਕਿਸਾਨਾਂ ਨੇ ਵਿਭਾਗ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਅਜਿਹੇ ਜਾਗਰੂਕਤਾ ਕੈਂਪਾਂ ਨੂੰ ਸਮੇਂ ਦੀ ਲੋੜ ਦੱਸਿਆ।

# ਬੀਬੀ ਰਾਜਵਿੰਦਰ ਕੌਰ ਗਰੇਵਾਲ ਨੂੰ ਸ਼ਰਧਾਂਜਲੀਆਂ

ਆਦਮਪੁਰ (ਪਰਮਜੀਤ ਸਿੰਘ)- ਸ਼੍ਰੋਮਣੀ ਢਾਡੀ, ਸੱਚਖੰਡ ਵਾਸੀ ਗਿਆਨੀ ਦਇਆ ਸਿੰਘ ਦਿਲਬਰ ਸਾਬ ਦੇ ਸ਼ਾਗਿਰਦ ਇੰਟਰਨੈਸ਼ਨਲ ਪੰਥਕ ਢਾਡੀ ਗਿਆਨੀ ਸੁਖਵਿੰਦਰ ਸਿੰਘ ਗਰੇਵਾਲ ਯੂ ਐੱਸ ਏ ਦੀ ਧਰਮਪਤਨੀ (ਸੱਚਖੰਡ ਵਾਸੀ ਬੀਬਾ ਰਾਜਵਿੰਦਰ ਕੌਰ ਗਰੇਵਾਲ) ਯੂ ਐੱਸ ਏ ਜੋ ਪਿੱਛਲੇ ਦਿਨੀ ਸਦੀਵੀ ਵਿਛੋੜਾ ਦੇ ਗਏ ਹਨ ਉਹਨਾ ਦੀ ਅੰਤਿਮ ਅਰਦਾਸ ਸਮੇ ਸ੍ਰੀ ਸਹਿਜ ਪਾਠ ਦੇ ਭੋਗ



ਪੈਣ ਉਪਰੰਤ ਰਾਗੀ ਜਥਾ ਭਾਈ ਸਾਹਿਬ ਭਾਈ ਰਵਿੰਦਰ ਸਿੰਘ ਮੁੰਬਈ ਵਾਲਿਆ ਵਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਢਾਡੀ ਗਿਆਨੀ ਬਚਿੱਤਰ ਸਿੰਘ, ਢਾਡੀ ਗਿਆਨੀ ਸੁਰਜੀਤ ਸਿੰਘ ਉਦੇਸੀਆ, ਇੰਟਰਨੈਸ਼ਨਲ ਸਾਰੰਗੀ ਮਾਸਟਰ ਦਲਜੀਤ ਸਿੰਘ ਕਾਉਂਕੇ, ਇੰਟਰਨੈਸ਼ਨਲ ਸਾਰੰਗੀ ਮਾਸਟਰ ਦਲਜਿੰਦਰ ਸਿੰਘ ਪਾਸਲਾ, ਢਾਡੀ ਗਿਆਨੀ ਕੁਲਵਿੰਦਰ ਸਿੰਘ ਰਾਂਗੜਾ, ਢਾਡੀ ਗਿਆਨੀ ਕਮਲਜੀਤ ਸਿੰਘ ਬੋਪਾਰਾਏ ਖੁਰਦਪੁਰ ਵਾਲੇ,ਸਮਾਜ ਸੇਵਕ ਸੋਸਾਇਟੀ ਦੇ ਮੁੱਖ ਸੇਵਾਦਾਰ ਸ੍ਰ:ਗੁਰਪ੍ਰੀਤ ਸਿੰਘ ਗੋਪੀ, ਢਾਡੀ ਗਿਆਨੀ ਦਲਜੀਤ ਸਿੰਘ ਮੋਰਾਂਵਾਲੀ, ਢਾਡੀ ਗਿਆਨੀ ਸੁਰਜੀਤ ਸਿੰਘ ਵਾਰਿਸ, ਢਾਡੀ ਗਿਆਨੀ ਤਰਲੋਚਨ ਸਿੰਘ ਸਲੇਮਪੁਰ, ਢਾਡੀ ਗਿਆਨੀ ਜਸਵੰਤ ਸਿੰਘ ਜੋਸ਼, ਢਾਡੀ ਗਿਆਨੀ ਅਵਤਾਰ ਸਿੰਘ ਔਜਲਾ, ਢਾਡੀ ਗਿਆਨੀ ਮੁਖਤਿਆਰ ਸਿੰਘ ਔਜਲਾ, ਢਾਡੀ ਗਿਆਨੀ ਗੁਰਪ੍ਰਤਾਪ ਸਿੰਘ ਰਾਣਾ, ਢਾਡੀ ਗਿਆਨੀ ਰਛਪਾਲ ਸਿੰਘ ਪਾਸਲਾ, ਢਾਡੀ ਗਿਆਨੀ ਹਰਜੀਤ ਸਿੰਘ ਸੋਹਲਪੁਰ,ਢਾਡੀ ਜੱਥਾ ਗਿਆਨੀ ਜਸਪਾਲ ਸਿੰਘ ਜੀ ਪਤਾਰਾ, ਢਾਡੀ ਗਿਆਨੀ ਰਣਜੀਤ ਸਿੰਘ ਚੌਹਕਾ ਅਤੇ ਢਾਡੀ ਗਿਆਨੀ ਜਸਵਿੰਦਰ ਸਿੰਘ ਬਾਗੀ ਵਲੋਂ ਸ਼ੋਕ ਸੰਦੇਸ਼ ਆਇਆ।

## ਨਰਾਤਿਆਂ ਦੇ ਮੌਕੇ ਵਿਸ਼ਾਲ ਝੰਡਾ ਫੇਰੀ ਕਰਵਾਈ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਪੰਡੋਰੀ ਕੱਦ ਵਿਖੇ ਮਾਂ ਚਿੰਤਪੁਨੀ ਮੰਦਰ ਦੇ ਅਸਥਾਨ ਤੋਂ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਸਾਉਣ ਦੇ ਨਰਾਤਿਆਂ ਮੌਕੇ ਵਿਸ਼ਾਲ ਝੰਡਾ ਫੇਰੀ



ਆਯੋਜਿਤ ਕੀਤੀ ਗਈ। ਇਸ ਮੌਕੇ ਮੰਦਰ ਦੇ ਪ੍ਰਧਾਨ ਇੰਦਰਜੀਤ ਸਿੰਘ ਮਾਡਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਉਣ ਦੇ ਮਹੀਨੇ ਨਰਾਤਿਆਂ ਮੌਕੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਝੰਡਾ ਫੇਰੀ ਆਰੰਭ ਕੀਤੀ ਗਈ ਜੋ ਕਿ ਵੱਖ-ਵੱਖ ਮਹੱਲਿਆਂ ਤੋਂ ਹੁੰਦੀ ਹੋਈ ਸਮਾਪਤੀ ਹੋਈ। ਉਨ੍ਹਾਂ ਦੱਸਿਆ ਕਿ ਇਸ ਵਿਸ਼ਾਲ ਝੰਡਾ ਫੇਰੀ ਦੌਰਾਨ ਮਾਂ ਦੁਰਗਾ ਭਜਨ ਮੰਡਲੀ ਵਲੋਂ ਮਹਾਮਾਈ ਦੇ ਗੁਣ ਗਾਇਨ ਕੀਤੇ। ਉਨ੍ਹਾਂ ਦੱਸਿਆ ਕਿ 20 ਅਗਸਤ ਨੂੰ ਮਾਂ ਚਿੰਤਪੁਰਨੀ ਮੰਦਰ ਵਿਖੇ ਵਿਸ਼ਾਲ ਲੰਗਰ ਭੰਡਾਰਾ ਲਗਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ 20 ਅਗਸਤ ਨੂੰ ਸਲਾਨਾ ਵਿਸ਼ਾਲ ਲੰਗਰ ਭੰਡਾਰੇ ਦੌਰਾਨ ਸਭ ਤੋਂ ਮਾਤਾ ਜੀ ਦੀ ਪੂਜਾ ਅਰਚਨਾ ਕੀਤੀ ਜਾਵੇਗੀ। ਉਪਰੰਤ ਕੰਜਕਾਂ ਦੀ ਪੂਜਾ ਅਰਚਨਾ ਕੀਤੀ ਜਾਵੇਗੀ ਅਤੇ ਲੰਗਰ ਭੰਡਾਰਾ ਵਰਤਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਇੰਦਰਜੀਤ ਸਿੰਘ ਮਾਡਲਾਂ, ਪੰਡਤ ਸੁਭਾਸ਼ ਸ਼ਰਮਾ,ਸਰਬਜੀਤ ਮਾਡਲਾਂ, ਕੁਲਵਿੰਦਰ ਸਿੰਘ ਭੋਗਲ, ਜਗਰੂਪ ਸਿੰਘ, ਕੁਲਵਿੰਦਰ ਸਿੰਘ ਤੰਬੜ, ਪਰਮਜੀਤ ਪੰਮਾ, ਅਜੇ ਕੁਮਾਰ, ਮਨਦੀਪ ਕੁਮਾਰ, ਇੰਦਰਜੀਤ ਸਿੰਘ ਫੋਰਮੈਨ, ਦਿਆਲ ਸਿੰਘ ਧੀਮਾਨ, ਵਿਨੋਦ ਕਾਲੀਆਂ, ਇੰਦਰਜੀਤ ਸਿੰਘ ਬਿੱਟੂ, ਤਰਲੋਚਨ ਸਿੰਘ ਕਾਲਾ ਪਾਬਲਾ, ਰਗਵੀਰ ਸਿੰਘ ਪਾਬਲਾ, ਮਾਤਾ ਰਾਮ ਪਿਆਰੀ ਆਦਿ ਹਾਜ਼ਰ ਸਨ।

# ਆਜ਼ਾਦੀ ਦਿਵਸ ਸਮਾਗਮ ਲਈ ਤਨਦੇਹੀ ਨਾਲ ਜ਼ਿੰਮੇਵਾਰੀ ਨਿਭਾਉਣ ਅਧਿਕਾਰੀ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਜ਼ਾਦੀ ਦਿਵਸ ਮੌਕੇ ਸਥਾਨਕ ਪੁਲਸ ਲਾਈਨ ਗਰਾਊਂਡ ਵਿੱਚ ਹੋਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਾਕੇਸ਼ ਕੁਮਾਰ ਮੀਣਾ ਨੇ ਸਾਰੇ ਅਧਿਕਾਰੀਆਂ ਨੂੰ ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਆਪਣੀਆਂ ਡਿਊਟੀਆਂ ਨਿਭਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਸੌਂਪੀਆਂ ਗਈਆਂ ਡਿਊਟੀਆਂ ਨੂੰ ਪੂਰੀ ਗੰਭੀਰਤਾ ਨਾਲ ਨਿਭਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਆਜ਼ਾਦੀ ਦਿਵਸ ਸਮਾਗਮ ਲਈ ਪੁਲਸ ਲਾਈਨ ਗਰਾਊਂਡ ਵਿੱਚ ਕੀਤੇ ਜਾਣ ਵਾਲੇ ਪ੍ਰਬੰਧਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਰਹਿਣੀ ਚਾਹੀਦੀ। ਇਸ ਦੌਰਾਨ ਉਨ੍ਹਾਂ ਵੱਖ-ਵੱਖ ਵਿਭਾਗਾਂ ਵੱਲੋਂ ਕੱਢੀਆਂ ਜਾਣ ਵਾਲੀਆਂ ਝਾਕੀਆਂ, ਬੈਰੀਕੇਡਿੰਗ, ਪਾਰਕਿੰਗ, ਸਟੇਜ ਦੀ ਸਜਾਵਟ, ਬੈਠਣ ਦੇ ਪ੍ਰਬੰਧ, ਸਾਫ਼-ਸਫ਼ਾਈ, ਨਿਰਮਾਣ ਅਤੇ ਪ੍ਰੋਗਰਾਮ ਪੱਤਰਾਂ ਦੀ ਵੰਡ, ਪੀਣ ਵਾਲੇ ਪਾਣੀ, ਸਾਊਂਡ ਸਿਸਟਮ, ਰਿਫਰੈਸ਼ਮੈਂਟ, ਮੁੱਢਲੀ ਸਹਾਇਤਾ, ਫਾਇਰ ਟੈਂਡਰ, ਸੁਰੱਖਿਆ ਅਤੇ ਟ੍ਰੈਫਿਕ ਪ੍ਰਬੰਧਾਂ ਸਮੇਤ ਵੱਖ-ਵੱਖ ਕਾਰਜਾਂ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨੇ ਦੱਸਿਆ ਕਿ ਆਜ਼ਾਦੀ ਦਿਵਸ ਸਮਾਗਮ ਦੀਆਂ ਤਿਆਰੀਆਂ ਸਬੰਧੀ ਰਿਹਰਸਲਾਂ 10 ਅਤੇ 12 ਅਗਸਤ ਨੂੰ ਪੁਲਸ ਲਾਈਨ ਗਰਾਊਂਡ ਵਿੱਚ ਕਰਵਾਈਆਂ ਜਾਣਗੀਆਂ, ਜਦਕਿ ਫੁੱਲ ਡਰੈੱਸ ਰਿਹਰਸਲ 13 ਅਗਸਤ ਨੂੰ ਹੋਵੇਗੀ। ਉਨ੍ਹਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਨਿਰਦੇਸ਼ ਦਿੱਤੇ ਕਿ ਸਮਾਗਮ ਦੌਰਾਨ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਪੇਸ਼ ਕੀਤੇ ਜਾਣ ਵਾਲੇ ਮਾਸ ਪੀ ਟੀ ਸ਼ੋਅ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਦੀਆਂ ਤਿਆਰੀਆਂ ਸੁਚੱਜੇ ਢੰਗ ਨਾਲ ਯਕੀਨੀ ਬਣਾਈਆਂ ਜਾਣ।



# ਸਾਬਕਾ ਫ਼ੌਜੀਆਂ ਲਈ ਜਾਗਰੂਕਤਾ ਸੈਮੀਨਾਰ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਰੋਟਰੀ ਕਲੱਬ ਬੰਗਾ ਦੇ ਸਹਿਯੋਗ ਨਾਲ ਸਾਬਕਾ ਫ਼ੌਜੀਆਂ ਦੀ ਭਲਾਈ ਲਈ ਭਾਰਤ ਸਰਕਾਰ ਵੱਲੋਂ ਚਲਾਈ ਜਾਂਦੀ ਸਿਹਤ ਸਕੀਮ ਈ ਸੀ ਐੱਚ ਐੱਸ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਵੱਲੋਂ ਸਾਬਕਾ ਫ਼ੌਜੀਆਂ ਅਤੇ ਰੋਟਰੀ ਕਲੱਬ ਦੇ ਅਹੁਦੇਦਾਰਾਂ ਦਾ ਨਿੱਘਾ ਸਵਾਗਤ ਕਰਦੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਆਧੁਨਿਕ ਮੈਡੀਕਲ ਸਹੂਲਤਾਂ ਅਤੇ ਤਜਰਬੇਕਾਰ ਡਾਕਟਰਾਂ ਦੀ ਟੀਮ ਨਾਲ ਇਲਾਕੇ ਦੇ ਲੋਕਾਂ ਦੀ ਸੇਵਾ ਕਰ ਰਿਹਾ ਹੈ। ਉਨ੍ਹਾਂ ਨੇ ਸਾਬਕਾ ਫ਼ੌਜੀਆਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਸਾਡਾ ਫ਼ਰਜ਼ ਹੈ। ਇਸ ਮੌਕੇ ਡਾ. ਜਸਦੀਪ ਸਿੰਘ ਸੈਣੀ, ਮੈਡੀਕਲ ਸੁਪਰਡੈਂਟ ਅਤੇ ਹੋਰ ਡਾਕਟਰ ਸਾਹਿਬਾਨ ਨੇ ਹਸਪਤਾਲ ਵਿੱਚ ਚੱਲ ਰਹੇ ਵੱਖ-ਵੱਖ ਵਿਭਾਗਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿੱਚ ਨਿਊਰੋ ਸਰਜਰੀ, ਯੂਰੋਲੋਜੀ, ਜਨਰਲ ਮੈਡੀਸਨ, ਜਨਰਲ ਸਰਜਰੀ, ਹੱਡੀਆਂ ਦੇ ਰੋਗ, ਡੈਂਟਲ, ਗਾਇਨੀਕੋਲੋਜੀ, ਬੱਚਿਆਂ ਦੇ ਰੋਗ, ਈ ਐਨ ਟੀ, ਚਮੜੀ ਦੇ ਰੋਗ, ਮਾਨਸਿਕ ਰੋਗ, ਅੱਖਾਂ ਦੇ ਰੋਗ, ਫਿਜ਼ੀਓਥੈਰੇਪੀ, ਐਮਰਜੈਂਸੀ, ਟਰੌਮਾ ਸੈਂਟਰ ਅਤੇ ਆਧੁਨਿਕ ਡਾਇਗਨੌਸਟਿਕ ਸੇਵਾਵਾਂ ਉਪਲਬਧ ਹਨ। ਡਾ. ਅਮਿਤ ਸੰਧੂ ਯੂਰੋਲੋਜਿਸਟ ਨੇ ਗੁਰਦੇ, ਪਿਸ਼ਾਬ ਦੀ ਨਲੀ, ਪ੍ਰੋਸਟੇਟ ਅਤੇ ਹੋਰ ਯੂਰੋਲੋਜੀਕਲ ਸਮੱਸਿਆਵਾਂ ਦੇ ਆਧੁਨਿਕ ਇਲਾਜ ਬਾਰੇ ਜਾਣਕਾਰੀ ਦਿੱਤੀ। ਡਾ ਜਗਜੀਤ ਸਿੰਘ ਡੈਂਟਲ ਸਰਜਨ ਨੇ ਦੰਦਾਂ ਦੀਆਂ ਬਿਮਾਰੀਆਂ, ਮਸੂੜਿਆਂ ਦੀਆਂ ਸਮੱਸਿਆਵਾਂ, ਡੈਂਟਲ ਇੰਪਲਾਂਟ, ਰੂਟ ਕੈਨਾਲ ਇਲਾਜ ਅਤੇ ਮੂੰਹ ਦੀ ਸਫ਼ਾਈ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਮਹਿੰਦਰਪਾਲ ਸਿੰਘ ਦਫ਼ਤਰ ਸੁਪਰਡੈਂਟ ਨੇ ਦੱਸਿਆ ਕਿ ਈ ਸੀ ਐੱਚ ਐੱਸ ਸਿਹਤ ਸਕੀਮ ਦੇ ਅਧੀਨ ਸਾਬਕਾ ਫ਼ੌਜੀਆਂ ਨੂੰ ਕੈਸ਼ਲੈੱਸ ਇਲਾਜ ਅਤੇ ਮਾਹਿਰ ਡਾਕਟਰਾਂ ਦੀ ਸੇਵਾਵਾਂ ਮਿਲਦੀਆਂ ਹਨ। ਇਸ ਮੌਕੇ ਰੋਟਰੀ ਕਲੱਬ ਬੰਗਾ ਦੇ ਪ੍ਰਧਾਨ ਸਤਨਾਮ ਸਿੰਘ, ਸੁਰਿੰਦਰ ਪਾਲ ਖੇਪੜ ਨੇ ਕਿਹਾ ਕਿ ਉਹ ਵੀ ਸਾਬਕਾ ਫ਼ੌਜੀ ਹਨ ਅਤੇ ਅਜਿਹੇ ਜਾਗਰੂਕਤਾ ਸੈਮੀਨਾਰ ਸਾਬਕਾ ਫ਼ੌਜੀਆਂ ਲਈ ਬਹੁਤ ਲਾਭਦਾਇਕ ਹੁੰਦੇ ਹਨ। ਇਸ ਮੌਕੇ ਦਵਿੰਦਰਜੀਤ ਸਿੰਘ ਚਿੱਲੋਂ, ਰਾਜ ਕੁਮਾਰ ਸ਼ਰਮਾ, ਸੁਖਦੇਵ ਸਿੰਘ ਚੌਹਾਨ, ਬੀਬੀ ਜਗਜੀਤ ਕੌਰ ਕਟਨਾਰਾ, ਕੈਪਟਨ ਦਲੇਰ ਸਿੰਘ, ਸੁਖਦੇਵ ਮੰਗਰ ਪ੍ਰੇਮ ਸਿੰਘ, ਸੁਖੇਦਾਰ ਮੇਜਰ ਰਾਮ ਲੁਭਾਇਆ, ਗਿਰਜਾਦਾਰ ਆਦਰ ਸਿੰਘ, ਹਰਵਿੰਦਰ ਸਿੰਘ ਹਰਮਿੰਦਰ ਸਿੰਘ, ਹਵਲਦਾਰ ਦਲਬੀਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਾਬਕਾ ਫ਼ੌਜੀ, ਰੋਟਰੀ ਕਲੱਬ ਦੇ ਅਹੁਦੇਦਾਰ ਅਤੇ ਹਸਪਤਾਲ ਦੇ ਸਮੂਹ ਮੈਡੀਕਲ ਮਾਹਿਰ ਹਾਜ਼ਰ ਸਨ।



# ਪੁਲਸ ਅਫ਼ਸਰਾਂ ਲਈ ਐੱਨ ਡੀ ਪੀ ਐੱਸ ਐਕਟ ਬਾਰੇ ਇੱਕ ਰੋਜ਼ਾ ਵਰਕਸ਼ਾਪ



**ਫਿਲੌਰ (ਨਿਰਮਲ)**- ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਸ ਅਕੈਡਮੀ ਫਿਲੌਰ ਵਿਖੇ ਗਜ਼ਟਿਡ ਪੁਲਸ ਅਫ਼ਸਰਾਂ ਲਈ ਐੱਨ. ਡੀ. ਪੀ. ਐੱਸ. ਐਕਟ ਬਾਰੇ ਇੱਕ ਰੋਜ਼ਾ ਵਰਕਸ਼ਾਪ ਆਯੋਜਿਤ ਕੀਤੀ ਗਈ। ਵਰਕਸ਼ਾਪ ਦਾ ਉਦੇਸ਼ ਪੁਲਸ ਅਧਿਕਾਰੀਆਂ ਨੂੰ ਐੱਨ. ਡੀ. ਪੀ. ਐੱਸ. ਐਕਟ ਤਹਿਤ ਜਾਂਚ ਦੇ ਵੱਖ-ਵੱਖ ਪਹਿਲੂਆਂ ਤੋਂ ਜਾਣੂ ਕਰਵਾਉਣਾ ਅਤੇ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਮਾਮਲਿਆਂ ਵਿੱਚ ਕਾਨੂੰਨ ਲਾਗੂ ਕਰਨ ਵਾਲਿਆਂ ਨੂੰ ਵਧੇਰੇ ਪ੍ਰਭਾਵਸ਼ਾਲੀ ਬਣਾਉਣਾ ਸੀ ਤਾਂ ਜੋ ਕੇਸਾਂ ਵਿੱਚ ਸਜ਼ਾ ਦੀ ਦਰ ਵਿੱਚ ਸੁਧਾਰ ਕੀਤਾ ਜਾ ਸਕੇ। ਵਰਕਸ਼ਾਪ ਦੌਰਾਨ, ਵੱਖ-ਵੱਖ ਸਿਖਲਾਈ ਸੈਸ਼ਨ ਆਯੋਜਿਤ ਕੀਤੇ ਗਏ ਜਿਨ੍ਹਾਂ ਵਿੱਚ ਐੱਨ ਡੀ ਪੀ ਐੱਸ ਐਕਟ ਤਹਿਤ ਜਾਂਚ ਦੀ ਪ੍ਰਕਿਰਿਆ, ਸਬੂਤਾਂ ਦਾ ਸੰਗ੍ਰਹਿ, ਕਾਨੂੰਨੀ ਪ੍ਰਬੰਧਾਂ ਅਤੇ ਜਾਂਚ ਦੌਰਾਨ ਦਰਪੇਸ਼ ਵਿਹਾਰਕ ਚੁਣੌਤੀਆਂ ਬਾਰੇ ਚਰਚਾ ਕੀਤੀ ਗਈ। ਅਧਿਕਾਰੀਆਂ ਨੂੰ ਦੱਸਿਆ ਗਿਆ ਕਿ ਵਿਗਿਆਨਕ ਅਤੇ ਕਾਨੂੰਨੀ ਦ੍ਰਿਸ਼ਟੀਕੋਣ ਤੋਂ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਮਾਮਲਿਆਂ ਵਿੱਚ ਜਾਂਚ ਨੂੰ ਮਜ਼ਬੂਤ ਕਰਨ ਲਈ ਢੁਕਵੇਂ ਪਹਿਲੂਆਂ ਵੱਲ ਵਿਸ਼ੇਸ਼ ਧਿਆਨ ਦੇਣ ਦੀ ਜ਼ਰੂਰਤ ਹੈ। ਐਂਟੀ-ਨਾਰਕੋਟਿਕਸ ਟਾਸਕ ਫੋਰਸ ਅਤੇ ਨਾਰਕੋਟਿਕਸ ਕੰਟਰੋਲ ਬਿਊਰੋ (ਐੱਨ. ਸੀ. ਬੀ.) ਦੇ ਅਧਿਕਾਰੀਆਂ ਨੇ ਪੀ. ਆਈ. ਟੀ.-ਐੱਨ. ਡੀ. ਪੀ. ਐੱਸ. ਐਕਟ ਤਹਿਤ ਨਜ਼ਰਬੰਦੀ ਨਾਲ ਸਬੰਧਤ ਕਾਨੂੰਨੀ ਪ੍ਰਕਿਰਿਆਵਾਂ ਬਾਰੇ ਜਾਣਕਾਰੀ ਦਿੱਤੀ। ਡਾ. ਅਭੈ ਰਾਜ ਸਿੰਘ ਨੇਗੀ ਨੇ ਐੱਨ ਡੀ ਪੀ ਐੱਸ ਐਕਟ ਤਹਿਤ ਜਾਂਚ ਦੇ ਮਹੱਤਵਪੂਰਨ ਪਹਿਲੂਆਂ ਬਾਰੇ ਦੱਸਿਆ। ਇਸ ਮੌਕੇ ਅਧਿਕਾਰੀਆਂ ਨੂੰ ਆਪਣੇ ਤਜਰਬੇ ਅਤੇ ਸ਼ੰਕੇ ਸਾਂਝੇ ਕਰਨ ਦਾ ਮੌਕਾ ਵੀ ਦਿੱਤਾ ਗਿਆ ਅਤੇ ਵੱਖ-ਵੱਖ ਸਮੱਸਿਆਵਾਂ ਦੇ ਹੱਲ ਵੀ ਸਾਂਝੇ ਕੀਤੇ ਗਏ।

# ਜ਼ਮੀਨ ਸੀਲਿੰਗ ਐਕਟ ਲਾਗੂ ਕਰ ਜ਼ਮੀਨ ਨੂੰ ਬੇਜ਼ਮੀਨਿਆਂ ਤੇ ਘੱਟ ਜ਼ਮੀਨਿਆਂ 'ਚ ਵੰਡਣ ਦੀ ਮੰਗ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂ ਸਤਨਾਮ ਸਿੰਘ ਪੰਨੂ ਅਤੇ ਜ਼ਿਲ੍ਹਾ ਆਗੂ ਸਵਰਨ ਸਿੰਘ ਚੱਕੀਆਂ ਨੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਆਖਿਆ ਹੈ ਕਿ ਦੇਸ਼ ਵਿੱਚ ਵਧ ਰਹੀ ਭੁੱਖਮਰੀ, ਬੇਰੁਜ਼ਗਾਰੀ ਅਤੇ ਆਰਥਿਕ ਅਸਮਾਨਤਾ ਦਾ ਇੱਕੋ-ਇੱਕ ਪੱਕਾ ਹੱਲ ਜ਼ਮੀਨ ਸੀਲਿੰਗ ਐਕਟ ਨੂੰ ਸਖ਼ਤੀ ਨਾਲ ਲਾਗੂ ਕਰਨਾ ਹੈ। ਆਗੂਆਂ ਨੇ ਆਖਿਆ ਕਿ 15 ਅਗਸਤ 1947 ਦੀ ਸੱਤਾ ਤਬਦੀਲੀ ਤੋਂ ਬਾਅਦ ਦੇਸ਼ ਦੇ ਸਰਮਾਏਦਾਰਾਂ, ਕਾਰਪੋਰੇਟ ਘਰਾਣਿਆਂ ਅਤੇ ਜਗੀਰਦਾਰਾਂ ਨੇ ਕਿਰਤੀ-ਕਾਮਿਆਂ ਦੀ ਕਿਰਤ ਦੀ ਰੱਜ ਕੇ ਲੁੱਟ-ਖਸੁੱਟ ਕੀਤੀ ਹੈ। ਅੱਜ ਸਥਿਤੀ ਇਹ ਬਣ ਚੁੱਕੀ ਹੈ ਕਿ ਪੰਜਾਬ ਦੇ 72 ਫ਼ੀਸਦੀ ਅਤੇ ਦੇਸ਼ ਦੇ 50 ਫ਼ੀਸਦੀ ਤੋਂ ਵੱਧ ਲੋਕ ਬੇਜ਼ਮੀਨੇ ਹਨ, ਜਦਕਿ ਵੱਡੇ ਧਨਾਢਾਂ, ਅਧਿਕਾਰੀਆਂ ਅਤੇ ਪੁਜਾਰੀਆਂ ਕੋਲ ਹਜ਼ਾਰਾਂ ਏਕੜ ਜ਼ਮੀਨਾਂ ਦੇ ਅੰਬਾਰ ਲੱਗੇ ਹੋਏ ਹਨ। ਕਿਸਾਨ ਆਗੂਆਂ ਨੇ ਦੱਸਿਆ ਕਿ ਲੋਕਾਂ ਦੇ ਭਾਰੀ ਦਬਾਅ ਹੇਠ 1972 ਵਿੱਚ ਸਰਕਾਰ ਨੇ ਸਾਢੇ ਸਤਾਰ੍ਹਾਂ (17.5) ਏਕੜ ਰੱਖਦਿਆਂ ਦਾ ਕਾਨੂੰਨ ਬਣਾਇਆ ਸੀ, ਪਰ ਅਫ਼ਸੋਸ ਦੀ ਗੱਲ ਹੈ ਕਿ ਇਸ ਕਾਨੂੰਨ ਨੂੰ ਅੱਜ ਤੱਕ ਸਿਰਫ਼ ਕਾਗਜ਼ਾਂ ਤੱਕ ਹੀ ਸੀਮਤ ਰੱਖਿਆ ਗਿਆ। ਉਨ੍ਹਾਂ ਮੰਗ ਕੀਤੀ ਕਿ 17.5 ਏਕੜ ਤੋਂ ਵੱਧ ਵਾਲੀਆਂ ਸਾਰੀਆਂ ਵਾਧੂ ਜ਼ਮੀਨਾਂ ਸਰਕਾਰ ਤੁਰੰਤ ਜ਼ਬਤ ਕਰਕੇ ਬੇਜ਼ਮੀਨੇ ਮਜ਼ਦੂਰਾਂ ਅਤੇ ਛੋਟੇ ਕਿਸਾਨਾਂ ਵਿੱਚ ਵੰਡੇ। ਸਤਨਾਮ ਸਿੰਘ ਪੰਨੂ ਅਤੇ ਚੱਕੀਆਂ ਨੇ ਕਿਹਾ ਕਿ ਲੋਕਾਂ ਨੂੰ ਮੁਫ਼ਤ ਦੇ ਆਟਾ-ਦਾਲ ਜਾਂ ਸਰਕਾਰੀ ਸਕੀਮਾਂ ਦੀਆਂ ਮੁਹਤਾਜੀਆਂ ਦੀ ਲੋੜ ਨਹੀਂ, ਸਗੋਂ ਉਨ੍ਹਾਂ ਨੂੰ ਆਪਣੇ ਹਿੱਸੇ ਦੀ ਜ਼ਮੀਨ ਅਤੇ ਰੁਜ਼ਗਾਰ ਚਾਹੀਦਾ ਹੈ। ਉਨ੍ਹਾਂ ਸਮੂਹ ਕਿਰਤੀ-ਕਾਮਿਆਂ, ਕਿਸਾਨਾਂ ਅਤੇ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਲੈਂਡ ਸੀਲਿੰਗ ਐਕਟ ਲਾਗੂ ਕਰਵਾਉਣ ਖ਼ਾਤਰ ਇੱਕਜੁੱਟ ਹੋ ਕੇ ਵੱਡੇ ਆਰਥਿਕ ਸੰਘਰਸ਼ ਦੇ ਮੈਦਾਨ ਵਿੱਚ ਨਿਤਰਨ। ਕਿਸਾਨ ਆਗੂਆਂ ਨੇ ਆਪਣੇ ਬਿਆਨ ਵਿੱਚ ਅੱਗੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਇਸ ਮੁੱਦੇ ਉੱਤੇ ਜ਼ੋਰਦਾਰ ਸੰਘਰਸ਼ ਕੀਤਾ ਜਾਵੇਗਾ।



# ਦ ਨੋਬੇਲ ਸਕੂਲ 'ਚ ਤੀਆਂ ਦਾ ਤਿਉਹਾਰ ਮਨਾਇਆ



**ਕਰਤਾਰਪੁਰ (ਹਰਮੇਸ਼ ਵੱਤ)**- ਦ ਨੋਬੇਲ ਸਕੂਲ ਵਿਖੇ ਤੀਆਂ ਦਾ ਤਿਉਹਾਰ ਬੜੇ ਹੀ ਉਤਸ਼ਾਹ, ਰਵਾਇਤੀ ਜੋਸ਼ ਅਤੇ ਖੁਸ਼ੀ ਭਰੇ ਮਾਹੌਲ ਵਿੱਚ ਮਨਾਇਆ ਗਿਆ। ਇਸ ਮੌਕੇ ਸੰਗੀਤ, ਨਾਚ ਅਤੇ ਰੰਗ-ਬਿਰੰਗੀਆਂ ਪੰਜਾਬੀ ਪਰੰਪਰਾਵਾਂ ਰਾਹੀਂ ਪੰਜਾਬ ਦੇ ਅਮੀਰ ਸੱਭਿਆਚਾਰ ਦੀ ਖੂਬਸੂਰਤ ਝਲਕ ਪੇਸ਼ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਤੋਂ ਬਾਅਦ ਰਿਬਨ ਸੈਰੇਮਨੀ ਅਤੇ ਰਵਾਇਤੀ ਦੀਪ ਪ੍ਰਜਵਲਨ ਕੀਤਾ ਗਿਆ। ਨਰਸਰੀ ਵਿੰਗ ਦੇ ਨੰਨ੍ਹੇ-ਮੁੰਨੇ ਬੱਚਿਆਂ ਨੇ ਜੋਸ਼ੀਲੇ ਜਾਗੋ ਪ੍ਰਦਰਸ਼ਨ ਰਾਹੀਂ ਸਮਾਗਮ ਦੀ ਰੌਣਕ ਵਿੱਚ ਹੋਰ ਵਾਧਾ ਕੀਤਾ। ਦੂਜੀ ਜਮਾਤ ਦੇ ਵਿਦਿਆਰਥੀਆਂ ਨੇ ਉਤਸ਼ਾਹਪੂਰਵਕ ਤੀਜ ਆਈ ਹਰਿਆਲੀ ਦੀ ਪੇਸ਼ਕਾਰੀ ਕੀਤੀ। ਇਸ ਤੋਂ ਬਾਅਦ ਚੌਥੀ ਜਮਾਤ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਗਿੱਧਾ ਪੇਸ਼ ਕੀਤਾ ਗਿਆ। ਸਮਾਗਮ ਦਾ ਵਿਸ਼ੇਸ਼ ਆਕਰਸ਼ਣ ਮਾਪਿਆਂ ਦੀ ਉਤਸ਼ਾਹਪੂਰਵਕ ਭਾਗੀਦਾਰੀ ਰਹੀ। ਇਸ ਤੋਂ ਬਾਅਦ ਸੁਰੀਲੀਆਂ ਬੋਲੀਆਂ, ਜੋਸ਼ੀਲਾ ਭੰਗੜਾ ਅਤੇ ਇੱਕ ਹੋਰ ਦਿਲਕਸ਼ ਗਿੱਧਾ ਪੇਸ਼ ਕੀਤਾ ਗਿਆ। ਸਕੂਲ ਦੇ ਚੇਅਰਮੈਨ ਡਾ. ਪੀ. ਸੀ. ਐੱਲ. ਕੱਕੜ, ਡੀ.ਈ.ਵੀ. ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਤੋਂ ਪ੍ਰੋਫੈਸਰ ਆਰਤੀ ਕੱਕੜ, ਮੈਨੇਜਿੰਗ ਡਾਇਰੈਕਟਰ ਇੰਜੀ. ਕੁਮਾਰ ਸ਼ਿਵ ਕੱਕੜ, ਡਾਇਰੈਕਟਰ ਸਰੋਜ ਸ਼ਰਮਾ ਅਤੇ ਪ੍ਰਿੰਸੀਪਲ ਰਵਿੰਦਰ ਕੌਰ ਨੇ ਸਮਾਗਮ ਦੀ ਸ਼ੋਭਾ ਵਧਾਈ। ਕੋਆਰਡੀਨੇਟਰ ਮਿਸ ਸਵੀਟੀ ਭੰਡਾਰੀ, ਮਿਸ ਸ਼ਵੇਤਾ, ਮਿਸ ਆਂਚਲ ਗੁਪਤਾ ਅਤੇ ਮਿਸ ਪ੍ਰਿਯੰਕਾ ਵਿਰਦੀ ਨੇ ਵੀ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ।ਅਧਿਆਪਕਾਂ ਅਤੇ ਮਾਪਿਆਂ ਨੇ ਸੁੰਦਰ ਫੁੱਲਾਂ ਨਾਲ ਸਜਾਏ ਝੂਲਿਆਂ ਦਾ ਆਨੰਦ ਮਾਣਿਆ।ਤੀਆਂ ਦਾ ਇਹ ਰੰਗਾਰੰਗ ਸਮਾਗਮ ਖੁਸ਼ੀਆਂ ਭਰੀਆਂ ਯਾਦਾਂ ਛੱਡ ਗਿਆ।

# 8 ਸਾਲਾ ਬੱਚੀ ਨਾਲ ਅਸ਼ਲੀਲ ਹਰਕਤ ਕਰਨ ਦੇ ਦੋਸ਼ 'ਚ ਕੇਸ ਦਰਜ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਥਾਣਾ ਸਦਰ ਮੋਰਿੰਡਾ ਪੁਲਸ ਨੇ ਨਜ਼ਦੀਕੀ ਇੱਕ ਪਿੰਡ ਵਿੱਚ 8 ਸਾਲਾ ਨਾਬਾਲਗ ਬੱਚੀ ਨਾਲ ਕਥਿਤ ਤੌਰ 'ਤੇ ਅਸ਼ਲੀਲ ਹਰਕਤਾਂ ਕਰਨ ਦੇ ਦੋਸ਼ ਹੇਠ ਇੱਕ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਐੱਸਐੱਚਓ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਮੁਲਜ਼ਮ ਦੀ ਪਛਾਣ ਸਰਬਜੀਤ ਸਿੰਘ ਪੁੱਤਰ ਮਹਿੰਦਰ ਸਿੰਘ ਵਜੋਂ ਹੋਈ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਬੱਚੀ ਦੇ ਪਰਿਵਾਰਕ ਮੈਂਬਰ ਨੇ ਦੱਸਿਆ ਕਿ ਕਰੀਬ 3-4 ਦਿਨ ਪਹਿਲਾਂ ਮੁਲਜ਼ਮ ਕਥਿਤ ਤੌਰ 'ਤੇ ਬੱਚੀ ਨੂੰ ਅਮਰੂਦ ਦੇਣ ਦੇ ਬਹਾਨੇ ਆਪਣੇ ਘਰ ਲੈ ਗਿਆ ਅਤੇ ਬੱਚੀ ਨੂੰ ਆਪਣੀ ਗੋਦ ਵਿੱਚ ਬਿਠਾ ਕੇ ਉਸ ਨਾਲ ਅਸ਼ਲੀਲ ਹਰਕਤ ਕੀਤੀ ਅਤੇ ਕਿਸੇ ਨੂੰ ਦੱਸਣ 'ਤੇ ਜਾਨੋਂ ਮਾਰਨ ਦੀ ਧਮਕੀ ਦਿੱਤੀ। ਸ਼ਿਕਾਇਤਕਰਤਾ ਅਨੁਸਾਰ ਧਮਕੀ ਕਾਰਨ ਬੱਚੀ ਡਰ ਗਈ ਅਤੇ ਉਸ ਨੇ ਇਸ ਘਟਨਾ ਬਾਰੇ ਆਪਣੇ ਪਿਤਾ ਜਾਂ ਪਰਵਾਰ ਦੇ ਕਿਸੇ ਹੋਰ ਮੈਂਬਰ ਨੂੰ ਨਹੀਂ ਦੱਸਿਆ। ਬਾਅਦ ਵਿੱਚ ਜਦੋਂ ਬੱਚੀ ਦੇ ਪਿਤਾ ਨੇ ਉਸ ਦੀ ਚੁੱਪ ਅਤੇ ਘਬਰਾਹਟ ਦਾ ਕਾਰਨ ਪੁੱਛਿਆ ਤਾਂ ਉਸ ਨੇ ਕਥਿਤ ਘਟਨਾ ਬਾਰੇ ਦੱਸਿਆ। ਇਸ ਤੋਂ ਬਾਅਦ ਪਰਿਵਾਰ ਵੱਲੋਂ ਪੁਲਸ ਨੂੰ ਸ਼ਿਕਾਇਤ ਦਿੱਤੀ ਗਈ।ਪੁਲਸ ਨੇ ਸ਼ਿਕਾਇਤ ਦੇ ਆਧਾਰ 'ਤੇ ਮੁਲਜ਼ਮ ਸਰਬਜੀਤ ਸਿੰਘ ਖ਼ਿਲਾਫ਼ ਬੀ.ਐੱਨ.ਐੱਸ. ਦੀਆਂ ਧਾਰਾਵਾਂ ਅਤੇ ਪੋਕਸੋ ਐਕਟ ਦੀ ਧਾਰਾ 6 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਵਿਦਿਆਰਥੀਆਂ ਨੂੰ ਦਿੱਤੀ ਸੀ ਪੀ ਆਰ ਟ੍ਰੇਨਿੰਗ



**ਮਾਹਿਲਪੁਰ (ਜਗਤਾਰ ਸਿੰਘ ਭੁੰਗਰਨੀ)**- ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਦੀਆਂ ਹਦਾਇਤਾਂ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਤੇ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਕਮਿਊਨਿਟੀ ਹੈਲਥ ਸੈਂਟਰ ਹਾਰਟਾ ਬਡਲਾ ਡਾ.ਮਨਪ੍ਰੀਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 'ਸਵਸਥ ਕਵਚ ਪਲੱਸ' ਪ੍ਰੋਗਰਾਮ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਚੱਬੇਵਾਲ ਦੇ ਵਿਦਿਆਰਥੀਆਂ ਨੂੰ ਸੀ ਪੀ ਆਰ ਦੀ ਵਿਸ਼ੇਸ਼ ਸਿਖਲਾਈ ਦਿੱਤੀ ਗਈ।ਇਸ ਮੌਕੇ ਸਿਹਤ ਵਿਭਾਗ ਦੀ ਆਰ ਬੀ ਐੱਸ ਕੇ ਟੀਮ ਦੇ ਆਯੁਰਵੈਦਿਕ ਮੈਡੀਕਲ ਅਫਸਰ (ਏ ਐੱਮ ਓ) ਡਾ.ਯਸ਼ਪਾਲ ਨੇ 'ਸਵਸਥ ਕਵਚ ਪਲੱਸ' ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਆਮ ਲੋਕਾਂ ਅਤੇ ਖਾਸ ਕਰਕੇ ਸਕੂਲੀ ਵਿਦਿਆਰਥੀਆਂ ਨੂੰ ਐਮਰਜੈਂਸੀ ਸਿਹਤ ਸੰਭਾਲ ਬਾਰੇ ਜਾਗਰੂਕ ਅਤੇ ਸਮਰੱਥ ਬਣਾਉਣਾ ਹੈ, ਤਾਂ ਜੋ ਹਰ ਵਿਦਿਆਰਥੀ ਸਮਾਜ ਵਿੱਚ ਇੱਕ 'ਫਰਸਟ ਰਿਸਪਾਂਡਰ' ਵਜੋਂ ਭੂਮਿਕਾ ਨਿਭਾ ਸਕੇ। ਉਨ੍ਹਾਂ ਕਿਹਾ ਕਿ ਅੱਜ-ਕੱਲ੍ਹ ਦੀ ਭੱਜ-ਦੌੜ ਭਰੀ ਜ਼ਿੰਦਗੀ ਅਤੇ ਬਦਲਦੇ ਰਹਿਣ-ਸਹਿਣ ਕਾਰਨ ਦਿਲ ਦੇ ਰੋਗ ਅਤੇ ਕਾਰਡੀਅਕ ਅਰੈਸਟ ਦੀਆਂ ਘਟਨਾਵਾਂ ਵਿੱਚ ਵਾਧਾ ਹੋ ਰਿਹਾ ਹੈ।ਸੀ.ਪੀ.ਆਰ ਦੀ ਮਹੱਤਤਾ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਦਾ ਦਿਲ ਅਚਾਨਕ ਧੜਕਣਾ ਬੰਦ ਕਰ ਦੇਵੇ ਤਾਂ ਉਸ ਸਮਾ ਲੈਣਾ ਬੰਦ ਕਰ ਦੇਵੇ ਤਾਂ ਹਸਪਤਾਲ ਪਹੁੰਚਣ ਤੋਂ ਪਹਿਲਾਂ ਦਿੱਤੀ ਗਈ ਸੀ ਪੀ ਆਰ ਉਸ ਦੀ ਜ਼ਿੰਦਗੀ ਬਚਾਉਣ ਵਿੱਚ ਬਹੁਤ ਅਹਿਮ ਭੂਮਿਕਾ ਨਿਭਾ ਸਕਦੀ ਹੈ।

# ਪਿੰਡਾਂ 'ਚ ਵਿਕਾਸ ਪ੍ਰਕ੍ਰਿਆ ਠੱਪ, ਸੰਪਰਕ ਸੜਕਾਂ ਦਾ ਬੁਰਾ ਹਾਲ : ਗਿਲਜ਼ੀਆਂ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਡੁਮਾਣਾ ਵਿਚ ਹੋਈ ਮੀਟਿੰਗ ਦੌਰਾਨ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜ਼ੀਆਂ ਨੇ ਪਿੰਡ ਵਾਸੀਆਂ ਨੂੰ ਲਾਮਬੰਦ ਕੀਤਾ। ਇਸ ਮੌਕੇ ਸਾਬਕਾ ਮੰਤਰੀ ਗਿਲਜ਼ੀਆਂ ਨੇ ਪਿੰਡ ਵਾਸੀਆਂ ਨੂੰ ਕਾਂਗਰਸ ਪਾਰਟੀ ਦੀ ਲੋਕ ਹਿਤੈਸ਼ੀ ਵਿਚਾਰਧਾਰਾ ਨਾਲ ਜੋੜਦੇ ਹੋਏ ਪੰਜਾਬ ਸਰਕਾਰ ਦੀ ਦੀ ਪੋਲ ਖੋਲੀ। ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਦੀਆਂ ਨਕਾਰਾ ਨੀਤੀਆਂ ਕਾਰਨ ਸੂਬੇ 'ਤੇ ਕਰਜ਼ ਦਾ ਭਾਰ ਬੇਹੱਦ ਜ਼ਿਆਦਾ ਹੋ ਗਿਆ ਹੈ ਅਤੇ ਪਿੰਡਾਂ 'ਚ ਵਿਕਾਸ ਪ੍ਰਕ੍ਰਿਆ ਠੱਪ ਹੋ ਚੁੱਕੀ ਹੈ ਅਤੇ ਸੰਪਰਕ ਸੜਕਾਂ ਦਾ ਬੇਹੱਦ ਬੁਰਾ ਹਾਲ ਹੈ ਅਤੇ ਜੋ ਸੜਕਾਂ ਸਰਕਾਰ ਦੇ ਅੰਤਿਮ ਪੜਾਅ ਵਿਚ ਬਣ ਰਹੀਆਂ ਹਨ ਉਹ ਵੀ ਘਟੀਆ ਮੈਟੀਰੀਅਲ ਨਾਲ ਬਣ ਰਹੀਆਂ ਹਨ। ਉਨ੍ਹਾਂ ਆਖਿਆ ਕਿ ਪੰਜਾਬ ਅਤੇ ਪੰਜਾਬੀਆਂ ਦਾ ਸੁਰੱਖਿਅਤ ਭਵਿੱਖ ਕਾਂਗਰਸ ਪਾਰਟੀ ਦੀ ਸਰਕਾਰ ਹੀ ਕਰ ਸਕਦੀ ਹੈ। ਉਨ੍ਹਾਂ ਕਾਂਗਰਸ ਵਰਕਰਾਂ ਨੂੰ ਪਾਰਟੀ ਦੀ ਮਜ਼ਬੂਤੀ ਲਈ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਇਕਜੁੱਟ ਹੋ ਕੇ ਕੰਮ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸੁਰਜੀਤ ਸਿੰਘ, ਦਿਲਬਾਗ ਸਿੰਘ, ਸੁੱਚਾ ਸਿੰਘ, ਕਰਨੈਲ ਸਿੰਘ, ਗੁਰਮੇਲ ਸਿੰਘ, ਤਰਸੇਮ ਮਸੀਹ, ਸੰਜੀਤ, ਜਸਵੀਰ ਸਿੰਘ, ਸਦੀਕ ਕੁਮਾਰ, ਅਮਰੀਕ ਸਿੰਘ, ਗੁਲਜ਼ਾਰ ਸਿੰਘ, ਬਲਵਿੰਦਰ ਸਿੰਘ, ਮਹਿੰਦਰ ਸਿੰਘ, ਸੁਖਵਿੰਦਰ ਸਿੰਘ, ਮਸਤਾਰ ਸਿੰਘ, ਕਿਸ਼ਨ ਸਿੰਘ, ਸੁਰਜੀਤ ਸਿੰਘ, ਬਲਵਿੰਦਰ ਸਿੰਘ, ਲਖਵਿੰਦਰ ਸਿੰਘ ਲੱਖੀ, ਅਮਰਜੀਤ ਸਿੰਘ, ਸਰਵਣ ਸਿੰਘ, ਰੋਬਿਨ, ਬਲਵੀਰ ਸਿੰਘ, ਬੂਟਾ ਸਿੰਘ, ਭੁੱਲਾ ਮਸੀਹ ਆਦਿ ਮੌਜੂਦ ਸਨ।



# ਰਿਆਤ ਬਾਹਰਾ ਯੂਨੀਵਰਸਿਟੀ ਵੱਲੋਂ ਅੰਤਰਰਾਸ਼ਟਰੀ ਗ੍ਰੈਜੂਏਟਾਂ ਨੂੰ ਡਿਗਰੀਆਂ ਪ੍ਰਦਾਨ

**ਮੋਹਾਲੀ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਨੇ 7ਵੇਂ ਅੰਤਰਰਾਸ਼ਟਰੀ ਵਿਦਿਆਰਥੀ ਕਨਵੋਕੇਸ਼ਨ ਦਾ ਆਯੋਜਨ ਕਰਕੇ ਆਪਣੇ ਵਿਦੇਸ਼ੀ ਵਿਦਿਆਰਥੀਆਂ ਦੀਆਂ ਅਕਾਦਮਿਕ ਪ੍ਰਾਪਤੀਆਂ ਦਾ ਜਸ਼ਨ ਬੜੇ ਉਤਸ਼ਾਹ ਅਤੇ ਅਕਾਦਮਿਕ ਗੌਰਵ ਨਾਲ ਮਨਾਇਆ।ਪ੍ਰੋਗਰਾਮ ਦੀ ਸ਼ੁਰੂਆਤ ਯੂਨੀਵਰਸਿਟੀ ਦੇ ਪਤਵੰਤਿਆਂ ਦੀ ਅਗਵਾਈ ਵਿੱਚ ਰਵਾਇਤੀ ਅਕਾਦਮਿਕ ਪ੍ਰੋਸੈਸ਼ਨ ਨਾਲ ਹੋਈ। ਕਨਵੋਕੇਸ਼ਨ ਵਿੱਚ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ-ਚੇਅਰਮੈਨ ਗੁਰਿੰਦਰ ਸਿੰਘ ਬਾਹਰਾ, ਵਾਈਸ-ਪ੍ਰਧਾਨ ਜੈਸਿਕਾ ਦੁੱਗਲ ਬਾਹਰਾ, ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ, ਰਜਿਸਟਰਾਰ ਪ੍ਰੋ. (ਡਾ.) ਨਵਨੀਤ ਕੁਮਾਰ ਯਾਦਵ, ਡੀਨ ਵਿਦਿਆਰਥੀ ਭਲਾਈ ਪ੍ਰੋ. (ਡਾ.) ਸਿਮਰਜੀਤ ਕੌਰ, ਕੰਟਰੋਲਰ ਆਫ ਐਗਜ਼ਾਮੀਨੇਸ਼ਨ ਇੰਜੀਨੀਅਰ ਅਭਿਨਵ ਤ੍ਰਿਪਾਠੀ, ਫੈਕਲਟੀ ਮੈਂਬਰ, ਯੂਨੀਵਰਸਿਟੀ ਅਧਿਕਾਰੀ, ਅੰਤਰਰਾਸ਼ਟਰੀ ਵਿਦਿਆਰਥੀ ਅਤੇ ਸੱਦੇ ਗਏ ਮਹਿਮਾਨ ਸ਼ਾਮਲ ਹੋਏ। ਇਕੱਠ ਦਾ ਸਵਾਗਤ ਕਰਦੇ ਹੋਏ ਪ੍ਰੋ. (ਡਾ.) ਸਿਮਰਜੀਤ ਕੌਰ, ਡੀਨ ਵਿਦਿਆਰਥੀ ਭਲਾਈ, ਨੇ ਗ੍ਰੈਜੂਏਟ ਹੋਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਇਸ ਮੌਕੇ ਨੂੰ ਉਨ੍ਹਾਂ ਦੇ ਅਕਾਦਮਿਕ ਸਫ਼ਰ ਵਿੱਚ ਇੱਕ ਮੀਲ ਪੱਥਰ ਦੱਸਿਆ। ਸਮਾਗਮ ਦੇ ਮੁੱਖ ਮਹਿਮਾਨ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਗ੍ਰੈਜੂਏਟਾਂ ਨੂੰ ਡਿਗਰੀਆਂ ਪ੍ਰਦਾਨ ਕਰਦੇ ਹੋਏ ਉਨ੍ਹਾਂ ਦੇ ਅਕਾਦਮਿਕ ਪ੍ਰੋਗਰਾਮਾਂ ਦੇ ਸਫਲਤਾਪੂਰਵਕ ਸੰਪੂਰਨਤਾ 'ਤੇ ਵਧਾਈ ਦਿੱਤੀ।ਸਮਾਗਮ ਨੂੰ ਵਿਸ਼ੇਸ਼ ਮਹਿਮਾਨ ਵਜੋਂ ਸੰਬੋਧਨ ਕਰਦਿਆਂ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਕਿਹਾ ਕਿ ਵੱਖ-ਵੱਖ ਦੇਸ਼ਾਂ ਦੇ ਵਿਦਿਆਰਥੀਆਂ ਦੀ ਮੌਜੂਦਗੀ ਨੇ ਸੱਭਿਆਚਾਰਕ ਸਦਭਾਵਨਾ, ਆਪਸੀ ਸਤਿਕਾਰ ਅਤੇ ਵਿਸ਼ਵਵਿਆਪੀ ਸਮਝ ਨੂੰ ਉਤਸ਼ਾਹਿਤ ਕਰਕੇ ਯੂਨੀਵਰਸਿਟੀ ਕੈਂਪਸ ਨੂੰ ਅਮੀਰ ਬਣਾਇਆ ਹੈ। ਵਾਈਸ-ਚੇਅਰਮੈਨ ਗੁਰਿੰਦਰ ਸਿੰਘ ਬਾਹਰਾ ਅਤੇ ਵਾਈਸ ਪ੍ਰੈਜ਼ੀਡੈਂਟ ਜੈਸਿਕਾ ਦੁੱਗਲ ਬਾਹਰਾ ਨੇ ਵੀ ਗ੍ਰੈਜੂਏਟ ਹੋਣ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਫਲ ਭਵਿੱਖ ਲਈ ਵਧਾਈਆਂ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ। ਇੰਟਰਨੈਸ਼ਨਲ ਅਫਰੀਕੀ ਸਟੂਡੈਂਟਸ ਐਸੋਸੀਏਸ਼ਨ ਨੇ ਯੂਨੀਵਰਸਿਟੀ ਦੇ ਅੰਤਰਰਾਸ਼ਟਰੀ ਵਿਦਿਆਰਥੀਆਂ ਪ੍ਰਤੀ ਨਿਰੰਤਰ ਸਮਰਥਨ ਅਤੇ ਵਚਨਬੱਧਤਾ ਦੇ ਸਨਮਾਨ ਵਿੱਚ ਚਾਂਸਲਰ ਅਤੇ ਹੋਰ ਪਤਵੰਤਿਆਂ ਨੂੰ ਪ੍ਰਸ਼ੰਸਾ ਦੇ ਟੋਕਨ ਭੇਟ ਕੀਤੇ। ਇੰਜੀਨੀਅਰ ਅਭਿਨਵ ਤ੍ਰਿਪਾਠੀ, ਕੰਟਰੋਲਰ ਆਫ਼ ਐਗਜ਼ਾਮੀਨੇਸ਼ਨਜ਼, ਨੇ ਵੀ ਗ੍ਰੈਜੂਏਟਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਭਵਿੱਖ ਦੇ ਅਕਾਦਮਿਕ ਅਤੇ ਪੇਸ਼ੇਵਰ ਯਤਨਾਂ ਵਿੱਚ ਸਫਲਤਾ ਦੀ ਕਾਮਨਾ ਕੀਤੀ।



# ਸੁਲਤਾਨਪੁਰ ਲੋਧੀ 'ਚ 2027 ਲਈ ਕਾਂਗਰਸ ਨੇ ਵਜਾਇਆ ਚੋਣ ਬਿਗੁਲ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਵਿਧਾਨ ਸਭਾ ਚੋਣਾਂ 2027 ਦੀਆਂ ਤਿਆਰੀਆਂ ਨੂੰ ਮੁੱਖ ਰੱਖਦਿਆਂ ਕਾਂਗਰਸ ਪਾਰਟੀ ਵੱਲੋਂ ਹਲਕਾ ਸੁਲਤਾਨਪੁਰ ਲੋਧੀ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੀ ਮੁਹਿੰਮ ਤੇਜ਼ ਕਰ ਦਿੱਤੀ ਗਈ ਹੈ। ਇਸੇ ਤਹਿਤ ਪਿੰਡ ਹੁਸੈਨਪੁਰ ਦੂਲੋਵਾਲ (ਮੰਗੂਪੁਰ) ਤੋਂ ਗਗਨਦੀਪ ਸਿੰਘ ਬਾਜਵਾ ਨੂੰ ਬਲਾਕ ਕਾਂਗਰਸ ਸੁਲਤਾਨਪੁਰ ਲੋਧੀ ਦਾ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਗਿਆ। ਨਵੀਂ ਜ਼ਿੰਮੇਵਾਰੀ ਮਿਲਣ ਉਪਰੰਤ ਗਗਨਦੀਪ ਸਿੰਘ ਬਾਜਵਾ ਨੇ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜਤਾਇਆ ਭਰੋਸਾ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਕਾਂਗਰਸ ਦੇ ਹਰ ਆਗੂ ਅਤੇ ਵਰਕਰ ਨੂੰ ਨਾਲ ਲੈ ਕੇ ਪਿੰਡ-ਪਿੰਡ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਮੁੱਦਿਆਂ ਨੂੰ ਲੋਕਾਂ ਤੱਕ ਪਹੁੰਚਾਇਆ ਜਾਵੇਗਾ। ਇਸ ਮੌਕੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਨਾਲ ਭਰਵੀਂ ਮੀਟਿੰਗ ਕਰਕੇ 2027 ਦੀ ਵਿਧਾਨ ਸਭਾ ਚੋਣ ਮੁਹਿੰਮ ਦਾ ਰਸਮੀ ਆਗਾਜ਼ ਵੀ ਕੀਤਾ ਗਿਆ। ਮੀਟਿੰਗ ਦੌਰਾਨ ਹਲਕੇ ਵਿੱਚ ਕਾਂਗਰਸ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਕਾਂਗਰਸੀ ਆਗੂਆਂ ਨੇ ਦਾਅਵਾ ਕੀਤਾ ਕਿ 2027 ਵਿੱਚ ਪੰਜਾਬ ਅੰਦਰ ਕਾਂਗਰਸ ਦੀ ਸਰਕਾਰ ਬਣੇਗੀ ਅਤੇ ਸੁਲਤਾਨਪੁਰ ਲੋਧੀ ਹਲਕਾ ਕਾਂਗਰਸ ਦੇ ਹੱਕ ਵਿੱਚ ਇੱਕਤਰਫ਼ਾ ਫ਼ਤਵੇ ਵੱਲ ਵਧੇਗਾ। ਆਗੂਆਂ ਨੇ ਕਿਹਾ ਕਿ ਹਲਕੇ ਵਿੱਚ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਦੀ ਅਗਵਾਈ ਹੇਠ ਪਾਰਟੀ ਦੀ ਜਿੱਤ ਪੱਕੀ ਕਰਨ ਲਈ ਵਰਕਰ ਹੁਣ ਤੋਂ ਹੀ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰ ਚੁੱਕੇ ਹਨ। ਇਸ ਮੌਕੇ ਨਵਤੇਜ ਸਿੰਘ ਚੀਮਾ ਨੇ ਕਿਹਾ ਕਿ ਗਗਨਦੀਪ ਸਿੰਘ ਬਾਜਵਾ ਨੂੰ ਇਹ ਜ਼ਿੰਮੇਵਾਰੀ ਪਾਰਟੀ ਦੀ ਮਜ਼ਬੂਤੀ ਅਤੇ ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਦਿੱਤੀ ਗਈ ਹੈ।ਸੁਲਤਾਨਪੁਰ ਲੋਧੀ ਵਿੱਚ ਕਾਂਗਰਸ ਦੀ ਜਿੱਤ ਲਈ ਸਾਰੇ ਵਰਕਰ ਇਕਜੁੱਟ ਹੋ ਕੇ ਕੰਮ ਕਰਨਗੇ। ਨਵਤੇਜ ਸਿੰਘ ਚੀਮਾ ਨੇ ਦਾਅਵਾ ਕੀਤਾ ਕਿ 2027 ਵਿੱਚ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣੇਗੀ ਅਤੇ ਸੁਲਤਾਨਪੁਰ ਲੋਧੀ ਵਿੱਚ ਵੀ ਪਾਰਟੀ ਵੱਡੀ ਜਿੱਤ ਦਰਜ ਕਰੇਗੀ। ਮੀਟਿੰਗ ਦੌਰਾਨ ਵਰਕਰਾਂ ਨੂੰ '2027 ਵਿੱਚ ਕਾਂਗਰਸ ਦੀ ਵਾਪਸੀ' ਦੇ ਟੀਚੇ ਨਾਲ ਲੋਕਾਂ ਨਾਲ ਸਿੱਧਾ ਸੰਪਰਕ ਵਧਾਉਣ ਅਤੇ ਪਾਰਟੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਤਜਿੰਦਰ ਸਿੰਘ ਧੰਜੂ, ਨਰਿੰਦਰ ਸਿੰਘ ਜੈਨਪੁਰ, ਨਰਿੰਦਰ ਸਿੰਘ ਪੰਨੂ, ਸ਼ਹਿਰੀ ਪ੍ਰਧਾਨ ਮੋਨੂ ਭੰਡਾਰੀ, ਸੀਨੀਅਰ ਆਗੂ ਜਗਪਾਲ ਸਿੰਘ ਚੀਮਾ, ਡਾਕਟਰ ਨਰਿੰਦਰ ਸਿੰਘ ਗਿੱਲ, ਬਲਜਿੰਦਰ ਸਿੰਘ ਪੀਏ ਰਮੇਸ਼ ਡਡਵਿੰਡੀ ਸਾਬਕਾ ਜ਼ਿਲ੍ਹਾ ਪ੍ਰਧਾਨ ਆਦਿ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਹਾਜ਼ਰ ਸਨ।




# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਅੰਮ੍ਰਿਤਸਰ ਲਈ ਰਵਾਨਾ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਬਜ਼ੁਰਗਾਂ ਨੂੰ ਤੀਰਥ ਯਾਤਰਾ ਦੇ ਦਰਸ਼ਨ ਕਰਨ ਲਈ ਚਲਾਈ ਗਈ ਮੁਹਿੰਮ ਦੇ ਤਹਿਤ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਦੀ ਰਹਿਨਮਾਈ ਸਦਕਾ ਪਿੰਡ ਬਲਦੇਵ ਨਗਰ ਮੋਰਿੰਡਾ ਰੂਰਲ ਤੋਂ ਆਮ ਆਦਮੀ ਪਾਰਟੀ ਦੇ ਕੁਆਡੀਨੇਟਰ ਪਰਮਜੀਤ ਸਿੰਘ, ਫਤਿਹ ਸਿੰਘ, ਗੁਰਮੀਤ ਸਿੰਘ ਤੇ ਦੇਸ਼ ਰਾਜ ਦੀ ਅਗਵਾਈ ਵਿੱਚ ਗੁਰੂ ਧਾਮ ਅੰਮ੍ਰਿਤਸਰ ਲਈ ਤੀਰਥ ਯਾਤਰਾ ਬਸ ਰਵਾਨਾ ਹੋਈ। ਇਸ ਸੰਬੰਧੀ ਜਗਨਨਾਥ ਕਾਲਾ ਤੇ ਬਿੱਟੂ ਘਨੌਤ ਨੇ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਗੁਰਦੁਆਰਾ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ, ਦੁਰਗਿਆਣਾ ਮੰਦਰ ਜਲਿਆਂਵਾਲਾ ਬਾਗ ਤੇ ਵਾਘਾ ਬਾਰਡਰ ਦੇ ਦਰਸ਼ਨ ਕਰਨ ਉਪਰੰਤ ਵਾਪਸ ਬਲਦੇਵ ਨਗਰ ਮੋਰਿੰਡਾ ਪਰਤੇਗੀ।

ਇਸ ਮੌਕੇ ਗਿਆਨ ਸਿੰਘ, ਪਰਮਜੀਤ ਸਿੰਘ ਪੱਪੂ, ਚਰਨ ਸਿੰਘ, ਸੋਹਣ ਲਾਲ, ਛਿੰਦਾ ਰਾਮ, ਸੁਲਤਾਨ ਸਿੰਘ, ਪਾਸੋ ਦੇਵੀ, ਸਾਬਕਾ ਸਰਪੰਚ ਕਰਮੋ, ਅਮਰਜੀਤ ਕੌਰ, ਗੁਰਮੀਤ ਕੌਰ ਜਗੀਰੋ ਦੇਵੀ, ਛਿੰਦਰ ਕੌਰ, ਭੋਲੀ ਦੇਵੀ, ਸਵਰਨ ਕੌਰ, ਕਰਤਾਰੋ ਦੇਵੀ ਸੀਲੋ ਰਾਣੀ, ਪ੍ਰੀਤੋ ਤੇ ਗੁੱਡੀ ਰਾਣੀ ਆਦਿ ਸ਼ਰਧਾਲੂ ਮੌਜੂਦ ਸਨ।

# ਸ੍ਰੀ ਹਨੂਮਤ ਆਈ ਐੱਮ ਟੀ ਗੁਰਾਇਆ ਵਿਖੇ ਕਰਵਾਇਆ ਸੁਖਮਨੀ ਸਾਹਿਬ ਜੀ ਦਾ ਪਾਠ

**ਗੁਰਾਇਆ (ਬਿੰਦਰ ਸੁਮਨ)** ਸ੍ਰੀ ਹਨੂਮਤ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ (ਸ਼ਿਮਟ), ਗੁਰਾਇਆ ਦੇ ਵਿਹੜੇ 'ਚ ਵਿਦਿਆਰਥੀਆਂ, ਸਟਾਫ਼ ਮੈਂਬਰਾਂ ਅਤੇ ਵਿਦਿਅਕ ਸੰਸਥਾ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਸ਼ਰਧਾ ਪੂਰਵਕ ਕਰਵਾਇਆ ਗਿਆ। ਇਸ ਦੌਰਾਨ ਪੂਰਾ ਕੈਂਪਸ ਗੁਰਬਾਣੀ ਅਤੇ ਧਾਰਮਿਕ ਰੰਗ 'ਚ ਰੰਗਿਆ ਨਜ਼ਰ ਆਇਆ।ਪਾਠ ਉਪਰੰਤ ਰਾਗੀ ਸਿੰਘਾਂ ਵੱਲੋਂ ਰਸਭਿੰਨਾ ਕੀਰਤਨ ਸਰਵਣ ਕਰਵਾਇਆ ਗਿਆ ਅਤੇ ਅਰਦਾਸ ਕੀਤੀ ਗਈ। ਇਸ ਧਾਰਮਿਕ ਸਮਾਗਮ ਵਿੱਚ ਵਿਦਿਅਕ ਅਦਾਰੇ ਦੇ ਵਿਦਿਆਰਥੀਆਂ, ਅਧਿਆਪਕਾਂ, ਸਟਾਫ਼ ਮੈਂਬਰਾਂ ਅਤੇ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਸ਼ਰਧਾ ਅਤੇ ਭਗਤੀ ਭਾਵਨਾ ਨਾਲ ਸ਼ਮੂਲੀਅਤ ਕਰਦਿਆਂ ਗੁਰੂ ਸਾਹਿਬਾਨ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸੰਸਥਾ ਦੇ ਚੇਅਰਮੈਨ ਗਿਰੀਸ਼ ਗੁਪਤਾ, ਪ੍ਰਧਾਨ ਨਰੇਸ਼ ਗੁਪਤਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਸਿੰਘ ਕੰਗ, ਐਡਵਾਈਜ਼ਰ ਭੁਪਿੰਦਰ ਸਿੰਘ ਗਰਚਾ ਅਤੇ ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਚੇਅਰਮੈਨ ਗਿਰੀਸ਼ ਗੁਪਤਾ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਵਿਦਿਆਰਥੀਆਂ ਨੂੰ ਅਧਿਆਤਮਿਕ ਕਦਰਾਂ-ਕੀਮਤਾਂ, ਸੇਵਾ, ਨਿਮਰਤਾ, ਆਪਸੀ ਭਾਈਚਾਰੇ ਅਤੇ ਮਨੁੱਖਤਾ ਪ੍ਰਤੀ ਸਮਰਪਣ ਦੀ ਭਾਵਨਾ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉੱਥੇ ਹੀ ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਨੇ ਵਿਦਿਆਰਥੀਆਂ ਨੂੰ ਧਰਮ ਤੋਂ ਸੇਧ ਲੈਂਦਿਆਂ ਸੱਚਾਈ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

# ਵਾਹਿਗੁਰੂ ਅਕੈਡਮੀ ਸੁਲਤਾਨਪੁਰ ਲੋਧੀ ਵਿਖੇ 18 ਨੂੰ ਮੈਗਾ ਵੀਜ਼ਾ ਸੈਮੀਨਾਰ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਵਿਦੇਸ਼ ਜਾਣ ਦੇ ਚਾਹਵਾਨਾਂ ਲਈ ਵੱਡੀ ਅਤੇ ਮਹੱਤਵਪੂਰਨ ਖ਼ਬਰ ਹੈ। ਵਾਹਿਗੁਰੂ ਅਕੈਡਮੀ ਸੁਲਤਾਨਪੁਰ ਲੋਧੀ ਵਿਖੇ 18 ਅਗਸਤ 2026 ਨੂੰ ਵਿਸ਼ੇਸ਼ ਮੈਗਾ ਵੀਜ਼ਾ ਸੈਮੀਨਾਰ ਕਰਵਾਇਆ ਜਾ ਰਿਹਾ ਹੈ। ਇਸ ਸੈਮੀਨਾਰ ਦਾ ਉਦੇਸ਼ ਵਿਦੇਸ਼ ਜਾਣ ਦੇ ਇੱਛੁਕ ਲੋਕਾਂ ਨੂੰ ਵੱਖ-ਵੱਖ ਦੇਸ਼ਾਂ ਦੇ ਵੀਜ਼ਾ ਸਬੰਧੀ ਪ੍ਰਕਿਰਿਆ, ਮੌਕਿਆਂ ਅਤੇ ਜ਼ਰੂਰੀ ਦਸਤਾਵੇਜ਼ਾਂ ਬਾਰੇ ਸਹੀ ਅਤੇ ਵਿਸਥਾਰਪੂਰਵਕ ਜਾਣਕਾਰੀ ਮੁਹੱਈਆ ਕਰਵਾਉਣਾ ਹੈ। ਇਸ ਮੈਗਾ ਵੀਜ਼ਾ ਸੈਮੀਨਾਰ ਦੌਰਾਨ ਕੈਨੇਡਾ, ਯੂਨਾਈਟਿਡ ਕਿੰਗਡਮ (ਯੂ.ਕੇ.), ਅਮਰੀਕਾ, ਸ਼ੈਨੇਗਨ ਦੇਸ਼ਾਂ, ਆਸਟ੍ਰੇਲੀਆ, ਨਿਊਜ਼ੀਲੈਂਡ ਅਤੇ ਸਾਈਪ੍ਰਸ ਸਬੰਧੀ ਵੀਜ਼ਾ ਮਾਮਲਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਜਾਵੇਗੀ। ਵਿਦੇਸ਼ ਜਾਣ ਦੀ ਯੋਜਨਾ ਬਣਾ ਰਹੇ ਲੋਕਾਂ ਲਈ ਇੱਕੋ ਥਾਂ 'ਤੇ ਵੱਖ-ਵੱਖ ਦੇਸ਼ਾਂ ਦੇ ਵੀਜ਼ਾ ਵਿਕਲਪਾਂ ਬਾਰੇ ਜਾਣਕਾਰੀ ਪ੍ਰਾਪਤ ਕਰਨ ਦਾ ਇਹ ਵਿਸ਼ੇਸ਼ ਮੌਕਾ ਹੋਵੇਗਾ। ਕਿਹੜੇ ਦੇਸ਼ ਲਈ ਕਿਹੜੀਆਂ ਸ਼ਰਤਾਂ ਲਾਗੂ ਹਨ, ਵੀਜ਼ਾ ਅਰਜ਼ੀ ਲਈ ਕਿਹੜੇ ਦਸਤਾਵੇਜ਼ ਜ਼ਰੂਰੀ ਹਨ ਅਤੇ ਅਰਜ਼ੀ ਦੀ ਪ੍ਰਕਿਰਿਆ ਨੂੰ ਕਿਵੇਂ ਸਮਝਿਆ ਜਾਵੇ—ਇਨ੍ਹਾਂ ਵਰਗੇ ਅਹਿਮ ਸਵਾਲਾਂ ਸਬੰਧੀ ਸੈਮੀਨਾਰ ਵਿੱਚ ਜਾਣਕਾਰੀ ਸਾਂਝੀ ਕੀਤੀ ਜਾਵੇਗੀ।ਸੈਮੀਨਾਰ ਵਿੱਚ ਸ਼ਾਮਲ ਹੋਣ ਵਾਲੇ ਚਾਹਵਾਨਾਂ ਨੂੰ ਕੈਨੇਡਾ, ਯੂ.ਕੇ., ਯੂ.ਐੱਸ.ਏ., ਸ਼ੈਨੇਗਨ, ਆਸਟ੍ਰੇਲੀਆ, ਨਿਊਜ਼ੀਲੈਂਡ ਅਤੇ ਸਾਈਪ੍ਰਸ ਨਾਲ ਸਬੰਧਤ ਵੀਜ਼ਾ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਜਾਵੇਗੀ।ਮੈਗਾ ਵੀਜ਼ਾ ਸੈਮੀਨਾਰ ਸਬੰਧੀ ਮੈਨੇਜਰ ਮਹਿਕ ਚੋਪੜਾ ਨੇ ਕਿਹਾ ਕਿ ਵਿਦੇਸ਼ ਜਾਣ ਦੇ ਇੱਛੁਕ ਲੋਕਾਂ ਨੂੰ ਵੀਜ਼ਾ ਪ੍ਰਕਿਰਿਆ ਨਾਲ ਸਬੰਧਤ ਜ਼ਰੂਰੀ ਜਾਣਕਾਰੀ ਇੱਕੋ ਮੰਚ 'ਤੇ ਮੁਹੱਈਆ ਕਰਵਾਉਣ ਦਾ ਇਹ ਉਪਰਾਲਾ ਕੀਤਾ ਗਿਆ ਹੈ।



# ਲੋਕ ਜਨ ਸ਼ਕਤੀ ਪਾਰਟੀ 117 ਵਿਧਾਨ ਸਭਾ ਹਲਕਿਆਂ 'ਤੇ ਚੋਣ ਲੜੇਗੀ : ਕੇ ਪੀ ਚੌਧਰੀ

**ਮੋਹਾਲੀ (ਗੁਰਜੀਤ ਬਿੱਲਾ)**- ਕੇਂਦਰੀ ਮੰਤਰੀ ਅਤੇ ਲੋਕ ਜਨ ਸ਼ਕਤੀ ਪਾਰਟੀ ਦੇ ਕੌਮੀ ਪ੍ਰਧਾਨ ਚਿਰਾਗ ਪਾਸਵਾਨ ਹਰੇਕ ਸੋਮਵਾਰ ਪੰਜਾਬ ਦੇ ਵਸਿੰਦਿਆਂ ਦੇ ਨਜ਼ਦੀਕ ਰਹਿਣਗੇ, ਤਾਂ ਕਿ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਹਨਾਂ ਦਾ ਸਮਾਂ ਰਹਿੰਦਿਆਂ ਹੱਲ ਕਰਵਾਇਆ ਜਾ ਸਕੇ ਅਤੇ ਚਿਰਾਗ ਪਾਸਵਾਨ ਬਤੌਰ ਕੇਂਦਰੀ ਫੂਡ ਪ੍ਰੋਸੈਸਿੰਗ ਮੰਤਰੀ ਹੁੰਦਿਆਂ ਪੰਜਾਬ ਦੇ ਵਸ਼ਿੰਦਿਆਂ ਦੀ ਬਿਹਤਰੀ ਲਈ ਕੁਝ ਕਰਨ ਦਾ ਜਜ਼ਬਾ ਲੈ ਕੇ ਲੋਕਾਂ ਨਾਲ ਸਾਂਝ ਕਰਨ ਦਾ ਫੈਸਲਾ ਕੀਤਾ ਗਿਆ ਹੈ। ਚਿਰਾਗ ਪਾਸਵਾਨ ਦਾ ਆਪਣੇ ਪਿਤਾ ਰਾਮ ਬਿਲਾਸ ਪਾਸਵਾਨ ਦੇ ਵਾਂਗ ਹੀ ਪੰਜਾਬ ਦੇ ਨਿਵਾਸੀਆਂ ਨਾਲ ਡਾਢਾ ਪਿਆਰ ਹੈ। ਇਹ ਗੱਲ ਲੋਕ ਜਨਸ਼ਕਤੀ ਪਾਰਟੀ ਦੇ ਪੰਜਾਬ ਪ੍ਰਭਾਰੀ ਅਤੇ ਕੌਮੀ ਜਨਰਲ ਸਕੱਤਰ ਕੇ. ਪੀ.ਚੌਧਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ। ਚੌਧਰੀ ਮੋਹਾਲੀ ਦੇ ਫੇਸ 11 ਵਿਖੇ ਸਥਿਤ ਰੈਡੀਸਨ ਰੈਡ ਹੋਟਲ ਵਿਖੇ ਰੀਅਲ ਸਟੇਟ ਕਾਰੋਬਾਰੀ ਅਤੇ ਪ੍ਰਸਿੱਧ ਸਮਾਜ ਸੇਵੀ ਸੁਖਦੇਵ ਸਿੰਘ ਪੰਜੇਟਾ ਦੀ ਅਗਵਾਈ ਹੇਠ ਵਪਾਰੀਆਂ ਦੀ ਕੋਈ ਇੱਕ ਅਹਿਮ ਇਕੱਤਰਤਾ ਨੂੰ ਸੰਬੋਧਨ ਕਰਨ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਉਹਨਾਂ ਕਿਹਾ ਕਿ ਲੋਕ ਜਨ ਸ਼ਕਤੀ ਪਾਰਟੀ ਪੰਜਾਬ ਵਿੱਚ ਪਾਰਟੀ ਦਾ ਵਿਸਥਾਰ ਕਰਨ ਜਾ ਰਹੀ ਹੈ ਅਤੇ ਆਗਾਮੀ ਵਿਧਾਨ ਸਭਾ ਚੋਣਾਂ ਦੇ ਵਿੱਚ ਪਾਰਟੀ ਪੰਜਾਬ ਵਿੱਚ 117 ਵਿਧਾਨ ਸਭਾ ਹਲਕਿਆਂ ਤੇ ਆਪਣੇ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰਨ ਜਾ ਰਹੀ ਹੈ। ਜਿਸ ਨੂੰ ਲੈ ਕੇ ਤਿਆਰੀਆਂ ਵਿਢ ਦਿੱਤੀਆਂ ਗਈਆਂ ਹਨ। ਉਹਨਾਂ ਕਿਹਾ ਕਿ ਆਉਣ ਵਾਲੇ ਕੁਝ ਦਿਨਾਂ ਵਿੱਚ ਪਾਰਟੀ ਦੇ ਸੰਗਠਨਾਤਮਕ ਢਾਂਚੇ ਦਾ ਐਲਾਨ ਕਰ ਦਿੱਤਾ ਜਾਵੇਗਾ, ਉਪਰੰਤ ਜ਼ਿਲ੍ਹਾ ਪੱਧਰ 'ਤੇ ਜੁਝਾਰੂ ਅਤੇ ਅਗਾਂਹਵਧੂ ਸੋਚਦੇ ਲੋਕਾਂ ਨੂੰ ਪਾਰਟੀ ਨਾਲ ਜੋੜ ਕੇ ਉਹਨਾਂ ਨੂੰ ਜ਼ਿੰਮੇਵਾਰੀ ਸੌਂਪੀ ਜਾਵੇਗੀ। ਚੌਧਰੀ ਨੇ ਕਿਹਾ ਕਿ ਪਾਰਟੀ ਦੇ ਸੀਨੀਅਰ ਨੇਤਾ ਸੰਜੇ ਪਾਸਵਾਨ ਵੱਲੋਂ ਲੁਧਿਆਣਾ ਵਿਖੇ ਪਾਰਟੀ ਦੇ ਸੂਬਾ ਦਫਤਰ ਦਾ ਬਕਾਇਦਾ ਉਦਘਾਟਨ ਕਰ ਦਿੱਤਾ ਹੈ। ਇਸ ਮੌਕੇ ਸੰਜੀਵ ਥਾਪਰ, ਵਿਕਰਮ ਸਿੰਘ ਬਾਜਵਾ, ਸੁਨੀਲ ਕੁਮਾਰ ਜੈਨ , ਕਰਮਜੀਤ ਸਿੰਘ ਮੋਹਾਲੀ, ਪ੍ਰੋਫੈਸਰ ਗੁਰਨਾਮ ਸਿੰਘ, ਗੁਰਜਿੰਦਰ ਸਿੰਘ ਮੋਹਾਲੀ , ਸੇਵਾ ਮੁਕਤ ਐਸ.ਐਸ.ਪੀ ਸੁਨੀਲ ਕੁਮਾਰ, ਅਸ਼ੋਕ ਕੰਬੋਜ, ਬਲਜਿੰਦਰ ਸਿੰਘ ਮੁਕਤਸਰ, ਐਡਵੋਕੇਟ ਖੁਸ਼ਬੂ ਮਿਸ਼ਰਾ- ਪ੍ਰਧਾਨ ਲੀਗਲ ਸੈਲ, ਗੁਰਕਵਲ ਸਿੰਘ, ਸਰਬਜੀਤ ਸਿੰਘ, ਹਰਵਿੰਦਰ ਸਿੰਘ ਸਰਪੰਚ ਵੀ ਹਾਜ਼ਰ ਸਨ।



# ਸੰਯੁਕਤ ਕਿਸਾਨ ਮੋਰਚਾ, ਟਰੇਡ ਯੂਨੀਅਨਾਂ ਤੇ ਜਨਤਕ ਜਥੇਬੰਦੀਆਂ ਦੀ ਸਾਂਝੀ ਮੀਟਿੰਗ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਸੰਯੁਕਤ ਕਿਸਾਨ ਮੋਰਚਾ ਕਪੂਰਥਲਾ, ਟਰੇਡ ਯੂਨੀਅਨਾਂ ਤੇ ਜਨਤਕ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਪਰਮਜੀਤ ਸਿੰਘ ਬਾਊਪੁਰ ਪ੍ਰਧਾਨ ਕਰਾਂਤੀਕਾਰੀ ਕਿਸਾਨ ਯੂਨੀਅਨ ਦੀ ਪ੍ਰਧਾਨਗੀ ਹੇਠ ਸੁਤੰਤਰਤਾ ਸੈਨਾਨੀ ਮਾਸਟਰ ਹਰੀ ਸਿੰਘ ਧੂਤ ਭਵਨ ਵਿੱਚ ਹੋਈ ਜਿਸ ਵਿਚ 10 ਅਗਸਤ ਨੂੰ ਅੰਗਰੇਜ਼ੋ ਭਾਰਤ ਛੱਡੋ ਅੰਦੋਲਨ ਦੀ ਵਰ੍ਹੇਗੰਢ ਤੇ ਕਾਰਪੋਰੇਟੋ ਭਾਰਤ ਛੱਡੋ ਤੇ ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨਣ ਕਰਕੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਖਿਲਾਫ ਡਿਪਟੀ ਕਮਿਸ਼ਨਰ ਕਪੂਰਥਲਾ ਦੇ ਦਫਤਰ ਦੇ ਬਾਹਰ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਵੱਖ ਵੱਖ ਜਥੇਬੰਦੀਆਂ ਦੇ ਸ਼ਾਮਲ ਆਗੂ ਸੁੱਚਾ ਸਿੰਘ ਪ੍ਰਧਾਨ ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਤੇ ਗੁਰਦੀਪ ਸਿੰਘ ਜਰਨਲ ਸਕੱਤਰ ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਤੇ ਪ੍ਰਧਾਨ ਟਰੇਡ ਯੂਨੀਅਨ ਕੌਸਲ ਜ਼ਿਲ੍ਹਾ ਕਪੂਰਥਲਾ, ਹਰਜਿੰਦਰ ਸਿੰਘ ਰਾਣਾ ਸੈਦੋਵਾਲ ਪ੍ਰਧਾਨ ਬੀ.ਕੇ.ਯੂ ਏਕਤਾ ਡਕੌਂਦਾ ਧਨੇਰ, ਧਰਮਿੰਦਰ ਸਿੰਘ ਪ੍ਰਧਾਨ ਬੀ .ਕੇ.ਯੂ ਡਕੌਂਦਾ ਬੁਰਜਗਿੱਲ, ਜਸਬੀਰ ਸਿੰਘ ਸਰਾਂ ਸੂਬਾ ਪ੍ਰਧਾਨ ਪੰਜਾਬ ਹਾਰਟੀਕਲਚਰ ਐਸੋਸੀਏਸ਼ਨ ਤੇ ਜਰਨਲ ਸਕੱਤਰ ਟਰੇਡ ਯੂਨੀਅਨ ਕੌਂਸਲ ਕਪੂਰਥਲਾ, ਹਰਿੰਦਰ ਸਿੰਘ ਚੀਮਾ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ, ਮੁਕੰਦ ਸਿੰਘ ਆਗੂ ਆਲ ਇੰਡੀਆ ਕਿਸਾਨ ਸਭਾ, ਸਵਿੰਦਰ ਸਿੰਘ ਬੁਟਾਰੀ ਪ੍ਰਧਾਨ ਪੈਨਸ਼ਨਰ ਪਾਵਰਕਾਮ ਐਸੋਸੀਏਸ਼ਨ, ਚੰਨ ਮੋਮੀ ਉੱਘੇ ਸਾਹਿਤਕਾਰ, ਰਜਿੰਦਰ ਸਿੰਘ ਰਾਣਾ ਕਨਵੀਨਰ ਸੰਯੁਕਤ ਕਿਸਾਨ ਮੋਰਚਾ ਸ਼ਾਮਲ ਸਨ।



# ਨੰਬਰਦਾਰ ਯੂਨੀਅਨ ਦੀ ਜ਼ਿਲ੍ਹਾ ਹੈੱਡ ਆਫਿਸ ਤਹਿਸੀਲ ਕੰਪਲੈਕਸ ਨੂਰਮਹਿਲ ਵਿਖੇ ਮੀਟਿੰਗ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੰਬਰਦਾਰ ਯੂਨੀਅਨ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ ਦੀ ਪ੍ਰਧਾਨਗੀ ਹੇਠ ਜ਼ਿਲਾ ਹੈੱਡ ਆਫਿਸ ਤਹਿਸੀਲ ਕੰਪਲੈਕਸ ਨੂਰਮਹਿਲ ਵਿਖੇ ਮੀਟਿੰਗ ਹੋਈ। ਨੰਬਰਦਾਰਾਂ ਨੇ ਮਾਨ ਸਰਕਾਰ ਦੀ ਕਰੜੀ ਨਿੰਦਾ ਕਰਦਿਆਂ ਕਿਹਾ ਕਿ ਇਹ ਪਹਿਲੀ ਸਰਕਾਰ ਹੈ ਜਿਸ ਨੇ ਪੰਜਾਬ ਦੇ 35000 ਨੰਬਰਦਾਰਾਂ ਅਤੇ ਉਹਨਾਂ ਦੇ ਪਰਵਾਰਾਂ ਨਾਲ ਧੋਖਾ ਕਮਾਇਆ ਹੈ। ਮਾਨ ਸਰਕਾਰ ਨੇ ਆਪਣੇ ਮੈਨੀਫੈਸਟੋ ਵਿੱਚ ਮਾਣਭੱਤਾ ਵਧਾਉਣ ਦੀ ਗੱਲ ਲਿਖੀ ਪਰ ਅਮਲ ਨਹੀਂ ਕੀਤਾ। ਅਕਾਲੀ-ਕਾਂਗਰਸ ਸਰਕਾਰਾਂ ਨੇ ਨੰਬਰਦਾਰਾਂ ਨੂੰ ਮਾਣ ਦਿੱਤਾ ਪਰ ਮਾਨ ਸਰਕਾਰ ਨੰਬਰਦਾਰਾਂ ਦਾ ਮਾਣਭੱਤਾ ਨਹੀਂ ਵਧਾਇਆ ਜਦਕਿ ਸਰਕਾਰ ਆਪਣੇ ਮੰਤਰੀਆਂ, ਵਿਧਾਇਕਾਂ ਨੂੰ ਗੱਫੇ ਵੰਡ ਰਹੀ ਹੈ, ਆਪਣੀਆਂ ਮਸ਼ਹੂਰੀਆਂ ਵਾਸਤੇ ਕਰੋੜਾਂ ਅਰਬਾਂ ਰੁਪਏ ਲਗਾ ਰਹੀ ਹੈ। ਨੰਬਰਦਾਰ ਜੋ 24 ਘੰਟੇ, ਪ੍ਰਤੀ ਦਿਨ, ਸਾਲ ਦਰ ਸਾਲ ਨਿਰਸਵਾਰਥ ਸੇਵਾਵਾਂ ਪ੍ਰਦਾਨ ਕਰਦੇ ਹਨ ਅਤੇ ਮੰਗ ਵੀ ਕਰ ਰਹੇ ਹਨ ਕਿ ਮਾਣਭੱਤਾ ਅੱਤ ਦੀ ਮਹਿੰਗਾਈ ਵਿੱਚ 10,000 ਰੁਪਏ ਦਿਓ ਪਰ ਸਰਕਾਰ ਅਤੇ ਉਸ ਦੇ ਵਿਧਾਇਕਾਂ 'ਤ ਕੋਈ ਅਸਰ ਨਹੀਂ ਹੋ ਰਿਹਾ। ਜ਼ਿਲ੍ਹਾ ਪ੍ਰਧਾਨ ਅਸ਼ੋਕ ਸੰਧੂ ਅਤੇ ਸੀਨੀਅਰ ਮੀਤ ਪ੍ਰਧਾਨ ਪ੍ਰਗਟ ਸਿੰਘ, ਜਨਰਲ ਸਕੱਤਰ ਸੁਰਿੰਦਰ ਸ਼ਿੰਦਾ, ਪ੍ਰੈਸ ਸਕੱਤਰ ਤਰਸੇਮ ਲਾਲ ਨੇ ਕਿਹਾ ਕਿ ਜਦੋਂ ਪੰਚਾਇਤਾਂ ਜਾਂ ਨਗਰ ਕੌਂਸਲਾਂ ਭੰਗ ਹੋ ਜਾਂਦੀਆਂ ਹਨ ਤਾਂ ਲੋਕਾਂ ਦੇ ਸਾਰੇ ਕੰਮ ਨੰਬਰਦਾਰ ਖਿੜੇ ਮੱਥੇ ਕਰਦੇ ਹਨ। ਫਿਰ ਨੰਬਰਦਾਰਾਂ ਨੂੰ 10,000 ਰੁਪਏ ਮਾਣਭੱਤਾ ਕਿਉਂ ਨਹੀਂ ਦਿੱਤਾ ਜਾ ਰਿਹਾ। ਸਰਕਾਰ ਦੇ ਰਵੱਈਏ ਤੋਂ ਦੁਖੀ ਹੋ ਜ਼ਿਲ੍ਹਾ ਪ੍ਰਧਾਨ ਅਸ਼ੋਕ ਸੰਧੂ ਅਤੇ ਉਹਨਾਂ ਦੇ ਜੁਝਾਰੂ ਨੰਬਰਦਾਰਾਂ ਨੇ ਪੰਜਾਬ ਦੇ ਸਮੂਹ ਨੰਬਰਦਾਰਾਂ ਨੂੰ ਏਕਾ ਕਰਕੇ ਆਵਾਜ਼ ਬੁਲੰਦ ਕਰਨ ਲਈ ਕਿਹਾ। ਨੰਬਰਦਾਰਾਂ ਐਲਾਨ ਕੀਤਾ ਕਿ ਜਥੇਬੰਦੀ ਆਪਣਾ 32ਵਾਂ ਰਾਸ਼ਟਰੀ ਸਮਾਗਮ ਜਸ਼ਨ-ਏ-ਆਜ਼ਾਦੀ 2026 ਜ਼ਿਲ੍ਹਾ ਹੈੱਡ ਆਫਿਸ ਤਹਿਸੀਲ ਕੰਪਲੈਕਸ ਨੂਰਮਹਿਲ ਵਿਖੇ ਸ਼ਰਧਾ ਭਾਵ ਅਤੇ ਧੂਮ ਧਾਮ ਨਾਲ ਮਨਾਵੇਗੀ। ਅਤਿ ਸਨਮਾਨ ਯੋਗ ਸ਼ਖ਼ਸ਼ੀਅਤਾਂ ਨੂੰ ਕੌਮੀ ਝੰਡੇ ਹੇਠ ਸਨਮਾਨਤ ਕੀਤਾ ਜਾਵੇਗਾ। ਨੰਬਰਦਾਰਾਂ ਨੇ ਪ੍ਰਸ਼ਾਸਨ ਨੂੰ ਨੂਰਮਹਿਲ ਦੀ ਟੀ-ਪੁਆਇੰਟ ਵਾਲੀ ਪੁਲੀ ਨੂੰ 12 ਅਗਸਤ ਤੱਕ ਬਣਾਉਣ ਦੀ ਅਪੀਲ ਕੀਤੀ। ਢਿੱਲਮੱਠ ਦਿਖਾਉਣ 'ਤੇ ਆਜ਼ਾਦੀ ਦਿਵਸ 'ਤੇ ਪੁਤਲੇ ਫੂਕੇ ਜਾਣਗੇ, ਜਿਸ ਦਾ ਪ੍ਰਸ਼ਾਸਨ ਹੀ ਜ਼ਿੰਮੇਵਾਰ ਹੋਵੇਗਾ।



# ਦਿੱਲੀ ਦੀ ਬਦਲਾਅ ਰੈਲੀ ਲਈ ਲਾਲੜੂ-ਜ਼ੀਰਕਪੁਰ-ਡੇਰਾਬੱਸੀ 'ਚ ਸੀ ਪੀ ਆਈ ਦਾ ਵਿਸ਼ਾਲ ਰੋਸ ਮਾਰਚ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਵੱਲੋਂ 1 ਸਤੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਗਰਾਊਂਡ ਵਿਖੇ ਕੀਤੀ ਜਾ ਰਹੀ ਵਿਸ਼ਾਲ 'ਬਦਲਾਅ ਰੈਲੀ' ਦੀ ਤਿਆਰੀ ਤਹਿਤ ਜ਼ੀਰਕਪੁਰ ਅਤੇ ਲਾਲੜੂ ਖੇਤਰ ਵਿੱਚ ਵਿਸ਼ਾਲ ਪੈਦਲ ਯਾਤਰਾ ਅਤੇ ਰੋਸ ਮਾਰਚ ਕੱਢਿਆ ਗਿਆ। ਮਾਰਚ ਦੌਰਾਨ ਕੇਂਦਰ ਸਰਕਾਰ ਦੀਆਂ ਲੋਕ ਅਤੇ ਕਿਰਤੀ ਵਿਰੋਧੀ ਨੀਤੀਆਂ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਪੈਦਲ ਯਾਤਰਾ ਵਿੱਚ ਕਿਰਤੀ, ਮਜ਼ਦੂਰ, ਕਿਸਾਨ, ਔਰਤਾਂ ਅਤੇ ਨੌਜਵਾਨਾਂ ਸਮੇਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਪਾਰਟੀ ਆਗੂਆਂ ਨੇ ਕਿਹਾ ਕਿ ਦੇਸ਼ ਭਰ ਵਿੱਚ ਪੈਦਲ ਯਾਤਰਾਵਾਂ ਅਤੇ ਜਨਤਕ ਮੁਹਿੰਮਾਂ ਰਾਹੀਂ ਲੋਕਾਂ ਨੂੰ 1 ਸਤੰਬਰ ਦੀ ਦਿੱਲੀ ਰੈਲੀ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ ਅਤੇ ਲੋਕ-ਵਿਰੋਧੀ ਨੀਤੀਆਂ ਵਿਰੁੱਧ ਜਨਤਕ ਲਾਮਬੰਦੀ ਕੀਤੀ ਜਾ ਰਹੀ ਹੈ। ਜ਼ੀਰਕਪੁਰ ਵਿਖੇ ਪੈਦਲ ਯਾਤਰਾ ਦੀ ਸ਼ੁਰੂਆਤ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸੀ.ਪੀ.ਆਈ. ਦੇ ਜ਼ਿਲ੍ਹਾ ਸਕੱਤਰ ਕਾਮਰੇਡ ਜਸਪਾਲ ਸਿੰਘ ਦਪਰ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਰਾਜ ਦੌਰਾਨ ਬੇਰੋਜ਼ਗਾਰੀ, ਮਹਿੰਗਾਈ ਅਤੇ ਆਰਥਿਕ ਅਸਮਾਨਤਾ ਵਿੱਚ ਵਾਧਾ ਹੋਇਆ ਹੈ। ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੀ ਬਜਾਏ ਦੇਸ਼ ਦੇ ਸਰਕਾਰੀ ਅਤੇ ਜਨਤਕ ਅਦਾਰੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਲਗਾਤਾਰ ਮਹਿੰਗੀ ਹੋਣ ਕਾਰਨ ਆਮ ਅਤੇ ਮੱਧਵਰਗੀ ਪਰਵਾਰਾਂ ਲਈ ਉੱਚ ਸਿੱਖਿਆ ਹਾਸਲ ਕਰਨਾ ਮੁਸ਼ਕਲ ਹੁੰਦਾ ਜਾ ਰਿਹਾ ਹੈ। ਕਾਮਰੇਡ ਵਿਨੋਦ ਕੁਮਾਰ ਚੁੱਘ ਨੇ ਕਿਹਾ ਕਿ ਕੇਂਦਰ ਸਰਕਾਰ ਦੀਆਂ ਨੀਤੀਆਂ ਨੇ ਸਿੱਖਿਆ ਅਤੇ ਸਿਹਤ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਗੰਭੀਰ ਸੰਕਟ ਵਿੱਚ ਧੱਕ ਦਿੱਤਾ ਹੈ। ਉਨ੍ਹਾਂ ਨਵੇਂ ਲੇਬਰ ਕੋਡ ਤੁਰੰਤ ਰੱਦ ਕਰਨ ਦੀ ਮੰਗ ਕਰਦਿਆਂ ਕਿਹਾ ਕਿ 29 ਪੁਰਾਣੇ ਕਿਰਤ ਕਾਨੂੰਨਾਂ ਦੀ ਥਾਂ ਚਾਰ ਲੇਬਰ ਕੋਡ ਲਿਆਂਦੇ ਜਾਣ ਨਾਲ ਕਿਰਤੀ ਵਰਗ ਦੇ ਅਧਿਕਾਰਾਂ ਅਤੇ ਸੁਰੱਖਿਆ ਨੂੰ ਵੱਡਾ ਖ਼ਤਰਾ ਪੈਦਾ ਹੋਇਆ ਹੈ। ਉਨ੍ਹਾਂ ਕਿਸਾਨਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਕਿਸਾਨ ਵਿਰੋਧੀ ਮੁਕਤ ਵਪਾਰ ਸਮਝੌਤਿਆਂ ਨੂੰ ਰੱਦ ਕਰਨ ਦੀ ਵੀ ਮੰਗ ਕੀਤੀ। ਰੋਸ ਮਾਰਚ ਦੌਰਾਨ ਕਾਮਰੇਡ ਵਿਨੋਦ ਕੁਮਾਰ ਚੁੱਘ ਅਤੇ ਤਹਿਸੀਲ ਸਕੱਤਰ ਕਾਮਰੇਡ ਅਵਤਾਰ ਸਿੰਘ ਦਪਰ ਨੇ ਕੇਂਦਰ ਸਰਕਾਰ ਖ਼ਿਲਾਫ਼ ਤਿੱਖੀ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਪੇਂਡੂ ਲੋਕਾਂ ਨੂੰ ਰੋਜ਼ਗਾਰ ਅਤੇ ਆਮਦਨ ਦੀ ਸੁਰੱਖਿਆ ਦੇਣ ਵਾਲੇ ਮਨਰੇਗਾ (ਨਰੇਗਾ) ਵਿੱਚ ਕੀਤੇ ਜਾ ਰਹੇ ਬਦਲਾਅ ਪੇਂਡੂ ਮਜ਼ਦੂਰਾਂ ਦੇ ਹਿੱਤਾਂ ਲਈ ਨੁਕਸਾਨਦੇਹ ਹਨ। ਉਨ੍ਹਾਂ ਮਹਿੰਗਾਈ ਨੂੰ ਕਾਬੂ ਕਰਨ, ਪੇਂਡੂ ਰੋਜ਼ਗਾਰ ਦੀ ਗਾਰੰਟੀ ਮਜ਼ਬੂਤ ਕਰਨ ਅਤੇ ਔਰਤਾਂ ਤੇ ਨੌਜਵਾਨ ਲੜਕੀਆਂ ਵਿਰੁੱਧ ਅਪਰਾਧਾਂ ਨੂੰ ਰੋਕਣ ਲਈ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਮੰਗ ਕੀਤੀ। ਮਾਰਚ ਦੌਰਾਨ ਸੁਖਮਨੀ ਕਾਲਜ ਦੇ ਬਾਹਰ ਵੀ ਪਾਰਟੀ ਵਰਕਰਾਂ ਵੱਲੋਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕਾਲਜ ਵਿੱਚੋਂ ਕਥਿਤ ਤੌਰ 'ਤੇ ਗੈਰ-ਕਾਨੂੰਨੀ ਢੰਗ ਨਾਲ ਕੱਢੇ ਗਏ 15 ਕਰਮਚਾਰੀਆਂ ਨੂੰ ਤੁਰੰਤ ਬਹਾਲ ਕੀਤਾ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਕਰਮਚਾਰੀਆਂ ਨਾਲ ਇਨਸਾਫ਼ ਨਾ ਕੀਤਾ ਗਿਆ ਤਾਂ ਪਾਰਟੀ ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਦਿੱਲੀ ਦੇ ਜੰਤਰ-ਮੰਤਰ ਵਿਖੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ 'ਤੇ ਦਿੱਲੀ ਪੁਲਸ ਵੱਲੋਂ ਕੀਤੇ ਗਏ ਲਾਠੀਚਾਰਜ ਦੀ ਵੀ ਸਖ਼ਤ ਨਿੰਦਾ ਕੀਤੀ ਗਈ। ਪਾਰਟੀ ਆਗੂਆਂ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਇਸ ਘਟਨਾ ਦੀ ਜ਼ਿੰਮੇਵਾਰੀ ਲੈਂਦਿਆਂ ਅਸਤੀਫ਼ੇ ਦੀ ਮੰਗ ਕੀਤੀ। ਇਸ ਰੋਸ ਮਾਰਚ ਅਤੇ ਜਨਤਕ ਇਕੱਠ ਨੂੰ ਸੁਰਿੰਦਰ ਸਿੰਘ, ਬਲਵਿੰਦਰ ਸਿੰਘ, ਨਸੀਬ ਸਿੰਘ ਜੜੌਤ, ਬਲਦੇਵ ਸਿੰਘ ਪੰਡਵਾਲਾ ਅਸ਼ਵਨੀ ਕੁਮਾਰ ਲਾਲੜੂ ਅਤੇ ਮਹਿੰਦਰ ਸਿੰਘ ਸਰਸੀਨੀ ਨੇ ਵੀ ਸੰਬੋਧਨ ਕੀਤਾ।ਆਗੂਆਂ ਨੇ ਇਲਾਕਾ ਨਿਵਾਸੀਆਂ, ਮਜ਼ਦੂਰਾਂ, ਕਿਸਾਨਾਂ, ਨੌਜਵਾਨਾਂ, ਔਰਤਾਂ ਅਤੇ ਸਮੂਹ ਮਿਹਨਤਕਸ਼ ਲੋਕਾਂ ਨੂੰ 1 ਸਤੰਬਰ ਨੂੰ ਦਿੱਲੀ ਦੇ ਰਾਮਲੀਲਾ ਗਰਾਊਂਡ ਵਿਖੇ ਹੋਣ ਵਾਲੀ 'ਬਦਲਾਅ ਰੈਲੀ' ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਜ਼ੋਰਦਾਰ ਅਪੀਲ ਕੀਤੀ।



# ਐੱਚ ਪੀ ਗੈਸ ਸਿਲੰਡਰ ਉਪਭੋਗਤਾ 16 ਤੱਕ ਈ-ਕੇ ਵਾਈ ਸੀ ਜ਼ਰੂਰ ਕਰਵਾਉਣ : ਸ਼ੋਭਾ ਰਾਣੀ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ )** ਐੱਚ.ਪੀ. ਗੈਸ ਸਿਲੰਡਰ ਦੀ ਘਰੇਲੂ ਵਰਤੋਂ ਕਰਨ ਵਾਲੇ ਉਪਭੋਗਤਾ ਆਪਣਾ ਈ-ਕੇ.ਵਾਈ.ਸੀ. ਜਲਦ ਤੋਂ ਜਲਦ ਪੂਰਾ ਕਰਵਾ ਲੈਣ, ਅਜਿਹਾ ਨਾ ਕਰਨ ਦੀ ਸੂਰਤ ਵਿਚ ਉਨ੍ਹਾਂ ਨੂੰ ਘਰੇਲੂ ਗੈਸ ਸਿਲੰਡਰ ਕਮਰਸ਼ੀਅਲ ਰੇਟ 'ਤੇ ਮਿਲੇਗਾ। ਐਚ.ਪੀ.ਬਜਰੰਗ ਗੈਸ ਏਜੰਸੀ ਦੀ ਮਾਲਕ ਮੈਡਮ ਸ਼ੋਭਾ ਰਾਣੀ ਨੇ ਕਿਹਾ ਕਿ ਜਿਹੜੇ ਐੱਚ.ਪੀ. ਗੈਸ ਦੇ ਘਰੇਲੂ ਉਪਭੋਗਤਾਵਾਂ ਵਲੋਂ ਹੁਣ ਤੱਕ ਆਪਣੀ ਈ ਕੇ.ਵਾਈ.ਸੀ. ਨੂੰ ਪੂਰਾ ਨਹੀਂ ਕਰਵਾਇਆ ਗਿਆ। ਉਨ੍ਹਾਂ ਦੀ ਸਹੂਲਤ ਲਈ ਇਹ ਪ੍ਰਕਿਰਿਆ ਬਹੁਤ ਹੀ ਆਸਾਨ ਬਣਾਈ ਗਈ ਹੈ।ਉਨ੍ਹਾਂ ਦੱਸਿਆ ਕਿ ਉਪਭੋਗਤਾ ਐੱਚ.ਪੀ. ਏ-ਮੋਬਾਈਲ ਐਪ ਦੀ ਮਦਦ ਨਾਲ ਆਨਲਾਈਨ ਜਾਂ ਫਿਰ ਗੈਸ ਏਜੰਸੀ ਦੇ ਡਲੀਵਰੀ ਵਾਲੇ ਵਿਅਕਤੀ ਤੋਂ ਘਰ ਬੈਠੇ ਹੀ ਆਪਣਾ. ਕੇ.ਵਾਈ.ਸੀ. ਪੂਰਾ ਕਰਵਾ ਸਕਦੇ ਹਨ।ਮੈਡਮ ਸ਼ੋਭਾ ਰਾਣੀ ਨੇ ਕਿਹਾ ਕਿ ਉਪਭੋਗਤਾ ਨੂੰ ਕੰਪਨੀ ਦੇ ਨਿਰਦੇਸ਼ ਅਨੁਸਾਰ 190 ਰੁਪਏ ਦੀ ਪਾਈਪ ਤੋਂ ਇਲਾਵਾ 236 ਰੁਪਏ ਇੰਸਪੈਕਸ਼ਨ ਫ਼ੀਸ ਜਮਾਂ ਕਰਵਾਉਣੀ ਲਾਜ਼ਮੀ ਹੈ।ਉਨ੍ਹਾਂ ਦੱਸਿਆ ਕਿ ਉਪਭੋਗਤਾ 16 ਅਗਸਤ ਤੱਕ ਆਪਣੀ ਈ-ਕੇ.ਵਾਈ.ਸੀ ਹਰ ਹਾਲਤ ਵਿਚ ਪੂਰਾ ਕਰਵਾ ਲੈਣ ਤਾਂ ਹੀ ਉਨ੍ਹਾਂ ਨੂੰ ਗੈਸ ਸਿਲੰਡਰ ਘਰੇਲੂ ਦਰਾਂ 'ਤੇ ਮਿਲੇਗਾ। ਈ-ਕੇ.ਵਾਈ.ਸੀ. ਨਾ ਕਰਵਾਉਣ ਦੀ ਸੂਰਤ ਵਿਚ ਉਨ੍ਹਾਂ ਨੂੰ ਘਰੇਲੂ ਗੈਸ ਸਿਲੰਡਰ ਨਹੀਂ ਮਿਲੇਗਾ।



## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਐਗਜ਼ੈਕਟਿਵ ਮੀਟਿੰਗ 'ਚ ਲਏ ਗਏ ਅਹਿਮ ਫ਼ੈਸਲੇ



**ਫਰੀਦਕੋਟ (ਗੁਰਪ੍ਰੀਤ ਬੇਦੀ/ਐਲਿਗਜੈਂਡਰ ਡਿਸੂਜਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਫਰੀਦਕੋਟ ਦੀ ਐਗਜ਼ੈਕਟਿਵ ਕਮੇਟੀ ਦੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਡਾ. ਅੰਮ੍ਰਿਤਪਾਲ ਸਿੰਘ ਟਹਿਣਾ ਦੀ ਪ੍ਰਧਾਨਗੀ ਹੇਠ ਕਰਵਾਈ ਗਈ।ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਡਾ. ਰਛਪਾਲ ਸਿੰਘ ਸੰਧੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਦੌਰਾਨ ਐਸੋਸੀਏਸ਼ਨ ਨੂੰ ਹੋਰ ਮਜ਼ਬੂਤ, ਅਨੁਸ਼ਾਸਿਤ ਤੇ ਸਰਗਰਮ ਬਣਾਉਣ ਲਈ ਵੱਖ-ਵੱਖ ਮੁੱਦਿਆਂ 'ਤੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਨਵੀਂ ਮੈਂਬਰਸ਼ਿਪ ਨੂੰ ਲੈ ਕੇ ਵੀ ਅਹਿਮ ਫ਼ੈਸਲੇ ਲਏ ਗਏ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਡਾ. ਰਛਪਾਲ ਸਿੰਘ ਸੰਧੂ ਨੇ ਕਿਹਾ ਕਿ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਆਪਣੇ ਮੈਂਬਰਾਂ ਦੇ ਹਿੱਤਾਂ ਦੀ ਰਾਖੀ ਤੇ ਸਮਾਜ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਹਮੇਸ਼ਾ ਵਚਨਬੱਧ ਹੈ।ਉਨ੍ਹਾਂ ਸਾਰੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਆਪਸੀ ਏਕਤਾ, ਅਨੁਸ਼ਾਸਨ ਤੇ ਸਮਰਪਣ ਨਾਲ ਕੰਮ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਮਜ਼ਬੂਤ ਸੰਗਠਨ ਹੀ ਮੈਂਬਰਾਂ ਦੀ ਆਵਾਜ਼ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਸਰਕਾਰ ਤੇ ਪ੍ਰਸ਼ਾਸਨ ਤੱਕ ਪਹੁੰਚਾ ਸਕਦਾ ਹੈ। ਇਸ ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਪ੍ਰੈੱਸ ਸਕੱਤਰ ਡਾਕਟਰ ਯਸ਼ਪਾਲ ਗੁਲਾਟੀ ਨੇ ਦੱਸਿਆ ਕਿ ਇਸ ਮੌਕੇ ਡਾ. ਕੁਲਵੰਤ ਸਿੰਘ ਜਰਨਲ ਸਕੱਤਰ, ਡਾ. ਸੇਵਕ ਸਿੰਘ ਬਰਾੜ ਸੀਨੀਅਰ ਮੀਤ ਪ੍ਰਧਾਨ, ਡਾਕਟਰ ਗੁਰਵਿੰਦਰ ਸਿੰਘ ਸਹਾਇਕ ਸਕੱਤਰ, ਡਾਕਟਰ ਵਿਜੇ ਕੁਮਾਰ ਜ਼ਿਲ੍ਹਾ ਡੈਲੀਗੇਟ, ਡਾਕਟਰ ਜਗਦੀਸ਼ ਦੂਆ ਸਹਾਇਕ ਸਕੱਤਰ, ਡਾ. ਬੂਟਾ ਸਿੰਘ ਮੀਤ ਪ੍ਰਧਾਨ, ਡਾ. ਪ੍ਰੇਮ ਢੁੱਡੀ ਜ਼ਿਲ੍ਹਾ ਕੈਸ਼ੀਅਰ, ਡਾਕਟਰ ਸੰਦੀਪ ਸੁੱਖਣਵਾਲਾ, ਡਾ. ਹਰਭਜਨ ਸਿੰਘ ਮੰਡਵਾਲਾ ਬਲਾਕ ਸਲਾਹਕਾਰ, ਜ਼ਿਲ੍ਹਾ ਡੈਲੀਗੇਟ, ਡਾ. ਨਰੇਸ਼ ਭਾਨਾ ਜ਼ਿਲ੍ਹਾ ਡੈਲੀਗੇਟ, ਡਾ. ਗੁਰਤੇਜ ਸਿੰਘ ਦਾਨਾ ਰੋਮਾਣਾ ਜ਼ਿਲ੍ਹਾ ਡੈਲੀਗੇਟ, ਡਾ. ਗੁਰਮੀਤ ਸਿੰਘ ਢੁੱਡੀ ਬਲਾਕ ਕੈਸ਼ੀਅਰ, ਡਾ. ਰਜਿੰਦਰ ਅਰੋੜਾ ਸਹਾਇਕ ਜਨਰਲ ਸਕੱਤਰ, ਡਾ: ਜਗਮੇਲ ਸਿੰਘ ਚੰਦਬਾਜਾ ਆਦਿ ਹਾਜ਼ਰ ਸਨ।

# ਕਿੰਡਰ ਗਾਰਟਨ ਸਕੂਲ 'ਚ ਮਨਾਇਆ ਤੀਆਂ ਦਾ ਤਿਉਹਾਰ



**ਸਮਰਾਲਾ (ਸੁਰਜੀਤ ਸਿੰਘ)**

ਸਥਾਨਕ ਕਿੰਡਰਗਾਰਟਨ ਸਕੂਲ ਵਿੱਚ ਲੜਕੀਆ ਨੇ ਤੀਆਂ ਦਾ ਤਿਉਹਾਰ ਪੂਰੇ ਸੱਭਿਆਚਾਰਕ ਤਰੀਕੇ ਨਾਲ ਮਨਾਇਆ।ਸਕੂਲ ਦੇ ਡਾਇਰੈਕਟਰ ਮੈਡਮ ਸਰਬਜੀਤ ਕੌਰ ਨੇ ਤੀਆਂ ਦੇ ਤਿਉਹਾਰ ਬਾਰੇ ਦਸਦਿਆਂ ਕਿਹਾ ਕਿ ਤੀਆਂ ਦਾ ਤਿਉਹਾਰ ਹਰ ਕੁੜੀ ਦੇ ਜੀਵਨ ਵਿੱਚ ਇੱਕ ਖਾਸ ਮਹੱਤਵ ਰੱਖਦਾ ਹੈ।ਕੁੜੀਆਂ ਹੱਥਾਂ 'ਤੇ ਮਹਿੰਦੀ ਲਾਉਂਦੀਆਂ ਹਨ ਤੇ ਨਾਲੇ ਰੰਗ ਬਰੰਗੀਆਂ ਚੂੜੀਆਂ ਵੀ ਚੜ੍ਹਾਉਂਦੀਆਂ ਹਨ।ਫਿਰ ਸ਼ਾਮ ਨੂੰ ਤਿਆਰ ਹੋ ਕੇ ਕਿਸੇ ਸਾਂਝੀ ਥਾਂ 'ਤੇ ਜਾਂਦੀਆਂ ਹਨ, ਪਿੱਪਲਾਂ, ਟਾਹਲੀਆਂ 'ਤੇ ਪੀਂਘਾਂ ਪਾਉਂਦੀਆਂ ਹਨ, ਗੋਲ ਘੇਰਾ ਬਣਾ ਕੇ ਗਿੱਧਾ ਪਾਉਂਦੀਆਂ ਹਨ, ਪੁੰਨਿਆਂ ਵਾਲੇ ਦਿਨ ਬੱਲ੍ਹੋ ਪਾਈ ਜਾਂਦੀ ਹੈ, ਕੁੜੀਆਂ ਗਿੱਧਾ ਪਾਉਂਦੀਆਂ ਤੇ ਬੋਲੀ ਪਾਉਂਦੀਆਂ ਹਨ।

ਤੀਆਂ ਤੋਂ ਬਾਅਦ ਜਦੋਂ ਕੁੜੀਆਂ ਆਪਣੇ ਸੁਹਰੇ ਵਾਪਸ ਜਾਂਦੀਆਂ ਹਨ ਤਾਂ ਪੇਕੇ ਕੁੜੀਆਂ ਨੂੰ ਕੱਪੜੇ ਤੇ ਬਿਸਕੁਟ ਦੇ ਕੇ ਤੋਰਦੇ ਹਨ।ਇਸੇ ਲਈ ਹਰ ਧੀ ਨੂੰ ਇਨ੍ਹਾਂ ਦਿਨਾਂ ਦਾ ਬੇਸਬਰੀ ਨਾਲ ਇੰਤਜ਼ਾਰ ਰਹਿੰਦਾ ਹੈ, ਖਾਸ ਕਰ ਨਵ-ਵਿਆਹੀ ਕੁੜੀ ਲਈ।ਇਸ ਮੌਕੇ ਮਹਿੰਦੀ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਜਸ਼ਨਪ੍ਰੀਤ ਕੌਰ ਤੇ ਅਰਸ਼ਦੀਪ ਕੌਰ ਪਹਿਲੇ, ਅਰਸ਼ਦੀਪ ਕੌਰ ਤੇ ਅਰਨੀਤ ਕੌਰ ਦੂਜੇ ਅਤੇ ਸੀਰਤ ਤੀਜੇ ਸਥਾਨ 'ਤੇ ਰਹੀਆਂ।ਕਢਾਈ ਮੁਕਾਬਲੇ ਵਿੱਚ ਗੁਰਨੀਤ ਕੌਰ ਪਹਿਲੇ ਸਥਾਨ 'ਤੇ ਰਹੀ।ਮਿਸ ਤੀਜ ਨਰਸਰੀ ਤੋਂ ਦੂਜੀ ਜਮਾਤ ਵਿੱਚੋਂ ਦਿਲਪ੍ਰੀਤ ਕੌਰ, ਤੀਸਰੀ ਤੋਂ ਪੰਜਵੀਂ ਵਿੱਚੋਂ ਹਰਨੂਰ ਕੌਰ, ਛੇਵੀਂ ਤੋਂ ਅੱਠਵੀਂ ਜਮਾਤ ਵਿੱਚੋਂ ਨਿਰਲੇਪ ਕੌਰ ਤੇ ਨੌਵੀਂ ਤੋਂ ਬਾਰਵੀਂ 'ਚੋਂ ਕਨਵੀ ਸ਼ਰਮਾ ਨੂੰ ਚੁਣਿਆ ਗਿਆ ਤੇ ਬੈਸਟ ਡਾਂਸ ਲਈ ਜਸਮੀਤ ਕੌਰ, ਅਨਮੋਲ, ਹਰਸ਼ਦੀਪ ਕੌਰ ਤੇ ਜਸ਼ਨਵੀਰ ਕੌਰ ਨੂੰ ਚੁਣਿਆ ਗਿਆ।ਅੰਤ ਵਿੱਚ ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ, ਪ੍ਰਿੰਸੀਪਲ ਰਣਜੋਤ ਕੌਰ ਨੇ ਸਾਰੀਆਂ ਵਿਦਿਆਰਥਣਾਂ ਤੇ ਅਧਿਆਪਕਾਂ ਨੂੰ ਤੀਆਂ ਦੇ ਇਸ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ।

## ਬੰਦੀ ਸਿੰਘਾਂ ਦੀ ਰਿਹਾਈ ਲਈ 15 ਨੂੰ ਗਵਰਨਰ ਹਾਊਸ ਦਾ ਘਿਰਾਓ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੌਮੀ ਇਨਸਾਫ਼ ਮੋਰਚੇ ਦੀ ਤਾਲਮੇਲ ਕਮੇਟੀ ਦੇ ਸੀਨੀਅਰ ਆਗੂ ਬਾਪੂ ਗੁਰਚਰਨ ਸਿੰਘ ਨੇ ਆਖਿਆ ਕਿ ਕੌਮੀ ਇਨਸਾਫ਼ ਮੋਰਚੇ ਵੱਲੋਂ ਜੇਲ੍ਹ 'ਚ ਬੰਦ ਭਾਈ ਜਗਤਾਰ ਸਿੰਘ ਹਵਾਰਾ ਤੇ ਹੋਰ ਬੰਦੀ ਸਿੰਘਾਂ ਦੀ ਰਿਹਾਈ, ਬਹਿਬਲ ਕਲਾਂ ਗੋਲੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਤੇ ਬੇ-ਅਦਬੀ ਦੀਆਂ ਘਟਨਾਵਾਂ ਦੇ ਮੁੱਦਿਆਂ ਨੂੰ ਲੈ ਕੇ ਮੁਹਾਲੀ ਤੇ ਚੰਡੀਗੜ੍ਹ ਦੀ ਹੱਦ 'ਤੇ 7 ਜਨਵਰੀ 2023 ਤੋਂ ਮੋਰਚਾ ਲਾਇਆ ਗਿਆ ਹੈ।ਇਸ ਮੋਰਚੇ ਨੂੰ ਧਾਰਮਕ, ਰਾਜਨੀਤਕ, ਸਮਾਜਕ ਤੇ ਕਿਸਾਨ ਜਥੇਬੰਦੀਆਂ ਦਾ ਵੱਡਾ ਸਮਰਥਨ ਮਿਲਿਆ ਅਤੇ ਲੱਖਾਂ ਹੀ ਲੋਕਾਂ ਨੇ ਸਾਢੇ ਤਿੰਨ ਸਾਲਾਂ ਦੇ ਸਮੇਂ ਦੌਰਾਨ ਇਸ ਮੋਰਚੇ ਵਿਚ ਹਾਜ਼ਰੀ ਭਰੀ।ਉਨ੍ਹਾਂ ਆਖਿਆ ਕਿ ਬਾਈ ਜਗਤਾਰ ਸਿੰਘ ਹਵਾਰਾ ਸਮੇਤ ਹੋਰ ਸਾਰੇ ਬੰਦੀ ਸਿੰਘ ਦੀ ਰਿਹਾਈ ਤੇ ਮੋਰਚੇ ਦੀਆਂ ਹੋਰ ਮੰਗਾਂ ਮਨਵਾਉਣ ਲਈ 15 ਅਗਸਤ ਨੂੰ ਪੰਜਾਬ ਦੇ ਰਾਜਪਾਲ ਹਾਊਸ ਦਾ ਘਿਰਾਓ ਕੀਤਾ ਜਾਵੇਗਾ, ਜਿਸ ਵਿੱਚ ਰਾਜਨੀਤਕ, ਧਾਰਮਕ, ਸਮਾਜਕ ਤੇ ਵੱਡੇ ਪੱਧਰ 'ਤੇ ਕਿਸਾਨ ਜਥੇਬੰਦੀਆਂ ਸ਼ਾਮਲ ਹੋਣਗੀਆਂ।ਬਾਜਵਾ ਨੇ ਆਖਿਆ ਕਿ ਨਵੰਬਰ 2019 ਵਿੱਚ ਗੁਰੂ ਨਾਨਕ ਸਾਹਿਬ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਲਾਨ ਕੀਤਾ ਸੀ ਕਿ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਕਰ ਦਿੱਤਾ ਜਾਵੇਗਾ।ਇਸ ਸਬੰਧੀ ਕੇਂਦਰ ਸਰਕਾਰ ਵੱਲੋਂ ਨੋਟੀਫ਼ਿਕੇਸ਼ਨ ਵੀ ਜਾਰੀ ਕੀਤਾ ਗਿਆ, ਪਰ ਸਾਢੇ 6 ਸਾਲ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਅਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸਜ਼ਾਵਾਂ ਪੂਰੀਆਂ ਕਰ ਚੁਕੇ ਬੰਦੀ ਸਿੰਘਾਂ ਨੂੰ ਕੇਂਦਰ ਸਰਕਾਰ ਰਿਹਾਅ ਕਿਉਂ ਨਹੀਂ ਕਰ ਰਹੀ ਤੇ ਨਾ ਹੀ ਪੈਰੋਲ ਦੇ ਰਹੀ ਹੈ।

## ਨਵੀਂ ਦਾਣਾ ਮੰਡੀ ਵਿਖੇ ਕ੍ਰਿਕਟ ਟੂਰਨਾਮੈਂਟ ਸ਼ੁਰੂ, ਗੋਰਾ ਪਠੇਲਾ ਮੁੱਖ ਮਹਿਮਾਨ ਵਜੋਂ ਪਹੁੰਚੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ)**-ਨਵੀਂ ਦਾਣਾ ਮੰਡੀ ਵਿਖੇ ਧਾਨਕ ਬਿਰਾਦਰੀ ਵੱਲੋਂ ਕ੍ਰਿਕਟ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ, ਜਿਸ 'ਚ ਖਿਡਾਰੀਆਂ ਵੱਲੋਂ ਕ੍ਰਿਕਟ 'ਚ ਚੰਗਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ।ਇਸ ਟੂਰਨਾਮੈਂਟ ਦੇ ਉਦਘਾਟਨ ਸਮਾਰੋਹ 'ਚ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਾਜੇਸ਼ ਗੋਰਾ ਪਠੇਲਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਤੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਨੂੰ ਪ੍ਰੇਰਿਆ।ਉਨ੍ਹਾਂ ਕਿਹਾ ਕਿ ਖੇਡਾਂ ਨਾਲ ਜੁੜ ਕੇ ਹੀ ਨੌਜਵਾਨ ਨਸ਼ਿਆਂ ਤੋਂ ਬਚਿਆ ਰਹਿ ਸਕਦਾ ਹੈ।ਟੂਰਨਾਮੈਂਟ ਦੌਰਾਨ ਪ੍ਰਬੰਧਕਾਂ ਵੱਲੋਂ ਗੋਰਾ ਪਠੇਲਾ ਤੇ ਉਨ੍ਹਾਂ ਦੇ ਸਾਥੀਆਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਅਖਿਲ ਭਾਰਤੀ, ਮਨੀਸ਼ ਧਮੀਜਾ, ਸਰਪੰਚ ਸ਼ਮਿੰਦਰ ਸਿੰਘ ਸੇਖੋਂ ਸਮੇਤ ਵੱਡੀ ਗਿਣਤੀ 'ਚ ਪਤਵੰਤੇ ਲੋਕ ਤੇ ਕ੍ਰਿਕਟ ਖਿਡਾਰੀ ਹਾਜ਼ਰ ਸਨ।

## ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਸੈਨੇਟ ਚੋਣਾਂ ਲਈ ਸਰਗਰਮੀਆਂ ਤੇਜ਼



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਸਤੰਬਰ 2026 ਵਿੱਚ ਹੋਣ ਜਾ ਰਹੀਆਂ ਗ੍ਰੈਜੂਏਸ਼ਨ ਹਲਕਿਆਂ ਦੀਆਂ ਚੋਣਾਂ ਲਈ ਸਰਗਰਮੀਆਂ ਤੇਜ਼ ਹੋ ਗਈਆਂ ਹਨ।ਇਸ ਲੜੀ ਤਹਿਤ ਡੀਏਵੀ ਮੈਨੇਜਮੈਂਟ ਕਮੇਟੀ ਨਵੀਂ ਦਿੱਲੀ ਦੇ ਉਮੀਦਵਾਰਾਂ ਨੇ ਵੀ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਇਸ ਦੇ ਅੰਤਰਗਤ ਡੀਏਵੀ ਮੈਨੇਜਮੈਂਟ ਕਮੇਟੀ ਦੇ ਉਮੀਦਵਾਰ ਗੁਰਰਾਜ ਸਿੰਘ ਚਹਿਲ (ਡੀਏਵੀ ਕਾਲਜ ਅਬੋਹਰ ਪੰਜਾਬੀ ਵਿਭਾਗ ਤੋਂ ਰਿਟਾਇਰਡ ਪ੍ਰੋਫੈਸਰ) ਨੇ ਸਥਾਨਕ ਐੱਮ.ਐੱਮ.ਡੀ.ਏ.ਵੀ. ਕਾਲਜ ਗਿੱਦੜਬਾਹਾ ਦੇ ਸਮੂਹ ਸਟਾਫ ਨਾਲ ਤੇ ਪ੍ਰਿੰਸੀਪਲ ਪ੍ਰੋਫੈਸਰ ਰਾਜੇਸ਼ ਮਹਾਜਨ ਦੀ ਅਗਵਾਈ ਹੇਠ ਹੰਗਾਮੀ ਮੀਟਿੰਗ ਕੀਤੀ।ਇਸ ਵਿੱਚ ਉਨ੍ਹਾਂ ਸਿੱਖਿਆ ਦੇ ਖੇਤਰ ਵਿੱਚ ਡੀਏਵੀ ਦੇ ਯੋਗਦਾਨ ਦਾ ਵਰਣਨ ਕਰਦੇ ਹੋਏ ਪੰਜਾਬ ਯੂਨੀਵਰਸਿਟੀ ਦੀ ਸੈਨਟ ਨੂੰ ਬਚਾਉਣ ਲਈ ਡੀਏਵੀ ਦੇ ਪਾਏ ਯੋਗਦਾਨ ਬਾਰੇ ਦੱਸਦੇ ਹੋਏ ਡੀਏਵੀ ਦੇ ਉਮੀਦਵਾਰ ਨੂੰ ਕਿਉਂ ਹੋਣਾ ਚਾਹੀਦਾ ਹੈ, ਇਸ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਕਾਲਜ ਪਹੁੰਚਣ 'ਤੇ ਕਾਲਜ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ ਨੇ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਦੇ ਹੋਏ ਨਿੱਘਾ ਸਵਾਗਤ ਕਰਦਿਆਂ ਆਪਣੇ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

## ਗੁਰੂ ਹਰਿਕ੍ਰਿਸ਼ਨ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਸ਼ਹਿਰ ਬੁਢਲਾਡਾ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਵਿਖੇ ਬਾਲਾ ਪ੍ਰੀਤਮ ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਗੁਰਪੁਰਬ ਦੇ ਸਬੰਧ ਵਿੱਚ ਰਾਤਰੀ ਦੇ ਹੋਏ ਕੀਰਤਨ ਦਰਬਾਰ ਵਿੱਚ ਹਜ਼ੂਰੀ ਰਾਗੀ ਜਥਾ ਭਾਈ ਸੁਖਵਿੰਦਰ ਸਿੰਘ ਤੇ ਭਾਈ ਜਸਵਿੰਦਰ ਸਿੰਘ ਦੇ ਰਾਗੀ ਜਥੇ ਨੇ ਮਨੋਹਰ ਗੁਰਬਾਣੀ ਕੀਰਤਨ ਰਾਹੀਂ ਗੁਰੂ ਜਸ ਸਰਵਣ ਕਰਵਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਤੇ ਗੁਰੂ ਜੀ ਦੇ ਦੱਸੇ ਮਾਰਗ ਉੱਤੇ ਚੱਲਣ ਦਾ ਸੰਦੇਸ਼ ਦਿੱਤਾ ਅਤੇ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਸਿੰਘ ਸੱਜਣ ਲਈ ਪ੍ਰੇਰਿਆ।ਗੁਰੂ ਦਾ ਮਹਾਨ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਨਾਮ ਸਿੰਘ ਕੋਹਲੀ, ਦਵਿੰਦਰਪਾਲ ਸਿੰਘ ਨਾਗਪਾਲ, ਮਾਸਟਰ ਕੁਲਵੰਤ ਸਿੰਘ, ਤਨਜੋਤ ਸਿੰਘ ਸਾਹਨੀ, ਮਾਸਟਰ ਰਜਿੰਦਰ ਸਿੰਘ, ਕੁਲਵਿੰਦਰ ਸਿੰਘ ਈ ਓ, ਸੁਖਦੇਵ ਸਿੰਘ, ਸੁਰਜੀਤ ਸਿੰਘ ਟੀਟਾ, ਜਗਮੋਹਨ ਸਿੰਘ, ਡਾਕਟਰ ਕਮਲਜੀਤ ਸਿੰਘ ਬੌਬੀ, ਡਾਕਟਰ ਪ੍ਰਿਤਪਾਲ ਸਿੰਘ ਕੋਹਲੀ, ਗੁਰਚਰਨ ਸਿੰਘ ਮਲਹੋਤਰਾ ਤੇ ਹੋਰਨਾਂ ਸੰਗਤਾਂ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ।

## ਕੁਲਜੀਤ ਸਿੰਘ ਪਦਉੱਨਤ ਹੋ ਕੇ ਸਹਾਇਕ ਥਾਣੇਦਾਰ ਬਣੇ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਥਾਣਾ ਵਿਖੇ ਮੁਨਸ਼ੀ ਰਹੇ ਕੁਲਜੀਤ ਸਿੰਘ ਨੂੰ ਅੱਜ ਉਨ੍ਹਾਂ



ਦੀਆਂ ਵਧੀਆ ਸੇਵਾਵਾਂ ਬਦਲੇ ਪਦਉੱਨਤ ਕਰਕੇ ਸਹਾਇਕ ਥਾਣੇਦਾਰ ਨਿਯੁਕਤ ਕੀਤਾ ਗਿਆ ਹੈ। ਪੁਲਸ ਜ਼ਿਲ੍ਹਾ ਖੰਨਾ ਦੇ ਐੱਸ ਐੱਸ ਪੀ ਡਾ. ਦਰਪਣ ਆਹਲੂਵਾਲੀਆ ਨੇ ਕੁਲਜੀਤ ਸਿੰਘ ਦੀ ਵਰਦੀ 'ਤੇ ਸਟਾਰ ਲਗਾਏ ਤੇ ਤਰੱਕੀ ਮਿਲਣ 'ਤੇ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਪਦਉੱਨਤ ਹੋਣ ਨਾਲ ਜ਼ਿੰਮੇਵਾਰੀ ਵਧ ਗਈ ਹੈ, ਜਿਸ ਲਈ ਉਹ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣ। ਇਸ ਮੌਕੇ ਸਹਾਇਕ ਥਾਣੇਦਾਰ ਬਣੇ ਕੁਲਜੀਤ ਸਿੰਘ ਨੇ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਈਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।

# ਪਬਲਿਕ ਕਾਲਜ ਕੈਂਪਸ 'ਚ ਵੱਖ-ਵੱਖ ਜ਼ਿਲ੍ਹਾ ਪੱਧਰੀ ਮੁਕਾਬਲੇ



**ਸਮਾਣਾ (ਇਕਬਾਲ ਸਿੰਘ ਬੱਲ)**-ਮਿਨਿਸਟਰੀ ਆਫ ਯੂਥ ਅਫੇਅਰਜ਼ ਐਂਡ ਸਪੋਰਟਸ, ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਮੇਰਾ ਯੁਵਾ ਭਾਰਤ ਪਟਿਆਲਾ ਵੱਲੋਂ ਪਬਲਿਕ ਕਾਲਜ ਸਮਾਣਾ ਤੇ ਕਾਲਜ ਅਧੀਨ ਚਲਾਏ ਜਾ ਰਹੇ ਪਬਲਿਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਅਤੇ ਪਬਲਿਕ ਕਾਲਜ ਆਫ ਐਜੂਕੇਸ਼ਨ ਸਮਾਣਾ ਦੇ ਐੱਨ.ਐੱਸ.ਐੱਸ. ਵਿਭਾਗ ਤੇ ਰੈਡ ਰਿਬਨ ਕਲੱਬ ਦੇ ਸਹਿਯੋਗ ਨਾਲ ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ ਅਭਿਆਨ ਤਹਿਤ ਕਾਲਜ ਕੈਂਪਸ ਵਿਖੇ ਵੱਖ ਵੱਖ ਜ਼ਿਲ੍ਹਾ ਪੱਧਰੀ ਮੁਕਾਬਲੇ ਕੰਡਕਟ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਪਟਿਆਲਾ ਜ਼ਿਲ੍ਹੇ ਦੀਆਂ ਵੱਖ-ਵੱਖ ਵਿੱਦਿਅਕ ਸੰਸਥਾਵਾਂ ਦੇ 200 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ।ਇਸ ਦੌਰਾਨ ਲੋਕ ਸੰਗੀਤ, ਨਾਚ, ਨੁੱਕੜ ਨਾਟਕ, ਕਵਿਤਾ, ਭਾਸ਼ਣ, ਪੇਂਟਿੰਗ, ਸਲੋਗਨ ਲੇਖਣ ਤੇ ਰੀਲ ਮੇਕਿੰਗ ਦੇ ਮੁਕਾਬਲੇ ਕੰਡਕਟ ਕਰਵਾਏ ਗਏ।ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਇਸ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ।ਉਨ੍ਹਾਂ ਇਸ ਉਪਰਾਲੇ ਦੀ ਸ਼ਲਾਘਾ ਕਰਦਿ ਕਿਹਾ ਕਿ ਅਜਿਹੇ ਸਾਰਥਕ ਕਾਰਜ ਵਿਦਿਆਰਥੀਆਂ ਅੰਦਰ ਪ੍ਰਤਿਭਾ ਜਗਾਉਂਦੇ ਹੋਏ ਸਮਾਜ ਦੀਆਂ ਬੁਰਾਈਆਂ ਨੂੰ ਦੂਰ ਕਰਨ ਦਾ ਉਤਸ਼ਾਹ ਪੈਦਾ ਕਰਦੇ ਹਨ।ਵਾਈਸ ਪ੍ਰਿੰਸੀਪਲ ਹਰਕੀਰਤਨ ਕੌਰ ਨੇ ਸਮੁੱਚੇ ਕਾਰਜ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਵੱਡਮੁਲਾ ਸਹਿਯੋਗ ਦਿੱਤਾ।ਇਸ ਸਮਾਗਮ ਦੀ ਸਮੁੱਚੀ ਕਾਰਵਾਈ ਸ੍ਰੀ ਕਾਰਤਿਕ ਜ਼ਿਲ੍ਹਾ ਯੁਵਾ ਅਫਸਰ ਨੇ ਆਪ ਟੀਮ ਸ੍ਰੀ ਜਤਿੰਦਰ ਕੁਮਾਰ, ਲੇਖਾਕਾਰ ਸ੍ਰੀ ਗੁਰਪ੍ਰੀਤ ਸਿੰਘ, ਸ੍ਰੀ ਨੀਰਜ ਪਾਠਕ ਅਤੇ ਸ੍ਰੀ ਜੀਵਨ ਲ ਨਾਲ ਮਿਲ ਕੇ ਸਫਲਤਾਪੂਰਵਕ ਨੇਪਰੇ ਚਾੜ੍ਹੀ ਤੇ ਸਮੁੱਚੇ ਮੁਕਾਬਲੇ ਦਾ ਨਿਰੀਖਣ ਲਵਕੇਸ਼, ਮੰਜੂ ਰਾਣੀ, ਅਰਸਦੀਪ ਕੌਰ, ਵੀਰਪਾਲ ਕੌਰ, ਰਣਜੀਤ ਜੇਸੀ, ਗੁਰਦੀਪ ਸਿੰਘ ਤੇ ਪ੍ਰੋਫੈਸਰ ਹਰਪ੍ਰੀਤ ਕੌਰ ਨੇ ਕੀਤਾ।ਇਨ੍ਹਾਂ ਮੁਕਾਬਲਿਆਂ ਦੌਰਾਨ ਪਬਲਿਕ ਕਾਲਜ ਸਮਾਣਾ ਨੇ ਲੋਕ-ਸੰਗੀਤ, ਨੁੱਕੜ ਨਾਟਕ ਤੇ ਭਾਸ਼ਣ ਪ੍ਰਤੀਯੋਗਤਾ ਵਿੱਚ ਪਹਿਲਾ, ਕਵਿਤਾ ਉਚਾਰਣ ਤੇ ਰੀਲ ਮੇਕਿੰਗ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਪਬਲਿਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਸਮਾਣਾ ਦੇ ਵਿਦਿਆਰਥੀਆਂ ਨੇ ਰੀਲ ਮੇਕਿੰਗ 'ਚ ਪਹਿਲਾ ਤੇ ਸਲੋਗਨ ਲੇਖਣ ਵਿੱਚ ਪਬਲਿਕ ਕਾਲਜ ਆਫ ਐਜੂਕੇਸ਼ਨ ਦੀ ਵਿਦਿਆਰਥਣ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਅਖੀਰ ਵਿੱਚ ਨਹਿਰੂ ਯੁਵਾ ਕੇਂਦਰ ਪਟਿਆਲਾ ਵੱਲੋਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਇਸ ਸਮਾਗਮ ਵਿੱਚ ਐੱਨ.ਐੱਸ.ਐੱਸ. ਵਿਭਾਗ ਦੇ ਸਮੂਹ ਪ੍ਰੋਗਰਾਮ ਅਫਸਰਾਂ ਤੋਂ ਇਲਾਵਾ ਹੋਰ ਅਧਿਆਪਕ ਸਾਹਿਬਾਨ ਵੀ ਸ਼ਾਮਲ ਹੋਏ।

## ਕਿਸਾਨ-ਮਜ਼ਦੂਰ ਜਥੇਬੰਦੀ ਦੇ ਕੋਰ ਕਮੇਟੀ ਮੈਂਬਰਾਂ ਦੀ ਮੀਟਿੰਗ



**ਮੱਖੂ (ਰਛਪਾਲ ਸਿੰਘ ਸੰਧੂ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦੇ ਕੋਰ ਕਮੇਟੀ ਮੈਂਬਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਦੀ ਪ੍ਰਧਾਨਗੀ ਹੇਠ ਜ਼ੋਨ ਮੱਖੂ ਦੇ ਆਗੂ ਬਲਕਾਰ ਸਿੰਘ ਸ਼ਾਮੇਵਾਲਾ ਦੇ ਗ੍ਰਹਿ ਵਿਖੇ ਹੋਈ।ਮੀਟਿੰਗ ਵਿੱਚ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਦੀ ਜਾਣਕਾਰੀ ਪ੍ਰੈੱਸ ਨੋਟ ਰਾਹੀਂ ਸਾਂਝੀ ਕਰਦਿਆਂ ਜ਼ਿਲ੍ਹਾ ਪ੍ਰੈੱਸ ਸਕੱਤਰ ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ ਨੇ ਦੱਸਿਆ ਕਿ ਆਗੂਆਂ ਵੱਲੋਂ ਸਾਰੇ ਹੀ ਜ਼ਿਲ੍ਹੇ ਦੇ ਜ਼ੋਨਾਂ ਦੀਆਂ ਚੋਣਾਂ ਮੁਕੰਮਲ ਹੋਣ ਜਾਣ ਕਰਕੇ ਜ਼ਿਲ੍ਹੇ ਦੀ ਚੋਣ ਕਰਨ ਸਬੰਧੀ ਅਹਿਮ ਚਰਚਾ ਕਰਕੇ ਨਵੀਂ ਟੀਮ ਗਠਤ ਕਰਨ, ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਪਿੰਡਾਂ ਵਿੱਚ ਨਵੀਆਂ ਇਕਾਈਆਂ ਸਥਾਪਤ ਕਰਕੇ ਲੋਕਾਂ ਨੂੰ ਕਿਸਾਨੀ ਨੂੰ ਬਚਾਉਣ ਲਈ ਜਾਗਰੂਕ ਕਰਨ ਤੇ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਖੜਨ ਤੇ ਪਿੰਡਾਂ ਵਿੱਚ ਵੱਡੀਆਂ ਲਾਮਬੰਦੀਆਂ ਕਰਕੇ ਸਰਕਾਰੀ ਜਬਰ ਦੇ ਵਿਰੋਧ ਤੇ ਕਾਰਪੋਰੇਟ ਘਰਾਣਿਆਂ ਵੱਲੋਂ ਲਿਆਂਦੀਆਂ ਜਾ ਰਹੀਆਂ ਲੋਕ ਮਾਰੂ ਨੀਤੀਆਂ ਵਿਰੁੱਧ ਖੜ੍ਹੇ ਰਹਿਣਾ ਅੱਜ ਦੇ ਸਮੇਂ ਦੀ ਵੱਡੀ ਲੋੜ ਦੱਸਿਆ ਗਿਆ।ਇਸ ਮੌਕੇ ਧਰਮ ਸਿੰਘ ਸਿੱਧੂ, ਗੁਰਮੇਲ ਸਿੰਘ ਫੱਤੇਵਾਲਾ, ਹਰਫੂਲ ਸਿੰਘ ਦੂਲੇਵਾਲਾ, ਅਮਨਦੀਪ ਸਿੰਘ ਕੱਚਰਭੰਨ, ਰਣਜੀਤ ਸਿੰਘ ਖੱਚਰ ਵਾਲਾ, ਨਰਿੰਦਰਪਾਲ ਸਿੰਘ ਜਤਾਲਾ, ਸੁਰਜੀਤ ਸਿੰਘ ਫੌਜੀ ਆਦਿ ਆਗੂ ਹਾਜ਼ਰ ਸਨ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਔਰਤਾਂ ਦੇ ਸਨਮਾਨ ਤੇ ਸਸ਼ਕਤੀਕਰਨ ਵੱਲ ਇਤਿਹਾਸਕ ਕਦਮ : ਟੀਨੂੰ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਜਸਵਿੰਦਰ ਕੁਮਾਰ ਟੀਨੂੰ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮਾਵਾਂ-ਧੀਆਂ ਸਤਿਕਾਰ ਯੋਗ ਯੋਜਨਾ ਦਾ ਸਵਾਗਤ ਕਰਦਿਆਂ ਇਸ ਨੂੰ ਔਰਤਾਂ ਦੇ ਸਨਮਾਨ ਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਇਤਿਹਾਸਕ ਤੇ ਸ਼ਲਾਘਾਯੋਗ ਕਦਮ ਕਰਾਰ ਦਿੱਤਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਸਵਿੰਦਰ ਕੁਮਾਰ ਟੀਨੂੰ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ ਭਲਾਈ ਲਈ ਵਚਨਬੱਧ ਹੈ ਤੇ ਮਾਵਾਂ-ਧੀਆਂ ਦੀ ਭਲਾਈ ਲਈ ਲਗਾਤਾਰ ਅਹਿਮ ਫ਼ੈਸਲੇ ਲੈ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਯੋਜਨਾ ਸੂਬੇ ਦੀਆਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਸਨਮਾਨ ਤੇ ਆਤਮ-ਵਿਸ਼ਵਾਸ ਵਿੱਚ ਵੀ ਵਾਧਾ ਕਰੇਗੀ।ਜਸਵਿੰਦਰ ਕੁਮਾਰ ਟੀਨੂੰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਮੇਸ਼ਾ ਆਮ ਲੋਕਾਂ ਦੇ ਹਿੱਤਾਂ ਨੂੰ ਪਹਿਲ ਦਿੱਤੀ ਹੈ ਤੇ ਹਰ ਵਰਗ ਦੀ ਭਲਾਈ ਲਈ ਨਵੀਆਂ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਨਾਲ ਲੱਖਾਂ ਪਰਵਾਰਾਂ ਨੂੰ ਸਿੱਧਾ ਲਾਭ ਮਿਲੇਗਾ।ਅੰਤ ਵਿੱਚ ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਤੇ ਆਪਣੇ ਆਲੇ-ਦੁਆਲੇ ਦੇ ਯੋਗ ਲਾਭਪਾਤਰੀਆਂ ਨੂੰ ਵੀ ਇਨ੍ਹਾਂ ਸਕੀਮਾਂ ਬਾਰੇ ਜਾਣੂ ਕਰਵਾਉਣ।ਇਸ ਮੌਕੇ ਰਜਿੰਦਰ ਸਿੰਘ ਕਾਕਾ, ਜਗਸੀਰ ਸਿੰਘ ਤੇ ਆਪ ਆਗੂ ਹਾਜ਼ਰ ਸਨ।

## ਮਹਾਪ੍ਰਗਯ ਸਕੂਲ 'ਚ 'ਨ੍ਰਿਤਯੋਤਸਵ' ਸ਼ਾਨੋ-ਸ਼ੌਕਤ ਨਾਲ ਸੰਪੰਨ




**ਜਗਰਾਉਂ (ਅਮਿਤ ਖੰਨਾ)**

ਮਹਾਪ੍ਰਗਯ ਸਕੂਲ ਵਿੱਚ ਕਰਵਾਇਆ ਗਿਆ 'ਨ੍ਰਿਤਯੋਤਸਵ' ਉਤਸ਼ਾਹ ਤੇ ਸੱਭਿਆਚਾਰਕ ਮਾਹੌਲ ਵਿੱਚ ਸੰਪੰਨ ਹੋਇਆ।ਸੈਮੀ-ਫਾਈਨਲ 'ਚੋਂ ਜਿੱਤ ਕੇ ਆਏ ਵਿਦਿਆਰਥੀਆਂ ਲਈ ਇਹ ਮੁਕਾਬਲਾ 'ਸਬ ਜੂਨੀਅਰ, ਜੂਨੀਅਰ ਤੇ ਸੀਨੀਅਰ' ਤਿੰਨ ਵਰਗਾਂ ਵਿੱਚ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਭਾਰਤੀ ਸੱਭਿਆਚਾਰ ਤੇ ਸ਼ਾਸਤਰੀ ਨ੍ਰਿਤਯ ਦੀ ਸੁੰਦਰ ਪੇਸ਼ਕਾਰੀ ਕਰਕੇ ਸਭ ਦਾ ਮਨ ਮੋਹ ਲਿਆ।ਜੱਜਾਂ ਵੱਲੋਂ ਭਾਗੀਦਾਰਾਂ ਦਾ ਮੁਲਾਂਕਣ ਪੇਸ਼ਕਾਰੀ, ਤਾਲਮੇਲ, ਅਭਿਵਿਅਕਤੀ ਤੇ ਰਚਨਾਤਮਕਤਾ ਦੇ ਆਧਾਰ 'ਤੇ ਕੀਤਾ ਗਿਆ।ਸਬ ਜੂਨੀਅਰ ਗਰੁੱਪ ਵਿੱਚੋਂ ਪ੍ਰਭਜੋਤ ਕੌਰ ਪਹਿਲੇ, ਅਵੀਨੂਰ ਕੌਰ ਦੂਜੇ ਤੇ ਨੋਬਯਾ ਤੀਜੇ ਸਥਾਨ ਉੱਤੇ ਰਹੀਆਂ, ਜੂਨੀਅਰ ਗਰੁੱਪ ਵਿੱਚ ਗੁਰਸ਼ਰਨ ਕੌਰ ਨੇ ਪਹਿਲੀ, ਸਹਿਜਦੀਪ ਕੌਰ ਨੇ ਦੂਜੀ ਤੇ ਤਸਨੀਮ ਨੇ ਤੀਜੀ ਥਾਂ ਪ੍ਰਾਪਤ ਕੀਤੀ, ਸੀਨੀਅਰ ਗਰੁੱਪ ਵਿੱਚੋਂ ਕਿਰਤਨੂਰ ਕੌਰ ਨੇ ਪਹਿਲਾ, ਦੀਪਿਕਾ ਨੇ ਦੂਜਾ ਤੇ ਖੁਸ਼ਮੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੇਤੂਆਂ ਨੂੰ ਟਰਾਫ਼ੀ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ, ਬਾਕੀ ਪ੍ਰਤੀਭਾਗੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਡਾਇਰੈਕਟਰ ਸ੍ਰੀ ਵਿਸ਼ਾਲ ਜੈਨ ਤੇ ਪ੍ਰਿੰਸੀਪਲ ਪ੍ਰਭਜੀਤ ਕੌਰ ਨੇ ਸਾਰੇ ਭਾਗੀਦਾਰਾਂ, ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ, ਰਚਨਾਤਮਕ ਸੋਚ ਤੇ ਆਪਣੀ ਸੱਭਿਆਚਾਰਕ ਵਿਰਾਸਤ ਪ੍ਰਤੀ ਸਤਿਕਾਰ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।

## ਤਰਕਸ਼ੀਲ ਸਾਹਿਤ ਵੈਨ ਦਾ ਗੁਰੂ ਹਰਸਹਾਏ 'ਚ ਆਗਮਨ ਅੱਜ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਗੁਰੂ ਹਰਸਹਾਏ ਦੀ ਇੱਕ ਅਹਿਮ ਮੀਟਿੰਗ ਜ਼ੋਨ ਜਥੇਬੰਦਕ ਮੁਖੀ ਪ੍ਰਵੀਨ ਜੰਡਵਾਲਾ ਦੀ ਦੇਖ-ਰੇਖ ਹੇਠ ਹੋਈ।ਇਸ ਮੀਟਿੰਗ ਵਿੱਚ ਤਰਕਸ਼ੀਲ ਸੁਸਾਇਟੀ ਵੱਲੋਂ ਲੋਕਾਂ ਦੇ ਬੌਧਿਕ ਪੱਧਰ ਨੂੰ ਉੱਚਾ ਚੁੱਕਣ ਦੇ ਮਕਸਦ ਨਾਲ ਚਲਾਈ ਜਾ ਰਹੀ ਅਗਾਂਹਵਧੂ ਸਾਹਿਤ ਵਾਲੀ ਵੈਨ ਦੀ ਗੁਰੂ ਹਰਸਹਾਏ ਆਮਦ 'ਤੇ ਅਤੇ ਹੋਰ ਸਮਾਜਿਕ ਮੁੱਦਿਆਂ ਉੱਪਰ ਚਰਚਾ ਕੀਤੀ ਗਈ।ਇਸ ਦੀ ਜਾਣਕਾਰੀ ਦਿੰਦੇ ਹੋਏ ਇਕਾਈ ਮੁਖੀ ਡਾਕਟਰ ਅਵਤਾਰ ਦੀਪ ਨੇ ਦੱਸਿਆ ਕਿ ਤਰਕਸ਼ੀਲ ਸੁਸਾਇਟੀ ਵੱਲੋਂ ਚਲਾਈ ਜਾ ਰਹੀ ਸਾਹਿਤ ਵੈਨ 10 ਅਗਸਤ ਤੋਂ ਗੁਰੂ ਹਰਸਹਾਏ ਇਲਾਕੇ ਵਿੱਚ ਆ ਰਹੀ ਹੈ, ਜਿਸ ਦੌਰਾਨ ਇਹ ਵੈਨ ਵੱਖ-ਵੱਖ ਸਕੂਲਾਂ ਕਾਲਜਾਂ ਤੇ ਹੋਰ ਜਨਤਕ ਥਾਵਾਂ 'ਤੇ ਰੁਕੇਗੀ।10 ਅਗਸਤ ਨੂੰ ਇਹ ਵੈਨ ਦੋਨਾ ਮੱਤੜ ਤੇ ਉਸ ਦੇ ਆਸ-ਪਾਸ ਸਕੂਲਾਂ ਵਿੱਚ ਜਾਵੇਗੀ।11 ਅਗਸਤ ਸ਼ਹੀਦ ਊਧਮ ਸਿੰਘ ਕਾਲਜ ਮੋਹਨ ਕੇ ਉਤਾੜ, 12 ਅਗਸਤ ਦੀਪ ਸਿੰਘ ਵਾਲਾ ਤੇ ਸਾਦਿਕ ਇਲਾਕੇ ਵਿੱਚ, 13 ਅਗਸਤ ਗੁਰੂ ਹਰਸਹਾਏ ਦੇ ਸਕੂਲਾਂ ਅਤੇ 14 ਅਗਸਤ ਸੋਹਣਗੜ੍ਹ ਰਹੇਗੀ।ਇਸ ਤੋਂ ਬਾਅਦ ਇਹ ਵੈਨ ਸ੍ਰੀ ਮੁਕਤਸਰ ਸਾਹਿਬ ਲਈ ਰਵਾਨਾ ਹੋਵੇਗੀ।ਉਨ੍ਹਾਂ ਅਗਾਂਹ ਵਧੂ ਜਥੇਬੰਦੀਆਂ ਤੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਸਾਹਿਤ ਖ੍ਰੀਦਣ ਦੀ ਅਪੀਲ ਕੀਤੀ।ਇਸ ਤੋਂ ਇਲਾਵਾ 21, 22 ਤੇ 23 ਅਗਸਤ ਨੂੰ ਤਰਕਸ਼ੀਲ ਭਵਨ ਬਰਨਾਲਾ ਵਿਖੇ ਲੱਗ ਰਹੇ ਪੁਸਤਕ ਮੇਲੇ ਵਿੱਚ ਵੀ ਵੱਧ ਤੋਂ ਵੱਧ ਲੋਕਾਂ ਨੂੰ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਜਗਰੂਪ ਸਿੰਘ, ਕੁਲਦੀਪ ਮੋਠਾਂ ਵਾਲਾ, ਗੁਰਚਰਨ ਸਿੰਘ ਰਾਓਕੇ, ਜਸਵਿੰਦਰ ਸਿੰਘ ਤੇ ਹੋਰ ਮੈਂਬਰਾਂ ਨੇ ਭਰਪੂਰ ਸਹਿਯੋਗ ਦਾ ਵਾਅਦਾ ਕੀਤਾ।

## ਜ਼ੋਨ ਪੱਧਰੀ ਖੇਡਾਂ 'ਚ ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਦਾ ਸ਼ਾਨਦਾਰ ਪ੍ਰਦਰਸ਼ਨ



**ਭੀਖੀ (ਧਰਮਵੀਰ ਸ਼ਰਮਾ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀਰ-ਹੋਡਲਾ ਕਲਾਂ ਵਿਖੇ ਕਰਵਾਏ ਗਏ ਭੀਖੀ ਜ਼ੋਨ ਦੇ ਜ਼ੋਨ ਪੱਧਰੀ ਖੇਡ ਮੁਕਾਬਲਿਆਂ ਵਿੱਚ ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਭੀਖੀ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਦੋ ਖੇਡਾਂ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦੀ ਅੰਡਰ-14 ਲੜਕਿਆਂ ਦੀ ਬੈਡਮਿੰਟਨ ਟੀਮ ਨੇ ਆਪਣੇ ਬਿਹਤਰੀਨ ਪ੍ਰਦਰਸ਼ਨ ਸਦਕਾ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-14 ਲੜਕਿਆਂ ਦੀ ਬਾਸਕਿਟਬਾਲ ਟੀਮ ਨੇ ਵੀ ਸ਼ਾਨਦਾਰ ਖੇਡ ਦਿਖਾਉਂਦਿਆਂ ਪਹਿਲਾ ਸਥਾਨ ਹਾਸਲ ਕਰਕੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਕੁਆਲੀਫਾਈ ਕੀਤਾ। ਇਸ ਸ਼ਾਨਦਾਰ ਪ੍ਰਾਪਤੀ ਦਾ ਸਿਹਰਾ ਟੀਮਾਂ ਦੇ ਕੋਚ ਭਰਪੂਰ ਸਿੰਘ ਅਤੇ ਰਾਜ ਕੌਰ ਦੀ ਮਿਹਨਤ, ਲਗਨ ਤੇ ਕੁਸ਼ਲ ਮਾਰਗਦਰਸ਼ਨ ਨੂੰ ਜਾਂਦਾ ਹੈ। ਇਸ ਮੌਕੇ ਸਕੂਲ ਦੇ ਪ੍ਰਧਾਨ ਬ੍ਰਿਜ ਲਾਲ, ਪ੍ਰਬੰਧਕ ਸਤੀਸ਼ ਕੁਮਾਰ, ਪ੍ਰਿੰਸੀਪਲ ਰਪਿੰਦਰ ਪਟਿਆਲ ਤੇ ਸਮੂਹ ਸਟਾਫ਼ ਨੇ ਜੇਤੂ ਖਿਡਾਰੀਆਂ ਤੇ ਕੋਚਾਂ ਨੂੰ ਹਾਰਦਿਕ ਵਧਾਈ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਉਣ ਵਾਲੇ ਜ਼ਿਲ੍ਹਾ ਤੇ ਰਾਜ ਪੱਧਰੀ ਮੁਕਾਬਲਿਆਂ ਲਈ ਸ਼ੁੱਭ-ਕਾਮਨਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਅੱਗੇ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਮ ਰੌਸ਼ਨ ਕਰਨਗੇ।

## ਪ੍ਰਾਇਮਰੀ ਸਕੂਲ ਕੋਟਲੀ ਅਬਲੂ 'ਚ ਆਰ ਓ ਪਲਾਂਟ ਦਾ ਉਦਘਾਟਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿੱਖਿਆ ਕ੍ਰਾਂਤੀ ਅਧੀਨ ਬੱਚਿਆਂ ਦੇ ਪੀਣ ਯੋਗ ਸਾਫ਼ ਪਾਣੀ ਦੇ ਪ੍ਰਬੰਧ ਲਈ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕੋਟਲੀ ਅਬਲੂ ਵਿਖੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ੍ਰ. ਸੁਖਜਿੰਦਰ ਸਿੰਘ ਕਾਉਣੀ ਵੱਲੋਂ ਨਵੇਂ ਆਰ. ਓ. ਪਲਾਂਟ ਤੇ ਚਿਲਰ ਦਾ ਉਦਘਾਟਨ ਕੀਤਾ ਗਿਆ।ਇਸ ਲਈ ਚੇਅਰਮੈਨ ਵੱਲੋਂ ਆਪਣੇ ਅਖਿਤਆਰੀ ਕੋਟੇ ਵਿੱਚੋਂ 2.33 ਲੱਖ ਦੀ ਗ੍ਰਾਂਟ ਜਾਰੀ ਕੀਤੀ ਗਈ ਸੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਲਗਾਤਾਰ ਨੁਹਾਰ ਬਦਲੀ ਜਾ ਰਹੀ ਹੈ।ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਨੂੰ ਸੁੱਖ-ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਬੱਚਿਆਂ ਨੂੰ ਸਕੂਲਾਂ ਵਿੱਚ ਵੀ ਘਰਾਂ ਵਰਗਾ ਸੁਖਾਵਾਂ ਮਾਹੌਲ ਮਿਲਦਾ ਰਹੇ।ਇਸ ਮੌਕੇ ਸਮੂਹ ਸਟਾਫ ਵੱਲੋਂ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ੍ਰ. ਸੁਖਜਿੰਦਰ ਸਿੰਘ ਕਾਉਣੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਸਕੂਲ ਮੁਖੀ ਨਵਤੇਜ ਸਿੰਘ, ਮਾਸਟਰ ਮਨਦੀਪ ਸਿੰਘ, ਭਰਭੂਰ ਸਿੰਘ, ਯਾਦਵਿੰਦਰ ਸਿੰਘ, ਬਲਤੇਜ ਸਿੰਘ, ਜੱਗਾ ਢਿੱਲੋਂ, ਗੁਰਮੀਤ ਸਿੰਘ, ਕੁਲਦੀਪ ਸਿੰਘ, ਗੁਰਨਾਮ ਸਿੰਘ, ਗੁਰਤੇਜ ਸਿੰਘ, ਸਕੂਲ ਸਟਾਫ਼, ਸਕੂਲੀ ਬੱਚੇ ਤੇ ਉਨ੍ਹਾਂ ਦੇ ਮਾਪੇ ਆਦਿ ਹਾਜ਼ਰ ਸਨ।

## ਤਰੱਕੀ ਮਿਲਣ 'ਤੇ ਹਰਕੇਸ਼ ਕੁਮਾਰ ਦੇ ਏ ਡੀ ਸੀ ਪੀ ਨੇ ਲਗਾਏ ਸਟਾਰ



**ਦੋਰਾਹਾ (ਹਰਮਿੰਦਰ ਸੇਠ)** : ਪੰਜਾਬ ਪੁਲਸ ਵਿੱਚ ਆਪਣੀਆਂ ਸੇਵਾਵਾਂ ਤਨਦੇਹੀ ਤੇ ਸਮਰਪਣ ਨਾਲ ਨਿਭਾਅ ਰਹੇ ਹਰਕੇਸ਼ ਕੁਮਾਰ ਨੂੰ ਸਬ-ਇੰਸਪੈਕਟਰ ਦੇ ਅਹੁਦੇ 'ਤੇ ਤਰੱਕੀ ਮਿਲਣ 'ਤੇ ਇੱਕ ਸਮਾਗਮ ਦੌਰਾਨ ਸਨਮਾਨਤ ਕੀਤਾ ਗਿਆ।

ਇਸ ਮੌਕੇ ਏਡੀਸੀਪੀ-3 ਲੁਧਿਆਣਾ ਦੇਵ ਸਿੰਘ ਨੇ ਹਰਕੇਸ਼ ਕੁਮਾਰ ਦੇ ਮੋਢਿਆਂ 'ਤੇ ਨਵੇਂ ਰੈਂਕ ਦੇ ਸਟਾਰ ਲਗਾ ਕੇ ਤਰੱਕੀ ਦੀ ਰਸਮ ਪੂਰੀ ਕੀਤੀ।ਇਸ ਮੌਕੇ ਏਡੀਸੀਪੀ ਦੇਵ ਸਿੰਘ ਨੇ ਹਰਕੇਸ਼ ਕੁਮਾਰ ਨੂੰ ਤਰੱਕੀ ਦੀ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਉਨ੍ਹਾਂ ਦੀ ਮਿਹਨਤ, ਇਮਾਨਦਾਰੀ, ਅਨੁਸ਼ਾਸਨ ਤੇ ਪੁਲਸ ਵਿਭਾਗ ਪ੍ਰਤੀ ਸਮਰਪਣ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਤਰੱਕੀ ਦੇ ਨਾਲ ਅਧਿਕਾਰੀ ਦੀਆਂ ਜ਼ਿੰਮੇਵਾਰੀਆਂ ਵੀ ਵਧ ਜਾਂਦੀਆਂ ਹਨ ਤੇ ਉਮੀਦ ਹੈ ਕਿ ਹਰਕੇਸ਼ ਕੁਮਾਰ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਵੀ ਪੂਰੀ ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਨਿਭਾਉਣਗੇ।

## 'ਵਾਇਸ ਆਫ ਪੰਜਾਬ' ਦੇ ਫਾਈਨਲਿਸਟ ਰਿਸ਼ਵਦੀਪ ਦਾ ਸਕੂਲ 'ਚ ਸ਼ਾਨਦਾਰ ਸਨਮਾਨ




**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੀਟੀਸੀ ਪੰਜਾਬੀ ਚੈਨਲ ਵੱਲੋਂ ਕਰਵਾਏ ਗਏ ਪੰਜਾਬ ਦੇ ਪ੍ਰਸਿੱਧ ਗਾਇਕੀ ਰਿਐਲਿਟੀ ਸ਼ੋਅ 'ਵਾਇਸ ਆਫ ਪੰਜਾਬ-11' ਦੇ ਫਾਈਨਲ ਤੱਕ ਪਹੁੰਚ ਕੇ ਆਪਣੇ ਸਕੂਲ, ਪਿੰਡ ਤੇ ਸਮੁੱਚੇ ਇਲਾਕੇ ਦਾ ਨਾਮ ਰੌਸ਼ਨ ਕਰਨ ਵਾਲੇ ਪੰਜਾਬ ਸਕੂਲ ਸਿੱਖਿਆ ਬੋਰਡ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਕੋਟਭਾਈ ਦੇ ਅੱਠਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਰਿਸ਼ਵਦੀਪ ਸਿੰਘ ਦਾ ਸਕੂਲ ਵਿਖੇ ਕਰਵਾਏ ਗਏ ਇੱਕ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਦੌਰਾਨ ਭਰਵਾਂ ਸਵਾਗਤ ਕੀਤਾ ਗਿਆ।ਸਮਾਰੋਹ ਦੀ ਪ੍ਰਧਾਨਗੀ ਸਕੂਲ ਦੀ ਪ੍ਰਿੰਸੀਪਲ ਡਾ. ਮਨੀਸ਼ਾ ਗੁਪਤਾ ਨੇ ਕੀਤੀ।ਇਸ ਮੌਕੇ ਬਲਾਕ ਕੋਆਰਡੀਨੇਟਰ ਜਗਸੀਰ ਸਿੰਘ, ਐੱਸ ਐੱਮ ਸੀ ਚੇਅਰਪਰਸਨ ਸ੍ਰੀਮਤੀ ਬਲਜੀਤ ਕੌਰ, ਐੱਸ ਐੱਮ ਸੀ ਮੈਂਬਰ ਛਿੰਦਰਪਾਲ ਸਿੰਘ, ਡਾ. ਲਭਪ੍ਰੀਤ ਸਿੰਘ, ਪ੍ਰਸਿੱਧ ਗੀਤਕਾਰ ਬਲਜੀਤ ਸਿੰਘ ਤੇ ਬਲਜਿੰਦਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ।ਮਹਿਮਾਨਾਂ ਨੇ ਰਿਸ਼ਵਦੀਪ ਸਿੰਘ ਨੂੰ ਫੁੱਲਾਂ ਦੇ ਗੁਲਦਸਤੇ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਉਸ ਦੀ ਸ਼ਾਨਦਾਰ ਉਪਲਬਧੀ ਲਈ ਵਧਾਈ ਦਿੱਤੀ।ਪ੍ਰਿੰਸੀਪਲ ਡਾ. ਮਨੀਸ਼ਾ ਗੁਪਤਾ ਨੇ ਕਿਹਾ ਕਿ ਰਿਸ਼ਵਦੀਪ ਸਿੰਘ ਨੇ ਆਪਣੀ ਸੁਰੀਲੀ ਆਵਾਜ਼, ਮਿਹਨਤ ਤੇ ਆਤਮ-ਵਿਸ਼ਵਾਸ ਨਾਲ ਨਾ ਸਿਰਫ਼ ਸਕੂਲ ਦਾ ਹੀ ਨਹੀਂ, ਸਗੋਂ ਪੂਰੇ ਮਾਲਵਾ ਖੇਤਰ ਦਾ ਮਾਣ ਵਧਾਇਆ ਹੈ।ਬਲਾਕ ਕੋਆਰਡੀਨੇਟਰ ਜਗਸੀਰ ਸਿੰਘ, ਗੀਤਕਾਰ ਬਲਜੀਤ ਸਿੰਘ ਤੇ ਹੋਰ ਮਹਿਮਾਨਾਂ ਨੇ ਰਿਸ਼ਵਦੀਪ ਸਿੰਘ ਦੀ ਪ੍ਰਤਿਭਾ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਆਉਣ ਵਾਲੇ ਸਮੇਂ ਵਿੱਚ ਪੰਜਾਬੀ ਸੰਗੀਤ ਜਗਤ ਦਾ ਚਮਕਦਾ ਸਿਤਾਰਾ ਬਣੇਗਾ।ਉਨ੍ਹਾਂ ਸਮੂਹ ਸਕੂਲ ਸਟਾਫ਼ ਤੇ ਮਾਪਿਆਂ ਨੂੰ ਵੀ ਇਸ ਸਫ਼ਲਤਾ ਲਈ ਵਧਾਈ ਦਿੱਤੀ।ਇਸ ਮੌਕੇ ਰਿਸ਼ਵਦੀਪ ਸਿੰਘ ਨੇ ਆਪਣੇ ਮਾਪਿਆਂ, ਗੁਰੂਜਨਾਂ ਤੇ ਸਕੂਲ ਪ੍ਰਬੰਧਨ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਤੇ ਹੌਸਲੇ ਸਦਕਾ ਹੀ ਉਹ ਇਸ ਮੰਚ ਦੇ ਫਾਈਨਲ ਤੱਕ ਪਹੁੰਚ ਸਕਿਆ ਹੈ।ਉਸ ਨੇ ਵਿਸ਼ਵਾਸ ਦਿਵਾਇਆ ਕਿ ਉਹ ਭਵਿੱਖ ਵਿੱਚ ਵੀ ਹੋਰ ਮਿਹਨਤ ਕਰਕੇ ਆਪਣੇ ਸਕੂਲ, ਪੰਜਾਬ ਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਯਤਨਸ਼ੀਲ ਰਹੇਗਾ।

## ਯੂਨੀਵਰਸਿਟੀ ਸਕੂਲ ਆਫ਼ ਲਾਅ ਵੱਲੋਂ ਵਿਦਿਆਰਥੀ ਇੰਡਕਸ਼ਨ ਪ੍ਰੋਗਰਾਮ ਤਹਿਤ ਲੈਕਚਰ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਯੂਨੀਵਰਸਿਟੀ ਸਕੂਲ ਆਫ਼ ਲਾਅ ਵੱਲੋਂ ਵਿਦਿਆਰਥੀ-ਕੇਂਦਰਿਤ ਇੰਡਕਸ਼ਨ ਪ੍ਰੋਗਰਾਮ ਤਹਿਤ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਸ੍ਰੀ ਅਸ਼ੋਕ ਕੁਮਾਰ ਚੌਹਾਨ, ਸਕੱਤਰ-ਕਮ-ਚੀਫ਼ ਜੁਡੀਸ਼ੀਅਲ ਮੈਜਿਸਟਰੇਟ (ਸੀ.ਜੇ.ਐੱਮ.), ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀ.ਐੱਲ.ਐੱਸ.ਏ.), ਫ਼ਤਿਹਗੜ੍ਹ ਸਾਹਿਬ ਨੇ ਮੁੱਖ ਮਹਿਮਾਨ ਤੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।ਆਪਣੇ ਪ੍ਰੇਰਨਾਦਾਇਕ ਸੰਬੋਧਨ ਦੌਰਾਨ ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਨਿੱਜੀ ਤੇ ਪੇਸ਼ੇਵਰ ਜ਼ਿੰਦਗੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵੱਲੋਂ ਦਰਸਾਏ ਗਏ ਜੀਵਨ ਮੁੱਲਾਂ ਦੇ ਆਧਾਰ 'ਤੇ ਉਸਾਰਨ ਲਈ ਪ੍ਰੇਰਿਤ ਕੀਤਾ।ਇਹ ਸਮਾਗਮ ਮਾਣਯੋਗ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਯੋਗ ਅਗਵਾਈ ਤੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਦੀ ਸਰਪ੍ਰਸਤੀ ਹੇਠ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਯੂਨੀਵਰਸਿਟੀ ਧੁਨੀ ਨਾਲ ਹੋਈ।ਉਪਰੰਤ ਪ੍ਰੋ. (ਡਾ.) ਅਮਿਤਾ ਕੌਸ਼ਲ, ਮੁਖੀ ਤੇ ਡੀਨ, ਯੂਨੀਵਰਸਿਟੀ ਸਕੂਲ ਆਫ਼ ਲਾਅ ਨੇ ਨਵੇਂ ਵਿਦਿਆਰਥੀਆਂ ਦਾ ਸਵਾਗਤ ਕੀਤਾ ਤੇ ਮੁੱਖ ਮਹਿਮਾਨ ਨਾਲ ਜਾਣ-ਪਛਾਣ ਕਰਵਾਈ।ਸਮਾਗਮ ਦਾ ਵਿਸ਼ੇਸ਼ ਆਕਰਸ਼ਣ 'ਨੈਵੀਗੇਟਿੰਗ ਕਾਂਸਟੀਚਿਊਸ਼ਨਲ ਲੈਂਡਸਕੇਪ ਐਂਡ ਈਵਾਲਵਿੰਗ ਡੈਮੋਕ੍ਰੇਸੀ ਇਨ ਇੰਡੀਆ (ਭਾਰਤ ਵਿੱਚ ਸੰਵਿਧਾਨਕ ਪਰਿਦ੍ਰਿਸ਼ ਤੇ ਵਿਕਾਸਸ਼ੀਲ ਲੋਕਤੰਤਰ)' ਪੁਸਤਕ ਦਾ ਲੋਕ ਅਰਪਣ ਰਿਹਾ।ਇਸ ਪੁਸਤਕ ਦੀ ਮੁੱਖ ਸੰਪਾਦਕ ਪ੍ਰੋ. (ਡਾ.) ਅਮਿਤਾ ਕੌਸ਼ਲ ਹਨ, ਜਦਕਿ ਡਾ. ਨਵਨੀਤ ਕੌਰ ਤੇ ਡਾ. ਕਵਲਜੀਤ ਕੌਰ ਇਸ ਦੀਆਂ ਸੰਪਾਦਕ ਹਨ।ਅੰਤ ਵਿੱਚ ਮੁੱਖ ਮਹਿਮਾਨ ਦਾ ਸਨਮਾਨ ਕੀਤਾ ਗਿਆ।ਡਾ. ਨਵਨੀਤ ਕੌਰ ਨੇ ਧੰਨਵਾਦੀ ਮਤਾ ਪੇਸ਼ ਕੀਤਾ।ਸਮਾਗਮ ਦਾ ਸਫ਼ਲ ਸੰਚਾਲਨ ਦਿਵਜੋਤ ਸੰਧੂ, ਗੁਰਲੀਨ ਕੌਰ ਤੇ ਨੂਰਕਮਲ ਕੌਰ ਵੱਲੋਂ ਕੀਤਾ ਗਿਆ।ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ।

## ਯੂਰੋ ਕਿਡਜ਼ ਤੇ ਡ੍ਰੀਮ ਬੈਰੀ ਕਾਨਵੈਂਟ ਸਕੂਲ ਵਿਖੇ ਤੀਆਂ ਦਾ ਤਿਉਹਾਰ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਦੋਰਾਹਾ ਸ਼ਹਿਰ ਦੀ ਨਾਮਵਰ ਵਿੱਦਿਅਕ ਸੰਸਥਾ ਯੂਰੋ ਕਿਡਜ਼ ਤੇ ਡ੍ਰੀਮ ਬੈਰੀ ਕਾਨਵੈਂਟ ਸਕੂਲ ਵਿਖੇ ਮੈਨੇਜਿੰਗ ਡਾਇਰੈਕਟਰ ਰਜਤ ਸ਼ਰਮਾ ਦੀ ਅਗਵਾਈ ਵਿੱਚ ਪੰਜਾਬੀ ਵਿਰਸੇ ਤੇ ਸੱਭਿਆਚਾਰ ਨੂੰ ਸਮਰਪਤ ਤੀਆਂ ਦਾ ਤਿਉਹਾਰ ਬਹੁਤ ਹੀ ਉਤਸ਼ਾਹ ਤੇ ਰਵਾਇਤੀ ਢੰਗ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦਾ ਮਾਹੌਲ ਪੂਰੀ ਤਰ੍ਹਾਂ ਪੰਜਾਬੀ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ।ਛੋਟੀਆਂ-ਛੋਟੀਆਂ ਬੱਚੀਆਂ ਤੇ ਅਧਿਆਪਕਾਵਾਂ ਨੇ ਰੰਗ ਬਿਰੰਗੇ ਪੰਜਾਬੀ ਪਹਿਰਾਵੇ ਪਹਿਨ ਕੇ ਸਮਾਗਮ ਦੀ ਸ਼ੋਭਾ ਵਧਾਈ।ਸਮਾਗਮ ਦੌਰਾਨ ਬੱਚਿਆਂ ਨੇ ਗਿੱਧਾ, ਬੋਲੀਆਂ, ਲੋਕ-ਗੀਤਾ ਨਾਚ, ਭੰਗੜਾ ਤੇ ਹੋਰ ਸੱਭਿਆਚਾਰਕ ਪੇਸ਼ ਕਾਰੀਆਂ ਰਾਹੀਂ ਸਭ ਦਾ ਮੰਨ ਮੋਹ ਲਿਆ।ਮਹਿੰਦੀ, ਚੂੜੀਆਂ ਤੇ ਪੰਜਾਬੀ ਰਵਾਇਤਾਂ ਨਾਲ ਜੁੜੀਆਂ ਗਤੀਵਿਧੀਆਂ ਵੀ ਖਾਸ ਆਕਰਸ਼ਨ ਦਾ ਕੇਂਦਰ ਰਹੀਆਂ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੁਰਿੰਦਰਪਾਲ ਕੌਰ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿ ਅਜਿਹੇ ਸੱਭਿਆਚਾਰ ਪ੍ਰਤੀ ਆਪਣਾ ਅਮੀਰ ਵਿਰਸੇ ਰਸਮਾਂ-ਰਿਵਾਜਾਂ ਤੇ ਪ੍ਰੰਪਰਾਵਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਮੁੱਖ ਮਹਿਮਾਨ ਚੇਅਰਮੈਨ ਜਤਿੰਦਰ ਸ਼ਰਮਾ, ਡਾਇਰੈਕਰ ਨੀਰਜ ਸ਼ਰਮਾ, ਸੁਮਨ ਸ਼ਰਮਾ, ਸੋਨੀਆ ਸ਼ਰਮਾ, ਸ਼ੁਭਮ ਸ਼ਰਮਾ, ਗੁਨੀਤਾ ਸ਼ਰਮਾ, ਸੁਰਿੰਦਰਪਾਲ ਕੌਰ ਤੋਂ ਇਲਾਵਾ ਅਮਨਦੀਪ ਕੌਰ, ਜਸਵਿੰਦਰ ਕੌਰ, ਕੋਮਲ ਕੌਰ, ਕੋਮਲ ਸ਼ਰਮਾ, ਨੀਤਿਕਾ , ਪ੍ਰਿਯੰਕਾ ਸ਼ਰਮਾ, ਜਸਪ੍ਰੀਤ ਕੌਰ, ਸਿਮਰਜੀਤ ਕੌਰ, ਨਵਪ੍ਰੀਤ ਕੌਰ, ਰਾਜਵਿੰਦਰ ਕੌਰ, ਮੁਸਕਾਨ ਭਾਟੀਆ, ਰੂਬਲ ਕੌਰ ਨਵਦੀਪ ਕੌਰ ਆਦਿ ਸ਼ਾਮਲ ਸਨ।

## ਪੰਜਾਬ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਪੱਧਰੀ ਮੀਟਿੰਗ

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਪ੍ਰਧਾਨ ਰਾਮਫਲ ਚੱਕ ਅਲੀਸ਼ੇਰ ਦੀ ਪ੍ਰਧਾਨਗੀ ਹੇਠ ਹੋਈ। ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਚੱਕ ਅਲੀਸ਼ੇਰ, ਪ੍ਰੈੱਸ ਸਕੱਤਰ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਪੰਜਾਬ ਦੀਆਂ ਜਥੇਬੰਦੀਆਂ ਪੰਜਾਬ ਕਿਸਾਨ ਯੂਨੀਅਨ ਤੇ ਜਮਹੂਰੀ ਕਿਸਾਨ ਸਭਾ ਦਾ ਆਲ ਇੰਡੀਆ ਕਿਸਾਨ ਮਹਾ ਸਭਾ 'ਚ ਰਲੇਵੇਂ ਸੰਬੰਧੀ ਵਿਚਾਰ ਚਰਚਾ ਕਰਨਾ ਕਿਸਾਨੀ ਸੰਘਰਸ਼ ਲਈ ਹਾਂ-ਪੱਖੀ ਵਰਤਾਰਾ ਹੈ।ਉਨ੍ਹਾਂ ਕਿਹਾ ਕਿ ਇਸ ਸਬੰਧੀ 20, 21 ਸਤੰਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਰੈਲੀ ਕਰਨ ਉਪਰੰਤ ਦੋ ਰੋਜ਼ਾ ਡੈਲੀਗੇਟ ਅਜਲਾਸ ਵੀ ਕੀਤਾ ਜਾਵੇਗਾ, ਜਿਸ 'ਚ ਕਰੀਬ ਡੇਢ ਦਰਜਨ ਰਾਜਾਂ ਤੋਂ 1000 ਡੈਲੀਗੇਟ ਪਹੁੰਚਣਗੇ।ਇਸ ਅਜਲਾਸ ਦੀ ਤਿਆਰੀ ਲਈ 9 ਸਤੰਬਰ ਨੂੰ ਜਲੰਧਰ ਵਿਖੇ ਕਨਵੈਨਸ਼ਨ ਕੀਤੀ ਜਾਵੇਗੀ, ਜਿਸ 'ਚ ਦੋਵੇਂ ਜਥੇਬੰਦੀਆਂ ਮੋਹਰੀ ਰੋਲ ਅਦਾ ਕਰਦਿਆਂ ਆਪੋ ਆਪਣੀ ਭੂਮਿਕਾ ਨਿਭਾਉਣਗੀਆਂ।ਉਪਰੰਤ ਆਪਸੀ ਰਲੇਵੇਂ ਦਾ ਆਗਾਜ਼ ਵੀ ਕੀਤਾ ਜਾਵੇਗਾ।ਮੀਟਿੰਗ ਦੌਰਾਨ 10 ਅਗਸਤ ਨੂੰ ਸੰਯੁਕਤ ਕਿਸਾਨ ਮੋਰਚਾ ਤੇ ਦੇਸ਼ ਦੀਆਂ ਟ੍ਰੇਡ ਯੂਨੀਅਨਾਂ ਵੱਲੋਂ ਕੀਤੀ ਜਾ ਰਹੀ ਹੜਤਾਲ 'ਚ ਸ਼ਾਮਲ ਹੋਣ ਲਈ ਡਿਊਟੀਆਂ ਲਗਾਈਆਂ ਗਈਆਂ।ਪ੍ਰੈੱਸ ਰਾਹੀਂ ਉਨ੍ਹਾਂ ਮੰਗ ਕੀਤੀ ਕਿ ਭਾਰਤ ਸਰਕਾਰ ਅਮਰੀਕਾ ਨਾਲ ਜੋ ਟ੍ਰੇਡ ਸਮਝੌਤਾ ਕਰਨ ਜਾ ਰਹੀ ਹੈ, ਉਸ ਦਾ ਖੁਲਾਸਾ ਪਾਰਲੀਮੈਂਟ ਦੇ ਚੱਲ ਰਹੇ ਸੈਸ਼ਨ ਦੌਰਾਨ ਕਰੇ।ਆਗੂਆਂ ਨੇ ਕੇਂਦਰ ਸਰਕਾਰ ਖ਼ਿਲਾਫ਼ ਜੰਤਰ ਮੰਤਰ ਵਿਖੇ ਸੰਘਰਸ਼ ਕਰ ਰਹੇ ਵਿਦਿਆਰਥੀਆਂ ਤੇ ਨੌਜਵਾਨਾਂ 'ਤੇ ਦਰਜ ਕੀਤੇ ਕੇਸ ਵਾਪਸ ਲੈਣ ਦੀ ਮੰਗ ਕਰਦਿਆਂ ਜੇਲ੍ਹਾਂ 'ਚ ਬੰਦ ਵਿਦਿਆਰਥੀਆਂ ਨੂੰ ਬਿਨਾਂ ਸ਼ਰਤ ਰਿਹਾਅ ਕਰਨ ਦੀ ਅਪੀਲ ਕੀਤੀ।


# ਕੁਲਾਰ ਖੁਰਦ ਦਾ ਸਰਕਾਰੀ ਹਾਈ ਸਕੂਲ ਹੋਇਆ ਅੱਪਗ੍ਰੇਡ

### ਕੈਬਨਿਟ ਮੰਤਰੀ ਨੇ ਮਨਜ਼ੂਰੀ ਪੱਤਰ ਪੰਚਾਇਤ, ਪ੍ਰਿੰਸੀਪਲ ਅਤੇ ਪਿੰਡ ਵਾਸੀਆਂ ਨੂੰ ਸੌਂਪਿਆ



**ਸੰਗਰੂਰ/ਸੁਨਾਮ (ਪ੍ਰਵੀਨ ਸਿੰਘ/ਅਸ਼ੋਕ ਬਾਂਸਲ, ਹਾਕਮ ਭੱਟੀ)**-ਪਿੰਡ ਕੁਲਾਰ ਖੁਰਦ ਦੇ ਵਸਨੀਕਾਂ ਦੀ ਪਿਛਲੇ ਲਗਭਗ 23-24 ਸਾਲਾਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰਦਿਆਂ ਪਿੰਡ ਦੇ ਹਾਈ ਸਕੂਲ ਨੂੰ ਸੀਨੀਅਰ ਸੈਕੰਡਰੀ ਸਕੂਲ ਵਜੋਂ ਅੱਪਗ੍ਰੇਡ ਕਰ ਦਿੱਤਾ ਗਿਆ ਹੈ।ਸਕੂਲ ਨੂੰ ਅੱਪਗ੍ਰੇਡ ਕਰਨ ਸਬੰਧੀ ਸਰਕਾਰ ਵੱਲੋਂ ਪ੍ਰਾਪਤ ਮਨਜ਼ੂਰੀ ਦਾ ਪੱਤਰ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਪਿੰਡ ਦੀ ਪੰਚਾਇਤ, ਸਕੂਲ ਦੇ ਪ੍ਰਿੰਸੀਪਲ, ਅਧਿਆਪਕਾਂ ਤੇ ਪਿੰਡ ਵਾਸੀਆਂ ਨੂੰ ਸੌਂਪਿਆ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਅੱਜ ਦਾ ਦਿਨ ਕੁਲਾਰ ਖੁਰਦ ਤੇ ਸਮੁੱਚੇ ਇਲਾਕੇ ਲਈ ਬੇਹੱਦ ਖੁਸ਼ੀ ਦਾ ਦਿਨ ਹੈ, ਕਿਉਂਕਿ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਹੁਣ ਪੂਰੀ ਹੋ ਗਈ ਹੈ।ਉਨ੍ਹਾਂ ਕਿਹਾ ਕਿ ਸਕੂਲ ਦਾ ਪ੍ਰਬੰਧ ਪਿਛਲੇ ਲੰਬੇ ਸਮੇਂ ਤੋਂ ਪੰਚਾਇਤੀ ਪੱਧਰ 'ਤੇ ਬਹੁਤ ਹੀ ਸੁਚੱਜੇ ਢੰਗ ਨਾਲ ਚਲਾਇਆ ਜਾ ਰਿਹਾ ਸੀ ਤੇ ਸਕੂਲ ਦੇ ਪ੍ਰਿੰਸੀਪਲ, ਸਮੁੱਚੇ ਅਧਿਆਪਕ ਵਰਗ, ਪੰਚਾਇਤ ਤੇ ਪਿੰਡ ਵਾਸੀਆਂ ਨੇ ਮਿਲ ਕੇ ਸਕੂਲ ਦੀ ਬਿਹਤਰੀ ਲਈ ਸ਼ਾਨਦਾਰ ਯਤਨ ਕੀਤੇ ਹਨ।ਭਾਵੇਂ ਸਕੂਲ ਲੰਬੇ ਸਮੇਂ ਤੋਂ ਪੰਚਾਇਤੀ ਪੱਧਰ 'ਤੇ ਚੱਲ ਰਿਹਾ ਸੀ, ਪਰ ਸਰਕਾਰੀ ਪੱਧਰ 'ਤੇ ਇਸ ਨੂੰ ਸੀਨੀਅਰ ਸੈਕੰਡਰੀ ਦਾ ਦਰਜਾ ਨਹੀਂ ਮਿਲਿਆ ਸੀ।ਜਦੋਂ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਇਆ ਤਾਂ ਉਨ੍ਹਾਂ ਵੱਲੋਂ ਇਸ ਨੂੰ ਗੰਭੀਰਤਾ ਨਾਲ ਲੈਂਦਿਆਂ ਪਹਿਲਾਂ ਵੀ, ਜਦੋਂ ਉਹ ਵਿਰੋਧੀ ਧਿਰ ਵਿੱਚ ਸਨ, ਵਿਧਾਨ ਸਭਾ ਤੇ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ। ਉਸ ਸਮੇਂ ਇਹ ਕੰਮ ਸਿਰੇ ਨਹੀਂ ਚੜ੍ਹ ਸਕਿਆ, ਪਰ ਹੁਣ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਮੁੱਖ ਮੰਤਰੀ ਤੇ ਕੈਬਨਿਟ ਤੋਂ ਲੋੜੀਂਦੀ ਮਨਜ਼ੂਰੀ ਪ੍ਰਾਪਤ ਕਰਕੇ ਇਹ ਲੰਬੇ ਸਮੇਂ ਤੋਂ ਲਟਕਿਆ ਮਸਲਾ ਹੱਲ ਕਰਵਾਇਆ ਗਿਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਮੀਂਹ ਦੇ ਬਾਵਜੂਦ ਬੱਚਿਆਂ, ਮਾਪਿਆਂ, ਅਧਿਆਪਕਾਂ ਅਤੇ ਪਿੰਡ ਵਾਸੀਆਂ ਵੱਲੋਂ ਜਿਸ ਉਤਸ਼ਾਹ ਨਾਲ ਇਥੇ ਪੁੱਜ ਕੇ ਇਸ ਫੈਸਲੇ ਦਾ ਸਵਾਗਤ ਕੀਤਾ ਗਿਆ, ਉਹ ਇਸ ਗੱਲ ਦਾ ਪ੍ਰਮਾਣ ਹੈ ਕਿ ਇਹ ਸਿਰਫ਼ ਸਕੂਲ ਦਾ ਅਪਗ੍ਰੇਡੇਸ਼ਨ ਨਹੀਂ, ਸਗੋਂ ਪੂਰੇ ਪਿੰਡ ਦੀ ਲੰਬੇ ਸਮੇਂ ਦੀ ਉਮੀਦ ਦੀ ਪੂਰਤੀ ਹੈ।ਉਨ੍ਹਾਂ ਕੁਲਾਰ ਖੁਰਦ ਦੇ ਸਮੁੱਚੇ ਵਸਨੀਕਾਂ, ਸਕੂਲ ਦੇ ਪ੍ਰਿੰਸੀਪਲ, ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਸਰਕਾਰ ਵੱਲੋਂ ਆਪਣਾ ਕੰਮ ਕਰ ਦਿੱਤਾ ਗਿਆ ਹੈ ਤੇ ਭਵਿੱਖ ਵਿੱਚ ਵੀ ਸਕੂਲ ਜਾਂ ਪਿੰਡ ਦੀਆਂ ਜਾਇਜ਼ ਲੋੜਾਂ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।ਇਸ ਮੌਕੇ ਸਰਪੰਚ ਹਰਿੰਦਰ ਸਿੰਘ, ਡੀ.ਈ.ਓ. ਮਨੀਸ਼ਾ ਮਹਿਤਾ, ਪੰਚ ਸੁਰਜੀਤ ਸਿੰਘ ਫੌਜੀ, ਮਨਿੰਦਰ ਸਿੰਘ ਲੈਕਚਰਾਰ, ਮਨਜੀਤ ਸਿੰਘ ਨੰਬਰਦਾਰ, ਸੰਦੀਪ ਸਿੱਧੂ, ਮਨਿੰਦਰ ਸਿੰਘ ਪ੍ਰਧਾਨ, ਜਸਵੀਰ ਸਿੰਘ ਕਾਲਾ, ਹਰਵਿੰਦਰ ਸਿੰਘ ਲਾਡੀ, ਸੋਸਾਇਟੀ ਪ੍ਰਧਾਨ ਲਖਵਿੰਦਰ ਸਿੰਘ ਚੰਨਾ, ਦਰਸ਼ਨ ਸਿੰਘ, ਸ਼ਿੰਗਾਰਾ ਸਿੰਘ ਚਹਿਲ, ਕੁਲਦੀਪ ਸਿੰਘ ਬਲਾਕ ਸਮਿਤੀ ਮੈਂਬਰ, ਬਲਾਕ ਪ੍ਰਧਾਨ ਦੀਪ ਸਰਪੰਚ ਕਨੋਈ, ਸਟੇਜ ਸਕੱਤਰ ਮਨਜੀਤ ਸਿੰਘ ਸਮੇਤ ਸਿੱਖਿਆ ਵਿਭਾਗ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ, ਪਿੰਡਾਂ ਦੇ ਪੰਚ-ਸਰਪੰਚ ਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

## ਮਾਪਿਆਂ 'ਚ ਸਰਕਾਰੀ ਸਕੂਲਾਂ ਪ੍ਰਤੀ ਵਿਸ਼ਵਾਸ ਵਧਿਆ : ਚੇਅਰਮੈਨ ਬਰਾੜ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪਨਸਪ ਦੇ ਚੇਅਰਮੈਨ ਪ੍ਰਬਬੀਰ ਸਿੰਘ ਬਰਾੜ ਨੇ ਕਿਹਾ ਕਿ ਸਿੱਖਿਆ ਵਿੱਚ ਲਗਾਤਾਰ ਨਿਵੇਸ਼ ਨੇ ਸਰਕਾਰੀ ਸਕੂਲਾਂ ਨੂੰ ਬੁਲੰਦੀਆਂ 'ਤੇ ਪਹੁੰਚਾਇਆ ਹੈ ਅਤੇ ਬਿਹਤਰ ਬੁਨਿਆਦੀ ਢਾਂਚੇ, ਵਿਦੇਸ਼ਾਂ 'ਚ ਅਧਿਆਪਕਾਂ ਦੀ ਸਿਖਲਾਈ ਤੇ ਪੜ੍ਹਾਉਣ ਦੇ ਆਧੁਨਿਕ ਤਰੀਕਿਆਂ ਕਰਕੇ ਮਾਪਿਆਂ ਵਿੱਚ ਸਰਕਾਰੀ ਸਕੂਲਾਂ ਪ੍ਰਤੀ ਵਿਸ਼ਵਾਸ ਵਧਿਆ ਹੈ।ਉਨ੍ਹਾਂ ਦੱਸਿਆ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਰਹਿਨੁਮਾਈ ਹੇਠ ਪੰਜਾਬ ਦੇਸ਼ ਭਰ ਵਿੱਚ ਸਕੂਲੀ ਸਿੱਖਿਆ ਵਿੱਚ 27ਵੇਂ ਸਥਾਨ ਤੋਂ ਵੱਡੀ ਪੁਲਾਂਘ ਪੁੱਟ ਕੇ ਪਹਿਲੇ ਨੰਬਰ ਤੇ ਪਹੁੰਚ ਗਿਆ ਹੈ, ਜੋ ਹਰ ਬੱਚੇ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਇੱਕ ਸਿਹਤਮੰਦ, ਸਿੱਖਿਅਤ ਤੇ ਨਸ਼ਾ ਮੁਕਤ ਪੰਜਾਬ ਬਣਾਉਣ ਦੀ ਉਨ੍ਹਾਂ ਦੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਾ ਹੈ।ਉਨ੍ਹਾਂ ਦੱਸਿਆ ਕਿ ਇਸ ਸਾਲ ਸਾਡੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ ਲਈ ਕੁਆਲੀਫਾਈ ਕੀਤਾ ਹੈ, ਜਦੋਂਕਿ 125 ਤੋਂ ਵੱਧ ਨੇ ਜੇਈਈ ਮੇਨਜ਼ ਦੀ ਪ੍ਰੀਖਿਆ ਪਾਸ ਕੀਤੀ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਅਸੀਂ ਉਸ ਰੰਗਲੇ ਪੰਜਾਬ ਦਾ ਨਿਰਮਾਣ ਕਰ ਰਹੇ ਹਾਂ, ਜਿਸ ਦਾ ਸਾਡੇ ਬੱਚੇ ਸੁਪਨਾ ਦੇਖਦੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਸਿੱਖਿਆ ਦੇ ਮਿਆਰ ਨੂੰ ਹੋਰ ਬਿਹਤਰ ਬਣਾਉਣ ਤੇ ਆਮ ਲੋਕਾਂ ਨੂੰ ਸਸ਼ਕਤ ਬਣਾਉਣ ਲਈ ਅਣਥੱਕ ਯਤਨ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਨੇ ਸਰਕਾਰੀ ਸਕੂਲਾਂ ਵਿੱਚ ਮਾਪੇ-ਅਧਿਆਪਕ ਮੀਟਿੰਗਾਂ ਦੀ ਵੀ ਅਗਵਾਈ ਕੀਤੀ ਹੈ, ਜਿਸ ਵਿੱਚ ਲਗਭਗ 24 ਲੱਖ ਮਾਪਿਆਂ ਦੀ ਸ਼ਮੂਲੀਅਤ ਦਰਜ ਕੀਤੀ ਗਈ।ਲਗਭਗ 20,000 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਮੁਫ਼ਤ ਬੱਸ ਸੇਵਾ ਪ੍ਰਦਾਨ ਕੀਤੀ ਜਾ ਰਹੀ ਹੈ, ਜਿਨ੍ਹਾਂ ਵਿੱਚ 12000 ਕੁੜੀਆਂ ਸ਼ਾਮਲ ਹਨ।

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖ਼ਿਲਾਫ਼ ਸੰਘਰਸ਼ ਦਾ ਐਲਾਨ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੀ ਚੋਣ ਡੈਲੀਗੇਟ ਅਜਲਾਸ ਕਰਕੇ ਕੀਤੀ ਤੇ ਜ਼ਿਲ੍ਹਾ ਟੀਮ ਚੁਣੀ ਗਈ ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਸਕੱਤਰ ਹਰਜਿੰਦਰ ਸਿੰਘ ਸ਼ਕਰੀ, ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਨੂਰਦੀ, ਮੀਤ ਪ੍ਰਧਾਨ ਦਿਆਲ ਸਿੰਘ ਮੀਆਂਵਿੰਡ, ਮੀਤ ਪ੍ਰਧਾਨ ਰੇਸ਼ਮ ਸਿੰਘ ਘੁਰਕਵਿੰਡ, ਖਜਾਨਚੀ ਫਤਿਹ ਸਿੰਘ ਪਿੱਦੀ, ਪ੍ਰੈੱਸ ਸਕੱਤਰ ਭੁਪਿੰਦਰ ਸਿੰਘ ਭਿੰਡਾ ਖਡੂਰ ਸਾਹਿਬ, ਮੀਤ ਪ੍ਰੈੱਸ ਸਕੱਤਰ ਰਣਜੋਧ ਸਿੰਘ ਗੱਗੋਬੂਹਾ, ਸਹਾਇਕ ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਭੁੱਚਰ, ਵਲੰਟੀਅਰ ਇੰਚਾਰਜ ਨਿਰੰਜਣ ਸਿੰਘ ਬਗਰਾੜੀ, ਪਰਮਜੀਤ ਸਿੰਘ ਛੀਨਾ, ਬਲਜੀਤ ਸਿੰਘ ਝਬਾਲ, ਲੰਗਰ ਇੰਚਾਰਜ ਬਲਜਿੰਦਰ ਸਿੰਘ ਸੇਰੋਂ, ਸਲਵਿੰਦਰ ਸਿੰਘ, ਮਨਜਿੰਦਰ ਸਿੰਘ ਗੋਹਲਵੜ, ਸਲਾਹਕਾਰ ਲਖਵਿੰਦਰ ਸਿੰਘ ਪਲਾਸੌਰ, ਦਿਲਬਾਗ ਸਿੰਘ ਪਹੂੰਵਿੰਡ, ਸਤਨਾਮ ਸਿੰਘ ਖੋਜਕੀਪੁਰ, ਮੁਖਤਿਆਰ ਸਿੰਘ ਬਿਹਾਰੀਪੁਰ, ਹਰਪਾਲ ਸਿੰਘ ਸਿੱਧਵਾਂ, ਕੁਲਵੰਤ ਸਿੰਘ ਭੈਲ, ਸਵਰਨ ਸਿੰਘ ਹਰੀਕੇ, ਭਗਵਾਨ ਸਿੰਘ ਸੰਘਰ, ਬੀਬੀਆਂ ਵਿੱਚ ਬੀਬੀ ਰਣਜੀਤ ਕੌਰ ਕੱਲਾ, ਬੀਬੀ ਉਪਜੀਤ ਕੌਰ ਝਬਾਲ, ਬੀਬੀ ਦਵਿੰਦਰ ਕੌਰ, ਬੀਬੀ ਮਨਜੀਤ ਕੌਰ ਮੋਹਨਪੁਰਾ ਵਣਿੰਗ ਦੀ ਜ਼ਿਲ੍ਹਾ ਟੀਮ ਵਿੱਚ ਚੋਣ ਹੋਈ।ਇਸ ਚੋਣ ਵਿੱਚ ਸੂਬਾ ਆਗੂ ਸਤਨਾਮ ਸਿੰਘ ਪੰਨੂ, ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਸਵਿੰਦਰ ਸਿੰਘ ਚੁਤਾਲਾ, ਜਸਬੀਰ ਸਿੰਘ ਪਿੱਦੀ ਸੂਬਾ ਆਗੂ ਵਿਸ਼ੇਸ਼ ਤੌਰ ਤੇ ਪਹੁੰਚੇ।ਇਸ ਮੌਕੇ ਆਗੂਆਂ ਨੇ ਬੋਲਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਕੇਂਦਰ ਦੇ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਅਤੇ ਕਰ ਮੁਕਤ ਵਪਾਰ ਸਮਝੌਤਾ ਰੱਦ ਕਰਵਾਉਣ, ਕਿਸਾਨਾਂ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਖਤਮ ਕਰਾਉਣ, ਮਨਰੇਗਾ ਸਕੀਮ ਨੂੰ ਫਿਰ ਪਹਿਲੇ ਰੂਪ ਵਿੱਚ ਬਹਾਲ ਕਰਾਉਣ, 200 ਦਿਨ ਰੁਜ਼ਗਾਰ ਤੇ 700 ਰੁਪਿਆ ਦਿਹਾੜੀ ਲੈਣ, ਸਮਾਜ ਵਿੱਚ ਕੁਰੀਤੀਆਂ ਨੂੰ ਦੂਰ ਕਰਨ, ਨਸ਼ਾ ਮੁਕਤ ਸਮਾਜ ਸਿਰਜਣ, ਕਿਸਾਨਾਂ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਖਤਮ ਕਰਾਉਣ ਅਤੇ ਕਾਰਪੋਰੇਟ ਪੱਖੀ ਨੀਤੀ ਨੂੰ ਮੁੱਢੋਂ ਰੱਦ ਕਰਵਾਉਣ, ਚਿੱਪ ਵਾਲੇ ਮੀਟਰ ਵਾਪਸ ਕਰਕੇ ਦੁਬਾਰਾ ਤੋਂ ਪਹਿਲੇ ਮੀਟਰ ਲਗਵਾਉਣ ਆਦਿ ਦੀ ਮਤਿਆਂ ਨੂੰ ਪਾਸ ਕਰਵਾਇਆ ਗਿਆ। ਸਾਰੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਜੋ ਨੀਤੀਆਂ ਕਾਰਪੋਰੇਟ ਪੱਖੀ ਲਿਆਂਦੀਆਂ ਜਾ ਰਹੀਆਂ ਉਹਦੇ ਨਾਲ ਸਮਾਜ ਵਿੱਚ ਬਹੁਤ ਉਥਲ ਉਥਲ ਮੱਚ ਜਾਵੇਗੀ। ਸੋ ਸਮਾਜ ਨੂੰ ਬਰਾਬਰ ਰੱਖਣ ਵਾਸਤੇ, ਕਿਰਤੀ ਕਾਮੇ ਦਾ ਰਾਜ ਭਾਗ ਕਾਇਮ ਕਰਨ ਵਾਸਤੇ ਹਰੇਕ ਦੇ ਸਹਿਯੋਗ ਦੀ ਬਹੁਤ ਵੱਡੀ ਲੋੜ ਹੈ। ਆਓ ਇੱਕ ਹੋਈਏ ਅਤੇ ਕਿਰਤੀ ਕਿਸਾਨ ਪੱਖੀ ਸਮਾਜ ਸਿਰਜਦਿਆਂ ਨਸ਼ਾ ਮੁਕਤ, ਮਾਫੀਆ ਮੁਕਤ ਸਮਾਜ ਸਿਰਜੀਏ।ਪੰਜਾਬ ਸਰਕਾਰ ਵੱਲੋਂ ਲਿਆਂਦੀ ਜਾ ਰਹੀ ਲੈਂਡ ਪੂਲਿੰਗ ਨੀਤੀ ਨੂੰ ਤੁਰੰਤ ਰੱਦ ਕੀਤਾ ਜਾਵੇ। ਇਹ ਨੀਤੀ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਦੀ ਸਾਜ਼ਿਸ਼ ਹੈ, ਅਸੀਂ ਇੱਕ ਇੰਚ ਜ਼ਮੀਨ ਵੀ ਨਹੀਂ ਦੇਵਾਂਗੇ।ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੀ ਜਾ ਰਹੀ ਟਰੇਡ ਡੀਲ ਜੋ ਕਿਸਾਨੀ ਅਤੇ ਡੇਅਰੀ ਖੇਤਰ ਨੂੰ ਤਬਾਹ ਕਰ ਦੇਵੇਗੀ, ਨੂੰ ਤੁਰੰਤ ਰੱਦ ਕੀਤਾ ਜਾਵੇ।ਅਮਰੀਕਾ ਦੀ ਜੀ.ਐਮ. ਫਸਲਾਂ ਅਤੇ ਡੇਅਰੀ ਉਤਪਾਦਾਂ ਨੂੰ ਭਾਰਤ ਵਿੱਚ ਲਿਆਉਣਾ ਬੰਦ ਕੀਤਾ ਜਾਵੇ।ਕਿਸਾਨਾਂ ਨੂੰ 32+50% ਫਾਰਮੂਲੇ ਤਹਿਤ ਸਾਰੀਆਂ ਫਸਲਾਂ ਤੇ ਘੱਟੋ-ਘੱਟ ਸਮਰਥਨ ਮੁੱਲ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ ਅਤੇ ਡਾ. ਸਵਾਮੀਨਾਥਨ ਕਮਿਸ਼ਨ ਦੀਆਂ ਸਾਰੀਆਂ ਸਿਫਾਰਸ਼ਾਂ ਤੁਰੰਤ ਲਾਗੂ ਕੀਤੀਆਂ ਜਾਣ।ਮਜ਼ਦੂਰਾਂ ਦੇ ਬਿਜਲੀ ਦੇ ਬਿੱਲ ਮਾਫ ਕੀਤੇ ਜਾਣ ਅਤੇ ਜ਼ਬਰਦਸਤੀ ਲਗਾਏ ਜਾ ਰਹੇ ਸਮਾਰਟ ਮੀਟਰ ਬੰਦ ਕੀਤੇ ਜਾਣ ਅਤੇ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਮੰਨੀਆਂ ਹੋਈਆਂ ਲਾਗੂ ਕੀਤੀਆਂ ਜਾਣ।

# 'ਆਪ' ਦੀਆਂ ਲੋਕ ਮਿਲਣੀਆਂ ਨੇ ਸਿਆਸੀ ਮਾਹੌਲ ਨੂੰ ਨਵੀਂ ਦਿਸ਼ਾ ਦਿੱਤੀ: ਭੋਏਵਾਲ



ਚਵਿੰਡਾ ਦੇਵੀ, (ਖੁਸ਼ਾਲ ਸੁੰਦਰ): ਹਲਕਾ ਮਜੀਠਾ-2 ਦੇ ਚੇਅਰਮੈਨ ਸਿਕੰਦਰ ਸਿੰਘ ਭੋਏਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਹਲਕੇ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਪਿੰਡ-ਪਿੰਡ ਪਹੁੰਚ ਕਰਕੇ ਕੀਤੀਆਂ ਜਾ ਰਹੀਆਂ ਲੋਕ ਮਿਲਣੀਆਂ ਨੇ ਸਿਆਸੀ ਮਾਹੌਲ ਨੂੰ ਨਵੀਂ ਦਿਸ਼ਾ ਦਿੱਤੀ ਹੈ।ਸਿਕੰਦਰ ਸਿੰਘ ਭੋਏਵਾਲ ਨੇ ਕਿਹਾ ਕਿ ਤਲਬੀਰ ਸਿੰਘ ਗਿੱਲ ਸਿਰਫ਼ ਵਾਅਦਿਆਂ ਤੱਕ ਸੀਮਤ ਨਹੀਂ ਰਹੇ, ਸਗੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣ ਕੇ ਉਨ੍ਹਾਂ ਦੇ ਹੱਲ ਲਈ ਲਗਾਤਾਰ ਯਤਨ ਕਰ ਰਹੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਲੰਬੇ ਸਮੇਂ ਤੋਂ ਰੁਕੇ ਹੋਏ ਕਈ ਵਿਕਾਸ ਕਾਰਜਾਂ ਨੂੰ ਮੁੜ ਚਾਲੂ ਕਰਵਾਇਆ ਗਿਆ ਹੈ, ਜਿਸ ਕਾਰਨ ਲੋਕਾਂ ਵਿੱਚ 'ਆਪ' ਪ੍ਰਤੀ ਭਰੋਸਾ ਹੋਰ ਮਜ਼ਬੂਤ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਤਲਬੀਰ ਸਿੰਘ ਗਿੱਲ ਦੀ ਲਗਾਤਾਰ ਮਿਹਨਤ, ਲੋਕਾਂ ਨਾਲ ਸਿੱਧਾ ਸੰਪਰਕ ਅਤੇ ਹਲਕੇ ਦੇ ਵਿਕਾਸ ਲਈ ਸਰਗਰਮ ਭੂਮਿਕਾ ਹੀ ਉਨ੍ਹਾਂ ਦੀ ਪਛਾਣ ਬਣ ਰਹੀ ਹੈ।ਪਿੰਡ-ਪਿੰਡ ਹੋ ਰਹੀਆਂ ਲੋਕ ਮਿਲਣੀਆਂ ਵਿੱਚ ਲੋਕਾਂ ਦੀ ਵੱਡੀ ਸ਼ਮੂਲੀਅਤ ਇਸ ਗੱਲ ਦਾ ਸੰਕੇਤ ਹੈ ਕਿ ਮਜੀਠਾ ਵਿੱਚ ਸਿਆਸੀ ਸਮੀਕਰਨ ਤੇਜ਼ੀ ਨਾਲ ਬਦਲ ਰਹੇ ਹਨ।ਭੋਏਵਾਲ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਤਲਬੀਰ ਸਿੰਘ ਗਿੱਲ ਹਲਕਾ ਮਜੀਠਾ ਤੋਂ 'ਆਪ' ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਪੂਰੀ ਤਾਕਤ ਨਾਲ ਮੈਦਾਨ ਵਿੱਚ ਹਨ।ਉਨ੍ਹਾਂ ਕਿਹਾ ਕਿ ਲੋਕਾਂ ਦਾ ਮਿਲ ਰਿਹਾ ਸਮਰਥਨ ਅਤੇ ਵਿਕਾਸ ਕਾਰਜਾਂ ਦੀ ਰਫ਼ਤਾਰ ਆਉਣ ਵਾਲੀਆਂ ਚੋਣਾਂ ਵਿੱਚ 'ਆਪ' ਲਈ ਮਜ਼ਬੂਤ ਆਧਾਰ ਬਣੇਗੀ।ਉਨ੍ਹਾਂ ਕਿਹਾ ਕਿ ਹਲਕਾ ਮਜੀਠਾ ਦੇ ਲੋਕ ਹੁਣ ਵਿਕਾਸ, ਲੋਕ-ਭਲਾਈ ਅਤੇ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੀ ਸਿਆਸਤ ਨੂੰ ਤਰਜੀਹ ਦੇ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਆਮ ਆਦਮੀ ਪਾਰਟੀ ਹਲਕਾ ਮਜੀਠਾ ਵਿੱਚ ਹੋਰ ਮਜ਼ਬੂਤੀ ਨਾਲ ਉੱਭਰੇਗੀ ਅਤੇ ਤਲਬੀਰ ਸਿੰਘ ਗਿੱਲ ਦੀ ਮਿਹਨਤ ਨੂੰ ਲੋਕਾਂ ਦਾ ਸਮਰਥਨ ਮਿਲੇਗਾ।

# ਵੋਟਰ ਮੁੜ ਮਾਨ ਨੂੰ ਪੰਜਾਬ ਦਾ ਮੁੱਖ ਮੰਤਰੀ ਦੇਖਣ ਦੇ ਚਾਹਵਾਨ: ਪ੍ਰੋ. ਹਰਪ੍ਰੀਤ ਸਿੰਘ ਕੋਟ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ। ਪਾਰਟੀਆਂ ਵੱਲੋਂ ਆਪੋ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ।ਹਲਕਾ ਖਡੂਰ ਸਾਹਿਬ ਵਿੱਚ ਵੀ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਰਗਰਮੀਆਂ ਤੇਜ਼ ਹੋ ਗਈਆਂ ਹਨ।ਹਲਕਾ ਖਡੂਰ ਸਾਹਿਬ ਵਿੱਚ ਆਮ ਆਦਮੀ ਪਾਰਟੀ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੁਆਰਾ ਕੀਤੇ ਗਏ ਕੰਮਾਂ ਨੂੰ ਘਰ ਘਰ ਪਹੁੰਚਾਉਣ ਲਈ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਬੁਲਾਰੇ ਪ੍ਰੋਫੈਸਰ ਹਰਪ੍ਰੀਤ ਸਿੰਘ ਕੋਟ ਮੁਹੰਮਦ ਖਾਂ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਜਾਰੀ ਕੀਤਾ ਹੋਇਆ ਹੈ।ਇਨ੍ਹਾਂ ਮੀਟਿੰਗਾਂ ਵਿੱਚ ਲੋਕ ਆਪ ਮੁਹਾਰੇ ਆ ਰਹੇ ਹਨ।ਮੁੱਖ ਮੰਤਰੀ ਭਗਵੰਤ ਮਾਨ ਦੁਆਰਾ ਕੀਤੇ ਕੰਮ ਆਮ ਲੋਕਾਂ ਨੂੰ ਬਹੁਤ ਪਸੰਦ ਹਨ, ਉਹ ਭਗਵੰਤ ਮਾਨ ਨੂੰ ਦੁਬਾਰਾ ਪੰਜਾਬ ਦਾ ਮੁੱਖ ਮੰਤਰੀ ਬਣਾਉਣਾ ਚਾਹੁੰਦੇ ਹਨ।ਮੀਟਿੰਗਾਂ ਵਿੱਚ ਲੋਕਾਂ ਦਾ ਜੁੜਦਾ ਆਪ ਮੁਹਾਰਾ ਇਕੱਠ ਦੱਸਦਾ ਹੈ ਕਿ ਹਲਕੇ ਦੇ ਲੋਕ ਵੀ ਇਸ ਵਾਰ ਪੜ੍ਹਿਆ ਲਿਖਿਆ ਅਤੇ ਇਮਾਨਦਾਰ ਉਮੀਦਵਾਰ ਚੁਣਨਗੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋ. ਕੋਟ ਨੇ ਪਿੰਡ ਰਾਹਲ ਦੇ ਜੈਮਲ ਸਿੰਘ ਦੇ ਗ੍ਰਹਿ ਵਿਖੇ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਦੱਸਿਆ ਕਿ ਹਲਕੇ ਦੇ ਪੁਰਾਣੇ ਸਾਥੀ ਅਤੇ ਨਵੇਂ ਜੁੜ ਰਹੇ ਸਾਥੀਆਂ ਨਾਲ ਮਿਲ ਕੇ ਹਲਕੇ ਦੇ ਵਿਕਾਸ ਲਈ ਹਮੇਸ਼ਾ ਯਤਨਸ਼ੀਲ ਰਹਾਂਗੇ।ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚੋਂ ਬਜ਼ੁਰਗਾਂ, ਮਾਵਾਂ ਭੈਣਾਂ, ਨੌਜਵਾਨਾਂ ਵੱਲੋਂ ਬਹੁਤ ਵੱਡਾ ਹੁੰਗਾਰਾ ਮਿਲ ਰਿਹਾ ਹੈ।ਇਸ ਮੌਕੇ ਜਗਜੀਤ ਸਿੰਘ ਫੌਜੀ, ਸਕੱਤਰ ਸਿੰਘ, ਦਲਜੀਤ ਸਿੰਘ, ਜੈਮਲ ਸਿੰਘ, ਗੁਰਨਾਮ ਸਿੰਘ, ਹਰਦੀਪ ਸਿੰਘ, ਜਸਪਾਲ ਸਿੰਘ, ਅਵਤਾਰ ਸਿੰਘ, ਹਰਵਿੰਦਰ ਸਿੰਘ, ਪ੍ਰੀਤਮ ਸਿੰਘ, ਗੁਰਸੇਵਕ ਸਿੰਘ, ਸਾਜਨਪ੍ਰੀਤ ਸਿੰਘ, ਜੁਗਰਾਜ ਸਿੰਘ ਆਦਿ ਸਾਥੀ ਹਾਜ਼ਰ ਸਨ।

# ਮੀਰੀ-ਪੀਰੀ ਮੈਡੀਕਲ ਇੰਸਟੀਚਿਊਟ 'ਚ ਮੈਡੀਕਲ ਸੇਵਾਵਾਂ ਤੇ ਸਟਾਫ਼ ਦੀਆਂ ਤਨਖ਼ਾਹਾਂ 'ਚ ਕੋਈ ਰੁਕਾਵਟ ਨਹੀਂ ਆਉਣ ਦਿੱਤੀ ਜਾਵੇਗੀ: ਧਾਮੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੀਰੀ-ਪੀਰੀ ਮੈਡੀਕਲ ਇੰਸਟੀਚਿਊਟ, ਸ਼ਾਹਬਾਦ ਮਾਰਕੰਡਾ ਵਿਖੇ ਪਹੁੰਚ ਕੇ ਟਰੱਸਟ ਮੈਂਬਰਾਂ, ਹਸਪਤਾਲ ਦੇ ਸਟਾਫ ਅਤੇ ਇਲਾਕੇ ਦੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਜਦੋਂ ਤੱਕ ਹਸਪਤਾਲ ਸਬੰਧੀ ਅਦਾਲਤੀ ਮਾਮਲੇ ਦਾ ਅੰਤਿਮ ਫ਼ੈਸਲਾ ਨਹੀਂ ਆ ਜਾਂਦਾ, ਉਦੋਂ ਤੱਕ ਸ਼੍ਰੋਮਣੀ ਕਮੇਟੀ ਆਪਣੀਆਂ ਜ਼ਿੰਮੇਵਾਰੀਆਂ ਤੋਂ ਪਿੱਛੇ ਨਹੀਂ ਹਟੇਗੀ ਅਤੇ ਸਟਾਫ ਦੀਆਂ ਤਨਖ਼ਾਹਾਂ ਸਮੇਤ ਮਰੀਜ਼ਾਂ ਨੂੰ ਮਿਲ ਰਹੀਆਂ ਸਾਰੀਆਂ ਮੈਡੀਕਲ ਸਹੂਲਤਾਂ ਨੂੰ ਨਿਰਵਿਘਨ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਮੀਰੀ-ਪੀਰੀ ਮੈਡੀਕਲ ਇੰਸਟੀਚਿਊਟ ਨੂੰ ਚਲਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖਰਾ ਟਰੱਸਟ ਬਣਾਇਆ ਗਿਆ ਹੈ ਅਤੇ ਇਸ ਟਰੱਸਟ ਦੀ ਅਗਵਾਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਵੱਲੋਂ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਾਲ 2006 ਤੋਂ ਹੋਂਦ ਵਿੱਚ ਆਇਆ ਇਹ ਹਸਪਤਾਲ ਅੱਜ ਹਰਿਆਣਾ ਅਤੇ ਆਸ-ਪਾਸ ਇਲਾਕਿਆਂ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਦੇ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਸ਼੍ਰੋਮਣੀ ਕਮੇਟੀ ਵੱਲੋਂ ਇਸ ਮੀਰੀ ਪੀਰੀ ਮੈਡੀਕਲ ਸੰਸਥਾ ਨੂੰ ਲਗਭਗ 142 ਕਰੋੜ ਰੁਪਏ ਦੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਹਰ ਸਾਲ ਬਜਟ ਵਿੱਚ ਲਗਭਗ 8 ਕਰੋੜ ਰੁਪਏ ਦੀ ਵਿਵਸਥਾ ਰੱਖੀ ਜਾਂਦੀ ਹੈ ਅਤੇ ਬੀਤੇ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਵੀ ਲਗਭਗ 25 ਕਰੋੜ ਰੁਪਏ ਦੀ ਅਮਾਨਤ ਇਸ ਸੰਸਥਾ ਨੂੰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਨੂੰ ਭਵਿੱਖ ਵਿੱਚ ਮੈਡੀਕਲ ਕਾਲਜ ਦੇ ਰੂਪ ਵਿੱਚ ਵਿਕਸਤ ਕਰਨ ਦਾ ਵੀ ਸ਼੍ਰੋਮਣੀ ਕਮੇਟੀ ਦਾ ਮਕਸਦ ਹੈ, ਜਿਸ ਲਈ ਲੋੜੀਂਦਾ ਬੁਨਿਆਦੀ ਢਾਂਚਾ ਤਿਆਰ ਕੀਤਾ ਗਿਆ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਹਮੇਸ਼ਾ ਅਦਾਲਤਾਂ ਦੇ ਫ਼ੈਸਲਿਆਂ ਦਾ ਸਤਿਕਾਰ ਕੀਤਾ ਹੈ ਅਤੇ ਇਸ ਮਾਮਲੇ ਵਿੱਚ ਵੀ ਕਾਨੂੰਨੀ ਪ੍ਰਕਿਰਿਆ ਅਨੁਸਾਰ ਹੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ 12 ਮਈ ਨੂੰ ਆਏ ਫ਼ੈਸਲੇ ਤੋਂ ਬਾਅਦ ਸ਼੍ਰੋਮਣੀ ਕਮੇਟੀ ਵੱਲੋਂ ਕਾਨੂੰਨੀ ਅਧਿਕਾਰ ਅਨੁਸਾਰ ਐਲਪੀਏ ਦਾਇਰ ਕੀਤੀ ਗਈ ਸੀ, ਜਿਸ 'ਤੇ ਮਾਨਯੋਗ ਹਾਈਕੋਰਟ ਦੇ ਡਬਲ ਬੈਂਚ ਵੱਲੋਂ ਸੁਣਵਾਈ ਕੀਤੀ ਗਈ ਅਤੇ ਨਵੇਂ ਬਣੇ ਮੈਡੀਕਲ ਬੋਰਡ ਸਬੰਧੀ ਕਾਰਵਾਈ 'ਤੇ ਰੋਕ ਲਗਾਈ ਗਈ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਹਸਪਤਾਲ ਦੇ ਸਟਾਫ ਦੀਆਂ ਤਨਖ਼ਾਹਾਂ ਲਈ 1 ਕਰੋੜ 40 ਲੱਖ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਬਾਕੀ ਰਹਿੰਦੀਆਂ ਤਨਖ਼ਾਹਾਂ ਵੀ ਜਾਰੀ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਕੁਝ ਡਾਕਟਰ ਅਤੇ ਹੋਰ ਸਟਾਫ ਮੈਂਬਰ ਪਿਛਲੇ ਸਮੇਂ ਵਿੱਚ ਹਸਪਤਾਲ ਛੱਡ ਕੇ ਚਲੇ ਗਏ ਹਨ, ਉਨ੍ਹਾਂ ਨਾਲ ਸੰਪਰਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿੰਨਾ ਚਿਰ ਅਦਾਲਤ ਦਾ ਅੰਤਿਮ ਫੈਸਲਾ ਨਹੀਂ ਆਉਂਦਾ, ਸ਼੍ਰੋਮਣੀ ਕਮੇਟੀ ਆਪਣੇ ਪਹਿਲਾਂ ਵਾਲੇ ਫ਼ਰਜ਼ ਪੂਰੀ ਤਰ੍ਹਾਂ ਨਿਭਾਏਗੀ। ਸਾਡੀ ਕੋਸ਼ਿਸ਼ ਹੈ ਕਿ ਹਸਪਤਾਲ ਦਾ ਪ੍ਰਸ਼ਾਸਨ ਸੁਚੱਜੇ ਢੰਗ ਨਾਲ ਚੱਲੇ, ਸਟਾਫ ਨੂੰ ਸਮੇਂ ਸਿਰ ਤਨਖ਼ਾਹਾਂ ਮਿਲਣ ਅਤੇ ਹਰਿਆਣਾ ਦੇ ਲੋਕਾਂ ਨੂੰ ਪਹਿਲਾਂ ਵਾਂਗ ਮੈਡੀਕਲ ਸਹੂਲਤਾਂ ਮਿਲਦੀਆਂ ਰਹਿਣ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਅੰਤ੍ਰਿੰਗ ਮੈਂਬਰ ਬਲਦੇਵ ਸਿੰਘ ਕਾਇਮਪੁਰ, ਮੈਂਬਰ ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਤੇਜਿੰਦਰਪਾਲ ਸਿੰਘ ਲਾਡਵਾ ਮੈਂਬਰ ਧਰਮ ਪ੍ਰਚਾਰ ਕਮੇਟੀ, ਹਰਪਾਲ ਸਿੰਘ ਮੱਲ੍ਹਾ ਮੈਂਬਰ, ਸਾਬਕਾ ਮੈਂਬਰ ਅਮਰਜੀਤ ਸਿੰਘ ਮੰਗੀ, ਸਕੱਤਰ ਸੁਖਮਿੰਦਰ ਸਿੰਘ, ਹਰਕੇਸ਼ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹਰਿਆਣਾ ਪ੍ਰਦੇਸ਼, ਹਰਿਆਣਾ ਗੁਰਦੁਆਰਾ ਕਮੇਟੀ ਦੇ ਮੈਂਬਰ ਸੁਖਜਿੰਦਰ ਸਿੰਘ ਮਸਾਣਾਂ, ਰਵਿੰਦਰ ਸਿੰਘ ਰਾਣਾ, ਕਾਕਾ ਸਿੰਘ ਲੱਧੂਵਾਸ, ਬਲਕਾਰ ਸਿੰਘ, ਗੁਰਜੀਤ ਸਿੰਘ, ਐੱਸ. ਐੱਸ ਚੀਮਾ ਸੀ.ਈ.ਓ. ਮੀਰੀ ਪੀਰੀ ਮੈਡੀਕਲ ਕਾਲਜ, ਸਿੱਖ ਮਿਸ਼ਨ ਹਰਿਆਣਾ ਦੇ ਇੰਚਾਰਜ ਸੁਖਵਿੰਦਰ ਸਿੰਘ ਸਮੇਤ ਹੋਰ ਹਾਜ਼ਰ ਸਨ।

# ਸਫ਼ਾਈ ਮੁਲਾਜ਼ਮਾਂ ਦੀਆਂ ਮੰਗਾਂ ਦਾ ਸਾਰਥਿਕ ਹੱਲ ਕੱਢੇ ਸੂਬਾ ਸਰਕਾਰ : ਹਰਦੀਪ ਸਿੰਘ ਗਿੱਲ

**ਸਫ਼ਾਈ ਕਾਮਿਆਂ ਦੀ ਘੱਟੋ-ਘੱਟ ਮਜ਼ਦੂਰੀ ਵਧਾਉਣ ਬਾਰੇ ਵਿਚਾਰ-ਵਟਾਂਦਰਾ ਕਰ ਰਹੀ ਕੇਂਦਰ ਸਰਕਾਰ**



**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਕੌਮੀ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਉਪ ਚੇਅਰਮੈਨ ਹਰਦੀਪ ਸਿੰਘ ਗਿੱਲ ਨੇ ਕਿਹਾ ਹੈ ਕਿ ਸੂਬੇ ਦੇ ਸਫ਼ਾਈ ਮੁਲਾਜ਼ਮਾਂ 'ਤੇ ਲਾਠੀਆਂ ਵਰ੍ਹਾਉਣ ਦੀ ਬਜਾਏ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਸਾਰਥਿਕ ਹੱਲ ਕੱਢਿਆ ਜਾਵੇ। ਜੇ ਉਨ੍ਹਾਂ ਦਾ ਹੋਰ ਸਾਰਥਿਕ ਤਰੀਕੇ ਨਾਲ ਸ਼ਾਂਤ ਨਾ ਕੀਤਾ ਗਿਆ, ਤਾਂ ਇਸ ਦੇ ਨਤੀਜੇ ਗੰਭੀਰ ਨਿਕਲ ਸਕਦੇ ਹਨ। ਉਹ ਐਤਵਾਰ ਨੂੰ ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਸਕੱਤਰ ਰਾਜਵਿੰਦਰ ਕੌਰ ਦੇ ਨਿਵਾਸ ਸਥਾਨ 'ਤੇ ਪੁੱਜੇ ਸਨ, ਜਿਥੇ ਉਨ੍ਹਾਂ ਨੂੰ ਭਾਜਪਾ ਆਗੂਆਂ ਤੇ ਵਰਕਰਾਂ ਨੇ ਸਨਮਾਨਿਤ ਕੀਤਾ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਹਰਦੀਪ ਸਿੰਘ ਗਿੱਲ ਨੇ ਕਿਹਾ ਬਠਨਾਲਾ ਵਿਚ ਸਫ਼ਾਈ ਮੁਲਾਜ਼ਮਾਂ 'ਤੇ ਹੋਏ ਵਹਿਸ਼ੀਆਨਾ ਲਾਠੀਚਾਰਜ ਦੀ ਸਮਾਜ ਦੇ ਹਰ ਵਰਗ ਨੇ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਨੇ ਉਸੇ ਦਿਨ ਇਸ ਸਬੰਧ ਵਿਚ ਡੀ.ਜੀ.ਪੀ. ਤੋਂ ਮੁੱਖ ਸਕੱਤਰ ਪੰਜਾਬ ਨੂੰ ਨੋਟਿਸ ਦੇ ਕੇ ਜਵਾਬ ਮੰਗਿਆ ਸੀ। ਉਨ੍ਹਾਂ ਦੇ ਨੋਟਿਸ 'ਤੇ ਕਾਰਵਾਈ ਕਰਦੇ ਹੋਏ ਤੀਜੇ ਦਿਨ ਹੀ ਡੀਐੱਸਪੀ ਨੂੰ ਮੁਅੱਤਲ ਕਰ ਦਿਤਾ ਗਿਆ ਸੀ ਤੇ ਐੱਸ.ਐੱਚ.ਓ ਦਾ ਵੀ ਤਬਾਦਲਾ ਕਰਕੇ ਉਨ੍ਹਾਂ ਵਿਰੁੱਧ ਵਿਭਾਗੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਲਾਠੀਚਾਰਜ 'ਚ ਜ਼ਖ਼ਮੀ ਹੋਏ 13 ਮੁਲਾਜ਼ਮਾਂ ਨੂੰ ਉਨ੍ਹਾਂ ਨੇ ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ ਵਿਭਾਗ ਨੂੰ 25 ਹਜ਼ਾਰ ਰੁਪਏ ਤੋਂ ਇਕ ਲੱਖ ਰੁਪਏ ਤਕ ਦਾ ਮੁਆਵਜ਼ਾ ਦੇਣ ਲਈ ਕਿਹਾ ਹੈ। ਜੇਕਰ ਸਬੰਧਤ ਵਿਭਾਗ ਕੋਲ ਬਜਟ ਨਹੀਂ ਤਾਂ ਉਹ ਕੇਂਦਰੀ ਸਮਾਜਿਕ ਸੁਰੱਖਿਆ ਵਿਭਾਗ ਕੋਲੋਂ ਜ਼ਖ਼ਮੀ ਹੋਏ ਸਫ਼ਾਈ ਕਾਮਿਆਂ ਨੂੰ ਇਹ ਮੁਆਵਜ਼ਾ ਦੁਆਉਣਗੇ। ਉਪ ਚੇਅਰਮੈਨ ਹਰਦੀਪ ਸਿੰਘ ਗਿੱਲ ਨੇ ਕਿਹਾ ਹੈ ਕਿ ਪੰਜਾਬ ਵਿਚ ਸਫ਼ਾਈ ਕਾਮਿਆਂ ਦੀ ਹਾਲਤ ਸੁੱਖਾਵੀਂ ਨਹੀਂ ਹੈ। ਉਨ੍ਹਾਂ ਨੂੰ ਸਰਕਾਰ ਵੱਲੋਂ ਤੈਅਸ਼ੁਦਾ ਘੱਟੋ-ਘੱਟ ਮਜ਼ਦੂਰੀ ਵੀ ਨਹੀਂ ਮਿਲ ਰਹੀ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇਸ ਸਬੰਧ ਵਿਚ ਪ੍ਰਧਾਨਮੰਤਰੀ ਨੂੰ ਲਿਖਿਆ ਹੈ ਤੇ ਕੇਂਦਰੀ ਗ੍ਰਹਿ ਮੰਤਰੀ ਨਾਲ ਮਿਲ ਕੇ ਉਨ੍ਹਾਂ ਦੇ ਸਾਹਮਣੇ ਵੀ ਇਹ ਮੁੱਦਾ ਉਠਾਇਆ ਸੀ। ਗ੍ਰਹਿ ਮੰਤਰੀ ਨੇ ਉਨ੍ਹਾਂ ਨੂੰ ਇਸ ਸਬੰਧ ਵਿਚ ਤਜਵੀਜ਼ ਬਣਾ ਕੇ ਭੇਜਣ ਲਈ ਕਿਹਾ ਹੈ ਤੇ ਵਿਸ਼ਵਾਸ ਦਿਵਾਇਆ ਸੀ ਕਿ ਕੇਂਦਰ ਸਰਕਾਰ ਇਸ 'ਤੇ ਜ਼ਰੂਰ ਕੰਮ ਕਰੇਗੀ। ਉਨ੍ਹਾਂ ਕਿਹਾ ਕਿ ਸਫ਼ਾਈ ਮਜ਼ਦੂਰਾਂ ਦੀ ਘੱਟੋ-ਘੱਟ ਮਜ਼ਦੂਰੀ ਵਧਾਉਣ ਬਾਰੇ ਕੇਂਦਰ ਸਰਕਾਰ ਵਿਚਾਰ-ਵਟਾਂਦਰਾ ਕਰ ਰਹੀ ਹੈ ਤੇ ਉਮੀਦ ਹੈ ਕਿ ਦੋ-ਤਿੰਨ ਮਹੀਨੇ ਵਿਚ ਲੇਬਰ ਵਿਭਾਗ ਵੱਲੋਂ ਇਸ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਜਾਵੇਗਾ। ਅੰਮ੍ਰਿਤਸਰ ਦੇ ਸਫ਼ਾਈ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਸਬੰਧ ਵਿਚ ਉਨ੍ਹਾਂ ਦੀ ਪ੍ਰਮੁੱਖ ਸਕੱਤਰ ਪੰਜਾਬ ਨਾਲ ਦੋ ਵਾਰ ਬੈਠਕ ਹੋ ਚੁੱਕੀ ਹੈ। ਉਨ੍ਹਾਂ ਨੇ ਮੁੱਖ ਸਕੱਤਰ ਨੂੰ ਲਿਖ ਕੇ ਵੀ ਭੇਜਿਆ ਹੈ ਕਿ ਸਫ਼ਾਈ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਕੋਈ ਸਾਰਥਿਕ ਹੱਲ ਕੱਢਿਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਲੋਕ ਰਾਜ ਦਾ ਸਨਮਾਨ ਕਰਨਾ ਚਾਹੀਦਾ ਹੈ। ਧਰਨਾ-ਪ੍ਰਦਰਸ਼ਨ ਕਰ ਰਹੇ ਸਫ਼ਾਈ ਮੁਲਾਜ਼ਮਾਂ 'ਤੇ ਲਾਠੀਆਂ ਵਰ੍ਹਾਉਣ ਦੀ ਬਜਾਏ ਉਨ੍ਹਾਂ ਨਾਲ ਬੈਠ ਕੇ ਮਸਲਿਆਂ ਦਾ ਹੱਲ ਕੱਢਿਆ ਜਾਵੇ। ਲਾਠੀਆਂ ਵਰ੍ਹਾਉਣ ਕਿਸੇ ਸਮੱਸਿਆ ਦਾ ਹੱਲ ਨਹੀਂ, ਕਿਉਂਕਿ ਜੇ ਉਨ੍ਹਾਂ ਦਾ ਹੋਰ ਸਾਰਥਿਕ ਤਰੀਕੇ ਨਾਲ ਸ਼ਾਂਤ ਨਾ ਕੀਤਾ ਗਿਆ ਤਾਂ ਇਸ ਦੇ ਨਤੀਜੇ ਗੰਭੀਰ ਨਿਕਲ ਸਕਦੇ ਹਨ।

ਇਸ ਮੌਕੇ ਰਾਜਵਿੰਦਰ ਕੌਰ ਤੋਂ ਇਲਾਵਾ ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਮੀਤ ਪ੍ਰਧਾਨ ਸੰਜੀਵ ਅਟਵਾਲ, ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਕੰਵਰਬੀਰ ਸਿੰਘ ਮੰਜ਼ਿਲ, ਮਹਿਲਾ ਮੋਰਚਾ ਦੀ ਆਗੂ ਸਤਿੰਦਰਜੀਤ ਕੌਰ ਮਨਚੰਦਾ, ਛੇਹਰਟਾ ਮੰਡਲ ਦੇ ਪ੍ਰਧਾਨ ਸਤੀਸ਼ ਪੁੰਜ, ਮਨਜੀਤ ਮਿੰਟਾ, ਸੰਦੀਪ ਕੁਮਾਰ, ਅਰਵਿੰਦਰ ਅਰੋੜਾ, ਸ਼ੰਮੀ ਸ਼ਰਮਾ, ਬੰਟੀ ਪੰਡਿਤ, ਹੁਸਨਪ੍ਰੀਤ ਸਿੰਘ, ਰਘੂ ਪੰਡਿਤ ਆਦਿ ਮੌਜੂਦ ਸਨ।

# ਤਰਸਿੱਕਾ ਨੂੰ ਪੂਰਨ ਬਲਾਕ ਦਾ ਦਰਜਾ ਦੇਣ 'ਤੇ ਈ ਟੀ ਓ ਦਾ ਧੰਨਵਾਦ



**ਤਰਸਿੱਕਾ, (ਤਰਸੇਮ ਸਿੰਘ ਸਾਪੁਰ)**- ਪੰਜਾਬ ਸਰਕਾਰ ਵੱਲੋਂ ਬਲਾਕ ਤਰਸਿੱਕਾ ਨੂੰ ਖਤਮ ਕੀਤੇ ਜਾਣ ਤੋਂ ਬਾਅਦ ਫਿਰ ਦੁਬਾਰਾ ਪਿਛਲੇ ਦਿਨੀਂ ਪੰਜਾਬ ਸਰਕਾਰ ਵੱਲੋਂ ਜ਼ਿਲਾ ਅੰਮ੍ਰਿਤਸਰ ਦੇ ਕਸਬਾ ਤਰਸਿੱਕਾ ਨੂੰ ਪੂਰਨ ਬਲਾਕ ਦਾ ਦਰਜਾ ਦੇ ਦਿੱਤਾ ਗਿਆ ਹੈ ਤੇ ਹੁਣ ਪੂਰੇ ਪੰਜਾਬ ਵਿੱਚ 155 ਬਲਾਕ ਹੋ ਗਏ ਹਨ।

ਇਸੇ ਦੇ ਸਬੰਧ ਵਿੱਚ ਹਲਕਾ ਜੰਡਿਆਲਾ ਗੁਰੂ ਦੇ ਬਲਾਕ ਤਰਸਿੱਕਾ ਅਧੀਨ ਪੈਂਦੇ ਪਿੰਡਾਂ ਦੇ ਮੋਹਤਬਰ ਪਤਵੰਤਿਆਂ ਤੇ ਸਰਪੰਚਾਂ ਵੱਲੋਂ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਅਤੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦਾ ਤਰਸਿੱਕਾ ਨੂੰ ਪੂਰਨ ਬਲਾਕ ਬਣਾਉਣ ਲਈ ਕੈਬਨਿਟ ਨੂੰ ਪਾਸ ਕੀਤੇ ਮਤੇ ਲਈ ਧੰਨਵਾਦ ਕੀਤਾ ਗਿਆ ਤੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਸਰਪੰਚਾਂ ਵੱਲੋਂ ਆਏ ਹੋਏ ਪਤਵੰਤਿਆਂ ਨੂੰ ਖੁਸ਼ੀ ਵਿੱਚ ਲੱਡੂ ਵੰਡੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੰਤਰੀ ਵੱਲੋਂ ਜੋ ਵੀ ਵਾਅਦੇ ਕੀਤੇ ਜਾਂਦੇ ਹਨ ਉਹ ਸਦਾ ਹੀ ਪੂਰੇ ਕਰਦੇ ਹਨ।

ਇਹ ਵਾਅਦਾ ਵੀ ਉਨ੍ਹਾਂ ਨੇ ਚੋਣਾਂ ਦੌਰਾਨ ਕੀਤਾ ਸੀ ਜਿਸ ਨੂੰ ਪਿਛਲੇ ਦਿਨੀਂ ਪੂਰਾ ਕਰ ਦਿੱਤਾ। ਸਰਪੰਚ ਜਗਦੀਪ ਸਿੰਘ ਨੇ ਕਿਹਾ ਕਿ ਮੰਤਰੀ ਵੱਲੋਂ ਹਲਕੇ ਵਿੱਚ ਕਰੋੜਾਂ ਰੁਪਈਆਂ ਦੇ ਬਜਟ ਨਾਲ ਕਰਵਾਏ ਜਾ ਰਹੇ ਕੰਮਾਂ ਕਾਰਨ ਸਾਰੇ ਹੀ ਹਲਕਾ ਨਿਵਾਸੀ ਉਨ੍ਹਾਂ ਦੇ ਕੰਮਾਂ ਤੋਂ ਖੁਸ਼ ਹਨ।

# ਕਸਬਾ ਢਿੱਲਵਾਂ 'ਚ ਭਾਜਪਾ ਨੂੰ ਮਿਲੀ ਮਜ਼ਬੂਤੀ



**ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮ ਪੁਰ)**-ਜ਼ਿਲ੍ਹਾ ਕਪੂਰਥਲਾ ਦੇ ਕਸਬਾ ਢਿੱਲਵਾਂ ਵਿੱਚ ਭਾਜਪਾ ਨੂੰ ਉਸ ਵੇਲੇ ਹੋਰ ਮਜ਼ਬੂਤੀ ਮਿਲੀ ਜਦੋਂ ਜ਼ਿਲ੍ਹਾ ਪ੍ਰਧਾਨ ਚੇਤਨ ਸੂਰੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਲਕਾ ਭੁਲੱਥ ਦੇ ਮੁੱਖ ਸੇਵਾਦਾਰ ਸੌਰਵ ਖੁੱਲਰ ਦੀ ਅਣਥੱਕ ਮਿਹਨਤ ਅਤੇ ਸਰਕਲ ਪ੍ਰਧਾਨ ਹਰਵਿੰਦਰ ਸਿੰਘ ਢਿੱਲਵਾਂ ਦੀ ਸਾਰੀ ਟੀਮ ਦੇ ਯਤਨਾਂ ਸਦਕਾ ਮੇਨ ਬਜ਼ਾਰ ਢਿੱਲਵਾਂ ਦੇ ਰਮਨ ਕੁਮਾਰ (ਬਜਾਜ ਸਵੀਟਸ), ਪਵਨ ਬਜਾਜ, ਮੋਹਿਤ ਬਜਾਜ (ਕਸਤੂਰੀ ਸਵੀਟਸ), ਕੇਵਲ ਬਜਾਜ, (ਬਜਾਜ ਕਰਿਆਨਾ ਸਟੋਰ), ਵਰੁਣ ਕੋਹਲੀ, ਪਾਰਸ, ਗੌਰਵ ਅਰੋੜਾ ਆਪਣੇ ਹੋਰ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋਏ।ਇਸ ਮੌਕੇ ਸੌਰਵ ਖੁੱਲਰ ਨੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਸਰਕਲ ਢਿੱਲਵਾਂ ਦੇ ਜਨਰਲ ਸਕੱਤਰ ਸਤਨਾਮ ਸਿੰਘ, ਵਾਇਸ ਪ੍ਰਧਾਨ ਰਮਨਦੀਪ ਸਿੰਘ, ਰਣਜੀਤ ਸਿੰਘ, ਸਤਦੇਵ ਸ਼ਰਮਾ ਤੇ ਰਾਜਨ ਸ਼ਰਮਾ ਆਦਿ ਹਾਜ਼ਿਰ ਸਨ।

# ਆਰ ਡੀ ਖੋਸਲਾ ਸਕੂਲ ਨੇ ਪੰਜਾਬ ਸਕੂਲ ਜ਼ੋਨਲ ਕਰਾਟੇ ਮੁਕਾਬਲੇ 'ਚ 17 ਸੋਨ ਤਮਗੇ ਜਿੱਤੇ



**ਬਟਾਲਾ (ਡਾ. ਮਲਵਿੰਦਰ ਸਿੰਘ)**- ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਲਈ ਇਹ ਬਹੁਤ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ ਖਿਡਾਰੀਆਂ ਨੇ ਪੰਜਾਬ ਸਕੂਲ ਖੇਡਾਂ ਜ਼ੋਨਲ ਕਰਾਟੇ ਮੁਕਾਬਲੇ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਫਲਤਾ ਦਾ ਇੱਕ ਨਵਾਂ ਇਤਿਹਾਸ ਰਚਿਆ, ਜਿਸ ਨਾਲ ਸਕੂਲ ਦਾ ਨਾਮ ਰੌਸ਼ਨ ਹੋਇਆ।ਅੰਡਰ-14, ਅੰਡਰ-17 ਅਤੇ ਅੰਡਰ-19 ਉਮਰ ਵਰਗ ਵਿੱਚ ਲੜਕਿਆਂ ਦੀਆਂ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ, 12 ਸੋਨੇ, 5 ਚਾਂਦੀ ਅਤੇ 3 ਕਾਂਸੇ ਦੇ ਤਗਮੇ ਜਿੱਤੇ। ਕੁੜੀਆਂ ਦੀ ਟੀਮ ਨੇ ਵੀ ਸ਼ਾਨਦਾਰ ਪ੍ਰਤਿਭਾ ਅਤੇ ਆਤਮਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ, 5 ਸੋਨੇ, 5 ਚਾਂਦੀ ਅਤੇ 3 ਕਾਂਸੇ ਦੇ ਤਗਮੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਐਥਲੀਟਾਂ ਦੀ ਸ਼ਾਨਦਾਰ ਸਫਲਤਾ ਤੇ ਸਕੂਲ ਕੈਂਪਸ ਖੁਸ਼ੀ ਨਾਲ ਭਰ ਗਿਆ ਹੈ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਖਿਡਾਰੀਆਂ ਨੂੰ ਦਿਲੋਂ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਅਨੁਸ਼ਾਸਨ, ਸਖ਼ਤ ਮਿਹਨਤ ਅਤੇ ਖੇਡ ਭਾਵਨਾ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਨਾ ਸਿਰਫ਼ ਸਕੂਲ ਲਈ ਸਗੋਂ ਪੂਰੇ ਖੇਤਰ ਲਈ ਮਾਣ ਵਾਲੀ ਗੱਲ ਹੈ।ਇਹ ਸਫਲਤਾ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਕੰਮ ਕਰੇਗੀ।ਖਿਡਾਰੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ, ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਉਹ ਆਉਣ ਵਾਲੇ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨਗੇ ਅਤੇ ਸਕੂਲ, ਉਨ੍ਹਾਂ ਦੇ ਮਾਪਿਆਂ ਅਤੇ ਰਾਜ ਦਾ ਨਾਮ ਨਵੀਆਂ ਉਚਾਈਆਂ 'ਤੇ ਲੈ ਜਾਣਗੇ।ਉਨ੍ਹਾਂ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਸਾਰੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਮਾਪਿਆਂ ਅਤੇ ਉਨ੍ਹਾਂ ਦੇ ਕੋਚ ਮਨਜਿੰਦਰ ਸਿੰਘ ਨੂੰ ਦਿਲੋਂ ਸ਼ੁਭਕਾਮਨਾਵਾਂ ਅਤੇ ਵਧਾਈਆਂ ਦਿੱਤੀਆਂ।

# ਦੇਸ ਰਾਜ ਡੀ ਏ ਵੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ 'ਚ ਇਨਵੈਸਟੀਚਰ ਸੈਰਾਮਨੀ ਆਯੋਜਿਤ



**ਬਟਾਲਾ (ਡਾ. ਮਲਵਿੰਦਰ ਸਿੰਘ)**-ਬੀਤੇ ਦਿਨ ਦੇਸ ਰਾਜ ਡੀ ਏ ਵੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਖੇ ਇਨਵੈਸਟੀਚਰ ਸੈਰਾਮਨੀ ਕਰਵਾਈ ਗਈ ਜਿਸ ਵਿੱਚ ਸਕੂਲ ਦੀ ਮੈਨੇਜਰ ਹਰਪ੍ਰੀਤ ਕੌਰ, ਪ੍ਰਿੰ. ਸਵਿਤਾ ਭਾਸਕਰ, ਸਮੂਹ ਅਧਿਆਪਕ ਅਤੇ ਵਿਦਿਆਰਥੀ ਸ਼ਾਮਲ ਸਨ।ਇਸ ਮੌਕੇ ਚਾਰ ਹਾਊਸਾਂ ਵਿੱਚੋਂ ਵਿਦਿਆਰਥੀਆਂ ਦੀ ਚੋਣ ਕੀਤੀ ਗਈ।ਇਸ ਪ੍ਰੋਗਰਾਮ ਦੀ ਸ਼ੁਰੂਆਤ ਪ੍ਰਿੰਸੀਪਲ ਮੈਡਮ ਦੀ ਅਗਵਾਈ ਹੇਠ ਮਾਰਚ ਪਾਸਟ ਨਾਲ ਕੀਤੀ ਗਈ।ਉਪਰੰਤ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੂੰ ਬੈਜ ਦੇ ਕੇ ਉਨ੍ਹਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ।ਇਸ ਪ੍ਰੋਗਰਾਮ ਦੇ ਦੌਰਾਨ ਸਕੂਲ ਦੇ ਹੈੱਡ ਬੁਆਏ ਅਤੇ ਹੈੱਡ ਗਰਲ ਸਮੇਤ ਚਾਰ ਹਾਊਸਾਂ ਦੇ ਕੈਪਟਨ ਅਤੇ ਵਾਈਸ ਕੈਪਟਨ ਚੁਣੇ ਗਏ ।12ਵੀਂ ਜਮਾਤ ਦੇ ਹਰਕੀਰਤ ਸਿੰਘ ਨੂੰ ਹੈੱਡ ਬੁਆਏ ਅਤੇ 12ਵੀਂ ਜਮਾਤ ਦੀ ਹੈੱਡ ਗਰਲ ਮਹਿਕ ਪ੍ਰੀਤ ਕੌਰ ਨੂੰ ਚੁਣਿਆ ਗਿਆ।ਉਪਰੰਤ ਅਰਥ ਹਾਊਸ ਦੇ ਕੈਪਟਨ ਗੁਰਲੀਨ ਕੌਰ ਤੇ ਵਾਈਸ ਕੈਪਟਨ ਗੁਰਪ੍ਰੀਤ ਕੌਰ ਨੂੰ ਚੁਣਿਆ। ਵੀਨਸ ਹਾਊਸ ਦੀ ਕੈਪਟਨ ਤਾਜ ਮਨੀ ਤੇ ਵਾਈਸ ਕੈਪਟਨ ਰੋਜ਼ਲ ਨੂੰ ਬਣਾਇਆ। ਮਾਰਸ ਹਾਊਸ ਦੀ ਕੈਪਟਨ ਗੁਰਪ੍ਰੀਤ ਕੌਰ ਤੇ ਵਾਈਸ ਕੈਪਟਨ ਦ੍ਰਿਸ਼ਟੀ ਨੂੰ, ਹਾਊਸ ਦੇ ਕੈਪਟਨ ਸੁਖਰਾਜ ਕੌਰ ਨੂੰ ਤੇ ਵਾਈਸ ਕੈਪਟਨ ਗੁਰਲੀਨ ਕੌਰ ਨੂੰ ਚੁਣਿਆ ਗਿਆ। ਇਸ ਤੋਂ ਉਪਰੰਤ ਨੌਵੀਂ ਜਮਾਤ ਤੋਂ ਬਾਰ੍ਹਵੀਂ ਜਮਾਤ ਦੇ ਸੀਆਰ ਤੇ ਮਾਨੀਟਰ ਵੀ ਚੁਣੇ ਗਏ ।ਬਾਰ੍ਹਵੀਂ ਜਮਾਤ ਦੇ ਸਾਇੰਸ ਗਰੁੱਪ ਵਿੱਚੋਂ ਖੁਸ਼ਪ੍ਰੀਤ ਕੌਰ ਨੂੰ, ਕਾਮਰਸ ਗਰੁੱਪ ਵਿੱਚੋਂ ਅਨਰੀਤ ਕੌਰ ਨੂੰ ਤੇ ਆਰਟਸ ਗਰੁੱਪ ਵਿੱਚੋਂ ਬਲਜੀਤ ਕੌਰ ਨੂੰ ਸੀਆਰ ਚੁਣਿਆ ਗਿਆ। 11ਵੀਂ ਜਮਾਤ ਵਿੱਚੋਂ ਸਾਇੰਸ ਗਰੁੱਪ ਵਿੱਚੋਂ ਨਿਮਰਤ ਦੀਪ ਕੌਰ ਤੇ ਸੁਹਾਨੀ ਨੂੰ, ਆਰਟਸ ਗਰੁੱਪ ਵਿੱਚੋਂ ਸਾਰਾ ਸੂਰੀ ਨੂੰ, ਕਾਮਰਸ ਗਰੁੱਪ ਵਿੱਚੋਂ ਸੁਖਮਨ ਕੌਰ ਨੂੰ ਸੀਆਰ ਚੁਣਿਆ ਗਿਆ। ਦਸਵੀਂ ਜਮਾਤ ਵਿੱਚੋਂ ਆਭਾ ਤੇ ਨੌਵੀਂ ਜਮਾਤ ਵਿੱਚੋਂ ਰਜਨੀਤ ਕੌਰ ਨੂੰ ਸੀਆਰ ਚੁਣਿਆ ਗਿਆ ।ਇਸ ਸਮੇਂ ਵਿਦਿਆਰਥੀ ਕੌਂਸਲ ਦੇ ਸਾਰੇ ਚੁਣੇ ਗਏ ਮੈਂਬਰਾਂ ਨੂੰ ਸਹੁੰ ਚੁਕਾਈ ਗਈ ਕਿ ਉਹ ਸੌਂਪੀ ਗਈ ਹਰ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ।ਉਪਰੰਤ ਸਕੂਲ ਦੀ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਆਪਣੀ ਜ਼ਿੰਮੇਵਾਰੀ ਸਹੀ ਢੰਗ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।

# ਬੇਦਾਦਪੁਰ ਵਿਖੇ ਅੱਖਾਂ ਤੇ ਲੈਬਾਰਟਰੀ ਦਾ ਮੁਫ਼ਤ ਜਾਂਚ ਕੈਂਪ ਲਾਇਆ




**ਬਿਆਸ (ਪਰਮਜੀਤ ਸਿੰਘ ਰੱਖੜਾ)** ਪਿੰਡ ਬੇਦਾਦਪੁਰ ਦੇ ਸਰਕਾਰੀ ਮਿਡਲ ਸਕੂਲ ਵਿੱਚ ਐਤਵਾਰ ਅੱਖਾਂ ਦਾ ਮੁਫਤ ਜਾਂਚ ਕੈਂਪ ਲਗਾਇਆ ਗਿਆ, ਜਿਸ ਵਿੱਚ ਡਾਕਟਰ ਓਮ ਪ੍ਰਕਾਸ਼ ਹਸਪਤਾਲ ਵੱਲੋਂ 300 ਮਰੀਜ਼ਾਂ ਦਾ ਚੈੱਕਅੱਪ ਕੀਤਾ ਗਿਆ। 50 ਮਰੀਜ਼ਾਂ ਦੇ ਚਿੱਟੇ ਮੋਤੀਏ ਦੇ ਅਪਰੇਸ਼ਨ ਕੀਤੇ ਜਾਣਗੇ। ਬਾਕੀ ਮਰੀਜ਼ਾਂ ਨੂੰ ਦਾਰੂ ਅਤੇ ਐਨਕਾਂ ਦਿੱਤੀਆਂ ਗਈਆਂ। ਇਸ ਮੌਕੇ ਲਾਈਫ ਕੇਅਰ ਫਾਊਂਡੇਸ਼ਨ ਚੈਰੀਟੇਬਲ ਲੈਬਾਰਟਰੀ ਵੱਲੋਂ ਮਰੀਜ਼ਾਂ ਦੇ 6 ਟੈਸਟ ਮੁਫ਼ਤ ਅਤੇ ਬਾਕੀ ਦੇ ਟੈਸਟ 75 ਫੀਸਦੀ ਘੱਟ ਰੇਟਾਂ 'ਤੇ ਫੁੱਲ ਬਾਡੀ ਟੈਸਟ ਕੀਤੇ ਗਏ। ਇਹ ਲੈਬਾਰਟਰੀ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਬਾਬਾ ਸਾਵਣ ਸਿੰਘ ਨਗਰ ਵਿੱਚ ਲੰਮੇ ਸਮੇਂ ਤੋਂ ਸੇਵਾ ਨਿਭਾ ਰਹੀ ਹੈ।

ਇਸ ਮੌਕੇ ਰਜਿੰਦਰ ਸਿੰਘ ਸਹੋਤਾ ਸਮਾਜ ਸੇਵੀ ਸੀਨੀਅਰ ਆਗੂ ਆਮ ਆਦਮੀ ਪਾਰਟੀ ਹਲਕਾ ਬਾਬਾ ਬਕਾਲਾ ਸਾਹਿਬ, ਰਾਜਵਿੰਦਰ ਸਿੰਘ ਗੋਲਡਨ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਹਿਊਮਨ ਰਾਈਟ ਨੈਸ਼ਨਲ ਕੌਂਸਲ, ਸੁਖਵਿੰਦਰ ਸਿੰਘ ਮੱਤੇਵਾਲ, ਸੰਦੀਪ ਕੁਮਾਰ, ਰੋਸ਼ਨ ਲਾਲ, ਬਾਬਾ ਸੁੱਚਾ ਸਿੰਘ, ਹਰਜਿੰਦਰ ਸਿੰਘ ਬਾਬਾ ਬਕਾਲਾ, ਈਸ਼ਵਰ ਪ੍ਰੀਤ ਸਿੰਘ ਸਹੋਤਾ, ਕੁਲਵੰਤ ਸਿੰਘ ਵਡਾਲਾ, ਬਲਜੀਤ ਸਿੰਘ, ਨਿਰਮਲ ਸਿੰਘ, ਸਵਿੰਦਰ ਸਿੰਘ ਨੰਬਰਦਾਰ ਦੌਲੋ ਨੰਗਲ , ਪਰਮਜੀਤ ਸਿੰਘ ਸਤਾਰਾ, ਰਜਿੰਦਰ ਸਿੰਘ ਮੈਨੇਜਰ ਲਾਈਫ ਕੇਅਰ ਫਾਊਂਡੇਸ਼ਨ, ਬਲਜੀਤ ਸਿੰਘ ਰਈਆ ਤੇ ਪਿੰਡ ਦੇ ਨੌਜਵਾਨ ਆਗੂ ਹਾਜ਼ਰ ਸਨ।

# ਬੁਤਾਲੇ ਤੋਂ ਝਲਾੜੀ ਸ਼ੇਰੋ ਸੜਕ ਦਾ ਬੁਰਾ ਹਾਲ

**ਬੁਤਾਲਾ (ਨਿਰਮਲ ਸਿੰਘ ਸੰਘਾ)**-ਪਿੰਡ ਬੁਤਾਲੇ ਤੋਂ ਝਲਾੜੀ, ਖਾਨਪੁਰ, ਸ਼ੇਰੋ ਸੜਕ ਦਾ ਬਹੁਤ ਹੀ ਮਾੜਾ ਹਾਲ ਹੋ ਗਿਆ ਹੈ। ਜਿਉਂ ਜਿਉਂ ਤੁਸੀਂ ਬੁਤਾਲੇ ਤੋਂ ਝਲਾੜੀ ਨੂੰ ਜਾਓਗੇ ਤਿਉਂ ਤਿਉਂ ਸੜਕ 'ਤੇ ਟੋਏ ਹੋਰ ਡੂੰਘੇ ਹੁੰਦੇ ਜਾਣਗੇ।ਸੜਕ 'ਤੇ ਡੂੰਘੇ ਟੋਏ ਪੈਣ ਕਰਕੇ ਥਾਂ ਥਾਂ 'ਤੇ ਪਾਣੀ ਖੜਾ ਨਜ਼ਰ ਆਏਗਾ। ਸਾਇਕਲ, ਸਕੂਟਰ, ਮੋਟਰ-ਸਾਈਕਲ 'ਤੇ ਜਾਂਦਿਆਂ ਡਿੱਗਣ ਦਾ ਖਤਰਾ ਬਣਿਆ ਰਹਿੰਦਾ ਹੈ।ਰਾਹਗੀਰਾਂ ਦੀ ਸੜਕ ਮਹਿਕਮੇ ਨੂੰ ਅਪੀਲ ਹੈ ਕਿ ਬੁਤਾਲੇ ਤੋਂ ਸ਼ੇਰੋ ਨੂੰ ਜਾਂਦੀ ਸੜਕ ਨੂੰ ਵਧੀਆ ਮਟੀਰੀਅਲ ਪਾ ਕੇ ਬਣਾਇਆ ਜਾਵੇ ਤਾਂ ਜੋ ਕੋਈ ਹਾਦਸਾ ਨਾ ਵਾਪਰ ਸਕੇ।



# ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ ਨੇ ਵੱਖ-ਵੱਖ ਸਕੂਲਾਂ 'ਚ ਪੌਦੇ ਲਗਾਏ




**ਬਟਾਲਾ, (ਡਾ. ਮਲਵਿੰਦਰ ਸਿੰਘ)**- ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ ਰਜਿ : ਵੱਲੋਂ ਪ੍ਰਧਾਨ ਸੱਤਪਾਲ ਸਿੰਘ ਰਿਟਾਇਰਡ ਖੇਤੀਬਾੜੀ ਵਿਕਾਸ ਅਫ਼ਸਰ ( ਪੀ.ਏ.ਐਸ. 1 ) ਦੀ ਪ੍ਰਧਾਨਗੀ ਹੇਠ ਵੱਖ-ਵੱਖ ਸਕੂਲਾਂ ਵਿੱਚ ਪੌਦੇ ਲਗਾਏ ਗਏ।ਇਸ ਮੌਕੇ ਜਾਣਕਾਰੀ ਦਿੰਦਿਆਂ ਪ੍ਰਧਾਨ ਸੱਤਪਾਲ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਫੋਰਮ ਦੇ ਮੈਂਬਰਾਂ ਵੱਲੋਂ ਵੱਖ-ਵੱਖ ਸਥਾਨਾਂ ਤੇ ਪੌਦੇ ਲਗਾਉਣ ਦਾ ਫੈਸਲਾ ਕੀਤਾ ਸੀ।ਇਸ ਦੇ ਚੱਲਦਿਆਂ ਫੋਰਮ ਦੇ ਮੈਂਬਰਾਂ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਅਕਰਪੁਰਾ, ਸਰਕਾਰੀ ਮਿਡਲ ਸਕੂਲ ਅਕਰਪੁਰਾ, ਸਰਕਾਰੀ ਪ੍ਰਾਇਮਰੀ ਸਕੂਲ ਚੰਦਕੇ, ਸਰਕਾਰੀ ਪ੍ਰਾਇਮਰੀ ਸਕੂਲ ਕੋਟਲਾ ਸਰਫ਼, ਸਰਕਾਰੀ ਮਿਡਲ ਸਕੂਲ ਕੋਟਲਾ ਸਰਫ਼, ਸਰਕਾਰੀ ਪ੍ਰਾਇਮਰੀ ਸਕੂਲ ਛਿੱਥ , ਸਰਕਾਰੀ ਪ੍ਰਾਇਮਰੀ ਸਕੂਲ ਅਰਬਨ ਅਸਟੇਟ ਅਤੇ ਗਰੀਨ ਸਿਟੀ ਕਲੋਨੀ ਬਟਾਲਾ ਵਿਖੇ ਲਗਭਗ 250 ਪੌਦੇ ਲਗਾਏ ਅਤੇ ਵਿਦਿਆਰਥੀਆਂ ਨੂੰ ਵੰਡੇ ਗਏ।

ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਵਿੱਚ ਵਾਤਾਵਰਨ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਰੁੱਖ ਲਗਾਏ ਜਾਣੇ ਚਾਹੀਦੇ ਹਨ। ਉਨ੍ਹਾਂ ਦੱਸਿਆ ਕਿ ਪੌਦਿਆਂ ਦੀ ਸੰਭਾਲ ਕਰਨ ਵਾਲੇ ਵਿਦਿਆਰਥੀਆਂ ਨੂੰ ਫੋਰਮ ਵੱਲੋਂ ਸਨਮਾਨਿਤ ਕੀਤਾ ਜਾਵੇਗਾ।

ਇਸ ਮੌਕੇ ਗੁਰਦਰਸ਼ਨ ਸਿੰਘ ਧਾਮੀ , ਪ੍ਰਿੰਸੀਪਲ ਨਾਨਕ ਸਿੰਘ, ਨਵਤੇਜਪਾਲ ਸਿੰਘ ਪਨੇਸਰ, ਕਸ਼ਮੀਰ ਸਿੰਘ ਛੀਨਾ , ਸਵਿੰਦਰ ਸਿੰਘ ਸੰਧੂ, ਦਰਸ਼ਨ ਲਾਲ ਕੁਲਵੰਤ ਸਿੰਘ ਸਟੇਟ ਐਵਾਰਡੀ, ਸਵਰਨ ਸਿੰਘ ਸਰੂਪਵਾਲੀ, ਕੁਲਵੰਤ ਸਿੰਘ ਬੇਦੀ, ਨਰਿੰਦਰ ਸਿੰਘ ਸੰਧੂ, ਅਜੈ ਮਹਾਜਨ, ਡਾ. ਗੁਰਵਿੰਦਰ ਸਿੰਘ ਰੰਧਾਵਾ ਆਦਿ ਹਾਜ਼ਰ ਸਨ।

# ਵਾਲਮੀਕਿ ਸੇਵਾ ਸੁਸਾਇਟੀ ਨੇ 5 ਗਰੀਬ ਧੀਆਂ ਦੇ ਵਿਆਹ ਕਰਵਾਏ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਇਨਸਾਨੀਅਤ ਅਤੇ ਸੇਵਾ ਦੀ ਵਡੀ ਮਿਸਾਲ ਪੇਸ਼ ਕਰਦਿਆਂ ਪਿੰਡ ਠਠਗੜ੍ਹ ਵਿਖੇ ਭਗਵਾਨ ਵਾਲਮੀਕ ਸੇਵਾ ਸੁਸਾਇਟੀ ਅਤੇ ਦਰਬਾਰ ਬਾਬਾ ਖੇਤਰਪਾਲ ਦੇ ਸਹਿਯੋਗ ਨਾਲ 5 ਲੋੜਵੰਦ ਗਰੀਬ ਪਰਿਵਾਰਾਂ ਦੀਆਂ ਧੀਆਂ ਦੇ ਸਮੂਹ ਵਿਆਹ ਸੰਪੰਨ ਹੋਏ।ਮੁੱਖ ਸੇਵਾਦਾਰ ਇੰਦਰਜੀਤ ਸਿੰਘ ਠੱਠਗੜ੍ਹ ਨੇ ਦੱਸਿਆ ਕਿ ਸੰਸਥਾ ਵੱਲੋਂ ਹਰ ਲਾੜੀ ਨੂੰ ਨਵਾਂ ਜੀਵਨ ਸ਼ੁਰੂ ਕਰਨ ਲਈ ਕੂਲਰ, ਬਾਕਸ ਬੈੱਡ, ਅਲਮਾਰੀ ਸਮੇਤ ਸਾਰਾ ਜ਼ਰੂਰੀ ਘਰੇਲੂ ਸਾਮਾਨ ਭੇਟ ਕੀਤਾ ਗਿਆ।

ਵਿਆਹ ਦੇ ਮੌਕੇ ਆਏ ਮਹਿਮਾਨਾਂ ਅਤੇ ਬਰਾਤੀਆਂ ਲਈ ਚਾਹ, ਮਠਿਆਈ ਅਤੇ ਸਵਾਦਿਸ਼ਟ ਲੰਗਰ ਦਾ ਪ੍ਰਬੰਧ ਵੀ ਕੀਤਾ ਗਿਆ।ਇਸ ਨੇਕ ਕਾਰਜ ਮੌਕੇ ਇਲਾਕੇ ਦੀਆਂ ਨਾਮਵਰ ਸ਼ਖਸੀਅਤਾਂ ਨੇ ਸ਼ਿਰਕਤ ਕਰਕੇ ਪ੍ਰਬੰਧਕਾਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ।ਸਮਾਗਮ 'ਚ ਪੰਜਾਬ ਪ੍ਰਧਾਨ ਇੰਦਰਜੀਤ ਸਿੰਘ, ਜਸਬੀਰ ਸਿੰਘ, ਜੁਗਰਾਜ ਸਿੰਘ, ਜਤਿੰਦਰ ਸਿੰਘ ਬੰਟੀ, ਸੰਦੀਪ ਠਠਗੜ੍ਹ ਰਣਜੀਤ ਸਿੰਘ, ਅੰਗਰੇਜ਼ ਸਿੰਘ, ਰੇਸ਼ਮ ਸਿੰਘ, ਰਾਜਨ ਸਿੰਘ, ਗੁਰਚਰਨ ਸਿੰਘ, ਕਾਸਦੀਪ ਸਿੰਘ ਸਮੇਤ ਸਮੁੱਚੀ ਕਮੇਟੀ ਹਾਜ਼ਰ ਰਹੀ।ਇਸ ਤੋਂ ਇਲਾਵਾ ਸਰਪੰਚ ਕੰਵਲਜੀਤ ਸਿੰਘ ਸੋਨੂੰ, ਨਿਸ਼ਾਨ ਸਿੰਘ ਐਮਾ, ਹਰਪ੍ਰੀਤ ਸਿੰਘ ਐਮਾ, ਜੋਬਨਦੀਪ ਸਿੰਘ ਪੱਟੀ, ਮਨਦੀਪ ਸਿੰਘ ਪੱਟੀ, ਸ਼ਮਸ਼ੇਰ ਸਿੰਘ ਫਤਾਹਪੁਰ, ਅਕਾਸ਼ਦੀਪ ਸਿੰਘ ਫਤਾਹਪੁਰ, ਬਾਜ ਸਿੰਘ ਖੈਰਦੀਨਕੇ, ਦਿਲਬਾਗ ਸਿੰਘ ਖੈਰਦੀਨਕੇ ਆਦਿ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ।ਪਹੁੰਚੇ ਹੋਏ ਪਤਵੰਤਿਆਂ ਨੇ ਕਿਹਾ ਕਿ ਅਜਿਹੇ ਉਪਰਾਲੇ ਸਮਾਜ 'ਚ ਭਾਈਚਾਰਾ ਵਧਾਉਂਦੇ ਹਨ ਅਤੇ ਸੱਚੀ ਸੇਵਾ ਦੀ ਮਿਸਾਲ ਹਨ।

# ਅੱਡਾ ਜੈਂਤੀਪੁਰ 'ਚ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ



ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸੂਬੇ ਦੇ ਲੋਕਾਂ ਨੂੰ ਹਰੇਕ ਵਰਗ ਨਾਲ ਸਬੰਧਤ ਸਹੂਲਤਾਂ ਤਹਿਤ ਸ਼ੁਰੂ ਕੀਤੀ ਗਈ ਮੇਰੀ ਰਸੋਈ ਰਾਸ਼ਨ ਮੁਹਿੰਮ ਤਹਿਤ ਹਲਕਾ ਮਜੀਠਾ ਦੇ ਪਿੰਡ ਅੱਡਾ ਜੈਂਤੀਪੁਰ ਵਿਖੇ ਆਪ ਪਾਰਟੀ ਦੇ ਹਲਕੇ ਦੇ ਸੀਨੀਅਰ ਆਗੂ ਬਚਨ ਲਾਲ ਕਾਲੇ ਸ਼ਾਹ ਵਲੋਂ ਲੋੜਵੰਦ ਪਰਿਵਾਰਾਂ ਨੂੰ ਰਸੋਈ ਰਾਸ਼ਨ ਕਿੱਟਾਂ ਜਿਸ ਵਿਚ ਰਸੋਈ ਦਾ ਸਾਮਾਨ ਸ਼ਾਮਲ ਸੀ, ਵੰਡੀਆਂ ਗਈਆਂ।

ਇਸ ਮੌਕੇ ਕਾਲੇ ਸ਼ਾਹ ਨੇ ਕਿਹਾ ਕਿ ਸਰਕਾਰ ਵਲੋਂ ਦਿੱਤੀਆਂ ਜਾ ਰਹੀਆਂ ਰਸੋਈ ਰਾਸ਼ਨ ਕਿੱਟਾਂ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹਰੇਕ ਪਰਿਵਾਰ ਨੂੰ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਦਿੱਤੀਆਂ ਜਾ ਰਹੀਆਂ ਹਨ ਤੇ ਸਰਕਾਰ ਵੱਲੋਂ ਜੋ ਵੀ ਲੋਕ ਸਹੂਲਤਾਂ ਤੇ ਲੋਕ ਭਲਾਈ ਦੇ ਕੰਮ ਪਿੰਡ ਵਿੱਚ ਕੋਈ ਦੇਰੀ ਨਹੀਂ ਲੱਗ ਰਹੀ। ਅੱਡਾ ਜੈਂਤੀਪੁਰ ਵਿਖੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡਦੇ ਹੋਏ ਆਪ ਦੇ ਸੀਨੀਅਰ ਆਗੂ ਬਚਨ ਲਾਲ ਕਾਲੇ ਸ਼ਾਹ ਨੇ ਕਿਹਾ ਕਿ ਇਹ ਰਾਸ਼ਨ ਕਿੱਟਾਂ ਰਾਸ਼ਨ ਕਾਰਡ ਦੇ ਆਧਾਰ 'ਤੇ ਵੰਡੀਆਂ ਜਾਣਗੀਆਂ। ਇਸ ਮੌਕੇ ਬਚਨ ਲਾਲ ਕਾਲੇ ਸ਼ਾਹ, ਬਾਬਾ ਸੁਖਚੈਨ ਸਿੰਘ, ਜਸਬੀਰ ਸਿੰਘ ਹੰਜਰਾ, ਮਲਕੀਤ ਸਿੰਘ ਗੋਲਡੀ, ਗੁਲਸ਼ਨ ਕੁਮਾਰ ਬਾਵਾ ਡੇਅਰੀ ਵਾਲਾ, ਇੰਦਰਜੀਤ ਸਿੰਘ, ਬਿੱਟੂ ਫੌਜੀ, ਰਜਿੰਦਰ ਸਿੰਘ ਗਲੈਕਸੀ ਵਾਲੇ, ਗੁਰਵਿੰਦਰ ਸਿੰਘ ਗੈਰੀ, ਦਵਿੰਦਰ ਸਿੰਘ ਮਿਸਤਰੀ, ਦਲਬੀਰ ਸਿੰਘ ਸਰਹਾਲੀਆ, ਕਵਲਜੀਤ ਸਿੰਘ ਸਿੱਧੂ, ਜੋਬਨ ਕਾਹਲੋਂ (ਅਮਰੀਕ ਸਪੋਰਟਸ ਪ੍ਰਧਾਨ), ਸੁਨੀਲ ਬਾਵਾ, ਹਰੀਸ਼ ਬਾਵਾ, ਜਤਿੰਦਰ ਕੁਮਾਰ ਬੌਬੀ, ਅਵਤਾਰ ਸਿੰਘ, ਬਲਵਿੰਦਰ ਸਿੰਘ ਸਾਹਿਲ ਟੈਲੀਕੋਮ, ਅਸ਼ਵਨੀ ਕੁਮਾਰ ਖੋਸਲਾ, ਨਿਰਮਲ ਸਿੰਘ ਮੱਲੀ, ਬਲਕਾਰ ਸਿੰਘ ਮੱਲੀ, ਸੰਜੀਵ ਕੁਮਾਰ ਜੈਂਤੀਪੁਰ ਆਦਿ ਹਾਜ਼ਰ ਸਨ।

# 'ਵਿਕਲਪਿਕ ਵਿਵਾਦ ਨਿਪਟਾਰਾ ਪ੍ਰਣਾਲੀ' ਉੱਤੇ ਵਿਸ਼ਵ ਪੱਧਰੀ ਸੈਮੀਨਾਰ ਕਰਵਾਇਆ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਖਾਲਸਾ ਯੂਨੀਵਰਸਿਟੀ ਦੇ ਸਕੂਲ ਆਫ਼ ਲਾਅ ਵੱਲੋਂ ਆਧੁਨਿਕ ਕਾਨੂੰਨੀ ਯੁੱਗ 'ਚ 'ਵਿਕਲਪਿਕ ਵਿਵਾਦ ਨਿਪਟਾਰਾ ਪ੍ਰਣਾਲੀ' ਵਿਸ਼ੇ 'ਤੇ ਇਕ ਪ੍ਰਭਾਵਸ਼ਾਲੀ ਅੰਤਰਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਸਕੂਲ ਆਫ਼ ਲਾਅ ਦੇ ਡੀਨ ਪ੍ਰੋ: (ਡਾ.) ਜਸਪਾਲ ਸਿੰਘ ਦੀ ਅਗਵਾਈ ਹੇਠ ਕਰਵਾਏ ਗਏ ਇਸ ਸੈਮੀਨਾਰ 'ਚ ਦੇਸ਼ ਅਤੇ ਵਿਦੇਸ਼ ਦੇ ਪ੍ਰਸਿੱਧ ਕਾਨੂੰਨੀ ਮਾਹਿਰਾਂ, ਜੱਜਾਂ, ਵਕੀਲਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਭਾਗ ਲੈ ਕੇ ਉਪਰੋਕਤ ਪ੍ਰਣਾਲੀ ਦੇ ਵੱਖ-ਵੱਖ ਪਹਿਲੂਆਂ 'ਤੇ ਵਿਚਾਰ ਸਾਂਝੇ ਕੀਤੇ। ਇਸ ਉਪਰੰਤ ਉਕਤ ਯੂ. ਐੱਸ. ਏ. ਵਫ਼ਦ ਨੇ ਖ਼ਾਲਸਾ ਯੂਨੀਵਰਸਿਟੀ ਅਤੇ ਖ਼ਾਲਸਾ ਕਾਲਜ ਕੈਂਪਸ ਦਾ ਦੌਰਾ ਕੀਤਾ। ਇਸ ਮੌਕੇ ਜੇ. ਏ. ਐੱਮ. ਐੱਸ., ਅਮਰੀਕਾ ਦੀ ਜਸਟਿਸ ਵੈਨੇਸਾ ਜ਼ੈਕਰ ਨੇ ਅਮਰੀਕੀ ਨਿਆਂ ਪ੍ਰਣਾਲੀ 'ਚ ਕੋਰਟ-ਐਨੈਕਸਡ ਮੈਡੀਏਸ਼ਨ ਦੇ ਸਫਲ ਮਾਡਲ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਮੁਕੱਦਮੇ ਤੋਂ ਪਹਿਲਾਂ ਵਿਵਾਦਾਂ ਦਾ ਨਿਪਟਾਰਾ ਕਰਨ ਨਾਲ ਨਾ ਸਿਰਫ਼ ਅਦਾਲਤਾਂ ਦਾ ਬੋਝ ਘੱਟਦਾ ਹੈ, ਸਗੋਂ ਧਿਰਾਂ ਨੂੰ ਘੱਟ ਸਮੇਂ 'ਚ ਨਿਰਪੱਖ ਨਿਆਂ ਵੀ ਪ੍ਰਾਪਤ ਹੁੰਦਾ ਹੈ। ਜਦਕਿ ਬ੍ਰਾਜ਼ੀਲ ਦੀ ਲੇਬਰ ਕੋਰਟ ਦੇ ਜਸਟਿਸ ਫ਼ਰਨਾਂਡੋ ਹੋਫਮੈਨ ਨੇ ਮਜ਼ਦੂਰੀ ਅਤੇ ਉਦਯੋਗਿਕ ਵਿਵਾਦਾਂ 'ਚ ਸਾਲਸੀ ਦੀ ਭੂਮਿਕਾ 'ਤੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸੁਪਰੀਮ ਕੋਰਟ ਆਫ਼ ਇੰਡੀਆ ਦੀ ਐਡਵੋਕੇਟ ਜਸਬੀਰ ਕੌਰ ਨੇ ਭਾਰਤੀ ਕਾਨੂੰਨੀ ਪ੍ਰਣਾਲੀ 'ਚ ਵਿਚੋਲਗੀ ਦੀ ਵੱਧਦੀ ਉਪਯੋਗਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸੇ ਤਰ੍ਹਾਂ ਰਿਆਤ ਬਾਹਰਾ ਯੂਨੀਵਰਸਿਟੀ ਦੇ ਸਾਬਕਾ ਉੱਪ ਕੁਲਪਤੀ ਪ੍ਰੋ. (ਡਾ.) ਦਲਜੀਤ ਸਿੰਘ ਨੇ ਕਾਨੂੰਨੀ ਸਿੱਖਿਆ 'ਚ ਵਿਕਲਪਿਕ ਵਿਵਾਦ ਨਿਪਟਾਰਾ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਮੌਕੇ ਡਾ. ਜਸਪਾਲ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ 'ਚ ਅਦਾਲਤਾਂ ਵਿੱਚ ਲਟਕੇ ਮਾਮਲਿਆਂ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ, ਜਿਸ ਕਾਰਨ ਮੱਧਸਥਤਾ ਅਤੇ ਸਾਲਸੀ ਵਰਗੀਆਂ ਵਿਧੀਆਂ ਦੀ ਲੋੜ ਪਹਿਲਾਂ ਨਾਲੋਂ ਕਿਤੇ ਵੱਧ ਮਹਿਸੂਸ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਣਾਲੀਆਂ ਵਿਵਾਦਾਂ ਦੇ ਨਿਪਟਾਰੇ ਲਈ ਤੇਜ਼, ਘੱਟ ਖਰਚੀਲੀਆਂ, ਪਾਰਦਰਸ਼ੀ ਅਤੇ ਆਪਸੀ ਸਹਿਮਤੀ 'ਤੇ ਆਧਾਰਿਤ ਪ੍ਰਭਾਵਸ਼ਾਲੀ ਵਿਵਸਥਾ ਪ੍ਰਦਾਨ ਕਰਦੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਇਸ ਖੇਤਰ 'ਚ ਉਪਲੱਬਧ ਰੁਜ਼ਗਾਰ ਅਤੇ ਖੋਜ ਦੀਆਂ ਸੰਭਾਵਨਾਵਾਂ ਬਾਰੇ ਵੀ ਜਾਣੂ ਕਰਵਾਇਆ। ਸੈਮੀਨਾਰ ਦੇ ਅੰਤ 'ਚ ਕਰਵਾਏ ਗਏ ਪ੍ਰਸ਼ਨ-ਉੱਤਰ ਸੈਸ਼ਨ ਦੌਰਾਨ ਵਿਦਿਆਰਥੀਆਂ ਅਤੇ ਕਾਨੂੰਨੀ ਪੇਸ਼ੇਵਰਾਂ ਨੇ ਸਰਹੱਦ ਪਾਰ ਸਾਲਸੀ ਫ਼ੈਸਲਿਆਂ ਦੀ ਮਾਨਤਾ, ਉਨ੍ਹਾਂ ਨੂੰ ਲਾਗੂ ਕਰਨ ਦੀ ਪ੍ਰਕਿਰਿਆ ਅਤੇ ਮੱਧਸਥਤਾ ਨਾਲ ਜੁੜੇ ਨੈਤਿਕ ਪਹਿਲੂਆਂ ਸਬੰਧੀ ਮਾਹਿਰਾਂ ਨਾਲ ਚਰਚਾ ਕੀਤੀ। ਇਸ ਦੌਰਾਨ ਉਕਤ ਮਾਹਿਰਾਂ ਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਵਿਸਥਾਰਪੂਰਵਕ ਜਵਾਬ ਦਿੰਦਿਆਂ ਉਨ੍ਹਾਂ ਨੂੰ ਇਸ ਖੇਤਰ 'ਚ ਕਰੀਅਰ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਮੋਹਿਤ ਸੈਣੀ ਨੇ ਸੈਮੀਨਾਰ ਦੇ ਕੋਆਰਡੀਨੇਟਰ ਵਜੋਂ ਆਪਣੀਆਂ ਜ਼ਿੰਮੇਵਾਰੀਆਂ ਬਾਖ਼ੂਬੀ ਨਿਭਾਈਆਂ। ਇਸ ਮੌਕੇ ਡਾ. ਗੁਨੀਸ਼ਾ ਸਲੂਜਾ, ਡਾ. ਸੀਮਾ ਰਾਣੀ, ਡਾ. ਦਿਵਿਆ ਸ਼ਰਮਾ, ਡਾ. ਪੂਰਨਿਮਾ ਖੰਨਾ, ਡਾ. ਪਵਨਦੀਪ ਕੌਰ, ਡਾ. ਅਨੀਤਾ ਸ਼ਰਮਾ, ਡਾ. ਉਤਕਰਸ਼ ਸੇਠ, ਪ੍ਰੋ. ਮਨਸੀਰਤ, ਪ੍ਰੋ. ਜਸਦੀਪ ਸਿੰਘ, ਪ੍ਰੋ. ਪ੍ਰੇਰਨਾ ਸਿੰਘ, ਪ੍ਰੋ. ਪ੍ਰਵੀਨ ਕੌਰ, ਪ੍ਰੋ. ਹੇਮਾ ਸਿੰਘ, ਪ੍ਰੋ. ਸਹਿਜਪ੍ਰੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ 'ਚ ਵਿਦਿਆਰਥੀ ਹਾਜ਼ਰ ਸਨ। ਸੈਮੀਨਾਰ ਦੌਰਾਨ ਸਮੂਹ ਬੁਲਾਰਿਆਂ ਨੇ ਵਿਦਿਆਰਥੀਆਂ ਨੂੰ ਕਾਨੂੰਨੀ ਖੇਤਰ 'ਚ ਨੈਤਿਕਤਾ, ਪੇਸ਼ੇਵਰ ਯੋਗਤਾ ਅਤੇ ਵਿਸ਼ਵ ਪੱਧਰੀ ਦ੍ਰਿਸ਼ਟੀਕੋਣ ਅਪਣਾਉਣ ਲਈ ਉਤਸ਼ਾਹਿਤ ਕੀਤਾ।

# ਐੱਸ ਬੀ ਆਈ ਬੈਂਕ ਦੇ ਬਾਹਰੋਂ ਪੈਨਸ਼ਨਰ ਦਾ ਮੋਟਰਸਾਈਕਲ ਚੋਰੀ



ਮਜੀਠਾ/ਚਵਿੰਡਾ ਦੇਵੀ, (ਸੋਇਮ ਆਨੰਦ/ਖੁਸ਼ਹਾਲ ਸੁੰਦਰ): ਪੀ. ਐੱਸ. ਪੀ. ਸੀ. ਐੱਲ./ ਪੀ.ਐੱਸ.ਟੀ.ਸੀ.ਐੱਲ. ਸਬ-ਅਰਬਨ ਮੰਡਲ ਅੰਮ੍ਰਿਤਸਰ ਪੈਨਸ਼ਨਰਜ਼ ਐਸੋਸੀਏਸ਼ਨ ਦੀ ਇੱਕ ਹੰਗਾਮੀ ਮੀਟਿੰਗ ਮੰਡਲ ਪ੍ਰਧਾਨ ਮਹਿੰਦਰ ਸਿੰਘ ਖਹਿਰਾ ਦੀ ਪ੍ਰਧਾਨਗੀ ਹੇਠ ਮਜੀਠਾ ਬਿਜਲੀ ਦਫ਼ਤਰ ਕੰਪਲੈਕਸ ਵਿਖੇ ਹੋਈ।ਮੀਟਿੰਗ ਵਿੱਚ ਐਸੋਸੀਏਸ਼ਨ ਦੇ ਆਗੂਆਂ ਅਤੇ ਮੈਂਬਰਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪੈਨਸ਼ਨਰਜ਼ ਆਗੂਆਂ ਨੇ ਦੱਸਿਆ ਕਿ ਐਸੋਸੀਏਸ਼ਨ ਦੇ ਪੈਨਸ਼ਨਰ ਸਾਥੀ ਦਲਬੀਰ ਸਿੰਘ ਸ਼ਾਮ ਨਗਰ, 5 ਅਗਸਤ ਦਿਨ ਬੁੱਧਵਾਰ ਨੂੰ ਆਪਣੀ ਪੈਨਸ਼ਨ ਲੈਣ ਲਈ ਐੱਸ. ਬੀ. ਆਈ. ਬੈਂਕ ਮਜੀਠਾ ਵਿਖੇ ਗਏ ਸਨ।ਕੁਝ ਸਮੇਂ ਬਾਅਦ ਜਦੋਂ ਉਹ ਬੈਂਕ ਤੋਂ ਬਾਹਰ ਆਏ ਤਾਂ ਬੈਂਕ ਦੇ ਬਾਹਰ ਖੜ੍ਹਾ ਕੀਤਾ ਉਨ੍ਹਾਂ ਦਾ ਹੀਰੋ ਸਪਲੈਂਡਰ ਮੋਟਰਸਾਈਕਲ ਗਾਇਬ ਸੀ।ਆਸ-ਪਾਸ ਭਾਲ ਕਰਨ 'ਤੇ ਵੀ ਮੋਟਰਸਾਈਕਲ ਦਾ ਕੋਈ ਪਤਾ ਨਹੀਂ ਲੱਗਾ।

ਮੋਟਰਸਾਈਕਲ ਚੋਰੀ ਹੋਣ ਦਾ ਸਮਾਂ ਲਗਭਗ ਦੁਪਹਿਰ 12:30 ਵਜੇ ਤੋਂ 1 ਵਜੇ ਦੇ ਦਰਮਿਆਨ ਦੱਸਿਆ ਗਿਆ ਹੈ।ਥਾਣਾ ਮਜੀਠਾ ਵਿਖੇ ਦਰਖ਼ਾਸਤ ਦੇ ਕੇ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ।ਆਗੂਆਂ ਨੇ ਮਜੀਠਾ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁਟੇਜ ਨੂੰ ਬਾਰੀਕੀ ਨਾਲ ਖੰਗਾਲਿਆ ਜਾਵੇ। ਐਸੋਸੀਏਸ਼ਨ ਨੇ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਲਾਕੇ ਵਿੱਚ ਵੱਧ ਰਹੀਆਂ ਚੋਰੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਠੋਸ ਕਦਮ ਚੁੱਕੇ ਜਾਣ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।ਇਸ ਮੌਕੇ ਸਕੱਤਰ ਜੋਗਿੰਦਰ ਸਿੰਘ ਸੋਹੀ, ਰਾਮ ਲੁਭਾਇਆ ਮਜੀਠਾ, ਦਲਬੀਰ ਸਿੰਘ ਸ਼ਾਮ ਨਗਰ, ਜੋਗਿੰਦਰ ਪਾਲ ਮਜੀਠਾ, ਹਰਦੀਪ ਸਿੰਘ ਮਜੀਠਾ ਅਤੇ ਗੁਰਮੇਜ ਸਿੰਘ ਸੋਹੀ ਸਮੇਤ ਹੋਰ ਸਾਥੀ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਸੁਖਮਨ ਸਿੰਘ
ਪਿੰਡ : ਗਹੂੰਣ



ਅਕਾਲਕੀਰਤ ਸਿੰਘ
ਪਿੰਡ : ਕੰਧਾਲਾ ਜੱਟਾਂ

# ਕਿਸਾਨਾਂ ਦੀ ਕੌਮੀ ਕਾਨਫਰੰਸ ਤੇ ਰੈਲੀ ਦੀ ਸਫਲਤਾ ਲਈ ਮੀਟਿੰਗ

**ਜਲੰਧਰ (ਰਾਜੇਸ਼ ਥਾਪਾ)**- ਦੇਸ਼ ਭਗਤ ਯਾਦਗਾਰ ਜਲੰਧਰ ਦੇ ਵਿਸ਼ਨੂੰ ਗਣੇਸ਼ ਪਿੰਗਲੇ ਹਾਲ ਵਿਖੇ ਜਮਹੂਰੀ ਕਿਸਾਨ ਸਭਾ ਪੰਜਾਬ ਤੇ ਪੰਜਾਬ ਕਿਸਾਨ ਯੂਨੀਅਨ ਦੀ ਸੂਬਾ ਪੱਧਰ ਦੀ ਸਾਂਝੀ ਜਨਰਲ ਬਾਡੀ ਮੀਟਿੰਗ ਹੋਈ। ਮੀਟਿੰਗ 'ਚ ਵੱਖੋ-ਵੱਖ ਜ਼ਿਲ੍ਹਿਆਂ ਦੇ 300 ਤੋਂ ਵਧੇਰੇ ਕਿਸਾਨ ਆਗੂ ਉਤਸ਼ਾਹ ਪੂਰਬਕ ਸ਼ਾਮਲ ਹੋਏ।

ਮੀਟਿੰਗ ਵੱਲੋਂ ਆਉਣ ਵਾਲੀ 20 ਸਤੰਬਰ ਨੂੰ ਦੇਸ਼ ਜਲੰਧਰ ਯਾਦਗਾਰ ਜਲੰਧਰ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿਖੇ ਹਜ਼ਾਰਾਂ ਕਿਸਾਨਾਂ-ਮਜ਼ਦੂਰਾਂ ਦਾ ਵਿਸ਼ਾਲ ਇਕੱਠ ਕਰਨ ਨਾ ਨਿਰਣਾ ਲਿਆ ਗਿਆ ਹੈ। ਇਸ ਵਿਸ਼ਾਲ ਇਕੱਠ 'ਚ ਦੇਸ਼ ਭਰ 'ਚ ਜਾਰੀ ਪੇਪਰ ਲੀਕ ਵਿਰੋਧੀ ਅੰਦੋਲਨ 'ਚ ਵਿਦਿਆਰਥੀਆਂ ਦੀ ਧੜੱਲੇ ਨਾਲ ਸੁਯੋਗ ਅਗਵਾਈ ਕਰ ਰਹੀ ਉੱਘੀ ਆਗੂ ਕਾਮਰੇਡ ਨੇਹਾ ਬੋਰਾ ਨੂੰ ਸਨਮਾਨਤ ਕੀਤਾ ਜਾਵੇਗਾ। ਮੀਟਿੰਗ ਵਲੋਂ 20-21 ਸਤੰਬਰ 2026 ਨੂੰ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਉਚੇਚੇ ਵਸਾਏ ਜਾਣ ਵਾਲੇ ਸਵਾਮੀ ਸਹਿਜਾਨੰਦ ਸਰਸਵਤੀ ਨਗਰ ਤੇ ਬਾਬਾ ਜਵਾਲਾ ਸਿੰਘ ਠੱਠੀਆਂ ਹਾਲ 'ਚ ਹੋਣ ਜਾ ਰਹੇ ਕੁਲ ਹਿੰਦ ਕਿਸਾਨ ਮਹਾਸਭਾ ਦੇ 5ਵੇਂ ਕੌਮੀ ਮਹਾ ਸੰਮੇਲਨ ਨੂੰ ਲਾਜਵਾਬ ਸਫਲ



ਬਣਾਉਣ ਬਾਰੇ ਵੀ ਠੋਸ ਯੋਜਨਾਬੰਦੀ ਉਲੀਕੀ ਗਈ ਹੈ। ਮਹਾ ਸੰਮੇਲਨ 'ਚ ਦੇਸ਼ ਦੇ 18 ਸੂਬਿਆਂ ਤੋਂ ਸੈਂਕੜੇ ਕਿਸਾਨ ਪ੍ਰਤੀਨਿਧ ਸ਼ਾਮਲ ਹੋਣਗੇ। ਅਜਲਾਸ ਦੇ ਸੁਚਾਰੂ ਪ੍ਰਬੰਧਾਂ ਲਈ ਸਮਾਜ ਦੀਆਂ ਨਾਮਵਰ ਹਸਤੀਆਂ 'ਤੇ ਆਧਾਰਤ ਸਵਾਗਤੀ ਕਮੇਟੀ ਵੀ ਚੁਣੀ ਗਈ। ਬੇਦਾਗ ਸੇਵਾਵਾਂ ਦੇਣ ਵਾਲੇ ਨਾਮਵਰ ਸੇਵਾਮੁਕਤ ਆਈ ਏ ਐੱਸ ਅਧਿਕਾਰੀ ਕਾਹਨ ਸਿੰਘ ਪੰਨੂ ਇਸ ਕਮੇਟੀ ਦੇ ਚੇਅਰਮੈਨ ਹੋਣਗੇ। ਨਾਲ ਹੀ ਇਕ ਦਰਜਨ ਦੇ ਕਰੀਬ ਹੋਰ ਕਮੇਟੀਆਂ ਦੀ ਵੀ ਚੋਣ ਕੀਤੀ ਗਈ।

ਸਰਵ ਸਾਥੀ ਪ੍ਰਸ਼ੋਤਮ ਸ਼ਰਮਾ, ਡਾ. ਸਤਨਾਮ ਸਿੰਘ ਅਜਨਾਲਾ, ਸੁਖਦਰਸ਼ਨ ਨੱਤ, ਕੁਲਵੰਤ ਸਿੰਘ ਸੰਧੂ, ਗੁਰਜੰਟ ਸਿੰਘ ਮਾਨਸਾ ਤੇ ਗੁਰਨਾਮ ਸਿੰਘ ਭੀਖੀ ਮੀਟਿੰਗ ਦੇ ਮੁੱਖ ਬੁਲਾਰੇ ਸਨ। ਜਮਹੂਰੀ ਕਿਸਾਨ ਸਭਾ ਹਰਿਆਣਾ ਦੇ ਪ੍ਰਧਾਨ ਸਾਥੀ ਆਜ਼ਾਦ ਸਿੰਘ ਮੀਰਾਨ ਤੇ ਪਗੜੀ ਸੰਭਾਲ ਜੱਟਾ ਕਿਸਾਨ ਸੰਘਰਸ਼ ਸੰਮਤੀ ਹਰਿਆਣਾ ਦੇ ਪ੍ਰਧਾਨ ਮਨਦੀਪ ਸਿੰਘ ਨਥਵਾਨ ਨੇ ਵੀ ਵਿਚਾਰ ਰੱਖੇ।ਮੀਟਿੰਗ ਦੀ ਪ੍ਰਧਾਨਗੀ ਮੋਹਣ ਸਿੰਘ ਧਮਾਣਾ, ਚਰਨਜੀਤ ਸਿੰਘ, ਰਘਬੀਰ ਸਿੰਘ ਬੈਨੀਪਾਲ, ਅਸ਼ਵਨੀ ਕੁਮਾਰ ਲੱਖਣ ਕੇ, ਹਰਜੀਤ ਸਿੰਘ ਕਲਾਨੌਰ ਨੇ ਕੀਤੀ। ਮੰਚ ਸੰਚਾਲਕ ਦੇ ਫਰਜ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਬਾਖ਼ੂਬੀ ਨਿਭਾਏ।

# 'ਹਰੀ ਮਾਨਵ ਏਕਤਾ' ਸੰਮੇਲਨ ਕਰਵਾ ਕੇ ਮਨਾਇਆ ਸੰਤ ਬਲਵੰਤ ਸਿੰਘ ਦਾ ਜਨਮ ਦਿਨ

**ਹੁਸ਼ਿਆਰਪੁਰ (ਓ ਪੀ ਰਾਣਾ)** ਸੱਚਖੰਡ ਵਾਸੀ ਬ੍ਰਹਮਲੀਨ 108 ਸੰਤ ਪਾਖਰ ਸਿੰਘ ਡਿੰਗਰੀਆਂ ਵਲੋਂ ਸਰਬੱਤ ਦੇ ਭਲੇ ਲਈ ਚਲਾਏ ਧਰਮ ਮਾਰਗ ਦੀ ਪ੍ਰੰਪਰਾ ਨੂੰ ਅੱਗੇ ਤੋਰਦਿਆਂ ਮੌਜੂਦਾ ਗੱਦੀ ਨਸ਼ੀਨ ਸੰਤ ਬਲਵੰਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਵਿਸ਼ਾਲ ਹਰੀ ਮਾਨਵ ਏਕਤਾ ਸੰਮੇਲਨ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਹੀ ਸ਼ਰਧਾ ਪੂਰਵਕ ਕਰਵਾਏ ਗਏ। ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ ਦੇ ਸੰਤਾਂ ਅਤੇ ਰਾਗੀ,ਢਾਡੀ, ਕਵੀਸ਼ਰੀ ਜਥਿਆਂ ਵਲੋਂ ਕਥਾ, ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ



ਸੰਤ ਹਰਚਰਨ ਦਾਸ ਡੇਰਾ ਸ਼ਾਮ ਚੌਰਾਸੀ, ਸੰਤ ਪ੍ਰਦੀਪ ਦਾਸ ਕੂਪੁਰ ਕਠਾਰ, ਸੰਤ ਪਰਮਜੀਤ ਦਾਸ ਨਗਰ, ਸੰਤ ਸਰਵਣ ਦਾਸ ਸਲੇਮਟਾਵਰੀ, ਸੰਤ ਸਤਨਾਮ ਦਾਸ ਗੱਜਰ ਮਹਿਦੂਦ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਮਨਜੀਤ ਦਾਸ ਵਿਛੋਹੀ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਰਘੁਬੀਰ ਸਿੰਘ ਅਤੋਵਾਲ, ਮੁੱਖ ਸੇਵਾਦਾਰ ਬੀਬੀ ਸਰੀਫ਼ਾਂ ਜੀ ਉਦੇਸੀਆਂ, ਸੰਤ ਜਸਵੰਤ ਸਿੰਘ ਖੇੜਾ ਠਕਰਵਾਲ, ਸੰਤ ਬੀਬੀ ਕਮਲੇਸ਼ ਕੌਰ ਨਾਹਲਾਂ, ਸੰਤ ਸੁਰਜੀਤ ਸਿੰਘ ਹੁਸ਼ਿਆਰਪੁਰ, ਸੰਤ ਨਿਰਮਲ ਦਾਸ ਢੇਹਾ ਨੇ ਵੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਹਲਕਾ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਡਾ. ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਸਪਾ ਪੰਜਾਬ, ਪਵਨ ਟੀਨੂੰ ਸਾਬਕਾ ਵਿਧਾਇਕ, ਐਡਵੋਕੇਟ ਬਲਵਿੰਦਰ ਕੁਮਾਰ, ਕਿਸ਼ੋਰੀ ਲਾਲ ਡੀ ਐਸ ਪੀ ਪੰਜਾਬ ਪੁਲਿਸ ਨੇ ਵੀ ਹਾਜਰੀ ਭਰੀ ਅਤੇ ਸੰਤਾਂ ਮਹਾਂਪੁਰਸ਼ਾਂ ਨੂੰ ਜਨਮ ਦਿਨ ਦੀਆਂ ਸ਼ੁਭਕਾਮਨਾਵਾਂ ਭੇਟ ਕੀਤੀਆਂ।ਇਸ ਮੌਕੇ ਸੇਵਾਦਾਰ ਸੱਤਪਾਲ ਸਿੰਘ, ਗੁਰਮੇਲ ਸਿੰਘ, ਹਰਬੰਸ ਸਿੰਘ, ਨਿਰਮਲ ਸਿੰਘ, ਸਤਿ ਕਰਤਾਰ, ਓਮ੍ਹ ਜਾੜਾ, ਨਰੇਸ਼ ਕੁਮਾਰੀ, ਦੇਵਾ ਜੀ, ਸ਼ੀਲਾ ਦੇਵੀ, ਜਸਵਿੰਦਰ ਕੌਰ, ਹਰਬੰਸ ਸਿੰਘ, ਗੁਰਵਿੰਦਰ ਸਿੰਘ, ਅਸ਼ੀਸ਼ ਕੁਮਾਰ, ਭੁਪਿੰਦਰ ਕੌਰ, ਮਨਪ੍ਰੀਤ ਕੌਰ, ਟਵਿੰਕਲ, ਜੀਤਾ ਸਿੰਘ, ਸੁਰਜੀਤ ਸਿੰਘ, ਮੰਗਾ ਸਿੰਘ, ਸੋਨੂੰ ਸਿੰਘ ਹੁਸ਼ਿਆਰਪੁਰ, ਸੁਰਿੰਦਰ ਸਿੰਘ, ਸਤਿੰਦਰ ਸਿੰਘ, ਬਿੱਟੂ ਸਿੰਘ ਵੀ ਹਾਜਰ ਸਨ । ਸੰਤ ਬਲਵੰਤ ਸਿੰਘ ਵਲੋਂ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ।

# ਆਜ਼ਾਦੀ ਦਿਵਸ ਤੋਂ ਐੱਸ ਐੱਸ ਪੀ ਦਿਹਾਤੀ ਵੱਲੋਂ ਵਿਸ਼ੇਸ਼ ਚੈਕਿੰਗ ਤੇ ਨਾਕਾਬੰਦੀ ਤੇਜ਼



**ਜਲੰਧਰ (ਸੁਰਿੰਦਰ ਕੁਮਾਰ)**- ਐੱਸ ਐੱਸ ਪੀ ਦਿਹਾਤੀ ਵੱਲੋ ਆਜ਼ਾਦੀ ਦਿਵਸ ਦੇ ਮੱਦੇਨਜ਼ਰ ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਦੇ ਨਿਰਦੇਸ਼ਾਂ 'ਤੇ ਜ਼ਿਲ੍ਹੇ ਭਰ 'ਚ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕੀਤੇ ਗਏ ਹਨ।ਐੱਸ ਐੱਸ ਪੀ ਦਿਹਾਤੀ ਨੇ ਖੁਦ ਜ਼ਮੀਨੀ ਪੱਧਰ 'ਤੇ ਚੈਕਿੰਗ ਮੁਹਿੰਮਾਂ, ਪੁਲਿਸ ਤਾਇਨਾਤੀ ਅਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਜ਼ਿਲ੍ਹੇ ਦੇ ਸਾਰੇ ਸਬ-ਡਵੀਜ਼ਨਾਂ ਕਰਤਾਰਪੁਰ, ਨਕੋਦਰ, ਫਿਲੌਰ, ਸ਼ਾਹਕੋਟ, ਆਦਮਪੁਰ 'ਚ ਵਿਸ਼ੇਸ਼ ਚੈਕਿੰਗ ਮੁਹਿੰਮਾਂ, ਨਾਈਟ ਡੋਮੀਨੇਸ਼ਨ, ਨਾਕਾਬੰਦੀ ਅਤੇ ਗਸ਼ਤ ਨੂੰ ਤੇਜ਼ ਕਰ ਦਿੱਤਾ ਗਿਆ ਹੈ। ਮੁੱਖ ਬਾਜ਼ਾਰਾਂ, ਬੱਸ ਅੱਡਿਆਂ, ਰੇਲਵੇ ਸਟੇਸ਼ਨਾਂ, ਧਾਰਮਿਕ ਸਥਾਨਾਂ ਅਤੇ ਸੰਵੇਦਨਸ਼ੀਲ ਥਾਵਾਂ 'ਤੇ ਬਾਰੀਕੀ ਨਾਲ ਚੈਕਿੰਗ ਹੋ ਰਹੀ ਹੈ। ਜ਼ਿਲ੍ਹੇ ਦੇ ਦਾਖ਼ਲਾ-ਨਿਕਾਸ ਪੁਆਇੰਟਾਂ 'ਤੇ ਵੀ ਵਿਸ਼ੇਸ਼ ਨਾਕੇ ਲਗਾਏ ਗਏ ਹਨ। ਰਾਤ ਸਮੇਂ ਅਪਰਾਧਿਕ ਅਨਸਰਾਂ 'ਤੇ ਨਜ਼ਰ ਰੱਖਣ ਲਈ ਨਾਈਟ ਡੋਮੀਨੇਸ਼ਨ ਵਧਾਈ ਗਈ ਹੈ। ਇਸ ਤੋਂ ਇਲਾਵਾ 24 ਘੰਟੇ ਐਮਰਜੈਂਸੀ ਰਿਸਪਾਂਸ ਵਾਹਨ ਜ਼ਿਲ੍ਹੇ ਭਰ 'ਚ ਤਾਇਨਾਤ ਕੀਤੇ ਗਏ ਹਨ ਤਾਂ ਜੋ ਕਿਸੇ ਵੀ ਐਮਰਜੈਂਸੀ 'ਚ ਤੁਰੰਤ ਮਦਦ ਮਿਲ ਸਕੇ। ਸਾਰੀ ਕਾਰਵਾਈ ਨਰਿੰਦਰ ਔਜਲਾ, ਉਂਕਾਰ ਬਰਾੜ, ਭਾਰਤ ਲੱਧੜ, ਸਰਵਣ ਬੱਲ ਅਤੇ ਰਾਜੀਵ ਕੁਮਾਰ ਦੀ ਨਿਗਰਾਨੀ ਹੇਠ ਹੋ ਰਹੀ ਹੈ।

# ਔਰਤਾਂ ਨੂੰ ਸਕਿੱਨ ਤੇ ਹੇਅਰ ਕੇਅਰ ਦਾ ਕੰਮ ਆਰੰਭ ਕਰਨ ਲਈ ਕਿੱਟਾਂ ਵੰਡੀਆਂ

**ਜਲੰਧਰ (ਕੇਸਰ)**- ਅਜੀਤ ਸਿੰਘ ਫਾਊਂਡੇਸ਼ਨ ਸੋਸਾਇਟੀ ਜੋ ਪਿਛਲੇ 10 ਸਾਲਾਂ ਤੋਂ ਸਮਾਜਿਕ ਜਾਗਰਤੀ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਭਲਾਈ ਕਾਰਜ ਕਰਦੀ ਆ ਰਹੀ ਹੈ ਇਸ ਸੰਸਥਾ ਵੱਲੋਂ ਅੱਜ ਹੰਸ ਰਾਜ ਮਹਿਲਾ ਮਹਾ ਵਿਦਿਆਲਿਆ ਜਲੰਧਰ ਵਿੱਚ ਇੱਕ ਸਮਾਗਮ ਆਯੋਜਿਤ



ਕੀਤਾ ਗਿਆ ਜਿਸ ਵਿੱਚ 25 ਔਰਤਾਂ ਨੂੰ ਸਰਟੀਫਿਕੇਟ ਅਤੇ ਸਕਿਨ ਐਂਡ ਹੇਅਰ ਕੇਅਰ ਦਾ ਕੰਮ ਆਰੰਭ ਕਰਨ ਲਈ ਕਿੱਟਾਂ ਵੰਡੀਆਂ ਗਈਆਂ। ਪੰਜਾਬ ਸਰਕਾਰ ਦੀ ਮਦਰ ਐਂਨ ਜੀ ਓ ਸੋਸਵਾ ਵਲੋਂ ਸਪਾਂਸਰਡ ਇਹ ਸਿਖਲਾਈ ਇਸ ਸੰਸਥਾ ਵੱਲੋਂ ਫਰਵਰੀ 2026 ਤੋਂ ਜੁਲਾਈ 2026 ਤੱਕ ਛੇ ਮਹੀਨਿਆਂ ਦਾ ਲੋੜਵੰਦ ਔਰਤਾਂ ਲਈ ਸਕਿਨ ਅਤੇ ਹੇਅਰ ਕੇਅਰ ਦਾ ਕੋਰਸ ਚਲਾਇਆ ਗਿਆ ਜਿਸ ਵਿੱਚ 25 ਔਰਤਾਂ ਨੂੰ ਸੰਪੂਰਨ ਟ੍ਰੇਨਿੰਗ ਦਿੱਤੀ ਗਈ ਤਾਂ ਕਿ ਉਹ ਇਸ ਖੇਤਰ ਵਿੱਚ ਕੰਮ ਕਰਕੇ ਆਪਣੇ ਪਰਿਵਾਰ ਲਈ ਰੁਜ਼ਗਾਰ ਕਮਾ ਸਕਣ। ਛੇ ਮਹੀਨਿਆਂ ਦੀ ਸਿਖਲਾਈ ਦਾ ਇਹ ਪ੍ਰੋਜੈਕਟ ਪੰਜਾਬ ਸਰਕਾਰ ਦੀ ਮਦਰ ਐਂਨ ਜੀ ਓ ਸੋਸਵਾ ਨੋਰਥ ਇੰਡੀਆ ਵੱਲੋਂ ਪ੍ਰਧਾਨ ਕੀਤਾ ਗਿਆ।ਇਸ ਸਮਾਗਮ ਵਿੱਚ ਜਲੰਧਰ ਸ਼ਹਿਰ ਦੇ ਸੀਨੀਅਰ ਜਰਨਲਿਸਟ ਤੇਜਿੰਦਰ ਕੌਰ ਖਾਸ ਤੌਰ ਤੇ ਪੁੱਜੇ ਅਤੇ ਔਰਤਾਂ ਨੂੰ ਆਤਮ ਨਿਰਭਰ ਹੋਣ ਦੇ ਗੁਰ ਦੱਸੇ। ਡਾਕਟਰ ਨਵਤਿੰਦਰ ਕੌਰ ਕਾਉਂਸਲਿੰਗ ਸਾਈਕੋਲੋਜਿਸਟ ਨੇ ਇਹਨਾਂ ਔਰਤਾਂ ਨੂੰ ਆਪਣੇ ਅਤੇ ਆਪਣੇ ਪਰਵਾਰ ਦੇ ਮੈਂਬਰਾਂ ਦੀ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਕਾਇਮ ਰੱਖਣ ਲਈ ਕੁਝ ਜ਼ਰੂਰੀ ਗੱਲਾਂ ਦੱਸੀਆਂ। ਉਨ੍ਹਾਂ ਨੇ ਇਸ ਮੌਕੇ 'ਤੇ ਪੇਰੈਂਟਿੰਗ ਸੰਬੰਧੀ 15 ਦਿਨਾਂ ਇੱਕ ਵਿਸ਼ੇਸ਼ ਜਰਨਲ ਵੀ ਪੇਸ਼ ਕੀਤਾ ਜਿਸ ਰਾਹੀਂ ਮਾਪੇ ਆਪਣੇ ਬੱਚਿਆਂ ਨੂੰ ਹੋਰ ਬੇਹਤਰ ਸਮਝ ਸਕਦੇ ਹਨ। ਡਾਕਟਰ ਸੰਗੀਨਾ ਮੈਡੀਕਲ ਆਫਿਸਰ ਐਂਡਰ ਸਿਵਲ ਸਰਜਨ ਜਲੰਧਰ ਨੇ ਔਰਤਾਂ ਨੂੰ ਆਪਣੀ ਸਿਹਤ ਸੰਭਾਲ ਲਈ ਜਾਗਰੂਕ ਕੀਤਾ ਅਤੇ ਆਪਣੇ ਪਰਵਾਰ ਦੀ ਸੰਭਾਲ ਕਰਦੇ ਹੋਏ ਆਪਣੀ ਸਿਹਤ ਦਾ ਵੀ ਖਿਆਲ ਰੱਖਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਤੇ ਅਜੀਤ ਸਿੰਘ ਫਾਊਂਡੇਸ਼ਨ ਸੁਸਾਇਟੀ ਦੇ ਪ੍ਰੈਜ਼ੀਡੈਂਟ ਰਮਨਪ੍ਰੀਤ ਕੌਰ ਨੇ ਇਸ ਪ੍ਰੋਜੈਕਟ ਬਾਰੇ ਵਿਸਥਾਰ ਵਿੱਚ ਦੱਸਿਆ ਅਤੇ ਆਉਣ ਵਾਲੇ ਸਮੇਂ ਵਿੱਚ ਕੀਤੇ ਜਾਣ ਵਾਲੇ ਪ੍ਰੋਜੈਕਟ ਬਾਰੇ ਜਾਣਕਾਰੀ ਸਾਂਝੀ ਕੀਤੀ। ਯਾਦ ਰਹੇ ਰਮਨਪ੍ਰੀਤ ਪਿਛਲੇ ਇੱਕ ਦਹਾਕੇ ਤੋਂ ਵੱਧਦੇ ਸਮੇਂ ਤੋਂ ਸਮਾਜ ਸੇਵਾ ਵਾਤਾਵਰਣ ਸੰਭਾਲ ਅਤੇ ਮਹਿਲਾ ਸਸ਼ਕਤੀਕਰਨ ਲਈ ਬੜੀ ਸ਼ਿੱਦਤ ਨਾਲ ਕੰਮ ਕਰ ਰਹੇ ਹਨ। ਇਸ ਸਮਾਗਮ ਵਿੱਚ ਸੰਸਥਾ ਵੱਲੋਂ ਜਸਮੀਤ ਕੌਰ, ਮੰਜੂ ਸ਼ਰਮਾ, ਹਰਪ੍ਰੀਤ ਕੌਰ ਪੂਜਾ ਸ਼ਰਮਾ ਵੀ ਹਾਜ਼ਰ ਸਨ।

# ਕਿਸਾਨ ਜਾਗਰੂਕਤਾ ਕੈਂਪ ਲਗਾਇਆ

**ਜਲੰਧਰ -(ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)**- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਜਲੰਧਰ ਦੀ ਗੰਨਾ ਸ਼ਾਖਾ ਵਲੋਂ ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਸਕੀਮ ਤਹਿਤ ਸਹਿਕਾਰੀ ਸ਼ੂਗਰ ਮਿੱਲ ਭੋਗਪੁਰ ਨਾਲ ਸਬੰਧਤ ਗੰਨਾ ਖੇਤਰ ਦੇ ਪਿੰਡ ਰਹੀਮਪੁਰ ਵਿਖੇ ਕਿਸਾਨ ਜਾਗਰੂਕਤਾ



ਕੈਂਪ ਲਗਾਇਆ ਗਿਆ। ਕੇਨ ਕਮਿਸ਼ਨਰ ਪੰਜਾਬ ਡਾ. ਅਮਰੀਕ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪ੍ਰਾਜੈਕਟ ਅਫ਼ਸਰ ਜਲੰਧਰ ਡਾ. ਰੁਲਦਾ ਸਿੰਘ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ ਵਿੱਚ ਸਹਾਇਕ ਗੰਨਾ ਵਿਕਾਸ ਅਫ਼ਸਰ ਜਲੰਧਰ ਡਾ. ਗੁਰਚਰਨ ਸਿੰਘ, ਡਾ. ਗੁਰਪ੍ਰੀਤ ਕੌਰ ਖੇਤੀਬਾੜੀ ਵਿਕਾਸ ਅਫ਼ਸਰ (ਗੰਨਾ) ਭੋਗਪੁਰ ਅਤੇ ਡਾ. ਯੁਵਰਾਜ ਸਿੰਘ, ਕੀਟ ਵਿਗਿਆਨੀ ਗੰਨਾ ਖੋਜ ਕੇਂਦਰ ਕਪੂਰਥਲਾ ਵੱਲੋਂ ਗੰਨੇ ਦੀਆਂ ਕਾਸ਼ਤਕਾਰੀ ਤਕਨੀਕਾਂ, ਕੀੜੇ-ਮਕੌੜਿਆਂ ਦੀ ਰੋਕਥਾਮ, ਰੋਗ ਪ੍ਰਬੰਧਨ, ਗੰਨੇ ਦੀ ਅੰਤਰ-ਫ਼ਸਲੀ, ਕਿਸਾਨਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਰਕਾਰੀ ਸਕੀਮਾਂ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ।ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਰੁਲਦਾ ਸਿੰਘ ਪ੍ਰਾਜੈਕਟ ਅਫ਼ਸਰ ਗੰਨਾ ਜਲੰਧਰ ਨੇ ਕਿਹਾ ਕਿ ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਤਹਿਤ ਪੰਜਾਬ ਸਰਕਾਰ ਵਲੋਂ ਸੂਬੇ ਵਿੱਚ ਗੰਨੇ ਦੀ ਫ਼ਸਲ ਵਿਚ ਅੰਤਰ ਫ਼ਸਲਾਂ ਹੇਠ ਰਕਬਾ ਵਧਾਉਣ ਲਈ ਪ੍ਰਦਰਸ਼ਨੀ ਪਲਾਟ ਪਤਝੜ ਰੁੱਤ ਦੀ ਗੰਨੇ ਦੀ ਬਿਜਾਈ ਦੌਰਾਨ ਬਿਜਾਏ ਜਾ ਰਹੇ ਹਨ ਤਾਂ ਜੋ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕੀਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਇਸ ਦਾ ਮਕਸਦ ਫਸਲ ਉਤਪਾਦਨ, ਤਕਨਾਲੋਜੀ ਅਤੇ ਬੀਜਾਂ ਲਈ ਸਹਾਇਤਾ ਪ੍ਰਦਾਨ ਕਰਕੇ ਫ਼ਸਲ ਦੇ ਉਤਪਾਦਨ ਨੂੰ ਵਧਾਉਣਾ, ਮਿੱਟੀ ਦੀ ਸਿਹਤ ਨੂੰ ਬਹਾਲ ਕਰਨਾ, ਕਿਸਾਨਾਂ ਦੀ ਆਮਦਨ ਵਿੱਚ ਸੁਧਾਰ ਕਰਨਾ ਅਤੇ ਪੋਸ਼ਣ ਸੁਰੱਖਿਆ ਨੂੰ ਵਧਾਉਣਾ ਹੈ। ਡਾ. ਗੁਰਚਰਨ ਸਿੰਘ ਨੇ ਕਿਹਾ ਕਿ ਗੰਨੇ ਦੀ ਪ੍ਰਤੀ ਹੈਕਟੇਅਰ ਉਤਪਾਦਕਤਾ ਵਧਾਉਣ ਲਈ ਕਿਸਾਨਾਂ ਨੂੰ ਬਿਜਾਈ ਦੀ ਚੌੜੀ ਵਿੱਥ ਵਿਧੀ, ਅੰਤਰ ਫ਼ਸਲਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

ਡਾ. ਗੁਰਪ੍ਰੀਤ ਕੌਰ ਨੇ ਕਿਸਾਨਾਂ ਨੂੰ ਮਿੱਟੀ ਪਰਖ ਕਰਵਾਉਣ ਲਈ ਪ੍ਰੇਰਿਤ ਕੀਤਾ ਅਤੇ ਖਾਦਾਂ ਦੀ ਸੰਤੁਲਿਤ ਵਰਤੋਂ ਕਰਨ ਲਈ ਕਿਹਾ। ਡਾ. ਯੁਵਰਾਜ ਸਿੰਘ ਨੇ ਗੰਨੇ ਦੀ ਫ਼ਸਲ ਵਿਚ ਕੀੜੇ ਮਕੌੜਿਆਂ ਅਤੇ ਬੀਮਾਰੀਆਂ ਦੀ ਰੋਕਥਾਮ ਕਰਨ ਲਈ ਜਾਣਕਾਰੀ ਦਿੱਤੀ।

# ਮਹਿਲਾ ਰਾਖਵਾਂਕਰਨ ਬਿੱਲ ਨੂੰ ਹੁਣ ਹੋਰ ਲਟਕਾਇਆ ਨਾ ਜਾਵੇ : ਖੁਰਾਣਾ

**ਫਗਵਾੜਾ (ਡਾ. ਰਮਨ)**- ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਮਹਿਲਾ ਰਾਖਵਾਂਕਰਨ ਅਤੇ ਸਾਰੇ ਰਾਜਾਂ ਲਈ ਸੰਸਦੀ ਸੀਟਾਂ ਵਿੱਚ 50 ਪ੍ਰਤੀਸ਼ਤ ਵਾਧੇ ਸਬੰਧੀ ਕੇਂਦਰ ਸਰਕਾਰ ਦੀ ਤਜਵੀਜ਼ ਦੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਵੱਲੋਂ ਹਮਾਇਤ ਕਰਨ ਦੇ ਫੈਸਲੇ ਦਾ ਸਵਾਗਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਫਗਵਾੜਾ (ਸ਼ਹਿਰੀ) ਹਲਕਾ ਇੰਚਾਰਜ ਅਤੇ ਕੋਰ ਕਮੇਟੀ ਮੈਂਬਰ ਇੰਡਸਟਰੀ ਅਤੇ ਵਪਾਰ ਵਿੰਗ ਪੰਜਾਬ ਰਣਜੀਤ ਸਿੰਘ ਖੁਰਾਣਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਲੋਕਤੰਤਰ ਨੂੰ ਮਜ਼ਬੂਤ ਕਰਨ ਅਤੇ ਸਮਾਜ ਦੇ ਹਰ ਵਰਗ ਨੂੰ ਯੋਗ ਨੁਮਾਇੰਦਗੀ ਦੇਣ ਦਾ ਹਾਮੀ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਨੇ ਸਪੱਸ਼ਟ ਸਟੈਂਡ ਲਿਆ ਹੈ ਕਿ ਦੇਸ਼ ਦੀਆਂ ਮਹਿਲਾਵਾਂ ਨੂੰ ਰਾਜਨੀਤਿਕ ਫੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਬਣਦੀ ਅਤੇ ਪ੍ਰਭਾਵਸ਼ਾਲੀ ਹਿੱਸੇਦਾਰੀ ਮਿਲਣੀ ਚਾਹੀਦੀ ਹੈ। ਖੁਰਾਣਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਸਟੈਂਡ ਸਪੱਸ਼ਟ ਹੈ ਕਿ ਮਹਿਲਾ ਰਾਖਵਾਂਕਰਨ ਨੂੰ ਹੁਣ ਹੋਰ ਲਟਕਾਇਆ ਨਾ ਜਾਵੇ।

# ਐੱਲ ਪੀ ਯੂ 'ਚ ਸਨੀ ਦਿਓਲ, ਕਰਨ ਦਿਓਲ ਤੇ ਪ੍ਰੀਤੀ ਜ਼ਿੰਟਾ ਨੇ ਨਵੇਂ ਵਿਦਿਆਰਥੀਆਂ ਦਾ ਕੀਤਾ ਸਵਾਗਤ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਉਤਸ਼ਾਹ ਨਾਲ ਭਰੀ ਹੋਈ ਸੀ ਜਿੱਥੇ ਕਿ ਮਸ਼ਹੂਰ ਬਾਲੀਵੁੱਡ ਅਦਾਕਾਰ ਸੰਨੀ ਦਿਓਲ, ਪ੍ਰੀਤੀ ਜ਼ਿੰਟਾ ਅਤੇ ਕਰਨ ਦਿਓਲ ਨੇ 'ਫਰੈਸ਼ਰ ਇੰਡਕਸ਼ਨ 2026' ਦੌਰਾਨ ਐੱਲ ਪੀ ਯੂ ਦੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਕੈਂਪਸ ਦਾ ਮਾਹੌਲ ਮਨੋਰੰਜਨ ਤੇ ਜਸ਼ਨ ਨਾਲ ਭਰਿਆ ਹੋਇਆ ਸੀ ਜਦੋਂ ਨਵੇਂ



ਵਿਦਿਆਰਥੀਆਂ ਨੇ ਸਨੀ ਦਿਓਲ ਦੀਆਂ ਮਸ਼ਹੂਰ ਫਿਲਮਾਂ ਦੇ ਲਾਈਵ ਸੰਵਾਦ ਸੁਣਨ ਦਾ ਪੂਰਾ ਆਨੰਦ ਮਾਣਿਆ। ਵਿਦਿਆਰਥੀ ਇਨ੍ਹਾਂ ਪ੍ਰਸਿੱਧ ਅਦਾਕਾਰਾਂ ਨਾਲ ਖੁੱਲ੍ਹ ਕੇ ਸਵਾਲ-ਜਵਾਬ ਸੈਸ਼ਨ ਅਤੇ ਯਾਦਗਾਰੀ ਪਲਾਂ ਵਿੱਚ ਵੀ ਰੁੱਝੇ ਰਹੇ। ਅਦਾਕਾਰਾਂ ਨੇ ਆਪਣੀ ਆਉਣ ਵਾਲੀ ਫਿਲਮ 'ਬਟਵਾਰਾ 1947' ਬਾਰੇ ਗੱਲ ਕੀਤੀ ਅਤੇ ਪ੍ਰਮੋਟ ਕੀਤਾ। ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਅਤੇ ਰਾਜ ਸਭਾ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ ਅਤੇ ਐੱਲ ਪੀ ਯੂ ਦੀ ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਐਂਕਰ ਨੇ ਮਹਿਮਾਨਾਂ ਨਾਲ ਇੱਕ ਵਿਸ਼ੇਸ਼ ਸਵਾਲ-ਜਵਾਬ ਸੈਸ਼ਨ ਦੀ ਮੇਜ਼ਬਾਨੀ ਕੀਤੀ, ਜਿੱਥੇ ਕਲਾਕਾਰਾਂ ਨੇ ਸਟੇਜ ਤੋਂ ਕਈ ਤਰ੍ਹਾਂ ਦੇ ਸਵਾਲਾਂ ਦੇ ਜਵਾਬ ਦਿੱਤੇ। ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਸੰਗੀਤ, ਨਾਚ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਨੇ, ਉਨ੍ਹਾਂ ਦੀ ਪ੍ਰਤਿਭਾ ਦੇ ਨਾਲ, ਗੱਲਬਾਤ ਦੇ ਜਸ਼ਨ ਦੇ ਮਾਹੌਲ ਨੂੰ ਹੋਰ ਵੀ ਵਧਾ ਦਿੱਤਾ।

# ਪ੍ਰੈੱਸ ਕਲੱਬ ਦੇ ਪਾਰਕ 'ਚ ਬੂਟੇ ਲਗਾਏ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਪ੍ਰੈੱਸ ਕਲੱਬ ਸਬ-ਡਿਵੀਜ਼ਨ (ਰਜਿ. ਨੰਬਰ 2589) ਵੱਲੋਂ ਵਾਤਾਵਰਨ ਦੀ ਸੰਭਾਲ ਤੇ ਸ਼ਹਿਰ ਨੂੰ ਹਰਿਆ-ਭਰਿਆ ਬਣਾਉਣ ਦੇ ਮਕਸਦ ਨਾਲ 'ਮਿਸ਼ਨ ਗਰੀਨ' ਤਹਿਤ ਵਿਸ਼ੇਸ਼ ਪੌਦੇ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ। ਕਲੱਬ ਦੇ ਪ੍ਰਧਾਨ ਗੁਰਜੀਤ ਸਿੰਘ ਈਸਾਪੁਰ ਦੀ ਅਗਵਾਈ ਹੇਠ ਡੇਰਾਬੱਸੀ ਬੱਸ ਸਟੈਂਡ ਨੇੜੇ ਸਥਿਤ ਪਾਰਕ ਵਿਚ ਕਰਵਾਏ ਸਮਾਗਮ ਦੌਰਾਨ ਕਲੱਬ ਦੇ ਮੈਂਬਰਾਂ ਵੱਲੋਂ ਆਪਣੇ ਜਨਮ ਦਿਨ ਦੀ ਯਾਦ ਨੂੰ



ਸਮਰਪਿਤ ਇਕ-ਇਕ ਬੂਟਾ ਲਗਾਇਆ ਗਿਆ। ਇਸ ਮੌਕੇ ਕਲੱਬ ਮੈਂਬਰਾਂ ਵੱਲੋਂ ਕਰੀਬ 51 ਫਲਦਾਰ ਅਤੇ ਫੁੱਲਦਾਰ ਬੂਟੇ ਲਗਾਏ ਗਏ। ਇਸ ਮੁਹਿੰਮ ਦਾ ਮਕਸਦ ਸਿਰਫ਼ ਬੂਟੇ ਲਗਾਉਣਾ ਹੀ ਨਹੀਂ, ਸਗੋਂ ਉਨ੍ਹਾਂ ਦੀ ਸੰਭਾਲ ਕਰਕੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਅਤੇ ਹਰਾ-ਭਰਾ ਵਾਤਾਵਰਨ ਯਕੀਨੀ ਬਣਾਉਣਾ ਵੀ ਹੈ।ਪ੍ਰੋਜੈਕਟ ਚੇਅਰਮੈਨ ਮਨੋਜ ਰਾਜਪੂਤ ਅਤੇ ਕਲੱਬ ਦੇ ਚੀਫ਼ ਕਨਵੀਨਰ ਰਣਬੀਰ ਸਿੰਘ ਪੜ੍ਹੀ ਦੇ ਸਹਿਯੋਗ ਨਾਲ ਚਲਾਈ ਗਈ ਇਸ ਮੁਹਿੰਮ ਵਿਚ ਨਗਰ ਕੌਂਸਲ ਡੇਰਾਬੱਸੀ ਵੱਲੋਂ ਵੀ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਕਲੱਬ ਵੱਲੋਂ ਨਗਰ ਕੌਂਸਲ ਦੇ ਅਧਿਕਾਰੀਆਂ ਦਾ ਇਸ ਸਹਿਯੋਗ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਨਗਰ ਕੌਂਸਲ ਡੇਰਾਬੱਸੀ ਦੇ ਕਾਰਜਸਾਧਕ ਅਫ਼ਸਰ ਨੇ ਕਿਹਾ ਕਿ ਵਾਤਾਵਰਣ ਦੀ ਸੰਭਾਲ ਲਈ ਅਜਿਹੇ ਉਪਰਾਲੇ ਸ਼ਲਾਘਾਯੋਗ ਹਨ ਅਤੇ ਬੂਟੇ ਲਗਾਉਣ ਵਿਚ ਸਹਿਯੋਗ ਦਿੱਤਾ।

# ਭਗਤ ਪੂਰਨ ਸਿੰਘ ਨੂੰ 'ਭਾਰਤ ਰਤਨ' ਦੇਣ ਦੀ ਮੰਗ

**ਕਪੂਰਥਲਾ/ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਰਾਜ ਸਭਾ ਮੈਂਬਰ ਅਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਮਹਾਨ ਸਮਾਜ ਸੇਵੀ ਭਗਤ ਪੂਰਨ ਸਿੰਘ ਨੂੰ ਦੇਸ਼ ਦੇ ਸਰਵਉੱਚ ਨਾਗਰਿਕ ਸਨਮਾਨ 'ਭਾਰਤ ਰਤਨ' ਨਾਲ ਸਨਮਾਨਤ ਕਰਨ ਦੀ ਮੰਗ ਕੀਤੀ ਹੈ। ਇਸ ਸਬੰਧੀ ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਭਗਤ ਪੂਰਨ ਸਿੰਘ ਦੀ ਮਨੁੱਖਤਾ ਪ੍ਰਤੀ ਨਿਸ਼ਕਾਮ ਸੇਵਾ ਅਤੇ ਵਾਤਾਵਰਣ ਸੰਭਾਲ ਲਈ ਪਾਏ ਯੋਗਦਾਨ ਨੂੰ ਕੌਮੀ ਪੱਧਰ 'ਤੇ ਸਨਮਾਨ ਦੇਣ ਦੀ ਅਪੀਲ ਕੀਤੀ। ਭਗਤ ਪੂਰਨ ਸਿੰਘ ਦੀ 34ਵੀਂ ਬਰਸੀ ਦੇ ਸਬੰਧ ਵਿੱਚ ਲਿਖੇ ਪੱਤਰ ਵਿੱਚ ਸੰਤ ਸੀਚੇਵਾਲ ਨੇ ਕਿਹਾ ਕਿ ਉਨ੍ਹਾਂ ਦਾ ਸਮੁੱਚਾ ਜੀਵਨ ਸੇਵਾ, ਤਿਆਗ, ਸਾਦਗੀ ਅਤੇ ਮਨੁੱਖੀ ਭਲਾਈ ਨੂੰ ਸਮਰਪਿਤ ਰਿਹਾ। ਗੁਰਬਾਣੀ ਤੋਂ ਪ੍ਰੇਰਨਾ ਲੈ ਕੇ ਉਨ੍ਹਾਂ ਨੇ ਆਪਣੀ ਜ਼ਿੰਦਗੀ ਦੇ ਆਖਰੀ ਪਲ ਤੱਕ ਲੋੜਵੰਦਾਂ ਦੀ ਸੇਵਾ ਨੂੰ ਆਪਣਾ ਧਰਮ ਬਣਾਈ ਰੱਖਿਆ।ਉਹਨਾਂ ਪੱਤਰ ਵਿੱਚ ਦੱਸਿਆ ਕਿ ਦੇਸ਼ ਦੀ ਵੰਡ ਸਮੇਂ ਭਗਤ ਪੂਰਨ ਸਿੰਘ ਵੱਲੋਂ ਇੱਕ ਅਪਾਹਜ ਅਤੇ ਬੇਸਹਾਰਾ ਵਿਅਕਤੀ ਪਿਆਰਾ ਸਿੰਘ ਨੂੰ ਆਪਣੀ ਪਿੱਠ 'ਤੇ ਚੁੱਕ ਕੇ ਅੰਮ੍ਰਿਤਸਰ ਲਿਆਉਣ ਦੀ ਘਟਨਾ ਉਨ੍ਹਾਂ ਦੀ ਸੇਵਾ-ਯਾਤਰਾ ਦਾ ਮਹੱਤਵਪੂਰਨ ਮੋੜ ਬਣੀ। ਇਸ ਤੋਂ ਬਾਅਦ ਉਨ੍ਹਾਂ ਨੇ 'ਪਿੰਗਲਵਾੜਾ' ਦੀ ਸਥਾਪਨਾ ਕਰਕੇ ਲਾਵਾਰਿਸ, ਅਪਾਹਜ, ਮਾਨਸਿਕ ਤੌਰ 'ਤੇ ਪੀੜਤ, ਬਜ਼ੁਰਗ ਅਤੇ ਬੇਸਹਾਰਾ ਲੋਕਾਂ ਲਈ ਆਸਰਾ, ਇਲਾਜ ਅਤੇ ਸਨਮਾਨਜਨਕ ਜੀਵਨ ਦਾ ਪ੍ਰਬੰਧ ਕੀਤਾ।

# ਸਾਲਾਨਾ ਭੰਡਾਰੇ ਦੇ ਸੰਬੰਧ 'ਚ ਝੰਡੇ ਦੀ ਰਸਮ ਅਦਾ ਕੀਤੀ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)** ਤਹਿਸੀਲ ਨੰਗਲ ਦੇ ਅਧੀਨ ਆਉਂਦੇ ਪਿੰਡ ਭਨੂਪਲੀ ਟੱਪਰੀਆਂ ਵਿਖੇ ਸਾਵਣ ਅਸ਼ਟਮੀ ਮੌਕੇ ਸਲਾਨਾ 16ਵਾਂ ਭੰਡਾਰਾ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਸਾਵਣ ਅਸ਼ਟਮੀ ਦੇ ਪਵਿੱਤਰ ਮੌਕੇ ਝੰਡੇ ਦੀ ਰਸਮ ਅਦਾ ਕੀਤੀ ਗਈ। ਇਹ ਰਸਮ ਸ਼ਰਧਾ ਬਾਬਾ ਜੀ ਭਨੂਪਲੀ ਵਾਲਿਆਂ ਦੀ ਅਗਵਾਈ ਹੇਠ ਧਾਰਮਿਕ ਰੀਤੀ-ਰਿਵਾਜ਼ਾਂ ਅਨੁਸਾਰ ਕਰਵਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਮੂਲੀਅਤ ਕੀਤੀ ਅਤੇ ਪਰਵਾਰ ਦੀ ਸੁੱਖ-ਸ਼ਾਂਤੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਲਾਕੇ ਦੀਆਂ ਸੰਗਤਾਂ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਭੰਡਾਰੇ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਧਾਰਮਿਕ ਸਮਾਗਮਾਂ ਦੀ ਲੜੀ ਤਹਿਤ 15 ਅਗਸਤ ਨੂੰ ਹਵਨ ਯੱਗ ਕਰਵਾਉਣ ਉਪਰੰਤ,16 ਅਗਸਤ ਨੂੰ ਮਹਾਂਮਾਈ ਦੀ ਪਵਿੱਤਰ ਜੋਤ ਮਾਤਾ ਨੈਣਾ ਦੇਵੀ ਤੋਂ ਪੰਡਾਲ ਵਿੱਚ ਲਿਆਂਦੀ ਜਾਵੇਗੀ, ਜਿਸ ਨਾਲ ਮੁੱਖ ਧਾਰਮਿਕ ਸਮਾਗਮਾਂ ਦੀ ਸ਼ੁਰੂਆਤ ਹੋਵੇਗੀ।16 ਤੋਂ 21 ਅਗਸਤ ਤੱਕ ਲਗਾਤਾਰ ਭੰਡਾਰੇ ਲਗਾਏ ਜਾਣਗੇ, ਜਿੱਥੇ ਦੂਰ-ਦੁਰਾਡੇ ਤੋਂ ਪਹੁੰਚਣ ਵਾਲੀਆਂ ਸੰਗਤਾਂ ਲਈ ਲੰਗਰ ਅਤੇ ਹੋਰ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ। ਪ੍ਰਬੰਧਕਾਂ ਵੱਲੋਂ ਸ਼ਰਧਾਲੂਆਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਮੁਕੰਮਲ ਕਰਨ ਦਾ ਕੰਮ ਜ਼ੋਰਾਂ 'ਤੇ ਚੱਲ ਰਿਹਾ ਹੈ। ਧਾਰਮਿਕ ਸਮਾਗਮਾਂ ਦੌਰਾਨ 18 ਅਗਸਤ ਨੂੰ ਵਿਸ਼ੇਸ਼ ਜਾਗਰਣ ਕਰਵਾਇਆ ਜਾਵੇਗਾ। ਇਸ ਜਾਗਰਣ ਵਿੱਚ ਪ੍ਰਸਿੱਧ ਗਾਇਕ ਬੰਟੀ ਸਹਿਜਾਦਾ ਆਪਣੀ ਹਾਜ਼ਰੀ ਲਗਵਾਉਣਗੇ ਅਤੇ ਮਹਾਂਮਾਈ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ।



ਜਾਗਰਣ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਦੇ ਪਹੁੰਚਣ ਦੀ ਉਮੀਦ ਹੈ। ਇਸ ਮੌਕੇ ਭਗਤਾਂ ਵੱਲੋਂ ਰਾਤ ਭਰ ਮਹਾਂਮਾਈ ਜੀ ਦੀ ਭਗਤੀ ਅਤੇ ਭਜਨ-ਕੀਰਤਨ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਪ੍ਰਬੰਧਕਾਂ ਨੇ ਸੰਗਤਾਂ ਨੂੰ ਪਰਿਵਾਰਾਂ ਸਮੇਤ ਪਹੁੰਚ ਕੇ ਧਾਰਮਿਕ ਸਮਾਗਮਾਂ ਦਾ ਲਾਭ ਲੈਣ ਦੀ ਅਪੀਲ ਕੀਤੀ। ਭੰਡਾਰੇ ਦੇ ਸਬੰਧ ਵਿੱਚ 21 ਅਗਸਤ ਨੂੰ ਬਾਬਾ ਬਾਲ ਜੀ ਵਿਸ਼ੇਸ਼ ਤੌਰ 'ਤੇ ਪਹੁੰਚਣਗੇ ਅਤੇ ਸੰਗਤ ਨੂੰ ਦਰਸ਼ਨ ਦੇ ਕੇ ਅਸ਼ੀਰਵਾਦ ਦੇਣਗੇ। ਪ੍ਰਬੰਧਕਾਂ ਨੇ ਦੱਸਿਆ ਕਿ 16ਵੇਂ ਭੰਡਾਰੇ ਨੂੰ ਸਫ਼ਲ ਬਣਾਉਣ ਲਈ ਸੰਗਤਾਂ ਅਤੇ ਸੇਵਾਦਾਰਾਂ ਵੱਲੋਂ ਪੂਰੇ ਉਤਸ਼ਾਹ ਨਾਲ ਸੇਵਾ ਕੀਤੀ ਜਾ ਰਹੀ ਹੈ। ਇਸ ਮੌਕੇ ਦੀਪਕ ਸੋਨੀ ਜਿਲ੍ਹਾ ਚੇਅਰਮੈਨ ਖੱਤਰੀ/ਅਰੋੜਾ ਵੈਲਫੇਅਰ ਬੋਰਡ, ਸੁਨੀਲ ਪੁਰੀ, ਨਿਪੁੰਨ ਸੋਨੀ, ਗਵਰਧਨ ਸੋਨੀ, ਤਜਿੰਦਰ ਐਰੀ, ਰਿਸ਼ੀ ਚੋਧਰੀ, ਮਨੂੰ ਪੁਰੀ ਪੰਚ, ਰੋਬਿਨ ਉੱਪਲ, ਸਾਤਵਿਕ ਸੋਨੀ, ਗੋਬਿੰਦ ਉੱਪਲ, ਦਰਸੀ ਪੰਚ, ਗਿਆਨ, ਪ੍ਰੇਮ ਫੌਜੀ, ਵਿਵਸ਼ਨ ਫੌਜੀ, ਪਮੁ ਸੋਨੀ, ਸ਼ਾਮ ਸੋਨੀ, ਰਕੇਸ਼ ਗੋਗੀ ਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਸੁਰਖਪੁਰ ਵਿਖੇ ਤੀਆਂ ਦਾ ਤਿਉਹਾਰ ਮਨਾਇਆ



**ਕਪੂਰਥਲਾ (ਪ੍ਰੀਤ ਸੰਗੋਜਲਾ)**- ਨੇੜਲੇ ਪਿੰਡ ਸੁਰਖਪੁਰ ਵਿਖੇ ਸਾਵਣ ਮਹੀਨੇ ਦਾ ਤੀਆਂ ਦਾ ਤਿਉਹਾਰ ਬੜੀ ਹੀ ਉਤਸ਼ਾਹ ਨਾਲ ਸਾਬਕਾ ਸਰਪੰਚ ਰਣਜੀਤ ਕੌਰ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਮੌਕੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾਂ ਅਤੇ ਸਾਬਕਾ ਸਰਪੰਚ ਮੇਜਰ ਸਿੰਘ ਔਜਲਾ ਨੇ ਰਿਬਨ ਕੱਟ ਕੇ ਤੀਆਂ ਦੇ ਮੇਲੇ ਦਾ ਉਦਘਾਟਨ ਕੀਤਾ ਅਤੇ ਕਿਹਾ ਕੇ ਅਜਿਹੇ ਮੇਲੇ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ ਇਸ ਨਾਲ ਸਾਡਾ ਆਪਸੀ ਭਾਈਚਾਰਾ ਕਾਇਮ ਰਹਿੰਦਾ ਹੈ। ਇਸ ਮੌਕੇਂ ਸੱਜਣ ਸਿੰਘ ਚੀਮਾਂ ਹਲਕਾ ਇੰਚਾਰਜ, ਸਾਬਕਾ ਸਰਪੰਚ ਮੇਜਰ ਸਿੰਘ ਔਜਲਾ, ਬਲਾਕ ਪ੍ਰਧਾਨ ਬਿਕਰਮ ਸਿੰਘ ਉਚਾ, ਸੰਨੀ ਰੱਤੜਾ, ਸਰਪੰਚ ਹਰਬੰਸ ਸਿੰਘ, ਦਲਜੀਤ ਕੌਰ ਬਲਾਕ ਸੰਮਤੀ ਵਾਈਸ ਚੇਅਰਮੈਨ, ਮਹਿੰਦਰ ਸਿੰਘ ਕਬੱਡੀ ਕੋਚ, ਸੁੱਖਵਿੰਦਰ ਕੌਰ ਸਰਪੰਚ, ਰਣਜੀਤ ਕੌਰ ਸਾਬਕਾ ਸਰਪੰਚ, ਕਰਨੈਲ ਸਿੰਘ ਸਾਬਕਾ ਸਰਪੰਚ, ਬਿੱਲਾ ਸੁਰਖਪੁਰ ਅੰਤਰਰਾਸ਼ਟਰੀ ਕਬੱਡੀ ਖਿਡਾਰੀ, ਨਿਰਵੈਲ ਸਿੰਘ, ਬਲਵਿੰਦਰ ਸਿੰਘ ਪੰਚ, ਨੰਬਰਦਾਰ ਤਰਮੀਕ ਸਿੰਘ ਅਕਬਰਪੁਰ, ਸਰਬਣ ਸਿੰਘ, ਬਾਬਾ ਦਲਜੀਤ ਸਿੰਘ, ਬਾਬਾ ਬਾਲੋ, ਲਾਲਦੀਨ, ਇਸ਼ਾਦ ਮੁਹੰਮਦ,ਡਾ ਸਵਰਨ ਸਿੰਘ, ਰਾਜਨਬੀਰ ਸਿੰਘ, ਮਿਠਨ ਕਬੱਡੀ ਖਿਡਾਰੀ, ਬੱਗੀ ਪਰਵੇਜ਼,ਜਸ਼ਨਬੀਰ ਸਿੰਘ, ਮੁਖਤਾਰ ਮੁਹੰਮਦ, ਵਜੀਦ ਮੁਹੰਮਦ, ਮੁਹੰਮਦ ਹਨੀਫ ਆਦਿ ਹਾਜ਼ਰ ਸਨ।

# ਪ੍ਰਾਚੀਨ ਸ਼ਿਵ ਮੰਦਰ ਗਗਨ ਜੀ ਦਾ ਟਿੱਲਾ ਵਿਖੇ ਨਤਮਸਤਕ ਹੋਏ ਗਿਲਜੀਆਂ

**ਅੱਡਾ ਸਰਾਂ (ਜਸਵੀਰ ਕਾਜਲ)**- ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਵੀ ਪ੍ਰਾਚੀਨ ਸ਼ਿਵ ਮੰਦਰ ਗਗਨ ਜੀ ਦਾ ਟਿੱਲਾ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਵਿਧੀਵਤ ਤੌਰ 'ਤੇ ਭਗਵਾਨ ਸ਼ਿਵ ਸ਼ੰਕਰ ਦੀ ਪੂਜਾ ਅਰਚਨਾ ਕੀਤੀ ਅਤੇ ਸਰਬੱਤ ਦੇ ਭਲੇ, ਇਲਾਕੇ ਦੀ ਖੁਸ਼ਹਾਲੀ ਅਤੇ ਲੋਕਾਂ ਦੀ ਚੜ੍ਹਦੀ ਕਲਾ ਲਈ ਪ੍ਰਾਰਥਨਾ ਕੀਤੀ। ਇਸ ਮੌਕੇ ਉਨ੍ਹਾਂ ਕਿਹਾ



ਕਿ ਧਾਰਮਿਕ ਸਥਾਨ ਸਾਡੀ ਸਾਂਝੀ ਵਿਰਾਸਤ ਹਨ ਅਤੇ ਅਜਿਹੇ ਪਵਿੱਤਰ ਅਸਥਾਨ ਮਨੁੱਖ ਨੂੰ ਸੇਵਾ, ਸ਼ਾਂਤੀ ਅਤੇ ਭਾਈਚਾਰੇ ਦਾ ਸੰਦੇਸ਼ ਦਿੰਦੇ ਹਨ।ਐਡਵੋਕੇਟ ਗਿਲਜੀਆਂ ਨੇ ਮੰਦਰ ਵਿਖੇ ਮੌਜੂਦ ਸ਼ਿਵ ਭਗਤਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਸਾਂਝ ਪਾਈ। ਉਨ੍ਹਾਂ ਕਿਹਾ ਕਿ ਸਾਉਣ ਮਹੀਨੇ ਦੌਰਾਨ ਗਗਨ ਜੀ ਦਾ ਟਿੱਲਾ ਵਿਖੇ ਦੇਸ਼-ਵਿਦੇਸ਼ ਤੋਂ ਵੀ ਸ਼ਰਧਾਲੂ ਪਹੁੰਚ ਕੇ ਭਗਵਾਨ ਸ਼ਿਵ ਦਾ ਅਸ਼ੀਰਵਾਦ ਪ੍ਰਾਪਤ ਕਰਦੇ ਹਨ। ਉਨ੍ਹਾਂ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਜਾ ਰਹੇ ਪ੍ਰਬੰਧਾਂ ਦੀ ਵੀ ਸ਼ਲਾਘਾ ਕੀਤੀ।ਇਸ ਮੌਕੇ ਮੰਦਰ ਕਮੇਟੀ ਵੱਲੋਂ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਾਬਕਾ ਸਰਪੰਚ ਸੁਸ਼ੀਲ ਕੁਮਾਰ, ਕਪਿਲ, ਪੰਕਜ ਰੱਤੀ, ਗੋਪਾਲ ਦੇਵ ਸ਼ਰਮਾ, ਅਮਿਤ ਰੱਤੀ, ਕਾਰਤਿਕ ਰੱਤੀ, ਮਹੇਸ਼ ਕੁਮਾਰ ਤੋਂ ਇਲਾਵਾ ਮੰਦਰ ਕਮੇਟੀ ਦੇ ਪ੍ਰਬੰਧਕ ਅਤੇ ਹੋਰ ਸ਼ਰਧਾਲੂ ਹਾਜ਼ਰ ਸਨ।

# 'ਲੋਕ ਮਿਲਣੀ' ਪ੍ਰੋਗਰਾਮ ਕਰਵਾਇਆ



**ਬਲਾਚੌਰ (ਜਸਵਿੰਦਰ ਬੈਂਸ)**- ਲੋਕਾਂ ਦੀ ਆਵਾਜ਼ ਹੀ ਸਾਡੀ ਤਾਕਤ ਹੈ ਅਤੇ ਲੋਕਾਂ ਦੇ ਮਸਲਿਆਂ ਦਾ ਹੱਲ ਹੀ ਸਾਡੀ ਪਹਿਲੀ ਜ਼ਿੰਮੇਵਾਰੀ ਹੈ। ਇਸੇ ਸੰਕਲਪ ਨਾਲ ਹਲਕਾ ਬਲਾਚੌਰ ਦੇ ਪਿੰਡਾਂ ਵਿੱਚ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਦੀ ਮੁਹਿੰਮ ਤਹਿਤ ਆਮ ਆਦਮੀ ਪਾਰਟੀ ਵੱਲੋਂ ਮਹਿੰਦਪੁਰ ਅਤੇ ਰੁੜਕੀ ਖੁਰਦ ਵਿਖੇ ਵਿਸ਼ੇਸ਼ 'ਲੋਕ ਮਿਲਣੀ' ਪ੍ਰੋਗਰਾਮ ਕਰਵਾਏ ਗਏ।ਇਨ੍ਹਾਂ ਸਮਾਗਮਾਂ ਵਿੱਚ 'ਆਪ' ਆਗੂ ਸਤਨਾਮ ਜਲਾਲਪੁਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਪਿੰਡ ਵਾਸੀਆਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ। ਦੋਵਾਂ ਪਿੰਡਾਂ ਵਿੱਚ ਪਹੁੰਚਣ 'ਤੇ ਸਥਾਨਕ ਵਾਸੀਆਂ ਅਤੇ ਪਾਰਟੀ ਵਰਕਰਾਂ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਰੋਜ਼ਾਨਾ ਜੀਵਨ ਨਾਲ ਜੁੜੀਆਂ ਸਮੱਸਿਆਵਾਂ ਸਿੱਧੇ ਤੌਰ 'ਤੇ ਸਤਨਾਮ ਜਲਾਲਪੁਰ ਦੇ ਸਾਹਮਣੇ ਰੱਖੀਆਂ। ਪੀਣ ਵਾਲੇ ਪਾਣੀ ਦੀ ਸਮੱਸਿਆ, ਗਲੀਆਂ-ਨਾਲੀਆਂ ਦੀ ਮੁਰੰਮਤ, ਸੀਵਰੇਜ ਵਿਵਸਥਾ, ਲਿੰਕ ਸੜਕਾਂ ਦੀ ਖਸਤਾ ਹਾਲਤ ਅਤੇ ਬਜ਼ੁਰਗਾਂ ਤੇ ਲੋੜਵੰਦ ਪਰਿਵਾਰਾਂ ਨਾਲ ਸਬੰਧਤ ਭਲਾਈ ਸਕੀਮਾਂ ਸਮੇਤ ਕਈ ਅਹਿਮ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਹੋਇਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਤਨਾਮ ਜਲਾਲਪੁਰ ਨੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਪਿਆਰ ਅਤੇ ਵਿਸ਼ਵਾਸ ਉਨ੍ਹਾਂ ਲਈ ਸਭ ਤੋਂ ਵੱਡੀ ਤਾਕਤ ਹੈ। ਉਨ੍ਹਾਂ ਕਿਹਾ ਕਿ ਰਾਜਨੀਤੀ ਦਾ ਅਸਲ ਮਕਸਦ ਸਿਰਫ਼ ਸੱਤਾ ਹਾਸਲ ਕਰਨਾ ਨਹੀਂ, ਬਲਕਿ ਲੋਕਾਂ ਦੀਆਂ ਸਮੱਸਿਆਵਾਂ ਸੁਣਨਾ, ਉਨ੍ਹਾਂ ਦੇ ਹੱਲ ਲਈ ਆਵਾਜ਼ ਉਠਾਉਣਾ ਅਤੇ ਸਰਕਾਰੀ ਯੋਜਨਾਵਾਂ ਦਾ ਲਾਭ ਹਰ ਲੋੜਵੰਦ ਤੱਕ ਪਹੁੰਚਾਉਣਾ ਹੈ।

# ਮੇਲਾ 'ਤੀਆਂ ਤੇ ਧੀਆਂ ਦਾ' ਕਰਵਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸਾਉਣ ਮਹੀਨਾ ਮੇਲਾ ਤੀਆਂ ਅਤੇ ਧੀਆਂ ਦਾ ਜਾਗਰਤੀ ਮੰਚ ਵੱਲੋਂ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ ਦੇ ਸਹਿਯੋਗ ਨਾਲ ਸਲਾਨਾ ਮੇਲਾ 'ਤੀਆਂ ਅਤੇ ਧੀਆਂ ਦਾ' ਬੀ ਡੀ ਓ ਕਾਲੋਨੀ ਮਾਹਿਲਪੁਰ ਵਿਖੇ ਉਤਸ਼ਾਹ ਪੂਰਵਕ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਔਰਤਾਂ ਅਤੇ ਬੱਚੀਆਂ ਨੇ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਪ੍ਰੋਗਰਾਮ ਪੇਸ਼ ਕੀਤਾ। ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ



ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਵਿਧਾਇਕ ਹਲਕਾ ਗੜ੍ਹਸ਼ੰਕਰ ਸ਼ਾਮਿਲ ਹੋਏ ਤੇ ਉਹਨਾਂ ਨੇ ਰੀਬਨ ਕੱਟ ਕੇ ਮੇਲੇ ਦਾ ਉਦਘਾਟਨ ਕੀਤਾ। ਇਸ ਮੌਕੇ ਜਾਗਰਤੀ ਮੰਚ ਦੀ ਪ੍ਰਧਾਨ ਸੁਰਿੰਦਰ ਕੌਰ ਐੱਮ ਸੀ, ਦਵਿੰਦਰ ਸਿੰਘ ਸੈਨੀ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਐੱਮ.ਸੀ ਬਿੱਲ, ਨਿਰਮਲ ਕੌਰ ਬੋਧ, ਸ਼ਸ਼ੀ ਬੰਗੜ ਮੀਤ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ, ਪਰਮਜੀਤ ਕੌਰ ਮੁੱਗੋਵਾਲ, ਅਮਰਜੀਤ ਕੌਰ, ਸੁਮੀਤਾ, ਗਗਨਦੀਪ ਕੌਰ ਸੋਨੂ, ਗੁਰਪਾਲ ਕੌਰ,ਰਣਜੀਤ ਕੌਰ, ਚੇਅਰਮੈਨ ਪਰਮਜੀਤ ਕੌਰ, ਸੀਮਾ ਰਾਣੀ, ਸੰਤੋਸ਼ ਕੁਮਾਰੀ, ਸੋਨੀਆ, ਹਰਜੀਤ ਕੌਰ, ਸੁਰਜੀਤ ਕੌਰ, ਤਰਸੇਮ ਕੌਰ, ਗੀਨਾ ਰਾਣੀ, ਸੋਨੀਆ ਰਵਿਦਾਸ ਨਗਰ ਮਾਹਿਲਪੁਰ, ਮਨਜੀਤ ਕੌਰ, ਇੰਦੂ, ਦੀਆ ਰਾਣੀ, ਪ੍ਰਭਜੋਤ ਕੌਰ, ਤ੍ਰਿਸ਼ਾ, ਪਰੀ, ਮਾਸਟਰ ਜੈ ਰਾਮ ਬਾੜੀਆਂ, ਰਾਜੀਵ ਬੰਗੜ, ਮੈਨੇਜਰ ਸੁਖਵਿੰਦਰ ਕੁਮਾਰ ਰਿਟਾਇਰਡ ਬੈਂਕ ਅਧਿਕਾਰੀ, ਹੰਸ ਰਾਜ ਕਨੇਡਾ, ਸੁਖਦੇਵ ਸਿੰਘ ਥਾਣੇਦਾਰ, ਬਲਵਿੰਦਰ ਸਿੰਘ ਥਾਣੇਦਾਰ, ਰਜਿੰਦਰ ਰਾਣਾ, ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣੁ ਕੁਟੀਆ ਮਾਹਿਲਪੁਰ ਸਮੇਤ ਪ੍ਰਮੁੱਖ ਵਿਅਕਤੀ ਹਾਜ਼ਰ ਸਨ। ਇਸ ਮੌਕੇ ਆਪਣੇ ਸੰਬੋਧਨ ਵਿੱਚ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਮੇਲੇ ਸਾਡੀ ਪੁਰਾਤਨ ਸੰਸਕ੍ਰਿਤੀ ਦਾ ਪ੍ਰਤੀਕ ਹਨ।ਉਹਨਾਂ ਸਮਾਗਮ ਦੀ ਪ੍ਰਬੰਧਕ ਕਮੇਟੀ ਨੂੰ 22000 ਰੁਪਏ ਦੀ ਨਗਦ ਸਹਾਇਤਾ ਕੀਤੀ ਅਤੇ ਨਾਲ ਹੀ ਐਲਾਨ ਕੀਤਾ ਕਿ ਉਹ ਜਲਦੀ ਹੀ ਵਾਰਡ ਨੰਬਰ 11 ਵਿੱਚ ਜੋ ਸਤਿਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਦੇ ਨਾਲ ਲੰਗਰ ਹਾਲ ਬਣ ਰਿਹਾ ਹੈ ਉਸ ਵਾਸਤੇ 10 ਲੱਖ ਰੁਪਏ ਦੀ ਗਰਾਂਟ ਦਾ ਚੈੱਕ ਦੇ ਦੇਣਗੇ।ਸਮਾਗਮ ਵਿੱਚ ਜਸਵਿੰਦਰ ਕੌਰ ਸਾਬਕਾ ਸਰਪੰਚ ਮੁੱਗੋਵਾਲ, ਬਲਵਿੰਦਰ ਕੌਰ, ਕੁਲਵਿੰਦਰ ਕੌਰ, ਹਰਪ੍ਰੀਤ ਕੌਰ, ਪ੍ਰਦੀਪ, ਜਸਵੀਰ ਕੌਰ, ਰਮਨਦੀਪ ਕੌਰ ਮੁੱਗੋਵਾਲ, ਪਰਮਜੀਤ ਕੌਰ, ਸੁਖਵਿੰਦਰ ਕੌਰ, ਰਿੰਪੀ ਆਦਿ ਹਾਜ਼ਰ ਸਨ। ਸਮਾਗਮ ਦੇ ਅਖੀਰ ਵਿੱਚ ਨਿਰਮਲ ਕੌਰ ਬੋਧ, ਅਮਰਜੀਤ ਕੌਰ ਅਤੇ ਪਰਮਜੀਤ ਕੌਰ ਮੁੱਗੋਵਾਲ ਵੱਲੋਂ ਸਮਾਗਮ ਦੀਆਂ ਸਹਿਯੋਗੀ ਸੰਗਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਗੁਰੂ ਕਾ ਲੰਗਰ ਅਟੁੱਟ ਚੱਲਿਆ। ਵਰਨਣ ਯੋਗ ਹੈ ਕਿ ਇਸ ਸਾਰੇ ਸਮਾਗਮ ਵਿੱਚ ਛਿੰਜੀ ਪਰਿਵਾਰ, ਬੱਧਣ ਪਰਿਵਾਰ ਅਤੇ ਧਰਮ ਸਿੰਘ ਫੌਜੀ ਦਾ ਵਿਸ਼ੇਸ਼ ਸਹਿਯੋਗ ਰਿਹਾ।

# ਤੀਆਂ ਦਾ ਤਿਉਹਾਰ ਮਨਾਇਆ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਟਾਂਡਾ ਸ਼ਹਿਰ ਦੀ ਮਹਾਨ ਵਿਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ (ਰਜਿ.) ਵੱਲੋਂ ਚਲਾਏ ਜਾ ਰਹੇ ਜੀ ਆਰ ਡੀ ਇੰਟਰਨੈਸ਼ਨਲ ਸਕੂਲ ਟਾਂਡਾ ਵਿਖੇ ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ। ਜੀ ਆਰ ਡੀ ਵਿਦਿਅਕ ਸੰਸਥਾਵਾਂ ਦੇ ਚੇਅਰਪਰਸਨ ਪ੍ਰਦੀਪ ਕੌਰ ਅਤੇ ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ, ਮੈਨੇਜਰ ਸਰਬਜੀਤ ਸਿੰਘ ਮੋਮੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਕੂਲ ਦੀ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਦੀ ਦੇਖ ਰੇਖ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ ਸਕੂਲ ਦੇ ਵਿਦਿਆਰਥੀਆਂ ਵੱਲੋਂ ਸਭ ਤੋਂ ਪਹਿਲਾਂ ਧਾਰਮਿਕ ਗੀਤ ਪੇਸ਼ ਕੀਤਾ ਗਿਆ, ਉਪਰੰਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੰਗਾ-ਰੰਗ ਪ੍ਰੋਗਰਾਮ ਦੀ ਆਰੰਭਤਾ ਕੀਤੀ। ਇਸ ਮੌਕੇ ਤੇ ਸਕੂਲ ਦੇ ਬੱਚਿਆਂ ਵੱਲੋਂ ਗਿੱਧਾ ਭੰਗੜਾ ਅਤੇ ਪੰਜਾਬੀ ਵਿਰਸੇ ਨੂੰ ਹੋਰ ਦਰਸਾਉਂਦੀਆਂ ਆਈਟਮਾਂ ਪੇਸ਼ ਕੀਤੀਆਂ। ਇਸ ਮੌਕੇ ਤੇ ਸਕੂਲ ਦੀ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋ ਨੇ ਸਮੂਹ ਵਿਦਿਆਰਥੀਆਂ ਨੂੰ ਇਸ ਤੀਆਂ ਦੇ ਤਿਉਹਾਰ ਦੀ ਜਿੱਥੇ ਵਧਾਈ ਦਿੱਤੀ ਉੱਥੇ ਉਹਨਾਂ ਨੇ ਸਾਰੇ ਵਿਦਿਆਰਥੀਆਂ ਨੂੰ ਤੀਆਂ ਦੇ ਤਿਉਹਾਰ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੌਕੇ ਤਜਿੰਦਰ ਕੌਰ, ਬਲਜੀਤ ਕੌਰ, ਮਨਜੀਤ ਕੌਰ, ਹਰਦੀਪ ਕੌਰ, ਜਸਲੀਨ ਕੌਰ, ਪ੍ਰਿੰਸੀਪਲ ਰੇਨੂ ਵਾਲਾ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਲਵਲੀ ਸੈਣੀ, ਦਲਜਿੰਦਰ ਕੌਰ, ਆਚਲ ਸੈਣੀ, ਸੁਖਪ੍ਰੀਤ ਕੌਰ, ਕਸ਼ਮੀਰ ਕੌਰ ਵੀ ਹਾਜ਼ਰ ਸਨ।

# ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਰਜਿਸਟ੍ਰੇਸ਼ਨ ਕਰਨ ਦੀ ਆਖਰੀ ਮਿਤੀ 'ਚ 15 ਤੱਕ ਵਾਧਾ

**ਜਲੰਧਰ (ਸੁਰਿੰਦਰ ਕੁਮਾਰ)**- ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ (ਪੀ ਐਮ ਆਰ ਬੀ ਪੀ) ਲਈ ਆਨਲਾਈਨ ਰਜਿਸਟ੍ਰੇਸ਼ਨ ਕਰਨ ਦੀ ਆਖਰੀ ਮਿਤੀ 31 ਜੁਲਾਈ ਤੋਂ ਵਧਾ ਕੇ 15 ਅਗਸਤ ਕਰ ਦਿੱਤੀ ਗਈ ਹੈ। ਹੁਣ ਯੋਗ ਬੱਚੇ 15 ਅਗਸਤ ਤੱਕ ਆਨਲਾਈਨ ਅਰਜ਼ੀ ਦੇ ਸਕਦੇ ਹਨ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੇ ਭਾਰਤੀ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਹਰ ਸਾਲ 5 ਤੋਂ 18 ਸਾਲ ਉਮਰ ਦੇ ਉਨ੍ਹਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ, ਜਿਨ੍ਹਾਂ ਨੇ ਅਸਧਾਰਣ ਬਹਾਦਰੀ ਦਾ ਕੰਮ ਕਰਕੇ



ਦੂਜਿਆਂ ਲਈ ਮਿਸਾਲ ਕਾਇਮ ਕੀਤੀ ਹੋਵੇ ਜਾਂ ਆਪਣੀ ਬੇਮਿਸਾਲ ਕਾਬਲੀਅਤ, ਸ਼ਾਨਦਾਰ ਪ੍ਰਾਪਤੀਆਂ ਨਾਲ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਇਆ ਹੋਵੇ। ਉਨ੍ਹਾਂ ਦੱਸਿਆ ਕਿ ਇਹ ਪੁਰਸਕਾਰ ਖੇਡਾਂ, ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਣ, ਕਲਾ ਤੇ ਸੱਭਿਆਚਾਰ, ਨਵੀਨਤਾ ਦੇ ਖੇਤਰਾਂ ਵਿੱਚ ਦਿੱਤੇ ਜਾਂਦੇ ਹਨ। ਉਨ੍ਹਾਂ ਨੇ ਦੱਸਿਆ ਕਿ ਕੋਈ ਵੀ ਬੱਚਾ, ਜੋ ਭਾਰਤ ਦਾ ਨਾਗਰਿਕ ਹੈ, ਪੁਰਸਕਾਰ ਲਈ ਬਿਨੈ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਮੰਗੀ ਗਈ ਯੋਗਤਾ ਵਾਲੇ ਬੱਚੇ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਰ ਦੀ ਵੈਬਸਾਈਟ https://awards.gov.in 'ਤੇ 15 ਅਗਸਤ ਤੱਕ ਆਪਣੀ ਰਜਿਸਟ੍ਰੇਸ਼ਨ ਕਰ ਸਕਦੇ ਹਨ।

# ਤੀਆਂ ਦਾ ਤਿਉਹਾਰ ਮਨਾਇਆ

**ਚੰਡੀਗੜ੍ਹ (ਸੁਰਜੀਤ ਸੁਮਨ)**- ਦਸਮੇਸ਼ ਪਬਲਿਕ ਸਕੂਲ ਮੁੰਡੀ ਖਰੜ ਵਿਖੇ ਤੀਆਂ ਦਾ ਤਿਓਹਾਰ ਬਹੁਤ ਹੀ ਧੂਮ ਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਹਲਕਾ ਇੰਚਾਰਜ



ਵਿਜੈ ਕੁਮਾਰ ਟੀਕੂ, ਸਮਾਜ ਸੇਵੀ ਅਮਰੀਕ ਸਿੰਘ ਹੈਪੀ, ਪਰਮਜੀਤ ਕੌਰ, ਪ੍ਰਧਾਨ ਜ਼ਿਲ੍ਹਾ ਮੋਹਾਲੀ, ਚਰਨਜੀਤ ਕੌਰ ਚੰਨੀ, ਮਨਜੀਤ ਕੌਰ ਸੋਨੂ, ਅਮਰਿੰਦਰ ਸਿੰਘ ਰੋਮੀ, ਸੋਨੂ ਪੋਲ, ਹਰਮਨਦੀਪ ਸਿੰਘ ਆਦਿ ਨੇ ਸਾਂਝੇ ਤੌਰ 'ਤੇ ਰਿਬਨ ਕੱਟ ਕੇ ਤੀਆਂ ਦੇ ਤਿਉਹਾਰ ਦੀ ਸ਼ੁਰੂਆਤ ਕੀਤੀ। ਇਸ ਦੌਰਾਨ ਦਸ਼ਮੇਸ਼ ਪਬਲਿਕ ਸਕੂਲ ਦੇ ਬੱਚੇ-ਬੱਚੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਬਹੁਤ ਹੀ ਵਧੀਆ ਤਰੀਕੇ ਨਾਲ ਮਨਾਇਆ ਗਿਆ, ਜਿਸ ਵਿੱਚ ਗਿੱਧਾ, ਭੰਗੜਾ ਅਤੇ ਤੀਆਂ ਦੇ ਤਿਓਹਾਰ ਸਬੰਧੀ ਗੀਤ ਆਦਿ ਪੇਸ਼ ਕੀਤੇ ਗਏ। ਬੱਚਿਆਂ ਵੱਲੋਂ ਇਸ ਮੌਕੇ 'ਧੀਆਂ ਨੂੰ ਨਾ ਮਾਰੋ' ਸਕਿੱਟ ਵੀ ਪੇਸ਼ ਕੀਤੀ ਗਈ। ਸ਼ਾਮਿਲ ਹੋਏ ਮਹਿਮਾਨਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਪਣੇ ਵਿਰਸੇ ਨਾਲ ਜੁੜਨਾ ਚਾਹੀਦਾ ਹੈ ਅਤੇ ਆਪਣੀਆਂ ਰਹੁ-ਰੀਤਾਂ, ਤਿਓਹਾਰ ਮਨਾਉਂਦਿਆਂ ਆਪਣੇ ਵਿਰਸੇ ਨੂੰ ਸਾਂਭ ਕੇ ਰੱਖਣਾ ਚਾਹੀਦਾ ਹੈ। ਸਮਾਜ ਸੇਵੀ ਅਮਰੀਕ ਸਿੰਘ ਹੈਪੀ ਨੇ ਕਿਹਾ ਨੂੰ ਬੱਚਿਆਂ ਦੇ ਸਰਵਪੱਖੀ ਵਿਕਾਸ ਵੱਲ ਧਿਆਨ ਦੇਣ ਦੀ ਜ਼ਰੂਰਤ ਹੈ ਤਾਂ ਜੋ ਸਾਡੇ ਅੱਜ ਦੇ ਬੱਚੇ ਨਵੇਂ ਯੁੱਗ ਦੇ ਰਾਹ-ਦਸੇਰੇ ਬਣਨ। ਇਸ ਮੌਕੇ ਸਕੂਲ ਪ੍ਰਿੰਸੀਪਲ ਸਵਰਨ ਕੌਰ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਦਾ ਸਿਰੋਪਾਓ ਪਾ ਕੇ ਅਤੇ ਬੀਬੀਆਂ ਨੂੰ ਚੁੰਨੀਆਂ ਭੇਟ ਕਰਕੇ ਸਵਾਗਤ ਕੀਤਾ ਗਿਆ।

# ਸੰਤ ਬਾਬਾ ਬਲਵੀਰ ਸਿੰਘ ਧਿਆਨੂੰ ਮਾਜਰੇ ਵਾਲੇ ਨਿਮਰਤਾ ਦੇ ਪੁੰਜ ਸਨ : ਅਵਤਾਰ ਸਿੰਘ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸੰਤ ਬਾਬਾ ਬਲਵੀਰ ਸਿੰਘ ਧਿਆਨੂ ਮਾਜਰੇ ਵਾਲੇ ਰੱਬੀ ਰੂਪ ਅਤੇ ਨਿਮਰਤਾ ਦੇ ਪੁੰਜ ਸਨ । ਇਹ ਵਿਚਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਮੈਂਬਰ ਜਥੇਦਾਰ ਅਵਤਾਰ ਸਿੰਘ ਨੇ ਸੰਤ ਬਾਬਾ ਬਲਵੀਰ ਸਿੰਘ ਧਿਆਨੂ ਮਾਜਰੇ ਵਾਲਿਆਂ ਦੀ ਅੰਤਿਮ ਅਰਦਾਸ ਮੌਕੇ ਉਹਨਾਂ ਨੂੰ ਸ਼ਰਧਾਂਜਲੀਆਂ ਭੇਂਟ ਕਰਦਿਆਂ ਪ੍ਰਗਟ ਕੀਤੇ। ਉਹਨਾਂ ਆਖਿਆ ਕਿ ਬਾਬਾ ਬਲਵੀਰ ਸਿੰਘ ਧਿਆਨੂ ਮਾਜਰੇ ਵਾਲੇ ਸਿਆਸਤ ਅਤੇ ਪਾਰਟੀਬਾਜੀ ਤੋਂ ਕੋਹਾਂ ਦੂਰ ਹਨ। ਉਹਨਾਂ ਹਮੇਸ਼ਾ ਲੋੜਵੰਦ ਲੋਕਾਂ ਦੀ ਹਰ ਪ੍ਰਕਾਰ ਦੀ ਮਦਦ ਕੀਤੀ ਅਤੇ ਗੁਰੂ ਸਾਹਿਬ ਦੇ ਸੰਦੇਸ਼ ਸਰਬੱਤ ਦੇ ਭਲੇ ਕੰਮ ਕਰਨ ਦੀ ਪ੍ਰੇਰਨਾ ਦਿੱਤੀ। ਉਹਨਾਂ ਦੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਇਸ ਮੌਕੇ ਧਾਰਮਿਕ ਦਿਵਾਨ ਸਜਾਏ ਗਏ। ਜਿਸ ਵਿਚ ਵੱਖ ਵੱਖ ਰਾਗੀ ਤੇ ਢਾਡੀ ਜਥਿਆਂ ਵਲੋਂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਸ਼ਰਧਾਲੂਆਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਵੱਖ ਵੱਖ ਸਿੱਖ ਸੰਸਥਾਵਾਂ, ਨਿਹੰਗ ਜਥੇਬੰਦੀਆਂ, ਵੱਖ ਵੱਖ ਸੰਤਾ ਮਹਾਂ ਪੁਰਖਾਂ ਵਲੋਂ ਸੱਚ ਖੰਡ ਵਾਸੀ ਬਾਬਾ ਬਲਵੀਰ ਸਿੰਘ



ਧਿਆਨੂ ਮਾਜਰੇ ਵਾਲੇ ਦੇ ਸਥਾਨ ਗੁਰਦੁਆਰਾ ਸ੍ਰੀ ਭੋਰਾ ਸਾਹਿਬ ਧਿਆਨੂ ਮਾਜਰੇ ਦੇ ਸੇਵਾ ਬਾਬਾ ਦੀ ਧਰਮਪਤਨੀ ਬੀਬੀ ਮਨਜੀਤ ਕੌਰ ਨੂੰ ਸੌਂਪੀ। ਇਸ ਮੌਕੇ ਵੱਖ ਵੱਖ ਨਿਹੰਗ ਜਥੇਬੰਦੀਆਂ, ਸਿੱਖ ਸੰਸਥਾਵਾਂ ਅਤੇ ਮਹਾਂ ਪੁਰਖਾਂ ਵਲੋਂ ਬੀਬੀ ਮਨਜੀਤ ਕੌਰ ਨੂੰ ਹਰ ਪ੍ਰਕਾਰ ਦੀ ਸਹਾਇਤਾ ਦੇਣ ਦਾ ਐਲਾਨ ਕੀਤਾ। ਇਸ ਮੌਕੇ ਹਾਜ਼ਰ ਬਾਬਾ ਸੁਖਬੀਰ ਸਿੰਘ ਕੰਧੌਲੇ ਵਾਲਿਆਂ ਵਲੋਂ ਸੰਤ ਬਾਬਾ ਬਲਵੀਰ ਸਿੰਘ ਧਿਆਨੁ ਮਾਜਰੇ ਵਾਲਿਆਂ ਦੀ ਯਾਦ ਵਿੱਚ ਇਕ ਯਾਦਗਾਰੀ ਗੇਟ ਬਣਾਉਣ ਦਾ ਐਲਾਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਸੁਰਿੰਦਰ ਸਿੰਘ ਸੋਢੀ ਮੋਰਿੰਡਾ, ਬਾਬਾ ਭੁਪਿੰਦਰ ਸਿੰਘ ਮਾਜਰਾ, ਬਾਬਾ ਸਤਨਾਮ ਸਿੰਘ ਪੋਹਲੋਮਾਜਰਾ, ਬਾਬਾ ਗੁਰਵਿੰਦਰ ਸਿੰਘ ਬੌਬੀ, ਬਾਬਾ ਪ੍ਰੀਤਮ ਸਿੰਘ ਬੜੌਦੀ, ਬਾਬਾ ਗੁਰਵਿੰਦਰ ਸਿੰਘ, ਬਾਬਾ ਦਿਲਵਰ ਸਿੰਘ, ਆਪ ਆਗੂ ਅਤੇ ਹਲਕਾ ਵਿਧਾਇਕ ਰੁਪਿੰਦਰ ਸਿੰਘ ਹੈਪੀ, ਸੀਨੀਅਰ ਅਕਾਲੀ ਆਗੂ ਦਰਬਾਰਾ ਸਿੰਘ ਗੁਰੂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਵਤਾਰ ਸਿੰਘ ਰਿਆ, ਪ੍ਰਿੰ ਅਮਨਪ੍ਰੀਤ ਸਿੰਘ ਪੰਜਕੋਹਾ, ਬਹੁਜਨ ਸਮਾਜ ਪਾਰਟੀ ਦੇ ਸੀਨੀਅਰ ਆਗੂ ਰਜਿੰਦਰ ਸਿੰਘ ਰਾਜਾ, ਮਾ ਬਲਵੀਰ ਸਿੰਘ, ਗੁਰਨਾਮ ਸਿੰਘ , ਥਾਣੇਦਾਰ ਗੁਰਦੇਵ ਸਿੰਘ, ਦਲਵੀਰ ਸਿੰਘ ਸਰਪੰਚ ਮੁੰਡੀਆਂ, ਨਾਇਬ ਸਿੰਘ ਚਤਾਮਲਾ ਸਮੇਤ ਅਨੇਕਾਂ ਪੰਚ, ਸਰਪੰਚ, ਪਤਵੰਤੇ ਅਤੇ ਅਨੇਕਾਂ ਇਲਾਕਾ ਨਿਵਾਸੀ ਹਾਜ਼ਰ ਸਨ।

# ਮਾਈਂਡ ਕਲੈਰਿਟੀ ਸੈਂਟਰ ਨੇ ਸਕੂਲ 'ਚ ਪ੍ਰੋਗਰਾਮ ਕਰਵਾਇਆ

**ਬੰਗਾ (ਅਵਤਾਰ ਕਲੇਰ)** ਵਿਦਿਆਰਥੀਆਂ ਵਿੱਚ ਜਲਦੀ ਹੀ ਢੇਰੀ ਢਾਹ ਲੈਣ ਅਤੇ ਨਿਰਾਸ਼ਾ ਦੇ ਆਲਮ ਵਿੱਚ



ਗੁਆਚੇ ਰਹਿਣ ਦੀ ਲਗਾਤਾਰ ਵਧਦੀ ਜਾ ਪ੍ਰਵਿਰਤੀ ਦੇ ਧਿਆਨ ਹਿੱਤ ਮਾਈਂਡ ਕਲੈਰਿਟੀ ਸੈਂਟਰ, ਬੰਗਾ ਵੱਲੋਂ ਸੱਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੰਗਾ ਪ੍ਰੋਗਰਾਮ ਕਰਵਾਇਆ ਗਿਆ। ਸੈਂਟਰ ਪ੍ਰਮੁੱਖ ਅਤੇ ਮਾਨਸਿਕ ਸਿਹਤ ਕੌਂਸਲਰ ਰਾਜ ਹੀਉਂ ਨੇ ਦੱਸਿਆ ਉਹ 'ਜ਼ਿੰਦਗੀ ਜ਼ਿੰਦਾਦਿਲੀ ਦਾ ਨਾਮ ਹੈ' ਬੈਨਰ ਹੇਠ ਇਲਾਕੇ ਦੇ ਵੱਖ ਵੱਖ ਸਕੂਲਾਂ-ਕਾਲਜਾਂ ਵਿੱਚ ਵਿਦਿਆਰਥੀਆਂ ਤੱਕ ਲੜੀਵਾਰ ਪਹੁੰਚ ਕਰ ਰਹੇ ਹਨ ਤਾਂ ਕਿ ਉਹ ਬੱਚਿਆਂ ਨੂੰ ਡਿਪਰੈਸ਼ਨ, ਐਨਜਾਇਟੀ ਅਤੇ ਓ ਸੀ ਡੀ ਵਰਗੇ ਮਾਨਸਿਕ ਰੋਗਾਂ ਤੋਂ ਬਚੇ ਰਹਿਣ ਦੇ ਢੰਗ ਤਰੀਕੇ ਸਮਝਾਅ ਸਕਣ। ਸਤਲੁਜ ਪਬਲਿਕ ਸਕੂਲ ਦੇ ਪ੍ਰਿੰਸੀਪਲ ਅਜੇ ਸ਼ਰਮਾਂ ਅਤੇ ਮੈਨੇਜਿੰਗ ਡਾਇਰੈਕਟਰ ਪਾਲ ਸਿੰਘ ਪੂਨੀਆਂ ਦੀ ਪ੍ਰਧਾਨਗੀ ਹੇਠ ਹੋਏ ਇਸ ਪ੍ਰੋਗਰਾਮ ਤਹਿਤ ਮੁੱਖ ਬੁਲਾਰੇ ਰਾਜ ਹੀਉਂ ਨੇ ਦੱਸਿਆ ਕਿ ਬੱਚਿਆਂ ਵਿੱਚ ਮਾਨਸਿਕ ਰੋਗ ਸਧਾਰਨ ਸਵੀਟ ਸਟ੍ਰੈੱਸ ਤੋਂ ਸ਼ੁਰੂ ਹੁੰਦੇ ਹੋਏ, ਓਵਰ ਅਤੇ ਨੈਗੇਟਿਵ ਥੈਂਕਿੰਗ ਤੋਂ ਅੱਗੇ ਵਧਦੇ ਹਨ। ਘਰ ਵਿੱਚ ਮਾਪਿਆਂ ਵੱਲੋਂ ਅਤੇ ਸਕੂਲ ਵਿੱਚ ਅਧਿਆਪਕਾਂ ਵੱਲੋਂ ਅਜਿਹੀ ਸਥਿਤੀ ਨੂੰ ਨਜ਼ਰ ਅੰਦਾਜ਼ ਕੀਤੇ ਜਾਣ 'ਤੇ ਇਹ ਰੋਗ ਡਿਪਰੈਸ਼ਨ ਅਤੇ ਪੈਨਿਕ ਅਟੈਕ ਵਿੱਚ ਬਦਲਦਾ ਹੋਇਆ ਆਤਮ ਹੱਤਿਆ ਕਰ ਲੈਣ ਤੱਕ ਪਹੁੰਚ ਜਾਂਦਾ ਹੈ। ਰਾਜ ਹੀਉਂ ਨੇ ਮਾਨਸਿਕ ਤਣਾਓ ਜਾਂ ਚਿੰਤਾਵਾਂ ਨੂੰ ਸ਼ੁਰੂ ਵਿੱਚ ਸੰਭਾਲਣ ਲਈ ਰੁਕੋ, ਮੁਸਕ੍ਰਾਓ ਤੇ ਜਿਸ ਕਿਸੇ 'ਤੇ ਵੀ ਤੁਹਾਡਾ ਭਰੋਸਾ ਬਣਦਾ ਹੈ ਉਸ ਨਾਲ ਖੁੱਲ੍ਹਕੇ ਗੱਲ ਕਰੋ।

ਉਹਨਾਂ ਮਾਪਿਆਂ ਅਤੇ ਸਕੂਲ ਅਧਿਆਪਕਾਂ ਨੂੰ ਵੀ ਬੇਨਤੀ ਕੀਤੀ ਕਿ ਉਹ ਕਿਸੇ ਵੀ ਹਾਲਾਤ ਵਿੱਚ ਬੱਚਿਆਂ ਲਈ ਅਜਿਹੇ ਸ਼ਬਦਾਂ ਦੀ ਵਰਤੋਂ ਨਾ ਕਰਨਾ ਜਿਸ ਨਾਲ ਬੱਚੇ ਦਾ ਦਿਲ ਹੀ ਟੁੱਟ ਜਾਵੇ। ਰਾਜ ਹੀਉਂ ਨੇ ਬੱਚਿਆਂ ਦਾ ਮਨੋਬਲ ਵਧਾਉਂਦੇ ਹੋਏ ਆਖਿਆ ਕਿ ਜ਼ਿੰਦਗੀ ਵਿੱਚ ਉਹ ਹੀ ਲੋਕ ਕਾਮਯਾਬ ਹੁੰਦੇ ਹਨ ਜੋ ਬਾਰ ਬਾਰ ਕੋਸ਼ਿਸ਼ ਕਰਦੇ ਹਨ ਅਤੇ ਜਦੋਂ ਕਾਮਯਾਬੀ ਦਾ ਸੂਰਜ ਉਦੇ ਹੁੰਦਾ ਹੈ ਤਾਂ ਜ਼ਿੰਦਗੀ ਵਿੱਚੋਂ ਹਨੇਰ ਪੂਰੀ ਤਰ੍ਹਾਂ ਖਤਮ ਹੋ ਜਾਂਦਾ ਹੈ। ਪ੍ਰੋਗਰਾਮ ਨੂੰ ਉਪਰੋਕਤ ਤੋਂ ਇਲਾਵਾ ਸੈਂਟਰ ਮੈਂਬਰ ਜੰਨਤ ਮਹੇ ਅਤੇ ਸਨੇਹਾ ਭਾਟੀਆ ਨੇ ਵੀ ਸੰਬੋਧਨ ਕੀਤਾ।ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਸਟਾਫ ਵੱਲੋਂ ਰਾਜ ਹੀਉਂ ਦਾ ਮਾਣ ਸਨਮਾਨ ਕੀਤਾ ਗਿਆ।

# ਨੌਗੱਜਾ ਪਿੰਡ ਲਈ ਦੋ ਬੱਸਾਂ ਲੈ ਕੇ ਸੰਗਤਾਂ ਰਵਾਨਾ



**ਫਿਲੌਰ (ਨਿਰਮਲ)**- ਅਵਤਾਰ ਚੰਦ ਤਾਰੀ ਬਲਾਕ ਪ੍ਰਧਾਨ ਫਿਲੌਰ ਦੀ ਅਗਵਾਈ 'ਚ ਦੋ ਬੱਸਾਂ ਢੱਕ ਮਜਾਰਾ ਤੇ ਭਾਰਸਿੰਘਪੁਰ ਤੋਂ ਨੌਗੱਜਾ ਪਿੰਡ ਲਈ ਰਵਾਨਾ ਹੋਈਆਂ। ਇਸ ਮੌਕੇ ਅਵਤਾਰ ਚੰਦ ਤਾਰੀ ਬਲਾਕ ਪ੍ਰਧਾਨ ਫਿਲੌਰ ਨੇ ਪੰਜਾਬ ਸਰਕਾਰ ਦਾ ਸਲਾਘਾਯੋਗ ਕਦਮ ਦੱਸਿਆ ਕਿ ਪੰਜਾਬ ਸਰਕਾਰ ਵਿਧਾਨ ਸਭਾ ਚੋਣਾਂ ਤੋਂ ਪਹਿਲੇ ਕੀਤੇ ਵਾਅਦੇ ਇੱਕ ਇੱਕ ਪੂਰਾ ਕਰ ਰਹੀ ਹੈ। ਇਸ ਮੌਕੇ ਡਾਕਟਰ ਸੀਤਲ ਭਾਰਸਿੰਘਪੁਰ, ਜਗਦੀਪ ਕੁਮਾਰ ਬਿੱਲਾ, ਮਨਪ੍ਰੀਤ ਮੰਨਾ, ਰਮਨ ਕੁਮਾਰ, ਮੋਹਿਤ, ਮੱਖਣ ਰਾਮ, ਰੇਸ਼ਮ ਲਾਲ, ਹਰਦਿਆਲ ਰਾਮ ਤੇ ਸੰਗਤਾਂ ਹਾਜ਼ਰ ਸਨ।